ਸ਼ੁੱਕਰਵਾਰ, 7 ਨਵੰਬਰ, 2025
22 ਕੱਤਕ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 157

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 7 NOVEMBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

# ਜੇ ਐੱਨ ਯੂ 'ਚ ਲਾਲ ਸਲਾਮ

## ਖੱਬੇ ਪੱਖੀਆਂ ਦੀ ਹੂੰਝਾ-ਫੇਰ ਜਿੱਤ



**ਨਵੀਂ ਦਿੱਲੀ** : ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਸਟੂਡੈਂਟਸ ਯੂਨੀਅਨ (ਜੇ ਐੱਨ ਯੂ ਐੱਸ ਯੂ) ਦੀਆਂ ਚੋਣਾਂ ਵਿੱਚ 'ਲੈੱਫਟ ਯੂਨਿਟੀ' ਨੇ ਹੂੰਝਾ-ਫੇਰ ਜਿੱਤ ਦਰਜ ਕੀਤੀ ਹੈ। ਸਾਰੇ 4 ਅਹੁਦਿਆਂ ਪ੍ਰਧਾਨ, ਉਪ ਪ੍ਰਧਾਨ, ਜਨਰਲ ਸਕੱਤਰ ਤੇ ਸੰਯੁਕਤ ਸਕੱਤਰ ਲਈ ਪਈਆਂ ਵੋਟਾਂ ਵਿੱਚ ਖੱਬੇ-ਪੱਖੀ ਗਠਜੋੜ ਦੇ ਉਮੀਦਵਾਰਾਂ ਨੇ ਆਪਣੇ ਵਿਰੋਧੀ ਏ ਬੀ ਵੀ ਪੀ ਉਮੀਦਵਾਰਾਂ ਨੂੰ ਸਪੱਸ਼ਟ ਫਰਕ ਨਾਲ ਹਰਾ ਕੇ ਜਿੱਤਾਂ ਦਰਜ ਕੀਤੀਆਂ।

ਖੱਬੇ-ਪੱਖੀ ਗੱਠਜੋੜ ਦੀ ਉਮੀਦਵਾਰ ਆਦਿੱਤੀ ਮਿਸ਼ਰਾ ਨੇ 1861 ਵੋਟਾਂ ਪ੍ਰਾਪਤ ਕਰਕੇ ਪ੍ਰਧਾਨ ਦੀ ਚੋਣ ਜਿੱਤੀ। ਉਸ ਦੇ ਵਿਰੋਧੀ ਏ ਬੀ ਵੀ ਪੀ ਉਮੀਦਵਾਰ ਵਿਕਾਸ ਪਟੇਲ ਨੂੰ 1447 ਵੋਟਾਂ ਮਿਲੀਆਂ। ਉਪ ਪ੍ਰਧਾਨ ਦੇ ਅਹੁਦੇ ਲਈ ਕੇ. ਗੋਪਿਕਾ ਵੱਡੇ ਫਰਕ ਨਾਲ ਜੇਤੂ ਰਹੀ। ਉਨ੍ਹਾ ਨੂੰ 2966 ਵੋਟਾਂ ਪਈਆਂ, ਜਦ ਕਿ ਵਿਰੋਧੀ ਤਾਨੀਆ ਕੁਮਾਰੀ ਨੂੰ 1730 ਵੋਟਾਂ ਮਿਲੀਆਂ। ਜਨਰਲ ਸਕੱਤਰ ਲਈ ਮੁਕਾਬਲਾ ਫਸਵਾਂ ਰਿਹਾ। ਸੁਨੀਲ ਯਾਦਵ ਨੇ 1915 ਵੋਟਾਂ ਲੈ ਕੇ ਜਿੱਤ ਦਰਜ ਕੀਤੀ, ਜਦ ਕਿ ਵਿਰੋਧੀ ਰਾਜੇਸ਼ਵਰ ਕਾਂਤ ਦੂਬੇ ਨੂੰ 1841 ਵੋਟਾਂ ਮਿਲੀਆਂ। ਸੰਯੁਕਤ ਸਕੱਤਰ ਦੇ ਅਹੁਦੇ ਲਈ ਦਾਨਿਸ਼ ਅਲੀ 1991 ਵੋਟਾਂ ਲੈ ਕੇ ਜੇਤੂ ਰਹੀ। ਉਨ੍ਹਾ ਅਨੁਜ ਦਾਮਰਾ ਨੂੰ ਹਰਾਇਆ, ਜਿਨ੍ਹਾ ਨੂੰ 1762 ਵੋਟਾਂ ਪਈਆਂ।

# ਰਿਕਵਰੀ ਏਜੰਟਾਂ ਦੀਆਂ ਧਮਕੀਆਂ ਕਾਰਨ ਵਿਧਵਾ ਨੇ ਦਿੱਤੀ ਜਾਨ

## ਸਿਲਾਈ ਮਸ਼ੀਨ ਖਰੀਦਣ ਲਈ ਲਿਆ ਸੀ ਕਰਜ਼ਾ



**ਨੰਗਲ** : ਰੂਪਨਗਰ ਜ਼ਿਲ੍ਹੇ ਦੇ ਨੰਗਲ ਸ਼ਹਿਰ ਵਿੱਚ ਇੱਕ ਦਿਲ ਦਹਿਲਾਅ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇੱਕ 45 ਸਾਲਾ ਵਿਧਵਾ ਰੰਜਨਾ ਦੇਵੀ ਨੇ ਇੱਕ ਨਿੱਜੀ ਫਾਈਨਾਂਸ ਕੰਪਨੀ ਦੇ ਰਿਕਵਰੀ ਏਜੰਟਾਂ ਵੱਲੋਂ ਕਥਿਤ ਤੌਰ 'ਤੇ ਤੰਗ-ਪ੍ਰੇਸ਼ਾਨ ਕਰਨ ਤੋਂ ਬਾਅਦ ਖੁਦਕੁਸ਼ੀ ਕਰ ਲਈ। ਬੁੱਧਵਾਰ ਸ਼ਾਮ ਨੂੰ ਇਸ ਮਹਿਲਾ ਨੇ ਨੰਗਲ ਹਾਈਡਲ ਨਹਿਰ ਵਿੱਚ ਛਾਲ ਮਾਰ ਲਈ, ਕਿਉਂਕਿ ਏਜੰਟ ਉਸ ਨੂੰ ਸਿਰਫ਼ 1,000 ਰੁਪਏ ਦੇ ਬਕਾਇਆ ਕਰਜ਼ੇ ਦੀ ਅਦਾਇਗੀ ਲਈ ਵਾਰ-ਵਾਰ ਧਮਕਾ ਰਹੇ ਸਨ। ਰੰਜਨਾ ਦੇਵੀ, ਜੋ ਕਿ ਦੋ ਧੀਆਂ ਦੀ ਮਾਂ ਸੀ, ਘਰ ਵਿੱਚ ਕੱਪੜੇ ਸਿਉਂ ਕੇ ਆਪਣਾ ਗੁਜ਼ਾਰਾ ਕਰਦੀ ਸੀ। ਉਸ ਦੀ ਵੱਡੀ ਧੀ ਆਂਚਲ ਨੇ ਦੱਸਿਆ ਕਿ ਉਸ ਦੀ ਮਾਂ ਨੇ ਸਿਲਾਈ ਮਸ਼ੀਨ ਖਰੀਦਣ ਲਈ ਹਿਮਾਚਲ ਪ੍ਰਦੇਸ਼ ਦੇ ਊਨਾ ਜ਼ਿਲ੍ਹੇ ਵਿੱਚ ਸਥਿਤ ਇੱਕ ਨਿੱਜੀ ਵਿੱਤ ਕੰਪਨੀ ਤੋਂ ਲੱਗਭੱਗ 30,000 ਰੁਪਏ ਦਾ ਕਰਜ਼ਾ ਲਿਆ ਸੀ। ਆਂਚਲ ਨੇ ਭਰੇ ਮਨ ਨਾਲ ਦੱਸਿਆ ਕਿ ਮਾਂ ਨੇ ਸਾਰੀ ਰਕਮ ਇੱਕ ਵਿਚੋਲਣ ਰਾਹੀਂ ਵਾਪਸ ਕਰ ਦਿੱਤੀ ਸੀ, ਪਰ ਹਾਲ ਹੀ ਵਿੱਚ ਕੁਝ ਰਿਕਵਰੀ ਏਜੰਟ ਉਨ੍ਹਾਂ ਦੇ ਘਰ ਆਉਣ ਲੱਗੇ ਅਤੇ ਕਹਿਣ ਲੱਗੇ ਕਿ ਕਰਜ਼ਾ ਅਜੇ ਵੀ ਬਕਾਇਆ ਹੈ। ਜਦੋਂ ਉਸ ਦੀ ਮਾਂ ਵਿਚੋਲਣ ਨੂੰ ਲੱਭ ਨਹੀਂ ਸਕੀ ਤਾਂ ਉਹ ਦੁਬਾਰਾ ਭੁਗਤਾਨ ਕਰਨ ਲਈ ਤਿਆਰ ਹੋ ਗਈ, ਪਰ ਉਸ ਕੋਲ ਸਿਰਫ਼ 1,000 ਰੁਪਏ ਘੱਟ ਸਨ। ਆਂਚਲ ਦੇ ਅਨੁਸਾਰ ਏਜੰਟਾਂ ਨੇ ਉਸ ਦੀ ਮਾਂ ਨਾਲ ਦੁਰਵਿਵਹਾਰ ਕੀਤਾ ਅਤੇ ਧੱਕਾ ਵੀ ਦਿੱਤਾ। ਇਸ ਡਰ ਅਤੇ ਬੇਇੱਜ਼ਤੀ ਤੋਂ ਤੰਗ ਆ ਕੇ ਰੰਜਨਾ ਦੇਵੀ ਨੇ ਨਹਿਰ ਵਿੱਚ ਛਾਲ ਮਾਰ ਦਿੱਤੀ। ਹੁਣ ਆਂਚਲ ਅਤੇ ਉਸ ਦੀ ਛੋਟੀ ਭੈਣ ਬੇਸਹਾਰਾ ਹੋ ਗਈਆਂ ਹਨ। ਇਸ ਘਟਨਾ ਨੇ ਖੇਤਰ ਵਿੱਚ ਗੈਰ-ਕਾਨੂੰਨੀ ਅਤੇ ਗੈਰ-ਨਿਯੰਤ੍ਰਿਤ ਨਿੱਜੀ ਵਿੱਤ ਕੰਪਨੀਆਂ ਦੇ ਨੈੱਟਵਰਕ ਦਾ ਮੁੱਦਾ ਉਜਾਗਰ ਕੀਤਾ ਹੈ, ਜੋ ਛੋਟੇ ਕਰਜ਼ਿਆਂ ਦੀ ਜ਼ਰੂਰਤ ਵਾਲੇ ਗਰੀਬ ਕਰਜ਼ਦਾਰਾਂ ਦਾ ਸ਼ੋਸ਼ਣ ਕਰਦੀਆਂ ਹਨ। ਐਡਵੋਕੇਟ ਪਰਮਜੀਤ ਸਿੰਘ ਪੰਮਾ ਨੇ ਦੱਸਿਆ ਕਿ ਇਹ ਕੰਪਨੀਆਂ ਮਹੀਨਾਵਾਰ 5 ਤੋਂ 10 ਫੀਸਦ ਤੱਕ ਬਹੁਤ ਜ਼ਿਆਦਾ ਵਿਆਜ ਦਰਾਂ ਵਸੂਲ ਰਹੀਆਂ ਹਨ, ਜੋ ਕਿ ਭਾਰਤੀ ਰਿਜ਼ਰਵ ਬੈਂਕ ਦੇ ਦਿਸ਼ਾ-ਨਿਰਦੇਸ਼ਾਂ ਦੀ ਸਪੱਸ਼ਟ ਉਲੰਘਣਾ ਹੈ। ਇਸ ਸੰਬੰਧ ਵਿੱਚ ਆਂਚਲ ਨੇ ਨੰਗਲ ਪੁਲਸ ਸਟੇਸ਼ਨ 'ਚ ਸੱਤਿਆ ਫਾਈਨਾਂਸ ਕੰਪਨੀ ਦੇ ਤਿੰਨ ਰਿਕਵਰੀ ਏਜੰਟਾਂ ਸ਼ੁਭਮ, ਸਾਗਰ ਅਤੇ ਅਭਿਸ਼ੇਕ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਰੂਪਨਗਰ ਦੇ ਐੱਸ ਐੱਸ ਪੀ ਗੁਲਨੀਤ ਸਿੰਘ ਖੁਰਾਣਾ ਨੇ ਕਿਹਾ ਕਿ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਦੋਸ਼ੀ ਕੰਪਨੀ ਤੇ ਏਜੰਟਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਬਿਹਾਰ 'ਚ 64 ਫੀਸਦ ਤੋਂ ਵੱਧ ਪੋਲਿੰਗ



**ਪਟਨਾ** : ਬਿਹਾਰ ਅਸੈਂਬਲੀ ਚੋਣਾਂ ਦੇ ਪਹਿਲੇ ਗੇੜ ਵਿਚ 121 ਸੀਟਾਂ ਲਈ ਪੋਲਿੰਗ ਸਵੇਰੇ 7 ਵਜੇ ਸ਼ੁਰੂ ਹੋਈ, ਜੋ ਸ਼ਾਮੀਂ 5 ਵਜੇ ਤੱਕ ਜਾਰੀ ਰਹੀ। 64% ਤੋਂ ਵੱਧ ਵੋਟਾਂ ਪਈਆਂ।

ਪਹਿਲੇ ਗੇੜ ਵਿਚ ਕੁੱਲ 3.75 ਕਰੋੜ ਵੋਟਰ ਇੰਡੀਆ ਗੱਠਜੋੜ ਦੇ ਮੁੱਖ ਮੰਤਰੀ ਉਮੀਦਵਾਰ ਤੇਜਸਵੀ ਯਾਦਵ ਅਤੇ ਭਾਜਪਾ ਆਗੂ ਤੇ ਉਪ ਮੁੱਖ ਮੰਤਰੀ ਸਮਰਾਟ ਚੌਧਰੀ ਸਣੇ 1314 ਉਮੀਦਵਾਰਾਂ ਦੀ ਸਿਆਸੀ ਕਿਸਮਤ ਦਾ ਫੈਸਲਾ ਕਰਨਗੇ। ਵੋਟਿੰਗ ਲਈ ਪੋਲਿੰਗ ਬੂਥਾਂ 'ਤੇ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਪਹਿਲੇ ਗੇੜ ਲਈ ਦੁਪਹਿਰ 3 ਵਜੇ ਤੱਕ 53.77 ਫੀਸਦ ਪੋਲਿੰਗ ਦਰਜ ਕੀਤੀ ਗਈ। ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਪਟਨਾ ਦੇ ਬਖ਼ਤਿਆਰਪੁਰ ਵਿਚ ਵੋਟ ਪਾਈ।

## ਭੁੱਲਰ ਦਾ ਮੁੜ ਪੰਜ ਦਿਨਾ ਰਿਮਾਂਡ

**ਚੰਡੀਗੜ੍ਹ** : ਸੀ ਬੀ ਆਈ ਦੀ ਵਿਸ਼ੇਸ਼ ਅਦਾਲਤ ਨੇ ਵੀਰਵਾਰ ਸਾਬਕਾ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਨੂੰ 5 ਦਿਨਾਂ ਦੇ ਰਿਮਾਂਡ ਅਤੇ ਦਲਾਲ ਕ੍ਰਿਸ਼ਨੂੰ ਨੂੰ 14 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ।

ਇਸ ਤੋਂ ਪਹਿਲਾਂ ਸੀ ਬੀ ਆਈ ਨੇ ਭੁੱਲਰ ਦਾ 1 ਨਵੰਬਰ ਨੂੰ 5 ਦਿਨਾਂ ਦਾ ਰਿਮਾਂਡ ਹਾਸਲ ਕੀਤਾ ਸੀ। ਸੀ ਬੀ ਆਈ ਨੇ 16 ਅਕਤੂਬਰ ਨੂੰ ਕ੍ਰਿਸ਼ਨੂੰ ਸ਼ਾਰਦਾ ਨੂੰ ਇੱਕ ਸਕਰੈਪ ਡੀਲਰ ਤੋਂ 5 ਲੱਖ ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਸੀ। ਉਹ ਇਹ ਰਕਮ ਉਸ ਵੇਲੇ ਦੇ ਰੋਪੜ ਰੇਂਜ ਦੇ ਡੀ ਆਈ ਜੀ ਭੁੱਲਰ ਦੇ ਨਾਂਅ 'ਤੇ ਲੈ ਰਿਹਾ ਸੀ।

# ਪੀ ਯੂ ਮੁੱਦੇ 'ਤੇ 'ਆਪ' ਦਾ ਵਫ਼ਦ ਰਾਜਪਾਲ ਨੂੰ ਮਿਲਿਆ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਪੰਜਾਬ ਦੇ ਇੱਕ ਵਫ਼ਦ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਵੀਰਵਾਰ ਰਾਜ ਭਵਨ ਵਿਖੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਪੰਜਾਬ ਯੂਨੀਵਰਸਿਟੀ ਦੀ ਲੋਕਤੰਤਰੀ ਤੌਰ 'ਤੇ ਚੁਣੀ ਗਈ ਸੈਨੇਟ ਅਤੇ ਸਿੰਡੀਕੇਟ ਨੂੰ ਭੰਗ ਕਰਨ ਦੇ ਕੇਂਦਰ ਸਰਕਾਰ ਦੇ ਇਕਪਾਸੜ ਕਦਮ ਵਿਰੁੱਧ ਮੰਗ ਪੱਤਰ ਸੌਂਪਿਆ। ਵਫ਼ਦ ਵਿੱਚ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਮਲਵਿੰਦਰ ਸਿੰਘ ਕੰਗ, ਵਿਧਾਇਕ ਦਿਨੇਸ਼ ਚੱਢਾ ਅਤੇ ਸੀਨੀਅਰ ਆਗੂ ਗੋਲਡੀ ਕੰਬੋਜ, ਦਵਿੰਦਰ ਸਿੰਘ ਲਾਡੀ ਢੋਸ, ਵਿਦਿਆਰਥੀ ਆਗੂ ਵਤਨਵੀਰ ਗਿੱਲ ਅਤੇ ਪੀ ਯੂ ਸੈਨੇਟ ਮੈਂਬਰ ਆਈ ਪੀ ਸਿੱਧੂ ਅਤੇ ਰਵਿੰਦਰ ਧਾਲੀਵਾਲ ਸ਼ਾਮਲ ਸਨ।

ਵਫ਼ਦ ਨੇ ਕੇਂਦਰੀ ਸਿੱਖਿਆ ਮੰਤਰਾਲੇ ਦੇ 28 ਅਕਤੂਬਰ ਦੇ ਨੋਟੀਫਿਕੇਸ਼ਨ ਦਾ ਸਖ਼ਤ ਵਿਰੋਧ ਕੀਤਾ, ਜਿਸ ਨੇ ਸੈਨੇਟ ਦੀ ਕਾਨੂੰਨੀ ਤਾਕਤ 90 ਤੋਂ ਘਟਾ ਕੇ ਸਿਰਫ਼ 31 ਮੈਂਬਰ ਕਰ ਦਿੱਤੀ, ਜਿਨ੍ਹਾਂ ਵਿੱਚੋਂ 13 ਸਿੱਧੇ ਤੌਰ 'ਤੇ ਕੇਂਦਰ ਦੁਆਰਾ ਨਾਮਜ਼ਦ ਕੀਤੇ ਜਾਣਗੇ। 'ਆਪ' ਨੇ ਇਸ ਨੂੰ ਪੰਜਾਬ ਅਤੇ ਪੰਜਾਬ ਯੂਨੀਵਰਸਿਟੀ ਦੇ ਲੋਕਤੰਤਰੀ ਅਧਿਕਾਰਾਂ, ਖੁਦਮੁਖਤਿਆਰੀ ਅਤੇ ਪਛਾਣ 'ਤੇ ਸਿੱਧਾ ਹਮਲਾ ਦੱਸਿਆ।ਮੀਟਿੰਗ ਤੋਂ ਬਾਅਦ ਬੋਲਦਿਆਂ ਚੀਮਾ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਦੇ ਲੋਕਤੰਤਰੀ ਢਾਂਚੇ ਨੂੰ ਤਬਾਹ ਕਰ ਦਿੱਤਾ ਹੈ, ਜੋ ਪਿਛਲੇ 60 ਸਾਲਾਂ ਤੋਂ ਸਫਲਤਾਪੂਰਵਕ

• ਬਾਕੀ ਸਫਾ 2 'ਤੇ

## ਰਾਜਿੰਦਰ ਗੁਪਤਾ ਨੇ ਪੰਜਾਬੀ 'ਚ ਹਲਫ਼ ਲਿਆ



**ਬਰਨਾਲਾ (ਰਜਿੰਦਰ ਬਰਾੜ)**- ਪੰਜਾਬ ਤੋਂ ਨਵੇਂ ਚੁਣੇ ਗਏ ਰਾਜ ਸਭਾ ਮੈਂਬਰ ਅਤੇ ਪ੍ਰਮੁੱਖ ਉਦਯੋਗਪਤੀ ਰਾਜਿੰਦਰ ਗੁਪਤਾ ਨੇ ਵੀਰਵਾਰ ਨੂੰ ਨਵੀਂ ਦਿੱਲੀ ਵਿੱਚ ਸੰਸਦ ਭਵਨ ਵਿਖੇ ਰਾਜ ਸਭਾ ਮੈਂਬਰ ਵਜੋਂ ਸਹੁੰ ਚੁੱਕੀ ਹੈ। ਉਨ੍ਹਾਂ ਨੂੰ ਭਾਰਤ ਦੇ ਉਪ ਰਾਸ਼ਟਰਪਤੀ ਅਤੇ ਰਾਜ ਸਭਾ ਦੇ ਚੇਅਰਮੈਨ ਸ੍ਰੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਸਹੁੰ ਚੁਕਾਈ। ਖਾਸ ਗੱਲ ਇਹ ਰਹੀ ਕਿ ਰਾਜਿੰਦਰ ਗੁਪਤਾ ਨੇ ਪੰਜਾਬੀ ਭਾਸ਼ਾ ਵਿੱਚ ਸਹੁੰ ਚੁੱਕੀ।

## ਜੰਮੂ-ਕਸ਼ਮੀਰ ਦੇ ਸਾਬਕਾ ਮੰਤਰੀ ਬਾਬੂ ਸਿੰਘ ਦੇ ਟਿਕਾਣਿਆਂ 'ਤੇ ਛਾਪੇਮਾਰੀ

**ਜੰਮੂ** : ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਵੀਰਵਾਰ ਨੂੰ ਜੰਮੂ-ਕਸ਼ਮੀਰ ਵਿੱਚ ਸਾਬਕਾ ਮੰਤਰੀ ਬਾਬੂ ਸਿੰਘ ਦੇ ਟਿਕਾਣਿਆਂ ਸਮੇਤ ਕਈ ਥਾਵਾਂ 'ਤੇ ਇੱਕੋ ਸਮੇਂ ਛਾਪੇਮਾਰੀ ਕੀਤੀ ਹੈ। ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਇਹ ਕਾਰਵਾਈ ਨਸ਼ਿਆਂ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਦੇ ਹਿੱਸੇ ਵਜੋਂ ਕੀਤੀ ਗਈ ਹੈ। ਸ੍ਰੀਨਗਰ ਵਿੱਚ ਛੇ ਅਤੇ ਜੰਮੂ ਵਿੱਚ ਦੋ ਟਿਕਾਣਿਆਂ ਨੂੰ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੇ ਪ੍ਰਬੰਧਾਂ ਤਹਿਤ ਕਵਰ ਕੀਤਾ ਜਾ ਰਿਹਾ ਹੈ। ਸੂਤਰਾਂ ਨੇ ਦੱਸਿਆ ਕਿ ਇਹ ਮਾਮਲਾ ਨਸ਼ਿਆਂ ਨਾਲ ਜੁੜੇ ਮਨੀ ਲਾਂਡਰਿੰਗ ਕੇਸ ਨਾਲ ਸੰਬੰਧਤ ਹੈ, ਜਿਸ ਦਾ ਪਤਾ ਪਹਿਲੀ ਵਾਰ ਕੇਂਦਰ ਸ਼ਾਸਿਤ ਪ੍ਰਦੇਸ਼ ਦੀ ਪੁਲਸ ਨੇ ਮਾਰਚ 2022 ਵਿੱਚ ਲਗਾਇਆ ਸੀ, ਜਦੋਂ ਮੁਹੰਮਦ ਸ਼ਰੀਫ ਸ਼ਾਹ ਨਾਂਅ ਦੇ ਇੱਕ ਵਿਅਕਤੀ ਨੂੰ ਕਸ਼ਮੀਰ ਤੋਂ ਜੰਮੂ ਤੱਕ ਜਤਿੰਦਰ ਸਿੰਘ ਉਰਫ ਬਾਬੂ ਸਿੰਘ ਉਰਫ ਜਤਿੰਦਰ ਸਿੰਘ ਨੂੰ 6.9 ਲੱਖ ਰੁਪਏ ਦੀ ਹਵਾਲਾ ਰਾਸ਼ੀ ਪਹੁੰਚਾਉਣ ਦੀ ਕੋਸ਼ਿਸ਼ ਕਰਦੇ ਹੋਏ ਫੜਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਇਹ ਪੈਸਾ ਜੰਮੂ ਵਿੱਚ ਵਿਧਾਨ ਵਿਰੋਧੀ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਵੱਖਵਾਦੀ ਅਤੇ ਵੱਖਰੇ ਹੋਣ ਦੀ ਮੰਗ ਕਰਨ ਵਾਲੇ ਸਮੂਹਾਂ ਨੂੰ ਫੰਡ ਦੇਣ ਲਈ ਸੀ।

# ਹਰਿਆਣਾ ਚੋਣਾਂ 'ਚ ਮੇਰੀ ਤਸਵੀਰ ਦੀ ਗਲਤ ਵਰਤੋਂ ਹੋਈ : ਬ੍ਰਾਜ਼ੀਲੀ ਮਾਡਲ



**ਚੰਡੀਗੜ੍ਹ** : ਰਾਹੁਲ ਗਾਂਧੀ ਵੱਲੋਂ ਹਰਿਆਣਾ ਵਿਚ ਫਰਜ਼ੀ ਵੋਟਿੰਗ ਦੇ ਮੁੱਦੇ 'ਤੇ ਬ੍ਰਾਜ਼ੀਲ ਦੀ ਇਕ ਮਾਡਲ ਦੀ ਤਸਵੀਰ ਦਿਖਾਉਣ ਮਗਰੋਂ ਇਹ ਮਾਮਲਾ ਪੂਰੇ ਦੇਸ਼ ਵਿਚ ਸੁਰਖੀਆਂ ਵਿਚ ਹੈ। ਕਾਂਗਰਸ ਨੇ ਦਾਅਵਾ ਕੀਤਾ ਸੀ ਕਿ ਬ੍ਰਾਜ਼ੀਲ ਦੀ ਇਸ ਮਾਡਲ ਦੀ ਤਸਵੀਰ ਦੀ ਵਰਤੋਂ ਕਰਕੇ ਹਰਿਆਣਾ ਵਿਚ ਕਦੇ ਸੀਮਾ ਤਾਂ ਕਦੇ ਸਵੀਟੀ ਦੇ ਨਾਂਅ 'ਤੇ 22 ਵੋਟ ਪਾਏ ਗਏ। ਹੁਣ ਆਪਣੀ ਇਸ ਤਸਵੀਰ ਨੂੰ ਲੈ ਕੇ ਖੁਦ ਮਾਡਲ ਦੀ ਪ੍ਰਤੀਕਿਰਿਆ ਸਾਹਮਣੇ ਆਈ ਹੈ। ਬ੍ਰਾਜ਼ੀਲ ਦੀ ਇਸ ਮਾਡਲ ਲਾਰਿਸਾ ਨੇ ਆਪਣੇ ਇੰਸਟਾਗ੍ਰਾਮ ਅਕਾਊਂਟ 'ਤੇ ਇਕ ਵੀਡੀਓ ਜਾਰੀ ਕਰਕੇ ਕਿਹਾ ਕਿ ਉਸ ਦੀ ਤਸਵੀਰ ਦਾ ਗ਼ਲਤ ਇਸਤੇਮਾਲ ਕੀਤਾ ਗਿਆ ਹੈ ਤੇ ਉਸ ਦਾ ਭਾਰਤ ਦੀ ਸਿਆਸਤ ਨਾਲ ਕੋਈ ਲਾਗਾ ਦੇਗਾ ਨਹੀਂ ਹੈ। ਪੁਰਤਗਾਲੀ ਭਾਸ਼ਾ ਵਿਚ ਜਾਰੀ ਵੀਡੀਓ ਲਾਰਿਸਾ ਨੇ ਕਿਹਾ, "ਮੈਨੂੰ ਕੁਝ ਭਾਰਤੀ ਪੱਤਰਕਾਰਾਂ ਨੇ ਤੁਹਾਡੇ ਲਈ ਇਕ ਵੀਡੀਓ ਕਰਨ ਵਾਸਤੇ ਕਿਹਾ ਸੀ, ਜਿਸ ਕਰਕੇ ਮੈਂ ਇਹ ਵੀਡੀਓ ਬਣਾ ਰਹੀ ਹਾਂ। ਮੇਰਾ ਭਾਰਤ ਦੀ ਰਾਜਨੀਤੀ ਨਾਲ ਕੋਈ ਲਾਗਾ ਦੇਗਾ ਨਹੀਂ ਹੈ। ਮੈਂ ਬ੍ਰਾਜ਼ੀਲ ਦੀ ਮਾਡਲ ਤੇ ਡਿਜੀਟਲ ਇਨਫਲੂਐਂਸਰ ਹਾਂ। ਮੈਂ ਭਾਰਤ ਦੇ ਲੋਕਾਂ ਨੂੰ ਪਿਆਰ ਕਰਦੀ ਹਾਂ। ਤੁਹਾਡਾ ਬਹੁਤ ਬਹੁਤ ਧੰਨਵਾਦ, ਨਮਸਤੇ।" ਮਾਡਲ ਨੇ ਅੱਗੇ ਕਿਹਾ, "ਵੇਖੋ ਇਹ ਪੂਰਾ ਮਾਮਲਾ ਬਹੁਤ ਗੰਭੀਰ ਹੋ ਚੁੱਕਾ ਹੈ। ਮੈਂ ਸਾਰਿਆਂ ਨੂੰ ਦੱਸ ਦੇਵਾਂ ਕਿ ਮੈਂ ਹੀ ਉਹ ਰਹੱਸਮਈ ਬ੍ਰਾਜ਼ੀਲੀਨ ਮਹਿਲਾ ਹਾਂ, ਪਰ ਮੇਰਾ ਇਸ ਮਾਮਲੇ ਨਾਲ ਕੋਈ ਸੱਬੰਧ ਨਹੀਂ ਹੈ। ਹੁਣ ਮੈਂ ਮਾਡਲਿੰਗ ਨਹੀਂ ਕਰਦੀ। ਮੈਂ ਸਿਰਫ਼ ਬੱਚਿਆਂ ਦੀ ਪਰਵਰਿਸ਼ ਤੇ ਡਿਜੀਟਲ ਕੰਮ ਵਿਚ ਰੁੱਝੀ ਹਾਂ।" ਲਾਰਿਸਾ ਨੇ ਦੱਸਿਆ ਕਿ ਉਸ ਦੀ ਤਸਵੀਰ ਇਕ ਸਟਾਕ ਇਮੇਜ ਵੈੱਬਸਾਈਟ ਤੋਂ ਖਰੀਦੀ ਗਈ ਸੀ, ਜਿਸ ਦੀ ਗ਼ਲਤ ਵਰਤੋਂ ਵੋਟਰ ਲਿਸਟ ਵਿਚ ਕੀਤੀ ਗਈ। "ਕਾਬਿਲੇਗੌਰ ਹੈ ਕਿ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਕੀਤੀ ਪ੍ਰੈੱਸ ਕਾਨਫਰੰਸ ਵਿੱਚ ਪੱਤਰਕਾਰਾਂ ਨੂੰ ਹਰਿਆਣਾ ਦੀ ਵੋਟਰ ਸੂਚੀ ਦਿਖਾਈ ਸੀ, ਜਿਸ ਵਿਚ ਬ੍ਰਾਜ਼ੀਲੀਅਨ ਮਾਡਲ ਦੀ ਤਸਵੀਰ ਦਾ ਕਈ ਨਾਵਾਂ ਨਾਲ ਇਸਤੇਮਾਲ ਕੀਤਾ ਗਿਆ ਸੀ। ਇਸ ਨੂੰ ਲੈ ਕੇ ਰਾਹੁਲ ਗਾਂਧੀ ਨੇ ਚੋਣ ਕਮਿਸ਼ਨ 'ਤੇ ਨਿਸ਼ਾਨਾ ਸੇਧਿਆ ਸੀ। ਰਾਹੁਲ ਨੇ ਮਾਡਲ ਦੀ ਤਸਵੀਰ ਦਿਖਾਉਂਦਿਆਂ ਕਿਹਾ ਸੀ ਕਿ ਇਸ ਮਹਿਲਾ ਨੇ 'ਕਦੇ ਸਵੀਟੀ ਤੇ ਕਦੇ ਸੀਮਾ ਬਣ ਕੇ' 22 ਵਾਰ ਵੋਟ ਪਾਈ।

# ਮਰਦ ਦੋਸਤ ਦੇ ਕਹਿਣ 'ਤੇ ਮਹਿਲਾ ਹੋਸਟਲ ਦੇ ਬਾਥਰੂਮ 'ਚ ਲਾਇਆ ਕੈਮਰਾ

**ਕ੍ਰਿਸ਼ਨਾਗਿਰੀ** : ਇੱਕ ਕੰਪਨੀ ਦੇ ਮਹਿਲਾ ਹੋਸਟਲ ਦੇ ਬਾਥਰੂਮ ਵਿੱਚ ਕੈਮਰਾ ਲਗਾਉਣ ਦੇ ਦੋਸ਼ ਵਿੱਚ ਇੱਕ ਔਰਤ ਅਤੇ ਉਸ ਦੇ ਇੱਕ ਪੁਰਸ਼ ਦੋਸਤ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਨੇ ਦੱਸਿਆ ਕਿ ਕ੍ਰਿਸ਼ਨਾਗਿਰੀ ਜ਼ਿਲ੍ਹੇ ਦੇ ਨਾਗਮੰਗਲਮ ਸਥਿਤ ਟਾਟਾ ਇਲੈਕਟ੍ਰਾਨਿਕਸ ਪ੍ਰਾਈਵੇਟ ਲਿਮਟਿਡ ਵਿੱਚ ਕੰਮ ਕਰਨ ਵਾਲੀਆਂ ਸੈਂਕੜੇ ਮਹਿਲਾ ਕਰਮਚਾਰੀਆਂ ਨੇ ਵਿਰੋਧ ਪ੍ਰਦਰਸ਼ਨ ਕੀਤਾ ਜਦੋਂ ਕੰਪਨੀ ਦੀ ਇੱਕ ਮਹਿਲਾ ਕਰਮਚਾਰੀ ਨੂੰ ਰਿਹਾਇਸ਼ ਵਿਦਿਆਲ ਰੈਜ਼ੀਡੈਂਸੀ ਦੇ ਇੱਕ ਬਾਥਰੂਮ ਦੇ ਅੰਦਰ ਲੁਕਾ ਕੇ ਲਗਾਇਆ ਗਿਆ ਕੈਮਰਾ ਮਿਲਿਆ। 11 ਮੰਜ਼ਲਾ ਇਸ ਕਰਮਚਾਰੀ ਰਿਹਾਇਸ਼ ਵਿੱਚ ਅੱਠ ਬਲਾਕ ਹਨ ਅਤੇ ਇੱਥੇ 6,000 ਤੋਂ ਵੱਧ ਔਰਤਾਂ ਦੇ ਠਹਿਰਨ ਦਾ ਪ੍ਰਬੰਧ ਹੈ। ਪੁਲਸ ਨੇ ਦੱਸਿਆ ਕਿ ਕੰਪਨੀ ਦੀ ਨਾਗਮੰਗਲਮ ਯੂਨਿਟ ਵਿੱਚ ਕੰਮ ਕਰਨ ਵਾਲੀ ਉੜੀਸਾ ਦੀ 22 ਸਾਲਾ ਨੀਲੂ ਕੁਮਾਰੀ ਗੁਪਤਾ ਇਸੇ ਕਰਮਚਾਰੀ ਰਿਹਾਇਸ਼ ਵਿੱਚ ਰਹਿੰਦੀ ਸੀ ਅਤੇ ਉਸ ਨੇ ਕਥਿਤ ਤੌਰ 'ਤੇ ਆਪਣੇ ਪੁਰਸ਼ ਦੋਸਤ ਸੰਤੋਸ਼ (25) ਦੇ ਉਕਸਾਉਣ 'ਤੇ ਇਹ ਕੈਮਰਾ ਲਗਾਇਆ ਸੀ। ਪੁਲਸ ਸੁਪਰਡੈਂਟ ਪੀ. ਥੰਗਦੁਰਾਈ ਅਨੁਸਾਰ ਸੰਤੋਸ਼ ਨੂੰ 5 ਨਵੰਬਰ ਨੂੰ ਉਦਨਪੱਲੀ ਦੀ ਪੁਲਸ ਟੀਮ ਨੇ ਬੇਂਗਲੁਰੂ ਤੋਂ ਗ੍ਰਿਫ਼ਤਾਰ ਕੀਤਾ। ਉਨ੍ਹਾਂ ਨੇ ਇੱਕ ਬਿਆਨ ਵਿੱਚ ਕਿਹਾ ਕਿ ਇਹ ਕੈਮਰਾ 2 ਨਵੰਬਰ ਨੂੰ ਉਸ ਕਮਰੇ ਦੇ ਬਾਥਰੂਮ ਵਿੱਚ ਲਗਾਇਆ ਗਿਆ ਸੀ, ਜਿੱਥੇ ਉੱਤਰੀ ਰਾਜਾਂ ਦੀਆਂ ਔਰਤਾਂ ਰਹਿੰਦੀਆਂ ਸਨ ਅਤੇ ਜਿੱਥੇ ਨੀਲੂ ਕੁਮਾਰੀ ਵੀ ਰਹਿੰਦੀ ਸੀ। ਮਹਿਲਾ ਕਰਮਚਾਰੀਆਂ ਦੇ ਵਿਰੋਧ ਤੋਂ ਬਾਅਦ ਹੋਸੁਰ ਦੀ ਵਧੀਕ ਜ਼ਿਲ੍ਹਾ ਅਧਿਕਾਰੀ ਆਕ੍ਰਿਤੀ ਸੇਠੀ ਅਤੇ ਪੁਲਸ ਸੁਪਰਡੈਂਟ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਸੁਰੱਖਿਆ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ।

# ਰੇਲ ਗੱਡੀ ਦੀ ਛੱਤ 'ਤੇ ਚੜ੍ਹਿਆ ਕਰੰਟ ਲੱਗਣ ਨਾਲ ਬੁਰੀ ਤਰ੍ਹਾਂ ਝੁਲਸਿਆ

**ਫਗਵਾੜਾ** : ਫਿਲੌਰ ਰੇਲਵੇ ਸਟੇਸ਼ਨ 'ਤੇ ਵੀਰਵਾਰ ਸਵੇਰੇ ਯਾਤਰੀਆਂ ਅਤੇ ਰੇਲਵੇ ਸਟਾਫ ਵਿੱਚ ਉਦੋਂ ਅਫ਼ਰਾ-ਤਫ਼ਰੀ ਮਚ ਗਈ, ਜਦੋਂ ਅੱਧਖੜ ਉਮਰ ਦਾ ਅਣਪਛਾਤਾ ਵਿਅਕਤੀ ਸੁਲਤਾਨਪੁਰ ਲੋਧੀ ਤੋਂ ਆਈ ਡੀ ਐੱਮ ਯੂ (ਡੀਜ਼ਲ ਮਲਟੀਪਲ ਯੂਨਿਟ) ਟਰੇਨ ਦੀ ਛੱਤ 'ਤੇ ਚੜ੍ਹ ਗਿਆ। ਇਹ ਘਟਨਾ ਸਵੇਰੇ ਕਰੀਬ 9:30 ਵਜੇ ਦੀ ਹੈ। ਚਸ਼ਮਦੀਦਾਂ ਅਨੁਸਾਰ ਇਹ ਆਦਮੀ ਜਿਸ ਦੀ ਉਮਰ ਕਰੀਬ 40 ਤੋਂ 45 ਸਾਲ ਦੱਸੀ ਜਾ ਰਹੀ ਹੈ, ਬਿਨਾਂ ਕਿਸੇ ਝਿਜਕ ਦੇ ਰੇਲ ਗੱਡੀ 'ਤੇ ਚੜ੍ਹਦਾ ਦੇਖਿਆ ਗਿਆ। ਪਲੇਟਫਾਰਮ 'ਤੇ ਮੌਜੂਦ ਲੋਕਾਂ ਨੇ ਉਸ ਨੂੰ ਵਾਰ-ਵਾਰ ਹੇਠਾਂ ਉਤਰਨ ਲਈ ਕਿਹਾ, ਪਰ ਉਸ ਨੇ ਇਨ੍ਹਾਂ ਚੇਤਾਵਨੀਆਂ ਵੱਲ ਕੋਈ ਧਿਆਨ ਨਹੀਂ ਦਿੱਤਾ। ਲੋਕਾਂ ਵੱਲੋਂ ਲਗਾਤਾਰ ਕੀਤੀਆਂ ਜਾ ਰਹੀਆਂ ਅਪੀਲਾਂ ਦੇ ਬਾਵਜੂਦ ਉਹ ਵਿਅਕਤੀ ਰੇਲ ਗੱਡੀ ਦੀ ਛੱਤ 'ਤੇ ਚੜ੍ਹ ਗਿਆ ਤੇ ਉਪਰੋਂ ਜਾਂਦੀ ਹਾਈ ਟੈਨਸ਼ਨ ਬਿਜਲੀ ਦੀ ਤਾਰ ਦੇ ਸੰਪਰਕ ਵਿਚ ਆ ਗਿਆ। ਤਾਰ ਵਿੱਚ ਅੰਦਾਜ਼ਨ 25,000 ਵੋਲਟ ਦਾ ਹਾਈ-ਟੈਨਸ਼ਨ ਕਰੰਟ ਸੀ। ਜਿਵੇਂ ਹੀ ਉਸ ਦਾ ਹੱਥ ਤਾਰ ਨਾਲ ਲੱਗਾ, ਉਹ ਬੁਰੀ ਤਰ੍ਹਾਂ ਝੁਲਸ ਗਿਆ। ਕੁਝ ਸਕਿੰਟਾਂ ਬਾਅਦ ਉਹ ਰੇਲ ਗੱਡੀ ਦੀ ਛੱਤ ਤੋਂ ਪਲੇਟਫਾਰਮ 'ਤੇ ਡਿੱਗ ਪਿਆ। ਉਸ ਨੂੰ ਤੁਰੰਤ ਇਲਾਜ ਲਈ ਫਿਲੌਰ ਸਿਵਲ ਹਸਪਤਾਲ ਲਿਜਾਇਆ ਗਿਆ। ਫਿਲੌਰ ਰੇਲਵੇ ਪੁਲਸ ਪੋਸਟ ਦੇ ਇੰਚਾਰਜ ਹਰਮੇਸ਼ ਲਾਲ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਪੀੜਤ ਦੀ ਪਛਾਣ ਨਹੀਂ ਹੋ ਸਕੀ, ਪਰ ਉਹ 90 ਤੋਂ 95 ਫੀਸਦ ਤੱਕ ਝੁਲਸ ਗਿਆ ਹੈ। ਡਾਕਟਰਾਂ ਨੇ ਕਿਹਾ ਕਿ ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ।

## ਭਾਰਤ ਨੇ ਲੀਡ ਲਈ

**ਗੋਲਡ ਕੋਸਟ** : ਚੌਥੇ ਟੀ 20 ਕੌਮਾਂਤਰੀ ਮੈਚ ਵਿੱਚ ਭਾਰਤ ਨੇ ਆਸਟਰੇਲੀਆ ਨੂੰ 48 ਦੌੜਾਂ ਨਾਲ ਹਰਾ ਦਿੱਤਾ।

ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 20 ਓਵਰਾਂ ਵਿੱਚ ਅੱਠ ਵਿਕਟਾਂ ਦੇ ਨੁਕਸਾਨ ਨਾਲ 167 ਦੌੜਾਂ ਬਣਾਈਆਂ ਸਨ, ਪਰ ਆਸਟਰੇਲੀਆ ਦੀ ਟੀਮ 18.2 ਓਵਰਾਂ ਵਿੱਚ 119 ਦੌੜਾਂ 'ਤੇ ਹੀ ਆਲ ਆਊਟ ਹੋ ਗਈ। ਇਸ ਜਿੱਤ ਨਾਲ ਭਾਰਤ ਨੇ ਪੰਜ ਮੈਚਾਂ ਦੀ ਲੜੀ ਵਿੱਚ ਲੀਡ ਲੈ ਲਈ ਹੈ। ਪਹਿਲਾ ਮੈਚ ਮੀਂਹ ਕਾਰਨ ਬੇਨਤੀਜਾ ਰਿਹਾ ਸੀ।

ਦੂਜਾ ਆਸਟਰੇਲੀਆ ਤੇ ਤੀਜਾ ਭਾਰਤ ਨੇ ਜਿੱਤਿਆ ਸੀ।

# ਰਾਜਾ ਵੜਿੰਗ ਵੱਲੋਂ ਜ਼ਿਮਨੀ ਚੋਣ ਤੱਕ ਪੇਸ਼ੀ ਤੋਂ ਛੋਟ ਦੀ ਮੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵਿਖੇ ਮਰਹੂਮ ਗ੍ਰਹਿ ਮੰਤਰੀ ਬੂਟਾ ਸਿੰਘ ਸੰਬੰਧੀ ਟਿੱਪਣੀ ਮਾਮਲੇ ਵਿਚ ਤਲਬ ਕੀਤੇ ਗਏ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਤਰਫੋਂ ਐਡਵੋਕੇਟ ਅਰਸ਼ਪ੍ਰੀਤ ਸਿੰਘ ਖੜਿਆਲ ਪੇਸ਼ ਹੋਏ, ਪ੍ਰੰਤੂ ਉਹ ਕਮਿਸ਼ਨ ਅੱਗੇ ਮੌਕੇ 'ਤੇ ਵਕਾਲਤਨਾਮਾ ਪੇਸ਼ ਨਹੀਂ ਕਰ ਸਕੇ।ਰਾਜਾ ਵੜਿੰਗ ਨੇ ਵਕੀਲ ਰਾਹੀਂ ਜ਼ਿਮਨੀ ਚੋਣ ਦੇ ਮੱਦੇਨਜ਼ਰ ਪੇਸ਼ੀ ਤੋਂ ਛੋਟ ਦੀ ਮੰਗ ਕਰਦਿਆਂ ਚੋਣਾਂ ਉਪਰੰਤ ਤਰੀਕ ਦੀ ਮੰਗ ਕੀਤੀ ਹੈ।

ਇਸੇ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵਿਖੇ ਪੇਸ਼ੀ ਤੋਂ ਛੋਟ ਦੇਣ ਦੀ ਮੰਗ ਕੀਤੀ ਹੈ।ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਪੱਤਰ ਰਾਹੀਂ ਜ਼ਿਲ੍ਹਾ ਚੋਣ ਅਫ਼ਸਰ ਨੇ ਕਮਿਸ਼ਨ ਨੂੰ ਬੇਨਤੀ ਕੀਤੀ ਕਿ ਹੈ ਉਨ੍ਹਾ ਪੱਤਰ ਜਾਰੀ ਕਰ ਕੇ ਅਮਰਿੰਦਰ ਸਿੰਘ ਰਾਜਾ ਵੜਿੰਗ ਤੋਂ ਇਸ ਸੰਬੰਧੀ ਸਪੱਸ਼ਟੀਕਰਨ ਦੀ ਮੰਗ ਕੀਤੀ ਗਈ ਸੀ ਅਤੇ ਹੁਣ ਪ੍ਰਾਪਤ ਸਪੱਸ਼ਟੀਕਰਨ ਦੀ ਘੋਖ ਪੁਲਸ ਵੱਲੋਂ ਕੀਤੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਜ਼ਿਲ੍ਹਾ ਚੋਣ ਅਫ਼ਸਰ ਤਰਨ ਤਾਰਨ ਨੇ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਕਾਰਨ ਕਮਿਸ਼ਨ ਵੱਲੋਂ 6 ਨਵੰਬਰ ਨੂੰ ਰੱਖੀ ਗਈ ਪੇਸ਼ੀ ਤੋਂ ਛੋਟ ਮੰਗੀ ਹੈ। ਗੜ੍ਹੀ ਨੇ ਦੱਸਿਆ ਕਿ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਦੇ ਪੱਤਰ ਨੂੰ ਸਵੀਕਾਰ ਕਰਦੇ ਹੋਏ ਕਮਿਸ਼ਨ ਵੱਲੋਂ ਉਨ੍ਹਾਂ ਨੂੰ 17 ਨਵੰਬਰ ਦਾ ਸਮਾਂ ਦਿੱਤਾ ਹੈ।ਉਹਨਾ ਦੱਸਿਆ ਕਿ ਅਖਬਾਰ ਰਾਹੀਂ ਉਨ੍ਹਾ ਦੇ ਧਿਆਨ ਵਿੱਚ ਆਇਆ ਹੈ ਕਿ ਕਪੂਰਥਲਾ ਪੁਲਸ ਵੱਲੋਂ ਰਾਜਾ ਵੜਿੰਗ ਖਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਉਸ ਸੰਬੰਧੀ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਐੱਸ ਐੱਸ ਪੀ ਕਪੂਰਥਲਾ ਤੋਂ ਰਿਪੋਰਟ ਦੀ ਕਾਪੀ ਮੰਗੀ ਗਈ ਹੈ। ਉਨ੍ਹਾ ਵੱਲੋਂ ਹੁਣ ਤੱਕ ਕੀਤੀ ਗਈ ਕਾਰਵਾਈ ਦੀ ਰਿਪੋਰਟ 10 ਨਵੰਬਰ ਨੂੰ ਮੰਗੀ ਗਈ ਹੈ।

## ਅੱਜ-ਨਾਮਾ

ਪੈਂਦੜੀ ਸ਼ਾਮ ਤਾਂ ਜਾਣਾ ਜਦ ਘਰੀਂ ਹੁੰਦਾ,
ਬੜੇ ਕਾਹਲੀ ਵਿੱਚ ਹੁੰਦੇ ਆ ਲੋਕ ਮੀਆਂ।
ਕਿੱਲੀ ਦੱਬੀ ਜਾਣ ਰੇਸ ਲਈ ਵਾਹੋ-ਦਾਹੀ,
ਸਕਦਾ ਓਦੋਂ ਨਹੀਂ ਕੋਈ ਆ ਟੋਕ ਮੀਆਂ।
ਖੱਬੇ-ਸੱਜੇ ਦੀ ਕਰਨੀ ਪ੍ਰਵਾਹ ਕੋਈ ਨਹੀਂ,
ਰੇਲ ਦਾ ਫਾਟਕ ਵੀ ਸਕੇ ਨਾ ਰੋਕ ਮੀਆਂ।
ਹਰ ਕੋਈ ਹੋਰਾਂ ਤੋਂ ਕੱਢਣਾ ਚਾਹੇ ਮੂਹਰੇ,
ਆਪਸ ਵਿੱਚ ਫਿਰ ਦੇਂਦੇ ਨੇ ਠੋਕ ਮੀਆਂ।
ਘਰ ਦੇ ਵਿੱਚ ਆ ਹੁੰਦੀ ਉਡੀਕ ਰਹਿੰਦੀ,
ਸਿਰ 'ਤੇ ਇਨ੍ਹਾਂ ਦੇ ਕਾਹਲ ਸਵਾਰ ਮੀਆਂ।
ਕੀਮਤ ਕਾਹਲੀ ਦੀ ਜਿੰਦ ਤੋਂ ਵੱਧ ਨਾਹੀਂ,
ਇਹਦੀ ਕਰਦਾ ਨਾ ਕੋਈ ਵਿਚਾਰ ਮੀਆਂ।

-ਤੀਸ ਮਾਰ ਖਾਂ

# ਮਮਦਾਨੀ ਨੂੰ ਮੇਰੇ ਨਾਲ ਚੰਗਾ ਬਣ ਕੇ ਰਹਿਣਾ ਪੈਣੈ : ਟਰੰਪ



**ਨਿਊ ਯਾਰਕ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਨਿਊਯਾਰਕ ਸਿਟੀ ਦੇ ਨਵੇਂ ਚੁਣੇ ਗਏ ਮੇਅਰ ਜ਼ੋਹਰਾਨ ਮਮਦਾਨੀ ਦੇ ਜਿੱਤ ਦੇ ਭਾਸ਼ਣ ਨੂੰ 'ਬਹੁਤ ਗੁੱਸੇ ਨਾਲ ਭਰਿਆ' ਭਾਸ਼ਣ ਕਰਾਰ ਦਿੱਤਾ ਹੈ। ਉਨ੍ਹਾ ਕਿਹਾ ਕਿ ਉਸ ਦੀ ਸ਼ੁਰੂਆਤ ਮਾੜੀ ਹੈ ਅਤੇ ਜੇ ਉਹ ਵਾਸ਼ਿੰਗਟਨ ਦਾ ਸਤਿਕਾਰ ਨਹੀਂ ਕਰਦਾ ਤਾਂ ਉਸ ਦੇ ਸਫਲ ਹੋਣ ਦਾ ਕੋਈ ਮੌਕਾ ਨਹੀਂ। ਮਿਆਮੀ ਵਿੱਚ ਫੌਕਸ ਨਿਊਜ਼ ਨੂੰ ਦਿੱਤੇ ਇੱਕ ਇੰਟਰਵਿਊ ਦੌਰਾਨ ਜਦੋਂ ਮਮਦਾਨੀ ਦੇ ਜਿੱਤ ਦੇ ਭਾਸ਼ਣ ਬਾਰੇ ਪੁੱਛਿਆ ਗਿਆ, ਤਾਂ ਟਰੰਪ ਨੇ ਕਿਹਾ, "ਹਾਂ, ਮੈਂ ਸੋਚਿਆ ਕਿ ਇਹ ਬਹੁਤ ਗੁੱਸੇ ਭਰਿਆ ਭਾਸ਼ਣ ਸੀ, ਯਕੀਨਨ ਮੇਰੇ ਪ੍ਰਤੀ ਗੁੱਸੇ ਵਾਲਾ ਅਤੇ ਮੇਰਾ ਖਿਆਲ ਹੈ ਕਿ ਉਸ ਨੂੰ ਮੇਰੇ ਨਾਲ ਬਹੁਤ ਚੰਗਾ ਰਹਿਣਾ ਚਾਹੀਦਾ ਹੈ। ਤੁਸੀਂ ਜਾਣਦੇ ਹੋ, ਮੈਂ ਉਹ ਹਾਂ ਜਿਸ ਨੂੰ ਉਸ ਤੱਕ ਆਉਣ ਵਾਲੀਆਂ ਬਹੁਤ ਸਾਰੀਆਂ ਚੀਜ਼ਾਂ ਨੂੰ ਮਨਜ਼ੂਰੀ ਦੇਣੀ ਪੈਂਦੀ ਹੈ। ਇਸ ਲਈ ਉਸ ਦੀ ਸ਼ੁਰੂਆਤ ਮਾੜੀ ਹੋਈ ਹੈ। ਆਪਣੇ ਜੋਸ਼ੀਲੇ ਭਾਸ਼ਣ ਵਿੱਚ, ਮਮਦਾਨੀ ਨੇ ਟਰੰਪ ਨੂੰ ਚੁਣੌਤੀ ਦਿੱਤੀ ਅਤੇ "ਸਿਆਸੀ ਰਾਜਵੰਸ਼" ਦੇ ਢਹਿ-ਢੇਰੀ ਹੋਣ ਦਾ ਐਲਾਨ ਕੀਤਾ। ਟਰੰਪ ਵੱਲੋਂ ਇਮੀਗ੍ਰੇਸ਼ਨ 'ਤੇ ਸਖ਼ਤੀ ਦੇ ਵਿਚਕਾਰ ਮਮਦਾਨੀ ਨੇ ਕਿਹਾ ਕਿ ਨਿਊਯਾਰਕ ਪਰਵਾਸੀਆਂ ਰਾਹੀਂ ਸ਼ਕਤੀ ਪ੍ਰਾਪਤ ਕਰੇਗਾ ਅਤੇ ਉਸ ਦੀ ਇਤਿਹਾਸਕ ਜਿੱਤ ਤੋਂ ਬਾਅਦ ਇਸ ਦੀ ਅਗਵਾਈ ਇੱਕ ਪਰਵਾਸੀ ਵੱਲੋਂ ਕੀਤੀ ਜਾਵੇਗੀ। ਮਮਦਾਨੀ ਨੇ ਜ਼ੋਰਦਾਰ ਤਾੜੀਆਂ ਦੀ ਗੂੰਜ ਵਿੱਚ ਕਿਹਾ, "ਆਖਰਕਾਰ, ਜੇ ਕੋਈ ਕੌਮ ਨੂੰ ਡੋਨਾਲਡ ਟਰੰਪ ਨੂੰ ਹਰਾਉਣਾ ਸਿਖਾ ਸਕਦਾ ਹੈ, ਤਾਂ ਇਹ ਉਹ ਸ਼ਹਿਰ ਹੈ ਜਿਸ ਨੇ ਉਸ ਨੂੰ ਜਨਮ ਦਿੱਤਾ ਅਤੇ ਜੇਕਰ ਕਿਸੇ ਜ਼ਾਲਮ ਨੂੰ ਡਰਾਉਣ ਦਾ ਕੋਈ ਤਰੀਕਾ ਹੈ, ਤਾਂ ਉਹ ਉਨ੍ਹਾਂ ਹਾਲਤਾਂ ਨੂੰ ਖਤਮ ਕਰਨਾ ਹੈ ਜਿਨ੍ਹਾਂ ਨੇ ਉਸ ਨੂੰ ਸ਼ਕਤੀ ਇਕੱਠੀ ਕਰਨ ਦੀ ਇਜਾਜ਼ਤ ਦਿੱਤੀ। ਜਦੋਂ ਟਰੰਪ ਨੂੰ ਮਮਦਾਨੀ ਦੇ ਤਿੱਖੇ ਹਮਲੇ ਦਾ ਜਵਾਬ ਦੇਣ ਲਈ ਕਿਹਾ ਗਿਆ, ਤਾਂ ਟਰੰਪ ਨੇ ਕਿਹਾ ਕਿ ਇਹ "ਅਸਲ ਵਿੱਚ ਉਸ ਦੇ ਲਈ ਇੱਕ ਬਹੁਤ ਖ਼ਤਰਨਾਕ ਬਿਆਨ" ਹੈ।

## 'ਭਾਰਤ-ਪਾਕਿ ਜੰਗ ਮੈਂ ਹੀ ਰੁਕਵਾਈ'

**ਨਿਊ ਯਾਰਕ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਪਣੇ ਇਸ ਦਾਅਵੇ ਨੂੰ ਮੁੜ ਦੁਹਰਾਇਆ ਹੈ ਕਿ ਭਾਰਤ ਤੇ ਪਾਕਿਸਤਾਨ ਵਿਚ ਮਈ ਵਿਚ 'ਅਮਨ ਸ਼ਾਂਤੀ' ਉਦੋਂ ਸਥਾਪਤ ਹੋਈ, ਜਦੋਂ ਉਨ੍ਹਾਂ ਦੋਵਾਂ ਪ੍ਰਮਾਣੂ ਹਥਿਆਰਾਂ ਨਾਲ ਲੈਸ ਮੁਲਕਾਂ ਨੂੰ ਧਮਕੀ ਦਿੱਤੀ ਕਿ ਜੇਕਰ ਉਹ ਆਪਣੇ ਫੌਜੀ ਟਕਰਾਅ ਨੂੰ ਜਾਰੀ ਰੱਖਦੇ ਹਨ ਤਾਂ ਉਹ (ਟਰੰਪ) ਉਨ੍ਹਾਂ ਨਾਲ ਵਪਾਰ ਸਮਝੌਤਾ ਰੱਦ ਕਰ ਦੇਣਗੇ। ਟਰੰਪ ਨੇ ਭਾਰਤ ਤੇ ਪਾਕਿਸਤਾਨ ਦਰਮਿਆਨ ਫੌਜੀ ਟਕਰਾਅ ਰੁਕਣ ਮਗਰੋਂ ਕਈ ਵਾਰ ਆਪਣਾ ਇਹ ਦਾਅਵਾ ਦੁਹਰਾਇਆ ਹੈ। ਟਰੰਪ ਨੇ ਮਿਆਮੀ ਵਿਚ 'ਅਮਰੀਕਾ ਬਿਜ਼ਨਸ ਫੋਰਮ' ਵਿਚ ਆਪਣੇ ਸੰਬੋਧਨ ਵਿਚ ਕਿਹਾ, "ਅੱਠ ਮਹੀਨਿਆਂ ਵਿਚ ਮੈਂ ਕੋਸੋਵੋ ਤੇ ਸਰਬੀਆ ਅਤੇ ਕਾਂਗੋ ਤੇ ਰਵਾਂਡਾ ਸਣੇ ਅੱਠ ਜੰਗਾਂ ਨੂੰ ਰੋਕਿਆ ਹੈ, ਜੋ ਲੰਮੇ ਸਮੇਂ ਤੋਂ ਜਾਰੀ ਸਨ...ਪਾਕਿਸਤਾਨ ਤੇ ਭਾਰਤ ਵਿਚਾਲੇ ਵੀ।" ਉਨ੍ਹਾਂ ਕਿਹਾ, "ਤੁਸੀਂ ਜਾਣਦੇ ਹੋ, ਮੈਂ ਉਨ੍ਹਾਂ ਦੋਵਾਂ (ਭਾਰਤ ਅਤੇ ਪਾਕਿਸਤਾਨ) ਨਾਲ ਇੱਕ ਵਪਾਰ ਸਮਝੌਤੇ 'ਤੇ ਗੱਲਬਾਤ ਕਰ ਰਿਹਾ ਸੀ ਅਤੇ ਫਿਰ ਮੈਂ ਸੁਣਿਆ ਕਿ ਉਹ ਯੁੱਧ ਕਰਨ ਜਾ ਰਹੇ ਹਨ। 7 ਜਹਾਜ਼ਾਂ ਨੂੰ ਮਾਰ ਸੁੱਟਿਆ ਗਿਆ ਅਤੇ ਅੱਠਵਾਂ ਜਹਾਜ਼ ਬੁਰੀ ਤਰ੍ਹਾਂ ਨੁਕਸਾਨਿਆ ਗਿਆ... ਕੁੱਲ ਅੱਠ ਜਹਾਜ਼।"



ਪਿੰਡ ਭਾਗੀਕੇ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਨੂੰ ਲੈ ਕੇ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿੱਚ ਕਵੀਸ਼ਰੀ ਤੇ ਕੀਰਤਨੀ ਜਥਿਆਂ ਵੱਲੋਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। (ਫੋਟੋ ਤੇ ਵੇਰਵਾ : ਲਵਲੀ ਮਾਛੀਕੇ)

# ਪੰਜਾਬ ਸਰਕਾਰ ਸਿਹਤ ਢਾਂਚੇ ਦੇ ਨਿੱਜੀਕਰਨ ਦੇ ਉਪਰਾਲਿਆਂ 'ਤੇ ਫੌਰਨ ਰੋਕ ਲਾਵੇ : ਆਈ ਡੀ ਪੀ ਡੀ

## ਪੰਜਾਬ ਦੇ ਗਰੀਬ ਲੋਕਾਂ ਦੀ ਸਿਹਤ 'ਤੇ ਪਏਗਾ ਇਸ ਦਾ ਮਾੜਾ ਪ੍ਰਭਾਵ





ਲੁਧਿਆਣਾ (ਐੱਮ ਐੱਸ ਭਾਟੀਆ) ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ. ਡੀ. ਪੀ. ਡੀ.) ਪੰਜਾਬ ਸਰਕਾਰ ਦੇ ਹਾਲ ਵਿੱਚ ਸਿਹਤ ਢਾਂਚੇ ਦੇ ਨਿੱਜੀਕਰਨ ਦੇ ਉਪਰਾਲਿਆਂ ਦੀਆਂ ਅਖ਼ਬਾਰਾਂ ਵਿੱਚ ਛਪੀਆਂ ਖ਼ਬਰਾਂ ਦਾ ਗੰਭੀਰ ਨੋਟਿਸ ਲੈਂਦੇ ਹੋਏ ਇਸ ਨੂੰ ਪੰਜਾਬ ਸਰਕਾਰ ਦੇ ਸਿਹਤ ਕ੍ਰਾਂਤੀ ਦੇ ਸੁਪਨਿਆਂ ਦੀ ਵਾਦਿਦਾ-ਖਿਲਾਫ਼ੀ ਮੰਨਦੀ ਹੈ। ਡਾ. ਅਰੁਣ ਮਿੱਤਰਾ ਪ੍ਰਧਾਨ ਆਈ ਡੀ ਪੀ ਡੀ ਤੇ ਡਾ. ਇੰਦਰਵੀਰ ਗਿੱਲ ਮੈਂਬਰ ਕੇਂਦਰੀ ਕਮੇਟੀ ਆਈ ਡੀ ਪੀ ਡੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਸੰਗਰੂਰ ਤੇ ਸ਼ਹੀਦ ਭਗਤ ਸਿੰਘ ਨਗਰ ਦੇ ਨਵੇਂ ਉਸਾਰੇ ਜਾਣ ਵਾਲੇ ਮੈਡੀਕਲ ਕਾਲਜ ਹੁਣ ਪੰਜਾਬ ਇਨਫਰਾਸਟਰਕਚਰ ਡਿਵੈਲਪਮੈਂਟ ਬੋਰਡ (ਪੀ ਆਈ ਡੀ ਬੀ) ਦੁਆਰਾ ਪਬਲਿਕ ਪ੍ਰਾਈਵੇਟ ਪਾਰਟਨਰਸ਼ਿਪ (ਪੀ ਪੀ ਪੀ) ਮਾਡਲ ਵਿੱਚ ਖੋਲ੍ਹੇ ਜਾਣਗੇ ਤੇ ਇਸਦੇ ਟੈਂਡਰ ਵੀ ਹੋ ਚੁੱਕੇ ਹਨ। ਸਵਾਲ ਇਹ ਹੈ ਕਿ ਜੇ ਸਰਕਾਰ ਪੀ ਪੀ ਪੀ ਮਾਡਲ 'ਤੇ ਮੈਡੀਕਲ ਕਾਲਜ ਖੋਲ੍ਹਦੀ ਹੈ, ਤਾਂ ਕੀ ਉਨ੍ਹਾਂ ਕਾਲਜਾਂ ਦੀ ਫੀਸ ਸਰਕਾਰੀ ਕਾਲਜਾਂ ਜਿੰਨੀ ਹੀ ਰਹੇਗੀ, ਗਰੀਬ ਵਿਦਿਆਰਥੀਆਂ ਲਈ ਘੱਟ ਫੀਸ ਜਾਂ ਸਕਾਲਰਸ਼ਿਪ ਦਾ ਪ੍ਰਬੰਧ ਕਿਵੇਂ ਹੋਵੇਗਾ, ਕੀ ਸਰਕਾਰ ਇਹ ਯਕੀਨੀ ਕਰੇਗੀ ਕਿ ਇਹ ਮਾਡਲ ਸਿਹਤ ਸੇਵਾਵਾਂ ਸਭ ਨੂੰ ਮੁਫ਼ਤ ਦਿੱਤੀਆਂ ਜਾਣਗੀਆਂ। ਇਸ ਤਰ੍ਹਾਂ ਪੀ ਆਈ ਡੀ ਬੀ ਵੱਲੋਂ ਅਪ੍ਰੇਸ਼ਨ ਤੇ ਮੇਨੇਜਮੈਂਟ ਮਾਡਲ ਅਧੀਨ ਸਰਕਾਰੀ ਹਸਪਤਾਲ ਰਾਮਪੁਰਾ, ਫਿਰੋਜ਼ਪੁਰ, ਗੁਰਦਾਸਪੁਰ, ਮੁਨਕ ਤੇ ਮੰਗਾ ਵਿਖੇ ਵੀ ਮੁਲਾਂਕਣ ਲਈ ਟੀਮਾਂ ਭੇਜੀਆਂ ਜਾ ਰਹੀਆਂ ਹਨ। ਜੇ ਇਸ ਨੂੰ ਨਿੱਜੀਕਰਨ ਵੱਲ ਪਹਿਲਾ ਕਦਮ ਨਾ ਮੰਨਿਆ ਜਾਵੇ ਤਾਂ ਕੀ ਸਮਝਿਆ ਜਾਵੇ? ਭਾਰਤ ਭਰ ਤੇ ਪੰਜਾਬ ਵਿੱਚ ਕੰਰੋਨਾ ਕਾਲ ਉਪਰੰਤ ਸਿਹਤ ਸੇਵਾਵਾਂ ਤੇ ਮੈਡੀਕਲ ਵਿਦਿਆ ਦੋਹਾਂ ਦੇ ਖਰਚੇ ਤੇਜ਼ੀ ਨਾਲ ਵਧ ਰਹੇ ਹਨ। ਗਰੀਬ ਤੇ ਕਿਰਤੀ ਪਰਿਵਾਰਾਂ ਕੋਲ ਨਾ ਹੀ ਡਾਕਟਰ ਕੋਲ ਇਲਾਜ ਕਰਵਾਉਣ ਤੇ ਨਾ ਹੀ ਆਪਣੀ ਅਗਲੀ ਪੀੜ੍ਹੀ ਨੂੰ ਡਾਕਟਰੀ ਦੀ ਪੜ੍ਹਾਈ ਕਰਵਾਉਣ ਦੀ ਆਰਥਕ ਯੋਗਤਾ ਬਚੀ ਹੈ। ਪੀ ਆਈ ਡੀ ਬੀ ਸਰਕਾਰ ਨੂੰ ਕਾਰਪੋਰੇਟ ਖੇਤਰ ਨੂੰ ਸੌਂਪਣ ਦੀ ਤਰਜੀਹ ਦੇਣ ਵਿੱਚ ਲੱਗੀ ਹੋਈ ਹੈ। ਇਸ ਜਾਪਦਾ ਹੈ ਕਿ ਪੰਜਾਬ ਸਰਕਾਰ ਵੀ ਉਸੇ ਤਰਜ਼ 'ਤੇ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਚਾਹੁੰਦੀ ਹੈ। ਦੁਨੀਆ ਭਰ ਵਿੱਚ ਇਹ ਪਾਇਆ ਗਿਆ ਹੈ ਕਿ ਜਿੱਥੇ ਸਰਕਾਰ ਖੁਦ ਸਿਹਤ ਸੇਵਾਵਾਂ ਪ੍ਰਦਾਨ ਕਰਦੀ ਹੈ, ਉੱਥੇ ਦੇ ਸਿਹਤ ਸੂਚਕ ਅੰਕ ਉਨ੍ਹਾਂ ਥਾਵਾਂ ਦੇ ਮੁਕਾਬਲੇ ਜਿੱਥੇ ਨਿੱਜੀ ਖੇਤਰ ਵਿੱਚ ਜਾਂ ਬੀਮਾ ਕੰਪਨੀਆਂ ਰਾਹੀਂ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਕਿਤੇ ਚੰਗੇ ਹਨ। ਇਸ ਲਈ ਪੰਜਾਬ ਸਰਕਾਰ ਨੂੰ ਨਿੱਜੀਕਰਨ ਦੀ ਬਜਾਏ ਸਿਹਤ ਸੇਵਾਵਾਂ 'ਤੇ ਬਜਟ ਨੂੰ ਵਧਾ ਕੇ ਖੁਦ ਲੋਕਾਂ ਨੂੰ ਸਿਹਤ ਸੇਵਾਵਾਂ ਯਕੀਨੀ ਬਣਾਉਣੀ ਚਾਹੀਦੀਆਂ ਹਨ। ਅੰਗ ਹੁਣ ਇਹ ਸਿੱਧਾ ਸਵਾਲ ਰੱਖਦੀ ਹੈ ਕਿ ਹਾਲ ਦੇ ਇਹ ਨਿੱਜੀਕਰਨ ਦੇ ਉਪਰਾਲੇ ਕੀ ਇਨ੍ਹਾਂ ਬੁਨਿਆਦੀ ਸਵਾਲਾਂ ਦਾ ਹੱਲ ਕਰ ਸਕਣ ਯੋਗ ਹੋਣਗੇ ਜਾਂ ਆਮ ਲੋਕਾਂ ਦੀ ਸਿਹਤ ਤੇ ਇਲਾਜ ਕਰਕੇ ਹੋਰ ਵਧੇਰੇ ਮੁਸ਼ਕਲ ਹੋ ਜਾਣਗੇ। ਇੱਥੇ ਦੱਸਣਾ ਮਹੱਤਵਪੂਰਨ ਹੈ ਕਿ ਕੇਂਦਰ ਸਰਕਾਰ ਤਾਂ ਪਹਿਲੇ ਹੀ ਸਿਹਤ ਸੇਵਾਵਾਂ

# ਅਮਨ ਅਰੋੜਾ ਦੇ ਯਤਨਾਂ ਸਦਕਾ ਵਿਰਾਸਤੀ ਦਰਵਾਜ਼ੇ ਦੀ ਪੁਰਾਤਨ ਦਿੱਖ ਬਹਾਲ



ਸੁਨਾਮ/ਸੰਗਰੂਰ (ਅਸ਼ੋਕ ਬਾਂਸਲ, ਹਾਕਮ ਭੱਟੀ/ਪ੍ਰਦੀਪ ਸਿੰਘ)-ਕਿਸੇ ਸਮੇਂ ਸ਼ਹਿਰ ਸੁਨਾਮ ਦੀ ਸ਼ਾਨ ਵਜੋਂ ਜਾਣੇ ਜਾਂਦੇ 110 ਸਾਲ ਪੁਰਾਣੇ ਵਿਰਾਸਤੀ ਦਰਵਾਜ਼ੇ ਦੀ ਪੁਰਾਤਨ ਦਿੱਖ ਤੇ ਸ਼ਾਨੋ ਸ਼ੌਕਤ ਮੁੜ ਬਹਾਲ ਹੋ ਗਈ ਹੈ। ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਵਿਸ਼ੇਸ਼ ਉਪਰਾਲੇ ਸਦਕਾ ਇਸ ਦੀ 36 ਲੱਖ ਰੁਪਏ ਦੀ ਲਾਗਤ ਨਾਲ ਪੂਰੀ ਤਰ੍ਹਾਂ ਕਾਇਆ ਕਲਪ ਕਰਨ ਉਪਰੰਤ ਇਸ ਨੂੰ ਲੋਕ ਅਰਪਿਤ ਕਰ ਦਿੱਤਾ ਗਿਆ ਹੈ। ਇਸ ਦਾ ਉਦਘਾਟਨ ਸ੍ਰੀ ਅਮਨ ਅਰੋੜਾ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰ ਸ਼ਹਿਰ ਵਾਸੀਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਦਰਵਾਜ਼ੇ ਦੇ ਮੁੜ ਖੂਬਸੂਰਤ ਨਾਲ ਸ਼ਹਿਰ ਵਾਸੀਆਂ ਵਿੱਚ ਬਹੁਤ ਉਤਸ਼ਾਹ ਦੇਖਿਆ ਗਿਆ ਤੇ ਉਨ੍ਹਾਂ ਵੱਲੋਂ ਲੱਡੂ ਤੇ ਮਠਿਆਈਆਂ ਦੀ ਵੰਡ ਕੀਤੀ ਗਈ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸੁਨਾਮ ਇੱਕ ਵਿਰਾਸਤੀ ਸ਼ਹਿਰ ਹੈ। ਇਸ ਸ਼ਹਿਰ ਦਾ ਬੜਾ ਗੌਰਵਮਈ ਤੇ ਪੁਰਾਤਨ ਇਤਿਹਾਸ ਹੈ, ਪਰ ਇਸ ਸ਼ਹਿਰ ਨਾਲ ਲੰਮਾ ਸਮਾਂ ਅਣਦੇਖੀ ਹੁੰਦੀ ਰਹੀ, ਜਿਸ ਕਾਰਨ ਇੱਥੋਂ ਦੀਆਂ ਵਿਰਾਸਤੀ ਇਮਾਰਤਾਂ ਬਹੁਤ ਖ਼ਸਤਾ ਹਾਲਤ ਵਿੱਚ ਚਲੀਆਂ ਗਈਆਂ। ਇਸ ਦਰਵਾਜ਼ੇ ਦੀ ਹਾਲਤ ਐਨੀ ਖ਼ਸਤਾ ਹੋ ਗਈ ਸੀ ਕਿ ਨਾਲ ਲੱਗਦੀਆਂ ਕਈ ਦੁਕਾਨਾਂ ਤੇ ਦੁਕਾਨਦਾਰਾਂ ਦੀ ਜਾਨ ਨੂੰ ਖਤਰਾ ਬਣਿਆ ਰਹਿੰਦਾ ਸੀ। ਉਨ੍ਹਾਂ ਕਿਹਾ ਕਿ ਇਹ ਦਰਵਾਜ਼ਾ ਫੁਲਕੀਆਂ ਮਿਸਲ ਦੀ ਕਿਲ੍ਹਾ ਮੁਬਾਰਕ ਇਮਾਰਤਸਾਜ਼ੀ ਦਾ ਨਮੂਨਾ ਹੈ, ਪਰ ਹੁਣ ਤੱਕ ਦੀਆਂ ਸਰਕਾਰਾਂ ਨੇ ਅਜਿਹੀਆਂ ਇਮਾਰਤਾਂ ਨੂੰ ਹਮੇਸ਼ਾ ਅਣਦੇਖਾ ਹੀ ਕੀਤਾ। ਉਨ੍ਹਾਂ ਕਿਹਾ ਕਿ ਵਿਰਾਸਤੀ ਇਮਾਰਤਾਂ ਸਾਡੇ ਬਜ਼ੁਰਗਾਂ ਦੀ ਤਰ੍ਹਾਂ ਹੁੰਦੀਆਂ ਹਨ, ਜਿਵੇਂ ਸਾਨੂੰ ਆਪਣੇ ਬਜ਼ੁਰਗ ਸੰਭਾਲਣੇ ਪੈਂਦੇ ਹਨ, ਉਵੇਂ ਹੀ ਇਹ ਇਮਾਰਤਾਂ ਵੀ ਸੰਭਾਲ ਮੰਗਦੀਆਂ ਹਨ।

# ਮਹਾਰਾਣਾ ਪ੍ਰਤਾਪ ਚੈਰੀਟੇਬਲ ਟਰੱਸਟ ਵੱਲੋਂ 30 ਕੇਸਾਧਾਰੀ ਬੱਚੇ ਸਨਮਾਨਤ



ਕੋਟਕਪੂਰਾ (ਰਛਪਾਲ ਭੁੱਲਰ)-ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜਾ 'ਤੇ ਸੁਰਵੀਰ ਮਹਾਰਾਣਾ ਪ੍ਰਤਾਪ ਚੈਰੀਟੇਬਲ ਟਰੱਸਟ ਰਜਿ: ਦੇ ਚੇਅਰਮੈਨ ਜਸਪਾਲ ਸਿੰਘ ਪੰਜਗਰਾਈਂ ਮੀਤ ਪ੍ਰਧਾਨ ਪੰਜਾਬ ਭਾਰਤੀ ਜਨਤਾ ਪਾਰਟੀ ਐਸ.ਸੀ. ਮੋਰਚਾ ਪੰਜਾਬ ਵਿਧਾਨ ਸਭਾ ਹਲਕਾ ਜੈਤੋ ਵੱਲੋਂ ਪੰਜਗਰਾਈਂ ਕਲਾਂ ਦੇ 5 ਤੋਂ 15 ਸਾਲ ਕੇਸਾਧਾਰੀ ਤੇ ਅੰਮ੍ਰਿਤਧਾਰੀ 30 ਬੱਚਿਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਜਸਪਾਲ ਸਿੰਘ ਪੰਜਗਰਾਈਂ ਨੇ ਕਿਹਾ ਕਿ ਪੰਜਾਬ ਤੋਂ ਇਲਾਵਾ ਪੂਰੇ ਭਾਰਤ ਵਿੱਚ ਵੀ ਧਰਮ ਪਰਿਵਰਤਨ ਦਾ ਪੂਰੀ ਤਰ੍ਹਾਂ ਬੋਲ ਬਾਲਾ ਚੱਲ ਰਿਹਾ ਹੈ, ਜਿਸ ਕਰਕੇ ਸਾਡੇ ਸਿੱਖ ਧਰਮ ਦੀ ਕਮੀ ਮਹਿਸੂਸ ਹੋ ਰਹੀ ਹੈ, ਅੱਜ ਬਹੁਤ ਸਾਰੇ ਪੰਜਾਬ ਦੇ ਲੋਕ ਧਰਮ ਪਰਿਵਰਤਨ ਕਰਕੇ ਇਸਾਈ ਧਰਮ ਨੂੰ ਪਹਿਨਾ ਰਹੇ ਹਨ, ਜੋ ਹੈਰਾਨੀਜਨਕ ਤੇ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਮੈਂ ਵਿਧਾਨ ਸਭਾ ਜੈਤੋ ਦੇ ਸਾਰੇ ਹੀ ਪਿੰਡਾਂ ਵਿੱਚ ਸਿੱਖ ਧਰਮ ਨਾਲ ਨੌਜਵਾਨ ਬੱਚਿਆਂ ਨੂੰ ਜੋੜਨ ਲਈ ਇਹ ਇਕ ਛੋਟਾ ਜਿਹਾ ਉਪਰਾਲਾ ਕੀਤਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਕਿਹਾ ਕਿ ਸਮਾਜ ਵਿੱਚੋਂ ਕਈ ਲੋਕ ਬਹੁਤ ਥੋੜਾ ਜਿਹਾ ਲਾਲਚ ਕਰਕੇ ਧਰਮ ਪਰਿਵਰਤਨ ਕਰ ਰਹੇ ਹਨ, ਜਿਸ ਕਰਕੇ ਅੱਜ ਪੂਰੇ ਦੇਸ਼ ਵਿੱਚ ਇਸਾਈ ਧਰਮ ਦਾ ਬੋਲ ਬਾਲਾ ਵੱਧ ਗਿਆ ਹੈ। ਉਨ੍ਹਾਂ ਸਾਰੇ ਪਿੰਡਾਂ ਦੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘਾਂ ਤੇ ਪ੍ਰਚਾਰਕਾਂ ਨੂੰ ਅਪੀਲ ਕੀਤੀ ਕਿ ਪਿੰਡਾਂ ਵਿੱਚ ਮਿਲ ਕੇ ਧਰਮ ਪਰਿਵਰਤਨ ਨੂੰ ਰੋਕਣਾ ਚਾਹੀਦਾ ਹੈ ਤੇ ਸਿੱਖ ਧਰਮ ਦੇ ਨਾਲ ਜੋੜਨ ਲਈ ਸਾਰੇ ਲੋਕਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ।

# ਸਪੈਸ਼ਲ ਡੀ ਜੀ ਪੀ ਵੱਲੋਂ ਮੁਕਤੀਸਰ ਵੈੱਲਫੇਅਰ ਕਲੱਬ ਦੇ ਮੈਂਬਰਾਂ ਦਾ ਵਿਸ਼ੇਸ਼ ਸਨਮਾਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪਿਛਲੇ ਕਈ ਸਾਲਾਂ ਤੋਂ ਸੜਕ ਸੁਰੱਖਿਆ ਜਾਗਰੂਕਤਾ ਉੱਪਰ ਵੱਡੇ ਪੱਧਰ 'ਤੇ ਕੰਮ ਕਰ ਰਹੀ ਨੈਸ਼ਨਲ ਐਵਾਰਡੀ ਸੰਸਥਾ ਮੁਕਤੀਸਰ ਵੈਲਫੇਅਰ ਕਲੱਬ ਦੀ ਟੀਮ ਨੂੰ ਪੰਜਾਬ ਦੇ ਸਪੈਸ਼ਲ ਡੀਜੀਪੀ ਟ੍ਰੈਫਿਕ ਤੇ ਸੜਕ ਸੁਰੱਖਿਆ ਸ੍ਰੀ ਅਮਰਦੀਪ ਸਿੰਘ ਰਾਏ ਵੱਲੋਂ ਅੱਜ ਵਿਸ਼ੇਸ਼ ਪ੍ਰਸ਼ੰਸਾ ਪੱਤਰ ਭੇਜੇ ਗਏ ਇਹ ਪ੍ਰਸ਼ੰਸਾ ਪੱਤਰ ਮਾਨਯੋਗ ਐਸ.ਐਸ.ਪੀ ਡਾਕਟਰ ਅਖਿਲ ਚੌਧਰੀ ਆਈ.ਪੀ.ਐਸ ਜੀ ਦੇ ਦਿਸ਼ਾ-ਨਿਰਦੇਸ਼ 'ਤੇ ਡੀ.ਐਸ.ਪੀ ਸ੍ਰੀ ਅਮਰਦੀਪ ਸਿੰਘ ਵੱਲੋਂ ਮੁਕਤੀਸਰ ਵੈਲਫੇਅਰ ਕਲੱਬ ਦੇ ਮੈਂਬਰਾਂ ਨੂੰ ਵਿਤਰਿਤ ਕੀਤੇ ਗਏ। ਇਸ ਦੌਰਾਨ ਜਿਨ੍ਹਾਂ ਨੂੰ ਪ੍ਰਸ਼ੰਸਾ ਪੱਤਰ ਵਿਤਰਤ ਕੀਤੇ ਗਏ, ਉਨ੍ਹਾਂ ਵਿੱਚ ਜਸਪ੍ਰੀਤ ਸਿੰਘ ਛਾਬੜਾ ਪ੍ਰਧਾਨ ਮੁਕਤੀਸਰ ਵੈਲਫੇਅਰ ਕਲੱਬ ਤੇ ਮੈਂਬਰ ਪੰਜਾਬ ਰਾਜ ਸੜਕ ਸੁਰੱਖਿਆ ਸਲਾਹਕਾਰ ਕਮੇਟੀ, ਡਾਕਟਰ ਵਿਜੇ ਬਜਾਜ, ਜੋਗਿੰਦਰ ਸਿੰਘ, ਦੀਪਾਂਸ਼ੂ ਕੁਮਾਰ, ਸ਼ਮਸ਼ੇਰ ਸਿੰਘ, ਅਜੇ ਪਾਸੀ, ਨਰੇਸ਼ ਕਾਂਤੀ, ਨਵਦੀਪ ਸਿੰਘ, ਮਨਿੰਦਰ ਸਿੰਘ, ਪ੍ਰਸ਼ਮਿੰਦਰ ਸਿੰਘ ਪ੍ਰੈਂਸੋਰ, ਸਾਗਰ ਕੁਮਾਰ, ਵੈਟਨਰੀ ਡਾਕਟਰ ਕੁਲਜ ਧੁਰੀਆ ਨੂੰ ਵਿਤਰਤ ਕੀਤੇ ਗਏ। ਇਹ ਸ਼ਖ਼ਸੀਅਤਾਂ ਪਿਛਲੇ ਲੰਬੇ ਸਮੇਂ ਤੋਂ ਸੜਕ ਸੁਰੱਖਿਆ ਜਾਗਰੂਕਤਾ ਤੇ ਕੰਮ ਕਰ ਰਹੀਆਂ ਹਨ। ਇਸ ਦੌਰਾਨ ਸੰਸਥਾ ਦੇ ਪ੍ਰਧਾਨ ਜਸਪ੍ਰੀਤ ਸਿੰਘ ਛਾਬੜਾ ਨੇ ਸਪੈਸ਼ਲ ਡੀਜੀਪੀ ਸ੍ਰੀ ਅਮਰਦੀਪ ਸਿੰਘ ਰਾਏ ਤੇ ਐਸਐਸਪੀ ਡਾਕਟਰ ਅਖਿਲ ਚੌਧਰੀ ਆਈ.ਪੀ.ਐਸ ਅਤੇ ਡੀ.ਐਸ.ਪੀ ਸ੍ਰੀ ਅਮਰਦੀਪ ਸਿੰਘ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਡੀ ਸੰਸਥਾ ਪਿਛਲੇ 20 ਸਾਲਾਂ ਤੋਂ ਸੜਕ ਸੁਰੱਖਿਆ ਜਾਗਰੂਕਤਾ ਤੇ ਵੱਡੇ ਪੱਧਰ 'ਤੇ ਅਭਿਆਨ ਚਲਾ ਰਹੀ ਹੈ।

# ਹੇਅਰ ਡਰੈਸਰ 'ਤੇ ਕਾਤਲਾਨਾ ਹਮਲਾ ਕਰਨ ਵਾਲੇ 2 ਗ੍ਰਿਫ਼ਤਾਰ

## ਵਿਦੇਸ਼ 'ਚ ਬੈਠੇ ਗੈਂਗਸਟਰ ਗੁਰਲਾਲ ਦੇ ਇਸ਼ਾਰੇ 'ਤੇ ਦਿੱਤਾ ਸੀ ਘਟਨਾ ਨੂੰ ਅੰਜਾਮ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਬੀਤੀ 30 ਅਕਤੂਬਰ ਦੀ ਰਾਤ ਨੂੰ ਸਥਾਨਕ ਸ਼ਹਿਰ ਵਿੱਚ ਪੁਰਾਣੀ ਗਊਸ਼ਾਲਾ ਨੇੜੇ ਹੇਅਰ ਡਰੈਸਰ ਰੋਸ਼ਨ 'ਤੇ ਗੋਲੀ ਮਾਰ ਕੇ ਕਾਤਲਾਨਾ ਹਮਲਾ ਕਰਨ ਦੇ ਮਾਮਲੇ ਨੂੰ ਪੁਲਸ ਨੇ ਸੁਲਝਾਉਂਦਿਆਂ ਫਾਇਰਿੰਗ ਕਰਨ ਵਾਲੇ 2 ਵਿਅਕਤੀਆਂ ਅਰਸ਼ਦੀਪ ਸਿੰਘ ਵਾਸੀ ਪਿੰਡ ਭੋਰਾ ਜਜਨਵਾਲੀਆ, ਮੁਹੱਲਾ ਨਵਾਂ ਕੱਟੜਾ ਕਲਾਨੌਰ ਤੇ ਗੁਰਦਿਆਲ ਸਿੰਘ ਵਾਸੀ ਕੱਟਲਾ ਮੰਘਲਾ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਡਾ. ਜੋਤੀ ਯਾਦਵ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਮਾਛੀਵਾੜਾ ਵਿਖੇ ਹੇਅਰ ਡਰੈਸਰ ਰੋਸ਼ਨ 'ਤੇ ਵਰਨਾ ਕਾਰ ਸਵਾਰ 2 ਅਣਪਛਾਤੇ ਵਿਅਕਤੀਆਂ ਨੇ ਗੋਲੀ ਮਾਰ ਕੇ ਕਾਤਲਾਨਾ ਹਮਲਾ ਕਰਨ ਦੇ ਮਾਮਲੇ ਨੂੰ ਪੁਲਸ ਨੇ ਇੱਕ ਚੁਣੌਤੀ ਵਜੋਂ ਲਿਆ। ਕਾਤਲਾਨਾ ਹਮਲਾ ਕਰਨ ਵਾਲਿਆਂ ਨੂੰ ਗ੍ਰਿਫ਼ਤਾਰ ਕਰਨ ਲਈ ਐੱਸ.ਪੀ.ਡੀ. ਪਵਨਜੀਤ ਤੇ ਐੱਸ. ਪੀ. ਮੋਹਿਤ ਕੁਮਾਰ ਸਿੰਗਲਾ, ਡੀ.ਐੱਸ.ਪੀ. ਕਰਮਜੀਤ ਸਿੰਘ ਗਰੇਵਾਲ, ਥਾਣਾ ਮੁਖੀ ਹਰਵਿੰਦਰ ਸਿੰਘ ਤੇ ਸਭ ਇਸਪੈਕਟਰ ਸੀ.ਆਈ.ਏ. ਨਰਿੰਦਰਪਾਲ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀਆਂ ਵੱਲੋਂ ਕਰੀਬ 60 ਕਿਲੋਮੀਟਰ ਸੀ.ਸੀ.ਟੀ.ਵੀ. ਕੈਮਰਿਆਂ ਦੀ ਜਾਂਚ ਕੀਤੀ ਗਈ। ਪੁਲਸ ਟੀਮਾਂ ਵੱਲੋਂ ਬਰੀਕੀ ਨਾਲ ਜਦੋਂ ਜਾਂਚ ਕੀਤੀ ਗਈ ਤਾਂ ਇਸ ਘਟਨਾ 'ਚ ਵਰਤੀ ਗਈ ਕਾਰ ਨੂੰ ਟਰੇਸ ਕਰ ਉਸਦੇ ਮਾਲਕ ਅਰਸ਼ਦੀਪ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ, ਜਿਸ ਪਾਸੋਂ ਵਾਰਦਾਤ ਵਾਲੀ ਕਾਰ ਵੀ ਬਰਾਮਦ ਹੋ ਗਈ। ਪੁਲਸ ਵੱਲੋਂ ਜਦੋਂ ਅਰਸ਼ਦੀਪ ਸਿੰਘ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਤਾਂ ਇਸ ਵਾਰਦਾਤ ਵਿੱਚ ਸ਼ਾਮਲ ਦੂਜਾ ਵਿਅਕਤੀ ਉਸ ਦਾ ਸਾਥੀ ਗੁਰਦਿਆਲ ਸਿੰਘ ਵੀ ਗ੍ਰਿਫ਼ਤਾਰ ਕਰ ਲਿਆ ਗਿਆ। ਐੱਸ.ਐੱਸ.ਪੀ. ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਪੁਲਸ ਪੁੱਛਗਿੱਛ ਦੌਰਾਨ ਦੀ ਭਾਲ ਜਾਰੀ ਹੈ। ਐੱਸ.ਐੱਸ.ਪੀ. ਖੰਨਾ ਨੇ ਇਹ ਵੀ ਦੱਸਿਆ ਕਿ ਮਾਛੀਵਾੜਾ ਵਿਖੇ ਵਾਰਦਾਤ ਨੂੰ ਅੰਜਾਮ ਦੇਣ ਆਏ ਅਰਸ਼ਦੀਪ ਸਿੰਘ ਤੇ ਗੁਰਦਿਆਲ ਸਿੰਘ ਨੇ ਕਿਸੇ ਹੋਰ ਨੂੰ ਗੋਲੀ ਮਾਰਨੀ ਸੀ, ਪਰ ਭੁਲੇਖੇ ਨਾਲ ਉਨ੍ਹਾਂ ਹੇਅਰ ਡਰੈਸਰ ਰੋਸ਼ਨ ਨੂੰ ਮਾਰ ਦਿੱਤੀ। ਪੁਲਸ ਵੱਲੋਂ ਬੇਸ਼ੱਕ ਅਜੇ ਇਹ ਖ਼ੁਲਾਸਾ ਨਹੀਂ ਕੀਤਾ ਗਿਆ ਕਿ ਇਹ ਕਾਤਲਾਨਾ ਹਮਲਾ ਕਿਸ ਵਿਅਕਤੀ 'ਤੇ ਹੋਣਾ ਸੀ, ਪਰ ਚਰਚਾਵਾਂ ਅਨੁਸਾਰ ਮਾਛੀਵਾੜਾ ਦੇ ਇੱਕ ਸਿਆਸੀ ਆਗੂ ਦਾ ਲੜਕਾ ਇਨ੍ਹਾਂ ਗੈਂਗਸਟਰਾਂ ਦੀ ਰਡਾਰ 'ਤੇ ਸੀ। ਐੱਸ.ਐੱਸ.ਪੀ. ਖੰਨਾ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਪੁੱਛਗਿੱਛ ਕੀਤੀ ਜਾਵੇਗੀ। ਮੁਲਜ਼ਮਾਂ ਨੇ ਦੱਸਿਆ ਕਿ ਵਾਰਦਾਤ ਲਈ ਵਰਤਿਆ ਗਿਆ ਹਥਿਆਰ ਗੁਰਲਾਲ ਸਿੰਘ ਜੋ ਕਿ ਵਿਦੇਸ਼ ਵਿੱਚ ਬੈਠਾ ਇੱਕ ਗੈਂਗਸਟਰ ਹੈ, ਉਸ ਦੇ ਕਹਿਣ 'ਤੇ ਕਰਨ ਮਸੀਹ ਉਰਫ਼ ਅੰਜੂ ਨੇ ਮੁਲਜ਼ਮ ਅਰਸ਼ਦੀਪ ਨੂੰ ਦਿੱਤਾ ਸੀ। ਪੁਲਸ ਵੱਲੋਂ ਇਸ ਮਾਮਲੇ ਵਿੱਚ ਗੈਂਗਸਟਰ ਗੁਰਲਾਲ ਸਿੰਘ ਤੇ ਕਰਨ ਮਸੀਹ ਨੂੰ ਵੀ ਨਾਮਜ਼ਦ ਕੀਤਾ ਹੈ, ਜਿਨ੍ਹਾਂ

# ਟਰੱਕ ਯੂਨੀਅਨ ਭਗਤਾ ਵੱਲੋਂ ਰੋਸ ਮਾਰਚ ਦਾ ਐਲਾਨ



ਬਠਿੰਡਾ (ਰਾਜਵਿੰਦਰ ਗੋਇਲ)-ਜ਼ਿਲ੍ਹੇ ਦੇ ਕਸਬਾ ਭਗਤਾ ਦੀ ਟਰੱਕ ਯੂਨੀਅਨ ਦਾ ਮਸਲਾ ਰੁਕਣ ਦਾ ਨਾਮ ਨਹੀਂ ਲੈ ਰਿਹਾ ਤੇ ਸੱਤਾਧਾਰੀ ਧਿਰ ਵੱਲੋਂ ਯੂਨੀਅਨ 'ਤੇ ਆਪਣਾ ਕਬਜ਼ਾ ਕਰਨ ਲਈ ਕੋਸ਼ਿਸ਼ਾਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਜਿਸਦੇ ਵਿਰੁੱਧ ਮੁੱਖ ਚੌਂਕ ਵਿੱਚ ਸੰਕੇਤਕ ਧਰਨਾ ਵੀ ਲੱਗ ਚੁੱਕਾ ਹੈ, ਜਿਹੜਾ ਡਿਪਟੀ ਕਮਿਸ਼ਨਰ ਬਠਿੰਡਾ ਨਾਲ ਮੀਟਿੰਗ ਦੇ ਭਰੋਸੇ ਮਗਰੋਂ ਚੁੱਕਿਆ ਗਿਆ ਸੀ, ਪਰ ਹੁਣ ਮੁੜ ਬੀਤੇ ਕੱਲ੍ਹ ਅਪ੍ਰੇਟਰਾਂ ਦੀ ਹੋਈ ਮੀਟਿੰਗ ਨੇ ਇਸ ਮੁੱਦੇ ਦੀ ਨਵੀਂ ਚਰਚਾ ਛੇੜ ਦਿੱਤੀ ਹੈ ਤੇ ਯੂਨੀਅਨ ਦੇ ਆਗੂ ਗਿੰਦ੍ਰ ਭਗਤਾ ਵੱਲੋਂ ਸਰਕਾਰੀ ਸ਼ਹਿ 'ਤੇ ਬਾਹਰਲੀਆਂ ਗੱਡੀਆਂ ਭਰਾਉਣ ਦੇ ਠੇਕੇਦਾਰ ਉਪਰ ਇਲਜ਼ਾਮ ਲਾਉਂਦੇ ਹੋਏ ਲੋਕਲ ਅਪ੍ਰੇਟਰਾਂ ਦਾ ਰੁਜ਼ਗਾਰ ਖੋਹੇ ਜਾਣ ਦੇ ਗੰਭੀਰ ਦੋਸ਼ ਲਾਏ ਗਏ ਹਨ ਤੇ ਨਾਲ ਹੀ 7 ਨਵੰਬਰ ਨੂੰ ਸ਼ਹਿਰ ਅੰਦਰ ਰੋਸ ਮਾਰਚ ਕੱਢਣ ਦਾ ਐਲਾਨ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਆਪਰੇਟਰਾਂ ਨੂੰ ਨਜਾਇਜ਼ ਤੌਰ 'ਤੇ ਜੇਲ੍ਹੀਂ ਡੱਕਣ ਦੇ ਫੈਸਲੇ ਦੀ ਵੀ ਨਿੰਦਾ ਕੀਤੀ ਗਈ ਹੈ। ਪਰ ਕੁਝ ਵੀ ਹੋਵੇ ਇਸ ਯੂਨੀਅਨ ਅੰਦਰ ਜੇਕਰ ਸਰਕਾਰ ਨੇ ਕੋਈ ਧਿਆਨ ਨਾ ਦਿੱਤਾ ਤਾਂ ਕੋਈ ਵੱਡੀ ਘਟਨਾ ਵਾਪਰਨ ਦਾ ਵੀ ਖਦਸ਼ਾ ਬਣਿਆ ਹੋਇਆ ਹੈ। ਉਧਰ ਆਮ ਆਦਮੀ ਪਾਰਟੀ ਦੇ ਹਲਕਾ ਕੋਆਰਡੀਨੇਟਰ ਤੇ ਸੀਨੀਅਰ ਆਗੂ ਬੂਟਾ ਸਿੰਘ ਸਲਾਬ ਦਾ ਕਹਿਣਾ ਸੀ ਕਿ ਆਪ ਪਾਰਟੀ ਦਾ ਇੱਕ ਸਿਧਾਂਤਕ ਪਾਰਟੀ ਹੈ। ਉਨ੍ਹਾਂ ਕਿਹਾ ਕਿ ਚਾਹੇ ਕੋਈ ਵੀ ਕਿੰਨਾ ਵੀ ਵੱਡਾ ਲੀਡਰ ਕਿਉਂ ਨਾ ਹੋਵੇ ਅਸੀਂ ਗਰੀਬ ਅਪ੍ਰੇਟਰਾਂ ਨਾਲ ਧੱਕਾ ਨਹੀਂ ਹੋਣ ਦੇਵਾਂਗੇ, ਕਿਉਂਕਿ ਆਪ ਅੰਦਰ ਧੱਕੇ ਦਾ ਕੋਈ ਸਿਧਾਂਤ ਨਹੀਂ ਹੈ ਤੇ ਇਸ ਮਸਲੇ ਨੂੰ ਪਾਰਟੀ ਹਾਈਕਮਾਨ ਤੱਕ ਲੈ ਕੇ ਜਾਵਾਂਗੇ।

# ਪ੍ਰਕਾਸ਼ ਪੁਰਬ ਸ਼ਰਧਾਪੂਰਵਕ ਮਨਾਇਆ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਦੀ ਅਗਵਾਈ ਹੇਠ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਆਗਮਨ ਦਿਵਸ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾਪੂਰਵਕ ਮਨਾਇਆ ਗਿਆ। ਇਸ ਮੌਕੇ ਪੰਜ ਸ੍ਰੀ ਪ੍ਰਭਾਤ ਫੇਰੀਆਂ ਕੀਤੀਆਂ ਗਈਆਂ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਬਾਬਾ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅਨੁਸਾਰ ਜੀਵਨ ਜਿਉਣ ਲਈ ਪ੍ਰੇਰਿਤ ਕੀਤਾ। ਗੁਰਦੁਆਰਾ ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਨੇ ਸਮੂਹ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੰਦੇ ਹੋਏ ਸਮਾਜਿਕ ਕੁਰੀਤੀਆਂ ਦੇ ਖਿਲਾਫ਼ ਇਕਜੁੱਟ ਹੋਣ ਦੀ ਅਪੀਲ ਕੀਤੀ। ਉਨ੍ਹਾਂ ਗੁਰੂ ਸਿਧਾਂਤਾਂ ਦੇ ਉਪਦੇਸ਼ ਅਨੁਸਾਰ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਦੇ ਸਿਧਾਂਤ ਨੂੰ ਅਪਣਾਉਣ ਦਾ ਸੱਦਾ ਦਿੱਤਾ।

# ਨਾਇਕ ਜਗਸੀਰ ਸਿੰਘ ਠੁੱਲੀਵਾਲ ਦਾ ਸਰਕਾਰੀ ਸਨਮਾਨਾਂ ਨਾਲ ਅੰਤਮ ਸੰਸਕਾਰ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ) 53 ਆਰ.ਆਰ. ਬਟਾਲੀਅਨ, ਸ੍ਰੀ ਨਗਰ ਵਿਖੇ ਮੌਤ ਦਾ ਸ਼ਿਕਾਰ ਹੋ ਗਏ ਪਿੰਡ ਠੁੱਲੀਵਾਲ (ਬਰਨਾਲਾ) ਦੇ ਕਿਸਾਨ ਪਰਿਵਾਰ ਨਾਲ ਸਬੰਧਤ ਨਾਇਕ ਜਗਸੀਰ ਸਿੰਘ (35) ਪੁੱਤਰ ਸੁਖਦੇਵ ਸਿੰਘ ਦੀ ਮ੍ਰਿਤਕ ਦੇਹ ਦੁਪਹਿਰ ਸਮੇਂ ਪਿੰਡ ਠੁੱਲੀਵਾਲ ਵਿਖੇ ਪਹੁੰਚੀ, ਜਿੱਥੇ ਵੱਡੀ ਗਿਣਤੀ 'ਚ ਇਕੱਠੇ ਹੋਏ ਇਲਾਕਾ, ਪਿੰਡ ਵਾਸੀਆਂ ਨੇ ਫੁੱਲਾਂ ਦੀ ਵਰਖਾ ਕਰਕੇ ਨਾਇਕ ਜਗਸੀਰ ਸਿੰਘ ਨੂੰ ਸ਼ਰਧਾਂਜਲੀ ਦਿੱਤੀ। ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਫ਼ੌਜ ਵਿੱਚ ਡਿਊਟੀ ਦੇਂਦਿਆਂ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦੇ ਹੋਏ ਲਗਨ ਮਿਹਨਤ ਤੇ ਇਮਾਨਦਾਰੀ ਨਾਲ ਨਿਭਾਈਆਂ ਗਈਆਂ ਸੇਵਾਵਾਂ ਨੂੰ ਹਮੇਸ਼ਾਂ ਯਾਦ ਰੱਖਿਆ ਜਾਵੇਗਾ। ਪੀੜਤ ਪਰਿਵਾਰ ਨੂੰ ਬਣਦੇ ਸਾਰੇ ਲਾਭ ਦੁਆਏ ਜਾਣਗੇ। ਇਸ ਮੌਕੇ ਫੌਜੀਅ ਫਸਟ ਸਿੱਖ ਯੂਨਿਟ ਦੇ ਨਾਇਕ ਸੁਬੇਦਾਰ ਰਜਿੰਦਰ ਸਿੰਘ ਦੀ ਅਗਵਾਈ 'ਚ 12 ਜਵਾਨਾਂ ਦੀ ਟੁਕੜੀ ਨੇ ਸਲਾਮੀ ਦਿੱਤੀ। ਚਿਖਾ ਨੂੰ ਅਗਨੀ 10 ਸਾਲਾ ਪੁੱਤਰ ਜਸ਼ਨਦੀਪ ਸਿੰਘ ਨੇ ਦਿਖਾਈ। ਇਸ ਸਮੇਂ ਸੁਬੇਦਾਰ ਰਵਿੰਦਰ ਸਿੰਘ, ਤਹਿਸੀਲਦਾਰ ਰਵਿੰਦਰ ਸਿੰਘ, ਡੀ.ਐਸ.ਪੀ. ਜਸਪਾਲ ਸਿੰਘ ਧਾਲੀਵਾਲ, ਥਾਣਾ ਮੁਖੀ ਗੁਰਪਾਲ ਸਿੰਘ, ਚੇਅਰਮੈਨ ਸੁਖਵਿੰਦਰ ਦਾਸ ਕੁਰੜ, ਸਾਬਕਾ ਸੈਨਿਕ ਕਰਨੈਲ ਸਿੰਘ ਸਹਿਜੜਾ ਨੇ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਦਿੱਤੀ। ਇਸ ਸਮੇਂ ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ, ਪਰਮਿੰਦਰ ਸਿੰਘ ਸ਼ੇਮੀ, ਐਡਵੋਕੇਟ ਜਸਵੀਰ ਸਿੰਘ ਖੇੜੀ, ਗੁਰਦੀਪ ਸਿੰਘ, ਜਗਜੀਤ ਸਿੰਘ ਭੋਲਾ, 'ਆਪ' ਆਗੂ ਅਰੁਣ ਕੁਮਾਰ ਬਾਂਸਲ, ਹਰਪ੍ਰੀਤ ਸਿੰਘ ਠੁੱਲੀਵਾਲ, ਜਸਵਿੰਦਰ ਸਿੰਘ ਸਿੱਧੂ, ਪ੍ਰਧਾਨ ਗੁਰਸੇਵਕ ਸਿੰਘ, ਕਰਨੈਲ ਸਿੰਘ ਠੁੱਲੀਵਾਲ ਆਦਿ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ। ਨਾਇਕ ਜਗਸੀਰ ਸਿੰਘ ਦੀ ਪਤਨੀ ਬੀਬੀ ਸਰਬਜੀਤ ਕੌਰ ਨੇ ਕਿਹਾ ਕਿ ਉਨ੍ਹਾਂ ਨੇ 15 ਸਾਲਾ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕੀਤੀ। ਮਾਰਚ 2026 'ਚ ਉਨ੍ਹਾਂ ਸੇਵਾਮੁਕਤ ਹੋ ਕੇ ਘਰ ਆਉਣਾ ਸੀ। ਭਵਿੱਖ ਨੂੰ ਲੈ ਕੇ ਉਨ੍ਹਾਂ ਦੇ ਬਹੁਤ ਸਾਰੇ ਸੁਪਨੇ ਸਨ, ਜੋ ਪੂਰੇ ਨਹੀਂ ਹੋ ਸਕੇ। ਉਹ ਪਰਿਵਾਰ ਦਾ ਇਕੱਲਾ ਕਮਾਊ ਜੀਅ ਸੀ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਪਰਿਵਾਰ ਦੀ ਮਦਦ ਕਰਨ ਦੇ ਨਾਲ-ਨਾਲ ਨਾਇਕ ਜਗਸੀਰ ਸਿੰਘ ਦੀ ਢੁਕਵੀਂ ਯਾਦਗਾਰ ਪਿੰਡ 'ਚ ਸਥਾਪਤ ਕੀਤੀ ਜਾਵੇ, ਜਿਸ ਤੋਂ ਆਉਣ ਵਾਲੀ ਪੀੜ੍ਹੀ ਨੂੰ ਪ੍ਰੇਰਣਾ ਮਿਲ ਸਕੇ। ਸੂਬੇਦਾਰ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਨਾਇਕ ਜਗਸੀਰ ਸਿੰਘ ਠੁੱਲੀਵਾਲ ਦੀ ਮੌਤ ਦੇ ਕਾਰਨਾਂ ਸਬੰਧੀ ਕੁਝ ਪਤਾ ਨਹੀਂ ਲੱਗ ਸਕਿਆ। ਇਸ ਸਬੰਧੀ ਉਸ ਦੀ ਯੂਨਿਟ ਦੇ ਉੱਚ ਅਧਿਕਾਰੀ ਹੀ ਕੁਝ ਦੱਸ ਸਕਦੇ ਹਨ। ਜ਼ਿਕਰਯੋਗ ਹੈ ਕਿ ਨਾਇਕ ਜਗਸੀਰ ਸਿੰਘ ਠੁੱਲੀਵਾਲ 24 ਮਾਰਚ 2011 ਨੂੰ ਭਾਰਤੀ ਫੌਜ ਦੀ 27 ਪੰਜਾਬ ਰੈਜਮੈਂਟ 'ਚ ਪਟਿਆਲਾ ਵਿਖੇ ਭਰਤੀ ਹੋਇਆ ਸੀ। ਟ੍ਰੇਨਿੰਗ ਉਪਰੰਤ ਉਸ ਨੇ ਜੰਮੂ-ਕਸ਼ਮੀਰ, ਅੰਮ੍ਰਿਤਸਰ, ਉਤਰਾਖੰਡ ਆਦਿ ਵੱਖ-ਵੱਖ ਥਾਵਾਂ 'ਤੇ ਸੇਵਾਵਾਂ ਨਿਭਾਈਆਂ। ਹੁਣ ਉਹ 53 ਆਰ.ਆਰ. ਬਟਾਲੀਅਨ, ਸ੍ਰੀ ਨਗਰ ਵਿਖੇ ਨਾਇਨਾਤ ਸੀ, ਜਿੱਥੇ ਬੀਤੀ 3 ਨਵੰਬਰ ਨੂੰ ਉਸ ਦੀ ਮੌਤ ਹੋ ਗਈ।

# ਗੁਰਦੁਆਰਾ ਸਾਹਿਬ ਪਿੰਡ ਬਾਹਮਣੀਆਂ 'ਚ ਮਨਾਇਆ ਪ੍ਰਕਾਸ਼ ਪੁਰਬ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਗੁਰਦੁਆਰਾ ਸਾਹਿਬ ਪਿੰਡ ਬਾਹਮਣੀਆਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ ਸ਼ਰਧਾ ਪੂਰਵਕ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੱਖ ਵੱਖ ਰਾਗੀ ਜਥਿਆਂ ਨੇ ਗੁਰਇਤਿਹਾਸ ਸੁਣਾਇਆ। ਸ੍ਰੀ ਨਿਸ਼ਾਨ ਸਾਹਿਬ ਉੱਤੇ ਚੋਲਾ ਚੜ੍ਹਾਉਣ ਦੀ ਸੇਵਾ ਸ਼ਰਧਾਭਾਵਨਾ ਨਾਲ ਨਿਭਾਈ ਗਈ। ਆਮ ਆਦਮੀ ਪਾਰਟੀ ਦੇ ਆਗੂ ਰਿਕ ਕੁਤਬਾ ਬਾਹਮਣੀਆਂ ਨੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਆਪਸੀ ਪ੍ਰੇਮ ਤੇ ਭਾਈਚਾਰੇ ਨੂੰ ਮਜ਼ਬੂਤ ਬਣਾਉਣ ਦਾ ਸੁਨੇਹਾ ਦੇਂਦੇ ਹਨ। ਗੁਰਦੁਆਰਾ ਕਮੇਟੀ ਪ੍ਰਧਾਨ ਗੁਰਮੇਲ ਸਿੰਘ ਬੈਨੀਪਾਲ ਦੀ ਅਗਵਾਈ ਵਿੱਚ ਪ੍ਰਬੰਧਕ ਕਮੇਟੀ ਵੱਲੋਂ ਦਾਨੀ ਸੱਜਣਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

# ਲੋਹਗੜ੍ਹ 'ਚ ਉਤਸ਼ਾਹ ਨਾਲ ਮਨਾਇਆ ਪ੍ਰਕਾਸ਼ ਪੁਰਬ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਗੁਰਦੁਆਰਾ ਹਵੇਲੀ ਸਾਹਿਬ ਪਿੰਡ ਲੋਹਗੜ੍ਹ ਵਿਖੇ ਪਹਿਲੀ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਮਹਿਲ ਕਲਾਂ, ਸੰਤ ਗੁਰਚਰਨ ਸਿੰਘ ਬੱਡੋ, ਮਹੰਤ ਨਛੱਤਰ ਸਿੰਘ ਨੇ ਪਹਿਲੇ ਪਾਤਿਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਉਂਦਿਆਂ ਸੰਗਤਾਂ ਨੂੰ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਦਾ ਸੰਦੇਸ਼, ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾਉਣ ਦੀ ਅਪੀਲ ਕੀਤੀ। ਪ੍ਰਬੰਧਕਾਂ ਵੱਲੋਂ ਲਗਾਏ ਗਏ ਮੁਫ਼ਤ ਕੈਂਪ ਵਿੱਚ ਸਾਹ ਦਮੇ ਦੇ 400 ਮਰੀਜ਼ਾਂ ਨੂੰ ਮੁਫ਼ਤ ਦੇਸੀ ਦਵਾਈ ਖੁਆਈ ਗਈ। ਮੁੱਖ ਸੇਵਾਦਾਰ ਬਾਬਾ ਗੁਰਚਰਨ ਸਿੰਘ ਬੱਡੋ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ।

## ਅਮਨਦੀਪ ਹਸਪਤਾਲ 'ਚ ਡਾ. ਅਵਤਾਰ ਸਿੰਘ ਨੇ ਕੀਤਾ ਮਰੀਜ਼ਾਂ ਦਾ ਚੈੱਕਅੱਪ



ਫਿਰੋਜ਼ਪੁਰ (ਗੁਰਬਚਨ ਸਿੰਘ)-ਅਮਨਦੀਪ ਹਸਪਤਾਲ ਦੇ ਡਾਇਰੈਕਟਰ ਤੇ ਪ੍ਰਸਿੱਧ ਆਰਥੋਪੀਡਿਕ ਸਰਜਨ ਡਾ. ਅਵਤਾਰ ਸਿੰਘ ਨੇ ਮਰੀਜ਼ਾਂ ਦਾ ਚੈੱਕਅੱਪ ਕੀਤਾ। ਵੱਡੀ ਗਿਣਤੀ ਵਿੱਚ ਮਰੀਜ਼ ਉਨ੍ਹਾਂ ਕੋਲ ਸਲਾਹ ਤੇ ਇਲਾਜ ਲਈ ਪਹੁੰਚੇ 'ਤੇ ਲਾਭ ਲਿਆ। ਹਸਪਤਾਲ ਦੇ ਐਗਜ਼ੀਕਿਊਟਿਵ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਡਾ. ਅਵਤਾਰ ਸਿੰਘ ਹਰ ਮਹੀਨੇ ਦੇ ਪਹਿਲੇ ਵੀਰਵਾਰ ਨੂੰ ਫਿਰੋਜ਼ਪੁਰ ਆਉਂਦੇ ਹਨ, ਜਿਸ ਨਾਲ ਫਿਰੋਜ਼ਪੁਰ ਤੇ ਆਸੇ ਦੁਆਲੇ ਦੇ ਖੇਤਰਾਂ ਦੇ ਲੋਕਾਂ ਨੂੰ ਆਪਣੇ ਇਲਾਕੇ 'ਚ ਹੀ ਵਿਸ਼ਵ ਪੱਧਰੀ ਚਿਕਿਤਸਾ ਸੇਵਾਵਾਂ ਦਾ ਲਾਭ ਮਿਲਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਮਰੀਜ਼ਾਂ ਨੂੰ ਹੁਣ ਅੰਮ੍ਰਿਤਸਰ ਜਾਂ ਹੋਰ ਵੱਡੇ ਸ਼ਹਿਰਾਂ 'ਚ ਜਾਣ ਦੀ ਲੋੜ ਨਹੀਂ ਰਹਿੰਦੀ। ਡਾ. ਅਵਤਾਰ ਸਿੰਘ ਹਿਪ ਤੇ ਨੀ ਜੋੜ ਰਿਪਲੇਸਮੈਂਟ ਸਰਜਰੀ ਦੇ ਖੇਤਰ 'ਚ ਆਪਣੀ ਵਿਸ਼ੇਸ਼ਤਾ ਲਈ ਮਸ਼ਹੂਰ ਹਨ ਤੇ ਉਨ੍ਹਾਂ ਹਜ਼ਾਰਾਂ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਦਿੱਤੀ ਹੈ। ਇਸ ਦੌਰਾਨ ਉਨ੍ਹਾਂ ਨੇ ਇੱਕ ਮਰੀਜ਼ ਦਾ ਰਿਪਲੇਸਮੈਂਟ ਆਪ੍ਰੇਸ਼ਨ ਵੀ ਕੀਤਾ, ਜੋ ਆਧੁਨਿਕ ਤਕਨਾਲੋਜੀ ਦੀ ਮੱਦਦ ਨਾਲ ਪੂਰੀ ਤਰ੍ਹਾਂ ਸਫ਼ਲ ਰਿਹਾ। ਅਮਨਦੀਪ ਹਸਪਤਾਲ ਨੇ ਸਿਰਫ਼ 5 ਬੈੱਡਾਂ ਨਾਲ ਸ਼ੁਰੂਆਤ ਕਰਕੇ 750 ਬੈੱਡਾਂ ਤੱਕ ਆਪਣਾ ਵਿਸਤਾਰ ਕਰ ਲਿਆ ਹੈ। ਇਸ ਵੇਲੇ ਹਸਪਤਾਲ 'ਚ 170 ਤੋਂ ਵੱਧ ਤਜਰਬੇਕਾਰ ਸਰਜਨ ਤੇ ਡਾਕਟਰ ਸੇਵਾਵਾਂ ਦੇ ਰਹੇ ਹਨ, ਜਿਨ੍ਹਾਂ ਹੁਣ ਤੱਕ 5 ਲੱਖ ਤੋਂ ਵੱਧ ਮਰੀਜ਼ਾਂ ਨੂੰ ਸਿਹਤਮੰਦ ਜੀਵਨ ਪ੍ਰਦਾਨ ਕੀਤਾ ਹੈ। ਹਸਪਤਾਲ ਦਾ ਟੀਚਾ ਵਰ੍ਹਾ 2031 ਤੱਕ 3500 ਬੈੱਡਾਂ ਦੀ ਸੁਵਿਧਾ ਪ੍ਰਦਾਨ ਕਰਨਾ ਹੈ, ਤਾਂ ਜੁ ਹੋਰ ਵੱਧ ਮਰੀਜ਼ਾਂ ਤੱਕ ਉੱਤਮ ਸਿਹਤ ਸੇਵਾਵਾਂ ਪਹੁੰਚ ਸਕਣ।

## ਸਪਰਿੰਗ ਡਿਊ ਸਕੂਲ ਦੀ ਅਥਲੈਟਿਕ ਮੀਟ ਤੇ ਫੁੱਟਬਾਲ ਟੂਰਨਾਮੈਂਟ 'ਚ ਝੰਡੀ



ਜਗਰਾਉਂ (ਅਮਿਤ ਖੰਨਾ)-ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਦੇ ਵਿਦਿਆਰਥੀਆਂ ਨੇ ਸਹੋਦਿਆ ਸਕੂਲ ਕੰਪਲੈਕਸ (ਵੈਸਟ) ਦੁਆਰਾ ਆਯੋਜਤ ਪੀਸ ਪਬਲਿਕ ਸਕੂਲ ਮੁੱਲਾਂਪੁਰ ਵਿਖੇ ਤੇ ਸੇਕਰਡ ਹਾਰਟ ਸਕੂਲ ਮੁੱਲਾਂਪੁਰ ਵਿਖੇ ਆਯੋਜਿਤ ਅਥਲੈਟਿਕਸ ਤੇ ਫੁੱਟਬਾਲ (ਲੜਕੀਆਂ) ਟੂਰਨਾਮੈਂਟ ਵਿੱਚ ਵੱਖ-ਵੱਖ ਖੇਡਾਂ ਵਿੱਚ ਜਿੱਤ ਹਾਸਲ ਕਰਦਿਆਂ ਸਕੂਲ ਦਾ ਨਾਮ ਚਮਕਾਇਆ। ਅਥਲੈਟਿਕਸ ਵਿੱਚ ਕਨੀਰ ਕੌਰ ਨੇ 100 ਮੀਟਰ ਰੇਸ ਵਿੱਚ ਫਸਟ ਪੁਜ਼ੀਸ਼ਨ, 200 ਮੀਟਰ ਵਿੱਚ ਰੇਸ ਵਿੱਚ ਤੀਜੀ ਪੁਜ਼ੀਸ਼ਨ, ਅਰਵੀਰ ਕੌਰ ਨੇ 50 ਮੀਟਰ ਅਲਸਲੀਟਕ ਰੇਸ ਵਿੱਚ ਦੂਜਾ ਸਥਾਨ, ਹਰਵਿੰਦਰ ਸਿੰਘ ਨੇ 200 ਅਤੇ 100 ਮੀਟਰ ਰੇਸ ਵਿੱਚ ਤੀਜਾ ਸਥਾਨ, ਜਗਤਾਰ ਸਿੰਘ ਨੇ 200 ਮੀਟਰ ਰੇਸ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਨਵਤਾਜ ਸਿੰਘ ਯੂ.ਕੇ.ਜੀ. ਦਾ ਸਪੈਸ਼ਲ ਸਨਮਾਨ ਕਰਦਿਆਂ ਮੈਡਲ ਤੇ ਨਕਦ ਇਨਾਮ ਦਿੱਤਾ ਗਿਆ। ਇਸ ਤਰ੍ਹਾਂ ਸਕੂਲ ਦੀ ਲੜਕੀਆਂ ਦੀ ਫੁੱਟਬਾਲ ਟੀਮ ਨੇ ਸਹੋਦਿਆ ਸਕੂਲਾਂ ਵਿੱਚੋਂ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਪ੍ਰਿੰਸੀਪਲ ਰੀਨਾ ਜੈਦਿਕਾ ਤੇ ਵਾਇਸ ਪ੍ਰਿੰਸੀਪਲ ਅੰਕੁਸ਼ ਬਾਵਾ ਨੇ ਬੱਚਿਆਂ ਦੇ ਜੇਤੂ ਹੋਣ 'ਤੇ ਉਨ੍ਹਾਂ ਦੇ ਮਾਤਾ-ਪਿਤਾ ਤੇ ਕੋਚ ਸਾਹਿਬਾਨ ਲਖਵੀਰ ਸਿੰਘ ਉੱਪਲ, ਕੁਲਜੀਤ ਕੌਰ, ਕੁਲਦੀਪ ਕੌਰ ਤੇ ਜਗਦੀਪ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਉਨ੍ਹਾਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਸਕੂਲ ਮੈਨੇਜਮੈਂਟ ਮੈਂਬਰ ਪ੍ਰੈਜ਼ੀਡੈਂਟ ਸ੍ਰੀ ਮਨਜੀਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਸ੍ਰੀ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦੁਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐਸ.ਏ. ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

# ਮਾਇਆ ਗਾਰਡਨ ਵਿਖੇ ਸ੍ਰੀਮਦ ਭਗਵਤ ਕਥਾ ਦਾ ਸ਼ਾਨਦਾਰ ਸਮਾਪਨ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸ੍ਰੀ ਸ਼ਿਵ ਮੰਦਰ ਧਰਮਸ਼ਾਲਾ ਪ੍ਰਬੰਧਕ ਕਮੇਟੀ ਮਾਇਆ ਗਾਰਡਨ ਵੱਲੋਂ ਆਯੋਜਿਤ ਸ੍ਰੀਮਦ ਭਾਗਵਤ ਕਥਾ ਦਾ ਸ਼ਾਨਦਾਰ ਸਮਾਪਨ ਸ਼ਰਧਾ ਤੇ ਉਤਸ਼ਾਹ ਨਾਲ ਕੀਤਾ ਗਿਆ। ਆਖਰੀ ਦਿਨ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਰਹੇ ਤੇ ਭਗਤੀ ਭਾਵਨਾ ਵਿਚ ਲੀਨ ਰਹੇ। ਹਰਿਦਵਾਰ ਤੋਂ ਪਹੁੰਚੇ ਸੰਤ ਦਾਮੋਦਰ ਸ਼ਰਣ ਜੀ ਮਹਾਰਾਜ ਦੀ ਅਗਵਾਈ ਹੇਠ ਵਿਦਵਾਨ ਵਿਧੀ ਨਾਲ ਵਿਆਸ ਪੂਜਨ ਤੇ ਹਵਨ ਦੀ ਪੂਰਨ ਆਹੂਤੀ ਦਿੱਤੀ ਗਈ। ਇਸ ਤੋਂ ਬਾਅਦ ਭਗਤਾਂ ਨੇ ਭੰਡਾਰੇ ਦੇ ਪ੍ਰਸਾਦ ਨੂੰ ਆਨੰਦ ਨਾਲ ਸਵੀਕਾਰ ਕੀਤਾ। ਕਥਾ ਵਿਆਸ ਆਚਾਰਿਆ ਗਮਸ਼ਾਨੰਦ ਜੀ ਮਹਾਰਾਜ ਨੇ ਆਖਰੀ ਦਿਨ ਸ੍ਰੀ ਕ੍ਰਿਸ਼ਨ ਤੇ ਸੁਦਾਮਾ ਦੀ ਦੋਸਤੀ ਦਾ ਚਰਿਤਰ ਤੇ ਪਰੀਕਸ਼ਿਤ ਮੋਕਸ਼ ਪ੍ਰਸੰਗ ਦਾ ਬਹੁਤ ਹੀ ਭਾਵਪੂਰਨ ਵਰਣਨ ਕੀਤਾ। ਕਥਾ ਦੇ ਸਮਾਪਨ ਸਮਾਰੋਹ 'ਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਪ੍ਰਧਾਨ ਅਮਨ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਪਹੁੰਚੇ। ਉਨ੍ਹਾਂ ਸੰਤਾਂ ਦਾ ਫੁੱਲਮਾਲਾਵਾਂ ਨਾਲ ਸਵਾਗਤ ਕੀਤਾ ਤੇ ਨਗਰ ਵਾਸੀਆਂ ਨੂੰ ਕਥਾ ਦੇ ਸਫਲ ਆਯੋਜਨ 'ਤੇ ਵਧਾਈ ਦਿੱਤੀ। ਇਸ ਮੌਕੇ ਨਗਰ ਕੌਂਸਲ ਸੁਨਾਮ ਪ੍ਰਧਾਨ ਨਿਸ਼ਾਨ ਸਿੰਘ ਟੋਨੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਸ੍ਰੀ ਸ਼ਿਵ ਮੰਦਰ ਧਰਮਸ਼ਾਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਦਨ ਕਾਂਸਲ, ਗੋਪਾਲ ਸ਼ਰਮਾ, ਪ੍ਰਭਾਤ ਜਿੰਦਲ, ਪਵਨ ਕੋਪਟੀ, ਐਡਵੋਕੇਟ ਰਾਕੇਸ਼ ਜਿੰਦਲ, ਐਡਵੋਕੇਟ ਸੰਦੀਪ ਬਾਂਸਲ, ਮਨੋਜ ਸਿੰਗਲਾ, ਪੰਡਿਤ ਰਾਮ ਜੁਹਾਰੀ, ਡਾ. ਰਾਕੇਸ਼ ਜਿੰਦਲ, ਮੱਖਣ ਗੰਢੂਆਂ ਸਮੇਤ ਸਮੂਹ ਕਮੇਟੀ ਮੈਂਬਰਾਂ ਨੇ ਆਏ ਮੁੱਖ ਮਹਿਮਾਨਾਂ ਤੇ ਹੋਰ ਅਤਿਥੀਆਂ ਨੂੰ ਸਨਮਾਨਤ ਕੀਤਾ।

# ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿਖੇ ਗੁਰਪੁਰਬ ਮਨਾਇਆ



ਬਠਿੰਡਾ (ਰਾਜਵਿੰਦਰ ਗੋਇਲ)-ਹਰਗੋਬਿੰਦ ਪਬਲਿਕ ਸਕੂਲ ਕਾਂਗੜ 'ਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸ੍ਰੀ ਜਪੁਜੀ ਸਾਹਿਬ ਜੀ ਦਾ ਪਾਠ ਕੀਤਾ ਗਿਆ ਤੇ ਵਿਦਿਆਰਥੀਆਂ ਵੱਲੋਂ ਕਵਿਤਾਵਾਂ, ਕਵੀਸ਼ਰੀਆਂ, ਭਾਸ਼ਣ ਆਦਿ ਪੇਸ਼ ਕੀਤੇ। ਸਕੂਲ ਦੇ ਪ੍ਰਿੰਸੀਪਲ ਸੋਨੂੰ ਕੁਮਾਰ ਕਾਂਗੜ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਇਸ ਮੌਕੇ ਧਾਰਮਿਕ ਅਧਿਆਪਕਾ ਪਲਵਿੰਦਰ ਕੌਰ ਜਲਾਲ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਗੁਰੂ ਜੀ ਦਾ ਪ੍ਰਕਾਸ਼ 15 ਅਪ੍ਰੈਲ 1469 ਈ: ਨੂੰ ਰਾਇ ਭੋਇ ਦੀ ਤਲਵੰਡੀ (ਪਾਕਿਸਤਾਨ) ਵਿਖੇ ਹੋਇਆ। ਉਨ੍ਹਾਂ ਦੱਸਿਆ ਕਿ ਗੁਰੂ ਜੀ ਨੇ ਚਾਰੇ ਦਿਸ਼ਾਵਾਂ ਵਿਚ ਚਾਰ ਉਦਾਸੀਆਂ ਕਰਕੇ ਭੁੱਲੇ ਭਟਕੇ ਲੋਕਾਂ ਨੂੰ ਅਗਿਆਨਤਾ ਦੇ ਹਨ੍ਹੇਰੇ ਵਿਚੋਂ ਬਾਹਰ ਕੱਢਿਆ ਤੇ ਉਨ੍ਹਾਂ ਦੱਸਿਆ ਕਿ ਗੁਰੂ ਜੀ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਮਨੁੱਖਤਾ ਭਲੇ ਵਾਲਾ ਜੀਵਨ ਜੀ ਸਕਦਾ ਹੈ। ਕਿਸ ਤਰ੍ਹਾਂ ਸਮਾਜ ਵਿਚੋਂ ਵਿਚਾਰ ਕਰਕੇ ਹਨ। ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ ਗਈਆਂ।

## ...ਸਫ਼ਾ 1 ਦੇ ਬਾਕੀ

### ਪੀ ਯੂ ਮੁੱਦੇ 'ਤੇ 'ਆਪ' ...

ਕੰਮ ਕਰ ਰਿਹਾ ਹੈ। ਸੈਨੇਟ ਦੀ ਤਾਕਤ ਘਟਾ ਕੇ ਅਤੇ ਸਿੰਡੀਕੇਟ ਨੂੰ ਭੰਗ ਕਰਕੇ, ਕੇਂਦਰ ਪੰਜਾਬ ਦੇ ਵਿਦਿਅਕ ਅਦਾਰਿਆਂ 'ਤੇ ਕਬਜ਼ਾ ਕਰਨਾ ਚਾਹੁੰਦਾ ਹੈ। ਬੀ ਬੀ ਐੱਮ ਬੀ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨ ਤੋਂ ਬਾਅਦ ਭਾਜਪਾ ਹੁਣ ਸਾਡੀ ਯੂਨੀਵਰਸਿਟੀ ਨੂੰ ਨਿਸ਼ਾਨਾ ਬਣਾ ਰਹੀ ਹੈ। ਉਹਨਾਂ ਕਿਹਾ ਕਿ ਇਸ ਫੈਸਲੇ ਦਾ ਅਸਰ ਪੰਜਾਬ ਭਰ ਦੇ 200 ਤੋਂ ਵੱਧ ਮਾਨਤਾ ਪ੍ਰਾਪਤ ਕਾਲਜਾਂ ਅਤੇ ਲੱਖਾਂ ਵਿਦਿਆਰਥੀਆਂ 'ਤੇ ਪਵੇਗਾ। ਇਹ ਸਿਰਫ਼ ਇੱਕ ਯੂਨੀਵਰਸਿਟੀ ਬਾਰੇ ਨਹੀਂ ਹੈ, ਇਹ ਪੰਜਾਬ ਦੇ ਸਵੈ-ਮਾਣ 'ਤੇ ਹਮਲਾ ਹੈ ਅਤੇ ਪੰਜਾਬੀਅਤ ਨੂੰ ਮਿਟਾਉਣ ਦੀ ਕੋਸ਼ਿਸ਼ ਹੈ। ਕੇਂਦਰ ਨੇ ਪਹਿਲਾ ਨੋਟੀਫਿਕੇਸ਼ਨ ਵਾਪਸ ਲੈ ਲਿਆ ਅਤੇ ਇੱਕ ਮਿੰਟ ਬਾਅਦ ਦੂਜਾ ਜਾਰੀ ਕਰ ਦਿੱਤਾ, ਇਸ ਨੂੰ 'ਲੰਬਿਤ' ਰੱਖਿਆ। ਇਹ ਦੋਹਰੀ ਖੇਡ ਪੰਜਾਬ ਯੂਨੀਵਰਸਿਟੀ ਦੀ ਖੁਦਮੁਖਤਿਆਰੀ ਨੂੰ ਤਬਾਹ ਕਰਨ ਲਈ ਉਨ੍ਹਾਂ ਦੇ ਅਸਲ ਇਰਾਦੇ ਨੂੰ ਦਰਸਾਉਂਦੀ ਹੈ। ਵਫ਼ਦ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਪੰਜਾਬ ਯੂਨੀਵਰਸਿਟੀ ਦੀ ਖੁਦਮੁਖਤਿਆਰੀ, ਲੋਕਤੰਤਰੀ ਢਾਂਚੇ ਅਤੇ ਸੰਵਿਧਾਨਿਕ ਪਛਾਣ ਦੀ ਰੱਖਿਆ ਕਰਨ ਅਤੇ ਦਖ਼ਲ ਦੇਣ ਦੀ ਅਪੀਲ ਕੀਤੀ। 'ਆਪ' ਵੱਲੋਂ ਸੌਂਪੇ ਗਏ ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਕੇਂਦਰ ਦੀ 28 ਅਕਤੂਬਰ ਦੇ ਨੋਟੀਫਿਕੇਸ਼ਨ ਅਤੇ 4 ਨਵੰਬਰ ਦੇ ਧੋਖੇਬਾਜ਼ ਮੁਲਤਵੀ ਹੁਕਮ ਨੂੰ ਸਥਾਈ ਤੌਰ 'ਤੇ ਵਾਪਸ ਲਿਆ ਜਾਵੇ ਅਤੇ ਸੈਨੇਟ ਅਤੇ ਸਿੰਡੀਕੇਟ ਨੂੰ ਪੰਜਾਬ ਯੂਨੀਵਰਸਿਟੀ ਐਕਟ, 1947 ਅਤੇ ਪੰਜਾਬ ਪੁਨਰਗਠਨ ਐਕਟ, 1966 ਦੇ ਅਨੁਸਾਰ ਉਨ੍ਹਾਂ ਦੀ ਪੂਰੀ ਲੋਕਤੰਤਰੀ ਬਣਤਰ ਵਿੱਚ ਬਹਾਲ ਕੀਤਾ ਜਾਵੇ।

## ਕਣਕ ਦਾ ਬੀਜ ਤੇ ਡੀ ਏ ਪੀ ਖਾਦ ਹੜ੍ਹ ਪੀੜ੍ਹਤਾਂ ਲਈ ਭੇਜੀ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੰਜਾਬ ਦੇ ਹੜ੍ਹ ਪੀੜ੍ਹਤ ਇਲਾਕਿਆਂ ਵਿੱਚ ਕਿਸਾਨਾਂ ਦੀ ਮੱਦਦ ਲਈ ਭਾਰਤੀ ਕਿਸਾਨ ਯੂਨੀਅਨ (ਏਕਤਾ) ਸਿੱਧੂਪੁਰ ਵੱਲੋਂ ਕਣਕ ਦੀ ਬਿਜਾਈ ਸਮੇਂ ਵਿੱਚ ਕਣਕ ਦਾ ਬੀ ਤੇ ਖਾਦ ਭੇਜਣ ਦਾ ਸਿਲਸਿਲਾ ਜਾਰੀ ਹੈ। ਸਿੱਧੂਪੁਰ ਜਥੇਬੰਦੀ ਵੱਲੋਂ ਜ਼ਿਲ੍ਹਾ ਬਠਿੰਡਾ ਦੀ ਤਰਫੋਂ ਜ਼ਿਲ੍ਹਾ ਫਿਰੋਜ਼ਪੁਰ ਲਈ ਜ਼ਿੰਮੇਵਾਰੀ ਲਾਈ ਗਈ ਹੈ। ਇਸ ਤਹਿਤ ਸਿੱਧੂਪੁਰ ਬਲਾਕ ਨਥਾਣਾ ਵੱਲੋਂ ਲਹਿਰਾ ਮੁਹੱਬਤ ਤੋਂ ਦੋ ਟਰੈਕਟਰ-ਟਰਾਲੀਆਂ ਰਾਹੀਂ 140 ਗੱਟੇ ਕਣਕ ਦਾ ਬੀ ਤੇ 100 ਗੱਟਾ ਡਾਈ ਖਾਦ ਬਲਾਕ ਨਥਾਣਾ ਦੇ ਪ੍ਰਧਾਨ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਉਸ ਦੇ ਟਰੈਕਟਰ ਟਰਾਲੀ ਤੋਂ ਇਲਾਵਾ ਪਿੰਡ ਬਾਠ ਤੋਂ ਪੁੱਜੇ ਇੱਕ ਟਰੈਕਟਰ ਟਰਾਲੀ ਰਾਹੀਂ ਫਿਰੋਜ਼ਪੁਰ ਲਈ ਰਵਾਨਾ ਕੀਤੀ ਗਈ। ਰਵਾਨਗੀ ਮੌਕੇ ਬਲਾਕ ਪ੍ਰਚਾਰ ਸਕੱਤਰ ਜਸਪਾਲ ਸਿੰਘ ਸੰਧੂ, ਜ਼ਿਲ੍ਹਾ ਆਗੂ ਗੁਰਮੇਲ ਸਿੰਘ ਲਹਿਰਾ ਮੁਹੱਬਤ, ਬਲਵੀਰ ਸਿੰਘ ਵੀਰਾ ਤੇ ਹਰਨੇਕ ਸਿੰਘ ਆਦਿ ਹਾਜ਼ਰ ਸਨ। ਉਨ੍ਹਾਂ ਨੇ ਦੱਸਿਆ ਕਿ ਇੱਥੋਂ ਜਥੇਬੰਦੀ ਵੱਲੋਂ ਭੇਜੇ ਕਿਸਾਨ ਫਿਰੋਜ਼ਪੁਰ ਇਲਾਕੇ ਵਿੱਚ ਪੀੜ੍ਹਤ ਕਿਸਾਨਾਂ ਦੇ ਖੇਤਾਂ ਵਿੱਚ ਬਿਜਾਈ ਦਾ ਕੰਮ ਮੁਕੰਮਲ ਕਰਕੇ ਹੀ ਵਾਪਸ ਪਰਤਣਗੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ਼ ਚੰਦ ਫਤਿਹਪੁਰੀ ਨੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਅਕਾਲੀ-ਕਾਂਗਰਸ ਨੇ ਖਜ਼ਾਨਾ ਖਾਲੀ ਕੀਤਾ, 'ਆਪ' ਨੇ ਮਾਲੀਆ ਵਧਾ ਕੇ ਲੋਕਾਂ 'ਤੇ ਖਰਚ ਕੀਤਾ : ਚੀਮਾ



**ਤਰਨਤਾਰਨ**- ਪੰਜਾਬ ਦੇ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਵਿਰੋਧੀ ਧਿਰਾਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਵਿਕਾਸ ਦੀ ਰਾਜਨੀਤੀ ਕਰ ਰਹੀ ਹੈ, ਜਦਕਿ ਕਾਂਗਰਸ ਅਤੇ ਅਕਾਲੀ ਦਲ ਵਰਗੀਆਂ ਰਵਾਇਤੀ ਪਾਰਟੀਆਂ ਕੋਲ ਲੋਕਾਂ ਨੂੰ ਦੱਸਣ ਲਈ ਕੁੱਝ ਨਹੀਂ ਹੈ, ਇਸ ਲਈ ਉਹ ਸਮਾਜ ਨੂੰ ਤੋੜਨ ਵਾਲੀ ਨਕਾਰਾਤਮਕ ਰਾਜਨੀਤੀ ਕਰ ਰਹੀਆਂ ਹਨ।ਇੱਥੇ ਜਾਰੀ ਇੱਕ ਬਿਆਨ ਵਿੱਚ ਚੀਮਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਹਮੇਸ਼ਾ ਖ਼ਜ਼ਾਨਾ ਖਾਲੀ ਹੋਣ ਦਾ ਰੋਣਾ ਰੋਂਦੀਆਂ ਸਨ ਕਿਉਂਕਿ ਉਨ੍ਹਾਂ ਦੀ ਨੀਅਤ 'ਚ ਖੋਟ ਸੀ। ਉਹ ਖੁਦ ਚੋਰ ਬਣੇ ਬੈਠੇ ਸਨ, ਇਸ ਲਈ ਨਾ ਜੀ ਐਸ ਟੀ ਵਧਿਆ ਨਾ ਟੈਕਸ। ਆਪ ਸਰਕਾਰ ਨੇ ਤਿੰਨ ਸਾਲਾਂ ਵਿੱਚ ਹੀ ਕਾਂਗਰਸ-ਅਕਾਲੀਆਂ ਦੇ ਪੰਜ-ਪੰਜ ਸਾਲਾਂ ਨਾਲੋਂ ਵੱਧ ਮਾਲੀਆ ਇਕੱਠਾ ਕੀਤਾ ਹੈ ਅਤੇ ਉਸ ਨੂੰ ਲੋਕਾਂ 'ਤੇ ਖਰਚ ਵੀ ਕੀਤਾ ਹੈ। ਚੀਮਾ ਨੇ ਸਵਾਲ ਕੀਤਾ ਕਿ ਜੇ ਖ਼ਜ਼ਾਨਾ ਭਰ ਨਾ ਰਿਹਾ ਹੁੰਦਾ ਤਾਂ 56,000 ਨੌਕਰੀਆਂ ਕਿੱਥੋਂ ਦਿੱਤੀਆਂ ਜਾਂਦੀਆਂ? ਆਪ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਚੀਮਾ ਨੇ ਕਿਹਾ ਕਿ ਗੋਇੰਦਵਾਲ ਸਾਹਿਬ ਦਾ ਥਰਮਲ ਪਲਾਂਟ, ਜਿਸ ਨੂੰ ਅਕਾਲੀ-ਭਾਜਪਾ ਸਰਕਾਰ ਨੇ ਪ੍ਰਾਈਵੇਟ ਹੱਥਾਂ 'ਚ ਵੇਚ ਦਿੱਤਾ ਸੀ, ਆਪ ਸਰਕਾਰ ਨੇ ਹਿੰਮਤ ਦਿਖਾ ਕੇ ਉਸ ਨੂੰ ਵਾਪਸ ਖਰੀਦਿਆ ਅਤੇ ਪੰਜਾਬ ਦੇ ਲੋਕਾਂ ਨੂੰ ਸਮਰਪਿਤ ਕੀਤਾ।ਖ਼ਜ਼ਾਨਾ ਮੰਤਰੀ ਨੇ ਕਾਂਗਰਸ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪੰਜਾਬ ਗੁਰੂਆਂ-ਪੀਰਾਂ ਦੀ ਧਰਤੀ ਹੈ, ਜਿਨ੍ਹਾਂ ਨੇ ਸਾਂਝੀਵਾਲਤਾ ਅਤੇ ਜਾਤ-ਪਾਤ ਨੂੰ ਖਤਮ ਕਰਨ ਦਾ ਸੰਦੇਸ਼ ਦਿੱਤਾ ਸੀ। ਪਰ ਕਾਂਗਰਸ ਪਾਰਟੀ ਗੈਰ-ਸੰਵਿਧਾਨਕ ਭਾਸ਼ਾ ਦੀ ਵਰਤੋਂ ਕਰਕੇ ਅਤੇ ਇਤਰਾਜ਼ਯੋਗ ਟਿੱਪਣੀਆਂ ਕਰਕੇ ਉਸ ਸਾਂਝ ਨੂੰ ਤੋੜਨ ਦਾ ਯਤਨ ਕਰ ਰਹੀ ਹੈ, ਜਿਸ ਨੂੰ ਪੰਜਾਬ ਦੇ ਲੋਕ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਕਿਹਾ ਕਿ ਕਾਂਗਰਸ ਦਾ ਇਤਿਹਾਸ ਗੁੰਡਾਗਰਦੀ ਅਤੇ ਗੈਂਗਸਟਰਵਾਦ ਨੂੰ ਸ਼ਹਿ ਦੇਣ ਦਾ ਰਿਹਾ ਹੈ। ਉਨ੍ਹਾਂ ਮੁਖਤਾਰ ਅੰਸਾਰੀ ਦੀ ਉਦਾਹਰਨ ਦਿੰਦਿਆਂ ਕਿਹਾ ਕਿ ਕਿਵੇਂ ਯੂਪੀ ਦੇ ਗੈਂਗਸਟਰ ਨੂੰ ਰੋਪੜ ਜੇਲ੍ਹ 'ਚ ਰੱਖ ਕੇ ਉਸਦੀ ਪੁਸ਼ਤ-ਪਨਾਹੀ ਕੀਤੀ ਗਈ। ਇਸੇ ਤਰ੍ਹਾਂ ਅਕਾਲੀ-ਕਾਂਗਰਸ ਦੇ ਰਾਜ ਵਿੱਚ ਮਾਝੇ ਦਾ ਇਹ ਇਲਾਕਾ ਨਸ਼ਿਆਂ ਦੇ ਹੜ੍ਹ ਲਈ ਬਦਨਾਮ ਸੀ। ਪਰ ਆਪ ਸਰਕਾਰ ਨੇ ਐਂਟੀ-ਗੈਂਗਸਟਰ ਫੋਰਸ ਬਣਾ ਕੇ ਗੈਂਗਸਟਰਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਹੈ ਅਤੇ ਨਸ਼ਿਆਂ ਖਿਲਾਫ਼ ਵੱਡੀ ਜੰਗ ਛੇੜੀ ਹੈ। ਚੀਮਾ ਨੇ ਕਿਹਾ ਕਿ ਅੱਜ ਤਰਨ ਤਾਰਨ ਦੇ ਲੋਕ ਸਿਰਫ਼ ਵਿਕਾਸ ਚਾਹੁੰਦੇ ਹਨ। ਲੋਕ ਦੇਖ ਰਹੇ ਹਨ ਕਿ ਕੌਣ ਉਨ੍ਹਾਂ ਦੇ ਬੱਚਿਆਂ ਨੂੰ ਨੌਕਰੀਆਂ, ਚੰਗੀ ਸਿੱਖਿਆ, ਸਿਹਤ ਸਹੂਲਤਾਂ ਅਤੇ ਮੁਫ਼ਤ ਬਿਜਲੀ ਦੇ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਿਕਾਸ ਦੀ ਲੜੀ ਨੂੰ ਜਾਰੀ ਰੱਖਣ ਲਈ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਭਾਰੀ ਬਹੁਮਤ ਨਾਲ ਜਿਤਾਉਣ।

# ਨਸ਼ਾ ਤਸਕਰ ਦੀ ਆਲੀਸ਼ਾਨ ਕੋਠੀ 'ਤੇ ਚੱਲਿਆ ਬੁਲਡੋਜ਼ਰ



**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਪਿੰਡ ਜਠੌਲ ਵਿੱਚ, ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਤਹਿਤ ਨਸ਼ਾ ਤਸਕਰ ਗੁਰਪ੍ਰੀਤ ਸਿੰਘ ਉਰਫ ਬਿੱਲਾ ਪੁੱਤਰ ਬੀਰ ਸਿੰਘ ਸਿੰਘ ਪਿੰਡ ਜਠੌਲ ਥਾਣਾ ਘਰਿੰਡਾ ਦੀ ਨਸ਼ਾ ਵੇਚ ਕੇ ਬਣਾਈ ਆਲੀਸ਼ਾਨ ਕੋਠੀ ਉੱਤੇ ਬੁਲਡੋਜ਼ਰ ਚਲਾ ਕੇ ਸਪੱਸ਼ਟ ਕਰ ਦਿੱਤਾ ਕਿ ਨਸ਼ਾ ਤਸਕਰਾਂ ਵਿਰੁੱਧ ਕਿਸੇ ਵੀ ਤਰ੍ਹਾਂ ਦੀ ਕੋਈ ਢਿੱਲ ਨਹੀਂ ਵਰਤੀ ਜਾਵੇਗੀ। ਇਸ ਸਬੰਧੀ ਗੱਲਬਾਤ ਕਰਦੇ ਜ਼ਿਲ੍ਹਾ ਪੁਲਸ ਮੁਖੀ ਮਨਿੰਦਰ ਸਿੰਘ ਨੇ ਦੱਸਿਆ ਕਿ ਉਕਤ ਤਸਕਰ ਉੱਤੇ ਐਨ ਡੀ ਪੀ ਐਸ ਅਤੇ ਹੋਰ ਐਕਟ ਅਧੀਨ 6 ਪਰਚੇ ਵੱਖ-ਵੱਖ ਥਾਣਿਆਂ ਵਿੱਚ ਦਰਜ ਹਨ। ਉਨ੍ਹਾਂ ਦੱਸਿਆ ਕਿ ਇਹ ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਨਾਮਜ਼ਦ ਹੈ ਅਤੇ 10 ਸਾਲ ਦੀ ਸਜ਼ਾ ਕੱਟ ਰਿਹਾ ਹੈ। ਉਹਨਾਂ ਦੱਸਿਆ ਕਿ ਉਕਤ ਦੋਸ਼ੀ ਵੱਲੋਂ ਨਸ਼ਾ ਤਸਕਰੀ ਦੀ ਕਾਲੀ ਕਮਾਈ ਨਾਲ ਸਰਕਾਰੀ ਜ਼ਮੀਨ 'ਤੇ ਗੈਰਕਾਨੂੰਨੀ ਤਰੀਕੇ ਨਾਲ ਬਣਾਈ ਗਈ ਵਿਸ਼ਾਲ ਕੋਠੀ ਨੂੰ ਢਹਿ ਢੇਰੀ ਕਰ ਦਿੱਤਾ ਗਿਆ ਹੈ। ਉਹਨਾਂ ਦੱਸਿਆ ਕਿ ਉਕਤ ਨਸ਼ਾ ਤਸਕਰ ਨੇ ਪੰਜਾਬ ਸਰਕਾਰ ਦੀ ਜਾਇਦਾਦ ਉੱਤੇ ਕਬਜ਼ਾ ਕਰਕੇ ਉਸਾਰੀ ਕੀਤੀ ਹੋਈ ਸੀ, ਜਿਸ ਉੱਤੇ ਕਾਰਵਾਈ ਕਰਦੇ ਹੋਏ ਅੱਜ ਉਕਤ ਨਸ਼ਾ ਤਸਕਰ ਦੀ ਪਿੰਡ ਜਠੌਲ ਸਥਿਤ ਜਾਇਦਾਦ ਉੱਤੇ ਬੁਲਡੋਜ਼ਰ ਚਲਾਇਆ ਗਿਆ ਹੈ। ਉਹਨਾਂ ਕਿਹਾ ਕਿ ਪੁਲਸ ਮੁਖੀ ਗੌਰਵ ਯਾਦਵ ਵੱਲੋਂ ਸਪਸ਼ਟ ਸੁਨੇਹਾ ਹੈ ਕਿ ਇਸ ਗੰਭੀਰ ਮੁੱਦੇ ਉੱਤੇ ਕਿਸੇ ਵੀ ਨਸ਼ਾ ਤਸਕਰ ਨਾਲ ਢਿੱਲ ਨਹੀਂ ਵਰਤੀ ਜਾਵੇਗੀ ਅਤੇ ਜੋ ਵੀ ਦੋਸ਼ੀ ਹੋਇਆ ਉਸ ਵਿਰੋਧ ਸਖਤ ਤੋਂ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਨਸ਼ਾ ਤਸਕਰਾਂ ਨੂੰ ਤਾੜਨਾ ਕਰਦੇ ਕਿਹਾ ਕਿ ਉਹ ਸਾਡੀਆਂ ਨੌਜਵਾਨ ਪੀੜੀਆਂ ਨੂੰ ਬਰਬਾਦ ਕਰਨ ਤੋਂ ਬਾਜ਼ ਆਉਣ, ਨਹੀਂ ਤਾਂ ਉਹਨਾਂ ਖਿਲਾਫ ਵੀ ਅਜਿਹੀ ਵੱਡੀ ਕਾਰਵਾਈ ਕੀਤੀ ਜਾਵੇਗੀ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ




**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਹਰ ਸਾਲ ਦੀ ਤਰ੍ਹਾਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਬੜੀ ਹੀ ਸ਼ਰਧਾ ਭਾਵਨਾ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਵਿੱਚ ਇਕ ਖ਼ਾਸ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਜਿਸ ਦਾ ਆਰੰਭ ਸ਼ਬਦ ਕੀਰਤਨ ਨਾਲ ਹੋਇਆ। ਇਸ ਉਪਰੰਤ ਵਿਦਿਆਰਥੀਆਂ ਦੁਆਰਾ ਗੁਰੂ ਜੀ ਦੀਆਂ ਸਿੱਖਿਆਵਾਂ ਅਤੇ ਜੀਵਨ ਉੱਪਰ ਰੋਸ਼ਨੀ ਪਾਈ ਗਈ। ਇਸ ਮੌਕੇ 'ਤੇ ਦੱਸਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਕਵੀਸ਼ਰੀ ਪੇਸ਼ ਕੀਤੀ ਗਈ। ਇਸ ਖ਼ਾਸ ਮੌਕੇ 'ਤੇ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮਨੀਸ਼ਾ ਸੂਦ ਨੇ ਸਭ ਨੂੰ ਗੁਰਪੁਰਬ ਦੀ ਵਧਾਈ ਦਿੰਦਿਆਂ ਹਮੇਸ਼ਾ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਉੱਪਰ ਚੱਲ ਕੇ ਜੀਵਨ ਨਿਰਬਾਹ ਕਰਨ ਲਈ ਕਿਹਾ।

# ਨਸ਼ਾ ਮੁਕਤੀ ਟੀਮ ਨੇ ਡੇਰਾ ਬਾਬਾ ਨਾਨਕ ਵਿਖੇ ਖ਼ੂਨਦਾਨ ਤੇ ਮੈਡੀਕਲ ਕੈਂਪ ਲਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਨਸ਼ਾ ਮੁਕਤੀ ਟੀਮ ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਡਾਕਟਰ ਅਰਸ਼ਦੀਪ ਸਿੰਘ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਵਿਖੇ ਖ਼ੂਨਦਾਨ ਕੈਂਪ ਅਤੇ ਮੈਡੀਕਲ ਕੈਂਪ ਲਾਇਆ ਗਿਆ।ਇਸ ਮੌਕੇ ਬਤੌਰ ਮੁੱਖ ਮਹਿਮਾਨ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਏਡੀਸੀ ਹਰਜਿੰਦਰ ਸਿੰਘ ਬੇਦੀ, ਐੱਸਡੀਐੱਮ ਡੇਰਾ ਬਾਬਾ ਨਾਨਕ ਅਦਿਤਿਆ ਸ਼ਰਮਾ, ਐੱਸਡੀਐੱਮ ਫਤਿਹਗੜ੍ਹ ਚੂੜੀਆਂ ਗੁਰਮਿੰਦਰ ਸਿੰਘ, ਐੱਸਐੱਚਓ ਡੇਰਾ ਬਾਬਾ ਨਾਨਕ ਅਸ਼ੋਕ ਕੁਮਾਰ, ਨਗਰ ਕੌਂਸਲ ਪ੍ਰਧਾਨ ਦੇ ਪਤੀ ਪ੍ਰਧਾਨ ਰਜੇਸ਼ ਕੁਮਾਰ ਬਿੱਟਾ, ਚੇਅਰਮੈਨ ਮਾਰਕੀਟ ਕਮੇਟੀ ਰਣਜੇਤ ਸਿੰਘ ਬਾਠ, ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹੁਰਵਾਲ ਵੱਲੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਜ਼ਿਲਾ ਨਸ਼ਾ ਮੁਕਤੀ ਟੀਮ ਦੇ ਜ਼ਿਲ੍ਹਾ ਪ੍ਰਧਾਨ ਡਾ: ਅਰਸ਼ਦੀਪ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦੇ ਹੋਏ ਦੱਸਿਆ ਕਿ ਸਾਡੀ ਜ਼ਿਲ੍ਹਾ ਟੀਮ ਵੱਲੋਂ ਪ੍ਰਕਾਸ਼ ਦਿਹਾੜੇ ਮੌਕੇ ਡੇਰਾ ਬਾਬਾ ਨਾਨਕ ਵਿਖੇ ਖ਼ੂਨਦਾਨ ਕੈਂਪ ਅਤੇ ਮੈਡੀਕਲ ਕੈਂਪ ਲਗਾਇਆ ਗਿਆ ਹੈ ਤੇ ਜਿਸ ਵਿੱਚ ਲੋਕਾਂ ਦਾ ਚੈੱਕਅਪ ਕਰਕੇ ਫਰੀ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ ਤੇ ਉਥੇ ਹੀ ਹੁਣ ਤੱਕ ਕਰੀਬ 51 ਨੌਜਵਾਨਾਂ ਵੱਲੋਂ ਖ਼ੂਨਦਾਨ ਕੀਤਾ ਗਿਆ ਹੈ ਤੇ ਸ਼ਾਮ ਤੱਕ ਸਾਡਾ 100 ਯੂਨਿਟ ਖੂਨ ਦਾਨ ਕਰਨ ਦਾ ਟੀਚਾ ਹੈ।ਖ਼ੂਨ ਦਾਨ ਕਰਨ ਵਾਲੇ ਨੌਜਵਾਨਾਂ ਨੂੰ ਸਰਟੀਫਿਕੇਟ ਅਤੇ ਸਨਮਾਨ ਚਿੰਨ ਨਾਲ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਡਾਕਟਰ ਅਰਸ਼ਦੀਪ ਸਿੰਘ ਜ਼ਿਲਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ, ਕੁਲਵਿੰਦਰ ਸਿੰਘ ਬੇਦੀ ਵਾਈਸ ਪ੍ਰਧਾਨ ਨਗਰ ਕੌਂਸਲ, ਸਰਪੰਚ ਦਲਬੀਰ ਸਿੰਘ ਧਾਲੀਵਾਲ ਰਾਜੇਕੇ, ਰਾਜਵਿੰਦਰ ਸਿੰਘ ਰਾਜੂ ਹਰਦੋਰਵਾਲ, ਸਰਪੰਚ ਸਤਨਾਮ ਸਿੰਘ ਵੈਰੋਕੇ, ਤਰਨਦੀਪ ਸਿੰਘ ਪੱਖੋਕੇ, ਅੰਮ੍ਰਿਤਪਾਲ ਸਿੰਘ, ਹਰਦੇਵ ਸਿੰਘ ਹੁਰਵਾਲ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ, ਭੁਪਿੰਦਰ ਸਿੰਘ ਵੈਰੋਕੇ, ਗੁਰਵਿੰਦਰ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਲੰਟੀਅਰ ਹਾਜ਼ਰ ਸਨ।

# ਆਪ ਵੱਲੋਂ ਅਕਾਲੀ ਉਮੀਦਵਾਰ ਦੇ ਪਰਵਾਰਕ ਮੈਂਬਰਾਂ ਦੀ ਰੇਕੀ ਕੀਤੀ ਜਾ ਰਹੀ : ਕਲੇਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਨੇ ਕਿਹਾ ਹੈ ਕਿ ਤਰਨ ਤਾਰਨ ਜ਼ਿਮਨੀ ਚੋਣ ਵਿਚ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਨੂੰ ਆਪਣੀ ਹਾਰ ਕੰਧ 'ਤੇ ਲਿਖੀ ਨਜ਼ਰ ਆ ਗਈ ਹੈ ਤੇ ਉਹ ਬੌਖਲਾਹਟ ਵਿਚ ਆ ਕੇ ਅਕਾਲੀ ਦਲ ਦੇ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੀ ਸਪੁੱਤਰੀ ਕੰਚਨਪ੍ਰੀਤ ਕੌਰ ਤੇ ਹੋਰ ਪਰਵਾਰਕ ਮੈਂਬਰਾਂ ਦੀ ਰੇਕੀ ਕਰਨ ਲੱਗ ਪਈ ਹੈ।ਅਕਾਲੀ ਦਲ ਦੇ ਮੁੱਖ ਬੁਲਾਰੇ ਐਡਵੋਕੇਟ ਕਲੇਰ ਨੇ ਕਿਹਾ ਕਿ ਬਹੁਤ ਹੈਰਾਨੀ ਵਾਲੀ ਗੱਲ ਹੈ ਕਿ ਪਿਛਲੇ ਦੋ ਦਿਨਾਂ ਤੋਂ ਇਕ ਕਾਰ ਲਗਾਤਾਰ ਕੰਚਨਪ੍ਰੀਤ ਕੌਰ ਦੇ ਕਾਫਲੇ ਦਾ ਪਿੱਛਾ ਕਰ ਰਹੀ ਸੀ। ਅੱਜ ਜਦੋਂ ਅਕਾਲੀ ਦਲ ਦੇ ਕਾਰਕੁੰਨਾਂ ਨੇ ਕਾਰ ਨੂੰ ਰੋਕਿਆ ਤਾਂ ਉਸ ਵਿਚੋਂ ਦੋ ਸਵਾਰ ਨਿਕਲੇ ਜਿਹਨਾਂ ਨੇ ਆਪਣੇ ਆਪ ਨੂੰ ਪੁਲਸ ਦੇ ਮੁਲਾਜ਼ਮ ਦੱਸ ਰਹੇ ਸਨ ਤੇ ਉਹਨਾਂ ਦਾ ਕਹਿਣਾ ਸੀ ਕਿ ਸਾਡੀ ਡਿਊਟੀ ਲੱਗੀ ਹੈ ਕਿ ਅਸੀਂ ਵੇਖੀਏ ਕਿ ਕੰਚਨਪ੍ਰੀਤ ਕੌਰ ਕਿਥੇ ਕਿਥੇ ਜਾਂਦੀ ਹੈ। ਉਹਨਾਂ ਕਿਹਾ ਕਿ ਇਹ ਪੁਲਸ ਮੁਲਾਜ਼ਮ ਕਦੇ ਤਾਂ ਆਖਦੇ ਹਨ ਕਿ ਉਹਨਾਂ ਦੀ ਡਿਊਟੀ ਐਸ ਪੀ ਰਿਪੁਦਮਨ ਸਿੰਘ ਨੇ ਲਗਾਈ ਹੈ ਤੇ ਕਦੇ ਕਹਿੰਦੇ ਹਨ ਕਿ ਸੀ ਆਈ ਦੇ ਇੰਚਾਰਜ ਪ੍ਰਭਦੀਪ ਸਿੰਘ ਨੇ ਉਹਨਾਂ ਦੀ ਡਿਊਟੀ ਲਗਾਈ ਹੋਈ ਹੈ।ਉਹਨਾਂ ਕਿਹਾ ਕਿ ਇਹ ਮੁਲਾਜ਼ਮ ਆਪਣੇ ਪਛਾਣ ਪੱਤਰ ਵੀ ਨਹੀਂ ਵਿਖਾ ਸਕੇ।ਉਹਨਾਂ ਕਿਹਾ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਆਪ ਸਰਕਾਰ ਅਜਿਹੀਆਂ ਕੋਝੀਆਂ ਹਰਕਤਾਂ 'ਤੇ ਉਤਰ ਆਈ ਹੈ ਤੇ ਹੁਣ ਅਕਾਲੀ ਉਮੀਦਵਾਰ ਦੇ ਪਰਿਵਾਰਕ ਮੈਂਬਰਾਂ ਦੀ ਰੇਕੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਜੇਕਰ ਇਹਨਾਂ ਪਰਿਵਾਰਕ ਜੀਆਂ ਨੂੰ ਕਿਸੇ ਵੀ ਤਰੀਕੇ ਦਾ ਕੋਈ ਨੁਕਸਾਨ ਪਹੁੰਚਿਆ ਤਾਂ ਇਸ ਲਈ ਮੁੱਖ ਮੰਤਰੀ ਭਗਵੰਤ ਮਾਨ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੋਣਗੇ।ਉਹਨਾਂ ਨੇ ਅਫਸਰਾਂ ਨੂੰ ਵੀ ਆਖਿਆ ਕਿ ਉਹ ਸੱਤਾ ਦੇ ਨਸ਼ੇ ਵਿਚ ਚੂਰ ਆਗੂਆਂ ਦੇ ਪਿਛਲੱਗ ਨਾ ਬਣਨ ਕਿਉਂਕਿ 11 ਨਵੰਬਰ ਨੂੰ ਵੋਟਾਂ ਪੈਣ ਮਗਰੋਂ ਅਮਲਾਂ ਦੇ ਨਿਬੇੜੇ ਇਥੇ ਹੀ ਹੋਣੇ ਹਨ।

# ਲੜਕਿਆਂ ਤੇ ਲੜਕੀਆਂ ਦੀ ਬੈਡਮਿੰਟਨ ਟੀਮ ਨੇ ਸਕੂਲ ਦਾ ਮਾਣ ਵਧਾਇਆ



**ਬਟਾਲਾ ( , ਡਾ. ਮਲਵਿੰਦਰ ਸਿੰਘ, ਤਰਲੋਕ ਬੱਗਾ)**- ਆਰ.ਡੀ.ਖੋਸਲਾ ਡੀ.ਏ.ਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਲੜਕਿਆਂ ਦੀ ਅੰਡਰ 11 ਦੀ ਟੀਮ ਵਿੱਚ ਨਵਰਾਜ ਸਿੰਘ, ਵੈਦਿਕ ਸ਼ਰਮਾ, ਸਹਿਜਦੀਪ ਸਿੰਘ, ਏਕਮਜੀਤ ਸਿੰਘ ਅਤੇ ਕਵਿਸ਼ ਸ਼ਰਮਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਸਰਾ ਸਥਾਨ ਹਾਸਲ ਕੀਤਾ ਤੇ ਅੰਡਰ 11 ਲੜਕੀਆਂ ਦੀ ਟੀਮ ਵਿੱਚ ਮਨਸਵੀ , ਚਕਸ਼ੂ, ਕਾਵਿਆ, ਲਾਵੀਨਿਆ ਸ਼ਰਮਾ, ਅਨਿਕਾ ਸ਼ਰਮਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੂਜਾ ਸਥਾਨ ਹਾਸਲ ਕੀਤਾ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਤੇ ਪ੍ਰਿੰਸੀਪਲ ਡਾਕਟਰ ਬਿੰਦੂ ਭੱਲਾ ਨੇ ਸਾਰੇ ਜੇਤੂਆਂ ਉਹਨਾਂ ਦੇ ਮਾਪਿਆਂ ਅਤੇ ਕੋਚ ਸ੍ਰੀਮਤੀ ਸਰੇਸ਼ਟਾ ਸ਼ਰਮਾ ਨੂੰ ਹਾਰਦਿਕ ਵਧਾਈ ਤੇ ਸ਼ੁੱਭਕਾਮਨਾਵਾਂ ਭੇਟ ਕਰਦੇ ਹੋਏ ਕਿਹਾ ਕਿ ਇਹ ਪ੍ਰਾਪਤੀਆਂ ਵਿਦਿਆਰਥੀਆਂ ਦੀ ਸਖਤ ਮਿਹਨਤ ਦਾ ਫਲ ਹਨ ।

# ਸੰਦੀਪ ਕੌਰ ਸੰਧੂ ਤੇ ਗੁਰਭਿੰਦਰ ਸਿੰਘ ਸੰਧੂ ਆਸਟ੍ਰੇਲੀਆ ਨੇ ਬੱਚਿਆਂ ਨੂੰ ਡਾਇਰੀਆਂ, ਰਜਿਸਟਰ ਤੇ ਪੈੱਨ ਵੰਡੇ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਵੱਲੋਂ ਹਰ ਸਾਲ ਦੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਮੌਕੇ ਨਗਰ ਕੀਰਤਨ ਵਿੱਚ ਝੰਡਿਆਂ ਦੀ ਸੇਵਾ ਕਰਨ ਵਾਲੇ ਬੱਚਿਆਂ ਨੂੰ ਕਾਪੀਆਂ ਕਿਤਾਬਾਂ ਤੇ ਪੈੱਨ ਆਦਿ ਸਟੇਸ਼ਨਰੀ ਦਾ ਸਮਾਨ ਭੇਟ ਕੀਤਾ ਜਾਂਦਾ ਹੈ। ਇਸ ਵਾਰ ਇਹ ਸੇਵਾ ਸੰਦੀਪ ਕੌਰ ਸੰਧੂ ਆਸਟ੍ਰੇਲੀਆ ਵੱਲੋਂ ਉਹਨਾਂ ਦੇ ਪਿਤਾ ਮਨਜੀਤ ਸਿੰਘ ਹੋਲਦਾਰ ਵੱਲੋਂ ਨਿਭਾਈ ਗਈ । ਪੰਜ ਪਿਆਰਿਆਂ ਨੂੰ ਸਤਿਕਾਰ ਸਹਿਤ ਡਾਇਰੀਆਂ ਭੇਟ ਕੀਤੀਆਂ ਗਈਆਂ ਤੇ ਝੰਡੀਆਂ ਫੜਨ ਵਾਲੇ ਭੁਜੰਗੀਆਂ ਨੂੰ ਰਜਿਸਟਰ ਤੇ ਪੈੱਨ ਭੇਟ ਕੀਤੇ ਗਏ ਹਨ। ਇਸ ਸੰਬੰਧੀ ਸ਼ਬਦ ਸਾਂਝ ਲਾਇਬ੍ਰੇਰੀ ਦੇ ਸੰਚਾਲਕ ਜਸਦੇਵ ਸਿੰਘ ਮਾਨ ਨੇ ਦੱਸਿਆ ਕੇ ਸਾਡੀ ਟੀਮ ਵੱਲੋਂ ਇਹ ਉਪਰਾਲਾ ਕੀਤਾ ਜਾਦਾ ਹੈ ਤਾਂ ਜੋ ਸੇਵਾ ਕਰਨ ਵਾਲੇ ਬੱਚਿਆਂ ਵਿੱਚ ਉਤਸ਼ਾਹ ਬਣਿਆ ਰਹੇ ਤੇ ਉਹ ਗੁਰਬਾਣੀ ਨਾਲ ਜੁੜਨ। ਸਾਡੀ ਸਮੁੱਚੀ ਟੀਮ ਵੱਲੋਂ ਸੰਦੀਪ ਕੌਰ ਸੰਧੂ ਆਸਟ੍ਰੇਲੀਆ ਦੀ ਬੇਹੱਦ ਧੰਨਵਾਦੀ ਹੈ ਜਿਹਨਾਂ ਸਾਡਾ ਇਸ ਕੰਮ ਲਈ ਸਹਿਯੋਗ ਕੀਤਾ ਹੈ।ਇਸ ਮੌਕੇ ਪ੍ਰਧਾਨ ਸੁਖਜਿੰਦਰ ਸਿੰਘ, ਬਾਬਾ ਬਲਦੇਵ ਸਿੰਘ, ਜਸਪਾਲ ਸਿੰਘ ਸਰਪੰਚ, ਪ੍ਰੇਮ ਸਿੰਘ ਮਾਨ, ਰਣਜੀਤ ਸਿੰਘ ਹਲਵਾਈ, ਬਾਬਾ ਬਲਵਿੰਦਰ ਸਿੰਘ, ਸਿਮਰ ਮਾਨ, ਬਲਵਿੰਦਰ ਸਿੰਘ ਮੁਲਾਜ਼ਮ, ਸੁਖਬੀਰ ਸਿੰਘ ਸੰਧੂ,ਹਰਦੇਵ ਸਿੰਘ, ਜਰਨੈਲ ਸਿੰਘ ਆਦਿ ਹਾਜ਼ਰ ਸਨ।

# ਵੋਟਰ ਕਰਨਬੀਰ ਸਿੰਘ ਬੁਰਜ ਨੂੰ ਵੱਡੀ ਲੀਡ ਨਾਲ ਜਿਤਾਉਣਗੇ : ਰਾਜਬੀਰ ਸਿੰਘ ਪੱਖੋਕੇ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਸਾਬਕਾ ਵਿਧਾਇਕ ਸ੍ਰ: ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਪੰਜਾਬ ਦੇ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਪਿੰਡ ਪੰਜਵੜ ਕਲਾਂ ਵਿੱਚ ਡੋਰ ਟੂ ਡੋਰ ਪ੍ਰਚਾਰ ਕਰਦਿਆਂ ਕਿਹਾ ਕਿ ਤਰਨਤਾਰਨ ਦੇ ਵੋਟਰ 11 ਤਰੀਕ ਦੀ ਉਡੀਕ ਬੜੀ ਬੇਸਬਰੀ ਨਾਲ ਕਰ ਰਹੇ ਹਨ ਕਿਉਂਕਿ ਜਿੰਨਾ ਵੀ ਵਿਕਾਸ ਹੋਇਆ ਉਹ ਕਾਂਗਰਸ ਸਰਕਾਰ ਵੇਲੇ ਹੋਇਆ। ਆਪ ਸਰਕਾਰ ਨੇ ਤਾਂ ਪਿੰਡਾਂ ਵਿੱਚ ਇੱਕ ਇੱਟ ਤੱਕ ਨਹੀਂ ਲਾਈ। ਪੱਖੋਕੇ ਨੇ ਕਿਹਾ ਕਿ ਸਰਕਾਰ ਆਉਣ ਤੇ ਤਰਨਤਾਰਨ ਹਲਕੇ ਵਿੱਚ ਵਿਕਾਸ ਦੀਆਂ ਹਨੇਰੀਆਂ ਲਿਆ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਕਰਨਬੀਰ ਸਿੰਘ ਬੁਰਜ ਦੀ ਹਲਕੇ ਵਿੱਚ ਬਹੁਤ ਵਧੀਆ ਆਵਾਜ਼ ਆ ਰਹੀ ਹੈ, ਕਰਨਬੀਰ ਸਿੰਘ ਬਹੁਤ ਵੱਡੀ ਲੀਡ ਨਾਲ ਜਿੱਤਣਗੇ।ਬਾਕੀ ਅਕਾਲੀ ਦਲ ਤੇ ਹੋਰ ਪਾਰਟੀਆਂ ਦੀ ਹਾਲਤ ਕਾਫੀ ਢਿੱਲੀ ਲੱਗ ਰਹੀ ਹੈ। ਇਸ ਮੌਕੇ ਪੱਖੋਕੇ ਨਾਲ ਜੱਸ ਮਾਨੋਚਾਹਲ, ਜਗਬੀਰ ਸਿੰਘ ਪੰਜਵੜ੍ਹ, ਕਰਤਾਰ ਸਿੰਘ ਕੱਲਾ, ਜੁਵਰਾਜ ਸਿੰਘ ਬਾਠ, ਸੁਬੇਗ ਸਿੰਘ ਮਾਲਚੱਕ ਅਤੇ ਕਿਸ਼ਨ ਸਿੰਘ ਪੱਖੋਕੇ ਆਦਿ ਹਾਜ਼ਰ ਸਨ।

# ਮਾਨ ਸਰਕਾਰ ਨੌਜਵਾਨਾਂ ਲਈ ਸੂਬੇ 'ਚ ਬਣਾ ਰਹੀ ਹੈ 3,000 ਤੋਂ ਵੱਧ ਖੇਡ ਮੈਦਾਨ : ਪਰਮਿੰਦਰ ਗੋਲਡੀ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਆਮ ਆਦਮੀ ਪਾਰਟੀ ਪੰਜਾਬ ਦੇ ਯੂਥ ਲੀਡਰ ਪਰਮਿੰਦਰ ਗੋਲਡੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪੰਜਾਬ ਭਰ ਵਿੱਚ 3,100 ਤੋਂ ਵੱਧ ਅਤਿ-ਆਧੁਨਿਕ ਖੇਡ ਸਟੇਡੀਅਮ ਬਣਾਉਣ ਦੇ ਇਤਿਹਾਸਕ ਪ੍ਰੋਜੈਕਟ ਦੀ ਸ਼ੁਰੂਆਤ ਕਰਨ ਲਈ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਰੰਗਲਾ ਪੰਜਾਬ ਬਣਾਉਣ ਅਤੇ ਰਾਜ ਦੇ ਨੌਜਵਾਨਾਂ ਨੂੰ ਖੇਡਾਂ ਅਤੇ ਅਨੁਸ਼ਾਸਨ ਰਾਹੀਂ ਨਸ਼ਿਆਂ ਵਿਰੁੱਧ ਲੜਨ ਲਈ ਸਮਰੱਥ ਬਣਾਉਣ ਵੱਲ ਇੱਕ ਫੈਸਲਾਕੁੰਨ ਕਦਮ ਹੈ।ਗੋਲਡੀ ਨੇ ਕਿਹਾ ਕਿ ਮਾਨ ਸਰਕਾਰ ਨੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਕੇ, ਹਜ਼ਾਰਾਂ ਮੌਕੇ ਪੈਦਾ ਕਰਕੇ ਅਤੇ ਬਿਨਾਂ ਕਿਸੇ ਡਰ ਜਾਂ ਪੱਖ ਦੇ ਡਰੱਗ ਮਾਫੀਆ ਨੂੰ ਕੁਚਲ ਕੇ ਯੁੱਧ ਨਸ਼ਿਆਂ ਵਿਰੁੱਧ ਜੰਗ ਛੇੜਨ ਵਿੱਚ ਬੇਮਿਸਾਲ ਦ੍ਰਿੜਤਾ ਦਿਖਾਈ ਹੈ।ਉਨ੍ਹਾਂ ਕਿਹਾ ਕਿ ਖੇਡਾਂ ਇਸ ਲੜਾਈ ਵਿੱਚ ਸਭ ਤੋਂ ਮਜ਼ਬੂਤ ਹਥਿਆਰ ਹਨ ਜਦੋਂਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਨਸ਼ਿਆਂ 'ਚ ਧੱਕ ਦਿੱਤਾ ਸੀ, 'ਆਪ' ਬਾਹਰ ਕੱਢ ਰਹੀ ਹੈ।ਵਿਰੋਧੀ ਧਿਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਗੋਲਡੀ ਨੇ ਕਿਹਾ ਕਿ ਅਖੌਤੀ ਨੇਤਾ ਜੋ ਕਦੇ ਨਸ਼ਾ ਤਸਕਰੀ ਤੋਂ ਮੁਨਾਫ਼ਾ ਕਮਾਉਂਦੇ ਸਨ, ਹੁਣ ਮਾਨ ਸਰਕਾਰ ਦੀ ਸਖ਼ਤ ਕਾਰਵਾਈ ਅਧੀਨ ਸਲਾਖਾਂ ਪਿੱਛੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੇ ਪੰਜਾਬ ਦਾ ਭਵਿੱਖ ਪੈਸੇ ਲਈ ਵੇਚ ਦਿੱਤਾ ਸੀ, ਉਹ ਅੱਜ ਕੀਮਤ ਭੁਗਤ ਰਹੇ ਹਨ। ਇਹ ਨਵਾਂ ਪੰਜਾਬ ਹੈ, ਜਿੱਥੇ ਖੇਡਾਂ, ਇਮਾਨਦਾਰੀ ਅਤੇ ਮਿਹਨਤ ਦਾ ਜਸ਼ਨ ਮਨਾਇਆ ਜਾਂਦਾ ਹੈ, ਭ੍ਰਿਸ਼ਟਾਚਾਰ ਅਤੇ ਅਪਰਾਧ ਦਾ ਨਹੀਂ।ਗੋਲਡੀ ਨੇ ਤਰਨਤਾਰਨ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਵੋਟ ਪਾਉਣ ਤਾਂ ਜੋ ਮੁੱਖ ਮੰਤਰੀ ਮਾਨ ਦੇ ਨਸ਼ਾ ਮੁਕਤ, ਖੇਡਾਂ-ਅਧਾਰਤ ਅਤੇ ਖੁਸ਼ਹਾਲ ਪੰਜਾਬ ਦੇ ਮਿਸ਼ਨ ਨੂੰ ਮਜ਼ਬੂਤ ਕੀਤਾ ਜਾ ਸਕੇ।

# ਗੁ. ਬੇਬੇ ਨਾਨਕੀ ਧਾਰੀਵਾਲ ਤੋਂ ਪ੍ਰਕਾਸ਼ ਦਿਹਾੜੇ ਮੌਕੇ ਨਗਰ ਕੀਰਤਨ ਸਜਾਇਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਗੁਰਦੁਆਰਾ ਬੇਬੇ ਨਾਨਕੀ ਜੀ ਧਾਰੀਵਾਲ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਤਰਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਸ਼ਹਿਰ ਧਾਰੀਵਾਲ ਦੇ ਸਾਰੇ ਬਜ਼ਾਰਾਂ ਵਿੱਚੋਂ ਹੋ ਕੇ ਪਿੰਡ ਰਣੀਆਂ ਤੋਂ ਵਾਪਿਸ ਨਵੀਂ ਅਬਾਦੀ, ਸ਼ਾਹ ਪੈਟਰੋਲ ਪੰਪ ਤੋਂ ਮੁੜ ਵਾਪਿਸ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਅਰੰਭਿਕ ਸਥਾਨ 'ਤੇ ਸਮਾਪਤ ਹੋਇਆ। ਨਗਰ ਕੀਰਤਨ ਦਾ ਸ਼ਰਧਾਲੂਆਂ ਵੱਲੋਂ-ਵੱਖ ਥਾਵਾਂ 'ਤੇ ਭਰਵਾਂ ਸਵਾਗਤ ਕੀਤਾ ਅਤੇ ਲੰਗਰ ਲਗਾਏ ਗਏ। ਨਗਰ ਕੀਰਤਨ ਦੌਰਾਨ ਗੁਰਮਤਿ ਪ੍ਰਚਾਰ ਲਹਿਰ ਗਤਕਾ ਜਥਾ ਧਾਰੀਵਾਲ ਦੇ ਜਥੇਦਾਰ ਪ੍ਰਦੀਪ ਸਿੰਘ ਸੇਵਕ ਸਮੇਤ ਗਤਕਾ ਖਿਡਾਰੀਆਂ ਨੇ ਗਤਕੇ ਦੇ ਆਕਰਸ਼ਕ ਜੌਹਰ ਦਿਖਾਏ। ਇਸ ਨਗਰ ਕੀਰਤਨ ਵਿੱਚ ਸ਼ਹਿਰ ਦੇ ਵੱਖ ਵੱਖ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਵੀ ਸ਼ਮੂਲੀਅਤ ਕੀਤੀ। ਨਗਰ ਕੀਰਤਨ ਵਿੱਚ ਗੁਰਦੁਆਰਾ ਬੇਬੇ ਨਾਨਕੀ ਜੀ ਧਾਰੀਵਾਲ ਦੇ ਪ੍ਰਧਾਨ ਅਮਰਜੀਤ ਸਿੰਘ ਹੈਪੀ ਗੁਣੀਆ, ਗੁਰਜੀਤ ਸਿੰਘ ਲੇਹਲ, ਪਲਵਿੰਦਰ ਸਿੰਘ ਤੇਜਾ, ਪ੍ਰਿੰ. ਹਰਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਪਟਵਾਰੀ ਕੁਲਦੀਪ ਸਿੰਘ, ਕੇਵਲ ਸਿੰਘ, ਗੁਰਪ੍ਰੀਤ ਸਿੰਘ ਹੈੱਡ ਗ੍ਰੰਥੀ, ਕਰਮਚਾਰੀ ਦਲ ਦੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ, ਸਕੱਤਰ ਸੁਖਵਿੰਦਰ ਸਿੰਘ ਗਿੱਲ, ਸੇਵਾ ਮੁਕਤ ਬੀਡੀਪੀਓ ਜਗੀਰ ਸਿੰਘ ਜੌਹਲ, ਡਾ: ਗੁਰਜਿੰਦਰ ਸਿੰਘ, ਕੁਲਜੀਤ ਸਿੰਘ ਕੋਟ ਸੰਤੋਖ ਰਾਏ, ਭਜਨ ਸਿੰਘ ਭਾਟੀਆ ਦੂਲੂਆਣਾ, ਇੰਦਰਪਾਲ ਸਿੰਘ ਅਰੋੜਾ, ਦਲਜੀਤ ਸਿੰਘ ਛੋਟੇਪੁਰ, ਅਮਰੀਕ ਸਿੰਘ ਖੈਹਿਰਾ, ਗੁਰਮੇਜ ਸਿੰਘ, ਜਸਵਿੰਦਰ ਸਿੰਘ ਨੰਗਲ, ਬਲਦੇਵ ਸਿੰਘ ਨਿਮਾਣਾ, ਸੇਵਾ ਮੁਕਤ ਐੱਸਡੀਓ ਚਮਨ ਲਾਲ ਸਿੰਘ ਸੋਹਲ, ਕਸ਼ਮੀਰ ਸਿੰਘ ਚਾਹਲ, ਬਲਰਾਜ ਸਿੰਘ ਵਿਰਕ ਆਦਿ ਸਮੇਤ ਸ਼ਹਿਰ ਵਾਸੀ ਅਤੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸਾਮਲ ਸਨ।

# ਸ਼ਿਕਾਇਤ ਕਰਨ ਪਹੁੰਚੇ ਮਾਪਿਆਂ 'ਤੇ ਹਮਲਾ, ਪਿਤਾ ਗੰਭੀਰ ਜ਼ਖ਼ਮੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਨਾਬਾਲਿਗ਼ ਲੜਕੀ ਨੂੰ ਛੇੜਨ 'ਤੇ ਮਾਪੇ ਜਦੋਂ ਸ਼ਿਕਾਇਤ ਲੈ ਕੇ ਨਾਈ ਦੀ ਦੁਕਾਨ 'ਤੇ ਪਹੁੰਚੇ ਤਾਂ ਬਜਾਏ ਆਪਣੀ ਗ਼ਲਤੀ ਮੰਨਣ ਦੇ ਕਥਿਤ ਤੌਰ 'ਤੇ ਦੋਸ਼ੀ ਅਤੇ ਉਸ ਦੇ ਭਰਾ ਨੇ ਮਾਂ ਅਤੇ ਪਿਉ 'ਤੇ ਹਮਲਾ ਕਰ ਦਿੱਤਾ।ਹਮਲੇ 'ਚ ਪਿਤਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਅਤੇ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ।ਪਿਤਾ ਅਬਦੁਲ ਸਤਾਰ ਜੋ ਕਿ ਇੱਕ ਧਾਰਮਿਕ ਸੰਸਥਾ ਵਿੱਚ ਸਿਕਉਰਿਟੀ ਕਰਦਾ ਹੈ, ਦੇ ਸਿਰ ਅਤੇ ਨੱਕ 'ਤੇ ਗੰਭੀਰ ਸੱਟਾਂ ਵੱਜੀਆਂ ਹਨ।ਸਿਵਿਲ ਲਾਈਨ 'ਚ ਸਥਿਤ ਇਕ ਹੇਅਰ ਡਰੈਸਰ ਦੀ ਦੁਕਾਨ 'ਤੇ ਕੰਮ ਕਰਨ ਵਾਲਾ ਨੌਜਵਾਨ 13 ਸਾਲਾ ਲੜਕੀ ਦਾ ਪਿੱਛਾ ਕਰਦਾ ਉਸ ਦੇ ਘਰ ਦੇ ਕੋਲ ਪਹੁੰਚ ਗਿਆ ਅਤੇ ਚਾਕਲੇਟ ਦੇਣ ਦੀ ਕੋਸ਼ਿਸ਼ ਕੀਤੀ।ਬੱਚੀ ਨੇ ਸ਼ੋਰ ਮਚਾ ਦਿੱਤਾ।ਪੀੜਤ ਵਿਅਕਤੀ ਅਬਦੁਲ ਸੱਤਾਰ ਨੇ ਦੱਸਿਆ ਕਿ ਉਹ ਹੇਅਰ ਡਰੈਸਰ ਦੀ ਦੁਕਾਨ 'ਤੇ ਸ਼ਿਕਾਇਤ ਲੈ ਕੇ ਪਹੁੰਚ ਗਏ।ਲੜਕੀ ਨਾਲ ਛੇੜਛਾੜ ਕਰਨ ਵਾਲੇ ਨੌਜਵਾਨ ਨੇ ਅਬਦੁਲ ਸੱਤਾਰ 'ਤੇ ਦਾਤਰ ਨਾਲ ਹਮਲਾ ਕਰ ਦਿੱਤਾ ਅਤੇ ਸਿਰ ਤੇ ਨੱਕ ਤੇ ਗੰਭੀਰ ਸੱਟਾਂ ਲਗਾ ਦਿੱਤੀਆਂ।ਮਾਮਲੇ ਨੂੰ ਲੈ ਕੇ ਲੋਕਾਂ 'ਚ ਕਾਫ਼ੀ ਗੁੱਸਾ ਪਾਇਆ ਜਾ ਰਿਹਾ ਹੈ। ਪੀੜਤ ਵਿਅਕਤੀ ਵੱਲੋਂ ਪੁਲਸ ਨੂੰ ਲਿਖਤੀ ਸ਼ਿਕਾਇਤ ਦੇ ਦਿੱਤੀ ਗਈ ਹੈ।ਐੱਸਐੱਚਓ ਕਾਦੀਆਂ ਗੁਰਮੀਤ ਸਿੰਘ ਨੇ ਦੱਸਿਆ ਕਿ ਪੀੜਤ ਵਿਅਕਤੀ ਦੀ ਸ਼ਿਕਾਇਤ ਪ੍ਰਾਪਤ ਹੋ ਗਈ ਹੈ। ਐੱਮ ਐੱਲ ਆਰ ਮਿਲਣ 'ਤੇ ਕਥਿਤ ਦੋਸ਼ਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਰੇਨਬੋ ਸਕੂਲ 'ਚ ਸਪੋਰਟਸ ਡੇ ਮੌਕੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਰੇਨਬੋ ਸਕੂਲ ਕਾਦੀਆਂ ਨੇ ਸਪੋਰਟਸ ਡੇ ਦਾ ਆਯੋਜਨ ਕੀਤਾ।ਇਸ ਮੌਕੇ ਤੇ ਵੱਖ-ਵੱਖ ਪ੍ਰਕਾਰ ਦੀ ਖੇਡ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ।ਛੋਟੇ ਛੋਟੇ ਸਕੂਲੀ ਬੱਚਿਆ ਨੇ ਜਿੱਥੇ ਸ਼ਾਨਦਾਰ ਯੋਗਾ ਕਰ ਕੇ ਦਰਸ਼ਕਾਂ ਦਾ ਮਨ ਮੋਹ ਲਿਆ ਉਥੇ ਸਕੂਲ ਪ੍ਰਬੰਧਕਾਂ ਅਤੇ ਸਟਾਫ਼ ਦੇ ਸਹਿਯੋਗ ਨਾਲ ਵੱਖ -ਵੱਖ ਖੇਡ ਮੁਕਾਬਲੇ ਕਰਵਾਏ। ਵਿਦਿਆਰਥੀਆਂ ਦੇ ਮਾਪਿਆਂ ਨੂੰ ਵੀ ਸਕੂਲ ਪ੍ਰਬੰਧਕਾਂ ਨੇ ਮਿਊਜ਼ੀਕਲ ਚੇਅਰ ਅਤੇ ਹੋਰ ਖੇਡ ਮੁਕਾਬਲਿਆਂ ਵਿੱਚ ਹਿੱਸਾ ਦਿੱਤਾ ਜਿਸ ਦੇ ਨਾਲ ਵਿਦਿਆਰਥੀਆਂ ਦਾ ਹੌਸਲਾ ਵਧਿਆ।ਸਕੂਲ ਦੀ ਪ੍ਰਿੰਸੀਪਲ ਸਾਇਰਾ ਸ਼ਮੀਮ ਅਤੇ ਪ੍ਰਬੰਧਕ ਰੂਹੀ ਨੇ ਦੱਸਿਆ ਕਿ ਅਸੀਂ ਆਪਣੇ ਸਕੂਲ ਦੇ ਬੱਚਿਆ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰ ਰਹੇ ਹਾਂ।ਉਨ੍ਹਾਂ ਕਿਹਾ ਕਿ ਬੱਚੇ ਦੇਸ਼ ਦਾ ਭਵਿਖ ਹੁੰਦੇ ਹਨ।ਅਸੀਂ ਦੇਸ਼ ਨੂੰ ਬੇਹਤਰੀਨ ਪੜ੍ਹੇ ਲਿਖੇ ਨੌਜਵਾਨ ਤਿਆਰ ਕਰ ਕੇ ਦੇਵਾਂਗੇ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਦੇ ਆਯੋਜਨਾਂ ਨਾਲ ਬੱਚੇ ਜਿੱਥੇ ਖ਼ੁਸ਼ੀ ਖ਼ੁਸ਼ੀ ਸਕੂਲ ਜਾਦੇ ਹਨ ਉਥੇ ਉਹ ਅਨੁਸ਼ਾਸਨ ਵਿੱਚ ਰਹਿਣਾ ਵੀ ਸਿਖਦੇ ਹਨ।ਇਸ ਮੌਕੇ ਬੱਚਿਆ ਨੇ ਰੰਗਾ ਰੰਗ ਪ੍ਰੋਗਰਾਮ ਵੀ ਪੇਸ਼ ਕੀਤੇ।ਇਸ ਮੌਕੇ ਤੇ ਕਾਸ਼ਿਫ਼, ਰੂਹੀ, ਸ਼ਮਸੂਦੀਨ ਸਮੇਤ ਸਮੂਹ ਸਟਾਫ਼ ਅਤੇ ਪਤਵੰਤੇ ਸਜੱਣ ਹਾਜ਼ਰ ਸਨ। ਇਸ ਮੌਕੇ ਤੇ ਵਿਦਿਆਰਥੀਆਂ ਨੂੰ ਇਨਾਮ ਵੀ ਵੰਡੇ ਗਏ।

# ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕੇਂਦਰੀ ਜੇਲ੍ਹ ਅੰਮ੍ਰਿਤਸਰ ਦਾ ਕੀਤਾ ਅਚਨਚੇਤ ਨਿਰੀਖਣ



**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਮੈਡਮ ਜਤਿੰਦਰ ਕੌਰ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਅੰਮ੍ਰਿਤਸਰ ਵੱਲੋਂ ਸੈਂਟਰਲ ਜੇਲ੍ਹ ਅੰਮ੍ਰਿਤਸਰ ਦਾ ਅਚਾਨਕ ਨਿਰੀਖਣ ਕੀਤਾ ਗਿਆ।ਨਿਰੀਖਣ ਦੌਰਾਨ ਅਮਰਦੀਪ ਸਿੰਘ ਬੈਂਸ, ਸਚਿਵ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਵੀ ਮੌਜੂਦ ਸਨ।ਇਹ ਮਾਨਯੋਗ ਜੱਜ ਵੱਲੋਂ ਅੰਮ੍ਰਿਤਸਰ ਵਿੱਚ ਜ਼ਿਲ੍ਹਾ ਤੇ ਸੈਸ਼ਨ ਜੱਜ ਦੇ ਤੌਰ 'ਤੇ ਚਾਰਜ ਸੰਭਾਲਣ ਤੋਂ ਬਾਅਦ ਪਹਿਲਾ ਜੇਲ੍ਹ ਨਿਰੀਖਣ ਸੀ।ਨਿਰੀਖਣ ਦਾ ਉਦੇਸ਼ ਜੇਲ੍ਹ ਦੀ ਕੁੱਲ ਸਥਿਤੀ ਦਾ ਜਾਇਜ਼ਾ ਲੈਣਾ ਸੀ, ਜਿਸ ਵਿੱਚ ਕੈਦੀਆਂ ਦੀ ਭਲਾਈ, ਸਫਾਈ ਪ੍ਰਬੰਧ, ਚਿਕਿਤਸਾ ਸੇਵਾਵਾਂ, ਖੁਰਾਕ ਦੀ ਗੁਣਵੱਤਾ ਅਤੇ ਕਾਨੂੰਨੀ ਸਹਾਇਤਾ ਦੇ ਪ੍ਰਬੰਧਾਂ ਤੇ ਖਾਸ ਧਿਆਨ ਦਿੱਤਾ ਗਿਆ।ਨਿਰੀਖਣ ਦੌਰਾਨ ਮਾਨਯੋਗ ਜੱਜ ਨੇ ਨਿਆਂਇਕ ਅਧਿਕਾਰੀਆਂ ਅਤੇ ਜੇਲ੍ਹ ਪ੍ਰਸ਼ਾਸਨ ਨਾਲ ਮਿਲ ਕੇ ਪੁਰਸ਼ ਅਤੇ ਮਹਿਲਾ ਬੈਰਕਾਂ, ਜੇਲ੍ਹ ਹਸਪਤਾਲ, ਰਸੋਈ (ਲੰਗਰ), ਜੇਲ ਫੈਕਟਰੀ ਅਤੇ ਜੇਲ ਕਾਨੂੰਨੀ ਸਹਾਇਤਾ ਕਲੀਨਿਕ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਕੈਦੀਆਂ ਨਾਲ ਗੱਲਬਾਤ ਵੀ ਕੀਤੀ, ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਕਾਨੂੰਨੀ ਸਾਖਰਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਮਾਨਯੋਗ ਜੱਜ ਵੱਲੋਂ ਜੇਲ੍ਹ ਪ੍ਰਸ਼ਾਸਨ ਨੂੰ ਹਦਾਇਤਾਂ ਦਿੱਤੀਆਂ ਗਈਆਂ ਕਿ ਉਹ ਸੁਵਿਧਾਵਾਂ ਵਿੱਚ ਸੁਧਾਰ ਕਰੇ ਅਤੇ ਕੈਦੀਆਂ ਦੇ ਅਧਿਕਾਰਾਂ ਦੀ ਰੱਖਿਆ ਲਈ ਸੰਬੰਧਿਤ ਕਾਨੂੰਨੀ ਪ੍ਰਬੰਧਾਂ ਦੀ ਪੂਰੀ ਪਾਲਣਾ ਯਕੀਨੀ ਬਣਾਏ।ਜੇਲ੍ਹ ਵਿੱਚ ਤਿਆਰ ਕੀਤਾ ਗਿਆ ਖਾਣਾ ਜਾਂਚਿਆ ਤੇ ਚੱਖਿਆ ਗਿਆ ਜੋ ਸੰਤੋਸ਼ਜਨਕ ਪਾਇਆ ਗਿਆ।ਜੇਲ੍ਹ ਹਸਪਤਾਲ ਦੀ ਵੀ ਜਾਂਚ ਕੀਤੀ ਗਈ ਅਤੇ ਮਰੀਜ਼ ਕੈਦੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸ਼ਿਕਾਇਤਾਂ ਜੇਲ੍ਹ ਦੇ ਡਾਕਟਰਾਂ ਨੂੰ ਦੱਸੀਆਂ। ਜੇਲ੍ਹ ਦੀ ਰਸੋਈ (ਲੰਗਰ) ਦਾ ਵੀ ਨਿਰੀਖਣ ਕੀਤਾ ਗਿਆ ਅਤੇ ਜੇਲ੍ਹ ਅਧਿਕਾਰੀਆਂ ਨੂੰ ਸਾਫ਼-ਸੁਥਰਾ ਅਤੇ ਸੁਰੱਖਿਅਤ ਖਾਣਾ ਕੈਦੀਆਂ ਨੂੰ ਪ੍ਰਦਾਨ ਕਰਨ ਲਈ ਨਿਰਦੇਸ਼ ਦਿੱਤੇ ਗਏ।

# ਧਰਮੀ ਫੌਜੀ ਪਰਵਾਰਾਂ ਵੱਲੋਂ 'ਆਪ' ਨੂੰ ਸਮਰਥਨ, ਮੁੱਖ ਮੰਤਰੀ ਵੱਲੋਂ ਮਸਲੇ ਹੱਲ ਕਰਨ ਦਾ ਭਰੋਸਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਤਰਨਤਾਰਨ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਚੋਣ ਮੁਹਿੰਮ ਨੂੰ ਉਸ ਵੇਲੇ ਵੱਡਾ ਹੁਲਾਰਾ ਮਿਲਿਆ ਜਦੋਂ ਸਮੂਹ ਧਰਮੀ ਫੌਜੀ ਪਰਿਵਾਰ ਵੈੱਲਫੇਅਰ ਬੋਰਡ ਜੱਥੇਬੰਦੀ ਨੇ ਆਪ ਨੂੰ ਹਮਾਇਤ ਦੇਣ ਦਾ ਐਲਾਨ ਕਰ ਦਿੱਤਾ।ਇਹ ਫੈਸਲਾ ਆਪ ਦੇ ਸੀਨੀਅਰ ਆਗੂ ਅਤੇ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀ ਅਗਵਾਈ ਹੇਠ ਜਥੇਬੰਦੀ ਦੇ ਆਗੂਆਂ ਦੀ ਮੁੱਖ ਮੰਤਰੀ ਭਗਵੰਤ ਮਾਨ ਨਾਲ ਹੋਈ ਇੱਕ ਅਹਿਮ ਮੀਟਿੰਗ ਤੋਂ ਬਾਅਦ ਲਿਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਇਹ ਮੀਟਿੰਗ ਬਹੁਤ ਹੀ ਸੁਖਾਵੇਂ ਮਾਹੌਲ ਵਿੱਚ ਹੋਈ।ਮੀਟਿੰਗ ਵਿੱਚ ਜਥੇਬੰਦੀ ਦੇ ਸਰਪ੍ਰਸਤ ਸਵਿੰਦਰ ਸਿੰਘ ਗਿੱਲ ਅਤੇ ਹੋਰ ਪ੍ਰਮੁੱਖ ਆਗੂ ਸ਼ਾਮਲ ਹੋਏ।ਮੀਟਿੰਗ ਦੌਰਾਨ ਸਮੂਹ ਧਰਮੀ ਫੌਜੀ ਪਰਿਵਾਰਾਂ ਨੂੰ ਦਰਪੇਸ਼ ਮਸਲਿਆਂ 'ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਸੇਖਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਥੇਬੰਦੀ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਧਰਮੀ ਫੌਜੀ ਪਰਿਵਾਰਾਂ ਦੀ ਭਲਾਈ ਲਈ ਆਉਣ ਵਾਲੇ ਦਿਨਾਂ ਵਿੱਚ ਵੱਡੇ ਪੱਧਰ 'ਤੇ ਐਲਾਨ ਕਰੇਗੀ।ਉਨ੍ਹਾਂ ਕਿਹਾ ਕਿ ਜਥੇਬੰਦੀ ਦੀਆਂ ਹੋਰ ਜਾਇਜ਼ ਮੰਗਾਂ ਨੂੰ ਵੀ ਜਲਦੀ ਤੋਂ ਜਲਦੀ ਹੱਲ ਕਰ ਦਿੱਤਾ ਜਾਵੇਗਾ।

# ਚਾਈਨਾ ਡੋਰ ਦੀ ਵਿਕਰੀ 'ਤੇ ਸ਼ਿਕੰਜਾ ਕੱਸਣ ਦੀ ਲੋੜ



**ਗੁਰਦਾਸਪੁਰ (ਜਨਕ ਮਹਾਜਨ)**- ਪਤੰਗਬਾਜ਼ੀ ਦਾ ਸੀਜ਼ਨ ਸ਼ੁਰੂ ਹੋਣ 'ਤੇ ਚਾਈਨਾ ਡੋਰ ਦੀ ਵਿਕਰੀ ਵੀ ਸ਼ੁਰੂ ਹੋ ਗਈ ਹੈ ਜਿਸ ਵੱਲ ਪ੍ਰਸ਼ਾਸਨ ਵੱਲੋਂ ਅਜੇ ਤੱਕ ਕੋਈ ਸਖਤੀ ਆਦਿ ਕਰਨ ਬਾਰੇ ਕਾਰਵਾਈ ਨਹੀਂ ਕੀਤੀ ਗਈ। ਜਾਣਕਾਰੀ ਅਨੁਸਾਰ ਹਰ ਸਾਲ ਵੱਡੀ ਗਿਣਤੀ ਵਿਚ ਲੋਕ ਚਾਈਨਾ ਡੋਰ ਦਾ ਸ਼ਿਕਾਰ ਹੋ ਕੇ ਜ਼ਖ਼ਮੀ ਹੋ ਜਾਂਦੇ ਹਨ ਅਤੇ ਕਈ ਆਪਣੀਆਂ ਜਾਨਾਂ ਵੀ ਗਵਾ ਬੈਠਦੇ ਹਨ। ਲੋਕਾਂ ਦਾ ਕਹਿਣਾ ਕਿ ਇਨ੍ਹਾਂ ਪਤੰਗਬਾਜ਼ੀ ਕਰਨ ਵਾਲੇ ਚਾਈਨਾ ਡੋਰ ਦੀ ਲਪੇਟ ਵਿਚ ਅਨੇਕਾਂ ਸਕੂਟਰ, ਮੋਟਰਸਾਈਕਲ ਸਵਾਰ ਆ ਜਾਂਦੇ ਹਨ, ਜਿਨ੍ਹਾਂ ਦੇ ਜ਼ਿਆਦਾਤਰ ਗਲੇ ਆਦਿ ਕੱਟੇ ਜਾਂਦੇ ਹਨ। ਕਈਆਂ ਲੋਕਾਂ ਦੇ ਗਲ਼ੇ ਵਿਚ ਚਾਈਨਾ ਡੋਰ ਫਿਰਨ ਕਾਰਨ ਗਲੇ ਆਦਿ ਵਿਚ ਟਾਂਕੇ ਤਕ ਲਗਵਾਉਣੇ ਪੈਂਦੇ ਹਨ ਅਤੇ ਬਿਸਤਰੇ ਦੇ ਲੰਬਾ ਸਮਾਂ ਲੰਮਾ ਪੈਣਾ ਪੈਂਦਾ ਹੈ। ਅਜਿਹਾ ਸਾਰਾ ਕੁਝ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਨਾਲ ਹੋ ਰਿਹਾ ਹੈ। ਲੋਕਾਂ ਨੇ ਮੰਗ ਕੀਤੀ ਕਿ ਪੰਤਗਬਾਜ਼ੀ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਇਆਂ ਚਾਈਨਾ ਡੋਰ ਦੇ ਖਿਲਾਫ ਨਕੇਲ ਕੱਸੀ ਜਾਵੇ ਤਾਂ ਜੋ ਕੋਈ ਵੀ ਚਾਈਨਾ ਡੋਰ ਨਾਲ ਹਾਦਸਾ ਵਗੈਰਾ ਨਾ ਵਾਪਰ ਸਕੇ।

# ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਵਿਖੇ ਗੁਰਦਿਆਲ ਸਿੰਘ ਫੁੱਲ ਦਾ ਯਾਦਗਾਰੀ ਦਿਹਾੜਾ ਮਨਾਇਆ




**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਬੀਤੇ ਦਿਨੀਂ ਉੱਘੇ ਲੇਖਕ ਗੁਰਦਿਆਲ ਸਿੰਘ ਫੁੱਲ ਯਾਦਗਾਰੀ ਵਿਦਿਆਰਥੀਆਂ ਦੇ ਵੱਖ-ਵੱਖ ਮੁਕਾਬਲੇ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਵਿਖੇ ਕਰਵਾਏ ਗਏ।ਇਸ ਬਾਬਤ ਸਕੂਲ ਪ੍ਰਿੰਸੀਪਲ ਸਕੱਤਰ ਸਿੰਘ ਸੰਧੂ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਲੱਗਭੱਗ ਤੇਰਾਂ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੌਕੇ ਲੋਕ ਗੀਤ, ਭਾਸ਼ਣ, ਨਾਅਰਾ, ਚਾਰਟ ਤੇ ਅੱਖਰਕਾਰੀ ਸੀਨੀਅਰ ਵਰਗ ਤੇ ਜੂਨੀਅਰ ਵਰਗ ਦੇ ਮੁਕਾਬਲੇ ਮੰਚ ਕਨਵੀਨਰ ਕਿਸ਼ਨ ਦਵੇਸਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕਰਵਾਏ ਗਏ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਜ਼ਿਲਾ ਭਾਸ਼ਾ ਅਫ਼ਸਰ ਤਰਨ ਤਾਰਨ ਡਾ. ਜਗਦੀਪ ਸਿੰਘ ਸੰਧੂ ਸ਼ਾਮਲ ਹੋਏ ਤੇ ਵਿਸ਼ੇਸ਼ ਮਹਿਮਾਨ ਗੁਲਵਿੰਦਰ ਸਿੰਘ ਸੰਧੂ ਨੈਸ਼ਨਲ ਆਵਾਰਡੀ, ਸਾਬਕਾ ਸਹਾਇਕ ਡਾਇਰੈਕਟਰ ਸਿਹਤ ਵਿਭਾਗ ਡਾਕਟਰ ਬਲਜੀਤ ਕੌਰ ਪਹੁੰਚੇ।ਇਨ੍ਹਾਂ ਤੋਂ ਇਲਾਵਾ ਸਾਬਕਾ ਹੈੱਡਮਾਸਟਰ ਕਸ਼ਮੀਰ ਸਿੰਘ ਗਿੱਲ, ਰਾਸਾ ਜ਼ਿਲ੍ਹਾ ਪ੍ਰਧਾਨ ਰਮਨਪ੍ਰੀਤ ਸਿੰਘ ਗਿੱਲ ਆਦਿ ਉਚੇਚੇ ਤੌਰ ਤੇ ਪਹੁੰਚੇ ਤੇ ਇਨ੍ਹਾਂ ਮਹਿਮਾਨਾਂ ਵਲੋਂ ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ।ਜੱਜਮੈਂਟ ਦੀ ਭੂਮਿਕਾ ਕਸ਼ਮੀਰ ਸਿੰਘ ਗਿੱਲ, ਮੈਡਮ ਮਨਦੀਪ ਕੌਰ ਤੇ ਸਤਵੰਤ ਕੌਰ ਹਰੀਕੇ ਵਲੋਂ ਨਿਭਾਈ ਗਈ।ਨਾਅਰਾ ਸਲੋਗਨ ਮੁਕਾਬਲੇ ਦੇ ਸੀਨੀਅਰ ਵਰਗ ਵਿਚ ਸ਼ਹਿਨਾਜ਼ਪ੍ਰੀਤ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ, ਦੂਜਾ ਸਥਾਨ ਸਿਮਰਨਜੀਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ, ਜੂਨੀਅਰ ਵਰਗ ਵਿੱਚ ਪਹਿਲਾ ਸਥਾਨ ਮਨਰਾਜ ਕੌਰ ਬਾਬਾ ਦੀਪ ਪਬਲਿਕ ਸਕੂਲ ਬੇਗੇਪੁਰ, ਦੂਜਾ ਸਥਾਨ ਮਹਿਕਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਲ੍ਹਾ ਤੀਜਾ ਸਥਾਨ ਹਰਮਨਦੀਪ ਕੌਰ ਐੱਸ ਐੱਸ ਐੱਸ ਪਬਲਿਕ ਸਕੂਲ ਜੰਡੋਕੇ ਤੇ ਸ਼ਲਾਘਾਯੋਗ ਸਮਰੀਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ।ਭਾਸ਼ਨ ਮੁਕਾਬਲਿਆਂ ਦੇ ਜੂਨੀਅਰ ਵਰਗ ਵਿੱਚ ਪਹਿਲਾ ਸਥਾਨ ਜੈਸਮੀਨ ਕੌਰ ਐੱਸ ਐੱਸ ਐੱਸ ਪਬਲਿਕ ਸਕੂਲ ਜੰਡੋਕੇ ਦੂਜਾ ਸਥਾਨ ਪ੍ਰਵਾਹਜੀਤ ਕੌਰ ਸ਼ਹੀਦ ਬਾਬਾ ਦੀਪ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੰਗ ਤੀਜਾ ਸਥਾਨ ਐਸ਼ਮੀਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਤੇ ਸ਼ਲਾਘਾਯੋਗ ਰੁੱਤਪਾਲ ਕੌਰ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਆਬਾਦ। ਭਾਸ਼ਨ ਸੀਨੀਅਰ ਵਰਗ ਵਿੱਚ ਮਨਪ੍ਰੀਤ ਕੌਰ ਬਲਜੀਤ ਮੈਮੋਰੀਅਲ ਪਬਲਿਕ ਸਕੂਲ ਕਾਹਲਵਾਂ, ਦੂਜਾ ਸਥਾਨ ਅਰਮਾਨਪ੍ਰੀਤ ਕੌਰ ਬਾਬਾ ਦੀਪ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੰਗ ਤੀਜਾ ਸਥਾਨ ਸਿਮਰਨਪ੍ਰੀਤ ਕੌਰ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ ਤੇ ਸ਼ਲਾਘਾਯੋਗ ਹਰਮਨਦੀਪ ਕੌਰ ਗੁਰੂ ਅਰਜੁਨ ਦੇਵ ਪਬਲਿਕ ਸਕੂਲ ਨਵਾਂ ਪਿੰਡ। ਲੋਕ ਗੀਤ ਮੁਕਾਬਲਿਆਂ ਵਿੱਚ ਸੀਨੀਅਰ ਵਰਗ ਵਿੱਚ ਗੁਰਮਨਦੀਪ ਸਿੰਘ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਦੂਜਾ ਸਥਾਨ ਸਾਹਿਬਦੀਪ ਸਿੰਘ ਗੁਰੂ ਅਰਜਨ ਦੇਵ ਪਬਲਿਕ ਸਕੂਲ ਨਵਾਂ ਪਿੰਡ ਤੀਜਾ ਸਥਾਨ ਗੁਰਸੇਵਕ ਸਿੰਘ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ ਤੇ ਸ਼ਲਾਘਾਯੋਗ ਬਾਬਾ ਦੀਪ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੰਗ। ਲੋਕ ਗੀਤ ਜੂਨੀਅਰ ਮੁਕਾਬਲਿਆਂ ਵਿੱਚ ਜੀਵਨਜੋਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਦੂਜਾ ਸਥਾਨ ਮਨਪ੍ਰੀਤ ਕੌਰ ਗੁਰੂ ਅਰਜਨ ਦੇਵ ਪਬਲਿਕ ਸਕੂਲ ਨਵਾਂ ਪਿੰਡ ਤੀਜਾ ਸਥਾਨ ਲਵਨੀਤ ਕੌਰ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਆਬਾਦ ਤੇ ਸ਼ਲਾਘਾਯੋਗ ਜਸਪਿੰਦਰ ਕੌਰ ਬਲਜੀਤ ਮੈਮੋਰੀਅਲ ਪਬਲਿਕ ਸਕੂਲ ਕਾਹਲਵਾਂ।ਪੋਸਟਰ ਮੇਕਿੰਗ ਮੁਕਾਬਲਿਆਂ ਸੀਨੀਅਰ ਵਰਗ ਵਿੱਚ ਪਹਿਲਾ ਸਥਾਨ ਮਨਪ੍ਰੀਤ ਕੌਰ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ,ਦੂਜਾ ਸਥਾਨ ਨਵਦੀਪ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ। ਜੂਨੀਅਰ ਵਰਗ ਵਿੱਚ ਪਹਿਲਾ ਸਥਾਨ ਸੁਖਪਾਲ ਸਿੰਘ ਐੱਸ ਐੱਸ ਐੱਸ ਪਬਲਿਕ ਸਕੂਲ ਜੰਡੋਕੇ, ਦੂਜਾ ਸਥਾਨ ਸਮਰਬੀਰ ਸਿੰਘ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ, ਤੀਜਾ ਸਥਾਨ ਨਵਦੀਪ ਕੌਰ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਆਬਾਦ, ਸ਼ਲਾਘਾਯੋਗ ਜਸਮੀਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਲ੍ਹਾ।ਅੱਖਰਕਾਰੀ ਮੁਕਾਬਲਿਆਂ ਸੀਨੀਅਰ ਵਰਗ ਵਿੱਚ ਪਹਿਲਾ ਸਥਾਨ ਰਾਜਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਲ੍ਹਾ, ਦੂਜਾ ਸਥਾਨ ਗੁਰਲੀਨ ਕੌਰ ਐੱਸ ਐੱਸ ਐੱਸ ਪਬਲਿਕ ਸਕੂਲ ਜੰਡੋਕੇ, ਤੀਜਾ ਸਥਾਨ ਰਾਮ ਪ੍ਰਤਾਪ ਬਲਜੀਤ ਮੈਮੋਰੀਅਲ ਪਬਲਿਕ ਸਕੂਲ ਕਾਹਲਵਾਂ, ਸ਼ਲਾਘਾਯੋਗ ਜਸਮੀਤ ਕੌਰ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਆਬਾਦ।ਜੂਨੀਅਰ ਵਰਗ ਵਿੱਚ ਪਹਿਲਾ ਸਥਾਨ ਵਿਸ਼ਾਲ ਜੀਤ ਕੌਰ ਬਲਜੀਤ ਮੈਮੋਰੀਅਲ ਪਬਲਿਕ ਸਕੂਲ ਕਾਹਲਵਾਂ, ਦੂਜਾ ਸਥਾਨ ਹਰਸਿਮਰਨ ਕੌਰ ਬਾਬਾ ਦੀਪ ਸਿੰਘ ਪਬਲਿਕ ਸਕੂਲ ਕੰਗ, ਤੀਜਾ ਸਥਾਨ ਮਹਿਕਪ੍ਰੀਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਤੇ ਸ਼ਲਾਘਾਯੋਗ ਹਰਮਨਪ੍ਰੀਤ ਕੌਰ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ।ਇਸ ਸਮਾਗਮ ਦੀ ਸਟੇਜ ਸੰਚਾਲਨਾ ਮੈਡਮ ਪਰਮਜੀਤ ਕੌਰ ਤੇ ਗੁਰਜੰਟ ਸਿੰਘ ਵਲੋਂ ਬਾਖੂਬੀ ਨਿਭਾਈ ਗਈ।

# ਤਰਨ ਤਾਰਨ ਹਲਕੇ ਦੇ ਲੋਕ ਨਵਾਂ ਇਤਿਹਾਸ ਸਿਰਜਣਗੇ : ਭੀਲੋਵਾਲ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਮਾਝੇ ਨਾਲ ਪ੍ਰਸਿੱਧ ਹਲਕਾ ਤਰਨ ਤਾਰਨ ਵਿੱਚ ਹੋ ਰਹੀ ਜ਼ਿਮਨੀ ਚੋਣ ਵਿੱਚ ਇਸ ਹਲਕੇ ਦੇ ਸਿਆਣੇ ਤੇ ਸੁਲਝੇ ਲੋਕ 11 ਨਵੰਬਰ ਨੂੰ ਨਵਾਂ ਇਤਿਹਾਸ ਸਿਰਜਣਗੇ ਤੇ ਕਾਂਗਰਸ ਪਾਰਟੀ ਨੂੰ ਵੱਡਾ ਫ਼ਤਵਾ ਦੇ ਕੇ 2027 ਦੀਆਂ ਚੋਣਾਂ ਦਾ ਵੀ ਮੁੱਢ ਬੰਨ੍ਹਣਗੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਦੇ ਸਾਬਕਾ ਚੇਅਰਮੈਨ ਬਲਾਕ ਸੰਮਤੀ ਤੇ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ ਦੇ ਅਤਿ ਕਰੀਬੀ ਸਾਥੀ ਗੁਰਮੀਤ ਸਿੰਘ ਭੀਲੋਵਾਲ ਨੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤੇ। ਉਹਨਾਂ ਕਿਹਾ ਕਿ ਸੱਤਾਧਾਰੀ ਪਾਰਟੀ ਕੋਲ ਤਾਂ ਇਸ ਹਲਕੇ ਵਿੱਚ ਆਪਣਾ ਕੋਈ ਉਮੀਦਵਾਰ ਹੀ ਨਹੀਂ ਸੀ ਲੱਭ ਰਿਹਾ ਫੇਰ ਉਹਨਾਂ ਨੇ ਅਕਾਲੀ ਦਲ ਦੇ ਆਗੂ ਜਿਸ ਨੂੰ ਪਹਿਲਾਂ ਸਾਰੀ ਝਾੜੂ ਟੀਮ ਨਸ਼ਾ ਤਸਕਰ ਕਹਿ ਕੇ ਪੁਕਾਰਦੀ ਤੇ ਭੰਡਦੀ ਰਹੀ ਨੂੰ ਲਿਆ ਕੇ ਟਿਕਟ ਦੇ ਦਿੱਤੀ। ਜੇ ਬਾਕੀ ਉਮੀਦਵਾਰਾਂ ਦੀ ਗੱਲ ਕਰੀਏ ਤਾਂ ਸਿਆਣੇ ਲੋਕ ਹਰ ਪਾਰਟੀ ਤੇ ਹਰ ਆਗੂ ਦਾ ਗੁਣਾਤਮਕ ਤੇ ਰਾਜਨੀਤਕ ਲੇਖਾ ਜੋਖਾ ਜ਼ਰੂਰ ਕਰਦੇ ਹਨ। ਇਸ ਮੌਕੇ ਸੀਨੀਅਰ ਲੀਡਰਸ਼ਿਪ ਤੋਂ ਇਲਾਵਾ ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਨਵਦੀਪ ਸਿੰਘ ਸੋਨਾ, ਨਵਤੇਜ ਪਾਲ ਸਿੰਘ, ਮਨੋਹਰ ਗਾਲੋਵਾਲੀ, ਪਰਮਜੀਤ ਸਿੰਘ, ਬਲਵਿੰਦਰ ਸਿੰਘ ਰੋੜੀ, ਸੁਲੱਖਣ ਸਿੰਘ, ਡਾ. ਸੁਖਵਿੰਦਰ ਸਿੰਘ ਰੰਧਾਵਾ, ਮੋਹਨ ਸਿੰਘ, ਲਾਡੀ ਮਜੀਠਾ, ਅਸ਼ੋਕ ਮੱਤੇਵਾਲ , ਹਰਦਿਆਲ ਸਿੰਘ ਭੰਗਵਾਂ ਸੁਖਵਿੰਦਰ ਸਿੰਘ ਮਜੀਠਾ ਤੇ ਹੋਰ ਵੀ ਆਗੂ ਹਾਜ਼ਰ ਸਨ ।

ਨਵਾਂ ਜ਼ਮਾਨਾ
ਸ਼ੁੱਕਰਵਾਰ, 7 ਨਵੰਬਰ 2025

# ਲਾਂਭੇ ਕੀਤੇ ਮੁੱਦੇ

*ਰੁਜ਼ਗਾਰ, ਕਲਿਆਣਕਾਰੀ ਯੋਜਨਾਵਾਂ, ਮਹਿਲਾ ਸਸ਼ਕਤੀਕਰਨ ਤੇ ਵਿਕਾਸ ਦੇ ਵਾਅਦਿਆਂ ਨਾਲ ਲੜੀਆਂ ਜਾ ਰਹੀਆਂ ਬਿਹਾਰ ਅਸੈਂਬਲੀ ਚੋਣਾਂ ਵਿੱਚ ਦੋ ਅਹਿਮ ਮੁੱਦੇ ਗਾਇਬ ਹਨ। ਦਰਅਸਲ ਹਮੇਸ਼ਾ ਦੀ ਤਰ੍ਹਾਂ ਗਾਇਬ ਕਰ ਦਿੱਤੇ ਗਏ ਹਨ। ਪਹਿਲਾ ਜ਼ਮੀਨ ਦਾ ਤੇ ਦੂਜਾ ਉਦਯੋਗ-ਧੰਦਿਆਂ ਦਾ। ਬਿਹਾਰ ਵਿੱਚ ਜ਼ਮੀਨਾਂ 'ਤੇ ਮੁੱਖ ਤੌਰ 'ਤੇ ਸਵਰਨ ਜਾਤੀਆਂ ਦੇ ਕੁਲੀਨ ਵਰਗ ਦਾ ਕਬਜ਼ਾ ਹੈ। ਖੇਤੀ ਜ਼ਮੀਨ ਦਾ ਕੁਝ ਹੱਥਾਂ ਵਿੱਚ ਕੇਂਦਰਤ ਰਹਿਣਾ ਸਿਰਫ ਇੱਕ ਆਰਥਕ ਮੁੱਦਾ ਨਹੀਂ ਹੈ, ਇਹ ਉਸ ਸਮਾਜੀ ਤੇ ਸਿਆਸੀ ਸ਼ਕਤੀ ਦਾ ਆਧਾਰ ਵੀ ਹੈ, ਜਿਹੜੀ ਪੀੜ੍ਹੀਆਂ ਤੋਂ ਚਲੀ ਆ ਰਹੀ ਹੈ। ਬਿਹਾਰ ਦੀ ਕੁਦਰਤੀ ਤਾਕਤ ਉਪਜਾਊ ਖੇਤੀਬਾੜੀ ਵਾਲੀ ਜ਼ਮੀਨ ਹੈ। ਇਸ ਨਾਲ ਇੱਕ ਫੂਡ ਪ੍ਰੋਸੈਸਿੰਗ ਇੰਡਸਟਰੀ ਦਾ ਜਨਮ ਹੋਣਾ ਚਾਹੀਦਾ ਸੀ, ਜਿਸ ਨਾਲ ਰੁਜ਼ਗਾਰ ਵਿੱਚ ਬੇਤਹਾਸ਼ਾ ਵਾਧਾ ਹੋ ਸਕਦਾ ਸੀ। ਇਸ ਦੇ ਬਜਾਇ ਅੱਜ ਵੀ ਬਿਹਾਰ ਆਪਣੇ ਕੱਚੇ ਖੇਤੀ ਉਤਪਾਦਾਂ ਤੇ ਆਪਣੇ ਲੋਕਾਂ ਦੀ ਬਰਾਮਦ ਕਰਦਾ ਹੈ। ਇਤਿਹਾਸਕ ਰੂਪ ਵਿੱਚ ਪੂੰਜੀ ਨਿਵੇਸ਼ ਦੀ ਥਾਂ ਲਗਾਨ ਵਸੂਲਣ ਨੂੰ ਤਰਜੀਹ ਦੇਣ ਵਾਲੇ ਕੁਲੀਨ ਵਰਗ ਦੇ ਹੱਥਾਂ ਵਿੱਚ ਜ਼ਮੀਨ ਦਾ ਕੇਂਦਰੀਕਰਨ ਇੱਕ ਗਤੀਸ਼ੀਲ ਐਗਰੋ-ਇੰਡਸਟਰੀ ਸੈਕਟਰ ਦੇ ਉਦੈ ਨੂੰ ਰੋਕ ਰਿਹਾ ਹੈ।*

*ਇਹ ਦੋ ਮੁੱਦੇ-ਜ਼ਮੀਨ ਦਾ ਕੇਂਦਰੀਕਰਨ ਤੇ ਫੂਡ ਪ੍ਰੋਸੈਸਿੰਗ ਦੀ ਕਮੀ—ਇਹ ਸਮਝਣ ਦੀ ਕੁੰਜੀ ਹੈ ਕਿ ਦਹਾਕਿਆਂ ਤੋਂ ਚਲੀ ਆ ਰਹੀ 'ਸਮਾਜੀ ਨਿਆਂ' ਦੀ ਸਿਆਸਤ ਤੇ ਵਰ੍ਹਿਆਂ ਤੋਂ ਚਲੀ ਆ ਰਹੀ 'ਵਿਕਾਸ' ਦੀ ਸਰਕਾਰ ਦੇ ਬਾਵਜੂਦ ਬਿਹਾਰ ਗਰੀਬ ਕਿਉਂ ਬਣਿਆ ਹੋਇਆ ਹੈ। ਇਨ੍ਹਾਂ ਮੁੱਦਿਆਂ ਤੋਂ ਹਰ ਵੱਡੀ ਪਾਰਟੀ ਸਾਵਧਾਨੀ ਨਾਲ ਬਚ ਰਹੀ ਹੈ, ਕਿਉਂਕਿ ਇਨ੍ਹਾਂ 'ਤੇ ਧਿਆਨ ਦੇਣ ਦਾ ਮਤਲਬ ਹੋਵੇਗਾ ਜੜ੍ਹ ਜਮਾਈ ਬੈਠੀਆਂ ਤਾਕਤਾਂ ਨੂੰ ਚੁਣੌਤੀ ਦੇਣਾ। ਇਹ ਤਾਕਤਾਂ ਹਨ : ਵੱਡੇ ਜ਼ਿਮੀਂਦਾਰ (ਇਨ੍ਹਾਂ ਵਿੱਚ ਓ ਬੀ ਸੀ ਭਾਈਚਾਰਿਆਂ ਦੇ ਧਨੀ ਕਿਸਾਨ ਵੀ ਸ਼ਾਮਲ ਹਨ), ਸਵਰਨ ਜਾਤੀਆਂ ਦਾ ਆਰਥਕ ਦਬਦਬਾ ਅਤੇ ਉਹ ਪੂਰੀ ਸਿਆਸੀ ਅਰਥਵਿਵਸਥਾ, ਜਿਹੜੀ ਮੌਜੂਦਾ ਵਿਵਸਥਾ ਨੂੰ ਚਲਾਉਂਦੀ ਹੈ।*

*ਬਿਹਾਰ ਦੇ ਪੱਛੜੀ ਜਾਤੀ ਦੇ ਆਗੂ ਲਾਲੂ ਪ੍ਰਸਾਦ ਯਾਦਵ, ਨਿਤੀਸ਼ ਕੁਮਾਰ ਤੇ ਹੋਰ 1980 ਦੇ ਦਹਾਕੇ ਦੇ ਅੰਤ ਅਤੇ 1990 ਦੇ ਦਹਾਕੇ ਦੀ ਸ਼ੁਰੂਆਤ ਵਿੱਚ ਸੱਤਾ 'ਚ ਆਏ। ਜ਼ਿਆਦਾਤਰ ਲੋਕ ਇਸ ਦਾ ਸਿਹਰਾ ਵੀਹਵੀਂ ਸਦੀ ਦੇ ਮੱਧ ਦੇ ਸਮਾਜਵਾਦੀ ਅੰਦੋਲਨਾਂ ਨੂੰ ਦਿੰਦੇ ਹਨ। ਪਰ ਇਸ ਦੀਆਂ ਜੜ੍ਹਾਂ ਹੋਰ ਵੀ ਪੁਰਾਣੀਆਂ 1920-30 ਦੇ ਦਹਾਕੇ ਦੇ ਤ੍ਰਿਵੇਣੀ ਸੰਘ ਅੰਦੋਲਨ ਵਿੱਚ ਹਨ। ਉਸ ਸਮੇਂ ਪੱਛੜੀਆਂ ਜਾਤੀਆਂ ਦੇ ਆਗੂਆਂ ਨੇ ਉਨ੍ਹਾਂ ਸਵਰਨ ਜਾਤੀਆਂ (ਰਾਜਪੂਤ, ਭੂਮੀਹਾਰ, ਬ੍ਰਾਹਮਣ ਤੇ ਕਾਇਸਥ) ਦੀ ਚੌਧਰ ਨੂੰ ਵੰਗਾਰਿਆ ਸੀ, ਜਿਹੜੀਆਂ ਜ਼ਮੀਨ, ਸੰਪਤੀ ਤੇ ਸੱਤਾ 'ਤੇ ਕਬਜ਼ਾ ਜਮਾਏ ਹੋਏ ਸਨ। ਉਨ੍ਹਾਂ ਸਾਖਰਤਾ, ਸਿੱਖਿਆ ਅਤੇ ਵਸੀਲਿਆਂ ਦੀ ਨਿਆਂਸੰਗਤ ਵੰਡ ਦੀ ਮੰਗ ਕੀਤੀ ਸੀ। ਲੱਗਭੱਗ ਇਕ ਸਦੀ ਬਾਅਦ ਵੀ ਬਿਹਾਰ ਦੀ ਮੂਲ ਸਮੱਸਿਆ ਉਵੇਂ ਦੀ ਉਵੇਂ ਬਣੀ ਹੋਈ ਹੈ : ਇੱਕ ਛੋਟਾ ਜਿਹਾ ਵਰਗ ਅਜੇ ਵੀ ਬਹੁਤੇ ਧਨ ਨੂੰ ਕੰਟਰੋਲ ਕਰਦਾ ਹੈ। ਬਿਹਾਰ ਦਾ ਜਾਤੀ ਸਰਵੇਖਣ ਇੱਕ ਤਲਖ ਹਕੀਕਤ ਨੂੰ ਉਜਾਗਰ ਕਰਦਾ ਹੈ। ਸਵਰਨ ਜਾਤੀਆਂ ਦਾ ਆਬਾਦੀ ਵਿੱਚ ਹਿੱਸਾ ਸਿਰਫ 15.5 ਫੀਸਦੀ ਹੈ, ਪਰ ਉਨ੍ਹਾਂ ਦਾ ਸਾਰੀਆਂ ਸਰਕਾਰੀ ਨੌਕਰੀਆਂ ਵਿੱਚ ਹਿੱਸਾ 31 ਫੀਸਦੀ ਹੈ। ਓ ਬੀ ਸੀ ਕੋਲ 4 ਫੀਸਦੀ, ਈ ਬੀ ਸੀ ਤੇ ਅਨੁਸੂਚਿਤ ਜਾਤੀਆਂ ਕੋਲ 2 ਫੀਸਦੀ ਅਤੇ ਅਨੁਸੂਚਿਤ ਜਨਜਾਤੀਆਂ ਕੋਲ ਇੱਕ ਫੀਸਦੀ ਤੋਂ ਵੀ ਘੱਟ ਨੌਕਰੀਆਂ ਹਨ। ਭਾਰਤ ਮਨੁੱਖੀ ਵਿਕਾਸ ਸਰਵੇਖਣ (2011) ਤੇ ਕੌਮੀ ਨਮੂਨਾ ਸਰਵੇਖਣ ਸੰਗਠਨ (2019) ਮੁਤਾਬਕ 80 ਫੀਸਦੀ ਤੋਂ ਵੱਧ ਵੱਡੇ ਜ਼ਿਮੀਂਦਾਰ (20 ਏਕੜ ਤੋਂ ਵੱਧ ਜ਼ਮੀਨ ਵਾਲੇ) ਸਵਰਨ ਜਾਤੀਆਂ 'ਚੋਂ ਹਨ। ਵਸੀਲਿਆਂ ਦਾ ਇਹ ਕੇਂਦਰੀਕਰਨ ਨਾ ਸਿਰਫ ਅੱਜ ਵੀ ਕਾਇਮ ਹੈ, ਬਲਕਿ ਇਸ ਨੇ ਆਪਣੇ ਨੈੱਟਵਰਕ, ਪ੍ਰਭਾਵ ਤੇ ਸੱਤਾ ਵਿੱਚ ਆਪਣੀ ਪੈਠ ਰਾਹੀਂ ਇਸ ਨੂੰ ਹੋਰ ਵੀ ਮਜ਼ਬੂਤ ਕਰ ਲਿਆ ਹੈ। ਬਿਹਾਰ ਵਿੱਚ ਸਿਆਸੀ ਲੋਕਤੰਤਰ ਤਾਂ ਆ ਗਿਆ ਹੈ, ਪੱਛੜੀਆਂ ਜਾਤਾਂ ਕੋਲ ਦਹਾਕਿਆਂ ਤੋਂ ਸੱਤਾ ਰਹੀ ਹੈ, ਪਰ ਆਰਥਿਕ ਲੋਕਤੰਤਰ ਵਿੱਚ ਤਬਦੀਲ ਨਹੀਂ ਹੋਈ। ਸੰਪਤੀ ਅਜੇ ਵੀ ਕੁਝ ਕੁ ਲੋਕਾਂ ਦੇ ਹੱਥਾਂ ਵਿੱਚ ਹੈ। ਇਨ੍ਹਾਂ ਤੋਂ ਸੰਪਤੀ ਖੋਹਣ ਲਈ ਆਗੂਆਂ ਨੇ ਕੁਝ ਨਹੀਂ ਕੀਤਾ। ਲਾਲੂ ਪ੍ਰਸਾਦ ਨੇ ਸਮਾਜੀ ਨਿਆਂ ਦੀ ਵਕਾਲਤ ਜ਼ੋਰਦਾਰ ਤਰੀਕੇ ਨਾਲ ਕੀਤੀ, ਪਰ ਸਵਰਨ ਜਾਤੀਆਂ ਨੂੰ ਚੁਣੌਤੀ ਨਹੀਂ ਦਿੱਤੀ। ਨਿਤੀਸ਼ ਕੁਮਾਰ ਨੇ ਸੜਕਾਂ, ਸਕੂਲ ਤੇ ਬਿਜਲੀ ਵਾਲਾ ਰਾਹ ਚੁਣਿਆ। ਬੁਨਿਆਦੀ ਢਾਂਚਾ ਤਿਆਰ ਕੀਤਾ, ਪਰ ਕਿਸੇ ਅਮੀਰ ਦੀ ਸੰਪਤੀ ਨੂੰ ਖਤਰੇ ਵਿੱਚ ਪਾਏ ਬਿਨਾਂ। ਉਨ੍ਹਾ ਸ਼ੁਰੂਆਤ ਵਿੱਚ ਜ਼ਮੀਨੀ ਸੁਧਾਰ ਕਮਿਸ਼ਨ ਬਣਾਇਆ, ਪਰ ਛੇਤੀ ਹੀ ਵੱਡੇ ਜ਼ਿਮੀਂਦਾਰਾਂ ਨੂੰ ਚੁਣੌਤੀ ਦੇਣ ਵਾਲੀ ਹਰ ਚੀਜ਼ ਨੂੰ ਤੱਜ ਦਿੱਤਾ। ਨਤੀਜੇ ਵਜੋਂ ਬੁਨਿਆਦੀ ਢਾਂਚਾ ਤਾਂ ਸੁਧਰਿਆ, ਪਰ ਸੰਪਤੀ ਦੀ ਬਰਾਬਰ ਵੰਡ ਨਹੀਂ ਹੋਈ। ਇੱਥੋਂ ਤੱਕ ਕਿ ਲਾਲੂ ਤੇ ਨਿਤੀਸ਼ ਨੇ ਆਪਣੀਆਂ ਹੀ ਜਾਤੀਆਂ (ਯਾਦਵ ਤੇ ਕੁਰਮੀ) ਦੇ ਵੱਡੇ ਜ਼ਿਮੀਂਦਾਰਾਂ ਤੱਕ ਨੂੰ ਨਹੀਂ ਵੰਗਾਰਿਆ, ਹਾਲਾਂਕਿ ਉਨ੍ਹਾਂ ਦੀ ਗਿਣਤੀ ਮੁਕਾਬਲਤਨ ਘੱਟ ਹੈ। ਜੇ ਬਿਹਾਰ ਦੀ ਅਰਥਵਿਵਸਥਾ ਦੀ ਸਥਿਤੀ ਸ਼ਾਸਨ ਦੀ ਪਛਾਣ ਹੁੰਦੀ ਤਾਂ ਦੋ ਦਹਾਕਿਆਂ ਤੋਂ ਸੱਤਾ ਵਿੱਚ ਚਲੇ ਆ ਰਹੇ ਨਿਤੀਸ਼ ਕੁਮਾਰ ਹੁਣ ਤੱਕ ਸੱਤਾ ਤੋਂ ਬਾਹਰ ਹੋ ਚੁੱਕੇ ਹੁੰਦੇ।*

*ਬਿਹਾਰ ਦੇ ਸਾਹਮਣੇ ਹੁਣ ਦੋ ਸੰਭਾਵਤ ਰਾਹ ਹਨ। ਪਹਿਲਾ ਹੈ, ਵਿਕਾਸ ਦੇ ਮੌਜੂਦਾ ਮਾਡਲ ਨੂੰ ਜਾਰੀ ਰੱਖਣਾ, ਜਿਹੜਾ ਸਿਰਫ ਕੁਝ ਲੋਕਾਂ ਲਈ ਵਿਕਾਸ ਹੈ, ਜਿਸ ਨਾਲ ਵੱਡੇ ਕਾਰੋਬਾਰੀਆਂ ਤੇ ਜ਼ਿਮੀਂਦਾਰਾਂ ਨੂੰ ਫਾਇਦਾ ਹੁੰਦਾ ਹੈ ਅਤੇ ਕੁਝ ਕਲਿਆਣਕਾਰੀ ਯੋਜਨਾਵਾਂ ਨਾਲ ਹੀ ਸੰਤੁਸ਼ਟ ਹੋ ਜਾਣਾ। ਦੂਜਾ ਹੈ, ਸਮਾਵੇਸ਼ੀ ਵਿਕਾਸ, ਜਿਸ ਦੇ ਤਹਿਤ ਧਨ ਦਾ ਅੰਤਰ ਦੂਰ ਹੋਵੇ, ਜ਼ਮੀਨ ਦੀ ਮੁੜ ਵੰਡ ਹੋਵੇ, ਸਾਰੀਆਂ ਜਾਤੀਆਂ ਤੱਕ ਰੁਜ਼ਗਾਰ ਤੇ ਆਮਦਨ ਪੁੱਜੇ ਅਤੇ ਵਿਆਪਕ ਰੁਜ਼ਗਾਰ ਪੈਦਾ ਕਰਨ ਵਾਲੇ ਫੂਡ ਪ੍ਰੋਸੈਸਿੰਗ ਉਦਯੋਗਾਂ ਦਾ ਨਿਰਮਾਣ ਹੋਵੇ। ਖੱਬੀਆਂ ਪਾਰਟੀਆਂ ਕੋਲ ਧਨ ਦੀ ਪੁਨਰਵੰਡ ਵਾਲੀਆਂ ਆਰਥਿਕ ਨੀਤੀਆਂ ਦੀਆਂ ਯੋਜਨਾਵਾਂ ਤਾਂ ਹਨ, ਪਰ ਸੀਮਤ ਪ੍ਰਭਾਵ ਕਾਰਨ ਉਹ ਇਨ੍ਹਾਂ ਨੂੰ ਲਾਗੂ ਕਰਨ ਵਿੱਚ ਸਫਲ ਨਹੀਂ ਹੋ ਰਹੀਆਂ।*

# ਬਿਜਲੀ ਸੋਧ ਬਿੱਲ 2025 : ਬਿਜਲੀ ਸੈਕਟਰ ਕਾਰਪੋਰੇਟਾਂ ਹਵਾਲੇ ਕਰਨ ਦੀ ਤਿਆਰੀ

**ਅੰਗਰੇਜ਼ ਸਿੰਘ ਭਦੌੜ**

ਕੇਂਦਰ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਬਣਾ ਕੇ ਲੋਕਾਂ ਦੀ ਲੁੱਟ ਨੂੰ ਤੇਜ਼ ਕਰਨ ਲਈ ਆਏ ਦਿਨ ਕੋਈ ਨਾ ਕੋਈ ਨਵਾਂ ਸ਼ਗੂਫਾ ਛੱਡਿਆ ਜਾਂਦਾ ਹੈ। ਕਿਸਾਨਾਂ ਨੂੰ ਜ਼ਮੀਨਾਂ ਵੇਚਣ ਲਈ ਮਜਬੂਰ ਕਰਨ ਵਾਸਤੇ, ਕਦੇ ਪਰਾਲੀ ਫੂਕਣ ਵਾਲਿਆਂ ਨੂੰ ਜੇਲ੍ਹ ਵਿੱਚ ਡੱਕਣ ਦਾ ਫੁਰਮਾਨ ਜਾਰੀ ਕੀਤਾ ਜਾਂਦਾ ਹੈ, ਕਦੇ ਜਾਣ ਬੁੱਝ ਕੇ ਡੀ ਏ ਪੀ ਦੀ ਕਿੱਲਤ ਪੈਦਾ ਕਰ ਦਿੱਤੀ ਜਾਂਦੀ ਹੈ, ਕਦੇ ਝੋਨਾ ਖਰੀਦਣ ਲਈ ਨਮੀ ਦੀ ਪ੍ਰਵਾਨਤ ਮਾਤਰਾ 22 ਤੋਂ ਘਟਾ ਕੇ 17 ਕਰ ਦਿੱਤੀ ਜਾਂਦੀ ਹੈ।

ਹੁਣ ਬਿਜਲੀ ਬਿੱਲ 2003 ਵਿੱਚ ਸੋਧਾਂ ਕਰਨ ਲਈ ਬਿਜਲੀ ਸੋਧ ਬਿੱਲ 2025 ਪਾਰਲੀਮੈਂਟ ਵਿੱਚ ਪੇਸ਼ ਕਰਨ ਦੀਆਂ ਤਿਆਰੀਆਂ ਹੋ ਗਈਆਂ ਹਨ। ਯਾਦ ਕਰੋ ਇਹ ਉਹ ਹੀ ਸੋਧ ਬਿੱਲ ਹੈ, ਜਿਹੜਾ ਦਿੱਲੀ ਦੇ ਇਤਿਹਾਸਕ ਕਿਸਾਨ ਘੋਲ ਵੇਲੇ ਕਿਸਾਨਾਂ ਨਾਲ ਕੀਤੇ ਵਾਅਦੇ ਅਨੁਸਾਰ ਰੋਕ ਦਿੱਤਾ ਗਿਆ ਸੀ।

ਇਸ ਤੋਂ ਬਾਅਦ ਇੱਕ ਵਾਰ ਫਿਰ ਕੇਂਦਰ ਸਰਕਾਰ ਵੱਲੋਂ ਇੱਕ ਚਿੱਠੀ ਜਾਰੀ ਕਰਕੇ ਰਾਜਾਂ ਨੂੰ ਅਧਿਕਾਰ ਦੇ ਦਿੱਤੇ ਗਏ ਸਨ ਕਿ ਉਹ ਬਿਜਲੀ ਵੰਡ ਦੇ ਖੇਤਰ ਵਿੱਚ ਪ੍ਰਾਈਵੇਟ ਕੰਪਨੀਆਂ ਨੂੰ ਇਜਾਜ਼ਤ ਦੇ ਸਕਦੀਆਂ ਹਨ। ਇਸ ਚਿੱਠੀ ਦੇ ਅਧਾਰ 'ਤੇ ਮੁੰਬਈ ਦੀ ਮਿਊਂਸਪਲ ਕਾਰਪੋਰੇਸ਼ਨ ਨੇ ਬਿਜਲੀ ਵੰਡ ਦਾ ਕੰਮ ਨਿੱਜੀ ਕੰਪਨੀ ਨੂੰ ਦਿੱਤਾ ਤਾਂ ਬਹੁਤ ਸਖਤ ਵਿਰੋਧ ਹੋਇਆ, ਜਿਸ ਕਾਰਨ ਉਹ ਫੈਸਲਾ ਕੁਝ ਦਿਨਾਂ ਅੰਦਰ ਹੀ ਵਾਪਸ ਲੈਣਾ ਪੈ ਗਿਆ ਸੀ।

ਇਹਨਾਂ ਹਮਲਿਆਂ ਦੀ ਲੜੀ ਵਿੱਚ ਹੋਰ ਵਾਧਾ ਕਰਦੇ ਹੋਏ ਕੇਂਦਰੀ ਬਿਜਲੀ ਮੰਤਰਾਲੇ ਵੱਲੋਂ 9 ਅਕਤੂਬਰ 2025 ਨੂੰ ਬਿਜਲੀ ਸੋਧ ਬਿੱਲ ਦਾ ਖਰੜਾ ਜਾਰੀ ਕਰ ਦਿੱਤਾ ਗਿਆ ਹੈ ਅਤੇ 30 ਦਿਨਾਂ ਦੇ ਅੰਦਰ ਅੰਦਰ ਸੁਝਾਅ ਮੰਗੇ ਗਏ ਹਨ। ਇਹ ਬਿੱਲ ਮੌਨਸੂਨ ਸੈਸ਼ਨ ਦੌਰਾਨ ਪਾਰਲੀਮੈਂਟ ਵਿੱਚ ਪੇਸ਼ ਕੀਤਾ ਜਾ ਸਕਦਾ ਹੈ।

**ਬਿੱਲ ਦੀਆਂ ਤਜਖੀਜ਼ਾਂ ਅਤੇ ਮਨੋਰਥ**

(1) ਇਸ ਬਿੱਲ ਦਾ ਮੁੱਖ ਮਨੋਰਥ ਬਿਜਲੀ ਵੰਡ ਦੇ ਖੇਤਰ ਵਿੱਚ ਪ੍ਰਾਈਵੇਟ ਕੰਪਨੀਆਂ ਦੇ ਦਾਖਲੇ ਨੂੰ ਖੁੱਲ੍ਹ ਦੇਣਾ ਹੈ। ਡਰਾਫਟ ਦੀ ਪ੍ਰਸਤਾਵਨਾ ਦਾ ਨੁਕਤਾ ਨੰਬਰ 3 (1) ਕਹਿੰਦਾ ਹੈ ਕਿ ਬਿਜਲੀ ਦੀ ਵਧਦੀ ਮੰਗ ਨੂੰ ਪੂਰਾ ਕਰਨ ਲਈ ਅਤੇ ਨਿਵੇਸ਼ ਖਿੱਚਣ ਲਈ ਇੰਗਲੈਂਡ ਅਤੇ ਯੂਰਪੀ ਯੂਨੀਅਨ ਦੇ ਹੋਰ ਮੈਂਬਰ ਦੇਸ਼ਾਂ ਵਾਂਗੂੰ ਖੁੱਲ੍ਹੀ ਮੰਡੀ ਨੂੰ ਉਤਸ਼ਾਹਤ ਕਰਨਾ ਚਾਹੀਦਾ ਹੈ।

ਤਜਵੀਜ਼ਤ ਸੋਧਾਂ ਦੇ ਲੜੀ ਨੰਬਰ 15 'ਤੇ ਦਰਜ ਸੈਕਸ਼ਨ 66 ਕਹਿੰਦਾ ਹੈ ਕਿ ਸਰਕਾਰੀ ਕੰਪਨੀਆਂ ਬਿਜਲੀ ਦੀ ਲੋੜ ਨੂੰ ਪੂਰਾ ਨਹੀਂ ਕਰ ਸਕਦੀਆਂ। ਇਸ ਲਈ ਕੇਂਦਰ ਸਰਕਾਰ ਦਾ ਕਮਿਸ਼ਨ, ਕੌਮੀ ਬਿਜਲੀ ਨੀਤੀ ਦੀ ਦਿਸ਼ਾ ਅਨੁਸਾਰ ਬਿਜਲੀ ਦੀ ਮੰਡੀ ਪੈਦਾ ਕਰੇਗਾ। ਇਸ ਮੰਡੀ ਵਿੱਚੋਂ ਬਿਜਲੀ ਖਰੀਦਣ/ ਵੇਚਣ ਲਈ ਕਿਸੇ ਬਿਜਲੀ ਵੰਡ ਕੰਪਨੀ ਨਾਲ ਸਮਝੌਤੇ ਦੀ ਲੋੜ ਨਹੀਂ ਹੋਵੇਗੀ।

(2) ਬਿੱਲ ਦਾ ਦੂਜਾ ਮਨੋਰਥ ਪ੍ਰਾਈਵੇਟ ਕੰਪਨੀਆਂ ਨੂੰ ਬਿਜਲੀ ਵੇਚਣ ਲਈ ਤਰ੍ਹਾਂ ਤਰ੍ਹਾਂ ਦੀਆਂ ਸਹੂਲਤਾਂ ਦੇ ਕੇ ਉਹਨਾਂ ਦੇ ਮੁਨਾਫਾ ਕਮਾਉਣ ਦੀਆਂ ਸਾਰੀਆਂ ਅੜਚਣਾਂ ਨੂੰ ਦੂਰ ਕਰਨਾ ਹੈ, ਜਿਵੇਂ ਬਿਜਲੀ ਟਰਾਂਸਮਿਸ਼ਨ ਲਈ ਨਵੀਂਆਂ ਲਾਈਨਾਂ ਕੱਢਣ ਵਾਸਤੇ ਬਿਜਲੀ ਲਾਈਨ ਅਥਾਰਟੀ ਬਣਾਈ ਜਾਵੇਗੀ

ਪ੍ਰਸਤਾਵਨਾ ਦੀ ਧਾਰਾ 6 (1) ਅਨੁਸਾਰ ਬਿਜਲੀ ਕੰਪਨੀਆਂ ਨੂੰ ਆਪਣੀਆਂ ਲਾਈਨਾਂ ਕੱਢਣ ਵਾਸਤੇ ਪੂਰਨ ਅਧਿਕਾਰ ਦਿੱਤਾ ਜਾਵੇਗਾ। ਸੂਬਾ ਸਰਕਾਰਾਂ ਜ਼ਮੀਨ ਦਾ ਮੁਆਵਜ਼ਾ ਦੇਣ ਦੀ ਨੀਤੀ ਤਾਂ ਬਣਾ ਸਕਦੀਆਂ ਹਨ, ਪਰ ਲਾਈਨਾਂ ਕੱਢਣ ਲਈ ਜ਼ਮੀਨ ਦੀ ਵਰਤੋਂ ਕਰਨ ਦੇ ਅਤੇ ਹੋਰ ਪੂਰਨ ਅਧਿਕਾਰ ਇਸ ਬਿਜਲੀ ਲਾਈਨ ਅਥਾਰਟੀ ਕੋਲ ਹੋਣਗੇ।

3) **ਮਾਲ ਸਰਕਾਰੀ, ਮੁਨਾਫਾ ਕੰਪਨੀ ਦਾ** :- ਪ੍ਰਸਤਾਵਨਾ ਦੀ ਧਾਰਾ 6 (3) ਅਨੁਸਾਰ ਬਿਜਲੀ ਕੰਪਨੀਆਂ ਆਪਣੀ ਵੱਖਰੀ ਲਾਈਨ ਵੀ ਕੱਢ ਸਕਦੀਆਂ ਹਨ ਅਤੇ ਸਾਂਝੀਆਂ ਲਾਈਨਾਂ ਵੀ ਵਰਤ ਸਕਦੀਆਂ ਹਨ।

ਇਸ ਸੰਬੰਧੀ ਲੜੀ ਨੰਬਰ 10 'ਤੇ ਦਰਜ ਡਰਾਫਟ ਸੋਧ 42(1) ਕਹਿੰਦੀ ਹੈ ਕਿ ਬਿਨਾਂ ਕਿਸੇ ਭੇਦਭਾਵ ਤੋਂ ਲਾਈਨਾਂ ਸਾਂਝੇ ਤੌਰ 'ਤੇ ਵਰਤੀਆਂ ਜਾ ਸਕਦੀਆਂ ਹਨ । ਜਿਵੇਂ ਰਿਲਾਇਸ ਜੀਓ ਵਾਲੇ, ਬੀ ਐੱਸ ਐੱਨ ਐੱਲ ਦੇ ਟਾਵਰਾਂ ਨੂੰ ਵਰਤਦੇ ਸਨ, ਇਸੇ ਤਰਾਂ ਲਾਈਨਾਂ ਸਰਕਾਰੀ ਮਹਿਕਮੇ ਦੀਆਂ ਹੋਣਗੀਆਂ, ਪਰ ਲਾਈਨਾਂ ਦਾ ਕੁੱਝ ਕਿਰਾਇਆ ਦੇ ਕੇ ਇਹਨਾਂ ਦੀ ਵਰਤੋਂ ਪ੍ਰਾਈਵੇਟ ਕੰਪਨੀਆਂ ਕਰਨਗੀਆਂ ਅਤੇ ਸਰਕਾਰੀ ਲਾਈਨਾਂ ਰਾਹੀਂ ਆਪਣੀ ਬਿਜਲੀ ਵੇਚਣਗੀਆਂ। ਇਹ ਸਰਕਾਰੀ ਕਾਰਪੋਰੇਸ਼ਨਾਂ ਨੂੰ ਫੇਲ੍ਹ ਕਰਨ ਦੀ ਹੀ ਇੱਕ ਸਾਜਿਸ਼ ਹੈ।

(4) **ਗਰੀਬਾਂ ਦੀ ਕੀਮਤ 'ਤੇ ਅਮੀਰਾਂ ਨੂੰ ਸਹੂਲਤਾਂ** :- ਸਨਅਤੀ ਘਰਾਣਿਆਂ ਨੂੰ ਹੋਰ ਸਹੂਲਤਾਂ ਦੇਣ ਅਤੇ ਆਮ ਲੋਕਾਂ ਦਾ ਗਲ਼ ਘੁੱਟਣ ਲਈ ਕਰਾਸ ਸਬਸਿਡੀ ਦਾ ਖਾਤਮਾ ਕੀਤਾ ਜਾਵੇਗਾ। ਡ੍ਰਾਫਟ ਦੇ ਲੜੀ ਨੰਬਰ 4 ਤੇ ਸੋਧ ਨੰਬਰ 2 (42) MSME ਨੂੰ ਕਰਾਸ ਸਬਸਿਡੀ ਤੋਂ ਛੋਟ ਦਿੰਦੀ ਹੈ।

ਲੜੀ ਨੰਬਰ 13 ਸੈਕਸ਼ਨ 61(g) ਪੰਜ ਸਾਲ ਦੇ ਅੰਦਰ-ਅੰਦਰ ਕਰਾਸ ਸਬਸਿਡੀ ਖਤਮ ਕਰਨ ਨੂੰ ਕਹਿੰਦਾ ਹੈ।

ਇਸ ਸੰਬੰਧੀ ਡਰਾਫਟ ਕਹਿੰਦਾ ਹੈ ਕਿ ਬਿਜਲੀ ਦੇ ਰੇਟ, ਕੀਮਤ ਦੇ ਆਧਾਰ 'ਤੇ ਤੈਅ ਕੀਤੇ ਜਾਣੇ ਚਾਹੀਦੇ ਹਨ। ਜਿਹੜੇ ਵਰਗਾਂ ਨੂੰ ਕ੍ਰਾਸ ਸਬਸਿਡੀ ਦਿੱਤੀ ਜਾਂਦੀ ਹੈ, ਉਹਨਾਂ ਨੂੰ ਸੂਬਾ ਸਰਕਾਰ ਸਿੱਧੀ ਸਬਸਿਡੀ ਦੇਵੇ ਅਤੇ ਕਰਾਸ ਸਬਸਿਡੀ ਦਾ ਖਾਤਮਾ ਕੀਤਾ ਜਾਵੇ।

ਕਰਾਸ ਸਬਸਿਡੀ ਸਿਸਟਮ ਅਨੁਸਾਰ ਗਰੀਬਾਂ ਅਤੇ ਕਿਸਾਨਾਂ ਨੂੰ ਫਰੀ ਜਾਂ ਸਸਤੀ ਬਿਜਲੀ ਦੇਣ ਦੇ ਇਵਜ਼ ਵਿੱਚ ਜੋ ਘਾਟਾ ਪੈਂਦਾ ਹੈ, ਉਹ ਵੱਡੇ ਸਨਅਤੀ ਘਰਾਣਿਆਂ ਨੂੰ ਵੱਧ ਰੇਟ ਲਗਾ ਕੇ ਪੂਰਾ ਕੀਤਾ ਜਾਂਦਾ ਹੈ। ਸੋਧ ਬਿੱਲ ਕਹਿੰਦਾ ਹੈ ਕਿ ਭਾਵੇਂ ਅੰਬਾਨੀ- ਅਡਾਨੀ ਹੋਵੇ ਜਾਂ ਕੋਈ ਪਿੰਡ ਦਾ ਗਰੀਬ, ਸਾਰਿਆਂ ਨੂੰ ਇੱਕੋ ਰੇਟ 'ਤੇ ਬਿਜਲੀ ਦਿੱਤੀ ਜਾਵੇ। ਇਸ ਲਈ ਇਸ ਸੋਧ ਬਿੱਲ ਦੇ ਕਨੂੰਨ ਬਣ ਜਾਣ ਮਗਰੋਂ ਅਮੀਰਾਂ ਨੂੰ ਬਿਜਲੀ ਪਹਿਲਾਂ ਨਾਲੋਂ ਸਸਤੀ ਮਿਲੇਗੀ ਅਤੇ ਆਮ ਲੋਕਾਂ ਨੂੰ ਪਹਿਲਾਂ ਨਾਲੋਂ ਮਹਿੰਗੀ।

(4) **ਫਰੀ ਅਤੇ ਸਸਤੀ ਬਿਜਲੀ ਦਾ ਖਾਤਮਾ** : ਡਰਾਫਟ ਕਹਿੰਦਾ ਹੈ ਕਿ ਖਪਤਕਾਰ ਨੂੰ ਬਿਜਲੀ ਦਾ ਬਿੱਲ ਸਾਰੇ ਖਰਚੇ ਜੋੜ ਕੇ ਭੇਜਿਆ ਜਾਵੇਗਾ। ਇਹਨਾਂ ਖਰਚਿਆਂ ਵਿੱਚ ਬਿਜਲੀ ਪੈਦਾ ਕਰਨ ਅਤੇ ਵੇਚਣ ਦੇ ਸਾਰੇ ਖਰਚੇ, ਕੰਪਨੀ ਦਾ ਮੁਨਾਫਾ, ਮਸ਼ੀਨਰੀ ਦਾ ਮੁੱਲ ਘਾਟਾ, ਖਰਚੀ ਹੋਈ ਰਕਮ ਦਾ ਵਿਆਜ, ਮਸ਼ੀਨਾਂ ਦੀ ਘਸਾਈ ਅਤੇ ਭਵਿੱਖ ਵਿੱਚ ਸਮਰੱਥਾ ਵਾਧਾ ਕਰਨ ਲਈ ਹੋਣ ਵਾਲਾ ਖਰਚਾ ਸ਼ਾਮਿਲ ਹੋਵੇਗਾ। ਇਹ ਬਿੱਲ ਖਪਤਕਾਰ ਨੂੰ ਭਰਨਾ ਪਵੇਗਾ । ਜਿਵੇਂ ਹੁਣ ਸਰਕਾਰਾਂ ਘੱਟ ਬਿਜਲੀ ਵਰਤਣ ਤੇ ਰੇਟ ਘੱਟ ਲਗਾਉਂਦੀਆਂ ਹਨ, ਜਿਵੇਂ ਪਹਿਲੇ 100 ਯੂਨਿਟਾਂ ਵਾਸਤੇ ਰੇਟ ਥੋੜਾ, ਉਸ ਤੋਂ ਬਾਅਦ ਰੇਟ ਵੱਧ ਅਤੇ ਫਿਰ ਉਸ ਤੋਂ ਵੀ ਵੱਧ। ਇਸ ਤਰਾਂ ਸਲੈਬ ਸਿਸਟਮ ਦਾ ਖਾਤਮਾ ਹੋ ਜਾਵੇਗਾ। ਮਤਲਬ ਭਾਵੇਂ ਕੋਈ ਥੋੜ੍ਹੀ ਤੋਂ ਥੋੜ੍ਹੀ ਬਿਜਲੀ ਵਰਤਦਾ ਹੈ ਉਸਨੂੰ ਵੀ ਅੰਬਾਨੀ ਅਡਾਨੀ ਵਾਲਾ ਰੇਟ ਹੀ ਲੱਗੇਗਾ।

5) **ਸਬਸਿਡੀਆਂ ਦਾ ਵੀ ਖਾਤਮਾ** :- ਸੋਧ ਬਿੱਲ ਅਨੁਸਾਰ ਜੇਕਰ ਕੋਈ ਸੂਬਾ ਸਰਕਾਰ ਕਿਸੇ ਕੈਟਾਗਰੀ ਨੂੰ ਸਬਸਿਡੀ ਦੇਣੀ ਚਾਹੁੰਦੀ ਹੈ ਤਾਂ ਉਹ ਖਪਤਕਾਰ ਦੇ ਖਾਤੇ ਵਿੱਚ ਸਿੱਧੇ ਤੌਰ 'ਤੇ ਜਮ੍ਹਾਂ ਕਰਵਾਵੇਗੀ।

ਇਸ ਦਾ ਮਤਲਬ ਹੈ ਕਿ ਲੋਕਾਂ ਨੂੰ ਪਹਿਲਾਂ ਪੂਰੇ ਰੇਟ 'ਤੇ ਪੂਰਾ ਬਿੱਲ ਭਰਨਾ ਪਵੇਗਾ ਅਤੇ ਮਗਰੋਂ ਸਰਕਾਰ ਤੁਹਾਡੇ ਖਾਤੇ ਵਿੱਚ ਸਬਸਿਡੀ ਦੀ ਰਕਮ ਪਾ ਦੇਵੇਗੀ। ਇਹ ਬਿਲਕੁੱਲ ਉਸੇ ਤਰ੍ਹਾਂ ਹੈ, ਜਿਵੇਂ ਗੈਸ ਦੀ ਸਬਸਿਡੀ ਘਟਾ ਕੇ ਨਾ-ਮਾਤਰ ਕਰ ਦਿੱਤੀ ਗਈ ਹੈ, ਉਸੇ ਤਰ੍ਹਾਂ ਸਰਕਾਰ ਹੌਲੀ-ਹੌਲੀ ਬਿਜਲੀ ਸਬਸਿਡੀ ਵੀ ਬੰਦ ਕਰ ਦੇਵੇਗੀ।

(6) **ਲੜੀ ਨੰਬਰ 18 ਸੈਕਸ਼ਨ 86 (1) ਅਨੁਸਾਰ** ਗੈਰ-ਰਵਾਇਤੀ ਸਾਧਨਾਂ, ਜਿਵੇਂ ਸੂਰਜੀ ਊਰਜਾ ਅਤੇ ਪੌਣ ਚੱਕੀਆਂ ਤੋਂ ਪੈਦਾ ਕੀਤੀ ਬਿਜਲੀ ਵਰਤਣੀ ਜ਼ਰੂਰੀ ਕੀਤੀ ਜਾਵੇਗੀ। ਕੇਂਦਰੀ ਬਿਜਲੀ ਰੈਗੂਲੇਟਰੀ ਕਮਿਸ਼ਨ ਤੈਅ ਕਰੇਗਾ ਕਿ ਕੁੱਲ ਬਿਜਲੀ ਦਾ ਕਿੰਨੇ ਪਰਸੈਂਟ ਗੈਰ ਰਵਾਇਤੀ ਊਰਜਾ ਸਾਧਨਾਂ ਤੋਂ ਵਰਤਣੀ ਹੈ।

ਕੇਂਦਰ ਦੇ ਇਨ੍ਹਾਂ ਹੁਕਮਾਂ ਦੀ ਪਾਲਣਾ ਕਰਨੀ ਪਵੇਗੀ। ਜੇਕਰ ਕੋਈ ਖਪਤਕਾਰ ਜਾਂ ਬਿਜਲੀ ਵੰਡ ਕੰਪਨੀ ਇਸ ਦੀ ਨਿਰਧਾਰਤ ਮਿਕਦਾਰ ਵਿੱਚ ਵਰਤੋਂ ਨਹੀਂ ਕਰੇਗੀ ਤਾਂ ਉਸ ਨੂੰ ਜੁਰਮਾਨੇ ਲਾਏ ਜਾਣਗੇ।

7) **ਸੂਬਿਆਂ ਦੇ ਅਧਿਕਾਰਾਂ 'ਤੇ ਡਾਕਾ** :- ਬਿਜਲੀ ਸੋਧ ਬਿੱਲ ਰਾਹੀਂ ਕੇਂਦਰ ਸਰਕਾਰ ਦੀਆਂ ਕਈ ਮਨਮਰਜ਼ੀਆਂ ਸੂਬਿਆਂ 'ਤੇ ਜ਼ਬਰਦਸਤੀ ਮੜ੍ਹ ਦਿੱਤੀਆਂ ਜਾਣਗੀਆਂ। ਟੈਰਿਫ ਤੈਅ ਕਰਨ ਅਤੇ ਝਗੜਿਆਂ ਦਾ ਨਿਬੇੜਾ ਕਰਨ ਦੇ ਅਧਿਕਾਰ ਕੇਂਦਰੀ ਬਿਜਲੀ ਰੈਗੂਲੇਟਰੀ ਕਮਿਸ਼ਨ ਕੋਲ ਚਲੇ ਜਾਣਗੇ।

ਉੱਚ ਤਾਕਤੀ ਬਿਜਲੀ ਕੌਂਸਲ ਬਣਾਈ ਜਾਵੇਗੀ, ਜਿਸ ਦਾ ਚੇਅਰਮੈਨ ਕੇਂਦਰੀ ਬਿਜਲੀ ਮੰਤਰੀ ਹੋਵੇਗਾ।ਕੇਂਦਰੀ ਪਾਵਰ ਸਕੱਤਰ ਉਸ ਦਾ ਕਨਵੀਨਰ ਹੋਵੇਗਾ ਅਤੇ ਸੂਬਿਆਂ ਦੇ ਬਿਜਲੀ ਮੰਤਰੀ ਇਸ ਕੌਂਸਲ ਦੇ ਮੈਂਬਰ ਹੋਣਗੇ। ਇਹ ਕੌਂਸਲ ਕੇਂਦਰ ਅਤੇ ਰਾਜਾਂ ਨੂੰ ਨੀਤੀਆਂ ਬਣਾਉਣ, ਸੁਧਾਰ ਕਰਨ ਅਤੇ ਇਹਨਾਂ ਨੀਤੀਆਂ ਅਤੇ ਸੁਧਾਰਾਂ ਨੂੰ ਲਾਗੂ ਕਰਨ ਵਾਸਤੇ ਸਲਾਹ ਅਤੇ ਦਿਸ਼ਾ ਨਿਰਦੇਸ਼ ਦੇਵੇਗੀ। ਇਸ ਦਾ ਸਿੱਧਾ ਮਤਲਬ ਹੈ ਕਿ ਨੀਤੀਆਂ ਬਣਾਉਣ ਅਤੇ ਲਾਗੂ ਕਰਵਾਉਣ ਲਈ ਕੇਂਦਰ ਸਰਕਾਰ ਦੀ ਸਿੱਧੀ ਦਖਲ ਅੰਦਾਜੀ ਚੱਲੇਗੀ।

ਸੂਤਰਾਂ ਅਨੁਸਾਰ ਕੇਂਦਰ ਸਰਕਾਰ ਵੱਲੋਂ ਸੱਤ ਸੂਬਿਆਂ ਨਾਲ ਇੱਕ ਤਜਵੀਜ਼ ਸਾਂਝੀ ਕੀਤੀ ਗਈ ਹੈ। ਇਸ ਤਜਵੀਜ਼ ਵਿੱਚ ਕਿਹਾ ਗਿਆ ਹੈ ਕਿ ਜਿਹੜੀਆਂ ਰਾਜ ਸਰਕਾਰਾਂ ਬਿਜਲੀ ਵੰਡ ਕੰਪਨੀਆਂ ਨੂੰ ਸਬਸਿਡੀ ਦੀ ਰਕਮ ਅਦਾ ਕਰਨ ਵਿੱਚ ਨਾਕਾਮ ਰਹਿੰਦੀਆਂ ਹਨ, ਉਹਨਾਂ ਨੂੰ ਹੇਠਲੀਆਂ ਤਿੰਨਾਂ ਵਿੱਚੋਂ ਕਿਸੇ ਇੱਕ ਸਜ਼ਾ ਨੂੰ ਚੁਣਨਾ ਹੋਵੇਗਾ।

ੳ) ਰਾਜ ਸਰਕਾਰ ਬਿਜਲੀ ਵੰਡ ਕਾਰਪੋਰੇਸ਼ਨ ਦੇ 51 ਫੀਸਦੀ ਸ਼ੇਅਰ ਵੇਚ ਕੇ ਨਿੱਜੀ ਕੰਪਨੀਆਂ ਨਾਲ ਭਾਈਵਾਲੀ ਕਰਨ।

ਇਸ ਤਰ੍ਹਾਂ ਕਰਨ ਦਾ ਮਤਲਬ ਹੈ ਕਿ 51% ਸ਼ੇਅਰ ਖਰੀਦਣ ਵਾਲਾ ਕਾਰਪੋਰੇਟ ਘਰਾਣਾ ਆਪਣੇ ਡਾਇਰੈਕਟਰ ਵੀ ਵੱਧ ਲਾਵੇਗਾ। ਇਸ ਤਰਾਂ ਸਰਕਾਰੀ ਕਾਰਪੋਰੇਸ਼ਨ 'ਤੇ ਨਿੱਜੀ ਘਰਾਣੇ ਦਾ ਕੰਟਰੋਲ ਹੋ ਜਾਵੇਗਾ।

ਅ) ਰਾਜ ਸਰਕਾਰ ਬਿਜਲੀ ਵੰਡ ਕਾਰਪੋਰੇਸ਼ਨ ਦੀ 26 ਫੀਸਦੀ ਹਿੱਸੇਦਾਰੀ (ਸਮੇਤ ਪ੍ਰਬੰਧ) ਕਿਸੇ ਨਿੱਜੀ ਕੰਪਨੀ ਨੂੰ ਸੌਂਪ ਦੇਵੇ।

ੲ) ਨਿੱਜੀਕਰਨ ਤੋਂ ਬਚਣਾ ਚਾਹੁੰਦੇ ਰਾਜ ਆਪਣੀ ਬਿਜਲੀ ਕਾਰਪੋਰੇਸ਼ਨ ਨੂੰ ਸਟਾਕ ਐਕਸਚੇਂਜ ਵਿੱਚ ਰਜਿਸਟਰਡ ਕਰਨ, ਤਾਂ ਕਿ ਕੋਈ ਵੀ ਉਹਨਾਂ ਦੇ ਸ਼ੇਅਰ ਖਰੀਦ ਸਕੇ।

ਉਪਰੋਕਤ ਤਿੰਨਾਂ ਚੀਜ਼ਾਂ ਵਿੱਚੋਂ ਕਿਸੇ ਇੱਕ ਨੂੰ ਵੀ ਲਾਗੂ ਕਰਨ ਦਾ ਮਤਲਬ ਹੈ ਕਿ ਸਰਕਾਰੀ ਬਿਜਲੀ ਕਾਰਪੋਰੇਸ਼ਨ ਦਾ ਨਿੱਜੀਕਰਨ ਕਰ ਦਿੱਤਾ ਜਾਵੇਗਾ।

ਉਪਰੋਕਤ ਚਰਚਾ ਤੋਂ ਸਪੱਸ਼ਟ ਹੈ ਕਿ ਇਹ ਸਾਰੀ ਕਸਰਤ ਦੇਸ਼ ਦੇ ਬਿਜਲੀ ਖੇਤਰ ਨੂੰ ਮੁਕੰਮਲ ਤੌਰ 'ਤੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦਾ ਯਤਨ ਹੈ । ਜੇਕਰ ਇਹ ਸੋਧ ਬਿੱਲ ਪਾਸ ਹੋ ਕੇ ਕਾਨੂੰਨ ਬਣ ਜਾਂਦਾ ਹੈ ਤਾਂ ਸਰਕਾਰੀ ਖੇਤਰ ਦੀਆਂ ਬਿਜਲੀ ਕੰਪਨੀਆਂ ਨੂੰ ਫੇਲ੍ਹ ਕਰਨ ਤੋਂ ਬਾਅਦ ਨਿੱਜੀ ਕੰਪਨੀਆਂ ਵੱਲੋਂ ਮਨਮਰਜ਼ੀ ਦੇ ਰੇਟਾਂ 'ਤੇ ਬਿਜਲੀ ਵੇਚ ਕੇ ਲੋਕਾਂ ਦੀ ਲੁੱਟ ਕੀਤੀ ਜਾਵੇਗੀ। ਇਸ ਸਬੰਧੀ ਟੈਲੀਕਾਮ ਖੇਤਰ ਦਾ ਤਜਰਬਾ ਲੋਕਾਂ ਦੇ ਸਾਹਮਣੇ ਹੈ ਕਿ ਕਿਵੇਂ ਬੀ ਐੱਸ ਐੱਨ ਐੱਲ ਨੂੰ 47 ਡਾਟਾ ਵਰਤਣ ਦੀ ਵੀ ਇਜ਼ਾਜਤ ਨਹੀਂ ਦਿੱਤੀ ਗਈ ਅਤੇ ਰਿਲਾਇੰਸ, ਜੀਓ ਨੂੰ ਵੱਧ ਤੋਂ ਵੱਧ ਸਹੂਲਤ ਦੇ ਕੇ ਸਰਕਾਰੀ ਕੰਪਨੀ ਨੂੰ ਫੇਲ੍ਹ ਕਰ ਦਿੱਤਾ ਗਿਆ। ਸ਼ੁਰੂ ਵਿੱਚ ਮੁਫਤ ਸਿੰਮ ਦੇਣ ਵਾਲੀ ਰਿਲਾਇੰਸ, ਜੀਓ ਹੁਣ ਕਿਸ ਤਰ੍ਹਾਂ ਲੋਕਾਂ ਨੂੰ ਲੁੱਟ ਰਹੀ ਹੈ।

ਅਸਲ ਵਿੱਚ 1991 ਤੋਂ ਸ਼ੁਰੂ ਹੋਈਆਂ ਨਵੀਆਂ ਆਰਥਿਕ ਨੀਤੀਆਂ ਅਨੁਸਾਰ ਦੇਸ਼ ਦੇ ਸਾਰੇ ਜਨਤਕ ਖੇਤਰ ਦੇ ਸਾਰੇ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਕੋਲ ਵੇਚਿਆ ਜਾ ਰਿਹਾ ਹੈ। ਇਸ ਲੜੀ ਵਿੱਚ ਇਹ ਸੋਧ ਬਿੱਲ ਦੇਸ਼ ਦੇ ਬਿਜਲੀ ਖੇਤਰ 'ਤੇ ਵੱਡਾ ਹਮਲਾ ਹੈ। ਪਹਿਲਾਂ ਇਸ ਨੂੰ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਵਿੱਚ ਲੜੇ ਗਏ ਇਤਿਹਾਸਿਕ ਦਿੱਲੀ ਘੋਲ ਰਾਹੀਂ ਰੋਕਿਆ ਗਿਆ ਸੀ ਅਤੇ ਹੁਣ ਫਿਰ ਇਸ ਲੋਕ ਵਿਰੋਧੀ ਵਾਰ ਨੂੰ ਰੋਕਣ ਵਾਸਤੇ ਸਮੂਹ ਕਿਸਾਨਾਂ, ਮਜ਼ਦੂਰਾਂ, ਬਿਜਲੀ ਮੁਲਾਜ਼ਮਾਂ ਅਤੇ ਹੋਰ ਮਿਹਨਤਕਸ਼ ਲੋਕਾਂ ਨੂੰ ਇਕੱਠੇ ਹੋ ਕੇ ਕਮਰਕੱਸੇ ਕਰਨ ਦੀ ਲੋੜ ਹੈ।

*ਸੂਬਾ ਪ੍ਰੈੱਸ ਸਕੱਤਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ।*

**# ਸੰਪਰਕ : 95017-54051**

# ਸਮੇਂ ਨਾਲ ਬਦਲਦਾ ਇਨਸਾਨ



ਜਗਤਾਰ ਲਾਡੀ

ਇਨਸਾਨੀ ਇਤਿਹਾਸ ਇੱਕ ਦਰਿਆ ਵਾਂਗ ਹੈ, ਜੋ ਕਦੇ ਰੁਕਦਾ ਨਹੀਂ, ਸਿਰਫ਼ ਰਾਹ ਬਦਲਦਾ ਹੈ। ਇਹ ਹਮੇਸ਼ਾ ਅੱਗੇ ਵਧਦਾ ਹੈ। ਮਨੁੱਖ ਆਦਿਕਾਲ ਤੋਂ ਆਧੁਨਿਕ ਦੌਰ ਤੱਕ ਪਹੁੰਚ ਚੁੱਕਿਆ ਹੈ ਤੇ ਅਜੇ ਸਫ਼ਰ ਜਾਰੀ ਹੈ। ਸਮਾਂ ਬਦਲਦਾ ਹੈ ਤਕਨਾਲੋਜੀ ਬਦਲਦੀ ਹੈ ਤੇ ਉਸ ਨਾਲ ਬਦਲਦਾ ਹੈ ਮਨੁੱਖੀ ਸੋਚਣ, ਜਿਉਣ ਅਤੇ ਸੁਪਨੇ ਦੇਖਣ ਦਾ ਢੰਗ। ਹਰ ਪੀੜ੍ਹੀ ਆਪਣੇ ਨਾਲ ਇੱਕ ਨਵਾਂ ਸਵਾਲ ਲਿਆਉਂਦੀ ਹੈ —ਅਸੀਂ ਕੌਣ ਹਾਂ ਤੇ ਕਿੱਥੇ ਜਾ ਰਹੇ ਹਾਂ ? ਸਾਡਾ ਵਰਤਮਾਨ ਤੇ ਭਵਿੱਖ ਕੀ ਹੈ।

ਜੇਕਰ ਇਸ ਯਾਤਰਾ ਨੂੰ ਪੀੜ੍ਹੀ-ਦਰਪੀੜ੍ਹੀ ਸਮਝੀਏ ਤਾਂ ਕਈ ਭਾਗਾਂ ਵਿੱਚ ਇਸ ਨੂੰ ਵੰਡਿਆ ਜਾ ਸਕਦਾ ਹੈ ।ਵੱਖ-ਵੱਖ ਪੀੜ੍ਹੀਆਂ ਨੂੰ ਅਸੀਂ ਜੇਕਰ ਵਿਚਾਰੀਏ ਤਾਂ ਸਭ ਤੋਂ ਪਹਿਲਾਂ ਨਾਂਅ ਆਉਂਦਾ ਹੈ, ਉਹ ਹੈ ਲੌਸਟ ਜੈਨਰੇਸ਼ਨ ਜਾਂ ਗੁਆਚੀ ਹੋਈ ਪੀੜ੍ਹੀ (1880-1900) । ਇਹ ਉਹ ਸਮਾਂ ਸੀ, ਜਦੋਂ ਦੁਨੀਆ ਪਹਿਲੀ ਵਾਰ ਵਿਸ਼ਵ ਯੁੱਧ ਦੀ ਭਿਆਨਕਤਾ ਨਾਲ ਹਿਲ ਗਈ। ਲੋਕਾਂ ਨੇ ਕਲਪਨਾ ਵੀ ਨਹੀਂ ਕੀਤੀ ਸੀ। ਇਹ ਪੀੜ੍ਹੀ ਜੰਗ ਦੇ ਮੈਦਾਨਾਂ ਵਿੱਚ ਜਵਾਨ ਹੋਈ। ਉਨ੍ਹਾਂ ਦੇ ਜੀਵਨ ਦਾ ਮਕਸਦ ਸੀ ਜੀਉਣਾ ਤੇ ਮੁੜ ਸਥਿਰ ਹੋਣਾ।ਉਹ ਸੁਪਨੇ ਦੇਖਦੇ ਸਨ ਸ਼ਾਂਤੀ ਦੇ, ਪਰ ਹਕੀਕਤ ਜੰਗ ਦੀ ਧੁੰਦ ਵਿੱਚ ਗੁੰਮ ਹੋ ਗਈ।ਇਸ ਲਈ ਉਨ੍ਹਾਂ ਨੂੰ ਲੌਸਟ ਗੁਆਚਿਆ ਹੋਇਆ ਕਿਹਾ ਗਿਆ, ਕਿਉਂਕਿ ਉਹ ਆਪਣੇ ਆਪ ਨੂੰ ਸੰਸਾਰ ਦੇ ਅਰਥ ਵਿੱਚ ਖੋ ਬੈਠੇ।

'ਦ ਗਰੇਟੈਸਟ ਜੈਨਰੇਸ਼ਨ ਜਾਂ ਮਹਾਨ ਪੀੜ੍ਹੀ' (1901-1927) ਦੌਰਾਨ ਜਨਮੀ।ਇਹ ਉਹ ਲੋਕ ਸਨ, ਜਿਨ੍ਹਾਂ ਨੇ ਦੂਜਾ ਵਿਸ਼ਵ ਯੁੱਧ ਲੜਿਆ ਅਤੇ ਫਿਰ ਟੁੱਟੀ ਹੋਈ ਦੁਨੀਆ ਨੂੰ ਦੁਬਾਰਾ ਖੜ੍ਹਾ ਕੀਤਾ।

ਇਨ੍ਹਾਂ ਦੀ ਸੋਚ ਵਿੱਚ ਮਿਹਨਤ, ਅਨੁਸ਼ਾਸਨ ਤੇ ਦੇਸ਼ ਭਗਤੀ ਦੀ ਗਹਿਰਾਈ ਸੀ।ਇਹਨਾਂ ਸਾਬਤ ਕੀਤਾ ਕਿ ਮਨੁੱਖਤਾ ਜਦੋਂ ਮਿਲ ਕੇ ਖੜ੍ਹਦੀ ਹੈ, ਤਦੋਂ ਕੋਈ ਵੀ ਤਬਾਹੀ ਉਸ ਨੂੰ ਰੋਕ ਨਹੀਂ ਸਕਦੀ।

ਉਹਨਾਂ ਦੀ ਜ਼ਿੰਦਗੀ ਦਾ ਸੂਤਰ ਸੀ — ਕੰਮ ਕਰ, ਕੁਰਬਾਨੀ ਦੇ, ਤੇ ਭਵਿੱਖ ਬਣਾ। ਕਾਫੀ ਔਖੇ ਦੌਰ ਵਿੱਚੋਂ ਲੰਘੀ ਹੈ ਇਹ ਪੀੜ੍ਹੀ।ਇਸ ਕਰਕੇ ਇਸ ਦਾ ਇਹ ਨਾਂਅ ਰੱਖਿਆ ਗਿਆ।ਸਾਈਲੈਂਟ ਜੈਨਰੇਸ਼ਨ ਜਾ ਸ਼ਾਂਤ ਰਹਿਣ ਵਾਲੀ ਪੀੜ੍ਹੀ (1928-1945) ਇਹ ਪੀੜ੍ਹੀ ਜੰਗ ਤੋਂ ਬਾਅਦ ਦੇ ਸ਼ਾਂਤ ਸਮੇਂ ਵਿੱਚ ਵੱਡੀ ਹੋਈ। ਉਹਨਾਂ ਲਈ ਸੁਰੱਖਿਆ, ਪਰਵਾਰ ਅਤੇ ਅਨੁਸ਼ਾਸਨ ਸਭ ਤੋਂ ਮਹੱਤਵਪੂਰਨ ਸਨ।ਇਹ ਉਹ ਸਮਾਂ ਸੀ ਜਦੋਂ ਘਰਾਂ ਵਿੱਚ ਟੀ ਵੀ ਆਇਆ, ਜਾਣਕਾਰੀ ਦਾ ਇੱਕ ਨਵਾਂ ਦਰਵਾਜ਼ਾ ਖੁੱਲ੍ਹਾ, ਪਰ ਇਹਨਾਂ ਦੀ ਸੋਚ ਜ਼ਿਆਦਾਤਰ ਰੂੜ੍ਹੀਵਾਦੀ ਰਹੀ, ਬਦਲਾਅ ਤੋਂ ਪਹਿਲਾਂ ਸੋਚਦੇ ਸਨ, ਕਿਉਂਕਿ ਉਹ ਅਸਥਿਰਤਾ ਤੋਂ ਡਰਦੇ ਸਨ। ਉਹਨਾਂ ਤੇ ਮਾਪਿਆਂ ਦਾ ਜ਼ਿਆਦਾ ਅਸਰ ਸੀ।ਇਹ ਪੀੜ੍ਹੀ ਸ਼ਾਂਤ ਜਿਹੀ ਰਹੀ।

ਬੇਬੀ ਬੂਮਰਜ਼ ਜਾਂ ਬੱਚਿਆਂ ਦੇ ਵਾਧੇ ਵਾਲੀ ਪੀੜ੍ਹੀ (1946-1964) ਦੌਰਾਨ ਜਨਮ ਲੈਣ ਵਾਲੀ ਇਹ ਪੀੜ੍ਹੀ ਲਈ ਜੰਗ ਖ਼ਤਮ ਹੋਣ ਤੋਂ ਬਾਅਦ ਸੁੱਖ ਦਾ ਯੁੱਗ ਆਇਆ। ਜਨਮ ਦਰ ਵਧੀ, ਆਰਥਿਕਤਾ ਚੜ੍ਹੀ ਤੇ ਬੇਬੀ ਬੂਮ ਹੋਇਆ।ਇਹ ਉਹ ਪੀੜ੍ਹੀ ਸੀ, ਜਿਸ ਨੇ ਟੀ ਵੀ, ਕਾਰਾਂ, ਸਿਨੇਮਾ ਤੇ ਸ਼ਹਿਰੀ ਜੀਵਨ ਦੀ ਚਮਕ ਵੇਖੀ।ਉਨ੍ਹਾਂ ਲਈ ਨੌਕਰੀ, ਪਰਵਾਰ, ਘਰ ਤੇ ਸੁਰੱਖਿਆ ਜੀਵਨ ਦੇ ਮੁੱਖ ਉਦੇਸ਼ ਸਨ। । ਉਹਨਾਂ ਨੇ ਸੰਸਾਰ ਨੂੰ ਸਥਿਰਤਾ ਦਿੱਤੀ, ਪਰ ਕਈ ਵਾਰ ਨਵੇਂ ਵਿਚਾਰਾਂ ਨੂੰ ਦਬਾਇਆ ਵੀ। ਨਵੀਆਂ ਗੱਲਾਂ ਦਾ ਤਕਨੀਕਾਂ ਦਾ ਵਿਰੋਧ ਵੀ ਦੇਖਣ ਨੂੰ ਮਿਲਿਆ। ਨਵਾਂ ਸਭ ਕੁਝ ਅਪਣਾਇਆ ਤਾਂ ਸਹੀ, ਪਰ ਕੁਝ ਮੁਸ਼ਕਲ ਨਾਲ, ਪਰ ਕੁਲ ਮਿਲਾ ਕੇ ਸ਼ਾਂਤੀ ਤੇ ਤਰੱਕੀ ਕੀਤੀ। ਜੈਨਰੇਸ਼ਨ ਐੱਕਸ ਜਾ ਐੱਕਸ ਪੀੜ੍ਹੀ (1965-1980) ਇਹ ਪੀੜ੍ਹੀ ਦੋ ਦੁਨੀਆਂ ਦੇ ਦਰਮਿਆਨ ਜੰਮੀ ਹੈ, ਇਕ ਕੜੀ ਦਾ ਕੰਮ ਕਰਦੀ ਹੈ।

ਇਨ੍ਹਾਂ ਪੁਰਾਣੀ ਸਧਾਰਨ ਮਸ਼ੀਨੀ ਦੁਨੀਆ ਵੀ ਵੇਖੀ ਤੇ ਨਵੀਂ ਡਿਜੀਟਲ ਕ੍ਰਾਂਤੀ ਦਾ ਜਨਮ ਵੀ ਇਹਨਾਂ ਅੱਖੀਂ ਦੇਖਿਆ ਹੈ।

ਇਹ ਪਹਿਲੇ ਲੋਕ ਸਨ, ਜਿਨ੍ਹਾਂ ਕੰਪਿਊਟਰ ਤੇ ਵੀਡੀਓ ਗੇਮਾਂ ਨਾਲ ਜਾਣ-ਪਛਾਣ ਕੀਤੀ। ਇਨ੍ਹਾਂ ਨੇ ਆਤਮ ਨਿਰਭਰਤਾ ਦੀ ਸੋਚ ਵਿਕਸਤ ਕੀਤੀ — 'ਮੇਰੀ ਸਫਲਤਾ ਮੇਰੇ ਹੱਥਾਂ ਵਿੱਚ ਹੈ।' ਇਹ ਪੀੜ੍ਹੀ ਬਦਲ ਨੂੰ ਸਵੀਕਾਰ ਕਰਨ ਵਾਲੀ ਸੀ, ਹਕੀਕਤ ਨੂੰ ਸਵੀਕਾਰਦੀ ਤੇ ਉਸ ਦੇ ਅਨੁਸਾਰ ਖੁਦ ਨੂੰ ਬਦਲਦੀ ਸੀ। ਵੱਡੀ ਤਕਨੀਕੀ ਤਬਦੀਲੀ ਵੀ ਇਸ ਦੌਰ ਵੀ ਸ਼ੁਰੂ ਹੋਈ ਸੀ।ਇਸ ਪੀੜ੍ਹੀ ਨੇ ਨਵੇਂ ਤੇ ਪੁਰਾਣੇ ਵਿਚ ਕਵੀ ਦਾ ਕੰਮ ਕੀਤਾ।

ਮਿਲਿਨੀਅਲ (1981-1996) ਦੌਰਾਨ ਜਨਮੀ ਇੰਟਰਨੈੱਟ ਨਾਲ ਪਲਣ ਵਾਲੀ ਇਹ ਪੀੜ੍ਹੀ ਗਲੋਬਲਾਈਜ਼ੇਸ਼ਨ ਦੀ ਸੰਤਾਨ ਹੈ।ਉਨ੍ਹਾਂ ਲਈ ਦੁਨੀਆ ਇੱਕ ਛੋਟੀ ਗਲੋਬਲ ਵਿਲੇਜ਼ ਜਾਂ ਕਹਿ ਲਵੋ ਅੰਤਰਰਾਸ਼ਟਰੀ ਪਿੰਡ ਬਣ ਗਈ ।ਉਹ ਸਿਰਫ਼ ਨੌਕਰੀ ਨਹੀਂ, ਮਤਲਬ ਵਾਲਾ ਕੰਮ ਚਾਹੁੰਦੇ ਸਨ । ਇਨ੍ਹਾਂ ਸਟਾਰਟਅਪ ਕਲਚਰ ਦੀ ਸ਼ੁਰੂਆਤ ਕੀਤੀ, ਦਫ਼ਤਰਾਂ ਦੀਆਂ ਚਾਰਦੀ ਵਾਰੀਆਂ ਤੋੜੀਆਂ ਤੇ ਡਿਜੀਟਲ ਅਰਥ ਵਿਵਸਥਾ ਬਣਾਈ।

ਇਨ੍ਹਾਂ ਦਾ ਨਾਅਰਾ ਸੀ—ਕੰਮ ਕਰੋ ਜਿੱਥੇ ਖੁਸ਼ੀ ਮਿਲੇ। ਇਸ ਪੀੜ੍ਹੀ ਵਿਚ ਡਿਜੀਟਲ ਕੰਮ ਜ਼ਿਆਦਾ ਹੋਣ ਲੱਗਾ ਹੈ। ਬੈਂਕਿੰਗ ਖੇਤਰ, ਇੰਜਨੀਅਰਿੰਗ ਖੇਤਰ, ਦਫ਼ਤਰ ਵਿੱਚ ਕੰਮ ਕਰਦੀ ਇਹ ਪੀੜ੍ਹੀ, ਡਿਜੀਟਲ ਕੰਮਾਂ ਵਿੱਚ ਕਾਫੀ ਮਾਹਰ ਹੈ। ਜੈਨਰੇਸ਼ਨ ਜ਼ੈੱਡ ਜਾਂ ਜ਼ੈੱਡ ਪੀੜ੍ਹੀ (1997-2010) ਜ਼ੈੱਨ ਜੈੱਡ ਉਹ ਪਹਿਲੀ ਪੀੜ੍ਹੀ ਸੀ, ਜਿਸ ਨੇ ਸਮਾਰਟ ਫੋਨ ਹੱਥ ਵਿੱਚ ਲੈ ਕੇ ਬਚਪਨ ਬਿਤਾਇਆ ਹੈ।ਇਨ੍ਹਾਂ ਦੀ ਜ਼ਿੰਦਗੀ ਸੋਸ਼ਲ ਮੀਡੀਆ ਦੇ ਆਲੇ-ਦੁਆਲੇ ਘੁੰਮਦੀ ਹੈ ।

ਫੇਸਬੁਕ ਤੋਂ ਇੰਸਟਾਗ੍ਰਾਮ, ਟਿਕਟੌਕ ਤੇ ਸਨੈਪਚੈਟ ਤੱਕ, ਇਹਨਾਂ ਲਈ ਆਨਲਾਈਨ ਹੀ ਦੁਨੀਆ ਹੈ। ਇਹ ਪੀੜ੍ਹੀ ਵਾਤਾਵਰਣ, ਲਿੰਗ ਸਮਾਨਤਾ ਤੇ ਮਨੁੱਖੀ ਹੱਕਾਂ ਬਾਰੇ ਖੁੱਲ੍ਹ ਕੇ ਬੋਲਦੀ ਹੈ।

ਜੈਨਰੇਸ਼ਨ ਅਲਫ਼ਾ (2010-2025) ਦੌਰਾਨ ਜਨਮ ਲੈ ਚੁੱਕੀ ਹੈ। ਸਕੂਲ ਜਾਣਾ ਸ਼ੁਰੂ ਹੋ ਗਿਆ ਹੈ। ਅਸੀਂ ਆਪ ਵੀ ਬੱਚਿਆਂ ਵਿੱਚ ਬਦਲਾਅ ਦੇਖ ਸਕਦੇ ਹਾਂ।

ਇਹ ਉਹ ਬੱਚੇ ਹਨ, ਜਿਨ੍ਹਾਂ ਦਾ ਜਨਮ ਹੀ 19, ਰੋਬੋਟਸ ਤੇ ਵਰਚੂਅਲ ਰੀਐਲਟੀ ਨਾਲ ਹੋਇਆ। ਇਨ੍ਹਾਂ ਲਈ ਐਲੇਕਸਾ, ਚੈਟਜੀਪੀਟੀ ਤੇ ਸਮਾਰਟ ਟੀ ਵੀ ਖਿਡੌਣੇ ਨਹੀਂ, ਸਿੱਖਣ ਦੇ ਸਾਥੀ ਹਨ । ਉਹ ਆਰਟੀਫਿਸ਼ਲ ਇੰਟੈਲੀਜੈਂਸ ਨਾਲ ਪੜ੍ਹਦੇ, ਖੇਡਦੇ ਤੇ ਸੋਚਦੇ ਹਨ । ਇਹ ਆਰਟੀਫਿਸ਼ਲ ਇੰਟੈਲੀਜੈਂਸ ਵਿੱਚ ਵਸ ਚੁੱਕੇ ਹਨ, ਜਿੱਥੇ ਮਨੁੱਖ ਤੇ ਮਸ਼ੀਨ ਦੀ ਲਕੀਰ ਧੁੰਦਲੀ ਹੋ ਰਹੀ ਹੈ,ਪਰ ਵੱਡਾ ਸਵਾਲ ਇਹ ਹੈ ਕਿ ਕੀ ਇਹ ਪੀੜ੍ਹੀ ਮਨੁੱਖੀ ਦਿਲ ਤੇ ਸੰਵੇਦਨਾ ਨੂੰ ਜਿਉਂਦਾ ਰੱਖੇਗੀ ? ਭਾਵੇਂ ਇਹ ਦਿਮਾਗੀ ਤੌਰ 'ਤੇ ਬਹੁਤ ਤੇਜ਼ ਹੋਵੇ ਕੀ ਭਾਵਨਾਤਮਕ ਤੌਰ 'ਤੇ ਆਪਣੇ। ਬਜ਼ੁਰਗਾਂ ਦੀ ਪੀੜ੍ਹੀ ਜਿਹੀ ਹੋਵੇਗੀ।ਕੀ ਦੁੱਖ-ਸੁੱਖ ਕਰਨ ਦਾ ਪਤਾ ਹੋਵੇਗਾ, ਵੱਡੇ ਸੁਆਲ ਹਨ।

ਭਵਿੱਖ ਦੀ ਝਲਕ ਦੇਖਣ ਲਈ ਜੈਨਰੇਸ਼ਨ ਬੀਟਾ ਜਾ ਬੀਟਾ ਪੀੜ੍ਹੀ ਕਹਿ ਲਵੋ।(2025-2040) ਦੌਰਾਨ ਜਨਮ ਲੈਣ ਵਾਲੇ ਵਿਚਾਰੇ ਜਾਣਗੇ, ਇਹ ਉਹ ਯੁੱਗ ਹੋਵੇਗਾ ਜਦੋਂ ਆਰਟੀਫਿਸ਼ਲ ਇੰਟੈਲੀਜੈਂਸ ਸਿਰਫ਼ ਸਹਾਇਕ ਨਹੀਂ, ਸਾਥੀ ਹੋਵੇਗੀ।

ਸਿੱਖਿਆ, ਸਿਹਤ, ਰੁਜ਼ਗਾਰ ਅਤੇ ਮਨੋਰੰਜਨ, ਹਰ ਖੇਤਰ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ ਹੋਵੇਗੀ।ਮਨੁੱਖ ਦਾ ਕਿਰਦਾਰ ਬਦਲ ਜਾਵੇਗਾ, ਡਾਟਾ ਵਰਤਣ ਵਾਲੇ ਤੋਂ ਸੰਵੇਦਨਾ ਦੇ ਰਖਵਾਲੇ ਤੱਕ । ਵੱਡੀ ਚੁਣੌਤੀ ਇਹ ਹੋਵੇਗੀ ਕਿ ਮਸ਼ੀਨਾਂ ਨਾਲ ਰਹਿੰਦੇ ਹੋਏ ਮਨੁੱਖਤਾ ਨੂੰ ਕਿਵੇਂ ਜਿਉਂਦਾ ਰੱਖਣਾ ਹੈ। ਮਨੁੱਖਤਾ ਖ਼ਤਰੇ ਵਿੱਚ ਪੈ ਜਾਵੇਗੀ।ਤਕਨਾਲੋਜੀ ਦੇ ਅਸਰ ਨਾਲ ਜੀਵਨ ਦੇ ਮੁੱਲਾਂ ਦਾ ਬਦਲਾਅ ਹੋਇਆ ਹੈ।ਪੁਰਾਣੀਆਂ ਪੀੜ੍ਹੀਆਂ ਲਈ ਜੀਵਨ ਦਾ ਮਕਸਦ ਸੀ ਸੁਰੱਖਿਆ, ਨੌਕਰੀ, ਪਰਵਾਰ, ਘਰ ।

ਅੱਜ ਦੀਆਂ ਪੀੜ੍ਹੀਆਂ ਲਈ ਮਕਸਦ ਹੈ ਸੰਤੁਸ਼ਟੀ, ਆਪਣੀ ਪਸੰਦ ਦਾ ਕੰਮ, ਖੁੱਲ੍ਹੀ ਸੋਚ ਤੇ ਨਵਾਂ ਤਜਰਬਾ।ਜਿੱਥੇ ਪਹਿਲਾਂ ਅਸੀਂ ਦੀ ਸੋਚ ਸੀ, ਹੁਣ ਮੈਂ ਦੀ ਹੈ। ਪਰ ਇਹ ਸਵਾਰਥ ਨਹੀਂ, ਇਹ ਖੁਦ ਦੀ ਪਛਾਣ ਦੀ ਖੋਜ ਹੈ।ਇਹ ਮਨੁੱਖੀ ਵਿਕਾਸ ਦੀ ਨਿਸ਼ਾਨੀ ਹੈ ਕਿ ਅਸੀਂ ਸਿਰਫ਼ ਜੀਉਣ ਲਈ ਨਹੀਂ, ਮਤਲਬ ਨਾਲ ਜੀਉਣ ਲਈ ਤਿਆਰ ਹੋਏ ਹਾਂ। ਸਿੱਟੇ ਦੀ ਗੱਲ ਕਰੀਏ ਤਾਂ ਬਦਲਾਅ ਹੀ ਜੀਵਨ ਦਾ ਨਿਯਮ ਹੈ ।

ਸਮੇਂ ਦੀ ਇਹ ਸੁਰ ਦੱਸਦੀ ਹੈ ਕਿ ਹਰ ਪੀੜ੍ਹੀ ਆਪਣੀ ਤਰ੍ਹਾਂ ਦੁਨੀਆ ਨੂੰ ਨਵਾਂ ਰੰਗ ਦਿੰਦੀ ਹੈ, ਜਿੱਥੇ ਤਕਨਾਲੋਜੀ ਨੇ ਮਨੁੱਖੀ ਜੀਵਨ ਆਸਾਨ ਕੀਤਾ, ਉੱਥੇ ਹੀ ਇਸ ਨੇ ਸਾਡੇ ਅੰਦਰ ਦੇ ਮਨੁੱਖ ਨੂੰ ਵੀ ਅਜ਼ਮਾਇਆ, ਪਰ ਮਨੁੱਖ ਦੀ ਖੂਬੀ ਹੈ ਉਹ ਬਦਲਦਾ ਹੈ, ਢਲਦਾ ਹੈ ਤੇ ਸਿੱਖਦਾ ਹੈ।ਜੇ ਅਸੀਂ ਬਦਲਾਅ ਨੂੰ ਗਲੇ ਲਗਾ ਲਏ, ਤਾਂ ਭਵਿੱਖ ਸਿਰਫ਼ ਡਿਜੀਟਲ ਨਹੀਂ ਸੰਵੇਦਨਸ਼ੀਲ ਵੀ ਹੋਵੇਗਾ। ਪਰ ਜੇ ਅਸੀਂ ਰੁਕ ਗਏ ਤਾਂ ਸਮਾਂ ਸਾਨੂੰ ਪਿੱਛੇ ਛੱਡ ਜਾਵੇਗਾ।

ਇਤਿਹਾਸ ਦਾ ਸੁਨੇਹਾ ਸਾਫ਼ ਹੈ:
ਜੋ ਬਦਲਦਾ ਹੈ, ਉਹ ਹੀ ਬਚਦਾ ਹੈ।

**# ਸੰਪਰਕ : 946360-3091**

**ਜਨਮ ਦਿਨ 'ਤੇ ਵਿਸ਼ੇਸ਼**

# ਸੰਸਾਰ ਪ੍ਰਸਿੱਧ ਵਿਗਿਆਨੀ ਮੇਰੀ ਕਿਊਰੀ



ਦਲਜੀਤ ਰਾਏ ਕਾਲੀਆ

ਵਿਗਿਆਨ ਦੇ ਖੇਤਰ ਵਿੱਚ ਕਿਊਰੀ ਪਰਵਾਰ ਨੂੰ ਸਰਵਉੱਚ ਸਥਾਨ ਹਾਸਲ ਹੈ । ਇਸ ਪਰਵਾਰ ਦੇ ਹਿੱਸੇ ਸੰਸਾਰ ਦੇ ਪੰਜ ਨੋਬਲ ਪੁਰਸਕਾਰ ਆਏ। ਮੇਰੀ ਕਿਊਰੀ ਅਤੇ ਪੀਅਰੇ ਕਿਊਰੀ ਨੂੰ ਹੈਨੇਰਲ ਬੈਕੇਰਲ ਨਾਲ ਸਾਂਝੇ ਤੌਰ 'ਤੇ 1903 ਈਸਵੀ ਵਿੱਚ ਭੌਤਿਕ ਵਿਗਿਆਨ ਦੇ ਖੇਤਰ ਵਿੱਚ ਨੋਬਲ ਪੁਰਸਕਾਰ ਦੇ ਕੇ ਨਿਵਾਜਿਆ ਗਿਆ। ਇਹ ਇਨਾਮ ਪ੍ਰਾਪਤ ਕਰਨ ਵਾਲੀ ਮੈਡਮ ਕਿਊਰੀ ਸੰਸਾਰ ਦੀ ਪਹਿਲੀ ਔਰਤ ਸੀ। ਇਸ ਨਾਲ ਸੰਸਾਰ ਵਿੱਚ ਇਸਤਰੀ ਜਾਤੀ ਦੇ ਗੌਰਵ ਵਿੱਚ ਅਥਾਹ ਵਾਧਾ ਹੋਇਆ। ਗੱਲ ਇੱਥੇ ਹੀ ਖਤਮ ਨਹੀਂ ਹੋਈ।1911 ਈਸਵੀ ਵਿੱਚ ਮੇਰੀ ਕਿਊਰੀ ਨੇ ਦੁਬਾਰਾ ਰਸਾਇਣ ਵਿਗਿਆਨ ਦੇ ਖੇਤਰ ਵਿੱਚ ਇਕੱਲਿਆਂ ਹੀ ਨੋਬਲ ਪੁਰਸਕਾਰ ਹਾਸਲ ਕਰ ਲਿਆ। ਉਹ ਦੋ ਵਾਰ ਨੋਬਲ ਪੁਰਸਕਾਰ ਪ੍ਰਾਪਤ ਕਰਨ ਵਾਲੀ ਸੰਸਾਰ ਦੀ ਪਹਿਲੀ ਸ਼ਖਸ਼ੀਅਤ ਸੀ।ਆਓ, ਸੰਸਾਰ ਪ੍ਰਸਿੱਧ ਮਹਿਲਾ ਵਿਗਿਆਨਿਕ ਮੇਰੀ ਕਿਊਰੀ ਦੇ ਜੀਵਨ ਬਾਰੇ ਜਾਣੀਏ।

ਮਹਾਨ ਵਿਗਿਆਨੀ ਮੇਰੀ ਕਿਊਰੀ ਦਾ ਜਨਮ 7 ਨਵੰਬਰ, 1867 ਈਸਵੀ ਨੂੰ ਪੋਲੈਂਡ ਦੇ ਵਾਰਸਾ ਨਗਰ ਵਿੱਚ ਪ੍ਰੋਫੈਸਰ ਸਕਲੋਦੋਵਸਕਾ ਦੇ ਘਰ ਹੋਇਆ। ਮੇਰੀ ਦੇ ਪਿਤਾ ਵਿਗਿਆਨ ਤੋਂ ਇਲਾਵਾ ਹੋਰ ਵੀ ਕਈ ਭਾਸ਼ਾਵਾਂ ਦੇ ਗਿਆਤਾ ਸਨ।ਮੇਰੀ ਦਾ ਬਚਪਨ ਦਾ ਨਾਂਅ ਮੇਰੀਆ ਸਕਲੋਦੋਵਸਕਾ ਸੀ। ਉਸ ਸਮੇਂ ਪੋਲੈਂਡ ਇੱਕ ਗੁਲਾਮ ਦੇਸ਼ ਸੀ।ਮੇਰੀ ਦੇ ਪਿਤਾ ਦੇਸ਼ ਭਗਤ ਸਨ।ਦੇਸ਼ ਭਗਤੀ ਦੀ ਰੰਗਤ ਚੜ੍ਹੀ ਹੋਣ ਕਰਕੇ ਉਹਨਾ ਨੂੰ ਨੌਕਰੀ ਤੋਂ ਕੱਢ ਦਿੱਤਾ ਗਿਆ। ਮੇਰੀ ਦੀਆਂ ਤਿੰਨ ਭੈਣਾਂ ਅਤੇ ਇੱਕ ਭਰਾ ਸੀ।ਅਜੇ ਮੇਰੀ ਮਸਾਂ ਦੋ ਕੁ ਸਾਲ ਦੀ ਹੀ ਸੀ ਕਿ ਉਸ ਦੀ ਮਾਤਾ ਪਰਲੋਕ ਸੁਧਾਰ ਗਈ । ਪਰਵਾਰ 'ਤੇ ਮੁਸੀਬਤਾਂ ਦਾ ਪਹਾੜ ਟੁੱਟ ਪਿਆ।ਮੇਰੀ ਨੇ 1883 ਈਸਵੀ ਵਿੱਚ ਹਾਈ ਸਕੂਲ ਦਾ ਇਮਤਿਹਾਨ ਗੋਲਡ ਮੈਡਲ ਪ੍ਰਾਪਤ ਕਰਕੇ ਪਾਸ ਕੀਤਾ।ਮੇਰੀ ਕਿਊਰੀ ਨੂੰ ਵਿਗਿਆਨ ਦੇ ਵਿਸ਼ੇ ਨਾਲ ਅਥਾਹ ਮੋਹ ਸੀ। ਉਹ ਅੱਗੇ ਪੜ੍ਹਨਾ ਚਾਹੁੰਦੀ ਸੀ।ਉਸ ਦੀ ਵੱਡੀ ਭੈਣ ਬ੍ਰੋਨੀਆ ਡਾਕਟਰੀ ਕਰਨਾ ਚਾਹੁੰਦੀ ਸੀ । ਪਰਵਾਰ ਦੀ ਆਰਥਿਕ ਤੰਗੀ ਬੱਚਿਆਂ ਦੀ ਪੜ੍ਹਾਈ ਵਿੱਚ ਵੱਡੀ ਰੁਕਾਵਟ ਸੀ। ਮੇਰੀ ਨੇ ਇਸ ਸਮੇਂ ਬੜੇ ਹੌਸਲੇ ਵਾਲਾ ਫੈਸਲਾ ਲਿਆ।ਉਸ ਨੇ ਆਪਣੀ ਵੱਡੀ ਭੈਣ ਬ੍ਰੋਨੀਆ ਨੂੰ ਕਿਹਾ-ਜਦ ਤੱਕ ਤੂੰ ਪੜ੍ਹਦੀ ਹੈਂ, ਮੈਂ ਨੌਕਰੀ ਕਰਕੇ ਤੇਰੀ ਸਹਾਇਤਾ ਕਰਾਂਗੀ ਅਤੇ ਜਦੋਂ ਤੇਰੀ ਪੜ੍ਹਾਈ ਮੁਕੰਮਲ ਹੋ ਜਾਏ ਤਾਂ ਤੂੰ ਮੇਰੀ ਸਹਾਇਤਾ ਕਰਨੀ। ਮੇਰੀ ਨੇ ਪੜ੍ਹਾਈ ਦਾ ਤਿਆਗ ਕਰਕੇ ਨੌਕਰੀ ਕਰਨੀ ਸ਼ੁਰੂ ਕਰ ਦਿੱਤੀ। ਉਹ ਆਪਣੀ ਵੱਡੀ ਭੈਣ ਦੀ ਪੜ੍ਹਾਈ ਦਾ ਖਰਚ ਭੇਜਦੀ ਰਹੀ।ਕੁਝ ਸਾਲਾਂ ਬਾਅਦ ਬ੍ਰੋਨੀਆ ਡਾਕਟਰ ਬਣ ਗਈ ਅਤੇ ਉਸ ਦਾ ਵਿਆਹ ਹੋ ਗਿਆ। ਹੁਣ ਬ੍ਰੋਨੀਆ ਦੀ ਵਾਰੀ ਆਪਣੀ ਭੈਣ ਮੇਰੀ ਦਾ ਕਰਜ਼ਾ ਉਤਾਰਨ ਦੀ ਸੀ। 23 ਸਾਲ ਦੀ ਉਮਰ ਵਿੱਚ ਮੇਰੀ ਵਿਗਿਆਨ ਦੀ ਪੜ੍ਹਾਈ ਕਰਨ ਲਈ ਆਪਣੀ ਭੈਣ ਦੇ ਕੋਲ ਚਲੀ ਗਈ।ਉਸ ਨੇ ਸਾਰਬੋਨ ਯੂਨੀਵਰਸਿਟੀ ਵਿੱਚ ਦਾਖਲਾ ਲੈ ਕੇ ਵਿਗਿਆਨ ਦੀ ਪੜ੍ਹਾਈ ਸ਼ੁਰੂ ਕਰ ਦਿੱਤੀ ।ਉਸ ਦੀ ਲਗਨ ਅਤੇ ਪ੍ਰਤਿਭਾ ਦੇਖ ਕੇ ਉਸ ਦੇ ਪ੍ਰੋਫੈਸਰ ਹੈਰਾਨ ਹੋ ਗਏ।ਉਹ ਧੁੰਨ ਦੀ ਪੱਕੀ ਅਤੇ ਧੀਰਜ ਵਾਲੀ ਸੀ। 1893 ਈਸਵੀ ਵਿੱਚ ਉਸ ਨੇ ਭੌਤਿਕ ਵਿਗਿਆਨ ਦੀ ਐੱਮ ਐਸ ਸੀ ਪਹਿਲੇ ਸਥਾਨ 'ਤੇ ਰਹਿ ਕੇ ਪਾਸ ਕੀਤੀ।1894 ਈਸਵੀ ਵਿੱਚ ਉਸ ਨੇ ਗਣਿਤ ਦੀ ਐੱਮ ਏ ਵੀ ਪਹਿਲੇ ਸਥਾਨ 'ਤੇ ਰਹਿ ਕੇ ਪਾਸ ਕਰ ਲਈ।

1894 ਈਸਵੀ ਵਿੱਚ ਆਪਣੇ ਪ੍ਰੋਫੈਸਰ ਦੇ ਘਰ ਮੇਰੀ ਦਾ ਸੰਪਰਕ ਪੀਅਰੇ ਕਿਊਰੀ ਨਾਂਅ ਦੇ ਵਿਗਿਆਨਕ ਨਾਲ ਹੋਇਆ।ਉਹ ਬਿਜਲਈ ਸਿਧਾਂਤਾਂ ਦਾ ਖੋਜੀ ਸੀ ਅਤੇ ਪੈਰਿਸ ਵਿੱਚ ਉਸ ਦੀ ਬਹੁਤ ਪ੍ਰਸਿੱਧੀ ਸੀ। 1895 ਈਸਵੀ ਵਿੱਚ ਮੇਰੀ ਤੇ ਪੀਅਰੇ ਕਿਊਰੀ ਵਿਆਹ ਬੰਧਨਾਂ ਵਿੱਚ ਬੱਝ ਗਏ।ਦੋਨੋਂ ਇਕੱਠੇ ਮਿਲ ਕੇ ਖੋਜ ਕਾਰਜ ਕਰਨ ਲੱਗੇ।ਦੋਵੇਂ ਪੱਕੇ ਸਾਧਕ ਅਤੇ ਨਿਪੁੰਨ ਬੁੱਧੀਵਾਨ ਸਨ।1896 ਈਸਵੀ ਵਿੱਚ ਮੇਰੀ ਨੂੰ ਫੈਲੋਸ਼ਿਪ ਮਿਲ ਗਈ । ਹੁਣ ਉਸ ਨੇ ਖੋਜ ਲਈ ਨਵੇਂ ਵਿਸ਼ੇ ਨੂੰ ਚੁਣਨਾ ਸੀ। ਕਿਊਰੀ ਜੋੜੇ ਨੇ ਹੈਨਰੀ ਬੈਕੇਰਲ ਦੇ ਪ੍ਰਯੋਗਾਂ ਵਿੱਚ ਦਿਲਚਸਪੀ ਲੈਣੀ ਸ਼ੁਰੂ ਕਰ ਦਿੱਤੀ। ਹੈਨਰੀ ਬੈਕਰੇਲ ਪਹਿਲਾ ਵਿਗਿਆਨੀ ਸੀ, ਜਿਸ ਨੇ ਯੂਰੇਨੀਅਮ ਦੇ ਅਜੀਬ ਗੁਣਾਂ ਨੂੰ ਖੋਜਿਆ ਸੀ। ਯੂਰੇਨੀਅਮ ਤੋਂ ਪੈਦਾ ਹੋਣ ਵਾਲੀਆਂ ਕਿਰਨਾ ਨੂੰ ਉਸ ਨੇ ਬੈਕੇਰਲ ਕਿਰਨਾਂ ਦਾ ਨਾਂਅ ਦਿੱਤਾ ।ਮੇਰੀ ਜੋੜੇ ਨੇ ਅਧਿਐਨ ਕਰਕੇ ਸਿੱਧ ਕੀਤਾ ਕਿ ਯੂਰੇਨੀਅਮ ਹੀ ਨਹੀਂ, ਹੋਰ ਤੱਤਾਂ ਵਿੱਚ ਵੀ ਕਿਰਨਾਂ ਵਿਕਸਤ ਕਰਨ ਦੀ ਸਮਰੱਥਾ ਹੁੰਦੀ ਹੈ।1898 ਈਸਵੀ ਵਿੱਚ ਮੇਰੀ ਕਿਊਰੀ ਨੇ ਇੱਕ ਨਵੇਂ ਤੱਤ ਦੀ ਖੋਜ ਕਰ ਲਈ, ਜਿਸ ਦੀ ਰੇਡਿਆਈ ਸ਼ਕਤੀ ਯੂਰੇਨੀਅਮ ਤੋਂ 400 ਗੁਣਾ ਵਧੇਰੇ ਸੀ। ਉਸ ਨੇ ਇਸ ਨਵੇਂ ਤੱਤ ਦਾ ਨਾਂਅ ਆਪਣੇ ਦੇਸ਼ ਦੇ ਨਾਂਅ 'ਤੇ ਪੋਲੋਨੀਅਮ ਰੱਖ ਦਿੱਤਾ। ਕੁਝ ਮਹੀਨਿਆਂ ਬਾਅਦ ਹੀ ਉਸ ਨੇ ਇੱਕ ਹੋਰ ਤੱਤ ਰੇਡੀਅਮ ਦੀ ਖੋਜ ਕਰ ਲਈ ,ਜਿਸ ਦੀ ਰੇਡਿਆਈ ਸਮਰੱਥਾ ਯੂਰੇਨੀਅਮ ਤੋਂ ਲੱਖਾਂ ਗੁਣਾਂ ਵਧੇਰੇ ਸੀ। 1903 ਈ.ਵਿੱਚ ਲੰਡਨ ਦੀ ਰਾਇਲ ਸੁਸਾਇਟੀ ਨੇ ਭਾਸ਼ਣ ਦੇਣ ਵਾਸਤੇ ਕਿਊਰੀ ਜੋੜੇ ਨੂੰ ਬੁਲਾਇਆ। ਲੰਦਨ ਵਿੱਚ ਉਹਨਾਂ ਰੇਡੀਅਮ ਦੇ ਪ੍ਰਯੋਗ ਕਰਕੇ ਸਭ ਨੂੰ ਹੈਰਾਨ ਕਰ ਦਿੱਤਾ।10 ਦਸੰਬਰ 1903 ਨੂੰ ਸਵੀਡਨ ਦੀ ਸਾਇੰਸ ਅਕਾਦਮੀ ਨੇ ਕਿਊਰੀ ਜੋੜੇ ਨੂੰ ਹੈਨਰੀ ਬੈਕੇਰਲ ਨਾਲ ਸਾਂਝੇ ਤੌਰ 'ਤੇ ਨੋਬਲ ਪੁਰਸਕਾਰ ਦੇਣ ਦੀ ਘੋਸ਼ਣਾ ਕੀਤੀ। ਰਾਇਲ ਸੁਸਾਇਟੀ ਵੱਲੋਂ ਕਿਊਰੀ ਜੋੜੇ ਨੂੰ ਡੈਵੀ ਦੇ ਖਿਤਾਬ ਨਾਲ ਨਿਵਾਜਿਆ ਗਿਆ। ਸਾਰਬੋਨ ਯੂਨੀਵਰਸਿਟੀ ਨੇ ਪੀਅਰੇ ਕਿਊਰੀ ਦੇ ਸਨਮਾਨ ਵਿੱਚ ਇੱਕ ਵਿਭਾਗ ਖੋਲ੍ਹਿਆ, ਜਿਸ ਦੀ ਪ੍ਰੋਫੈਸਰੀ ਪੀਅਰੇ ਕਿਊਰੀ ਨੂੰ ਦਿੱਤੀ ਗਈ। ਮੇਰੀ ਪੀਅਰੇ ਦੇ ਸਹਾਇਕ ਵਜੋਂ ਇੱਥੇ ਕਾਰਜ ਕਰਨ ਲੱਗ ਪਈ। ਕਿਊਰੀ ਜੋੜੇ ਦੀ ਜਗਤ ਪ੍ਰਸਿੱਧੀ ਹੋਣ ਕਰਕੇ ਅਕਸਰ ਵੱਖ-ਵੱਖ ਇੰਟਰਵਿਊਕਾਰ ਉਹਨਾਂ ਤੱਕ ਪਹੁੰਚ ਕਰਦੇ।ਦੋਨਾਂ ਵਿਗਿਆਨੀਆਂ ਨੂੰ ਅਜਿਹਾ ਪਸੰਦ ਨਹੀਂ ਸੀ।ਉਹ ਪੱਤਰਕਾਰਾਂ ਨਾਲ ਗੱਲਬਾਤ ਕਰਨ ਨੂੰ ਫਾਲਤੂ ਸਮਾਂ ਗਵਾਉਣਾ ਸਮਝਦੇ ਸਨ। ਉਹਨਾਂ ਦੀ ਜ਼ਿੰਦਗੀ ਦੇ ਹਰ ਪਲ ਦਾ ਮੰਤਵ ਵਿਗਿਆਨ ਦੀ ਨਵੀਂ ਖੋਜ ਕਰਨਾ ਸੀ।ਉਹਨਾਂ ਦੁਆਰਾ ਖੋਜੇ ਗਏ ਤੱਤ ਰੇਡੀਅਮ ਦੁਆਰਾ ਕੈਂਸਰ ਅਤੇ ਕਈ ਹੋਰ ਬਿਮਾਰੀਆਂ ਦਾ ਇਲਾਜ ਕਰਨਾ ਸੰਭਵ ਹੋਇਆ ਹੈ।

19 ਅਪ੍ਰੈਲ.1906 ਨੂੰ ਪੀਅਰੇ ਕਿਊਰੀ ਦੀ ਸੜਕ ਦੁਰਘਟਨਾ ਵਿੱਚ ਮੌਤ ਹੋ ਗਈ। ਮੇਰੀ ਕਿਊਰੀ ਲਈ ਇਹ ਅਸਹਿ ਸਦਮਾ ਸੀ। ਸਰਕਾਰ ਨੇ ਪੀਅਰੇ ਕਿਊਰੀ ਦੀ ਪੈਨਸ਼ਨ ਮੇਰੀ ਨੂੰ ਦੇਣ ਦੀ ਪੇਸ਼ਕਸ਼ ਕੀਤੀ,ਪਰ ਮੇਰੀ ਕਿਊਰੀ ਨੇ ਪੇਸ਼ਕਸ਼ ਰੱਦ ਕਰ ਦਿੱਤੀ। 13 ਮਈ1906 ਨੂੰ ਮੇਰੀ ਕਿਊਰੀ ਨੂੰ ਪੀਅਰੇ ਕਿਊਰੀ ਦੀ ਥਾਂ ਸਰਕਾਰ ਵੱਲੋਂ ਪ੍ਰੋਫੈਸਰ ਲਾ ਦਿੱਤਾ ਗਿਆ।ਇਹ ਗੱਲ ਕਈ ਹੋਰ ਵਿਗਿਆਨੀਆਂ ਨੂੰ ਪਸੰਦ ਨਹੀਂ ਆਈ।ਉਹ ਫਰਾਂਸ ਦੀ ਕਿਸੇ ਯੂਨੀਵਰਸਿਟੀ ਵਿੱਚ ਪੜ੍ਹਾਉਣ ਵਾਲੀ ਪਹਿਲੀ ਔਰਤ ਪ੍ਰੋਫੈਸਰ ਸੀ।

1911 ਈਸਵੀ ਵਿੱਚ ਮੇਰੀ ਕਿਊਰੀ ਨੂੰ ਦੂਸਰੀ ਵਾਰ ਰਸਾਇਣ ਵਿਗਿਆਨ ਦੇ ਖੇਤਰ ਵਿੱਚ ਨੋਬਲ ਪੁਰਸਕਾਰ ਮਿਲਿਆ। ਪਹਿਲਾਂ ਦੀ ਤਰ੍ਹਾਂ ਇਸ ਵਾਰ ਵੀ ਸਨਮਾਨ ਦੀ ਰਾਸ਼ੀ ਉਸ ਨੇ ਪੋਲੈਂਡ ਵਿਖੇ ਵਿਗਿਆਨਕ ਖੋਜਾਂ ਕਰਨ ਵਾਲੀ ਸੰਸਥਾ ਨੂੰ ਦਾਨ ਦੇ ਦਿੱਤੀ। 1929 ਈਸਵੀ ਵਿੱਚ ਫਰਾਂਸ ਦੀ ਸਰਕਾਰ ਨੇ ਰੇਡੀਅਮ ਬਣਾਉਣ ਦਾ ਕਾਰਖਾਨਾ ਲਾਉਣ ਲਈ ਅਤੇ ਖੋਜ ਕਾਰਜਾਂ ਲਈ ਪ੍ਰਯੋਗਸ਼ਾਲਾ ਬਣਾਉਣ ਲਈ 15 ਲੱਖ ਫਰੈਂਕ ਮੇਰੀ ਨੂੰ ਦਿੱਤੇ। ਪੀਅਰੇ ਕਿਊਰੀ ਦੀ ਮੌਤ ਉਪਰੰਤ ਉਸ ਨੇ ਆਪਣੇ ਪਤੀ ਦੁਆਰਾ ਛੱਡੇ ਕਾਰਜਾਂ ਨੂੰ ਅੱਗੇ ਵਧਾਇਆ ਅਤੇ ਦੋਨਾਂ ਬੱਚੀਆਂ ਨੂੰ ਖੂਬ ਪੜ੍ਹਾਇਆ।1935 ਵਿੱਚ ਉਸ ਦੀ ਪੁੱਤਰੀ ਆਈਰੇਨ ਜੂਲੀਅਟ ਕਿਊਰੀ ਨੂੰ ਆਪਣੇ ਪਤੀ ਦੇ ਨਾਲ ਸਾਂਝੇ ਤੌਰ 'ਤੇ ਰਸਾਇਣ ਵਿਗਿਆਨ ਦੇ ਖੇਤਰ ਵਿੱਚ ਨੋਬਲ ਪੁਰਸਕਾਰ ਮਿਲਿਆ, ਪਰ ਇਹ ਸ਼ੁਭ ਦਿਹਾੜਾ ਮੇਰੀ ਕਿਊਰੀ ਨੂੰ ਵੇਖਣਾ ਨਸੀਬ ਨਹੀਂ ਹੋਇਆ, ਕਿਉਂਕਿ ਇਸ ਤੋਂ ਪਹਿਲਾਂ ਹੀ 4 ਜੁਲਾਈ, 1934 ਨੂੰ ਮੇਰੀ ਕਿਊਰੀ ਦੀ ਮੌਤ ਹੋ ਚੁੱਕੀ ਸੀ।

ਮੇਰੀ ਕਿਊਰੀ ਮਹਾਨ ਸਾਇੰਸਦਾਨ ਸੀ। ਉਸ ਦੀਆਂ ਪ੍ਰਾਪਤੀਆਂ ਸਦਕਾ ਔਰਤ ਜਾਤੀ ਦਾ ਰੁਤਬਾ ਬਹੁਤ ਉੱਚਾ ਹੋਇਆ, ਪਰ ਇਸ ਸਭ ਦੇ ਬਾਵਜੂਦ ਜ਼ਿੰਦਗੀ ਭਰ ਉਸ ਵਿੱਚ ਘੁਮੰਡ ਨਹੀਂ ਆਇਆ। ਅਜਿਹੀ ਮਹਾਨ ਵਿਗਿਆਨੀ ਨੂੰ ਸਿਜਦਾ ਕਰਨਾ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ।

**# ਸੰਪਰਕ : 97812-00168**

# ਐੱਨ ਜੀ ਟੀ ਚੇਅਰਮੈਨ ਨਾਲ ਮੁਲਾਕਾਤ ਲਈ ਜਾਣ ਤੋਂ ਕਿਸਾਨ ਆਗੂਆਂ ਨੂੰ ਰੋਕਣ 'ਤੇ ਰੋਸ ਪ੍ਰਦਰਸ਼ਨ



**ਮੂਣਕ/ਦਿੜ੍ਹਬਾ (ਰਾਜਪਾਲ ਸਿੰਗਲਾ/ਜਸਵੀਰ ਲਾਡੀ)**


ਭਾਰਤੀ ਕਿਸਾਨ ਯੂਨੀਅਨ ਏਕਤਾ (ਮਲਵਈ) ਦੇ ਸੂਬਾ ਆਗੂਆਂ ਨੇ ਪੰਜਾਬ ਪੁਲਸ ਤੇ ਦੋਸ਼ ਲਾਇਆ ਕਿ ਉਸ ਨੇ ਜਥੇਬੰਦੀ ਨੂੰ ਨੈਸ਼ਨਲ ਗਰੀਨ ਟ੍ਰਿਬਿਊਨਲ (ਐੱਨਜੀਟੀ) ਦੇ ਚੇਅਰਮੈਨ ਰਾਕੇਸ਼ ਕੁਮਾਰ ਨਾਲ ਮਿਲਣ ਤੋਂ ਰੋਕ ਕੇ ਕਿਸਾਨਾਂ ਦੇ ਸੰਵਿਧਾਨਕ ਹੱਕਾਂ ਦਾ ਉਲੰਘਣ ਕੀਤਾ।ਐੱਨਜੀਟੀ ਚੇਅਰਮੈਨ ਰਾਕੇਸ਼ ਕੁਮਾਰ ਨਾਲ ਆਗੂਆਂ ਨੇ ਪਿੰਡ ਖੰਡੇਬਾਦ ਨੇੜੇ ਵਰਬਿਓ ਪਲਾਂਟ ਵਿਖੇ ਅੱਜ ਪਰਾਲੀ ਪ੍ਰਬੰਧਨ ਤੇ ਪਰਾਲੀ ਜਲਾਉਣ ਵਾਲੇ ਕਿਸਾਨਾਂ 'ਤੇ ਦਰਜ ਪਰਚੇ ਤੇ ਜੁਰਮਾਨੇ ਰੱਦ ਕਰਨ ਬਾਰੇ ਚਰਚਾ ਕਰਨੀ ਸੀ।ਜਥੇਬੰਦੀ ਦੇ ਸੂਬਾ ਆਗੂ ਧਰਮਿੰਦਰ ਸਿੰਘ ਪਸ਼ੌਰ ਨੇ ਦੱਸਿਆ ਕਿ ਪੁਲਸ ਨੇ ਆਗੂਆਂ ਨੂੰ ਭਾਰੀ ਫੋਰਸ ਲਾ ਕੇ ਥਾਓਂ ਥਾਈ ਰੋਕ ਕੇ ਚੇਅਰਮੈਨ ਨੂੰ ਮਿਲਣ ਨਹੀਂ ਦਿੱਤਾ, ਜਿਸ ਦੇ ਵਿਰੋਧ ਵਜੋਂ ਕਿਸਾਨਾਂ ਨੇ ਪਿੰਡ ਰਾਮਗੜ੍ਹ ਸੰਧੂਆਂ ਦੀ ਅਨਾਜ ਮੰਡੀ ਵਿੱਚ ਵੱਡਾ ਧਰਨਾ ਦਿੱਤਾ ਤੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ।

ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਪਰਾਲੀ ਦੇ ਪ੍ਰਦੂਸ਼ਣ ਬਾਰੇ ਗੱਲ ਕਰਦੀ ਹੈ, ਪਰ ਉਦਯੋਗ ਤੇ ਵਾਹਨਾਂ ਦੇ ਪ੍ਰਦੂਸ਼ਣ ਨੂੰ ਅਣਦੇਖਾ ਕਰਦੀ ਹੈ।ਐੱਨਜੀਟੀ ਨੇ ਹੈਪੀ ਸੀਡਰ ਤੇ ਬੇਲਰ ਤੇ 100% ਸਬਸਿਡੀ 'ਤੇ ਲੋਨ ਮੁਆਫ਼ੀ ਦੇ ਨਿਰਦੇਸ਼ ਦਿੱਤੇ, ਪਰ ਸਰਕਾਰ ਨੇ ਪ੍ਰਬੰਧ ਕਰਨ ਦੀ ਬਜਾਏ ਕੱਲੇ ਮਾਲਵੇ ਦੇ 12,000 ਤੋਂ ਵੱਧ ਕਿਸਾਨਾਂ ਤੇ ਐੱਫਆਈਆਰਾਂ ਦਰਜ ਕਰ ਦਿੱਤੀਆਂ ਤੇ ਜੁਰਮਾਨੇ ਵੀ ਲਾ ਦਿੱਤੇ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਕਿਸਾਨਾਂ ਉੱਪਰ ਦਰਜ ਪਰਚੇ ਰੱਦ ਨਾ ਕਰਵਾਏ, ਕਿਸਾਨਾਂ ਉੱਪਰ ਪੁਲਸੀਆ ਜਬਰ ਕਰਨਾ ਬੰਦ ਨਾ ਕੀਤਾ ਤੇ ਕਿਸਾਨਾਂ ਨੂੰ ਰਾਹਤ ਪੈਕੇਜ ਨਾ ਦਿੱਤਾ ਤਾਂ ਅਸੀਂ ਆਪ ਸਰਕਾਰ ਦੇ ਨੁਮਾਇੰਦਿਆਂ ਦਾ ਪਿੰਡਾਂ ਵਿੱਚ ਵੜਨਾ ਬੰਦ ਕਰ ਦੇਵਾਂਗੇ।

ਅੱਜ ਦੇ ਰੋਸ ਧਰਨੇ ਨੂੰ ਸੂਬਾ ਆਗੂ ਧਰਮਿੰਦਰ ਸਿੰਘ ਭਾਈ ਕੀ ਪਿਸ਼ੌਰ, ਸੂਬਾ ਸਿੰਘ ਸੰਗਤਪੁਰਾ, ਰਾਮਪਾਲ ਸ਼ਰਮਾ ਸੁਨਾਮ, ਹਰਜਿੰਦਰ ਨੰਗਲਾ ਨੇ ਸੰਬੋਧਨ ਕੀਤਾ। ਇਸ ਤੋਂ ਇਲਾਵਾ ਕੁਲਦੀਪ ਸਿੰਘ ਰਾਮਗੜ੍ਹ ਸੰਧੂਆਂ, ਜਿੰਦਰ ਸਿੰਘ ਰਾਮਗੜ੍ਹ, ਬਿੰਦਰ ਸਿੰਘ, ਬੰਤ ਦਾਸ ਸੇਖੂਵਾਸ, ਕਰਮਜੀਤ ਕੌਰ ਤੇ ਬਲਜੀਤ ਕੌਰ ਲਹਿਲ ਕਲਾਂ ਨੇ ਸੰਬੋਧਨ ਕੀਤਾ।

# ਪਰਚੇ ਦਰਜ ਕਰਨ ਵਿਰੁੱਧ ਕਿਸਾਨਾਂ ਵੱਲੋਂ ਰੇਲਵੇ ਸਟੇਸ਼ਨ 'ਤੇ ਧਰਨਾ, ਕੀਤੇ ਗ੍ਰਿਫ਼ਤਾਰ

**■ ਕਿਸਾਨਾਂ ਨਾਲ ਧੱਕਾ ਕਰਨ ਵਾਲੇ ਆਪ ਆਗੂਆਂ ਨੂੰ ਪਿੰਡਾਂ 'ਚ ਆਉਣ 'ਤੇ ਸਖਾਇਆ ਜਾਵੇਗਾ ਸਬਕ : ਰਾਣਾ ਰਣਵੀਰ**



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਵਿੱਚ ਆਏ ਹੜ੍ਹਾਂ ਉਪਰੰਤ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੇ ਖੇਤਾਂ ਵਿੱਚ ਆਏ ਰੇਤ ਨੂੰ ਲੈ ਕੇ ਦਿੱਤੇ ਗਏ ਬਿਆਨ ਕਿ 'ਜਿਸ ਕਾ ਖੇਤ ਉਸੀ ਕੀ ਰੇਤ' ਪਰ ਉਸ ਦੇ ਉਲਟ ਮੋਗਾ ਜ਼ਿਲ੍ਹੇ ਦੇ ਹਲਕਾ ਧਰਮਕੋਟ ਵਿਖੇ ਖੇਤਾਂ ਵਿੱਚ ਰੇਤ ਚੁੱਕ ਰਹੇ ਕਿਸਾਨਾਂ 'ਤੇ ਪੁਲਸ ਨੇ ਮਾਮਲੇ ਦਰਜ ਕੀਤੇ ਅਤੇ ਸੰਦਾਂ ਨੂੰ ਵੀ ਮਾਈਨਿੰਗ ਵਿਭਾਗ ਵੱਲੋਂ ਆਪਣੇ ਕਬਜ਼ੇ ਵਿੱਚ ਕੀਤਾ ਗਿਆ, ਜਿਸ ਦੇ ਰੋਸ ਵਜੋਂ ਅੱਜ ਕਿਸਾਨਾਂ ਨੇ ਸਵੇਰੇ 11 ਵਜੇ ਤੋਂ ਨੇਚਰ ਵਪਾਰਕ ਸਥਿਤ ਮਾਈਨਿੰਗ ਵਿਭਾਗ ਦੇ ਦਫਤਰ ਅੱਗੇ ਰੋਸ ਜ਼ਾਹਰ ਕਰਨ ਲਈ ਧਰਨਾ ਲਗਾਇਆ ਸੀ। ਕਿਸਾਨਾਂ ਦਾ ਕਹਿਣਾ ਹੈ ਕਿ ਜਦੋਂ ਉਨ੍ਹਾਂ ਦੇ ਉੱਥੇ ਸੁਣਵਾਈ ਨਾ ਹੋਈ ਤਾਂ ਉਨ੍ਹਾਂ ਵੱਲੋਂ ਰੇਲਵੇ ਟਰੈਕ ਜਾਮ ਕਰਨ ਲਈ ਮੋਗਾ ਦੇ ਰੇਲਵੇ ਸਟੇਸ਼ਨ ਪੁੱਜੇ, ਜਿੱਥੇ ਬਾਅਦ ਦੁਪਹਿਰ ਪੁਲਸ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਗ੍ਰਿਫ਼ਤਾਰੀ ਕੀਤੀ ਗਈ।ਇਸ ਮੌਕੇ ਕਿਸਾਨਾਂ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਰਕਾਰੀ ਤੰਤਰ ਦੇ ਚੱਲਦਿਆਂ ਕਿਸਾਨਾਂ ਤੇ ਤਸ਼ੱਦਦ ਕੀਤਾ ਜਾ ਰਿਹਾ ਹੈ, ਜਦ ਕਿ ਸਰਕਾਰ ਨਾਲ ਸਬੰਧਤ ਸਮੁੱਚੇ ਸਰਕਾਰ ਦੇ ਨੁਮਾਇੰਦੇ ਰੇਤ ਧੜਾਧੜ ਚੁੱਕ ਰਹੇ ਹਨ, ਪਰ ਜਦੋਂ ਕਿਸਾਨ ਆਪਣੇ ਖੇਤ ਵਿੱਚੋਂ ਮਿੱਟੀ ਹਟਾ ਰਹੇ ਸਨ ਤਾਂ ਜੋ ਕਣਕ ਦੀ ਬਿਜਾਈ ਦੀ ਤਿਆਰੀ ਕੀਤੀ ਜਾ ਸਕੇ, ਜਿਸ ਨੂੰ ਇਹ ਰੇਤ ਦਾ ਨਾਮ ਦੇ ਕੇ ਜੋ ਕਿ ਰੇਤ ਵੀ ਨਹੀਂ ਹੈ ਹਟਾ ਰਹੇ ਸਨ ਤਾਂ ਮਾਈਨਿੰਗ ਵਿਭਾਗ ਵੱਲੋਂ ਸ਼ਿਕਾਇਤ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਉਨ੍ਹਾਂ 'ਤੇ ਕਈ ਮਾਮਲੇ ਦਰਜ ਕੀਤੇ ਗਏ ਹਨ।ਇਸੇ ਰੋਸ ਨੂੰ ਲੈ ਕੇ ਅੱਜ ਮਾਈਨਿੰਗ ਵਿਭਾਗ ਦੇ ਅੱਗੇ ਰੋਸ ਵਜੋਂ ਧਰਨਾ ਲਗਾਇਆ ਗਿਆ ਸੀ, ਪਰ ਪ੍ਰਸ਼ਾਸਨ ਵੱਲੋਂ ਕੋਈ ਸੁਣਵਾਈ ਨਾ ਹੋਣ ਕਾਰਨ ਕਿਸਾਨਾਂ ਦਾ ਇਹ ਫੈਸਲਾ ਕਿ ਰੇਲਵੇ ਸਟੇਸ਼ਨ 'ਤੇ ਧਰਨਾ ਲਗਾਇਆ ਜਾਵੇਗਾ।ਇਥੋਂ ਪੁਲਸ ਨੇ ਆ ਕੇ ਕਿਸਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਕਿਸਾਨ ਆਗੂ ਨੇ ਕਿਹਾ ਕਿ ਇਸ ਦਾ ਖਮਿਆਜ਼ਾ ਸਰਕਾਰ ਨੂੰ ਭੁਗਤਨਾ ਪਵੇਗਾ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਸਮੁੱਚੇ ਕਿਸਾਨ ਜਥੇਬੰਦੀਆਂ ਇਕੱਠੀਆਂ ਹੋ ਕੇ ਇਸੇ ਜਗ੍ਹਾ 'ਤੇ ਦੁਬਾਰਾ ਧਰਨਾ ਲਗਾਵਾਂਗੇ।

# ਪਿੰਡ ਤੇ ਪੰਜਾਬ ਦੀ ਹੋਂਦ ਬਚਾਉਣ ਦਾ ਹੋਕਾ : ਆਈ ਡੀ ਪੀ

**■ 5 ਦਸੰਬਰ ਤੱਕ ਨਾਭਾ ਤਹਿਸੀਲ ਦੇ ਪਿੰਡਾਂ ਨਾਲ ਸੰਵਾਦ ਰਚਾਵੇਗਾ ਕਾਫਲਾ**



**ਨਾਭਾ (ਵਰਿੰਦਰ ਵਰਮਾ)**

ਇੰਟਰਨੈਸ਼ਨਲਿਸਟ ਡੈਮੋਕ੍ਰੇਟਿਕ ਪਲੇਟਫਾਰਮ (ਆਈਡੀਪੀ) ਬਲਾਕ ਨਾਭਾ ਦੀ ਅਗਵਾਈ ਹੇਠ ਨਾਭਾ ਤਹਿਸੀਲ ਦੇ ਪਿੰਡਾਂ ਅੰਦਰ 6 ਨਵੰਬਰ ਤੋਂ ਸ਼ੁਰੂ ਹੋਇਆ ਲੋਕ ਚੇਤਨਾ ਕਾਫਲਾ ਮਨਸੂਰਪੁਰ, ਅਲੀਪੁਰ, ਫੈਜ਼ਗੜ੍ਹ, ਕੋਟ ਕਲਾਂ ਤੇ ਕੋਟ ਖੁਰਦ ਵਿਖੇ ਜਨਤਕ ਮੀਟਿੰਗਾਂ ਕੀਤੀਆਂ ਗਈਆਂ।ਪਿੰਡ ਮਨਸੂਰਪੁਰ ਛੀਟਾਂਵਾਲਾ ਵਿਖੇ ਨਗਰ ਨਿਵਾਸੀਆਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਪੱਤਰਕਾਰ ਹਮੀਰ ਸਿੰਘ ਤੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਧਨੇਠਾ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਮਾਇਆਧਾਰੀਆਂ ਦੇ ਪ੍ਰਭਾਵ ਹੇਠ ਵਿਕਾਸ ਦੇ ਨਾਮ ਉੱਤੇ ਜੋ ਵਿਨਾਸ਼ ਵੱਲ ਵਾਹੋਦਾਹੀ ਦੌੜ ਲਗਾ ਰਹੀਆਂ ਹਨ।ਇਸ ਵਿਕਾਸ ਮਾਡਲ ਨੇ ਦੁਨੀਆ ਭਰ ਵਿੱਚ ਵਾਤਾਵਰਨ ਤੇ ਰੁਜ਼ਗਾਰ ਦਾ ਗੰਭੀਰ ਸੰਕਟ ਪੈਦਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਗਲ਼-ਗਲ਼ ਤੱਕ ਭ੍ਰਿਸ਼ਟਾਚਾਰ ਵਿੱਚ ਗ੍ਰਸੀ ਦਿਖਾਈ ਦੇ ਰਹੀ ਹੈ।ਕੱਟੜ ਇਮਾਨਦਾਰੀ ਵਾਲਿਆਂ ਨੇ ਹੁਣ ਪੰਜਾਬ ਦੀਆਂ ਸ਼ਾਮਲਾਟ ਜ਼ਮੀਨਾਂ, ਖੇਤੀਬਾੜੀ ਯੂਨੀਵਰਸਿਟੀ, ਮੰਡੀ ਬੋਰਡ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ (ਪਾਵਰਕਾਮ) ਤੇ ਬਾਗਵਾਨੀ ਆਦਿ ਵਿਭਾਗਾਂ ਦੀਆਂ ਜ਼ਮੀਨਾਂ ਵੇਚਣ ਦਾ ਫੈਸਲਾ ਕਰ ਲਿਆ।ਪੰਚਾਇਤੀ ਜ਼ਮੀਨਾਂ ਦੀ ਨਿਸ਼ਾਨਦੇਹੀ ਦੇ ਹੁਕਮ ਦਿੱਤੇ ਗਏ ਹਨ ਤੇ ਪੰਚਾਇਤਾਂ ਦੀ ਆਮਦਨ ਦਾ ਇੱਕ ਤਿਹਾਈ ਹਿੱਸਾ ਪਹਿਲਾਂ ਹੀ ਮੁਲਾਜ਼ਮਾਂ ਦੀਆਂ ਤਨਖਾਹਾਂ ਦੇ ਨਾਮ ਉੱਤੇ ਜਬਰੀ ਵਸੂਲਿਆ ਜਾ ਰਿਹਾ ਹੈ, ਜਿਨ੍ਹਾਂ ਪਿੰਡਾਂ ਦੀਆਂ ਜ਼ਮੀਨਾਂ ਪਹਿਲਾਂ ਹੀ ਇੱਕਵਾਇਰ ਕਰ ਲਈਆਂ ਹਨ।ਉਨ੍ਹਾ ਪੰਚਾਇਤਾਂ ਦੇ ਖਾਤਿਆਂ ਵਿੱਚ ਪਏ ਪੈਸੇ ਦਾ ਪੰਜ ਫੀਸਦ ਹੋਰ ਮੰਗਿਆ ਜਾ ਰਿਹਾ ਹੈ।ਅਜਿਹੇ ਹਾਲਾਤਾਂ ਵਿੱਚ ਜੇਕਰ ਪਿੰਡਾਂ ਦੀਆਂ ਸ਼ਾਮਲਾਟ ਜ਼ਮੀਨਾਂ ਚਲੀਆਂ ਗਈਆਂ ਤਾਂ ਬਜ਼ੁਰਗਾਂ ਵੱਲੋਂ ਸਿਆਣਪ ਦਿਖਾਉਂਦਿਆਂ ਆਪਣੇ ਵਸਿੰਦਿਆਂ ਲਈ ਛੱਡੀ ਵਿਰਾਸਤ ਖਤਮ ਹੋ ਜਾਵੇਗੀ।ਸਾਂਝੀਆਂ ਸੰਸਥਾਵਾਂ ਲਈ ਕੋਈ ਜਗ੍ਹਾ ਨਹੀਂ ਬਚੇਗੀ।ਹਰ ਖੇਤਰ ਵਿੱਚ ਨਿੱਜੀ ਖੇਤਰ ਦੀ ਮਹਿੰਗਾਈ ਵੱਡੇ ਹਿੱਸੇ ਦਾ ਲੱਕ ਤੋੜ ਦੇਵੇਗੀ। ਇਨ੍ਹਾਂ ਸੰਸਥਾਵਾਂ ਨੂੰ ਬਚਾਉਣਾ ਤੇ ਆਪਣੇ ਸਾਧਨਾਂ ਦੀ ਰਾਖੀ ਕਰਨਾ ਸਾਡੀ ਆਪਣੀ ਜ਼ਿੰਮੇਵਾਰੀ ਹੈ।ਇਹ ਲੋਕ ਚੇਤਨਾ ਕਾਫਲੇ ਵਿੱਚ ਕੁਲਵਿੰਦਰ ਕੌਰ ਰਾਮਗੜ੍ਹ, ਪਰਮਿੰਦਰ ਕੌਰ ਵਿੱਕੀ, ਗੁਰਮੀਤ ਸਿੰਘ ਬੂਹੀ, ਕੇਵਲ ਸਿੰਘ ਕੋਟ, ਭਰਪੂਰ ਸਿੰਘ ਭਵਾਨੀਗੜ੍ਹ, ਤਾਰਾ ਸਿੰਘ ਫੱਗੂਵਾਲਾ, ਕਸ਼ਮੀਰਾ ਸਿੰਘ ਬੂਹੀ, ਫਲਜੀਤ ਸਿੰਘ ਸੰਗਰੂਰ ਨੇ ਸ਼ਮੂਲੀਅਤ ਕੀਤੀ।

## ਕਾਤਰਾਂ

### ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਉਤਸ਼ਾਹ ਨਾਲ ਮਨਾਇਆ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਖ਼ੁਸ਼ੀ ਵਿੱਚ ਡੇਰਾ ਬਾਬਾ ਬਹਾਲੀ ਰਾਮ ਜੀ ਵਿਖੇ 3 ਨਵੰਬਰ ਨੂੰ ਪ੍ਰਕਾਸ਼ ਕਰਾਏ ਸ੍ਰੀ ਅਖੰਡ ਪਾਠ ਸਾਹਿਬ ਦੇ 5 ਨਵੰਬਰ ਨੂੰ ਭੋਗ ਪਾਏ ਗਏ। ਸੰਚਾਲਕ ਬਾਬਾ ਤੇਜ ਰਾਮ ਜੀ ਨੇ ਸਰਬੱਤ ਦੇ ਭਲੇ ਲਈ ਅਰਦਾਸ ਉਪਰੰਤ ਸੰਗਤਾਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ। ਇਸ ਮੌਕੇ ਭਾਈ ਭੋਲਾ ਸਿੰਘ (ਮੁੱਖ ਗ੍ਰੰਥੀ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ) ਸਮੇਤ ਵੱਡੀ ਗਿਣਤੀ ਨਗਰਵਾਸੀ ਸ਼ਾਮਲ ਸਨ। ਸੇਵਾਦਾਰ ਸੰਗਤਾਂ ਨੇ ਤਿੰਨੋਂ ਦਿਨ ਸੇਵਾ ਕਾਰਜਾਂ ਵਿੱਚ ਵਧ-ਚੜ੍ਹ ਕੇ ਭਾਗ ਲਿਆ। ਸਮਾਪਤੀ 'ਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

### ਭੱਠਾ ਮਜ਼ਦੂਰਾਂ ਦਾ ਰੁਜ਼ਗਾਰ ਬੰਦ, ਸਰਕਾਰ ਨੂੰ ਅਪੀਲਾਂ



**ਦਿੜ੍ਹਬਾ (ਜਸਵੀਰ ਲਾਡੀ)**-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾਈ ਆਗੂ ਕਾਮਰੇਡ ਗੋਬਿੰਦ ਸਿੰਘ ਛਾਜਲੀ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੇ ਭੱਠਾ ਮਾਲਕਾਂ ਨੇ ਭੱਠੇ ਬੰਦ ਕਰਨ ਕਰਕੇ ਭੱਠਾ ਮਜ਼ਦੂਰਾਂ ਦਾ ਰੁਜ਼ਗਾਰ ਵੀ ਬੰਦ ਹੋਇਆ ਪਿਆ ਹੈ।ਸੰਗਰੂਰ ਜ਼ਿਲ੍ਹੇ ਦੇ ਭੱਠਾ ਮਾਲਕਾਂ ਨੇ ਇੱਟਾਂ ਦਾ ਸਟਾਕ ਇਕੱਠਾ ਕੀਤਾ ਹੋਇਆ ਹੈ ਤੇ ਅੱਵਲ ਇੱਟ ਦਾ ਰੇਟ ਇਸ ਵੇਲੇ ਸੰਗਰੂਰ ਜ਼ਿਲ੍ਹੇ ਦੇ ਭੱਠਿਆਂ ਤੇ 7500/- ਦੇ ਲਗਭਗ ਹੈ, ਜਦੋਂ ਕਿ ਨਾਲ ਦੇ ਜ਼ਿਲ੍ਹੇ ਮਾਨਸਾ 'ਚ 6000-6200/- ਹੈ।ਉਨ੍ਹਾਂ ਕਿਹਾ ਕਿ ਇੱਟ ਮਹਿੰਗੀ ਹੋਣ ਕਾਰਨ ਗਰੀਬ ਲੋਕ ਲਈ ਘਰ ਬਣਾਉਣਾ ਔਖਾ ਹੋ ਰਿਹਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ, ਪਾਰਟੀ ਪ੍ਰਧਾਨ ਅਮਨ ਅਰੋੜਾ ਤੇ ਮੰਤਰੀ ਵਰਿੰਦਰ ਗੋਇਲ ਦਾ ਜ਼ਿਲ੍ਹਾ ਹੈ।ਜੇਕਰ ਜਲਦੀ ਭੱਠੇ ਨਾ ਚਾਲੂ ਕੀਤੇ ਤਾਂ ਮਜਦੂਰ ਮੁਕਤੀ ਮੋਰਚਾ ਪੰਜਾਬ ਭੱਠਾ ਮਜ਼ਦੂਰ ਨਾਲ ਸੰਘਰਸ਼ ਦਾ ਰਾਹ ਅਖ਼ਤਿਆਰ ਕਰੇਗਾ ।ਉਨ੍ਹਾਂ ਨੂੰ ਇਸ ਗੰਭੀਰ ਮੁੱਦੇ ਵੱਲ ਧਿਆਨ ਦੇਣਾ ਚਾਹੀਦਾ ਹੈ।

### ਭਸੌੜ ਵਿਖੇ ਆਯੂਰਵੈਦਿਕ ਕੈਂਪ 11 ਨੂੰ

**ਧੂਰੀ (ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਜਨਤਕ ਸਿਹਤ ਸਹੂਲਤਾਂ ਪਹੁੰਚਾਉਣ ਲਈ ਸਿਹਤ ਵਿਭਾਗ ਵੱਲੋਂ ਡਾਇਰੈਕਟਰ ਆਯੁਰਵੈਦਾ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਆਯੂਰਵੈਦਿਕ ਤੇ ਯੂਨਾਨੀ ਅਫ਼ਸਰ ਡਾ: ਮਲਕੀਤ ਸਿੰਘ ਘੱਗਾ ਤੇ ਸੀਨੀਅਰ ਮੈਡੀਕਲ ਅਫਸਰ ਡਾ: ਜਸਦੀਪ ਸਿੰਘ ਦੀ ਅਗਵਾਈ ਹੇਠ ਮੁੱਢਲਾ ਸਿਹਤ ਕੇਂਦਰ ਭਸੌੜ ਵਿਖੇ ਕੈਂਪ ਇੰਚਾਰਜ ਡਾ: ਰੁਬੀਨਾ ਦੁਆਰਾ ਆਯੂਰਵੈਦਿਕ ਮੈਡੀਕਲ ਕੈਂਪ 11 ਨੰਵਬਰ ਮੰਗਲਵਾਰ ਨੂੰ ਲਗਾਇਆ ਜਾ ਰਿਹਾ ਹੈ। ਕੈਂਪ ਦੌਰਾਨ ਮਾਹਰ ਆਯੂਰਵੈਦਿਕ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਚੈੱਕਅਪ ਕੀਤਾ ਜਾਵੇਗਾ ਤੇ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ।ਕੈਂਪ ਦੇ ਮੁੱਖ ਮਹਿਮਾਨ ਡਾਕਟਰ ਅਨਵਰ ਭਸੌੜ (ਮੈਂਬਰ ਵਕਫ ਬੋਰਡ ਪੰਜਾਬ) ਹੋਣਗੇ।ਟੈਸਟ ਮੁਫ਼ਤ ਕੀਤੇ ਜਾਣਗੇ।

# ਲਖਮੀਰਵਾਲਾ 'ਚ ਗੁਰਪੁਰਬ ਵਿਲੱਖਣ ਢੰਗ ਨਾਲ ਮਨਾਇਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੰਗਰੂਰ ਦੇ ਪਿੰਡ ਲਖਮੀਰਵਾਲਾ 'ਚ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਵਿਲੱਖਣ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਸੋਨੀ ਵਿਰਕ ਲਖਮੀਰਵਾਲਾ ਨੇ ਦੱਸਿਆ ਸ਼੍ਰੀ ਗੁਰਪੁਰਬ ਨੂੰ ਲੈ ਕੇ ਅਸੀਂ ਇੱਕ ਹਫਤੇ ਤੋਂ ਤਿਆਰੀਆਂ ਕਰ ਰਹੇ ਸੀ, 8 ਸਾਲ ਤੋਂ ਲੈ ਕੇ 16 ਸਾਲ ਦੇ ਬੱਚਿਆਂ ਦਾ ਦਸਤਾਰ ਸਿਖਲਾਈ ਕੈਂਪ ਲਾਇਆ, ਇਹ ਸੇਵਾ ਰਾਮ ਸਿੰਘ ਨੀਲੋਵਾਲ ਨੇ ਨਿਭਾਈ ਤੇ ਅਖੀਰਲੇ ਦਿਨ ਗੁਰਪੁਰਬ ਵਾਲੇ ਦਿਨ ਬੱਚਿਆਂ 'ਚ ਸੋਹਣੀ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਇਸ ਤੋਂ ਬਾਅਦ ਪਿੰਡ ਲਖਮੀਰਵਾਲਾ 'ਚ ਬੱਚਿਆਂ ਵੱਲੋਂ ਵਾਤਾਵਰਨ, ਪਾਣੀ, ਧਰਤੀ ਮਾਂ ਦਾ ਸਤਿਕਾਰ ਕਰਨ ਲਈ ਮਾਰਚ ਕੱਢਿਆ ਗਿਆ। ਇਸ ਤੋਂ ਬਾਅਦ ਇਨਾਮਾਂ ਦੀ ਵੰਡ ਹੋਈ ਸੋਹਣੀ ਦਸਤਾਰ ਸਜਾਉਣ ਦੇ ਮੁਕਾਬਲੇ 'ਚ 8 ਤੋਂ 12 ਸਾਲ 'ਚ ਪਹਿਲਾ ਸਥਾਨ ਮਨਿੰਦਰ ਸਿੰਘ, ਦੂਜਾ ਸਥਾਨ ਅਰਮਾਨਵੀਰ ਸਿੰਘ, ਤੀਜਾ ਸਥਾਨ ਏਕਮਵੀਰ ਸਿੰਘ ਤੇ ਤਰਨਵੀਰ ਸਿੰਘ ਨੇ ਹਾਸਲ ਕੀਤਾ। 13 ਤੋਂ 16 ਸਾਲ 'ਚ ਪਹਿਲਾ ਸਥਾਨ ਸਾਹਿਲਦੀਪ ਸਿੰਘ, ਦੂਜਾ ਸਥਾਨ ਅਲਬਖਸ਼ ਖਾਂ, ਤੀਜਾ ਗੁਰਸਹਿਜ ਸਿੰਘ, ਗੁਰਨੀਵ ਸਿੰਘ ਨੇ ਹਾਸਲ ਕੀਤਾ ਤੇ ਭਾਗ ਲੈਣ ਵਾਲੇ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਵੀ ਦਿੱਤੇ ਗਏ ਤੇ ਬੀਬੀਆਂ ਦੇ ਮੁਕਾਬਲੇ 'ਚ ਸਾਰੀਆਂ ਬੀਬੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੌਜੂਦ ਗੁਰੂਘਰ ਦੇ ਗ੍ਰੰਥੀ ਸਤਪਾਲ ਸਿੰਘ, ਜਤਿੰਦਰ ਸਿੰਘ, ਭੰਤਵੀਰ ਸਿੰਘ ਵਿਰਕ, ਅਰਮਾਨ ਸਿੰਘ, ਸਹਿਜਦੀਪ ਸਿੰਘ, ਮਗਰ ਸਿੰਘ, ਕਾਲਾ ਸਿੰਘ, ਅਮਨਦੀਪ ਸਿੰਘ ਨਹਿਲ, ਗੁਰਨੂਰ ਸਿੰਘ ਨਹਿਲ, ਮਨਜਾਪ ਸਿੰਘ ਵਿਰਕ, ਗੁਰਚਰਨ ਸਿੰਘ, ਸਤਵਿੰਦਰ ਸਿੰਘ ਤੇ ਗੁਰਲਾਲ ਸਿੰਘ ਆਦਿ ਹਾਜ਼ਰ ਸਨ।

# ਟਰਾਈਡੈਂਟ ਗਰੁੱਪ ਵੱਲੋਂ ਚੱਲ ਰਹੇ 'ਫਰੀ ਮੈਗਾ ਮੈਡੀਕਲ ਕੈਂਪ 2025' ਦਾ ਦੂਜਾ ਪੜਾਅ ਸ਼ੁਰੂ

**ਹਜ਼ਾਰਾਂ ਦੀ ਗਿਣਤੀ 'ਚ ਪੁੱਜੇ ਮਰੀਜ਼, ਕੀਤਾ ਪਦਮਸ਼੍ਰੀ ਰਾਜਿੰਦਰ ਗੁਪਤਾ ਦਾ ਧੰਨਵਾਦ**



**ਬਰਨਾਲਾ (ਰਾਜਿੰਦਰ ਬਰਾੜ)**

ਟਰਾਈਡੈਂਟ ਗਰੁੱਪ ਵੱਲੋਂ 29 ਅਕਤੂਬਰ ਤੋਂ ਸ਼ੁਰੂ ਕੀਤੇ ਗਏ 'ਫਰੀ ਮੈਗਾ ਮੈਡੀਕਲ ਕੈਂਪ 2025' ਦਾ 6 ਨਵੰਬਰ ਨੂੰ ਦੂਜਾ ਪੜਾਅ ਸ਼ੁਰੂ ਹੋ ਗਿਆ ਹੈ, ਜਿੱਥੇ ਸੀ.ਐੱਮ.ਸੀ. ਹਸਪਤਾਲ ਲੁਧਿਆਣਾ ਦੇ ਮਾਹਰ ਡਾਕਟਰਾਂ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਬੁੱਧਵਾਰ ਨੂੰ ਕੈਂਪ 'ਚ ਹਜ਼ਾਰਾਂ ਦੀ ਗਿਣਤੀ 'ਚ ਮਰੀਜ਼ ਆਪਣੇ ਚੈੱਕਅਪ ਤੇ ਇਲਾਜ ਲਈ ਪੁੱਜੇ, ਜਿਨ੍ਹਾਂ ਨੇ ਟਰਾਈਡੈਂਟ ਗਰੁੱਪ ਦੇ ਸੰਸਥਾਪਕ ਤੇ ਮੈਂਬਰ ਰਾਜ ਸਭਾ ਪਦਮਸ਼੍ਰੀ ਰਜਿੰਦਰ ਗੁਪਤਾ, ਸੀ.ਐੱਸ.ਆਰ. ਹੈੱਡ ਮੈਡਮ ਮਧੂ ਗੁਪਤਾ ਤੇ ਸੀ.ਐਕਸ.ਓ. ਅਭਿਸ਼ੇਕ ਗੁਪਤਾ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਸਦਕਾ ਹੀ ਗਰੀਬ ਲੋਕਾਂ ਦੀ ਪਹੁੰਚ ਤੋਂ ਦੂਰ ਸੀ.ਐੱਮ.ਸੀ. ਵਰਗੇ ਵੱਡੇ ਹਸਪਤਾਲ ਦੀਆਂ ਸਹੂਲਤਾਂ ਉਨ੍ਹਾਂ ਨੂੰ ਮੁਫ਼ਤ 'ਚ ਹੀ ਆਪਣੇ ਸ਼ਹਿਰ 'ਚ ਮਿਲੀਆਂ।ਲੋਕਾਂ ਨੇ ਉਮੀਦ ਜਤਾਈ ਕਿ ਟਰਾਈਡੈਂਟ ਗਰੁੱਪ ਭਵਿੱਖ 'ਚ ਵੀ ਅਜਿਹੇ ਉਪਰਾਲੇ ਬਰਨਾਲਾ ਵਾਸੀਆਂ ਲਈ ਕਰਦਾ ਰਹੇਗਾ।ਇਹ ਕੈਂਪ 7, 8, 12, 13, 14, 19, 20, 21, 26, 27, 28 ਨਵੰਬਰ ਅਤੇ 3, 4, 5 ਦਸੰਬਰ ਤੱਕ ਜਾਰੀ ਰਹੇਗਾ।ਕੈਂਪ 'ਚ ਟਰਾਈਡੈਂਟ ਗਰੁੱਪ ਦੇ ਸਟਾਫ਼ ਵੱਲੋਂ ਕੈਂਪ ਇੰਚਾਰਜ ਪਵਨ ਸਿੰਗਲਾ, ਚਰਨਜੀਤ ਸਿੰਘ, ਜਗਰਾਜ ਪੰਡੋਰੀ, ਰੁਪਿੰਦਰ ਕੌਰ, ਗੁਰਵਿੰਦਰ ਕੌਰ, ਰੀਚਾ ਪ੍ਰਭਾਕਰ, ਗੁਰਪ੍ਰੀਤ ਸਿੰਘ, ਗੁਰਦੀਪ ਸਿੰਘ, ਚਰਨਜੀਤ ਸਿੰਘ ਤੇ ਨਰਿੰਦਰ ਸਿੰਘ ਮਰੀਜ਼ਾਂ ਦੀ ਹਰ ਸੰਭਵ ਸਹਾਇਤਾ ਕਰ ਰਹੇ ਹਨ। ਉਨ੍ਹਾਂ ਵੱਲੋਂ ਮਰੀਜ਼ਾਂ ਨੂੰ ਜਿੱਥੇ ਰਜਿਸਟ੍ਰੇਸ਼ਨ ਕਰਵਾਉਣ ਤੋਂ ਲੈ ਕੇ ਵੱਖ ਵੱਖ ਕਾਊਂਟਰਾਂ ਤੱਕ ਲਿਜਾਣ 'ਚ ਸਹਾਇਤਾ ਕੀਤੀ ਜਾ ਰਹੀ ਹੈ, ਉੱਥੇ ਹੀ ਚਾਹ ਪਾਣੀ ਦਾ ਵੀ ਸੁਚੱਜਾ ਪ੍ਰਬੰਧ ਕੀਤਾ ਗਿਆ ਹੈ।

ਕੈਂਪ ਦੌਰਾਨ ਸੀ.ਐੱਮ.ਸੀ. ਹਸਪਤਾਲ ਲੁਧਿਆਣਾ ਦੇ ਮਾਹਰ ਡਾਕਟਰਾਂ ਦੀ ਟੀਮ ਮਰੀਜ਼ਾਂ ਨੂੰ ਆਮ ਸਿਹਤ ਜਾਂਚ, ਮਾਹਰ ਡਾਕਟਰੀ ਸਲਾਹ, ਡੈਂਟਲ ਸਕੇਲਿੰਗ, ਫ਼ਿਲਿੰਗ ਤੇ ਐਕਸਟ੍ਰੈਕਸ਼ਨ, ਡਾਇਗਨੋਸਟਿਕ ਟੈਸਟ, ਮੁਫ਼ਤ ਦਵਾਈਆਂ, ਐਕਸ-ਰੇ, ਈ.ਸੀ.ਜੀ., ਮੋਤੀਆ ਬਿੰਦ ਦੀ ਜਾਂਚ, ਅੱਖਾਂ ਦੀ ਪੂਰੀ ਤਬੀ ਜਾਂਚ ਅਤੇ ਮੁਫ਼ਤ ਚਸ਼ਮਿਆਂ ਦੀ ਸਹੂਲਤ ਪ੍ਰਦਾਨ ਕਰ ਰਹੀ ਹੈ।ਮਰੀਜ਼ਾਂ ਦੀ ਰਜਿਸਟ੍ਰੇਸ਼ਨ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਕੀਤੀ ਜਾਂਦੀ ਹੈ, ਤਾਂ ਜੋ ਹਰ ਮਰੀਜ਼ ਨੂੰ ਸਮੇਂ ਸਿਰ ਸੇਵਾ ਮਿਲ ਸਕੇ।ਇਸ ਮੌਕੇ ਈ.ਸੀ.ਜੀ. ਤੇ ਐਕਸ-ਰੇ ਟੈਸਟ ਵੀ ਪੂਰੀ ਤਰ੍ਹਾਂ ਮੁਫ਼ਤ ਕੀਤੇ ਜਾ ਰਹੇ ਹਨ।ਟਰਾਈਡੈਂਟ ਗਰੁੱਪ ਵੱਲੋਂ ਲਗਾਏ ਗਏ ਮੁਫ਼ਤ ਮੈਗਾ ਮੈਡੀਕਲ ਕੈਂਪ ਵਿੱਚ ਪਹੁੰਚੇ ਹਜ਼ਾਰਾਂ ਮਰੀਜ਼ਾਂ ਵੱਲੋਂ ਟਰਾਈਡੈਂਟ ਗਰੁੱਪ ਦੇ ਸੰਸਥਾਪਕ ਤੇ ਮੈਂਬਰ ਰਾਜ ਸਭਾ ਪਦਮਸ਼੍ਰੀ ਰਾਜਿੰਦਰ ਗੁਪਤਾ ਦੀ ਜੰਮ ਕੇ ਸ਼ਲਾਘਾ ਕੀਤੀ ਜਾ ਰਹੀ ਹੈ।ਮਰੀਜ਼ਾਂ ਨੇ ਇਸ ਕੈਂਪ ਨੂੰ ਲੋੜਵੰਦਾਂ ਲਈ 'ਵਰਦਾਨ' ਦੱਸਿਆ ਹੈ ਤੇ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਮਹਿੰਗੇ ਇਲਾਜਾਂ ਤੋਂ ਵੱਡੀ ਰਾਹਤ ਮਿਲੀ ਹੈ।

# ਦੋ ਦੇਸੀ ਪਿਸਤੌਲਾਂ ਸਮੇਤ ਨੌਜਵਾਨ ਪੁਲਸ ਅੜਿੱਕੇ



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)**-ਥਾਣਾ ਮਮਦੋਟ ਦੀ ਪੁਲਸ ਨੇ ਦੋ ਦੇਸੀ ਪਿਸਤੌਲਾਂ ਸਮੇਤ ਇੱਕ ਨੌਜਵਾਨ ਨੂੰ ਕਾਬੂ ਕਰਨ ਵਿੱਚ ਵੱਡੀ ਸਫਲਤਾ ਪ੍ਰਾਪਤ ਕੀਤੀ ਹੈ, ਜਿਸ ਦੇ ਖਿਲਾਫ ਵੱਖ-ਵੱਖ ਧਰਾਵਾਂ ਤਹਿਤ ਮਾਮਲਾ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਵੜੈਚ ਨੇ ਦੱਸਿਆ ਕਿ ਬੀਤੇ ਦਿਨੀਂ ਏ ਐੱਸ ਆਈ ਸੁਖਚੈਨ ਸਿੰਘ ਮਾਤਾ ਮਾਈ ਭੋਲੀ ਚੌਕ ਨੂੰ ਗਸ਼ਤ 'ਤੇ ਜਾ ਰਹੇ ਸਨ ਕਿ ਮੁਖਬਰ ਨੇ ਉਨ੍ਹਾਂ ਨੂੰ ਗੁਪਤ ਸੂਚਨਾ ਦਿੱਤੀ ਕਿ ਇੱਕ ਨੌਜਵਾਨ ਮਮਦੋਟ ਦੇ ਸ਼ਮਸ਼ਾਨਘਾਟ ਲਾਗੇ ਦੇਸੀ ਪਿਸਤੌਲ ਦੇਣ ਲਈ ਗਾਹਕ ਦਾ ਇੰਤਜ਼ਾਰ ਕਰ ਰਿਹਾ ਹੈ।ਸੂਚਨਾ ਠੋਸ ਤੇ ਪੁਖਤਾ ਹੋਣ ਕਰਕੇ ਜਦ ਪੁਲਸ ਪਾਰਟੀ ਨੇ ਛਾਪੇਮਾਰੀ ਕੀਤੀ ਤਾਂ 32 ਬੋਰ ਦੇਸੀ ਪਿਸਤੌਲ ਤੇ 5 ਜ਼ਿੰਦਾ ਰੌਂਦ ਸਮੇਤ ਨੌਜਵਾਨ ਨੂੰ ਕਾਬੂ ਕਰ ਲਿਆ ਗਿਆ।ਮੁੱਢਲੀ ਪੁੱਛਗਿੱਛ ਦੌਰਾਨ ਉਸ ਨੇ ਆਪਣਾ ਨਾਮ ਸੰਜੀਵ ਕੁਮਾਰ ਉਰਫ ਸੰਜੂ ਪੁੱਤਰ ਸੁਖਦੇਵ ਸਿੰਘ ਨੇੜੇ ਵਧਵਾ ਹਸਪਤਾਲ ਮਮਦੋਟ ਦੱਸਿਆ ਹੈ।

ਥਾਣਾ ਮੁਖੀ ਨੇ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਇੱਕ ਦਿਨਾਂ ਰਿਮਾਂਡ ਲਿਆ ਗਿਆ, ਜਿਸ ਤੋਂ ਬਾਅਦ ਅਗਲੀ ਨਿਸ਼ਾਨਦੇਹੀ ਤਹਿਤ ਉਸ ਕੋਲੋਂ 30 ਬੋਰ ਦਾ ਇੱਕ ਹੋਰ ਦੇਸੀ ਪਿਸਤੌਲ ਵੀ ਬਰਾਮਦ ਹੋਇਆ।ਉਨ੍ਹਾਂ ਦੱਸਿਆ ਕਿ ਮੁਲਜ਼ਮ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਇਹ ਪਿਸਤੌਲ ਉਹ ਯੂ ਪੀ ਤੋਂ ਲੈ ਕੇ ਆਇਆ ਸੀ।

# ਟਕਸਾਲੀ ਕਾਂਗਰਸੀ ਆਗੂ ਸਾਦਕ ਮੰਤਰੀ ਦਾ ਦੇਹਾਂਤ

**■ ਸਪੁਰਦੇ ਖ਼ਾਕ ਮੌਕੇ ਕੁਲਬੀਰ ਜ਼ੀਰਾ, ਆਸ਼ੂ ਬੰਗੜ, ਗੁਰਬਚਨ ਸਿੰਘ ਖਾਰਾ ਸਮੇਤ ਵੱਡੀ ਗਿਣਤੀ ਆਗੂਆਂ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ**



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)**-ਸਾਦਕ ਮੰਤਰੀ ਦੇ ਨਾਮ ਨਾਲ ਜਾਣੇ ਜਾਂਦੇ ਮਮਦੋਟ ਇਲਾਕੇ ਦੇ ਨਾਮਵਰ ਟਕਸਾਲੀ ਕਾਂਗਰਸੀ ਆਗੂ ਸਾਦਕ ਰਹੀਮੇਂ ਕੇ ਦਾ ਬੀਤੇ ਦਿਨ ਸੰਖੇਪ ਬਿਮਾਰੀ ਪਿੱਛੋਂ ਦੇਹਾਂਤ ਹੋ ਗਿਆ। ਉਹ 93 ਕੁ ਵਰ੍ਹਿਆਂ ਦੇ ਸਨ। ਜਵਾਨੀ ਤੋਂ ਲੈ ਕੇ ਉਮਰ ਦੇ ਆਖਰੀ ਪੜਾਅ ਤੱਕ ਉਹ ਕਾਂਗਰਸ ਪਾਰਟੀ ਦੇ ਵਫ਼ਾਦਾਰ ਸਿਪਾਹੀ ਵਜੋਂ ਸੇਵਾਵਾਂ ਦਿੰਦੇ ਰਹੇ। ਉਨ੍ਹਾ ਬਲਰਾਮ ਜਾਖੜ ਖੇਤੀਬਾੜੀ ਮੰਤਰੀ ਭਾਰਤ ਸਰਕਾਰ, ਬਾਲ ਮੁਕੰਦ ਸ਼ਰਮਾ ਕੈਬਨਿਟ ਮੰਤਰੀ ਪੰਜਾਬ, ਕੈਬਨਿਟ ਮੰਤਰੀ ਸੱਜਵਾਰ ਸਿੰਘ, ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ, ਕੈਬਨਿਟ ਮੰਤਰੀ, ਅਨੁਮੀਤ ਹੀਰਾ ਸੋਢੀ, ਇੰਦਰਜੀਤ ਸਿੰਘ ਜੀਰਾ, ਜੰਗਲਾਤ ਮੰਤਰੀ ਹੰਸ ਰਾਜ ਜੋਸਨ, ਪਰਮਿੰਦਰ ਸਿੰਘ ਪਿੰਕੀ, ਮੈਡਮ ਸਤਿਕਾਰ ਕੌਰ ਗਹਿਰੀ ਸਾਬਕਾ ਐੱਮ ਐੱਲ ਏ ਫਿਰੋਜ਼ਪੁਰ ਦਿਹਾਤੀ, ਕੁਲਬੀਰ ਸਿੰਘ ਜ਼ੀਰਾ ਸਮੇਤ ਕਈ ਹੋਰ ਸਟੇਟ ਤੇ ਸੈਂਟਰ ਪੱਧਰ ਦੇ ਆਗੂਆਂ ਨਾਲ ਕੰਮ ਕੀਤਾ। ਉਨ੍ਹਾ ਦੀਆਂ ਬੇਦਾਗ ਸੇਵਾਵਾਂ ਦੇ ਬਦਲੇ ਬੇਸ਼ੱਕ ਉਨ੍ਹਾ ਨੂੰ ਕੋਈ ਮਹੱਤਵਪੂਰਨ ਅਹੁਦੇ 'ਤੇ ਕੰਮ ਕਰਨ ਦਾ ਮੌਕਾ ਪਾਰਟੀ ਵੱਲੋਂ ਨਹੀਂ ਮਿਲਿਆ, ਪਰ ਉਹ ਆਖਰੀ ਦਮ ਤੱਕ ਪਾਰਟੀ ਪ੍ਰਤੀ ਵਫ਼ਾਦਾਰ ਰਹੇ। ਉਨ੍ਹਾ ਦੇ ਅੰਤਿਮ ਸੰਸਕਾਰ ਮੌਕੇ ਸ਼ੇਰ ਸਿੰਘ ਘੁਬਾਇਆ ਮੈਂਬਰ ਪਾਰਲੀਮੈਂਟ, ਕੁਲਬੀਰ ਸਿੰਘ ਜ਼ੀਰਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ, ਅਮਰਦੀਪ ਸਿੰਘ ਆਸ਼ੂ ਬੰਗੜ ਇੰਚਾਰਜ ਹਲਕਾ ਫਿਰੋਜ਼ਪੁਰ ਦਿਹਾਤੀ (ਕਾਂਗਰਸ) ਗੁਰਬਚਨ ਸਿੰਘ ਖਾਰਾ (ਕਾਲਾ ਟਿੱਬਾ) ਬਲਾਕ ਪ੍ਰਧਾਨ, ਹਰਪਾਲ ਸੋਢੀ ਬਲਾਕ ਪ੍ਰਧਾਨ ਸ਼ਹਿਰੀ, ਗੁਰਭੇਜ ਸਿੰਘ ਖਾਰਾ ਸਾਬਕਾ ਸਰਪੰਚ ਕਾਲਾ ਟਿੱਬਾ, ਤੇਜਬੀਰ ਸਿੰਘ ਖਾਰਾ, ਸੁਖਵਿੰਦਰ ਸਿੰਘ ਸੁੱਖਾ ਜੋਧਪੁਰ, ਤਰਸੇਮ ਸਿੰਘ ਸਦਰ ਕੇ, ਬਾਜ਼ ਸਿੰਘ ਸਾਬਕਾ ਐੱਮ ਸੀ, ਗੁਰਦੇਵ ਸਿੰਘ ਸਾਬਕਾ ਸਰਪੰਚ, ਰਾਮ ਸਿੰਘ ਨੰਬਰਦਾਰ ਮਮਦੋਟ ਹੇਮਨ ਧਵਨ ਤੇ ਪਾਸਟਰ ਪ੍ਰੇਮ ਸਮੇਤ ਵੱਡੀ ਗਿਣਤੀ ਵਿੱਚ ਪੁੱਜੇ ਆਗੂਆਂ, ਪਾਰਟੀ ਵਰਕਰਾਂ ਰਿਸ਼ਤੇਦਾਰਾਂ ਤੇ ਸਾਕ ਸਨੇਹੀਆਂ ਵੱਲੋਂ ਸਾਦਕ ਮੰਤਰੀ ਦੇ ਸਪੁੱਤਰ ਪਾਸਟਰ ਦੇਸ ਰਾਜ ਤੇ ਸੱਤਪਾਲ ਕੰਡਿਆਰਾ, ਪੋਤਰੇ ਸੁਰਿੰਦਰ ਕੰਡਿਆਰਾ, ਸੂਰਜ, ਲਾਡੀ, ਬੰਟੀ, ਅਮਨ ਕੰਡਿਆਰਾ ਤੇ ਲੋਕ ਭਲਾਈ ਸੰਸਥਾ ਪੰਜਾਬ ਦੇ ਪ੍ਰਧਾਨ ਥੋਮਸ ਭੱਟੀ, ਪਤਰਸ ਭੱਟੀ ਸੈਮਲ ਤੇ ਡੈਨੀਅਲ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਹਾਜ਼ਰ ਸਨ। ਸਾਦਕ ਮੰਤਰੀ ਨਮਿੱਤ ਦੁਆ ਬੰਦਗੀ 12 ਨਵੰਬਰ ਬੁੱਧਵਾਰ ਨੂੰ ਉਨ੍ਹਾ ਦੇ ਗ੍ਰਹਿ ਪਿੰਡ ਰਹੀਮੇ ਕੇ ਉੱਤਾੜ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਬਾਅਦ ਦੁਪਹਿਰ ਇੱਕ ਵਜੇ ਹੋਵੇਗੀ।

# 98 ਗ੍ਰਾਮ ਹੈਰੋਇਨ ਸਮੇਤ ਨੌਜਵਾਨ ਗ੍ਰਿਫਤਾਰ



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)**-ਥਾਣਾ ਮਮਦੋਟ ਦੀ ਪੁਲਸ ਨੇ ਗੁਪਤ ਸੂਚਨਾ ਦੇ ਅਧਾਰ 'ਤੇ ਛਾਪੇਮਾਰੀ ਕਰਕੇ ਇੱਕ ਨੌਜਵਾਨ ਨੂੰ 98 ਗ੍ਰਾਮ ਹੈਰੋਇਨ ਸਮੇਤ ਗ੍ਰਫਤਾਰ ਕੀਤਾ ਹੈ, ਜਿਸ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਵੜੈਚ ਨੇ ਦੱਸਿਆ ਕਿ ਏਐੱਸ ਆਈ ਜੋਰਾ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ 'ਤੇ ਜਾ ਰਹੇ ਸਨ ਕਿ ਦਾਣਾ ਮੰਡੀ ਮਮਦੋਟ ਦੇ ਨਜ਼ਦੀਕ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਇੱਕ ਮੁਖਬਰ ਇੱਟਾਂ ਵਾਲੇ ਰਾਹ 'ਤੇ ਹੈਰੋਇਨ ਵੇਚਣ ਲਈ ਗਾਹਕਾਂ ਦੀ ਇੰਤਜ਼ਾਰ ਕਰ ਰਿਹਾ ਹੈ।ਸੂਚਨਾ ਠੋਸ ਤੇ ਪੁਖਤਾ ਹੋਣ ਕਰਕੇ ਜਦ ਛਾਪੇਮਾਰੀ ਕੀਤੀ ਗਈ ਤਾਂ ਬੈਠੇ ਨੌਜਵਾਨ ਨੂੰ 98 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰ ਲਿਆ ਗਿਆ।ਪੁੱਛਗਿਛ ਦੌਰਾਨ ਉਸ ਨੇ ਆਪਣਾ ਨਾਮ ਸੁਖਵਿੰਦਰ ਸਿੰਘ ਉਰਫ ਸੁੱਖਾ ਪੁੱਤਰ ਗੁਰਦੇਵ ਸਿੰਘ ਵਾਸੀ ਚੱਕ ਅਰਾਈਆਂ ਵਾਲਾ (ਪਿੰਡ ਫਲੀਆਂ ਵਾਲਾ ਥਾਣਾ ਜਲਾਲਾਬਾਦ) ਦੱਸਿਆ, ਜਿਸ ਖਿਲਾਫ ਥਾਣਾ ਮਮਦੋਟ ਵਿਖੇ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਸ੍ਰੀ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਵੱਲੋਂ 8 ਤੇ 9 ਨੂੰ ਗੁਰਮਤਿ ਸਮਾਗਮ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ੍ਰੀ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਵੱਲੋਂ ਟਰੱਸਟ ਗੁਰਦੁਆਰਾ ਬੀਬੀ ਕਾਹਨ ਕੌਰ, ਲੋਕਲ ਗੁਰਪੁਰਬ ਕਮੇਟੀ ਮੋਗਾ, ਪ੍ਰਿੰਸੀਪਲ ਸੁਖਵੰਤ ਸਿੰਘ ਜਵੱਦੀ ਵਾਲੇ ਤੇ ਸ਼ਹਿਰ ਦੀਆਂ ਧਾਰਮਿਕ, ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਗੁਰੂ ਸ਼ਬਦ ਪ੍ਰਚਾਰ ਮਿਸ਼ਨ ਤਹਿਤ ਦੋ ਰੋਜ਼ਾ ਗੁਰਮਤਿ ਸਮਾਗਮ 8 ਤੇ 9 ਨਵੰਬਰ ਨੂੰ ਸ਼ਾਮ 5:30 ਵਜੇ ਤੋਂ ਰਾਤ 11 ਵਜੇ ਤੱਕ ਸਥਾਨਕ ਸ਼ਹਿਰ ਦੇ ਗੁਰਦੁਆਰਾ ਬੀਬੀ ਕਾਹਨ ਨੇੜੇ ਰੇਲਵੇ ਫਾਟਕ ਮੇਨ ਬਾਜ਼ਾਰ ਮੋਗਾ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਸ੍ਰੀ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਦੇ ਅਹੁਦੇਦਾਰਾਂ ਨੇ ਪੱਤਰਕਾਰਾਂ ਨਾਲ ਵਿਸ਼ੇਸ਼ ਮੀਟਿੰਗ ਕਰ ਕੇ ਦੋ ਰੋਜ਼ਾ ਗੁਰਮਤਿ ਸਮਾਗਮ ਸਬੰਧੀ ਉਨ੍ਹਾਂ ਨੂੰ ਜਾਣੂੰ ਕਰਵਾਇਆ।ਇਸ ਮੌਕੇ ਕਮੇਟੀ ਦੇ ਪ੍ਰਧਾਨ ਬਲਜੀਤ ਸਿੰਘ ਵਿੱਕੀ, ਜਨਰਲ ਸਕੱਤਰ ਬਲਜਿੰਦਰ ਸਿੰਘ ਸਹਿਗਲ, ਸੀਨੀਅਰ ਮੀਤ ਪ੍ਰਧਾਨ ਸੁਰਿੰਦਰਪਾਲ ਸਿੰਘ ਤੇ ਕਮੇਟੀ ਦੇ ਸਰਪ੍ਰਸਤ ਤੇ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਨੇ ਦੱਸਿਆ ਕਿ ਇਸ ਦੋ ਰੋਜ਼ਾ ਕਰਵਾਏ ਜਾ ਰਹੇ ਗੁਰਮਤਿ ਸਮਾਗਮ ਵਿੱਚ ਪ੍ਰਿੰਸੀਪਲ ਸੁਖਵੰਤ ਸਿੰਘ ਜਵੱਦੀ ਟਕਸਾਲ, ਭਾਈ ਜਸਬੀਰ ਸਿੰਘ ਪਾਉਂਟਾ ਸਾਹਿਬ ਵਾਲੇ, ਭਾਈ ਹਰਜੋਤ ਸਿੰਘ ਜ਼ਖਮੀ ਜਲੰਧਰ ਵਾਲੇ, ਭਾਈ ਸਿਮਰਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸਤਨਾਮ ਸਿੰਘ ਕੋਹਾੜਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਅੰਮ੍ਰਿਤਪਾਲ ਸਿੰਘ ਢੈਪਈ, ਵਿਦਿਆਰਥੀ ਬਾਬਾ ਸੁੱਚਾ ਸਿੰਘ ਸੰਗੀਤ ਅਕੈਡਮੀ ਜੰਡਿਆਲਾ ਗੁਰੂ ਤੇ ਲੁਧਿਆਣਾ ਸਮੇਤ ਅਨੇਕਾਂ ਉੱਚ-ਕੋਟੀ ਦੇ ਕੀਰਤਨੀ ਜਥੇ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਦੋ ਰੋਜ਼ਾ ਗੁਰਮਤਿ ਸਮਾਗਮ ਨੂੰ ਲੈ ਕੇ ਜ਼ਿਲ੍ਹਾ ਮੋਗਾ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਕੀਰਤਨ ਦਰਬਾਰ ਕਮੇਟੀ ਦੇ ਸਰਪ੍ਰਸਤ ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਬਲਜੀਤ ਸਿੰਘ ਚਾਨੀ ਮੇਅਰ ਨਗਰ ਨਿਗਮ ਮੋਗਾ, ਇੰਦਰਪਾਲ ਸਿੰਘ ਬੱਬੀ ਉੱਘੇ ਸਮਾਜ ਸੇਵੀ, ਬੀ.ਬੀ.ਐਸ. ਗਰੁੱਪ ਦੇ ਚੇਅਰਮੈਨ ਸੰਜੀਵ ਕੁਮਾਰ ਸੈਣੀ, ਚੇਅਰਪਰਸਨ ਕਮਲ ਸੈਣੀ, ਗੁਰਮੀਤ ਸਿੰਘ ਅਰੋੜਾ ਡਾਇਰੈਕਟਰ ਹੇਮ ਹਾਂਡਾ, ਹੋਰਨਾਂ ਸ਼ਖ਼ਸੀਅਤਾਂ ਤੇ ਸੰਸਥਾਵਾਂ ਵਲੋਂ ਵੀ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭੁਪਿੰਦਰ ਸਿੰਘ ਬਬਲੂ ਚੀਫ਼ ਆਰਗੇਨਾਈਜ਼ਰ, ਜਸਵਿੰਦਰ ਸਿੰਘ ਜੱਸੀ, ਬਲਜੀਤ ਸਿੰਘ ਚਾਨੀ ਸਰਪ੍ਰਸਤ, ਬਲਜੀਤ ਸਿੰਘ ਵਿੱਕੀ ਪ੍ਰਧਾਨ, ਚਰਨ ਸਿੰਘ ਹੈੱਡ ਗ੍ਰੰਥੀ, ਜਸਪਾਲ ਸਿੰਘ ਬੱਬੀ, ਬਲਜਿੰਦਰ ਸਿੰਘ ਸਹਿਗਲ ਜਨਰਲ ਸਕੱਤਰ, ਸਤਨਾਮ ਸਿੰਘ ਬੀ.ਏ. ਕੋਆਰਡੀਨੇਟਰ, ਹਰਪ੍ਰੀਤ ਸਿੰਘ ਸਹਿਗਲ ਵਿੱਤ ਸਕੱਤਰ, ਸਰਬਜੀਤ ਸਿੰਘ ਐਡਵੋਕੇਟ ਕੋਆਰਡੀਨੇਟਰ, ਸੁਰਿੰਦਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਸਮੇਤ ਵੱਡੀ ਗਿਣਤੀ 'ਚ ਸੰਸਥਾ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

# ਅਕੇਡੀਆ ਵਰਲਡ ਸਕੂਲ 'ਚ ਸ਼ਰਧਾ ਨਾਲ ਮਨਾਇਆ ਪ੍ਰਕਾਸ਼ ਪੁਰਬ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬੱਚਿਆਂ ਨੂੰ ਸਿੱਖ ਇਤਿਹਾਸ, ਧਰਮ ਤੇ ਗੁਰਬਾਣੀ ਨਾਲ ਜੋੜਨ ਲਈ ਅਕੇਡੀਆ ਵਰਲਡ ਸਕੂਲ ਸੁਨਾਮ ਵਿਖੇ ਪਹਿਲੇ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਅਵਤਾਰ ਪੁਰਬ ਪੂਰੀ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ, ਜਿਸ ਦੌਰਾਨ ਸਮੂਹ ਸਟਾਫ਼ ਮੈਂਬਰ ਤੇ ਵਿਦਿਆਰਥੀਆਂ ਨੇ ਭਾਗ ਲਿਆ।ਗੁਰਬਾਣੀ ਦੀਆਂ ਮਿੱਠੀਆਂ ਧੁਨੀਆਂ ਨਾਲ ਪੂਰਾ ਸਕੂਲ ਗੂੰਜ ਉੱਠਿਆ।

ਇਸ ਤੋਂ ਬਾਅਦ ਕੀਰਤਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਵੀ ਭਾਗ ਲਿਆ ਤੇ ਆਪਣੇ ਸੁਰੀਲੇ ਸੁਰਾਂ ਨਾਲ ਸਭ ਦਾ ਮਨ ਮੋਹ ਲਿਆ।ਪਾਠ ਤੇ ਕੀਰਤਨ ਸਮਾਪਤ ਹੋਣ ਤੋਂ ਬਾਅਦ ਦੇਗ ਵਰਤਾਈ ਗਈ ਤੇ ਸਭ ਨੂੰ ਲੰਗਰ ਬੜੀ ਸ਼ਰਧਾ ਨਾਲ ਛਕਾਇਆ ਗਿਆ। ਲੰਗਰ ਸੇਵਾ 'ਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਸਮੁੱਚੀ ਲੋਕਾਈ ਦੇ ਰਹਿਬਰ ਹੋਏ ਹਨ।ਉਨ੍ਹਾਂ ਨੇ ਵੱਖ ਵੱਖ ਦਿਸ਼ਾਵਾਂ ਵੱਲ ਚਾਰ ਉਦਾਸੀਆਂ ਕਰਕੇ ਕਿਰਤ ਕਰਨ, ਨਾਮ ਜੱਪਣ ਤੇ ਵੰਡ ਛਕਣ ਦਾ ਸੰਦੇਸ਼ ਦਿੱਤਾ।ਸਕੂਲ ਪ੍ਰਿੰਸੀਪਲ ਰਣਜੀਤ ਕੌਰ ਨੇ ਬੱਚਿਆਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ।

# ਸੌਖਾ ਨਹੀਂ ਹੋਵੇਗਾ ਗਹਿਰੀ ਪਰਵਾਰ ਵੱਲੋਂ ਮੁੜ ਹਲਕੇ 'ਚ ਪੈਰ ਜਮਾਉਣਾ



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸਿੰਘ ਸੋਢੀ)**

ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਸਾਬਕਾ ਵਿਧਾਇਕਾ ਮੈਡਮ ਸਤਿਕਾਰ ਕੌਰ ਗਹਿਰੀ ਤੇ ਉਨ੍ਹਾ ਦੇ ਪਤੀ ਜਸਮੇਲ ਸਿੰਘ (ਲਾਡੀ) ਗਹਿਰੀ, ਜੋ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਵੱਲੋਂ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਟਿਕਟ ਨਾ ਦਿੱਤੇ ਜਾਣ ਦੇ ਰੋਸ ਵਜੋਂ ਪਾਰਟੀ ਛੱਡ ਕੇ ਭਾਜਪਾ 'ਚ ਸ਼ਾਮਲ ਹੋ ਗਏ ਸਨ, ਦੀਆਂ ਮੁੜ ਤੋਂ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਤੇ ਹਲਕਾ ਫਿਰੋਜ਼ਪੁਰ ਦਿਹਾਤੀ ਵਿੱਚ ਮੁੜ ਤੋਂ ਸਰਗਰਮ ਹੋਣ ਦੀਆਂ ਮਿਲ ਰਹੀਆਂ ਕਨਸੋਆਂ ਨੂੰ ਮੀਡੀਆ ਰਾਹੀਂ ਉਜਾਗਰ ਹੋਣ ਤੋਂ ਬਾਅਦ ਇੱਕ ਵਾਰੀ ਵਿਰਾਮ ਲੱਗ ਗਿਆ ਪ੍ਰਤੀਤ ਹੋ ਰਿਹਾ ਹੈ। ਜ਼ਿਕਰਯੋਗ ਹੈ ਕਿ 2022 ਦੀਆਂ ਚੋਣਾਂ ਤੋਂ ਪਹਿਲਾਂ ਪਾਰਟੀ ਵੱਲੋਂ ਟਿਕਟਾਂ ਦੀ ਵੰਡ ਕੀਤੇ ਜਾਣ ਸਮੇਂ ਜ਼ਮੀਨੀ ਪੱਧਰ 'ਤੇ ਉਕਤ ਵਿਧਾਇਕਾ ਤੇ ਉਨ੍ਹਾ ਦੇ ਪਤੀ ਵੱਲੋਂ ਆਪਣੇ ਕਾਰਜਕਾਲ ਦੌਰਾਨ ਸਥਾਨਕ ਆਗੂਆਂ ਤੇ ਵਰਕਰਾਂ ਨੂੰ ਕਥਿਤ ਰੂਪ ਵਿੱਚ ਅੱਖੋਂ ਪਰੋਖੇ ਕਰਨ ਅਤੇ ਆਪਹੁਦਰੇ ਫੈਸਲੇ ਲਏ ਜਾਣ ਕਾਰਨ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਮੈਡਮ ਗਹਿਰੀ ਤੇ ਉਨ੍ਹਾਂ ਦੇ ਪਤੀ ਜਸਮੇਲ ਸਿੰਘ (ਲਾਡੀ) ਗਹਿਰੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਫਿਰੋਜ਼ਪੁਰ ਖਿਲਾਫ ਹਲਕੇ ਦੇ ਜ਼ਿਆਦਾਤਰ ਸਥਾਨਕ ਆਗੂਆਂ ਨੇ ਟਿਕਟ ਨਾ ਦਿੱਤੇ ਜਾਣ ਦਾ ਦਬਾਅ ਅਬਜ਼ਰਵਰਾਂ ਤੇ ਹਾਈ ਕਮਾਂਡ 'ਤੇ ਪਾਇਆ ਸੀ, ਜਿਸ ਦੇ ਸਿੱਟੇ ਵਜੋਂ ਹਾਈ ਕਮਾਂਡ ਵੱਲੋਂ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਸਿਟਿੰਗ ਐੱਮ ਐੱਲ ਏ ਮੈਡਮ ਸਤਿਕਾਰ ਕੌਰ ਗਹਿਰੀ ਦੀ ਟਿਕਟ ਕੱਟ ਕੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਕਾਂਗਰਸ 'ਚ ਸ਼ਾਮਲ ਹੋਏ ਅਮਰਦੀਪ ਸਿੰਘ ਆਸ਼ੂ ਬੰਗੜ ਨੂੰ ਕਾਂਗਰਸ ਪਾਰਟੀ ਨੇ ਟਿਕਟ ਦਿੱਤੀ ਸੀ ਤੇ ਉਹ ਵੀ ਇਹ ਸੀਟ ਜਿੱਤਣ ਵਿੱਚ ਸਫਲ ਨਹੀਂ ਹੋ ਸਕੇ ਤੇ ਇਹ ਸੀਟ ਪੰਜਾਬ ਵਿੱਚ ਬਣੀ ਆਮ ਆਦਮੀ ਪਾਰਟੀ ਦੀ ਹਵਾ ਮੁਤਾਬਕ 'ਆਪ' ਦੇ ਉਮੀਦਵਾਰ ਐਡਵੋਕੇਟ ਰਜਨੀਸ਼ ਦਹੀਆ ਵੱਲੋਂ ਜਿੱਤ ਕੇ ਪਾਰਟੀ ਦੀ ਝੋਲੀ ਪਾਈ ਸੀ। ਹੁਣ ਜਦਕਿ ਕਾਂਗਰਸ ਪਾਰਟੀ ਵੱਲੋਂ ਚੋਣਾਂ ਤੋਂ ਬਾਅਦ ਹੁਣ ਤੱਕ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਅਮਰਦੀਪ ਸਿੰਘ ਆਸ਼ੂ ਬੰਗੜ ਬਤੌਰ ਹਲਕਾ ਇੰਚਾਰਜ ਵਜੋਂ ਸੇਵਾਵਾਂ ਦੇ ਨਿਭਾਅ ਰਹੇ ਹਨ ਤੇ ਉਹ ਹਰੇਕ ਵਰਕਰ ਤੇ ਸਥਾਨਕ ਆਗੂਆਂ ਨੂੰ ਨਾਲ ਲੈ ਕੇ ਚੱਲਣ ਵਿੱਚ ਸਫਲ ਵੀ ਹੋਏ ਹਨ, ਨੂੰ ਪਾਰਟੀ ਵੱਲੋਂ ਹਲਕੇ ਤੋਂ ਲਾਂਭੇ ਕਰਨਾ ਕੋਈ ਸੌਖਾ ਕੰਮ ਨਹੀਂ ਹੋਵੇਗਾ। ਦੂਸਰੀ ਗੱਲ ਇਹ ਹੈ ਕਿ ਕਰੀਬ ਤਿੰਨ ਸਾਲ ਪਹਿਲਾਂ ਸਿਟਿੰਗ ਐੱਮ ਐੱਲ ਏ ਨੂੰ ਟਿਕਟ ਦਿੱਤੇ ਜਾਣ ਦੇ ਖਿਲਾਫ ਜਿੰਨੇ ਵੀ ਆਗੂ ਤੇ ਵਰਕਰ ਇਕਜੁੱਟ ਹੋਏ ਸਨ, ਉਨ੍ਹਾਂ ਦਾ ਦੱਬ ਦਬਾਅ ਅਜੇ ਤੱਕ ਇਸ ਸੀਟ 'ਤੇ ਕਾਇਮ ਹੈ ਤੇ ਉਹ ਨਵੇਂ ਬਣੇ ਹਲਕਾ ਇੰਚਾਰਜ ਦੇ ਮੋਢੇ ਨਾਲ ਮੋਢਾ ਜੋੜ ਕੇ ਹੁਣ ਤੱਕ ਵਰਕ ਕਰਦੇ ਆ ਰਹੇ ਹਨ। ਅਜਿਹੇ ਸਮੇਂ ਜਦ ਉਕਤ ਸਾਬਕਾ ਐੱਮ ਐੱਲ ਏ ਮੈਡਮ ਸਤਿਕਾਰ ਕੌਰ ਗਹਿਰੀ, ਜੋ ਕਥਿਤ ਰੂਪ ਵਿੱਚ ਆਪਣੇ ਉੱਪਰ ਲੱਗੇ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਤੇ ਨਸ਼ਾ ਤਸਕਰੀ ਜਿਹੇ ਘਿਨਾਉਣੇ ਇਲਜ਼ਾਮਾਂ ਦਾ ਸਾਹਮਣਾ ਵੀ ਕਰ ਰਹੇ ਹਨ ਤੇ ਉਨ੍ਹਾ ਦੇ ਪਤੀ ਲਾਡੀ ਗਹਿਰੀ ਦਾ ਦੁਬਾਰਾ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣਾ ਜਾਂ ਪਾਰਟੀ ਹਾਈ ਕਮਾਂਡ ਵੱਲੋਂ ਉਨ੍ਹਾ ਨੂੰ ਦੁਬਾਰਾ ਸ਼ਾਮਲ ਕਰਨਾ ਪਾਰਟੀ ਵਾਸਤੇ ਲਾਭਦਾਇਕ ਹੋਣ ਦੀ ਥਾਂ ਹਾਨੀਕਾਰਕ ਵੀ ਸਾਬਿਤ ਹੋ ਸਕਦਾ ਹੈ, ਜਿਸ ਕਾਰਨ ਉਨ੍ਹਾ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਤੇ ਹਲਕੇ ਵਿੱਚ ਦੁਬਾਰਾ ਸਰਗਰਮ ਹੋਣ 'ਤੇ ਇਕ ਵਾਰ ਵਿਰਾਮ ਲੱਗ ਗਿਆ ਪ੍ਰਤੀਤ ਹੋ ਰਿਹਾ ਹੈ। ਸਿਆਸੀ ਮਾਹਰਾਂ ਦੀ ਮੰਨੀਏ ਤੇ ਉਨ੍ਹਾ ਦਾ ਕਹਿਣਾ ਹੈ ਕਿ ਇਸ ਤੋਂ ਪਹਿਲਾਂ ਵੀ ਪੰਜਾਬ ਪੱਧਰ ਦੇ ਕੁਝ ਆਗੂ, ਜੋ ਕਾਂਗਰਸ ਪਾਰਟੀ ਨੂੰ ਛੱਡ ਕੇ ਬੀ ਜੇ ਪੀ 'ਚ ਸ਼ਾਮਲ ਹੋ ਗਏ ਸਨ, ਵੱਲੋਂ ਦੁਬਾਰਾ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਸਤੇ ਸਮੇਂ ਸਮੇਂ 'ਤੇ ਚਾਰਾਜੋਈ ਕੀਤੀ ਜਾਂਦੀ ਰਹੀ ਹੈ, ਪਰ ਕਾਂਗਰਸ ਹਾਈ ਕਮਾਂਡ ਵੱਲੋਂ ਅਜ ਤੱਕ ਕਿਸੇ ਨੂੰ ਵੀ ਦੁਬਾਰਾ ਕਾਂਗਰਸ ਵਿੱਚ ਸ਼ਾਮਲ ਕਰਨ ਵਾਸਤੇ ਹਾਂ-ਪੱਖੀ ਹੁੰਘਾਰਾ ਨਹੀਂ ਭਰਿਆ ਲੱਗਦਾ, ਜਿਸ ਕਾਰਨ ਇਨ੍ਹਾਂ ਸਾਰੀਆਂ ਅਟਕਲਾਂ 'ਤੇ ਇੱਕ ਵਾਰ ਵਿਰਾਮ ਲੱਗ ਗਿਆ ਪ੍ਰਤੀਤ ਹੋ ਰਿਹਾ ਹੈ। ਦੂਜੇ ਪਾਸੇ ਸਾਬਕਾ ਵਿਧਾਇਕਾ ਮੈਡਮ ਸਤਿਕਾਰ ਕੌਰ ਗਹਿਰੀ ਤੇ ਉਨ੍ਹਾ ਦੇ ਪਤੀ ਲਾਡੀ ਗਹਿਰੀ ਦੇ ਕਾਂਗਰਸ ਨੂੰ ਅਲਵਿਦਾ ਆਖ ਬੀ ਜੇ ਪੀ 'ਚ ਸ਼ਾਮਲ ਹੋਣ ਤੋਂ ਬਾਅਦ ਬੀ ਜੇ ਪੀ ਦੀ ਹਲਕਾ ਫਿਰੋਜ਼ਪੁਰ ਦਿਹਾਤੀ ਵਿੱਚ ਕੰਮ ਕਰਦੀ ਟੀਮ ਵਿੱਚ ਵੀ ਕੋਈ ਢੁੱਕਵਾਂ ਸਥਾਨ ਨਹੀਂ ਬਣਾ ਸਕੇ, ਜਿਸ ਕਾਰਨ ਹੀ ਇਨ੍ਹਾਂ ਦੇ ਕਾਂਗਰਸ ਪਾਰਟੀ ਵਿੱਚ ਫਿਰ ਤੋਂ ਸ਼ਾਮਲ ਹੋਣ ਦੀਆਂ ਅਟਕਲਾਂ ਦਾ ਬਾਜ਼ਾਰ ਅੱਜਕੱਲ੍ਹ ਪੂਰਾ ਗਰਮ ਹੈ।

# ਗੁਰਪੁਰਬ ਨੂੰ ਸਮਰਪਤ ਹੈੱਲਥ ਕੇਅਰ ਲੈਬ ਵੱਲੋਂ ਟੈਸਟ ਕੈਂਪ 'ਚ 215 ਲੋਕਾਂ ਲਾਭ ਉਠਾਇਆ



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)**-ਮਮਦੋਟ ਸਥਿਤ ਹੈਲਥ ਕੇਅਰ ਲੈਬਜ਼ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਲੋਕਾਂ ਦੀ ਸਿਹਤ ਸੇਵਾ ਲਈ ਇੱਕ ਹੋਰ ਨਵਾਂ ਕਦਮ ਪੁੱਟਦਿਆਂ ਲੈਬ ਟੈਸਟ ਕੈਂਪ ਲਗਾਇਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਿਤ ਸੇਠੀ, ਸੁਰਿੰਦਰ ਸਿੰਘ ਤੇ ਛਿੰਦਰ ਸਿੰਘ ਨੇ ਦੱਸਿਆ ਕਿ ਇਸ ਲੈਬ ਵਿੱਚ ਹੁਣ ਨਵੀਆਂ ਤੇ ਅਧੁਨਿਕ ਮਸ਼ੀਨਾਂ ਲਗਾਈਆਂ ਗਈਆਂ ਹਨ, ਜਿਨ੍ਹਾਂ ਨਾਲ ਸਰੀਰਕ ਬਾਡੀ ਦੇ ਹਰ ਕਿਸਮ ਦੇ ਟੈਸਟ ਹੁਣ ਹੋਰ ਤੇਜ਼, ਸ਼ੁੱਧ ਤੇ ਵਿਸ਼ਵਾਸਯੋਗ ਹੋਣਗੇ।ਉਨ੍ਹਾ ਦੱਸਿਆ ਕਿ ਲੈਬ ਵਿੱਚ ਨਵੀਆਂ ਆਧੁਨਿਕ ਮਸ਼ੀਨਾਂ ਨਾਲ ਸਰੀਰਕ ਬਾਡੀ ਦੇ ਸਾਰੇ ਟੈਸਟ ਹੈਲਥ ਕੇਅਰ ਲੈਬ ਵਿੱਚ ਕੀਤੇ ਜਾਦੇ ਹਨ।ਉਨ੍ਹਾ ਦੱਸਿਆ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਤ ਹੈਲਥ ਕੇਅਰ ਲੈਬ ਵੱਲੋਂ ਲਗਾਏ ਲੈਬ ਟੈਸਟ ਕੈਂਪ 'ਚ ਸਾਰੇ ਟੈਸਟ ਅੱਧੇ ਰੇਟਾਂ 'ਤੇ ਕੀਤੇ ਗਏ। ਉਨ੍ਹਾ ਦੱਸਿਆ ਕਿ ਇਸ ਲੈਬ ਟੈਸਟ ਕੈਂਪ ਵਿੱਚ 215 ਲੋਕਾਂ ਨੇ ਲਾਭ ਉਠਾਇਆ। ਲੈਬ ਮਾਲਕਾਂ ਨੇ ਕਿਹਾ ਕਿ ਇਹ ਸੇਵਾ ਗੁਰੂ ਸਾਹਿਬ ਦੇ ਆਸ਼ੀਰਵਾਦ ਨਾਲ ਲੋਕ ਭਲਾਈ ਲਈ ਸਮਰਪਤ ਹੈ। ਉਨ੍ਹਾਂ ਕਿਹਾ ਕਿ ਸਿਹਤ ਹੀ ਇਨਸਾਨ ਦੀ ਸਭ ਤੋਂ ਵੱਡੀ ਦੌਲਤ ਹੈ।ਗੁਰੂ ਨਾਨਕ ਸਾਹਿਬ ਜੀ ਦੀ ਕਿਰਪਾ ਨਾਲ ਹਰ ਇਨਸਾਨ ਤੰਦਰੁਸਤ ਰਹੇ, ਇਹੀ ਸਾਡੀ ਦੁਆ ਹੈ। ਕੈਂਪ ਦੀ ਸਮਾਪਤੀ ਮੌਕੇ ਪ੍ਰੈੱਸ ਕਲੱਬ ਮਮਦੋਟ ਦੇ ਪੁੱਜੇ ਪੱਤਰਕਾਰਾਂ ਤੇ ਹੋਰ ਸਨਮਾਨਯੋਗ ਹਸਤੀਆਂ ਨੂੰ ਪ੍ਰਬੰਧਕਾਂ ਵੱਲੋਂ ਸਨਮਾਨ ਚਿੰਨ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਰਦੇਵ ਪ੍ਰਕਾਸ਼ (ਨੀਟਾ) ਸੇਠੀ, ਆਸ਼ੀਸ਼ ਸੇਠੀ (ਸੇਠੀ ਮੈਡੀਕਲ ਹਾਲ) ਤੇ ਐੱਮ ਸੀ ਸੁਰਿੰਦਰ ਕੁਮਾਰ (ਸੋਨੂੰ) ਸੇਠੀ ਹਾਜ਼ਰ ਸਨ।

## ਇੰਦਰਾ ਕਾਲੋਨੀ 'ਚ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਕੁਹਾੜਾ ਰੋਡ 'ਤੇ ਸਥਿਤ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸਮੂਹ ਸੰਗਤਾਂ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਗੁਰਦੁਆਰਾ ਸਾਹਿਬ ਵਿਖੇ ਸਵੇਰ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਗ੍ਰੰਥੀ ਸਿੰਘ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਰਾਗੀ ਜਥਿਆਂ ਵੱਲੋਂ ਰਸਭਿੰਨਾ ਕੀਰਤਨ ਵੀ ਕੀਤਾ ਗਿਆ।ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵੀ ਵਰਤਾਇਆ ਗਿਆ।

## ਦੇਸ਼ ਭਗਤ ਗਲੋਬਲ ਸਕੂਲ ਨੇ ਗੁਰਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਗਲੋਬਲ ਸਕੂਲ (ਡੀਬੀਜੀਐਸ) ਵੱਲੋਂ ਗੁਰਪੁਰਬ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜਪੁਜੀ ਸਾਹਿਬ ਦਾ ਪਾਠ, ਰੂਹਾਨੀ ਸ਼ਬਦ ਕੀਰਤਨ ਤੇ ਗੁਰੂ ਨਾਨਕ ਦੇਵ ਜੀ ਦੇ ਜੀਵਨ, ਸਿੱਖਿਆਵਾਂ ਤੇ ਕਦਰਾਂ-ਕੀਮਤਾਂ ਨੂੰ ਉਜਾਗਰ ਕਰਨ ਵਾਲਾ ਇੱਕ ਜਾਣਕਾਰੀ ਭਰਪੂਰ ਭਾਸ਼ਣ ਪੇਸ਼ ਕੀਤਾ ਗਿਆ।ਸਕੂਲ ਦੇ ਵਿਦਿਆਰਥੀਆਂ ਨੇ ਨੇੜਲੇ ਗੁਰਦੁਆਰਾ ਸਾਹਿਬ 'ਚ ਜਾ ਕੇ ਮੱਥਾ ਟੇਕਿਆ, ਜਿੱਥੇ ਉਨ੍ਹਾਂ ਨੇ ਸਿੱਖ ਪਰੰਪਰਾਵਾਂ, ਕਦਰਾਂ-ਕੀਮਤਾਂ ਤੇ ਸੱਭਿਆਚਾਰ ਬਾਰੇ ਸਿੱਖਿਆ, ਸਮਾਨਤਾ, ਨਿਮਰਤਾ ਤੇ ਨਿਸਵਾਰਥ ਸੇਵਾ ਦੇ ਸੰਦੇਸ਼ ਦੀ ਡੂੰਘੀ ਸਮਝ ਨੂੰ ਉਤਸ਼ਾਹਤ ਕੀਤਾ।ਪ੍ਰਿੰਸੀਪਲ ਸ਼੍ਰੀਮਤੀ ਇੰਦੂ ਸ਼ਰਮਾ ਨੇ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਗ੍ਰਹਿਣ ਕਰਨ ਤੇ ਅਭਿਆਸ ਕਰਨ ਲਈ ਉਤਸ਼ਾਹਿਤ ਕਰਦਿਆਂ ਸੱਚਾਈ, ਦਇਆ ਤੇ ਮਨੁੱਖਤਾ ਦੀ ਸੇਵਾ ਦੇ ਗੁਣਾਂ 'ਤੇ ਜ਼ੋਰ ਦਿੱਤਾ।ਡੀਬੀਜੀਐਸ ਦੇ ਚੇਅਰਮੈਨ ਡਾ. ਜ਼ੋਰਾ ਸਿੰਘ ਤੇ ਜਨਰਲ ਸਕੱਤਰ ਡਾ. ਤਜਿੰਦਰ ਕੌਰ ਨੇ ਵਿਦਿਆਰਥੀਆਂ ਤੇ ਸਟਾਫ਼ ਨੂੰ ਇਸ ਪਵਿੱਤਰ ਮੌਕੇ ਨੂੰ ਮਨਾਉਣ ਲਈ ਉਨ੍ਹਾਂ ਦੇ ਦਿਲੋਂ ਕੀਤੇ ਯਤਨਾਂ ਲਈ ਵਧਾਈ ਦਿੱਤੀ।ਇਹ ਸਮਾਗਮ ਅਧਿਆਤਮਿਕ ਪ੍ਰਤੀਬਿੰਬ ਅਤੇ ਪ੍ਰੇਰਨਾ 'ਤੇ ਸਮਾਪਤ ਹੋਇਆ, ਜਿਸ ਨੇ ਸਾਰਿਆਂ ਨੂੰ ਗੁਰੂ ਨਾਨਕ ਦੇਵ ਜੀ ਦੁਆਰਾ ਦਰਸਾਏ ਮਾਰਗ 'ਤੇ ਚੱਲਣ ਸ਼ਾਂਤੀ, ਪਿਆਰ ਤੇ ਸਦਭਾਵਨਾ ਦੇ ਸਦੀਵੀ ਮੁੱਲਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ।

## 'ਜਾਗਦੇ ਰਹੋ ਕਲੱਬ' ਨੇ ਜਥੇਦਾਰ ਗੜ੍ਹੀ ਨੂੰ ਕੀਤਾ ਸਨਮਾਨਤ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਕਲੱਬ ਪਟਿਆਲਾ ਮਿਸ਼ਨ ਲੋਕ ਸੇਵਾ ਨੇ ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ ਦੀ ਅਗਵਾਈ ਹੇਠ ਨਵ-ਨਿਯੁਕਤ ਸ਼੍ਰੋਮਣੀ ਗੁ: ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਨਵੇਂ ਅੰਤ੍ਰਿੰਗ ਕਮੇਟੀ ਮੈਂਬਰ ਸਬ. ਸੁਰਜੀਤ ਸਿੰਘ ਗੜ੍ਹੀ ਨੂੰ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਦਿਹਾੜੇ ਮੌਕੇ ਸੀਨਗੀ ਤੇ ਸਿਰਪਾਓ ਸਾਹਿਬ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ ਨੇ ਕਿਹਾ ਕਿ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਸ਼੍ਰੋਮਣੀ ਕਮੇਟੀ ਬਣਾਉਣ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਐੱਸ.ਜੀ.ਪੀ.ਸੀ.ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਬਹੁਤ-ਬਹੁਤ ਧੰਨਵਾਦ ਕੀਤਾ।ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ ਨੇ ਕਿਹਾ ਕਿ ਪਾਰਟੀ ਨੇ ਹਮੇਸ਼ਾ ਹੀ ਮਿਹਨਤੀ ਆਗੂਆਂ ਨੂੰ ਬਣਦਾ ਮਾਨ-ਸਨਮਾਨ ਦਿੱਤਾ ਹੈ। ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੇ ਬਣਨ ਨਾਲ ਅਕਾਲੀ ਵਰਕਰਾਂ ਅਤੇ ਮੁਲਾਜ਼ਮਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਜੋ ਸੇਵਾ ਲਾਈ ਗਈ ਹੈ, ਉਸ ਨੂੰ ਪੂਰੀ ਤਨਦੇਹੀ ਨਾਲ,ਦਿਨ ਰਾਤ ਮਿਹਨਤ ਕਰਕੇ ਗੁਰੂ ਘਰਾਂ ਦੀ ਸੇਵਾ ਲਈ ਨਿਭਾਉਣਗੇ।ਉਨ੍ਹਾਂ ਕਿਹਾ ਕਿ ਗੁਰੂ ਰਾਮਦਾਸ ਸਾਹਿਬ ਜੀ ਨੇ ਉਨ੍ਹਾਂ ਤੇ ਕਿਰਪਾ ਕਰਕੇ ਜੋ ਗੁਰੂ ਘਰਾਂ ਦੀ ਸੇਵਾ-ਸੰਭਾਲ ਲਈ ਜੋ ਡਿਊਟੀ ਲਗਾਈ ਹੈ,ਉਹ ਪੂਰੀ ਜ਼ਿੰਮੇਵਾਰੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ।

## ਟਰੱਕ ਯੂਨੀਅਨ ਵੱਲੋਂ ਆੜ੍ਹਤੀਆਂ ਤੇ ਕਿਸਾਨਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ : ਚੇਅਰਮੈਨ ਥਿੰਦ



**ਦੇਵੀਗੜ੍ਹ/ਪਟਿਆਲਾ (ਰਜਿੰਦਰ ਸਿੰਘ ਥਿੰਦ)**-ਦੇਵੀਗੜ੍ਹ ਟਰੱਕ ਯੂਨੀਅਨ ਅਧੀਨ ਪੈਂਦੀਆਂ ਇਕ ਦਰਜਨ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖ਼ਰੀਦ ਏਜੰਸੀਆਂ ਵੱਲੋਂ ਸ਼ੁਰੂ ਕੀਤੀ ਜਾ ਚੁੱਕੀ ਹੈ ਅਤੇ ਟਰੱਕ ਯੂਨੀਅਨ ਵੱਲੋਂ ਸਾਰੀਆਂ ਮੰਡੀਆਂ ਵਿੱਚ ਝੋਨੇ ਦੀ ਲਿਫਟਿੰਗ ਕਰਕੇ ਉਸ ਨੂੰ ਸ਼ੈਲਰਾਂ ਵਿੱਚ ਭੰਡਾਰ ਕਰਵਾਇਆ ਜਾ ਰਿਹਾ ਹੈ।ਟਰੱਕ ਯੂਨੀਅਨ ਵੱਲੋਂ ਝੋਨੇ ਦੀ ਲਿਫਟਿੰਗ ਤੇ ਢੋਆ ਢੁਆਈ ਮੌਕੇ ਕਿਸਾਨਾਂ ਤੇ ਆੜ੍ਹਤੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਟਰੱਕ ਯੂਨੀਅਨ ਦੇਵੀਗੜ੍ਹ ਦੇ ਚੇਅਰਮੈਨ ਸੁਰਜੀਤ ਸਿੰਘ ਥਿੰਦ ਵੱਲੋਂ ਇਸ ਦਾ ਪ੍ਰਗਟਾਵਾ ਕੀਤਾ ਗਿਆ।ਉਨ੍ਹਾ ਦੱਸਿਆ ਕਿ ਕਿਸਾਨਾਂ ਤੇ ਆੜ੍ਹਤੀਆਂ ਨੂੰ ਖ੍ਰੀਦ ਮੌਕੇ ਕੋਈ ਦਿੱਕਤ ਪੇਸ਼ ਨਾ ਆਵੇ, ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਟਰੱਕ ਯੂਨੀਅਨ ਦੇ ਸਰਬਸੰਮਤੀ ਨਾਲ ਹਲਕਾ ਇੰਚਾਰਜ ਰਣਯੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਬਣੇ ਚੇਅਰਮੈਨ ਸੁਰਜੀਤ ਥਿੰਦ ਤੇ ਪ੍ਰਧਾਨ ਧਿਆਨ ਸਿੰਘ ਨੇ ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਕਿਹਾ ਕਿ ਟਰੱਕ ਅਪ੍ਰੇਟਰਾਂ ਦੇ ਹੱਕਾਂ ਲਈ ਉਹ ਡੱਟ ਕੇ ਖੜਨਗੇ।ਇਨ੍ਹਾਂ ਆਗੂਆਂ ਨੇ ਕਿਹਾ ਕਿ ਹਲਕਾ ਇੰਚਾਰਜ ਰਣਜੋਧ ਸਿੰਘ ਨੇ ਯੂਨੀਅਨ ਨੂੰ ਮੁੜ ਲੀਹਾਂ 'ਤੇ ਲਿਆਉਣ ਲਈ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ ਗਈ।

## ਮਾਡਰਨ ਕਾਲਜ ਬੀਰ ਕਲਾਂ ਵਿਖੇ ਗੁਰਪੁਰਬ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ (ਸੰਗਰੂਰ) ਵਿਖੇ ਕਾਲਜ ਦੇ ਚੇਅਰਮੈਨ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਦੀ ਰਹਿਨੁਮਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦਿਆਂ ਕਾਲਜ ਵਿੱਚ ਪੋਸਟਰ ਮੇਕਿੰਗ, ਸਲੋਗਨ ਲਿਖਣਾ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਇਸ ਮੌਕੇ ਕਾਲਜ ਦੇ ਚੇਅਰਮੈਨ ਰਵਿੰਦਰ ਬਾਂਸਲ ਨੇ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਨੂੰ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਨੂੰ ਬੌਧਿਕ ਵਿਕਾਸ ਦੇ ਨਾਲ ਨਾਲ ਉਨ੍ਹਾਂ ਦਾ ਧਾਰਮਿਕ ਤੇ ਸੱਭਿਆਚਰਕ ਪੱਖ ਮਜ਼ਬੂਤ ਕਰਨਾ ਹੈ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਵੀ ਕੇ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਫਲਸਫੇ ਸਬੰਧੀ ਜਾਣਕਾਰੀ ਦਿੱਤੀ।ਇਸ ਮੌਕੇ ਕਾਲਜ ਦਾ ਸਮੂਹ ਪ੍ਰੋਫੈਸਰ ਸਾਹਿਬਾਨ ਤੇ ਵਿਦਿਆਰਥੀ ਹਾਜ਼ਰ ਸਨ।

## ਤਰਨ ਤਾਰਨ ਜ਼ਿਮਨੀ ਚੋਣ ਭਾਜਪਾ ਹੀ ਜਿੱਤੇਗੀ : ਬੌਬੀ ਸਿੰਗਲਾ



**ਬਠਿੰਡਾ (ਰਾਜੀਵ ਗੋਇਲ)**-ਤਰਨਤਾਰਨ ਜ਼ਿਮਨੀ ਚੋਣ 'ਚ ਕਿਸਮਤ ਅਜ਼ਮਾ ਰਹੇ ਭਾਜਪਾ ਦੇ ਉਮੀਦਵਾਰ ਹਰਜੋਤ ਸਿੰਘ ਸੰਧੂ ਦੇ ਹੱਕ ਵਿੱਚ ਪ੍ਰਚਾਰ ਲਈ ਪਹੁੰਚੇ ਜ਼ਿਲ੍ਹਾ ਬਠਿੰਡਾ ਦੇ ਕਸਬਾ ਭਗਤਾ ਦੇ ਸਰਕਲ ਪ੍ਰਧਾਨ ਬਬਲੇਸ਼ ਕੁਮਾਰ ਬੌਬੀ ਸਿੰਗਲਾ ਨੇ ਕਿਹਾ ਕਿ ਤਰਨਤਾਰਨ ਦੀ ਜਿਮਨੀ ਚੋਣ ਹਰ ਹੀਲੇ ਭਾਜਪਾ ਹੀ ਜਿੱਤੇਗੀ, ਕਿਉਂਕਿ ਸੰਧੂ ਦਾ ਉਸ ਹਲਕੇ ਅੰਦਰ ਕਾਫੀ ਰਸੂਖ ਹੈ ਤੇ 2024 ਦੀਆਂ ਪਾਰਲੀਮੈਂਟ ਚੋਣਾਂ ਵਿੱਚ ਵੀ ਭਾਜਪਾ ਨੇ ਕਾਫੀ ਵਧੀਆ ਪ੍ਰਦਰਸ਼ਨ ਕੀਤਾ ਤੇ ਉਨ੍ਹਾਂ ਚੋਣਾਂ ਦੇ ਅਧਾਰ ਅਤੇ ਕੇਂਦਰ ਵੱਲੋਂ ਸੂਬੇ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਤਰਨਤਾਰਨ ਦੇ ਲੋਕ ਭਾਜਪਾ ਨੂੰ ਸਮਰਥਨ ਦੇਣਗੇ। ਇਸ ਮੌਕੇ ਉਹਨਾਂ ਨਾਲ ਜਿਲ੍ਹਾ ਬਠਿੰਡਾ (ਦਿਹਾਤੀ) ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ ਵੀ ਮੌਜੂਦ ਸਨ।

# ਸੜਕਾਂ 'ਤੇ ਮੌਤ ਬਣ ਘੁੰਮ ਰਹੇ ਲਾਵਾਰਸ ਪਸ਼ੂ, ਪ੍ਰਸ਼ਾਸਨ ਬੇਖ਼ਬਰ



**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਸ਼ਹਿਰ ਦੀਆਂ ਸੜਕਾਂ 'ਤੇ ਲਾਵਾਰਸ ਪਸ਼ੂ ਮੌਤ ਬਣ ਕੇ ਘੁੰਮ ਰਹੇ ਹਨ ਤੇ ਠੰਢ ਦੇ ਮੌਸਮ ਵਿਚ ਪੈਣ ਵਾਲੀ ਧੁੰਦ ਵਿਚ ਖ਼ਤਰਾ ਹੋਰ ਜ਼ਿਆਦਾ ਵਧਣ ਵਾਲਾ ਹੈ।ਪਿਛਲੇ ਲੰਮੇ ਸਮੇਂ ਤੋਂ ਲਾਵਾਰਸ ਪਸ਼ੂਆਂ ਦੀ ਸਮੱਸਿਆ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਨੂੰ ਫਿਲਹਾਲ ਇਸ ਸਮੱਸਿਆ ਤੋਂ ਰਾਹਤ ਮਿਲਦੀ ਦਿਖਾਈ ਨਹੀਂ ਦੇ ਰਹੀ ਤੇ ਨਗਰ ਕੌਂਸਲ ਵੀ ਇਸ ਪਾਸੇ ਹੱਥ ਤੇ ਹੱਥ ਧਰੀ ਸਭ ਕੁਝ ਵੇਖ ਰਹੀ ਹੈ ਤੇ ਕਿਸੇ ਵੱਡੇ ਹਾਦਸੇ ਹੋਣ ਦੀ ਉਡੀਕ ਵਿਚ ਹੈ।ਜ਼ਿਕਰਯੋਗ ਹੈ ਕਿ ਸ਼ਹਿਰ ਵਿੱਚ ਬੇਸਹਾਰਾ ਪਸ਼ੂ ਵੱਡੇ ਝੁੰਡਾਂ ਵਿਚ ਘੁੰਮ ਰਹੇ ਹਨ।ਸ਼ਹਿਰ ਦੀ ਹਰ ਸੜਕ, ਗਲੀ, ਮੁਹੱਲੇ ਵਿਚ ਇਨ੍ਹਾਂ ਦੀ ਭਰਮਾਰ ਹੈ। ਸ਼ਹਿਰ ਦਾ ਸ਼ਾਇਦ ਹੀ ਅਜਿਹਾ ਕੋਈ ਕੋਨਾ ਹੋਵੇਗਾ, ਜਿੱਥੇ ਇਹ ਬੇਸਹਾਰਾ ਪਸ਼ੂ ਨਾ ਦਿੱਖਦੇ ਹੋਣ।ਸੜਕਾਂ 'ਤੇ ਘੁੰਮ ਰਹੇ ਬੇਸਹਾਰਾ ਪਸ਼ੂ ਹਾਦਸਿਆਂ ਦਾ ਸਬੱਬ ਵੀ ਬਣ ਰਹੇ ਹਨ ਤੇ ਹੁਣ ਤੱਕ ਕਈ ਲੋਕਾਂ ਨੂੰ ਆਪਣੀ ਚਪੇਟ ਵਿਚ ਲੈ ਕੇ ਹਸਪਤਾਲ ਤੱਕ ਪਹੁੰਚਾ ਚੁੱਕੇ ਹਨ ਤੇ ਕਈ ਕੀਮਤੀ ਜਾਨਾਂ ਵੀ ਇਨ੍ਹਾਂ ਦੇ ਕਾਰਨ ਹੋ ਚੁੱਕੀਆਂ ਹਨ। ਮੁੱਖ ਸੜਕਾਂ 'ਤੇ ਝੁੰਡ ਬਣਾ ਕੇ ਖੜ੍ਹੇ ਬੇਸਹਾਰਾ ਪਸ਼ੂ ਕਿਸੇ ਵੇਲੇ ਵੀ ਆਪਸ ਵਿਚ ਭਿੜ ਜਾਂਦੇ ਹਨ ਅਤੇ ਰਾਹਗੀਰਾਂ ਲਈ ਖ਼ਤਰਾ ਬਣ ਜਾਂਦੇ ਹਨ।ਅਜਿਹੇ ਵਿੱਚ ਬੱਚਿਆਂ, ਔਰਤਾਂ ਅਤੇ ਬਜ਼ੁਰਗਾਂ ਨੂੰ ਇਨ੍ਹਾਂ ਕੋਲੋਂ ਲੰਘਣ ਵਿਚ ਜ਼ਿਆਦਾ ਪ੍ਰੇਸ਼ਾਨੀ ਹੁੰਦੀ ਹੈ।ਇਸ ਤੋਂ ਇਲਾਵਾ ਸ਼ਹਿਰ ਵਿਚ ਥਾਂ-ਥਾਂ ਲੱਗੇ ਕੂੜੇ ਦੇ ਢੇਰਾਂ ਤੇ ਮੂੰਹ ਮਾਰਦੇ ਹਨ ਅਤੇ ਸਾਰਾ ਕੂੜਾ ਕਰਕਟ ਇਧਰ ਉਧਰ ਸੁੱਟਦੇ ਹਨ।

ਸਰਕਾਰੀ ਗਊਸ਼ਾਲਾ ਤੋਂ ਇਲਾਵਾ ਸ਼ਹਿਰ 'ਚ ਚਾਰ ਗਊਸ਼ਾਲਾਵਾਂ ਬਣੀਆਂ ਹੋਈਆਂ ਹਨ, ਪਰ ਉਥੇ ਵੀ ਸਿਰਫ ਗਊਆਂ ਹੀ ਰੱਖੀਆਂ ਜਾ ਰਹੀਆਂ ਹਨ, ਪ੍ਰੰਤੂ ਇਨ੍ਹਾਂ ਬੇਸਹਾਰਾ ਪਸ਼ੂਆਂ ਲਈ ਕੋਈ ਥਾਂ ਨਹੀਂ ਹੈ।ਸ਼ਹਿਰ ਵਾਸੀ ਗੁਰਦੇਵ ਸਿੰਘ ਅਤੇ ਹਰਨਾਮ ਸਿੰਘ ਨੇ ਦੱਸਿਆ ਕਿ ਸ਼ਾਮ ਦੇ ਸਮੇਂ ਸੜਕਾਂ ਤੇ ਇਨ੍ਹਾਂ ਪਸ਼ੂਆਂ ਦੇ ਕਈ ਝੁੰਡ ਬੈਠੇ ਰਹਿੰਦੇ ਹਨ ਅਤੇ ਕਈ ਵਾਰ ਇਹ ਵਿਖਾਈ ਵੀ ਨਹੀਂ ਦਿੰਦੇ, ਅਜਿਹੇ ਵਿਚ ਕਈ ਵਾਰ ਹਾਦਸੇ ਹੋ ਰਹੇ ਹਨ।ਉਨ੍ਹਾਂ ਪ੍ਰਸ਼ਾਸਨ ਅਤੇ ਨਗਰ ਕੌਂਸਲ ਤੋਂ ਮੰਗ ਕੀਤੀ ਕਿ ਸ਼ਹਿਰ ਵਾਸੀਆਂ ਨੂੰ ਇਨ੍ਹਾਂ ਬੇਸਹਾਰਾਂ ਪਸ਼ੂਆਂ ਦੀ ਸਮੱਸਿਆ ਤੋਂ ਰਾਹਤ ਦਵਾਈ ਜਾਵੇ, ਤਾਂ ਜੁ ਲੋਕਾਂ ਨੂੰ ਕੁਝ ਸੁੱਖ ਦਾ ਸਾਹ ਮਿਲੇ।

# ਗੁਰਦੁਆਰਾ ਪੁਲਸ ਲਾਈਨ ਵਿਖੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ

■ ਗੁਰੂ ਸਾਹਿਬ ਦੀ ਬਾਣੀ ਸਾਨੂੰ ਜੀਵਨ 'ਚ ਨੇਕੀ ਤੇ ਸੇਵਾ ਦਾ ਮਾਰਗ ਅਪਣਾਉਣ ਲਈ ਪ੍ਰੇਰਿਤ ਕਰਦੀ ਹੈ : ਐੱਸ ਐੱਸ ਪੀ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਫਰੀਦਕੋਟ ਪੁਲਸ ਵੱਲੋਂ ਗੁਰਦੁਆਰਾ ਸਾਹਿਬ ਪੁਲਸ ਲਾਈਨ ਫਰੀਦਕੋਟ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਇਸ ਦੌਰਾਨ ਕੀਰਤਨੀ ਜਥੇ ਨੇ ਆਈ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ।ਇਸ ਮੌਕੇ ਡਾ. ਪ੍ਰਗਿਆ ਜੈਨ ਐੱਸ.ਐੱਸ.ਪੀ. ਫਰੀਦਕੋਟ ਸਮੇਤ ਫਰੀਦਕੋਟ ਜ਼ਿਲ੍ਹੇ ਦੇ ਸੀਨੀਅਰ ਪੁਲਸ ਅਧਿਕਾਰੀਆਂ, ਮੁੱਖ ਅਫਸਰ ਥਾਣਾ/ਚੌਕੀਆਂ, ਸਮਾਜ ਸੇਵੀ ਸੰਸਥਾਵਾਂ ਦੇ ਪ੍ਰਤੀਨਿਧੀਆਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ ਅਤੇ ਗੁਰੂ ਸਾਹਿਬ ਦੀ ਕਿਰਪਾ ਪ੍ਰਾਪਤ ਕਰਨ ਲਈ ਸਰਬੱਤ ਦੇ ਭਲੇ ਲਈ ਅਰਦਾਸ ਵੀ ਕੀਤੀ।ਸਮਾਗਮ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਯਾਦ ਕੀਤਾ ਗਿਆ ਤੇ ਉਨ੍ਹਾਂ ਦੇ ਜੀਵਨ ਤੋਂ ਸਿੱਖਣ ਲਈ ਸਾਰੀ ਹਾਜ਼ਰ ਸੰਗਤ ਨੂੰ ਪ੍ਰੇਰਿਤ ਕੀਤਾ ਗਿਆ ਅਤੇ ਸਾਰਿਆਂ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਧਰਮ ਤੇ ਸੱਚ ਦੇ ਮਾਰਗ 'ਤੇ ਚੱਲਣ ਦੀ ਅਪੀਲ ਕਰਦਿਆਂ ਨਿੱਘੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਐੱਸ.ਐੱਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਤੇ ਸਾਰੇ ਗਜ਼ਟਿਡ ਅਧਿਕਾਰੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ, ਜਿਸ ਉਪਰੰਤ ਐੱਸ.ਐੱਸ.ਪੀ. ਫਰੀਦਕੋਟ ਸਮੇਤ ਸੰਗਤਾਂ ਨੇ ਪੰਗਤਾਂ ਵਿੱਚ ਬੈਠ ਕੇ ਸ਼ਰਧਾ ਨਾਲ ਗੁਰੂ ਕਾ ਲੰਗਰ ਛਕਿਆ।ਇਸ ਮੌਕੇ ਡਾ. ਪ੍ਰਗਿਆ ਜੈਨ ਐੱਸ ਐੱਸ ਪੀ ਫਰੀਦਕੋਟ ਨੇ ਆਈ ਹੋਈ ਸੰਗਤ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਸਾਨੂੰ ਸਚਾਈ, ਇਨਸਾਫ, ਸੇਵਾ ਤੇ ਨਿਮਰਤਾ ਦਾ ਪਾਠ ਪੜ੍ਹਾਉਂਦੇ ਹਨ।ਗੁਰੂ ਸਾਹਿਬ ਨੇ ਸਮਾਜ ਵਿੱਚ ਭਾਈਚਾਰੇ, ਪ੍ਰੇਮ ਤੇ ਏਕਤਾ ਦੀ ਜੋ ਜੋਤ ਜਗਾਈ, ਉਹ ਸਦਾ ਸਾਨੂੰ ਸਹੀ ਰਾਹ ਦੀ ਪ੍ਰੇਰਨਾ ਦਿੰਦੀ ਰਹੇਗੀ।ਉਨ੍ਹਾਂ ਕਿਹਾ ਕਿ ਅਸੀਂ ਸਾਰੇ ਗੁਰੂ ਸਾਹਿਬ ਦੇ ਦਰਸਾਏ ਹੋਏ ਰਸਤੇ 'ਤੇ ਤੁਰ ਕੇ ਹੀ ਇੱਕ ਸੱਚੇ, ਸ਼ਾਂਤੀਪ੍ਰਿਯ ਤੇ ਸਮਾਨਤਾ ਵਾਲੇ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।ਗੁਰੂ ਸਾਹਿਬ ਦੀ ਬਾਣੀ ਸਾਨੂੰ ਜੀਵਨ ਵਿੱਚ ਨੇਕੀ ਤੇ ਸੇਵਾ ਦਾ ਮਾਰਗ ਅਪਣਾਉਣ ਲਈ ਪ੍ਰੇਰਿਤ ਕਰਦੀ ਹੈ।

# ਉੱਚੀ ਆਵਾਜ਼ ਵਾਲੇ ਟਰੈਕਟਰ ਚਲਾਉਣ ਵਾਲਿਆਂ 'ਤੇ ਕੱਸਿਆ ਸ਼ਿਕੰਜਾ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਸਮਾਜਿਕ ਤੰਗੀ ਪੈਦਾ ਕਰਨ ਵਾਲੀਆਂ ਗਤੀਵਿਧੀਆਂ 'ਤੇ ਨਿਗਰਾਨੀ ਵਧਾਉਂਦਿਆਂ ਥਾਣਾ ਸਮਾਲਸਰ ਦੇ ਮੁਖੀ ਸਬ ਇੰਸਪੈਕਟਰ ਕਮਲਜੀਤ ਸਿੰਘ ਵੱਲੋਂ ਹਾਲ ਹੀ ਵਿੱਚ ਉਨ੍ਹਾਂ ਟਰੈਕਟਰ ਮਾਲਕਾਂ ਤੇ ਡਰਾਈਵਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ, ਜੋ ਸੜਕਾਂ 'ਤੇ ਬੇਵਜ੍ਹਾ ਉੱਚੀ ਆਵਾਜ਼ ਵਾਲੇ ਸਾਇਲੈਂਸਰਾਂ ਤੇ ਮਿਊਜ਼ਿਕ ਸਿਸਟਮਾਂ ਨਾਲ ਟਰੈਕਟਰ ਚਲਾਉਂਦੇ ਹੋਏ ਲੋਕਾਂ ਨੂੰ ਪ੍ਰੇਸ਼ਾਨ ਕਰ ਰਹੇ ਸਨ।ਐੱਸ.ਆਈ. ਕਮਲਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਪਿੰਡਾਂ ਤੇ ਕਸਬਿਆਂ ਵਿੱਚ ਨੌਜਵਾਨ ਵਰਗ ਵੱਲੋਂ ਟਰੈਕਟਰਾਂ 'ਤੇ ਗੈਰਕਾਨੂੰਨੀ ਤੌਰ 'ਤੇ ਉੱਚੀ ਆਵਾਜ਼ ਵਾਲੇ ਸਾਇਲੈਂਸਰ ਲਗਾ ਕੇ ਸੜਕਾਂ 'ਤੇ ਰੇਲੀਆਂ ਕੱਢਣ, ਸਪੀਕਰਾਂ 'ਤੇ ਗੀਤ ਚਲਾ ਕੇ ਹੜਦੁੰਗ ਮਚਾਉਣ ਦੀਆਂ ਸ਼ਿਕਾਇਤਾਂ ਮਿਲ ਰਹੀਆਂ ਸਨ।ਇਸ ਨਾਲ ਨਾ ਸਿਰਫ ਸੜਕ ਸੁਰੱਖਿਆ ਲਈ ਖਤਰਾ ਪੈਦਾ ਹੁੰਦਾ ਹੈ, ਸਗੋਂ ਆਸ-ਪਾਸ ਰਹਿੰਦੇ ਲੋਕਾਂ, ਸਕੂਲੀ ਬੱਚਿਆਂ ਤੇ ਬਜ਼ੁਰਗਾਂ ਨੂੰ ਵੀ ਬੇਹੱਦ ਤੰਗੀ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਟਰੈਕਟਰ ਇੱਕ ਖੇਤੀਬਾੜੀ ਮਸ਼ੀਨ ਹੈ ਤੇ ਇਸ ਦਾ ਉਪਯੋਗ ਖੇਤਾਂ ਵਿਚ ਕੰਮ ਲਈ ਹੀ ਕੀਤਾ ਜਾਣਾ ਚਾਹੀਦਾ ਹੈ।ਟਰੈਕਟਰਾਂ ਨੂੰ ਸੜਕਾਂ 'ਤੇ ਰੌਣਕ ਦਿਖਾਉਣ ਜਾਂ ਮਨੋਰੰਜਨ ਦਾ ਸਾਧਨ ਬਣਾਉਣਾ ਕਾਨੂੰਨ ਅਨੁਸਾਰ ਗਲਤ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਟਰੈਕਟਰ ਮਾਲਕਾਂ ਵੱਲੋਂ ਉੱਚੀ ਆਵਾਜ਼ ਵਾਲੇ ਸਾਇਲੈਂਸਰ ਜਾਂ ਡੀ. ਜੇ. ਸਿਸਟਮ ਲਗਾਏ ਗਏ ਹਨ, ਉਨ੍ਹਾਂ ਖਿਲਾਫ ਮੋਟਰ ਵਾਹਨ ਐਕਟ ਦੇ ਤਹਿਤ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਥਾਣਾ ਮੁਖੀ ਨੇ ਨੌਜਵਾਨਾਂ ਨੂੰ ਸਨੇਹਾ ਦਿੱਤਾ ਕਿ ਆਪਣੀ ਊਰਜਾ ਦਾ ਸਦਪਯੋਗ ਸਿਰਫ ਚੰਗੇ ਕੰਮਾਂ ਵਾਸਤੇ ਕੀਤਾ ਜਾਵੇ।ਉਨ੍ਹਾਂ ਨੇ ਕਿਹਾ ਕਿ ਹੜਦੁੰਗ ਮਚਾਉਣ ਨਾਲ ਕਿਸੇ ਨੂੰ ਵੀ ਖੁਸ਼ੀ ਨਹੀਂ ਮਿਲਦੀ, ਬਲਕਿ ਇਸ ਨਾਲ ਆਮ ਲੋਕਾਂ ਵਿਚ ਪੁਲਸ ਤੇ ਸਮਾਜ ਪ੍ਰਤੀ ਨਕਾਰਾਤਮਕ ਭਾਵਨਾ ਪੈਦਾ ਹੁੰਦੀ ਹੈ।ਪੁਲਸ ਦਾ ਉਦੇਸ਼ ਕਿਸੇ ਨਾਲ ਵਿਰੋਧ ਨਹੀਂ, ਸਗੋਂ ਸਾਰਿਆਂ ਨੂੰ ਕਾਨੂੰਨ ਅਧੀਨ ਰਹਿੰਦਿਆਂ ਸੁਰੱਖਿਅਤ ਜੀਵਨ ਜਿਉਣ ਲਈ ਪ੍ਰੇਰਿਤ ਕਰਨਾ ਹੈ।ਐਸ.ਆਈ. ਕਮਲਜੀਤ ਸਿੰਘ ਨੇ ਸਪੱਸ਼ਟ ਕੀਤਾ ਕਿ ਜੇ ਕਿਸੇ ਟਰੈਕਟਰ ਜਾਂ ਕਿਸੇ ਹੋਰ ਵਾਹਨ ਤੋਂ ਬੇਵਜ੍ਹਾ ਉੱਚੀ ਆਵਾਜ਼ ਆਉਂਦੀ ਮਿਲੀ ਤਾਂ ਉਸ 'ਤੇ ਤੁਰੰਤ ਜੁਰਮਾਨਾ ਲਗਾਇਆ ਜਾਵੇਗਾ ਤੇ ਵਾਹਨ ਜ਼ਬਤ ਵੀ ਕੀਤਾ ਜਾ ਸਕਦਾ ਹੈ।ਉਨ੍ਹਾਂ ਸਥਾਨਕ ਵਾਸੀਆਂ ਨੂੰ ਅਪੀਲ ਕੀਤੀ ਕਿ ਜਿੱਥੇ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਦੇਖਣ ਵਿਚ ਆਉਣ, ਉਹ ਪੁਲਸ ਨੂੰ ਤੁਰੰਤ ਸੂਚਿਤ ਕਰਨ ਤਾਂ ਜੋ ਕਾਰਵਾਈ ਕੀਤੀ ਜਾ ਸਕੇ।ਥਾਣਾ ਸਮਾਲਸਰ ਵੱਲੋਂ ਚਲਾਈ ਜਾ ਰਹੀ ਇਹ ਕਾਰਵਾਈ ਨਾ ਸਿਰਫ ਸੜਕ ਸੁਰੱਖਿਆ ਲਈ ਮਦਦਗਾਰ ਸਾਬਿਤ ਹੋਵੇਗੀ, ਸਗੋਂ ਲੋਕਾਂ ਵਿਚ ਕਾਨੂੰਨ ਦੀ ਪਾਲਣਾ ਕਰਨ ਦੀ ਜਾਗਰੂਕਤਾ ਵੀ ਪੈਦਾ ਕਰੇਗੀ।



# ਬੀ ਕੇ ਯੂ ਏਕਤਾ ਡਕੌਂਦਾ ਦੀ ਮੀਟਿੰਗ ਹੋਈ



**ਬੁਢਲਾਡਾ (ਅਸ਼ੋਕ ਲਾਕੜਾ)**

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਮੀਟਿੰਗ ਗੁਰਦੁਆਰਾ ਨੌਵੀਂ ਪਾਤਸ਼ਾਹੀ ਵਿਖੇ ਸੀਨੀਅਰ ਮੀਤ ਪ੍ਰਧਾਨ ਤੇਜ ਰਾਮ ਅਹਿਮਦਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਹਾੜ੍ਹੀ ਦੀ ਬਿਜਾਈ ਲਈ ਡੀਏਪੀ ਦੀ ਘਾਟ ਬਾਰੇ ਚਰਚਾ ਕਰਦਿਆਂ ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਦੱਸਿਆ ਕਿ ਖਾਦ ਦੀ ਕਮੀ ਸਰਕਾਰ ਦੀ ਮਾੜੀ ਕਾਰਗੁਜ਼ਾਰੀ ਦਾ ਨਤੀਜਾ ਹੈ।ਝੋਨੇ ਦੀ ਪਰਾਲੀ ਲਈ ਲੋੜੀਦੀ ਮਸ਼ੀਨਰੀ ਤੇ ਵੇਲਰ ਪਿੰਡਾਂ ਵਿੱਚ ਉਪਲਬਧ ਨਹੀਂ ਜਮੀਨ ਦੀ ਸਿੱਲ ਦਿਨੋ-ਦਿਨ ਘਟ ਰਹੀ ਹੈ, ਬਿਜਾਈ ਪਿਛੜ ਰਹੀ ਹੈ ਤੇ ਖੇਤਾਂ ਵਿੱਚ ਪਰਾਲੀ ਦੇ ਢੇਰ ਪਏ ਹਨ, ਇਸ ਲਈ ਮਜਬੂਰੀ ਵੱਸ ਕਿਸਾਨਾਂ ਨੂੰ ਅੱਗ ਲਾਉਣੀ ਪੈ ਰਹੀ ਹੈ। ਉਧਰੋਂ ਪ੍ਰਸ਼ਾਸਨ ਕਿਸਾਨਾਂ 'ਤੇ ਪਰਚੇ ਦਰਜ ਕਰਕੇ ਕਿਸਾਨੀ ਨਾਲ ਸਰਾਸਰ ਧੱਕਾ ਕਰ ਰਿਹਾ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਕਿਸੇ ਵੀ ਕਿਸਾਨ ਨੂੰ ਗ੍ਰਿਫ਼ਤਾਰ ਨਹੀਂ ਕਰਨ ਦਿੱਤਾ ਜਾਵੇਗਾ। ਮੀਟਿੰਗ 'ਚ ਪਿੰਡ ਕੁਲਰੀਆਂ ਦੇ ਕਿਸਾਨਾਂ ਸਿਰ ਪਾਏ ਝੂਠੇ ਕੇਸ ਵਾਪਸ ਕਰਾਉਣ ਬੇਗਨਾਹ ਵਰਕਰਾਂ ਨੂੰ ਕੇਸਾਂ ਤੋਂ ਬਾਹਰ ਕੱਢਣ ਲਈ ਪੁਲਿਸ ਪ੍ਰਸ਼ਾਸਨ ਵਾਰ-ਵਾਰ ਮੁੱਕਰ ਰਿਹਾ ਹੈ, ਜਿਸ ਕਰਕੇ ਪੁਲਸ ਪ੍ਰਸ਼ਾਸਨ ਨੂੰ 10 ਨਵੰਬਰ ਤੱਕ ਦਾ ਅਲਟੀਮੇਟ ਦਿੱਤਾ ਹੋਇਆ ਹੈ। ਅਜਿਹਾ ਨਾ ਹੋਣ ਦੀ ਸੂਰਤ 'ਚ ਮਾਨਸਾ ਪੁਲਿਸ ਕਪਤਾਨ ਦੇ ਦਫਤਰ ਸਾਹਮਣੇ ਰੋਸ ਭਰਪੂਰ ਧਰਨਾ ਦੇਣ ਉਪਰੰਤ ਪੱਕਾ ਮੋਰਚਾ ਲਗਾ ਦਿੱਤਾ ਜਾਵੇਗਾ, ਜਿਸ ਦਾ ਐਲਾਨ ਦਸ ਨਵੰਬਰ ਨੂੰ ਕੀਤਾ ਜਾਵੇਗਾ। ਪੰਜਾਬ ਦੀ ਰਾਜਧਾਨੀ ਵੱਲ ਕੀਤੇ ਜਾਣ ਵਾਲੇ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸਮੂਲੀਅਤ ਕੀਤੀ ਜਾਵੇਗੀ। ਇੱਕ ਵੱਖਰੇ ਫ਼ੈਸਲੇ ਅਨੁਸਾਰ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾਂ ਦੇ ਸਮਾਗਮਾਂ ਦੀ ਲੜੀ ਵਜੋਂ 18 ਨਵੰਬਰ ਨੂੰ ਬਰਨਾਲਾ ਵਿਖੇ ਸੈਮੀਨਾਰ ਕੀਤਾ ਜਾਵੇਗਾ ਤੇ ਜ਼ੁਲਮ ਦੇ ਖਿਲਾਫ ਸੰਘਰਸ਼ ਅਤੇ ਸ਼ਹੀਦੀ ਲਈ ਮਲਕ ਭਾਗੋਆਂ ਦੇ ਮੌਜੂਦਾ ਪ੍ਰਬੰਧ ਖਿਲਾਫ ਸੰਘਰਸ਼ ਤੇਜ਼ ਕੀਤਾ ਜਾਵੇਗਾ। ਇਸੇ ਤਰ੍ਹਾਂ ਹੜ੍ਹ ਪੀੜਤ ਕਿਸਾਨਾਂ ਤੇ ਮਜ਼ਦੂਰਾਂ ਦੀ ਮਦਦ ਲਈ ਸੇਵਾ ਤੇ ਸੰਘਰਸ਼ ਦੀ ਸੰਕਲਪ ਨੂੰ ਅੱਗੇ ਵਧਾਉਂਦੇ ਹੋਏ ਜਥੇਬੰਦੀ ਵੱਲੋਂ ਆਰੰਭ ਕੀਤੀ ਸਹਾਇਤਾ ਵੰਡ ਮੁਹਿਮ ਜਾਰੀ ਰੱਖੀ ਜਾਵੇਗੀ।

# ਹਰੀ ਕ੍ਰਾਂਤੀ ਮਗਰੋਂ ਪੰਜਾਬ 'ਚ ਹੁਣ ਪਰਾਲੀ ਕਰਾਂਤੀ ਆ ਰਹੀ ਹੈ : ਰਾਜੇਸ਼ ਵਰਮਾ

## ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਵੱਲੋਂ ਪੰਜਾਬ 'ਚ ਪਰਾਲੀ ਪ੍ਰਬੰਧਨ ਸੰਬੰਧੀ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ



**ਰਾਜਪੁਰਾ/ਪਟਿਆਲਾ (ਰਮੇਸ਼ ਕਟਾਰੀਆ/ਰਾਜਿੰਦਰ ਸਿੰਘ ਥਿੰਦ)**-ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ (ਸੀ.ਏ.ਕਿਉ.ਐੱਮ.) ਦੇ ਚੇਅਰਮੈਨ ਰਾਜੇਸ਼ ਵਰਮਾ ਨੇ ਵੀਰਵਾਰ ਕਿਹਾ ਕਿ ਹਰੀ ਕ੍ਰਾਂਤੀ ਤੋਂ ਬਾਅਦ ਪੰਜਾਬ ਵਿੱਚ ਹੁਣ ਪਰਾਲੀ ਕ੍ਰਾਂਤੀ ਆ ਰਹੀ ਹੈ।ਉਹ ਪਟਿਆਲਾ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਦਾ ਜਾਇਜ਼ਾ ਲੈਂਦੇ ਹੋਏ ਨਾਭਾ ਪਾਵਰ ਲਿਮਟਿਡ ਤਾਪ ਬਿਜਲੀ ਘਰ ਰਾਜਪੁਰਾ ਵਿਖੇ ਬਾਇਉਮਾਸ ਪੈਲੇਟਸ ਕੋਲੇ ਵਿੱਚ ਮਿਲਾਉਣ ਦੀ ਪ੍ਰਕਿਰਿਆ ਦਾ ਨਿਰੀਖਣ ਕਰਨ ਪੁੱਜੇ ਹੋਏ ਸਨ।ਉਨ੍ਹਾਂ ਨਾਲ ਸੀ.ਏ.ਕਿਉ.ਐੱਮ. ਦੇ ਮੈਂਬਰ ਸਕੱਤਰ ਤਰੁਨ ਕੁਮਾਰ ਪਿਥੋੜੇ ਵੀ ਮੌਜੂਦ ਸਨ।

ਇਸ ਮੌਕੇ ਚੇਅਰਮੈਨ ਆਰ ਕੇ ਵਰਮਾ ਨੇ ਕਿਹਾ ਕਿ ਉਨ੍ਹਾਂ ਨੇ ਦੇਖਿਆ ਹੈ ਕਿ ਪਰਾਲੀ ਹੁਣ ਕਿਸਾਨਾਂ ਦੀ ਆਮਦਨ ਦਾ ਜ਼ਰੀਆ ਬਣ ਗਈ ਹੈ।ਉਨ੍ਹਾਂ ਕਿਹਾ ਕਿ ਹਰੀ ਕ੍ਰਾਂਤੀ ਤੋਂ ਬਾਅਦ ਕਿਸਾਨ ਪਰਾਲੀ ਕ੍ਰਾਂਤੀ ਵੱਲ ਵਧ ਰਹੇ ਹਨ, ਜਿਸ ਕਾਰਨ ਇਸ ਵਾਰ ਪਿਛਲੇ ਸਾਲਾਂ ਦੇ ਮੁਕਾਬਲੇ ਪਰਾਲੀ ਸਾੜਨ ਦਾ ਰੁਝਾਨ ਘਟਿਆ ਨਜ਼ਰ ਆਇਆ ਹੈ।ਉਨ੍ਹਾਂ ਪੰਜਾਬ ਵਿੱਚ ਪੰਜਾਬ ਸਰਕਾਰ ਵੱਲੋਂ ਪਰਾਲੀ ਪ੍ਰਬੰਧਨ 'ਤੇ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਪਿਛਲੇ ਸਾਲ 13 ਨਵੰਬਰ ਨੂੰ ਪੰਜਾਬ ਆਏ ਸਨ ਅਤੇ ਸਾਰੇ ਪਾਸੇ ਧੂੰਆਂ ਨਜ਼ਰ ਆ ਰਿਹਾ ਸੀ ਤੇ ਅੱਜ ਧੁੱਪ ਖਿੜੀ ਹੋਈ ਹੈ, ਜਦਕਿ ਇੱਕ ਦਿਨ ਪਹਿਲਾਂ ਹੀ ਗੁਰਪੁਰਬ ਮਨਾਉਣ ਦੌਰਾਨ ਆਤਿਸ਼ਬਾਜ਼ੀ ਵੀ ਹੋਈ ਹੈ।

ਇਸ ਮੌਕੇ ਪੰਜਾਬ ਦੇ ਸਾਇੰਸ, ਤਕਨਾਲੋਜੀ ਤੇ ਵਾਤਾਵਰਣ ਵਿਭਾਗ ਦੇ ਸਕੱਤਰ ਪ੍ਰਿਆਂਕ ਭਾਰਤੀ ਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਪ੍ਰਬੰਧਕੀ ਸਕੱਤਰ ਅਰਸ਼ਦੀਪ ਸਿੰਘ ਥਿੰਦ ਨੇ ਚੇਅਰਮੈਨ ਨੂੰ ਦੱਸਿਆ ਕਿ ਰਾਜ ਵਿੱਚ ਪਰਾਲੀ ਪ੍ਰਬੰਧਨ ਦਾ ਸੀਜ਼ਨ ਕਰੀਬ 40 ਦਿਨਾਂ ਤੱਕ ਦਾ ਹੋਣ ਕਾਰਨ ਪਰਾਲੀ ਪ੍ਰਬੰਧਨ ਦੀਆਂ ਮਸ਼ੀਨਾਂ ਬਾਕੀ ਸਾਰਾ ਸਾਰਾ ਸਾਲ ਖੜੀਆਂ ਰਹਿੰਦੀਆਂ ਹਨ।ਉਨ੍ਹਾਂ ਕਿਹਾ ਕਿ ਇਸ ਕਰਕੇ ਪੰਜਾਬ ਸਰਕਾਰ ਨੇ ਇਹ ਮਸ਼ੀਨਾਂ ਕਣਕ ਦੇ ਨਾੜ ਨੂੰ ਸੰਭਾਲਣ ਲਈ ਵਰਤਣ ਦਾ ਤਜਰਬਾ ਕੀਤਾ ਸੀ, ਜੋ ਸਫਲ ਨਾ ਹੋਣ ਕਾਰਨ ਹੁਣ ਇਹ ਮਸ਼ੀਨਾਂ ਗੰਨੇ ਦੀ ਰਹਿੰਦ-ਖੂੰਹਦ ਨੂੰ ਸੰਭਾਲਣ ਲਈ ਤਜਰਬਾ ਕੀਤਾ ਜਾ ਰਿਹਾ, ਜਿਸ ਨਾਲ ਮਸ਼ੀਨਰੀ ਦੀ ਲਾਗਤ ਘਟੇਗੀ ਤੇ ਪਰਾਲੀ ਪ੍ਰਬੰਧਨ ਹੋਰ ਵੀ ਬਿਹਤਰ ਹੋਵੇਗਾ।

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਝੋਨੇ ਦੀ ਕਟਾਈ ਲਗਭਗ ਮੁਕੰਮਲ ਹੋ ਚੁੱਕੀ ਹੈ ਤੇ ਅਗਲੀ ਫ਼ਸਲ ਦੀ ਬਿਜਾਈ ਵੀ 60 ਫੀਸਦੀ ਤੱਕ ਹੋ ਚੁੱਕੀ ਹਨ।ਉਨ੍ਹਾਂ ਕਿਹਾ ਕਿ ਪਿਛਲੇ ਸਾਲ ਇਸ ਦਿਨ ਤੱਕ 414 ਮਾਮਲੇ ਸਾਹਮਣੇ ਆਏ ਸਨ, ਜਦਕਿ ਇਸ ਸਾਲ ਹੁਣ ਤਕ ਕੁੱਲ 168 ਅੱਗ ਲੱਗਣ ਦੇ ਮਾਮਲੇ ਸਾਹਮਣੇ ਆਏ ਹਨ।

ਇਸ ਮੌਕੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਚੇਅਰਮੈਨ ਰੀਨਾ ਗੁਪਤਾ ਤੇ ਮੈਂਬਰ ਸਕੱਤਰ ਡਾ. ਲਵਨੀਤ ਕੁਮਾਰ, ਐੱਸ ਐੱਸ ਪੀ ਸਰਫਰਾਜ ਆਲਮ, ਐੱਸ ਪੀ ਵੈਭਵ ਚੌਧਰੀ, ਐੱਸ ਡੀ ਐੱਮ ਅਵਿਕੇਸ਼ ਗੁਪਤਾ ਸਮੇਤ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼, ਬਾਣੀ ਤੇ ਸ਼ਹਾਦਤ ਸੰਬੰਧੀ ਸੈਮੀਨਾਰ ਭਲਕੇ



**ਨਾਭਾ (ਵਰਿੰਦਰ ਵਰਮਾ)**

ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਯਾਦ 'ਚ ਬਣੇ ਜਥੇਦਾਰ ਗੁਰਚਰਨ ਸਿੰਘ ਟੌਹੜਾ ਚੈਰੀਟੇਬਲ ਟਰੱਸਟ ਵੱਲੋਂ ਟੌਹੜਾ ਕਬੱਡੀ ਕੱਪ ਦੇ ਵਿਸ਼ੇਸ ਸਹਿਯੋਗ ਨਾਲ ਹਰਪਾਲ ਟਿਵਾਣਾ ਆਡੀਟੋਰੀਅਮ ਨਾਭਾ ਰੋਡ ਪਟਿਆਲਾ ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਸ਼ੇਸ ਸੈਮੀਨਾਰ 8 ਨਵੰਬਰ ਨੂੰ ਸਵੇਰੇ 10.30 ਵਜੇ ਕਰਾਇਆ ਜਾ ਰਿਹਾ ਹੈ।ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਨੇ ਦੱਸਿਆ ਕਿ ਇਹ ਸੈਮੀਨਾਰ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਹੋਵੇਗਾ, ਜਿਸ ਦਾ ਵਿਸ਼ਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ : ਪ੍ਰਕਾਸ਼, ਬਾਣੀ ਤੇ ਸ਼ਹਾਦਤ ਹੋਵੇਗਾ।ਸੈਮੀਨਾਰ 'ਚ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਚੇਅਰਮੈਨ ਰਿਟਾ. ਜਸਟਿਸ ਰਣਜੀਤ ਸਿੰਘ ਦਾ ਮੁੱਖ ਭਾਸ਼ਣ ਹੋਵੇਗਾ।ਇਸ ਤੋਂ ਇਲਾਵਾ ਸ਼੍ਰੀ ਆਨੰਦਪੁਰ ਸਾਹਿਬ ਦੀ ਧਰਤੀ 'ਤੇ ਬਣਨ ਜਾ ਰਹੀ ਪਹਿਲੀ ਫਰੀ ਯੂਨੀਵਰਸਿਟੀ ਸ਼੍ਰੀ ਆਨੰਦਪੁਰ ਸਾਹਿਬ ਦੇ ਵਾਈਸ ਚਾਂਸਲਰ ਪ੍ਰੋ. ਸਰਬਜਿੰਦਰ ਸਿੰਘ, ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸੰਤ ਬਾਬਾ ਕਸ਼ਮੀਰਾ ਸਿੰਘ ਅਲੋਹਰਾਂ ਸਾਹਿਬ ਆਦਿ ਸੰਬੋਧਨ ਕਰਨਗੇ।ਰੱਖੜਾ ਪਰਵਾਰ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਹਿੱਤ ਪਾਏ ਵਡਮੁੱਲੇ ਯੋਗਦਾਨ ਪਾਉਣ ਲਈ ਸੁਰਜੀਤ ਸਿੰਘ ਰੱਖੜਾ ਸਾਬਕਾ ਕੈਬਨਿਟ ਮੰਤਰੀ ਪੰਜਾਬ ਤੇ ਕਾਰ ਸੇਵਾ ਕਿਲਾ ਆਨੰਦਗੜ੍ਹ ਵਾਲੇ ਮਹਾਂਪੁਰਖਾਂ ਵੱਲੋਂ ਇਤਿਹਾਸਕ ਗੁਰਧਾਮਾਂ ਦੀ ਕੀਤੀ ਲਾਮਿਸਾਲ ਕਾਰਸੇਵਾ ਤੇ ਮਨੁੱਖੀ ਕਾਰਜਾਂ ਹਿੱਤ ਪਾਏ ਵਡਮੁੱਲੇ ਯੋਗਦਾਨ ਲਈ ਬਾਬਾ ਸਤਨਾਮ ਸਿੰਘ ਕਾਰਸੇਵਾ ਕਿਲ੍ਹਾ ਆਨੰਦਗੜ੍ਹ ਸ੍ਰੀ ਆਨੰਦਪੁਰ ਸਾਹਿਬ ਵਾਲਿਆਂ ਨੂੰ ਵਿਸ਼ੇਸ ਸਨਮਾਨ ਦਿੱਤਾ ਜਾਵੇਗਾ।ਜਥੇਦਾਰ ਟੌਹੜਾ ਨੇ ਸੰਗਤ ਨੂੰ ਅਪੀਲ ਕੀਤੀ ਕਿ ਆਪਣੇ ਵੱਡੇ ਭਾਗ ਹਨ ਕਿ ਆਪਾਂ ਨੂੰ ਇਹ ਸਤਾਬਦੀ ਮਨਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ।ਇਸ ਲਈ ਅਸੀ ਆਪਣੇ ਫ਼ਰਜ਼ ਨੂੰ ਸਮਝਦੇ ਹੋਏ ਇਸ ਸੈਮੀਨਾਰ 'ਚ ਸ਼ਾਮਲ ਹੋ ਕੇ ਗੁਰੂ ਸਾਹਿਬ ਦੀ ਕੀਤੀ ਗਈ ਲਾਸਾਨੀ ਸ਼ਹਾਦਤ ਨੂੰ ਨਤਮਸਤਕ ਹੋਈਏ।

## ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀਆਂ ਦੀ ਪੰਜਾਬੀ ਫੈਸਟ 'ਚ ਸ਼ਾਨਦਾਰ ਪ੍ਰਾਪਤੀ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਦੇਵੀਗੜ੍ਹ ਦੇ ਵਿਦਿਆਰਥੀਆਂ ਨੇ ਸਹੋਦਿਆ ਸਕੂਲ ਕੰਪਲੈਕਸ ਵੱਲੋਂ ਆਯੋਜਤ ਪੰਜਾਬੀ ਫੈਸਟ, ਜੋ ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਵਿੱਚ ਕਰਾਇਆ ਗਿਆ, ਵਿੱਚ ਵੱਖ-ਵੱਖ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਦਸਵੀਂ ਜਮਾਤ ਦੀ ਵਿਦਿਆਰਥਣ ਹਰਮੀਨ ਕੌਰ ਨੇ ਸੁਰਾਂ ਦੀ ਸੁਗੰਧ ਪੰਜਾਬੀ ਲੋਕ ਗੀਤ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਬਾਰ੍ਹਵੀਂ ਜਮਾਤ ਦੇ ਗੌਰਵ ਸਿੰਘ ਨੇ ਦਸਤਾਰ ਦਾ ਮਾਣ, ਸਿੱਖ ਦੀ ਸ਼ਾਨ ਦਸਤਾਰਬੰਦੀ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਪ੍ਰਿੰਸੀਪਲ ਮੈਡਮ ਮਮਤਾ ਮੱਕੜ ਤੇ ਅਕਾਦਮਿਕ ਡਾਇਰੈਕਟਰ ਮੈਡਮ ਤੇਜਿੰਦਰ ਕੌਰ ਨੇ ਵਿਦਿਆਰਥੀਆਂ ਦੀ ਪ੍ਰਾਪਤੀ 'ਤੇ ਖੁਸ਼ੀ ਪ੍ਰਗਟਾਈ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਉਚਾਈਆਂ ਛੂਹਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਅਧੂਰੀਆਂ ਤਨਖਾਹਾਂ ਵਾਲਾ ਪੱਤਰ ਨਕਾਰਿਆ

# ਜੁਲਾਈ 2019 ਦੇ ਤਨਖਾਹਾਂ ਵਾਲੇ ਪੱਤਰ ਨੂੰ ਮੁਕੰਮਲ ਰੂਪ 'ਚ ਲਾਗੂ ਕਰੇ ਸਰਕਾਰ : ਬੀਰ



**ਮਾਨਸਾ (ਆਤਮਾ ਸਿੰਘ ਪਮਾਰ)**

ਪੰਜਾਬ ਦੇ ਆਦਰਸ਼ ਸਕੂਲਾਂ ਦੇ ਸਮੁੱਚੇ ਕ੍ਰਮਚਾਰੀਆਂ ਨੂੰ ਸੂਬਾ ਸਰਕਾਰ ਤੇ ਸਿੱਖਿਆ ਵਿਕਾਸ ਬੋਰਡ (ਪੀਈਡੀਬੀ) ਅਧੂਰੇ ਤਨਖਾਹ ਸਕੇਲ ਦੇਣ ਦੀ ਬਜਾਏ ਜੁਲਾਈ 2019 ਦੇ ਨਾਰਮਜ ਪੱਤਰ ਮੁਤਾਬਕ ਮੁਕੰਮਲ ਤਨਖਾਹਾਂ ਲਾਗੂ ਕਰਕੇ ਇਨਸਾਫ਼ ਦੇਵੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਮੱਖਣ ਸਿੰਘ ਬੀਰ ਨੇ ਜਾਰੀ ਕੀਤਾ।

ਬੀਰ ਨੇ ਕਿਹਾ ਹੈ ਕਿ ਕੁੱਝ ਆਦਰਸ਼ ਸਕੂਲਾਂ 'ਚ ਕੁੱਝ ਕ੍ਰਮਚਾਰੀ ਜੁਲਾਈ 2019 ਦੇ ਪਾਲਿਸੀ ਪੱਤਰ ਅਨੁਸਾਰ ਤਨਖਾਹਾਂ ਵਸੂਲ ਰਹੇ ਹਨ, ਜਦਕਿ ਕੁੱਝ ਕੁ ਅਤਿ ਨਿਗੁਣੀਆਂ ਤਨਖਾਹਾਂ ਨਾਲ ਹੀ ਸਬਰ ਕਰ ਰਹੇ ਦੇਣ ਦੀਆਂ ਤਜਵੀਜਾਂ ਪੇਸ਼ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨਾਲ ਕ੍ਰਮਚਾਰੀਆਂ ਨੂੰ ਜੀਵਨ ਨਿਰਬਾਹ ਕਰਨਾ ਵੀ ਮੁਸ਼ਕਲ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਜਦੋਂ ਆਦਰਸ਼ ਸਕੂਲਾਂ ਦੇ ਹੱਕ ਵਿੱਚ ਨਾਰਮਜ ਪੱਤਰ ਬੱਚਿਆਂ ਤੇ ਕ੍ਰਮਚਾਰੀਆਂ ਲਈ ਬਣਿਆ ਹੋਇਆ ਹੈ ਤਾਂ ਜ਼ਿੰਮੇਵਾਰ ਅਥਾਰਟੀਆਂ ਇਸ ਨੂੰ ਪੂਰਨ ਰੂਪ ਵਿੱਚ ਲਾਗੂ ਕਰਨ ਤੋਂ ਕਿਉਂ ਭੱਜ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਿਹੜੇ ਕ੍ਰਮਚਾਰੀ ਪਹਿਲਾਂ ਹੀ ਪੂਰੀਆਂ ਤਨਖਾਹਾਂ ਲੈ ਰਹੇ ਹਨ।ਉਨ੍ਹਾਂ ਦੀਆਂ ਤਨਖਾਹਾਂ ਤੇ ਕਿਸੇ ਪ੍ਰਕਾਰ ਦਾ ਕੱਟ ਨਹੀਂ ਲੱਗ ਸਕਦਾ, ਬਲਕਿ ਹੋਰਨਾਂ ਨੂੰ ਵੀ ਪੂਰੀਆਂ ਤਨਖਾਹਾਂ ਮਿਲਣੀਆਂ ਚਾਹੀਦੀਆਂ ਹਨ।

ਆਗੂ ਨੇ ਕਿਹਾ ਹੈ ਕਿ ਆਦਰਸ਼ ਸਕੂਲਾਂ ਦੇ ਦਰਜਾਚਾਰ ਵੀ ਨਿਗੂਣੀਆਂ ਤਨਖਾਹਾਂ ਲੈਣ ਲਈ ਮਜਬੂਰ ਹਨ, ਜਦਕਿ ਇਨ੍ਹਾਂ ਕ੍ਰਮਚਾਰੀਆਂ ਨੂੰ ਬਣਦਾ ਗ੍ਰੇਡ ਪੇਅ ਲਾਗੂ ਕਰਨਾ ਸਰਕਾਰ ਲਈ ਪ੍ਰਮੁੱਖ ਏਜੰਡਾ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਜੇਕਰ ਜੁਲਾਈ 2019 ਦੇ ਪਾਲਿਸੀ ਪੱਤਰ ਅਨੁਸਾਰ ਤਨਖਾਹਾਂ ਜਾਰੀ ਕਰਨ ਤੋਂ ਆਨਾਕਾਨੀ ਕਰਦੀ ਹੈ ਤਾਂ ਆਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਜਥੇਬੰਦੀ ਸਰਕਾਰ ਨੂੰ ਹਰ ਫਰੰਟ 'ਤੇ ਘੇਰਨ ਦਾ ਕੰਮ ਕਰੇਗੀ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 27.11.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ ਬੇਂਕਰਸ ਚੈਂਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 03.11.2025 | 13.11.2025 | 27.11.2025 / 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ, ਮਿਤੀ | ਨਿਵਿਦਾ ਦਾ ਵੇਰਵਾ | | |
|---|---|---|---|---|
| 1 | 158-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ-ਜਲੰਧਰ ਕੈਂਟ ਦੇ ਤਹਿਤ ਸਾਹਨੇਵਾਲ - ਜਲੰਧਰ ਸ਼ਹਿਰ ਸੇਕਸ਼ਨ ਵੁਤੇ ਕਿਮੀ 427-428 ਦੇ ਵਿਚ ਲੇਵਲ ਕ੍ਰਾਸਿੰਗ ਨੰਬਰ ਐਸ-69 ਦੇ ਕੋਲ ਰੇਲਵੇ ਟ੍ਰੈਕ ਦੇ ਹੇਠਾਂ 900 ਮਿਮੀ ਅੰਦਰੂਨੀ ਵਿਆਸ ਡੀ.ਆਈ. ਆਵਰਨ ਪਾਈਪ ਕੇ-7 ਅਤੇ 1100 ਮਿਮੀ ਅੰਦਰੂਨੀ ਵਿਆਸ ਐਮ.ਐਸ. ਹੇਵੀ ਡਯੂਟੀ ਆਵਰਨ ਪਾਈਪ ਤੋਂ ਗੁਜਰਨ ਵਾਲੀ 500 ਮਿਮੀ ਅੰਦਰੂਨੀ ਵਿਆਸ ਵਾਲੀ ਪਾਣੀ ਸਪਲਾਈ ਪਾਈਪ ਲਾਈਨ ਨੂੰ ਪਾਰ ਕਰਨ ਦਾ ਕੰਮ। | | |
| | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | 1,36,42,094.83 | 2,18,200.00 | 60 ਦਿਨ | 06 ਮਹੀਨੇ |

ਸਮਾਨ ਨੇਚਰ ਦਾ ਕੰਮ: "ਬਾਕਸ ਪੁਸ਼ਿੰਗ/ਪਾਈਪ ਪੁਸ਼ਿੰਗ ਵਿਧੀ ਨਾਲ ਪੁਲਾਂ/ਸੀਮਿਤ ਉਚਾਈ ਵਾਲੇ ਸਬਵੇ ਦੀ ਉਸਾਰੀ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਪੱਤਰ ਨੰ. : 167-2025-26-ADEN-JRC ਤਾਰੀਕ: 06.11.2025 3454/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਪਹਿਲੀ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ 24.11.2025 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
| 01.11.2025 | 10.11.2025 | 24.11.2025 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ, ਮਿਤੀ | ਟੈਂਡਰ ਦਾ ਵੇਰਵਾ | | |
|---|---|---|---|---|
| 1. | 163-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅਧੀਨ ਜਲੰਧਰ-ਪਠਾਨਕੋਟ ਸੈਕਸ਼ਨ ਸੈਕਸ਼ਨ ਉਤ ਕਿਮੀ 10/17-19 ਉਤੇ 4.00 x 4.00 ਮੀਟਰ ਆਕਾਰ ਦੇ ਆਰ.ਸੀ.ਸੀ. ਬਾਕਸ ਦੇ ਦੁਵਾਰਾ ਤੋਂ 2400 ਮਿਮੀ ਬਯਾਸ ਦੀ ਸੀਵਰ ਕਰੋਸਿੰਗ ਦਾ ਕੰਮ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 4,72,25,747.73/- | 3,86,100.00/- | 60 ਦਿਨ | 06 ਮਹੀਨੇ |
| | ਵਿਸ਼ੇਸ਼ ਤਕਨੀਕੀ ਮਾਨਦੰਡ :- "ਬਾਕਸ ਪੁਸ਼ਿੰਗ/ਪਾਈਪ ਪੁਸ਼ਿੰਗ ਵਿਧੀ ਤੋਂ ਪੁਲਾਂ/ਸੀਮਿਤ ਉਚਾਈ ਵਾਲੇ ਸਬਵੇ ਦਾ ਨਿਰਮਾਣ।" | | | |
| 2. | 164-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅੰਤਰਗਤ ਜਲੰਧਰ-ਪਠਾਨਕੋਟ ਸੈਕਸ਼ਨ ਉਤੇ 5/29-6/1 ਕਿਲੋਮੀਟਰ ਦੇ ਵਿਚ ਆਰਓਬੀ 14 ਦੇ ਕੋਲ ਰੇਲਵੇ ਟ੍ਰੈਕ ਦੇ ਹੇਠਾ 1400 ਮਿਮੀ ਆਂਤਰਿਕ ਬਯਾਸ ਐਮ.ਐਸ. ਏਨਕੇਸਿੰਗ ਅਤੇ 1600 ਮਿਮੀ ਆਂਤਰਿਕ ਬਯਾਸ ਐਮ.ਐਸ. ਹੇਵੀ ਡਯੂਟੀ ਕੇਸਿੰਗ ਪਾਈਪ ਤੋਂ ਗੁਜਰਨ ਵਾਲੀ 1200 ਮਿਮੀ ਆਂਤਰਿਕ ਬਯਾਸ ਐਮ.ਐਸ. ਕੈਰਿਯਰ ਜਲ ਆਪੂਰਤੀ ਪਾਈਪ ਲਾਈਨ ਨੂੰ ਪਾਰ ਕਰਨਾ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 39,52,801.18/- | 79,100.00/- | 60 ਦਿਨ | 04 ਮਹੀਨੇ |
| | ਵਿਸ਼ੇਸ਼ ਤਕਨੀਕੀ ਮਾਨਦੰਡ :- "ਕੋਈ ਕੰਮ ਨਹੀਂ।" | | | |
| 3. | 165-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅਧਿਕਾਰ ਖੇਤਰ ਵਿਚ ਵੱਖ-ਵੱਖ ਜਗ੍ਹਾਂ ਉਤੇ ਸੁੰਦਰੀਕਰਣ / ਮੁਰੰਮਤ ਅਤੇ ਹੋਰ ਵਿਵਿਧ ਕੰਮ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 1,48,23,108.62/- | 2,24,100.00/- | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ :- "ਕੋਈ ਵੀ ਸਿਵਿਲ ਇੰਜੀਨੀਅਰਿੰਗ ਕੰਮ ਜਿਸ ਵਿਚ ਬੈਂਕੋ/ਕਟਿੰਗ ਵਿਚ ਮਿੱਟੀ ਦਾ ਕੰਮ ਸ਼ਾਮਿਲ ਹੋਵੇ।" | | | |
| 4. | 166-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅਧਿਕਾਰ ਖੇਤਰ ਵਿਚ ਵੱਖ-ਵੱਖ ਜਗ੍ਹਾਂ ਉਤੇ ਸੁੰਦਰੀਕਰਣ / ਮੁਰੰਮਤ ਅਤੇ ਹੋਰ ਵਿਵਿਧ ਕੰਮ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 1,74,87,817.20/- | 2,37,400.00/- | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ :- "ਕੋਈ ਵੀ ਸਿਵਿਲ ਇੰਜੀਨੀਅਰਿੰਗ ਕੰਮ ਜਿਸ ਵਿਚ ਬੈਂਕੋ/ਕਟਿੰਗ ਵਿਚ ਮਿੱਟੀ ਦਾ ਕੰਮ ਸ਼ਾਮਿਲ ਹੋਵੇ।" | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਨੰ: 163,164,165-2025-26-ADEN-JRC & 166-2025-26-ADEN-LDH ਮਿਤੀ : 04.11.2025 3455/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਲਾਸੀਫਾਈਡ ਇਸ਼ਤਿਹਾਰ

## Change of Name

I Mahinder Pal S/o Dalip Chand House No C-0/107, Street No. 8, Bharti Colony, Post office Distt. Ludhiana Punjab 141008. I Declare That I have changed my name Mahinder Paul to Mahinder Pal. All relatives and friends to take note.

I Karan Kumar S/o Jasvinder Kumar R/o H No 396, Phaggu Mohalla, PO Garha, Distt Jalandhar Punjab 144022 declare that Given name as Karan & Surname as Kumar. All please note.

I, Sunil Kumar Aggarwal S/O Darshan Lal Aggarwal R/O H.No.67, Fatehgarh Churian Road,Ashyaana Estate,Nangli, Amritsar,Punjab have changed my name from Sunil Kumar Aggarwal to Sunil Aggarwal. Concerned note.

I, Sharanjit W/o Jaswant Singh R/o H.No.294, Guru Ravi Das Marg, East Mohan Nagar, Amritsar have changed my name from Sharanjit to Sharnjit Kaur.

I, Aman Ranjit Singh S/o Surinder Singh R/o Naushehra Pannuan, Tehsil and District Tarn Taran have declare that Aman Ranjit Singh is my Given name and Babbar is my Surname.

I, Ramesh Kumar S/o Davinder Kumar R/o 3398, Ward No.5, Surian Mohalla, Kartarpur, District Jalandhar have changed my name from Ramesh Kumar to Ramesh Sharma

I, Rita Rani Sharma Alias Madhu Sharma W/o Ravinder Kumar Sharma R/o H.No.71-72 Ghumar Mandi Ferozepur Cantt. District Ferozepur have changed my name to Madhu Sharma.

I, Narinder Kuar W/o Prem Singh R/o 16/1882, Navi Abadi, Amritsar have changed my name from Narinder Kuar to Narinder Kaur.

I, Balsher Singh S/o Gulzar Singh R/o VPO Jodh Singh Wala, PO Bhangala Tehsil Patti District Tarn Taran have declare that my father was known by two names Guljar Singh and Gulzaar Singh one and same person.

I, Gurpreet Singh Gill S/o Gurmeet Singh R/o Vill Daburji PO Sohian Kalan Distt Amritsar have changed my name from Gurpreet Singh Gill to Gurpreet Singh.

I, Rita Sharma w/o Ramesh Chander R/o H.no 16 , New Raja Garden Extn , PO Mithapur , Jalandhar have changed my name from Rita Sharma to Reeta Sharma. All concerned may note.

I, Munish Bedi S/o Satya Pal Bedi R/o 23, Durga Enclave, Back Side Petrol Pump, Islamabad, Amritsar, Punjab have changed my name from Munish Bedi to Manish Bedi.

I, Vipandeep Singh S/o Gurmeet Singh R/o Ibrahimpura, Amritsar, Punjab-143102 have changed my name from Vipandeep Singh to Singh is my surname and Vipandeep is my given name.

I, Baljit Singh Athwal S/o Joga Singh R/o VPO. Kalyanpur, Distt.Jalandhar, Punjab have changed my name from Baljit Singh Athwal to Baljit Singh. All please note.

I, Gaurav S/O Hardeep Singh R/O H. No. 346 - L, Model Town, Near Mata Rani Chowk, Jalandhar - 144003, Punjab have changed my name from Gaurav To Gaurav Rajput. All concerned please note.

I, Eakm S/O Gaurav Rajput R/O H. No. 346 - L, Model Town, Jalandhar - 144003, Punjab have changed my name from Eakm to Eakm Singh. All concerned please note.

I, Mandeep Singh S/O Joginder Singh R/O Vill. Fattowal, Po. Bulhowal, Distt. Hoshiarpur, Punjab Have Changed My Name Given Name As Mandeep & Surname As Singh.

I, hitherto known as Bakhtawar Singh S/O Mohan Singh residing at H. No. 964 - A, Surya Enclave, Distt. Jalandhar - 144009, Punjab, India have changed my name and shall hereafter be known as Bakhtawar Singh Kalkat.

I, hitherto known as Rajwinder Kaur W/O Bakhtawar Singh R/O H. No. 964 - A, Surya Enclave, Distt. Jalandhar - 144009, Punjab, India have changed my name and shall hereafter be known as Rajwinder Kaur Kalkat.

I Renu Bala D/o Jagtar R/o House No.53, Ashok Nagar, Nandanpur Road, Maqsudan Jalandhar 144008 Punjab, India have changed my name from Renu Bala To Renu Bala Barky . Renu Bala is a given name and Barky is a surname.

I, Sahil S/o Sarabjit R/o House Number 1636, Ward Number 6, Sagran Mohalla Adampur Doaba, Distt. Jalandhar, Punjab-144102 have changed my name from Sahil to Sahil Hampal. All concerned please note.

I, Balwinder Kaur W/o Jaswinder Singh R/o Patti Chooker, VPO. Pasla, Tehsil Phillaur, Distt. Jalandhar, Punjab-144037 have changed my name from Balwinder Kaur to Given Name as Balwinder & Surname as Kaur. All concerned please note.

I, Jaswinder Singh S/o Piara Singh R/o VPO. Pasla, Tehsil Phillaur, Distt. Jalandhar, Punjab-144037 have changed my name from Jaswinder Singh to Given Name as Jaswinder & Surname as Singh. All concerned please note.

I, Nand Lal Alias Naveen Kumar S/o Bhagwan Dass R/o H.No. B-1/60, Ravidass Nagar, Jalandhar, Punjab-144008 have changed my name from Nand Lal Alias Naveen Kumar to Naveen Kumar. All concerned please note.

I, Sonia W/o Mukesh Sharma R/o H.No. 3C, Sat Nagar, Jalandhar have changed my name from Sonia to Sonia Sharma.

I Rishi S/o Mukesh Sharma R/o H.No. 3C, Sat Nagar, Jalandhar have changed my name from Rishi to Rishi Sharma.

I, Hargurdip Singh s/o Joginder Singh r/o Village Ladian, Po. Dosanj Kalan, Phillaur, Distt. Jalandhar-144502, Punjab have changed my name from Hargurdip Singh to Hargurdeep Singh. All concerned please note.

I, Shikha w/o Mohit Narang r/o 132, Shaheed Bhagat Singh Colony, Jalandhar have added my surname as Shikha Narang, After Marriage. All concerned please note.

## Change of Name

I, Kamlesh w/o Balbir Singh r/o B2/54, Street No. 01, Bhularai Road, Plahi Gate, Phagwara, Distt. Kapurthala have changed my name from Kamlesh to Kamlesh Rani. All concerned please note.

I, Reeta w/o Shiv Kumar Ghulla r/o 172, Raja Garden (Kot Rani) Near Hadiabad, Phagwara, Distt. Kapurthala have changed my name from Reeta to Reeta Ghulla. All concerned please note.

I, Sukhdev Singh s/o Rattan Singh r/o Vill.Chugawan, Po. Ibrahimwal, Distt. Kapurthala have changed my name to Given name as Sukhdev & Surname as Singh. All concerned please note.

I, Ram Balak Mahto S/o Shiv Mahto R/o W.G-411, Suraj Ganj, Jalandhar, Punjab have changed my name from Ram Balak Mahto to Ram Balak Mehta. All concerned please note.

I, Sita Kumari W/o Ram Balak Mehta R/o W.G-411, Neewa Suraj Ganj, Jalandhar, Punjab have changed my name from Sita Kumari to Sita Devi, After Marriage. All concerned please note.

I, Sarvjit Singh S/o Pritam Singh R/o H.No. 47, Gali No. 3, Punjab Avenue, Jalandhar, Punjab, have changed my name from Sarvjit Singh to Sarabjit Singh. All concerned please note.

I, Preeti Gupta W/o Chetan Gupta R/o H.No. 51, Indra Nagar, Phagwara, Distt. Kapurthala, Punjab have changed my name from Pretty to Preeti Gupta, after marriage. All concerned please note.

I, hitherto known as Sanjiv Kumar S/o Subhash Chander R/o H.No. 879, Arjun Nagar, Ladowali Road, Jalandhar, Punjab 144001 have changed my name and shall hereafter be known as Sanjeev Kumar Bhandari.

I, Parmjit Singh S/o Santokh Singh R/o VPO. Talhan, Distt. Jalandhar have changed my name from Parmjit Singh to Given name as Paramjit & Surname as Singh. All concerned please note.

I, Rekha Rani W/o Gurdip Ram R/o VPO. Parasrampur, Distt. Jalandhar have changed my name Read as Given name Rekha and Surname as Rani after marriage. All concerned please note.

I, Harish S/o Vijay Kumar Puri R/o VPO. Patara, Distt. Jalandhar have changed my name from Harish to Harish Kumar (Surname as Kumar) All concerned please note. (R)

I, Surinder Wife of Bawa Ram Residing at Circular Road, PO. Dinanagar, District Gurdaspur, Punjab-143531, Do Hereby Declare that I have changed my name from Surinder to Shinder Kaur. All nears and dears may note.

I Baljit Kaur W/o Gurdip Singh R/o Village Bahadarpur, PO.Talwandi Salhan,Teh.Tanda. Distt. Hoshiarpur . Punjab have chanded my name from Baljit Kaur to Baljit Kaur Ghotra. All concerned please note.

I, Vikram S/o Ashok Kumar R/o H.No. 111/1, Arya Nagar, Jail Road, Gurdaspur, Tehsil and Distt. Gurdaspur 143521, Punjab declare that have changed my name Vikram to Vikram Kumar, Have my name to given name as Vikram & Surname as Kumar.

## ਬੇਦਖਲੀ ਨੋਟਿਸ

ਮੈਂ, ਬਲਬੀਰ ਬੰਗਾ ਪੁੱਤਰ ਸਵਰਨਾ ਵਾਸੀ ਪਿੰਡ ਪੱਖੋਵਾਲ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ-144528 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਰੇਸ਼ ਕੁਮਾਰ ਅਤੇ ਉਸ ਦੀ ਪਤਨੀ ਸਹਿਬਾ, ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਬਲਦੇਵ ਸਿੰਘ ਪੁੱਤਰ ਬੰਤਾ ਸਿੰਘ, ਵਾਸੀ ਪਿੰਡ ਖੇਲਾ ਚੌਹਾਨ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ, ਜੋ ਕਿ ਯੂ. ਕੇ. ਵਿਚ ਰਹਿੰਦਾ ਹੈ ਅਤੇ ਉਸ ਦੀ ਪਤਨੀ ਮਨਪ੍ਰੀਤ ਕੌਰ, ਜੋ ਘਰ ਵਿਚ ਸਾਡੇ ਨਾਲ ਲੜਾਈ-ਝਗੜਾ ਅਤੇ ਗਾਲੀ-ਗਲੋਚ ਕਰਦੀ ਹੈ। ਮੈਂ ਆਪਣੇ ਲੜਕੇ ਅਮਨਦੀਪ ਸਿੰਘ ਅਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਮੈਂ, ਸਰੋਜ ਬਾਲਾ ਪਤਨੀ ਰੋਸ਼ਨ ਲਾਲ ਕਪੂਰ, ਵਾਸੀ ਮਕਾਨ ਨੰਬਰ ਡੀ/16-1453 ਨਿਊ ਮਾਡਲ ਟਾਊਨ ਛੇਹਰਟਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਗੀਤੂ ਕਪੂਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ- ਝਗੜਾ, ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਰਾਜ ਕੁਮਾਰ ਪੁੱਤਰ ਜੋਗਿੰਦਰ ਪਾਲ ਅਤੇ ਕੋਮਲ ਪਤਨੀ ਰਾਜ ਕੁਮਾਰ, ਵਾਸੀ 1972/14, ਬਾਬਾ ਭੌਂਡੀ ਵਾਲਾ ਚੌਕ, ਬਿਬੇਕਸਰ ਰੋਡ, ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਨੀਲ ਭੰਡਾਰੀ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕੁਲਵਿੰਦਰ ਸਿੰਘ ਪੁੱਤਰ ਬਾਲਾ ਸਿੰਘ ਵਾਸੀ ਨੇੜੇ ਵੇਦ ਮਾਤਾ ਮੰਦਰ ਨਿਊ ਧਨੋਵਾਲੀ ਕਲੋਨੀ, ਜ਼ਿਲ੍ਹਾ ਜਲੰਧਰ, ਫਿਲੌਰ, ਪੰਜਾਬ-144010 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਅਤੇ ਉਸਦੀ ਪਤਨੀ ਸੰਦੀਪ ਕੌਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਦਯਾ ਸਿੰਘ ਪੁੱਤਰ ਬਾਵਾ ਸਿੰਘ ਵਾਸੀ ਪਿੰਡ ਦਕੋਹਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਅਸੀਂ, ਗੁਲਫਾਮ ਪੁੱਤਰ ਜਾਮਿਲ ਅਤੇ ਰੂਬੀ ਪਤਨੀ ਗੁਲਫਾਮ ਦੋਨੋ ਵਾਸੀਆਨ ਮੁਹੱਲਾ ਚੰਦਨ ਨਗਰ, ਕਰਤਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਆਸਿਫ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਜਸਵੀਰ ਕੌਰ ਪਤਨੀ ਰਾਮ ਪਾਲ ਵਾਸੀ ਮਕਾਨ ਨੰ. 378-ਏ, ਰੇਲਵੇ ਕਲੋਨੀ ਨੰ. 2, ਨੇੜੇ ਸੰਤ ਨਗਰ ਫਾਟਕ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਉਸਦੀ ਪਤਨੀ ਹਰਜਿੰਦਰ ਕੌਰ ਅਤੇ ਉਹਨਾਂ ਦੇ ਬੱਚੇ ਪ੍ਰਭਜੋਤ ਸਿੰਘ ਅਤੇ ਅਭਿਜੋਤ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਮੀਨਾ ਪਤਨੀ ਸਤਪਾਲ ਵਾਸੀ ਮਕਾਨ ਨੰ. 100, ਕੈਂਟ ਰੋਡ, ਫਗਵਾੜੀ ਮੁਹੱਲਾ, ਗੜ੍ਹਾ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਾਹਿਲ ਅਤੇ ਉਸਦੀ ਪਤਨੀ ਮਮਤਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਜਿੰਦਰ ਕੁਮਾਰ ਪੁੱਤਰ ਸ਼੍ਰੀ ਰੌਸ਼ਨ ਲਾਲ ਵਾਸੀ ਵਾਰਡ ਨੰਬਰ 10 ਨਵੀਂ ਅਬਾਦੀ ਭੋਗਪੁਰ ਤਹਿਸੀਲ ਆਦਮਪੁਰ ਭੋਗਪੁਰ ਜਿਲ੍ਹਾ ਜਲੰਧਰ, ਪੰਜਾਬ, ਬਿਆਨੀ ਹਾਂ ਕਿ ਮੇਰੀ ਲੜਕੀ ਸਪਨਾ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀ ਕ੍ਰਿਸ਼ਨਾ ਪਤਨੀ ਰਘੂ ਨਾਥ ਅਤੇ ਰਘੂ ਨਾਥ ਵਾਸੀ ਮਕਾਨ ਨੰ. 1955,ਗਲੀ ਖਰਾਸ ਵਾਲੀ,ਮਹਾਂ ਸਿੰਘ ਗੇਟ, ਜਿਲ੍ਹਾ ਅੰਮ੍ਰਿਤਸਰ, ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਗੀਤਾ ਪਤਨੀ ਲੇਟ ਸ਼੍ਰੀ ਰਮਨ ਅਤੇ ਉਸਦਾ ਲੜਕਾ ਰਜਤ ਜੋ ਕੁਆਰਾ ਹੈ,ਦੋਵੇਂ ਸਾਡੇ ਕੋਲ ਰਹਿੰਦੇ ਹਨ ਅਤੇ ਸਾਡੇ ਕਹਿਣੇ,ਸੁਨਣੇ ਤੋਂ ਬਾਹਰ ਹਨ, ਸਾਡੀ ਕੋਈ ਸੇਵਾ ਸੰਭਾਲ ਨਹੀਂ ਕਰਦੇ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਅਸੀ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਚੱਲ,ਅਚੱਲ ਜਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਅਤੇ ਸਾਡਾ ਪਰਿਵਾਰ ਅਤੇ ਰਿਸ਼ਤੇਦਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਸਾਡਾ ਤੇ ਸਾਡੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ ਹੈ।

ਮੈਂ ਗੁਰਚਰਨ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਖਡੂਰ ਸਾਹਿਬ ਤਹਿਸੀਲ ਖਡੂਰ ਸਾਹਿਬ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਰਨਬੀਰ ਸਿੰਘ ਮੇਰੇ ਕਹਿਣੇਕਾਰ ਤੋਂ ਬਾਹਰ ਹੈ।ਮੈਂ ਉਸ ਨੂੰ ਆਪਣੀ ਸਾਰੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।ਸਬੰਧਤ ਨੋਟ ਕਰਨ।

ਮੈਂ, ਕ੍ਰਿਸ਼ਨ ਚੰਦ ਪੁੱਤਰ ਢੂੰਡਾ ਰਾਮ ਪਿੰਡ ਰਮਦਾਸ ਤਹਿਸੀਲ ਅਜਨਾਲਾ ਜਿਲਾ ਅੰਮ੍ਰਿਸਰ ਦਾ ਪੱਕੇ ਤੌਰ ਤੇ ਵਸਨੀਕ ਹਾਂ। ਤੇ ਬਿਆਨ ਕਰਦਾ ਹਾਂ ਕਿ ਵਿਨੋਦ ਕੁਮਾਰ ਮੇਰਾ ਸਕਾਂ ਪੁੱਤਰ ਹੈਂ ਜੋ ਸਾਡੇ ਕਹਿਣੇ ਸੁਨਣੇ ਤੋਂ ਬਾਹਰ ਹੈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲੇ ਆਪਣੇ ਭਲੇ ਬੁਰੇ ਦੇ ਖੁਦ ਜ਼ਿੰਮੇਵਾਰ ਹੋਣਗੇ। ਮੈਂ ਤੇ ਮੇਰਾ ਬਾਕੀ ਪਰਿਵਾਰ ਤੇ ਰਿਸ਼ਤੇਦਾਰ ਇਸ ਦੀ ਕਿਸੇ ਕਰਨੀ ਕਥਨੀ ਦੇ ਜ਼ਿੰਮੇਵਾਰ ਨਹੀਂ ਹੋਵੇਗੇ। ਸੰਬੰਧਤ ਨੋਟ ਕਰਨ।

ਮੈਂ, ਮਲਕੀਤ ਸਿੰਘ ਪੁੱਤਰ ਗੁਰਦਿੱਤਾ ਰਾਮ ਵਾਸੀ ਪਿੰਡ ਤੇ ਡਾਕਖਾਨਾ ਕੰਦੋਲਾ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਨਦੀਪ ਕੁਮਾਰ ਅਤੇ ਉਸ ਦੀ ਪਤਨੀ ਨਿਸ਼ਾ ਬਾਲਾ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਮੈਂ, ਰਿਕੂ ਦੇਵੀ ਪਤਨੀ ਨਿੱਕੂ, ਵਾਸੀ ਗੋਬਿੰਦਗੜ੍ਹ ਬਸਤੀ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਨਿੱਕੂ ਕਹਿਣੇ ਤੋਂ ਬਾਹਰ ਹੈ ਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਸ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ ਸੋਨੀਆਂ ਰਾਣੀ ਪਤਨੀ ਅਜੇ ਕੇਸ਼ਬ , ਵਾਸੀ ਹੀਰਾ ਕਲੋਨੀ ਹਰਿਆਣਾ , ਹੁਸ਼ਿਆਰਪੁਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕੀ ਅੰਜਲੀ ਮੇਰੇ ਕਹਿਣੇ ਤੋਂ ਬਾਹਰ ਹਨ । ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਰਾਜਾ ਸਿੰਘ ਪੁੱਤਰ ਹਰਨੇਕ ਸਿੰਘ, ਵਾਸੀ ਚੰਦ ਨਵਾਂ, ਤਹਿਸੀਲ ਬਾਘਾ ਪੁਰਾਣਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਮੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਜੈਮਲ ਮਸੀਹ ਪੁੱਤਰ ਸ਼ਾਮ ਮਸੀਹ ਵਾਸੀ ਪਿੰਡ ਸਿੱਧਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਸਾਹਿਲ ਅਤੇ ਉਸ ਦੀ ਪਤਨੀ ਵੈਲਟ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਹਨਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਨਾਂਅ ਦੀ ਬਦਲੀ

ਮੈਂ, ਆਸ਼ੀਸ਼ ਚੌਹਾਨ ਪੁੱਤਰ ਸੰਤੋਸ਼ ਚੌਹਾਨ, ਵਾਸੀ 155 ਸ਼ਾਸਤਰੀ ਨਗਰ ਰਵਿਦਾਸ ਮੰਦਰ ਜਲੰਧਰ ਨੇ ਆਪਣਾ ਨਾਂਅ ਆਸ਼ੀਸ਼ ਤੋਂ ਬਦਲ ਕੇ ਆਸ਼ੀਸ਼ ਚੌਹਾਨ ਰੱਖ ਲਿਆ ਹੈ।

ਮੈਂ, ਸੰਦੀਪ ਸਿੰਘ ਚੌਹਾਨ ਪੁੱਤਰ ਦਿਲਬਾਗ ਸਿੰਘ ਵਾਸੀ ਮਕਾਨ ਨੰਬਰ 4929, ਸੁਲਤਾਨਵਿੰਡ ਰੋਡ, ਮੋਹਨ ਨਗਰ, ਅੰਮ੍ਰਿਤਸਰ, ਪੰਜਾਬ ਨੇ ਆਪਣੀ ਨਾਬਾਲਗ ਲੜਕੀ ਸਮਰੀਨ ਕੌਰ ਦਾ ਨਾਮ ਬਦਲ ਕੇ ਸਮਰੀਨ ਕੋਰ ਚੌਹਾਨ ਰੱਖ ਲਿਆ ਹੈ।

ਮੈਂ ਗੁਰਮੀਤ ਕੌਰ ਵਾਸੀ ਪਿੰਡ ਕੋਟ ਕਰਾਰ ਖਾਨ, ਡਾਕਖਾਨਾ ਪੱਤਰ ਕਲਾਂ, ਕਪੂਰਥਲਾ ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਮ ਗੁਰਮੀਤ ਕੌਰ ਤੋਂ ਬਦਲ ਕੇ ਗੁਰਮੀਤ ਕੌਰ ਨੰਨਰਾ ਰੱਖ ਲਿਆ ਹੈ।

ਮੈਂ, ਜਸਪਾਲ ਕਰੜਾ ਪੁੱਤਰ ਸ਼੍ਰੀ ਜੋਗਿੰਦਰ ਦਾਸ ਵਾਸੀ ਪਿੰਡ ਤੇ ਡਾਕਖਾਨਾ ਗਾਖਲ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਨਾਬਾਲਗ ਲੜਕੀ ਦਾ ਨਾਮ ਖੁਸ਼ੀ ਤੋਂ ਬਦਲ ਕੇ ਖੁਸ਼ੀ ਕਰੜਾ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਕੁਲਵੰਤ ਕੌਰ ਪੁੱਤਰੀ ਮਕਰੰਦ ਸਿੰਘ ਪੁੱਤਰ ਜਗਤ ਸਿੰਘ, ਵਾਸੀ ਮੁਨਕ ਕਲਾਂ, ਤਹਿ. ਟਾਂਡਾ (ਹੁਸ਼ਿਆਰਪੁਰ) ਹਾਲ ਪਤਨੀ ਰਵਿੰਦਰ ਸਿੰਘ, ਮੁਹੱਲਾ ਗੋਬਿੰਦ ਨਗਰ ਦਾਰਾਪੁਰ, ਤਹਿ. ਟਾਂਡਾ ਮੇਰਾ ਨਾਂਅ ਜਮ੍ਹਾਂਬੰਦੀ ਵਿਚ ਕੁਲਵੰਤ ਕੌਰ ਪਤਨੀ ਮਕਰੰਦ ਸਿੰਘ ਪੁੱਤਰ ਨਿਹਾਲ ਸਿੰਘ ਚੱਲ ਰਿਹਾ ਹੈ। ਮੇਰਾ ਸਹੀ ਨਾਂਅ ਕੁਲਵੰਤ ਕੌਰ ਪੁੱਤਰੀ ਮਕਰੰਦ ਸਿੰਘ ਪੁੱਤਰ ਜਗਤ ਸਿੰਘ, ਸਹੀ ਕੀਤਾ ਜਾਵੇ।

## PUBLIC NOTICE

I, Subhash Chander S/o Shri Ayudhaia R/o H.No. 5008, Ward No. 16, Near Thana, Mohalla Diwan Khana, Jagraon, Distt. Ludhiana, Punjab declare that my son Vishal Bansal and his wife Jagriti Bansal and their children are out of my control. I disinherit them from my movable and immovable properties. I and my family members shall not be held responsible for any kind of dealings done with them. All Please Note.

I, Balendra Singh S/o Swarn Singh R/o H.No. 344, Urban Estate, Phase-II, Jalandhar declare and affirm that in my family documents of Dhaliwal and Chania Tehsil Nakodar my name has been wrongly mentioned as Balindar Singh or Balwinder Singh. Whereas my correct name is Balendra Singh. All these names Balindar Singh or Balwinder Singh are of one and the same person i.e. Balendra Singh S/o Swarn Singh. All Please Note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

(U/o 5 Rule 20 CPC)
In The Court of Ms. Navjit Pal Kaur Additional Civil Judge (Senior Division), Kapurthala
Case No. CS/569/2025
CNR No. PBKP02-000824-2025
Next Date:- 07-01-2026

1. Gurpreet Singh Son of Late Sukhdev Singh Son of Piara Singh 2. Harpreet Singh Son of late Sukhdev Singh Son of Piara Singh 3. Lovepreet Singh Son of late Sukhdev Singh Son of Piara Singh. All resident of Village Kahlwan, P.O. Sidhwan, Tehsil & District Kapurthala.

Vs.

1. Lehmber Singh Son of Piara Singh R/o Village Kahlwan, Tehsil & District Kapurthala. 2. Harjinder Singh Son of Charan Singh R/o Village Kahlwan, Tehsil & District Kapurthala. 3. Surjit Kaur D/o Charan Singh R/o Village Kahlwan, Tehsil & District Kapurthala.

PUBLICATION ISSUED TO: Defendants
2. Harjinder Singh son of Charan Singh R/o Village Kahlwan, Tehsil & District Kapurthala.
3. Surjit Kaur d/o Charan Singh r/o Village Kahlwan, Tehsil & District Kapurthala.

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 07-01-2026 at 10:00 a.m.

For details logon to https://highcourtchd.gov.in/?mod=district_notice&district=Kapurthala

Additional Civil Judge (Senior Division) Kapurthala
Dated, this day of 05-11-2025

## COURT NOTICE

(U/o 5 Rule 20 CPC)
In The Court of Ms. Harpreet Kaur Nafra Additional Civil Judge (Sr. Divn.), Amloh (P)
CNR No. PBFGA0-000069-2021
Next Date:- 02-12-2025

Varun Casting Pvt Ltd., Village Misri Majri, Amloh Road, Mandi Gobindgarh, Tehsil Amloh, District Fatehgarh Sahib

Vs.

1. M/S Sidh Ispat, 45 K.N. Stone, Roorke Road, Muzaffar Nagar, Through its Proprietor/ Partner/ Authorized Signatory Rakesh Jain, 2. Rakesh Jain of Proprietor/ Partner/Authorized Signatory of M/S Sidh Ispat, 45 K.N. Stone, Roorke Road, Muzaffar Nagar.

Application U/O 9 Rule 13 CPC.

Publication Issued To:
1. M/S Sidh Ispat, 45 K.N. Stone, Roorke Road, Muzaffar Nagar, Through its Proprietor/ Partner/ Authorized Signatory Rakesh Jain.
2. Rakesh Jain of Proprietor/ Partner/ Authorized Signatory of M/S Sidh Ispat, 45 K.N. Stone, Roorke Road, Muzaffar Nagar.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 02-12-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Sr. Divn.) Amloh (P)
Dated, this day of 30-10-2025

## Lost and Found

It is notified for the information that my LIC Policy Bond No. 156811789 actually lost at Gurdaspur. Missing Date 06-11-2025, Report date 06-11-2025, Unique id 3304606, if anybody found below address Palwinder Singh S/o Dalbir Singh. R/o Sukhmani Mohalla, Gurdaspur, PSOC City Gurdaspur. Punjab, India.

## ਪਬਲਿਕ ਸੂਚਨਾ

ਮੈਂ ਕਮਲੇਸ਼ ਕੁਮਾਰੀ ਪਤਨੀ ਰਮੇਸ਼ ਚੰਦਰ ਵਾਸੀ ਮਕਾਨ ਨੰਬਰ 40, ਵਿਕਾਸ ਨਗਰ, ਖੰਡਵਾਲਾ, ਛੇਹਰਟਾ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰੇ ਲੜਕੇ ਰਾਜੇਸ਼ ਕੁਮਾਰ ਦੀ ਮਿਤੀ 02/04/2024 ਨੂੰ ਮੌਤ ਹੋ ਗਈ ਸੀ ਅਤੇ ਉਸਦਾ ਬਣਦਾ ਰੋਬਾ ਹਿੱਸਾ ਮੈਂ ਉਸਦੀ ਪਤਨੀ ਕੋਮਲ ਆਧਾਰ ਨੰਬਰ 7701 5046 5540 ਨੂੰ ਗਵਾਹਾਂ ਦੀ ਹਾਜਰੀ ਵਿੱਚ ਉਸਦਾ ਬਣਦਾ ਰੋਬਾ ਹਿੱਸਾ ਦੇ ਚੁੱਕੀ ਹਾਂ ਅਤੇ ਉਸਦੀ ਹੱਕਰਸੀ ਹੋ ਚੁੱਕੀ ਹੈ। ਮੇਰੀ ਬਾਕੀ ਦੀ ਜਾਇਦਾਦ ਤੇ ਉਸਦਾ ਅਤੇ ਉਸਦੇ ਲੜਕੇ ਦਾਨਿਸ਼ ਚੋਪੜਾ ਅਤੇ ਉਸਦੀ ਬੇਟੀ ਮਲਿਕਾ ਦਾ ਹੁਣ ਕੋਈ ਤਲਕਵਾਸਤਾ ਨਹੀ ਹੈ ਮੇਰੀ ਬਾਕੀ ਦੀ ਜ਼ੋ ਵੀ ਚੱਲ ਅਚੱਲ ਸੰਪਤੀ ਹੈ ਉਸਦੇ ਵਾਰਸ ਮੇਰੇ ਦੋ ਲੜਕੇ ਰਾਕੇਸ਼ ਕੁਮਾਰ ਅਤੇ ਹਰਿੰਦਰ ਕੁਮਾਰ ਪੁੱਤਰਾਨ ਰਮੇਸ਼ ਚੰਦਰ ਹੀ ਹੋਣਗੇ। ਮੇਰਾ ਹੁਣ ਕੋਮਲ ਅਤੇ ਉਸਦੇ ਪਰਿਵਾਰ ਦੇ ਕਿਸੇ ਵੀ ਮੈਂਬਰ ਨਾਲ ਕੋਈ ਲੈਣ ਦੇਣ ਅਤੇ ਤਲਕਵਾਸਤਾ ਨਹੀ ਰਿਹਾ ਅਤੇ ਨਾ ਹੀ ਅਗਾਂਹ ਹੋਵੇਗਾ। ਕੋਮਲ ਅਤੇ ਉਸਦੇ ਪਰਿਵਾਰ ਨਾਲ ਲੈਣ ਦੇਣ ਕਰਨ ਵਾਲਾ ਖੁਦ ਆਪ ਜਿੰਮੇਵਾਰ ਹੋਵੇਗਾ। ਉਨਾ ਦੇ ਕਿਸੇ ਵੀ ਮਾੜੇ ਚੰਗੇ ਕੰਮ ਨਫੇ ਨੁਕਸਾਨ ਲਈ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ।

## ਆਮ ਸੂਚਨਾ

ਮੈਂ, ਅਬਦੁਲ ਮੰਨਣ ਖਾਨ ਪੁੱਤਰ ਅਬਦੁਸ ਸਲਾਮ ਖਾਨ ਪੁੱਤਰ ਹਾਸਮ ਖਾਨ ਵਾਸੀ ਗਰੀਨ ਪਾਰਕ ਨੰਬਰ-1 ਅਲਾਵਲਪੁਰ ਰੋਡ, ਆਦਮਪੁਰ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮਾਲ ਰਿਕਾਰਡ ਵਿੱਚ ਮੇਰਾ ਨਾਮ ਮੰਨਣ ਖਾਨ ਪੁੱਤਰ ਅਬਦੁਸ ਸਲਾਮ ਖਾਨ ਪੁੱਤਰ ਹਾਸਮ ਖਾਨ ਗ਼ਲਤ ਦਰਜ ਹੋ ਗਿਆ ਹੈ। ਮੇਰਾ ਸਹੀ ਨਾਮ ਅਬਦੁਲ ਮੰਨਣ ਖਾਨ ਪੁੱਤਰ ਅਬਦੁਸ ਸਲਾਮ ਖਾਨ ਹੈ। ਹੁਣ ਮੇਰਾ ਨਾਮ ਮੰਨਣ ਖਾਨ ਦੀ ਬਜਾਏ ਅਬਦੁਲ ਮੰਨਣ ਖਾਨ ਦਰੁਸਤ ਦਰਜ ਕੀਤਾ ਜਾਵੇ ਜੀ।

ਮੈਂ ਲਖਬੀਰ ਕੌਰ ਪਤਨੀ ਸੰਤੋਖ ਸਿੰਘ ਪਿੰਡ ਭੱਟੀਵਾਲ ਡਾਕਖਾਨਾ ਘੁਮਾਣ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ( ਪੰਜਾਬ) ਦੀ ਰਹਿਣ ਵਾਲੀ ਹਾਂ। ਮੈਂ ਬਿਆਨ ਕਰਦੀ ਹਾਂ ਕਿ ਮੇਰੇ ਪਤੀ ਦੇ ਦਸਤਾਵੇਜ਼ਾਂ (ਪਾਵਰਕਾਮ) ਵਿੱਚ ਮੇਰਾ ਨਾਂਅ Lakhbir Kaur ਲਿਖਿਆ ਹੋਇਆ ਹੈ ਜੋ ਕਿ ਗਲਤ ਹੈ । ਮੇਰਾ ਅਸਲੀ ਨਾਮ Lakhbeer kaur ਹੈ ਸੰਬੰਧਤ ਨੋਟ ਕਰਨ ।

ਮੈਂ, ਗੁਰਮੇਲ ਸਿੰਘ ਪੁੱਤਰ ਜਗਰੂਪ ਸਿੰਘ, ਵਾਸੀ ਮੱਲੇਆਣਾ, ਤਹਿਸੀਲ ਮੋਗਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਮਨਪਿੰਦਰ ਸਿੰਘ ਧਾਲੀਵਾਲ ਅਤੇ ਉਸ ਦੀ ਪਤਨੀ ਰਾਜਿੰਦਰ ਕੌਰ ਉਰਫ ਰਾਜੂ ਨੂੰ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਬੇਦਖਲ ਕਰ ਦਿੱਤਾ ਸੀ। ਹੁਣ ਮੇਰਾ ਲੜਕਾ ਅਤੇ ਉਸ ਦੀ ਪਤਨੀ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇਕਾਰ ਹਨ ਅਤੇ ਪਰਵਾਰ ਨਾਲ ਵਧੀਆ ਤਰੀਕੇ ਨਾਲ ਗੱਲਬਾਤ ਕਰਦੇ ਹਨ। ਇਸ ਲਈ ਮੈਂ ਆਪਣੇ ਲੜਕੇ ਮਨਪਿੰਦਰ ਸਿੰਘ ਧਾਲੀਵਾਲ ਅਤੇ ਉਸ ਦੀ ਪਤਨੀ ਰਾਜਿੰਦਰ ਕੌਰ ਉਰਫ ਰਾਜੂ ਦੀ ਉਕਤ ਪੁਰਾਣੀ ਬੇਦਖਲੀ ਨੂੰ ਰੱਦ ਕਰਦਾ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦੇ ਬਰਾਬਰ ਦੇ ਹੱਕਦਾਰ ਹੋਣਗੇ।

ਮੈਂ, ਜੋਗਿੰਦਰ ਸਿੰਘ ਪੁੱਤਰ ਸ੍ਰ: ਕਰਤਾਰ ਚੰਦ ਵਾਸੀ ਗੋਉਸਪੁਰਾ ਬਟਾਲਾ, ਤਹਿ: ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਦਲਜੀਤ ਸਿੰਘ ਦੀ ਮੌਤ ਹੋ ਗਈ ਹੈ ਅਤੇ ਹੁਣ ਮੇਰੀ ਨੂੰਹ ਰਜਨੀ ਭਗਤ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਮੇਰਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਜੋ ਕੋਈ ਵੀ ਇਸ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਵਾ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਨੰਬਰ ਏ ਪੀ 24-8019ਐੱਮ ਲੋਡ 7.5 ਬੀ ਐੱਚ ਪੀ ਸਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਦੇ ਨਾਅ ਹੈ, ਜਿਸ ਨੂੰ ਗੁਰਮੀਤ ਸਿੰਘ ਬੱਲ ਪੁੱਤਰ ਸੁਰਿੰਦਰ ਸਿੰਘ ਨੇ ਅਪਣੇ ਨਾਂਅ 'ਤੇ ਤਬਦੀਲ ਕਰਵਾਉਣ ਲਈ ਐਪਲੀਕੇਸ਼ਨ ਦਫ਼ਤਰ ਪੀ ਐੱਸ ਪੀ ਸੀ ਐੱਲ ਕਾਹਨੂੰਵਾਨ ਵਿਖੇ ਪੇਸ਼ ਕੀਤੀ ਹੈ। ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ 07 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ ਐੱਸ ਡੀ ਓ ਕਾਹਨੂੰਵਾਨ ਨੂੰ ਪੇਸ਼ ਕਰੇ। ਇਸ ਤੋਂ ਬਾਅਦ ਕੀਤਾ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ ਅਤੇ ਇਸ ਟਿਊਬਵੈੱਲ ਕੁਨੈਕਸ਼ਨ ਨੂੰ ਬਿਨਾਂ ਕਿਸੇ ਦੇ ਇਤਰਾਜ਼ ਦੇ ਬੇਨਤੀ ਕਰਤਾ ਦੇ ਨਾਂਅ 'ਤੇ ਬਦਲੀ ਕਰ ਦਿੱਤਾ ਜਾਵੇਗਾ।

## ਅਦਾਲਤੀ ਇਸ਼ਤਿਹਾਰ

ਬਾ : ਅਦਾਲਤ ਜਗਸੀਰ ਮਿੱਤਲ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਜਲੰਧਰ-1
ਰਾਮ ਸਰੂਪ ਬਨਾਮ ਤੀਰਥ ਰਾਮ ਵਗੈਰਾ

1) ਤੀਰਥ ਰਾਮ ਪੁੱਤਰ ਰਾਮ ਲੁਭਾਇਆ, 2) ਵਰਸ਼ਾ ਰਾਣੀ ਪੁੱਤਰੀ ਰਾਮ ਕੁਮਾਰ 3) ਜਸਕਰਨ ਸਿੰਘ ਪੁੱਤਰ ਸੁਭਾਸ਼ ਚੰਦਰ 4) ਪੁਨੀਤ ਕੁਮਾਰ ਪੁੱਤਰ ਰਾਮ ਕੁਮਾਰ 5) ਅੰਜੂ ਬਾਲਾ ਵਿਧਵਾ ਸੁਰਿੰਦਰ ਕੁਮਾਰ 6) ਕਰਨ ਕੁਮਾਰ ਪੁੱਤਰ ਸੁਰਿੰਦਰ ਕੁਮਾਰ 7) ਵਰੁਣ ਕੁਮਾਰ ਪੁੱਤਰ ਸੁਰਿੰਦਰ ਕੁਮਾਰ 8) ਸ਼ਿਵ ਕੁਮਾਰ ਪੁੱਤਰ ਸੁਰਿੰਦਰ ਕੁਮਾਰ 9) ਕਿਰਨ ਬਾਲਾ ਪੁੱਤਰੀ ਸੁਰਿੰਦਰ ਕੁਮਾਰ ਵਾਸੀਆਨ ਪਿੰਡ ਪ੍ਰਤਾਪੁਰਾ, ਜਲੰਧਰ 10) ਓ. ਬੀ. ਸੀ ਬੈਂਕ ਲਾਂਬੜਾ, ਜਲੰਧਰ 11) ਪੰਜਾਬ ਨੈਸ਼ਨਲ ਬੈਂਕ ਲਾਂਬੜਾ ਜਲੰਧਰ

ਬਾਬਤ ਤਕਸੀਮ ਕੇਸ ਪਿੰਡ ਪ੍ਰਤਾਪੁਰਾ, ਤਹਿਸੀਲ ਜਲੰਧਰ-1

ਖੇਵਟ ਨੰ : 109/103, 110/104, 216/209, 217/210, 317/313

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਜੇਕਰ ਕਿਸੇ ਵਿਅਕਤੀ ਨੂੰ ਉਕਤ ਤਕਸੀਮ ਕੇਸ ਦਾ ਫੈਸਲਾ ਹੋਣ ਵਿਚ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਇਤਰਾਜ਼ ਖੁਦ ਜਾਂ ਆਪਣੇ ਵਕੀਲ ਰਾਹੀਂ ਨਿਮਨਹਸਤਾਖਰ ਦੀ ਅਦਾਲਤ ਵਿੱਚ ਮਿਤੀ 28-11-2025 ਨੂੰ ਪੇਸ਼ ਕਰ ਸਕਦਾ ਹੈ। ਇਤਰਾਜ਼ ਪ੍ਰਾਪਤ ਨਾ ਹੋਣ ਦੀ ਸੂਰਤ ਵਿੱਚ ਕਾਰਵਾਈ ਯਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਇਸ ਕੇਸ ਦਾ ਫੈਸਲਾ ਤੁਹਾਡੀ ਹਾਜ਼ਰੀ ਦੇ ਬਗੈਰ ਕਰ ਦਿੱਤਾ ਜਾਵੇਗਾ।

ਅੱਜ ਮਿਤੀ 24/10/2025 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹਾਇਕ ਕੁਲੈਕਟਰ ਦਰਜਾ ਅੱਵਲ, ਜਲੰਧਰ-1
ਨੰਬਰ : 249/ਰੀਡਰ ਮਿਤੀ : 24/10/2025

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਪ੍ਰਵੀਨ ਕੁਮਾਰ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ-1, ਫਤਿਹਗੜ੍ਹ ਚੂੜੀਆਂ
ਕੇਸ ਅਨੁਵਾਨ ਲਖਵਿੰਦਰ ਸਿੰਘ ਬਨਾਮ ਹਰਪ੍ਰੀਤ ਕੌਰ ਅਤੇ ਹੋਰ

ਲਖਵਿੰਦਰ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਘਣੀਏ ਕੇ ਬਾਂਗਰ ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ।

ਬਨਾਮ

1) ਹਰਪ੍ਰੀਤ ਕੌਰ ਪਤਨੀ ਬਲਵਿੰਦਰ ਸਿੰਘ, 2) ਅਮੋਲਕਦੀਪ ਸਿੰਘ ਪੁੱਤਰ ਬਲਵਿੰਦਰ ਸਿੰਘ 3) ਰਵਿੰਦਰ ਸਿੰਘ ਪੁੱਤਰ ਕਰਤਾਰ ਸਿੰਘ 4) ਦੀ ਗੁਰਦਾਸਪੁਰ ਸੈਂਟਰਲ ਕੋਆਪ੍ਰੇਟਿਵ ਬੈਂਕ ਘਣੀਏ ਕੇ ਬਾਂਗਰ ਰਾਹੀਂ ਬ੍ਰਾਂਚ ਮੈਨੇਜਰ 5) ਪੰਜਾਬ ਨੈਸ਼ਨਲ ਬੈਂਕ ਧਿਆਨਪੁਰ ਰਾਹੀਂ ਬਰਾਂਚ ਮੈਨੇਜਰ 6) ਪੰਜਾਬ ਐਂਡ ਸਿੰਧ ਬੈਂਕ ਸਿਹਾਰ ਰਾਹੀਂ ਬਰਾਂਚ ਮੈਨੇਜਰ

ਇਸ ਨੋਟਿਸ ਰਾਹੀਂ ਆਪ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਅਨੁਵਾਨ ਕੇਸ ਕਿਸਮ ਤਕਸੀਮ ਇਸ ਅਦਾਲਤ ਵਿੱਚ ਕਾਫੀ ਸਮੇਂ ਤੋਂ ਪੈਂਡਿੰਗ ਚੱਲਿਆ ਆ ਰਿਹਾ ਹੈ। ਉਕਤ ਕੇਸ ਵਿਚ ਉਪਰੋਕਤ ਦਰਜ ਵਿਅਕਤੀਆਂ ਨੂੰ ਬਤੌਰ ਉੱਤਰਵਾਦੀ ਧਿਰ ਪਾਰਟੀ ਬਣਾਇਆ ਗਿਆ ਹੈ। ਜੇਕਰ ਉਪਰੋਕਤ ਦਰਜ ਵਿਅਕਤੀਆਂ ਵਿੱਚੋਂ ਕਿਸੇ ਵਿਅਕਤੀ ਨੂੰ ਉਪਰੋਕਤ ਰਕਬੇ ਦੀ ਤਕਸੀਮ ਹੋਣ ਵਿਚ ਕੋਈ ਇਤਰਾਜ਼ ਹੋਵੇ ਤਾਂ ਉਹ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਦਫਤਰ ਵਿਖੇ ਪੇਸ਼ ਕਰ ਸਕਦਾ ਹੈ। ਸਮਾਂ ਬੀਤ ਜਾਣ ਉਪਰੰਤ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ।

ਅੱਜ ਮਿਤੀ 8.10.25 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ।

ਸਹਾਇਕ ਕੁਲੈਕਟਰ ਦਰਜਾ-1, ਫਤਿਹਗੜ੍ਹ ਚੂੜੀਆਂ
ਨੰਬਰ : 464/ਰੀਡਰ ਮਿਤੀ : 8.10.25

## COURT NOTICE

In The Court of Ms. Parminder Pindu Judicial Magistrate - Ist Class - 12, Patiala
CNR No.:- PBPT03-002973-2023
Next Date :-12-12-2025
M/S Green Enterprises
VS
Darshan Singh

Detail of offence:-
Notice To:
Darshan Singh (School Master) S/o Ishar Singh H.No. 34, Gali No. 8, Partap Nagar, Patiala

In above titled case, the accused could not be served. It is ordered that accused should appear in person or through counsel on 12-12-2025 at 10.00 a.m.

For details logon to https://highcourtchd.gov.in/?mod=district_notice&district=patiala

Judicial Magistrate - 1st Class -12 Patiala
Dated, this day of 04-11-2025

## COURT NOTICE

(U/o 5 Rule 20 CPC)
In The Court of Ms. Prabha Prashar Civil Judge Junior Division - 4, Patiala
CNR No. PBPT02-002726-2022
Next Date: 01-12-2025
Surinderpal Singh
Vs.
Pawan Kumar Singla

Publication Issued To:
Newline Express 36-D Chhotti Baradari, Patiala Through its Asstt. Editor Surjit Grover.

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 01-12-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 4, Patiala
Dated, this day of 04-11-2025

## COURT NOTICE

(U/o 5 Rule 20 CPC)
(SUCCESSION CASE)
In Court of Ms. Manni Arora Civil Judge (Senior Division), Patiala
CNR No. PBPT02-004088-2025
Next Date:- 01-12-2025
Pooja
Vs.
General Public

Notice To:
General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 01-12-2025 at 10 a.m.

For details logon to https://highcourtchd.gov.in/?mod=district_notice&district=patiala

Civil Judge (Senior Division) Patiala
Dated, this day of 04-11-2025

# ਇੰਸਪੈਕਟਰ ਗੁਰਵਿੰਦਰ ਸਿੰਘ ਐੱਸ ਐੱਚ ਓ ਬਿਆਸ ਨਿਯੁਕਤ



ਬਿਆਸ (ਪਰਮਜੀਤ ਸਿੰਘ ਰੱਖੜਾ)- ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਮਹੱਤਵਪੂਰਨ ਥਾਣਾ ਬਿਆਸ 'ਚ ਤਾਇਨਾਤ ਐਸ.ਐਚ.ਓ ਸ਼ਮਸ਼ੇਰ ਸਿੰਘ ਦਾ ਇਥੋਂ ਤਬਾਦਲਾ ਕਰ ਦਿਤਾ ਗਿਆ ਹੈ। ਉਨ੍ਹਾ ਦੀ ਜਗਾ 'ਤੇ ਹੁਣ ਇੰਸਪੈਕਟਰ ਗੁਰਵਿੰਦਰ ਸਿੰਘ ਨੂੰ ਥਾਣਾ ਬਿਆਸ ਦਾ ਨਵਾਂ ਐਸ.ਐਚ.ਓ ਨਿਯੁਕਤ ਕੀਤਾ ਹੈ। ਇੰਸਪੈਕਟਰ ਗੁਰਵਿੰਦਰ ਸਿੰਘ ਪਹਿਲਾਂ ਵੀ ਕਈ ਵਾਰ ਥਾਣਾ ਬਿਆਸ 'ਚ ਆਪਣੀਆਂ ਸੇਵਾਵਾ ਨਿਭਾਅ ਚੁੱਕੇ ਹਨ ਅਤੇ ਹੁਣ ਫਿਰ ਇਕ ਵਾਰ ਉਨ੍ਹਾਂ ਨੂੰ ਇਹ ਜੁੰਮੇਵਾਰੀ ਸੌਂਪੀ ਗਈ ਹੈ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਗੁਰਮੁੱਖ ਸਿੰਘ, ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

ਕੇਸ ਨੰਬਰਾਨ : Other Cases/72/2024 ਦਾਇਰ ਮਿਤੀ :10-12-2024 ਕਿਸਮ ਕੇਸ : ਤਕਸੀਮ
ਰਕਬਾ ਪਿੰਡ : ਹਰੜ ਖੁਰਦ ਅਗਲੀ ਤਾਰੀਖ ਪੇਸ਼ੀ : 24-11-2025

1. ਜਰਨੈਲ ਸਿੰਘ ਪੁੱਤਰ ਕਸ਼ਮੀਰ ਸਿੰਘ ਪੁੱਤਰ ਜਗਤ ਸਿੰਘ, ਵਾਸੀ ਪਿੰਡ ਹਰੜ ਖੁਰਦ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

...... ਦਾਅਵਾ ਕਰਤਾ

ਬਨਾਮ

ਤਸਵੀਰ ਸਿੰਘ ਆਦਿ ......ਉੱਤਰਵਾਦੀ ਧਿਰ

ਉਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਦੀ ਤਲਬੀ ਸਧਾਰਨ ਸੰਮਨ ਰਾਹੀਂ ਕਰਨੀ ਸੰਭਵ ਨਾ ਹੋਣ ਕਾਰਨ ਅਖ਼ਬਾਰੀ ਇਸ਼ਤਿਹਾਰ ਰਾਹੀਂ ਉੱਤਰਵਾਦੀਆਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਗਲੀ ਤਾਰੀਖ ਪੇਸ਼ੀ ਮਿਤੀ 24-11-2025 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ ਤੇ ਕੇਸ ਦੀ ਪੈਰਵਾਈ ਕਰਨ।ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਉਹਨਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਹਾਇਕ ਕੁਲੈਕਟਰ ਦਰਜਾ ਪਹਿਲਾ, ਅਜਨਾਲਾ

ਉੱਤਰਵਾਦੀ ਧਿਰ :-

1. ਤਸਵੀਰ ਸਿੰਘ ਪੁੱਤਰ ਸੂਰਤ ਸਿੰਘ 2. ਧੀਰ ਸਿੰਘ ਮ੍ਰਿਤਕ ਰਾਹੀਂ ਕੁਦਰਤੀ ਵਾਰਸ ੳ) ਲਖਵਿੰਦਰ ਕੌਰ ਵਿਧਵਾ ਧੀਰ ਸਿੰਘ ਅ) ਨਰਿੰਦਰ ਕੌਰ ਪੁੱਤਰੀ ਧੀਰ ਸਿੰਘ 3. ਚਰਨ ਸਿੰਘ ਪੁੱਤਰ ਸੂਰਤ ਸਿੰਘ 4. ਵੀਰੋ ਪੁੱਤਰੀ ਸੂਰਤ ਸਿੰਘ ਵਾਸੀਆਨ ਪਿੰਡ ਹਰੜ ਖੁਰਦ, ਤਹਿਸੀਲ ਅਜਨਾਲਾ 5. ਜਸਪਾਲ ਸਿੰਘ ਮ੍ਰਿਤਕ ਪੁੱਤਰ ਕੁਲਦੀਪ ਸਿੰਘ ਰਾਹੀਂ ਵਾਰਸ (ੳ) ਅਮਰਜੀਤ ਕੌਰ ਵਿਧਵਾ ਜਸਪਾਲ ਸਿੰਘ (ਅ) ਸਨਪ੍ਰੀਤ ਕੌਰ (ੲ) ਜਸਪ੍ਰੀਤ ਕੌਰ ਪੁੱਤਰੀਆਂ ਜਸਪਾਲ ਸਿੰਘ ਵਾਸੀਆਨ ਪਿੰਡ ਸੁਲਤਾਨ ਮਾਹਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ 6. ਕਸ਼ਮੀਰ ਸਿੰਘ ਪੁੱਤਰ ਸੂਰਤ ਸਿੰਘ 7. ਅਮਰੀਕ ਸਿੰਘ ਮ੍ਰਿਤਕ ਪੁੱਤਰ ਸੂਰਤ ਸਿੰਘ ਰਾਹੀਂ ਕੁਦਰਤੀ ਵਾਰਸ ਕਸ਼ਮੀਰ ਕੌਰ ਵਿਧਵਾ ਅਮਰੀਕ ਸਿੰਘ (ੳ) ਕਸ਼ਮੀਰ ਕੌਰ (ਅ) ਜਸਵੰਤ ਸਿੰਘ (ੲ) ਸਤਵੰਤ ਸਿੰਘ ਕੇਅਰ ਆਫ ਭੁਪਿੰਦਰ ਸਿੰਘ ਵਾਸੀਆਨ ਪਿੰਡ ਰੁਮਾਣਾਚੱਕ, ਡਾਕਖਾਨਾ ਟਰਪਾਈ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ 8. ਅਮਨਪ੍ਰੀਤ ਕੌਰ ਪਤਨੀ ਮਨਜਿੰਦਰ ਸਿੰਘ ਪੁੱਤਰ ਬਲਵੰਤ ਸਿੰਘ 9. ਭੋਲਾ ਸਿੰਘ ਪੁੱਤਰ ਸੁਰੈਣ ਸਿੰਘ, 10. ਹਰਪ੍ਰੀਤ ਸਿੰਘ ਪੁੱਤਰ ਪ੍ਰਕਾਸ਼ ਸਿੰਘ 11. ਗੁਰਪ੍ਰੀਤ ਸਿੰਘ ਪੁੱਤਰ ਪ੍ਰਕਾਸ਼ ਸਿੰਘ 12. ਕੁਲਵਿੰਦਰ ਕੌਰ ਵਿਧਵਾ ਪ੍ਰਕਾਸ਼ ਸਿੰਘ ਵਾਸੀਆਨ ਪਿੰਡ ਹਰੜ ਖੁਰਦ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ 13. ਸਤਨਾਮ ਸਿੰਘ ਪੁੱਤਰ ਕਰਨੈਲ ਸਿੰਘ 14. ਸੁਖਵੰਤ ਸਿੰਘ ਪੁੱਤਰ ਰਵੇਲ ਸਿੰਘ 15. ਜਗਤਾਰ ਸਿੰਘ ਪੁੱਤਰ ਸਰਦੂਲ ਸਿੰਘ 16. ਹਰਮਨਜੀਤ ਸਿੰਘ ਪੁੱਤਰ ਗੁਰਸਾਹਿਬ ਸਿੰਘ ਵਾਸੀਆਨ ਪਿੰਡ ਕੋਟਲੀ ਅੰਬ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ 17. ਪੰਜਾਬ ਨੈਸ਼ਨਲ ਬੈਂਕ ਬ੍ਰਾਂਚ ਤਲਵੰਡੀ ਰਾਏਦਾਦੂ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਰਾਹੀਂ ਬ੍ਰਾਂਚ ਮੈਨੇਜਰ 18. ਪੰਜਾਬ ਨੈਸ਼ਨਲ ਬੈਂਕ ਬ੍ਰਾਂਚ ਅਜਨਾਲਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਰਾਹੀਂ ਬ੍ਰਾਂਚ ਮੈਨੇਜਰ 19. ਪੰਜਾਬ ਨੈਸ਼ਨਲ ਬੈਂਕ ਬ੍ਰਾਂਚ ਚਮਿਆਰੀ ਰਾਹੀਂ ਬ੍ਰਾਂਚ ਮੈਨੇਜਰ।

ਨੰਬਰ ਟੀ ਈ ਐੱਚ/ਰੀਡਰ/826 ਮਿਤੀ : 4.11.2025

# ਸ੍ਰੀ ਗੁਰੂ ਤੇਗ ਬਹਾਦਰ ਤੇ ਭਾਈ ਜੀਵਨ ਸਿੰਘ ਦਾ ਨਿਰਾਦਰ ਮੁਆਫ ਨਹੀਂ ਕੀਤਾ ਜਾ ਸਕਦਾ : ਖੁਰਾਣਾ, ਚੰਦੀ

ਫਗਵਾੜਾ (ਡਾ. ਰਮਨ)-ਕਾਂਗਰਸ ਪਾਰਟੀ ਵਲੋਂ ਤਰਨਤਾਰਨ ਜ਼ਿਮਨੀ ਚੋਣ ਦੌਰਾਨ ਚੋਣ ਪ੍ਰਚਾਰ ਲਈ ਲਗਾਈ ਸਟੇਜ ਉੱਪਰ ਲੱਗੇ ਬੈਨਰ 'ਤੇ ਨੌਂਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਦੀ ਤਸਵੀਰ ਤੋਂ ਉੱਪਰ ਸੋਨੀਆ ਗਾਂਧੀ, ਰਾਹੁਲ ਗਾਂਧੀ ਤੇ ਪ੍ਰਿਅੰਕਾ ਗਾਂਧੀ ਸਮੇਤ ਹੋਰ ਕਾਂਗਰਸੀ ਆਗੂਆਂ ਦੀਆ ਤਸਵੀਰਾਂ ਲਗਾਉਣਾ ਬਹੁਤ ਹੀ ਨਿੰਦਣਯੋਗ ਅਤੇ ਸਿੱਖ ਪੰਥ ਨੂੰ ਢਾਹ ਲਾਉਣ ਵਾਲੀ ਗੱਲ ਹੈ। ਕਾਂਗਰਸ ਦੇ ਇਸ ਗੁਨਾਹ ਨੂੰ ਕਦੇ ਮੁਆਫ ਨਹੀਂ ਕੀਤਾ ਜਾ ਸਕਦਾ। ਇਹ ਗੱਲ ਸ਼੍ਰੋਮਣੀ ਅਕਾਲੀ ਦਲ (ਬ) ਦੇ ਵਿਧਾਨ ਸਭਾ ਹਲਕਾ ਫਗਵਾੜਾ ਸ਼ਹਿਰੀ ਦੇ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੰਦੀ ਨੇ ਸਾਂਝੇ ਤੌਰ 'ਤੇ ਜਾਰੀ ਬਿਆਨ ਵਿੱਚ ਕਹੀ ਹੈ। ਖੁਰਾਣਾ ਤੇ ਚੰਦੀ ਨੇ ਕਿਹਾ ਕਿ ਗਾਂਧੀ ਪਰਿਵਾਰ ਦੀਆਂ ਤਸਵੀਰਾਂ ਗੁਰੂ ਸਾਹਿਬ ਅਤੇ ਸਿੱਖ ਪੰਥ ਦੇ ਯੋਧਿਆਂ ਦੇ ਉੱਪਰ ਲਗਾਉਣਾ ਨਾਕਾਬਿਲ-ਏ-ਮੁਆਫੀ ਗੁਨਾਹ ਹੈ। ਖੁਰਾਣਾ ਅਤੇ ਚੰਦੀ ਨੇ ਕਿਹਾ ਕਿ ਪਹਿਲਾਂ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਰਾਜਾ ਵੜਿੰਗ ਵੱਲੋਂ ਦਲਿਤ ਭਾਈਚਾਰੇ ਦਾ ਅਪਮਾਨ ਕੀਤਾ ਗਿਆ ਤੇ ਹੁਣ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਅਤੇ ਭਾਈ ਜੀਵਨ ਸਿੰਘ ਜੀ ਦਾ ਅਪਮਾਨ ਕੀਤਾ ਹੈ।

## COROMANDEL INTERNATIONAL LIMITED

Regd. Office: "Coromandel House", 1-2-10, Sardar Patel Road
Secunderabad-500003, Telangana, CIN : L24120TG1961PLC000892

ਖੇਤੀਬਾੜੀ ਸਹਿਕਾਰਤ ਅਤੇ ਕਿਸਾਨ ਭਲਾਈ ਵਿਭਾਗ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲਾ, ਭਾਰਤ ਸਰਕਾਰ, ਕੋਰੋਮੰਡੇਲ ਇੰਟਰਨੈਸ਼ਨਲ ਲਿਮਿਟਿਡ ਦੁਆਰਾ ਜਾਰੀ ਆਰਡਰ ਨੰ. ਐੱਸ.ਓ.2900 (ਈ) ਮਿਤੀ 24 ਅਕਤੂਬਰ 2015 ਇਸ ਦੀਆਂ ਸੋਧਾਂ ਐੱਸ.ਓ. 4120 (ਈ) ਮਿਤੀ 30 ਦਸੰਬਰ 2017 ਅਤੇ ਐੱਸ.ਓ. 2001 (ਈ) ਮਿਤੀ 22 ਜੂਨ 2020 ਦੀ ਪਾਲਣਾ ਹਿਤ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ (ਕੋਰੋਮੰਡੇਲ ਇੰਟਰਨੈਸ਼ਨਲ ਲਿਮਿਟਿਡ, ਬੀਚ ਰੋਡ ਵਕਾਲਾਪੁਡੀ (ਵੀ) ਕਾਕੀਨਾਡਾ-533005 (ਏ ਪੀ) 100% ਪਾਣੀ 'ਚ ਘੁਲਣਸ਼ੀਲ ਮਿਸ਼ਰਣ ਖਾਦ ਗ੍ਰੇਡਾਂ ਦਾ ਨਿਰਮਾਣ ਕਰਨ ਅਤੇ ਵੇਚਣ ਦਾ ਹੇਠ ਲਿਖੀਆਂ ਸਪੈਸੀਫਿਕੇਸ਼ਨਾਂ ਮੁਤਾਬਕ ਇਰਾਦਾ ਰੱਖਦੀ ਹੈ :

1. ਐੱਨ :ਪੀ: ਕੇ: ਐੱਸ : ਜ਼ੈੱਡ ਐੱਨ : ਐੱਮ ਐੱਨ : ਬੀ-24:24:0:2:8:1:2:1:0:15 ਕੁੱਲ ਨਾਈਟ੍ਰੋਜਨ :24%, ਕੁੱਲ ਫਾਸਫੋਰਸ (ਪੀ $_2$ ਓ $_5$ ਦੇ ਰੂਪ 'ਚ) : 24%, ਕੁੱਲ ਪੋਟਾਸ਼ੀਅਮ (ਕੇ $_2$ ਓ ਅਨੁਸਾਰ) : 0%, ਕੁੱਲ ਸਲਫਰ (ਐੱਸ ਦੇ ਰੂਪ 'ਚ) : 2.8%, ਕੁੱਲ ਜ਼ਿੰਕ (ਜ਼ੈੱਡ ਐੱਨ ਦੇ ਰੂਪ 'ਚ) : 1.2% ਕੁੱਲ ਮੈਂਗਨੀਜ਼ (ਐੱਮ ਐੱਨ ਮੁਤਾਬਕ) : 1%, ਕੁੱਲ ਬੋਰੋਨ (ਬੀ ਦੇ ਰੂਪ 'ਚ) : 0.15%
2. ਐੱਨ: ਪੀ: ਕੇ: ਐੱਸ 20 :15:15:6 ਕੁੱਲ ਨਾਈਟ੍ਰੋਜਨ : 20%, ਕੁੱਲ ਫਾਸਫੋਰਸ (ਪੀ $_2$ ਓ$_5$ ਦੇ ਰੂਪ 'ਚ) : 15% ਕੁੱਲ ਪੋਟਾਸ਼ੀਅਮ (ਕੇ $_2$ ਓ ਦੇ ਰੂਪ 'ਚ): 15%, ਕੁੱਲ ਸਲਫਰ (ਐੱਸ ਦੇ ਰੂਪ 'ਚ): 6%
3. ਐੱਨ : ਪੀ: ਕੇ: ਐੱਸ: ਜ਼ੈੱਡ ਐੱਨ 10 :12:32:6:1 ਕੁੱਲ ਨਾਈਟ੍ਰੋਜਨ : 10%, ਕੁੱਲ ਫਾਸਫੋਰਸ (ਪੀ $_2$ 0$_5$ ਦੇ ਰੂਪ 'ਚ) :12% (ਕੇ $_2$ ਓ ਦੇ ਰੂਪ 'ਚ), ਕੁੱਲ ਪੋਟਾਸ਼ੀਅਮ ਕੇ $_2$ ਓ ਦੇ ਰੂਪ ਵਿੱਚ : 32% ਕੁੱਲ ਸਲਫਰ ਐੱਸ ਦੇ ਰੂਪ 'ਚ: 6%, ਜ਼ੈਡ ਐੱਨ 1% ਦੇ ਰੂਪ 'ਚ ਕੁਲ ਜ਼ਿੰਕ।
4. ਐੱਨ : ਪੀ : ਕੇ : ਐੱਸ : ਐੱਮ ਜੀ : ਜ਼ੈੱਡ ਐੱਨ : ਬੀ-5 : 30 : 15 : 5 :12: : 1 : 0.4 ਕੁੱਲ ਨਾਈਟਰੋਜਨ : 5%, ਕੁੱਲ ਫਾਸਫੋਰਸ (ਪੀ $_2$ ਓ $_5$ ਦੇ ਰੂਪ 'ਚ) : 30 %, ਕੁੱਲ ਪੋਟਾਸ਼ੀਅਮ (ਕੇ$_2$ ਓ ਦੇ ਰੂਪ 'ਚ) : 15 % ਕੁੱਲ ਸਲਫਰ (ਐੱਸ ਦੇ ਰੂਪ 'ਚ) : 5 %, ਕੁੱਲ ਮੈਗਨੀਸ਼ੀਅਮ (ਐੱਮ ਜੀ ਦੇ ਰੂਪ 'ਚ) : 2 % ਕੁੱਲ ਜ਼ਿੰਕ (ਜ਼ੈੱਡ ਐਨ ਦੇ ਰੂਪ 'ਚ) : 1%, ਕੁੱਲ ਬੋਰੋਨ (ਬੀ ਦੇ ਰੂਪ 'ਚ) : 0.4 %
5. ਐੱਨ : ਪੀ : ਕੇ : ਐੱਸ : ਐੱਮ ਜੀ : ਜ਼ੈੱਡ ਐੱਨ : ਬੀ- 9 : 7 : 31 : 5: 2 : 1 : 0.2 ਕੁੱਲ ਨਾਈਟਰੋਜਨ : 9 % ਕੁੱਲ ਫਾਸਫੋਰਸ ਪੀ$_2$ਓ$_5$ਦੇ ਰੂਪ 'ਚ 7% ਕੁੱਲ ਪੋਟਾਸ਼ੀਅਮ (ਕੇ$_2$ ਓ ਦੇ ਰੂਪ 'ਚ) : 31%, ਕੁੱਲ ਸਲਫਰ (ਐੱਸ ਦੇ ਰੂਪ 'ਚ) : 5 %, ਕੁੱਲ ਮੈਗਨੀਸ਼ੀਅਮ (ਐੱਮ ਜੀ ਦੇ ਰੂਪ 'ਚ) : 2%, ਕੁੱਲ ਜ਼ਿੰਕ (ਜ਼ੈੱਡ ਐੱਨ ਦੇ ਰੂਪ 'ਚ) : 1%, ਕੁੱਲ ਬੋਰੋਨ (ਬੀ ਦੇ ਰੂਪ 'ਚ) : 0.2 %
6. ਐੱਨ : ਪੀ : ਕੇ : ਐੱਸ : ਐੱਮ ਜੀ-10 : 20 : 15 : 6 : 3 ਕੁੱਲ ਨਾਈਟਰੋਜਨ : 10%, ਕੁੱਲ ਫਾਸਫੋਰਸ ( ਪੀ $_2$ ਓ $_5$ ਦੇ ਰੂਪ 'ਚ ) : 20%, ਕੁੱਲ ਪੋਟਾਸ਼ੀਅਮ (ਕੇ $_2$ ਓ ਦੇ ਰੂਪ 'ਚ) : 15% ਕੁੱਲ ਸਲਫਰ (ਐੱਸ ਦੇ ਰੂਪ 'ਚ) : 6% ਕੁੱਲ ਮੈਗੀਨੀਸ਼ੀਅਮ (ਐੱਮ ਜੀ) : 3%
7. ਐੱਨ : ਪੀ : ਕੇ : ਐੱਸ : ਐੱਮ ਜੀ-7 : 9 : 29 : 8 : 2 ਕੁੱਲ ਨਾਈਟਰੋਜਨ 7%, ਕੁੱਲ ਫਾਸਫੋਰਸ (ਪੀ $_2$ ਓ $_5$ ਦੇ ਰੂਪ 'ਚ) : 9 %, ਕੁੱਲ ਪੋਟਾਸ਼ੀਅਮ (ਕੇ $_2$ ਓ ਦੇ ਰੂਪ 'ਚ) : 29%, ਕੁੱਲ ਸਲਫਰ (ਐੱਸ ਦੇ ਰੂਪ 'ਚ) : 8%, ਕੁੱਲ ਮੈਗਨੀਸ਼ੀਅਮ (ਐੱਮ ਜੀ ਦੇ ਰੂਪ 'ਚ) : 20%

Email ID : mail@coromandel.murugappa.com
Website : www.coromandel.biz/
Tel : 91-40-27842034 / 27847212, Fax : 91-40-27844117

## ਪਬਲਿਕ ਨੋਟਿਸ

**ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਥੂਨੰਗਲ (ਕੰਨਿਆ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਥੂਨੰਗਲ (ਕੰਨਿਆ) ਪੀ ਐਮ ਸ੍ਰੀ ਠੇਕਾ ਅਧਾਰਿਤ ਨਿਮਨ-ਲਿਖਤ ਅਸਾਮੀਆਂ ਲਈ ਇੰਟਰਵਿਊ ਅਧਾਰਿਤ 2025-26 ਲਈ ਸਲੈਕਟਿਵ ਪੈਨਲ ਦਾ ਗਠਨ 31 ਮਾਰਚ 2026 ਤੱਕ ਕੀਤਾ ਜਾਣਾ ਹੈ ਅਤੇ ਇਸ ਠੇਕਾ ਅਧਾਰਿਤ ਅਸਾਮੀਆਂ ਲਈ ਇੰਟਰਵਿਊ 10 ਨਵੰਬਰ 2025 ਦਿਨ ਸੋਮਵਾਰ ਨੂੰ ਸਵੇਰੇ 9.30 ਵਜੇ ਸ਼ੁਰੂ ਕੀਤੀ ਜਾਵੇਗੀ ਜਿਸ ਲਈ ਉਮੀਦਵਾਰ ਆਪਣੇ ਅਸਲ ਦਸਤਾਵੇਜ ਅਤੇ ਫੋਟੋ ਕਾਪੀ ਦਾ ਸੈਟ ਲੈ ਕੇ ਸਕੂਲ ਵਿਚ ਹਾਜਰ ਹੋਣ ਲਈ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

1. ਕਰਾਟੇ ਟਰੇਨਰ ਲਈ ਵਿੱਦਿਅਕ ਯੋਗਤਾ (ਬਲੈਕ ਬੈਲਟ ਮਨਜੂਰ ਸੁਦਾ ਸੰਸਥਾਂ ਦੁਆਰਾ ਅਤੇ ਗਰਜੂਏਟ ਅਤੇ ਉੱਚ ਸਿੱਖਿਆ ਨੂੰ ਪਹਿਲ) ਵੇਤਨ 8000 ਰੁਪਏ ਪ੍ਰਤੀ ਮਹੀਨਾ, 31 ਮਾਰਚ 2026 ਤੱਕ
2. ਯੋਗਾ/ ਸਪੋਰਟਸ ਟੀਚਰ/ ਕੋਚ ਲਈ ਵਿੱਦਿਅਕ ਯੋਗਤਾ (ਬੈਚਲਰ ਇੰਨ ਫਿਜੀਕਲ ਐਜੂਕੇਸ਼ਨ) ਵੇਤਨ 8330 ਰੁਪਏ ਪ੍ਰਤੀ ਮਹੀਨਾ, 31 ਮਾਰਚ 2026 ਤੱਕ
3. ਗਾਈਡੈਂਸ ਅਤੇ ਕੋਸਲਿਰ ਟੀਚਰ/ ਕੋਚ ਲਈ ਵਿੱਦਿਅਕ ਯੋਗਤਾ (ਬੈਚਲਰ ਡਿਗਰੀ ਘੱਟੋ ਘੱਟ 50 ਪ੍ਰਤੀਸਤ ਅੰਕ, ਗਾਈਡੈਂਸ ਐਡ ਕਾਊਸਲਿੰਗ ਡਿਪਲੋਮਾ) ਵੇਤਨ 8330 ਰੁਪਏ ਪ੍ਰਤੀ ਮਹੀਨਾ, 31 ਮਾਰਚ 2026 ਤੱਕ

ਵੱਲੋਂ - ਪ੍ਰਿੰਸੀਪਲ ਸਾਹਿਬ
ਪੀ ਐਮ ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੱਥੂਨੰਗਲ, ਜਿਲਾ ਅੰਮ੍ਰਿਤਸਰ
ਮੋਬਾਇਲ 94170-62951

## PUNJAB NATIONAL BANK
Branch Office:- Rahon Road, DISTT. LUDHIANA

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ, ਰਾਹੋਂ ਰੋਡ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ) ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ, ਰਾਹੋਂ ਰੋਡ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
| --- | --- | --- | --- | --- |
| ਕਰਜ਼ਦਾਰ (1) ਸ੍ਰੀ ਅਨਿਲ ਕੁਮਾਰ ਯਾਦਵ ਪੁੱਤਰ ਸ੍ਰੀ ਜਗਨ ਨਾਥ ਯਾਦਵ # ਮਕਾਨ ਨੰ. 10, ਗਲੀ ਨੰ. 1, ਅਜੀਤ ਸਿੰਘ ਨਗਰ, ਬੰਦਾ ਬਹਾਦਰ ਕਾਲੋਨੀ ਨੇੜੇ ਸ਼ਮਸ਼ਾਨਘਾਟ, ਸੁਭਾਸ਼ ਨਗਰ, ਲੁਧਿਆਣਾ-141007 (2) ਕਰਜ਼ਦਾਰ ਸ੍ਰੀਮਤੀ ਸੁਨੀਤ ਦੇਵੀ ਪਤਨੀ ਸ੍ਰੀ ਵਿਜੇ ਰਾਏ # ਮਕਾਨ ਨੰ. 10, ਗਲੀ ਨੰ. 1, ਅਜੀਤ ਸਿੰਘ ਨਗਰ, ਬੰਦਾ ਬਹਾਦਰ ਕਾਲੋਨੀ, ਨੇੜੇ ਸ਼ਮਸ਼ਾਨਘਾਟ, ਸੁਭਾਸ਼ ਨਗਰ, ਲੁਧਿਆਣਾ-141007 | ਬੈਨਾਮਾ ਵਸੀਕਾ ਨੰ. 17791 ਮਿਤੀ 21/01/2016 ਅਨੁਸਾਰ ਸ੍ਰੀ ਅਨਿਲ ਕੁਮਾਰ ਯਾਦਵ ਪੁੱਤਰ ਸ੍ਰੀ ਜਗਨ ਨਾਥ ਅਤੇ ਸ੍ਰੀਮਤੀ ਸੁਨੀਤ ਦੇਵੀ ਪਤਨੀ ਸ੍ਰੀ ਵਿਜੇ ਰਾਏ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਅਚੱਲ ਜਾਇਦਾਦ ਦਾ ਗਿਰਵੀਨਾਮਾ ਰਕਬਾ 55 ਵਰਗ ਗਜ਼, ਮਕਾਨ ਨੰ. 10, ਖੇਵਟ ਨੰ. 116, ਖਸਰਾ ਨੰ. 10//17, ਖਤੌਨੀ ਨੰ. 18, ਜਮ੍ਹਾਂਬੰਦੀ ਸਾਲ 2006-2007 ਹਦਬਸਤ ਨੰ. 178, ਪਿੰਡ ਤਰਫ ਕੁਲੀਏਵਾਲ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਸਥਿਤ, ਬਸਤੀ ਜੋਧੇਵਾਲ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗਲੀ 20' ਚੌੜੀ 15'-00", ਪੱਛਮ: ਬੰਦਾ ਬਹਾਦਰ ਕਾਲੋਨੀ 15'-00", ਉੱਤਰ : ਪਲਾਟ ਨੰ. 11, 33'-00", ਦੱਖਣ : ਪਲਾਟ ਨੰ. 9-33'-00" | 02.05.2025 | 04.11.2025 | ਸੰਕੇਤਕ ਕਬਜ਼ਾ<br>30.04.2025 ਨੂੰ ਰੁਪਏ 9,36,977.55/- (ਨੌਂ ਲੱਖ ਛੱਤੀ ਹਜ਼ਾਰ ਨੌਂ ਸੌ ਸਤੱਤਰ ਰੁਪਏ ਅਤੇ ਪਚਵੰਜਾ ਪੈਸੇ ਕੇਵਲ) ਜਮ੍ਹਾਂ 01.05.2025 ਤੋਂ ਇਸ 'ਤੇ ਹੋਰ ਵਿਆਜ, ਹੋਰ ਚਾਰਜਿਜ਼ ਅਤੇ ਖਰਚੇ। |

ਮਿਤੀ : 06-11-2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

## PUNJAB NATIONAL BANK
Branch Office:- Rahon Road, DISTT. LUDHIANA

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਰਾਹੋਂ ਰੋਡ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13(4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ) ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਰਾਹੋਂ ਰੋਡ ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
| --- | --- | --- | --- | --- |
| ਕਰਜ਼ਦਾਰ/ਰਹਿਣਕਾਰ : ਮੈਸਰਜ਼ ਐੱਸ ਐੱਲ ਦੁੱਗਲ ਨਿਟਵੇਅਰਜ਼ # 60, ਗਲੀ ਨੰ. 1, ਬੰਦਾ ਬਹਾਦਰ ਕਲੋਨੀ, ਲੁਧਿਆਣਾ-141007 ਅਤੇ ਸ੍ਰੀ ਸ਼ੱਬਾ ਲਾਲ ਪੁੱਤਰ ਸ੍ਰੀ ਠਾਕੁਰ ਰਾਮ ਰਾਹੀਂ ਇਸ ਦੇ ਮਾਲਕ ਮੈਸਰਜ਼ ਐੱਸ ਐੱਲ ਦੁੱਗਲ ਨਿਟਵੇਅਰਜ਼ # 60, ਗਲੀ ਨੰ. 1, ਬੰਦਾ ਬਹਾਦਰ ਕਲੋਨੀ, ਲੁਧਿਆਣਾ-141007 | ਬੈਨਾਮਾ ਵਸੀਕਾ ਨੰ. 13108 ਮਿਤੀ 1.12.2009 ਅਨੁਸਾਰ ਸ੍ਰੀ ਸ਼ੱਬਾ ਲਾਲ ਪੁੱਤਰ ਸ੍ਰੀ ਠਾਕੁਰ ਰਾਮ ਦੇ ਨਾਂਅ ਜਾਇਦਾਦ ਦਾ ਉਚਿਤ ਗਿਰਵੀਨਾਮਾ ਰਕਬਾ 100 ਵਰਗ ਗਜ਼, ਖੱਤਾ ਨੰ. 766/878-767/879-768/880, ਖਸਰਾ ਨੰ. 388-389-390, ਜਮ੍ਹਾਂਬੰਦੀ ਸਾਲ 2003-2004, ਹੱਦਬਸਤ ਨੰ. 166, ਪਿੰਡ ਗੇਹਲੇਵਾਲ ਮੁਹੱਲਾ ਹੀਰਾ ਵਿਹਾਰ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ 18'-00", ਪੱਛਮ : ਗੁਆਂਢ 18'-00", ਉੱਤਰ : ਗੁਆਂਢ 50'-00", ਦੱਖਣ : ਗੁਆਂਢ 33'-00" | 27.10.2017 | 04.11.2025 | ਸੰਕੇਤਕ ਕਬਜ਼ਾ<br>30.09.2017 ਨੂੰ ਬਕਾਇਆ ਰਾਸ਼ੀ ਰੁਪਏ 9,11,096.28 (ਨੌਂ ਲੱਖ ਗਿਆਰਾਂ ਹਜ਼ਾਰ ਛਿਆਨਵੇਂ ਰੁਪਏ ਅਤੇ ਅਠਾਈ ਪੈਸੇ ਕੇਵਲ) ਜਮ੍ਹਾਂ 01.10.2017 ਤੋਂ ਇਸ 'ਤੇ ਅੱਗੇ ਵਿਆਜ ਹੋਰ ਚਾਰਜਿਜ਼ ਅਤੇ ਖਰਚੇ। |

ਮਿਤੀ : 06-11-2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

## PUNJAB NATIONAL BANK
Branch Office:- Basti Jodhewal, DISTT. LUDHIANA

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ। ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ) ਕਬਜ਼ਾ ਪ੍ਰਾਪਤ ਕਰ ਲਿਆ ਹੈ। ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
| --- | --- | --- | --- | --- |
| ਕਰਜ਼ਦਾਰ/ਰਹਿਣਕਾਰ : ਸ੍ਰੀ ਰਾਕੇਸ਼ ਕੁਮਾਰ ਪੁੱਤਰ ਸ੍ਰੀ ਦੇਵੀ ਦਾਸ # ਪਲਾਟ ਨੰ. 69, ਲਕਸ਼ਮੀ ਕਲੋਨੀ, ਕੈਲਾਸ਼ ਨਗਰ ਰੋਡ, ਬਸਤੀ ਜੋਧੇਵਾਲ, ਲੁਧਿਆਣਾ। 2. (ਕਰਜ਼ਦਾਰ) ਸ੍ਰੀਮਤੀ ਨੀਨਾ ਰਾਣੀ ਪਤਨੀ ਸ੍ਰੀ ਰਾਕੇਸ਼ ਕੁਮਾਰ # ਪਲਾਟ ਨੰ. 69, ਲਕਸ਼ਮੀ ਕਲੋਨੀ, ਕੈਲਾਸ਼ ਨਗਰ ਰੋਡ, ਬਸਤੀ ਜੋਧੇਵਾਲ, ਲੁਧਿਆਣਾ। | ਬੈਨਾਮਾ ਵਸੀਕਾ ਨੰ. 438 ਮਿਤੀ 04.04.2013 ਅਨੁਸਾਰ ਸ੍ਰੀ ਰਾਕੇਸ਼ ਕੁਮਾਰ ਪੁੱਤਰ ਸ੍ਰੀ ਦੇਵੀ ਦਾਸ ਦੇ ਨਾਂਅ ਰਿਹਾਇਸ਼ੀ ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਰਕਬਾ 76.60 ਵਰਗ ਗਜ਼, ਪਲਾਟ ਨੰ. 69 ਮਿਨ, ਖਸਰਾ ਨੰ. 82-62-80/1-77/1-81/1-63/1, ਖੱਤਾ ਨੰ. 700/802, ਜਮ੍ਹਾਂਬੰਦੀ ਸਾਲ 2008-09, ਹੱਦਬਸਤ ਨੰ. 166, ਪਿੰਡ ਗੇਹਲੇਵਾਲ, ਅਬਾਦੀ ਲਕਸ਼ਮੀ ਕਲੋਨੀ ਵਿਖੇ ਸਥਿਤ, ਨੇੜੇ ਰਾਧਾ ਸਵਾਮੀ ਸਤਸੰਗ ਘਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗਲੀ, ਪੱਛਮ : ਗੁਆਂਢ, ਉੱਤਰ : ਗੁਆਂਢ, ਦੱਖਣ : ਗੁਆਂਢ । | 13.09.2023 | 04.11.2025 | ਸੰਕੇਤਕ ਕਬਜ਼ਾ<br>ਮਿਤੀ 13.09.2023 ਨੂੰ ਰੁਪਏ 9,59,357.48 (ਨੌਂ ਲੱਖ ਉਨਾਹਠ ਹਜ਼ਾਰ ਤਿੰਨ ਸੌ ਸਤਵੰਜਾ ਰੁਪਏ ਅਤੇ ਅਠਤਾਲੀ ਪੈਸੇ ਕੇਵਲ) ਸਮੇਤ 30.08.2023 ਤੱਕ ਚਾਰਜਿਜ਼ ਵਿਆਜ ਜਮ੍ਹਾਂ 01.09.2023 ਤੋਂ ਇਸ 'ਤੇ ਹੋਰ ਵਿਆਜ, ਹੋਰ ਚਾਰਜਿਜ਼ ਅਤੇ ਖਰਚੇ। |

ਮਿਤੀ : 06.11.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

7 Nov Page 8.qxd 11/6/2025 11:02 PM Page 1



ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ

# 1563 ਕਿਲੋਮੀਟਰ ਦੀ ਦੂਰੀ ਤੈਅ ਕਰਨਗੇ ਚਾਰ ਨਗਰ ਕੀਰਤਨ : ਤਰੁਨਪ੍ਰੀਤ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਨਾਲ ਵੱਡੇ ਪੱਧਰ 'ਤੇ ਮਨਾ ਰਹੀ ਹੈ। ਇਨ੍ਹਾਂ ਸਮਾਗਮਾਂ ਦੀ ਕਾਮਯਾਬੀ ਅਤੇ ਵਿਉਂਤਬੰਦੀ ਲਈ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਨੂੰ ਨੋਡਲ ਵਿਭਾਗ ਨਿਯੁਕਤ ਕੀਤਾ ਗਿਆ ਹੈ। ਵੱਖ-ਵੱਖ ਸ਼ਹਿਰਾਂ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨਾਂ ਬਾਬਤ ਸੌਂਦ ਨੇ ਦੱਸਿਆ ਕਿ 19 ਨਵੰਬਰ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਤੋਂ ਸ਼ੁਰੂ ਹੋਣ ਵਾਲੇ 4 ਨਗਰ ਕੀਰਤਨ ਕੁੱਲ 1563 ਕਿਲੋਮੀਟਰ ਦੀ ਦੂਰੀ ਤੈਅ ਕਰਨਗੇ ਅਤੇ ਇਹ ਪੂਰੇ ਪੰਜਾਬ ਦੇ ਪ੍ਰਮੁੱਖ ਸ਼ਹਿਰਾਂ-ਕਸਬਿਆਂ ਵਿੱਚੋਂ ਦੀ ਹੁੰਦੇ ਹੋਏ 22 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪੁੱਜਣਗੇ।



ਉਨ੍ਹਾਂ ਦੱਸਿਆ ਕਿ ਮੁੱਖ ਨਗਰ ਕੀਰਤਨ 19 ਨਵੰਬਰ ਨੂੰ ਸ੍ਰੀਨਗਰ ਤੋਂ ਸ਼ੁਰੂ ਹੋਵੇਗਾ, ਜੋ ਜੰਮੂ, ਪਠਾਨਕੋਟ, ਦਸੂਹਾ, ਹੁਸ਼ਿਆਰਪੁਰ, ਮਾਹਿਲਪੁਰ ਅਤੇ ਗੜ੍ਹਸ਼ੰਕਰ ਹੁੰਦਾ ਹੋਇਆ 22 ਨਵੰਬਰ ਨੂੰ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ। 19 ਨਵੰਬਰ ਨੂੰ ਨਗਰ ਕੀਰਤਨ ਦਾ ਠਹਿਰਾਅ ਜੰਮੂ ਤੇ 20 ਨਵੰਬਰ ਨੂੰ ਪਠਾਨਕੋਟ ਵਿਖੇ ਹੋਵੇਗਾ, ਜਦਕਿ 21 ਨਵੰਬਰ ਨੂੰ ਹੁਸ਼ਿਆਰਪੁਰ ਵਿਖੇ ਠਹਿਰਾਅ ਹੋਵੇਗਾ। ਇਹ ਨਗਰ ਕੀਰਤਨ ਕੁੱਲ 544 ਕਿਲੋਮੀਟਰ ਦੀ ਵਾਟ ਤੈਅ ਕਰੇਗਾ। ਮਾਝਾ-ਦੁਆਬਾ ਰੂਟ 'ਤੇ 20 ਨਵੰਬਰ ਨੂੰ ਨਗਰ ਕੀਰਤਨ ਗੁਰਦਾਸਪੁਰ ਤੋਂ ਸ਼ੁਰੂ ਹੋਵੇਗਾ ਅਤੇ ਬਟਾਲਾ, ਬਾਬ ਬਕਾਲਾ, ਸ੍ਰੀ ਅੰਮ੍ਰਿਤਸਰ ਸਾਹਿਬ, ਤਰਨ ਤਾਰਨ, ਗੋਇੰਦਵਾਲ ਸਾਹਿਬ, ਕਪੂਰਥਲਾ, ਕਰਤਾਰਪੁਰ, ਜਲੰਧਰ, ਬੰਗਾ ਤੇ ਬਲਾਚੌਰ ਹੁੰਦਾ ਹੋਇਆ 22 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ।

# ਸਮਾਰਟ ਸਕੂਲ ਨਸਰਾਲਾ ਦੀਆਂ ਚਾਰ ਖਿਡਾਰਨਾਂ ਬਣੀਆਂ ਗੋਲਡ ਮੈਡਲਿਸਟ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- 69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਜ਼ਿਲਾ ਸਿੱਖਿਆ ਅਫਸਰ ਸ਼੍ਰੀਮਤੀ ਲਲਿਤਾ ਅਰੋੜਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀ ਅਮਨਦੀਪ ਸ਼ਰਮਾ ਦੇ ਦਿਸ਼ਾ ਨਿਰਦੇਸ਼ ਅਤੇ ਜ਼ਿਲਾ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਦੀ ਅਗਵਾਈ ਵਿੱਚ ਹੈਂਡਬਾਲ ਅੰਡਰ 17 ਲੜਕੀਆਂ ਸਰਕਾਰੀ ਹਾਈ ਸਕੂਲ ਮੇਗੋਵਾਲ ਗੰਜਿਆਂ ਵਿਖੇ ਕਰਵਾਈਆਂ ਗਈਆਂ। ਇਹਨਾਂ ਖੇਡਾਂ ਵਿੱਚ ਸੂਬੇ ਦੇ 23 ਜ਼ਿਲ੍ਹਿਆਂ ਸਮੇਤ 24 ਟੀਮਾਂ ਨੇ ਭਾਗ ਲਿਆ। ਇਹਨਾਂ ਖੇਡਾਂ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੀਆਂ ਖਿਡਾਰਨਾਂ ਬਣੀਆ ਚੈਂਪੀਅਨ। ਇਸ ਚੈਂਪੀਅਨ ਟੀਮ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਸਰਾਲਾ ਦੀਆਂ ਚਾਰ ਖਿਡਾਰਨਾਂ ਨੇ ਆਪਣੀ ਖੇਡ ਦਾ ਬਿਹਤਰੀਨ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਦੀਆਂ ਗੋਲਡ ਮੈਡਲਿਸਟ ਬਣਨ ਦਾ ਮਾਣ ਪ੍ਰਾਪਤ ਕੀਤਾ। ਖਿਡਾਰਨਾਂ ਸਿਮਰਨ ਕੌਰ,ਪ੍ਰੀਆ,ਜਸ਼ਨਪ੍ਰੀਤ , ਜੈਸਮੀਨ ਅਥਲੈਟਿਕਸ ਵਿੱਚ ਨੈਸ਼ਨਲ ਸਕੂਲ ਖੇਡਾਂ ਲਈ ਕੁਆਲੀਫਾਈ ਕਰ ਚੁੱਕੇ ਐਥਲੀਟ ਸ਼ਿਵਰਾਜ ਆਨੰਦ ਅਤੇ ਲੈਕਚਰਾਰ ਸੁਖਦੇਵ ਸਿੰਘ ਦਾ ਸਕੂਲ ਪਹੁੰਚਣ ਤੇ ਸਵੇਰ ਦੀ ਸਭਾ ਵਿੱਚ ਪ੍ਰਿੰਸੀਪਲ ਧਰਮਿੰਦਰ ਕੁਮਾਰ




ਸ਼ਰਮਾ ਸਮੂਹ ਸਟਾਫ ਅਤੇ ਗ੍ਰਾਮ ਪੰਚਾਇਤ ਨਸਰਾਲਾ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸ੍ਰੀ ਨਰੇਸ਼ ਕੁਮਾਰ ਵਾਸੁਦੇਵਾ ਐਨ ਆਰ ਆਈ ਵੱਲੋਂ ਜੇਤੂ ਖਿਡਾਰੀਆਂ ਨੂੰ 5000 ਰੁਪਏ ਦੀ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਨਾਲ ਹੀ ਉਨਾਂ ਕਿਹਾ ਕਿ ਖਿਡਾਰੀਆਂ ਲਈ ਕਿੱਟਾਂ ਅਤੇ ਖੇਡਾਂ ਦਾ ਸਮਾਨ ਵੀ ਉਹਨਾਂ ਵੱਲੋਂ ਦਿੱਤਾ ਜਾਵੇਗਾ। ਸਨਮਾਨ ਕਰਨ ਉਪਰੰਤ ਪ੍ਰਿੰਸੀਪਲ ਧਰਮਿੰਦਰ ਕੁਮਾਰ ਸ਼ਰਮਾ ਅਤੇ ਗ੍ਰਾਮ ਪੰਚਾਇਤ ਨਸਰਾਲਾ ਸਰਦਾਰ ਜਰਨੈਲ ਸਿੰਘ ਸਰਪੰਚ ਨਸਰਾਲਾ ਦੀ ਅਗਵਾਈ ਵਿੱਚ ਜੇਤੂ ਖਿਡਾਰੀਆਂ ਨੂੰ ਗੱਡੀ ਵਿੱਚ ਸਵਾਰ ਕਰਕੇ ਢੋਲ ਦੀ ਥਾਪ ਅਤੇ ਫੁੱਲਾਂ ਦੀ ਵਰਖਾ ਹੇਠ ਨਸਰਾਲਾ ਪਿੰਡ ਵਿੱਚ ਲਿਜਾਇਆ ਗਿਆ। ਜਿਸ ਵਿੱਚ ਪਿੰਡ ਦੀਆਂ ਵੱਖ-ਵੱਖ ਸਭਾ ਸੁਸਾਇਟੀਆਂ ਵੱਲੋਂ ਜੇਤੂ ਖਿਡਾਰੀਆਂ ਅਤੇ ਲੈਕਚਰਾਰ ਸੁਖਦੇਵ ਸਿੰਘ ਦਾ ਸਨਮਾਨ ਕੀਤਾ ਗਿਆ। ਸਰਕਾਰੀ ਐਲੀਮੈਂਟਰੀ ਸਕੂਲ ਨਸਰਾਲਾ ਦੇ ਸਮੂਹ ਸਟਾਫ ਅਤੇ ਪਤਵੰਤੇ ਸੱਜਣਾਂ ਵੱਲੋਂ ਸਿਰੋਪਾਓ ਦੇ ਕੇ ਅਤੇ ਮਠਿਆਈਆਂ ਵੰਡ ਕੇ ਸਨਮਾਨ ਕੀਤਾ ਗਿਆ। ਨਸਰਾਲਾ ਮੰਦਰ ਦੇ ਨੇੜੇ ਪਹੁੰਚਣ ਤੇ ਮੰਦਰ ਦੀ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਦਿੱਤਾ ਗਿਆ। ਗੁਰਦੁਆਰਾ ਸਾਹਿਬ ਪਹੁੰਚਣ ਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਵੀ ਜੇਤੂ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ।

# ਸੂਬਾ ਪੱਧਰੀ ਟੂਰਨਾਮੈਂਟ 'ਚ ਮੇਹਰ ਚੰਦ ਪੋਲੀਟੈਕਨਿਕ ਕਾਲਜ ਨੇ ਚੌਥੀ ਵਾਰ ਸੋਨੇ ਦਾ ਤਮਗਾ ਜਿੱਤਿਆ

**ਜਲੰਧਰ (ਸ਼ੈਲੀ ਐਲਬਰਟ)**- ਸੂਬਾ ਪੱਧਰੀ ਟੂਰਨਾਮੈਂਟ 29 ਅਕਤੂਬਰ 2025 ਤੋਂ 31 ਅਕਤੂਬਰ 2025 ਤੱਕ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪੰਜਾਬ ਰਾਜ ਦੇ ਵੱਖ-ਵੱਖ ਪੋਲਿਟੈਕਨਿਕ ਕਾਲਜਾਂ ਨੇ ਭਾਗ ਲਿਆ। ਪ੍ਰਿੰਸੀਪਲ




ਡਾ. ਜਗਰੂਪ ਸਿੰਘ ਦੀ ਅਗਵਾਈ ਹੇਠ ਮੇਹਰ ਚੰਦ ਪੋਲਿਟੈਕਨਿਕ ਕਾਲਜ ਨੇ ਇਸ ਟੂਰਨਾਮੈਂਟ ਵਿੱਚ ਚਾਰ ਖੇਡਾਂ ਵਿੱਚ ਭਾਗ ਲਿਆ। ਬੈਡਮਿੰਟਨ ਖੇਡ ਵਿੱਚ ਕਾਲਜ ਨੇ ਚੌਥੀ ਵਾਰ ਲਗਾਤਾਰ ਸੋਨੇ ਦਾ ਤਮਗਾ ਜਿੱਤ ਕੇ ਇਤਿਹਾਸ ਰਚਿਆ। ਇਸ ਖੇਡ ਦੇ ਮੈਂਟਰ ਅੰਕੁਸ਼ ਸ਼ਰਮਾ ਅਤੇ ਸਾਹਿਲ ਸੈਣੀ ਸਨ। ਟੀਮ ਮੈਂਟਰਾਂ ਨੇ ਦੱਸਿਆ ਕਿ ਲਗਾਤਾਰ ਚੌਥੀ ਵਾਰ ਸੋਨਾ ਜਿੱਤਣਾ ਬਹੁਤ ਹੀ ਚੁਣੌਤੀਪੂਰਨ ਸੀ। ਆਟੋਮੋਬਾਈਲ ਬ੍ਰਾਂਚ ਦੇ ਵਿਦਿਆਰਥੀ ਅਭਿਸ਼ੇਕ ਭੰਡਾਰੀ ਨੂੰ ਸਰਵੋਤਮ ਖਿਡਾਰੀ ਐਲਾਨ ਕੀਤਾ ਗਿਆ। ਕ੍ਰਿਕਟ ਖੇਡ ਵਿੱਚ ਵੀ ਕਾਲਜ ਨੇ ਬਹੁਤ ਹੀ ਰੋਮਾਂਚਕ ਮੁਕਾਬਲੇ ਵਿੱਚ ਚਾਂਦੀ ਦਾ ਤਗਮਾ ਹਾਸਲ ਕੀਤਾ। ਟੀਮ ਦੇ ਮੈਂਟਰ ਮੋਹਿਤ ਸਹਿਦੇਵ ਨੇ ਕਿਹਾ ਕਿ ਮੈਚ ਕਾਫ਼ੀ ਦਿਲਚਸਪ ਸੀ ਅਤੇ ਆਖਰੀ ਪਲ ਤੱਕ ਦਰਸ਼ਕਾਂ ਨੇ ਉਤਸ਼ਾਹ ਨਾਲ ਮੈਦਾਨ ਨਹੀਂ ਛੱਡਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਟੀਮ ਮੈਂਟਰਾਂ ਅਤੇ ਖਿਡਾਰੀਆਂ ਦੀ ਮਿਹਨਤ ਅਤੇ ਜਿੱਤ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਖੇਡ ਪ੍ਰਧਾਨ ਵਿਕਰਮਜੀਤ ਸਿੰਘ ਸੰਘੋਤਰਾ ਅਤੇ ਡਿਪਟੀ ਖੇਡ ਪ੍ਰਧਾਨ ਗਗਨਦੀਪ ਦੇ ਯੋਗਦਾਨ ਦੀ ਵੀ ਖ਼ਾਸ ਤੌਰ 'ਤੇ ਸ਼ਲਾਘਾ ਕੀਤੀ।

# ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਨੇ ਪ੍ਰਕਾਸ਼ ਦਿਹਾੜਾ ਮਨਾਇਆ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਨੇ ਗੁਰੂ ਨਾਨਕ ਦੇਵ ਜੀ ਦੀ 556ਵਾ ਪ੍ਰਕਾਸ਼ ਦਿਹਾੜਾ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ। ਸਕੂਲ ਨੂੰ ਬਹੁਤ ਸੋਹਣੇ ਢੰਗ ਨਾਲ ਸਜਾਇਆ ਗਿਆ ਸੀ ਅਤੇ ਸਮੂਹ ਅਧਿਆਪਕ ਤੇ ਵਿਦਿਆਰਥੀਆਂ ਇਸ ਪਵਿੱਤਰ ਦਿਨ ਨੂੰ ਮਨਾਉਣ ਲਈ ਇਕੱਠੇ ਹੋਏ।ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਅਨੰਦਮਈ ਅਤੇ ਆਤਮਿਕ ਸ਼ਬਦ ਕੀਰਤਨ ਨਾਲ ਹੋਈ, ਜਿਸ ਨੇ ਮਾਹੌਲ ਨੂੰ ਸ਼ਾਂਤੀ ਅਤੇ ਭਗਤੀ ਭਾਵ ਨਾਲ ਭਰ ਦਿੱਤਾ। ਉਨ੍ਹਾਂ ਦੀਆਂ ਮਿਠਾਸ ਭਰੀਆਂ ਅਵਾਜ਼ਾਂ ਅਤੇ ਸ਼ਰਧਾ ਨੇ ਇੱਕ ਭਗਤਮਈ ਮਾਹੌਲ ਸਿਰਜਿਆ, ਜਿਸ ਨੇ ਮੌਜੂਦ ਸਾਰੇ ਲੋਕਾਂ ਨੂੰ ਪਿਆਰ, ਸਮਾਨਤਾ ਅਤੇ ਇਨਸਾਨੀਅਤ ਦੇ ਗੁਰੂ ਨਾਨਕ ਦੇਵ ਜੀ ਦੇ ਸੰਦੇਸ਼ 'ਤੇ ਵਿਚਾਰ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਮੁਖੀ ਅਮਰੀਕ ਸਿੰਘ ਨੇ ਸਾਰੇ ਅਧਿਆਪਕਾਂ ਸਮੇਤ ਡੂੰਘੀ ਸ਼ਰਧਾ ਨਾਲ ਸਮਾਗਮ ਵਿੱਚ ਹਿੱਸਾ ਲਿਆ। ਪੂਰਾ ਮਾਹੌਲ ਸ਼ਾਂਤੀ ਅਤੇ ਭਗਤੀ ਨਾਲ ਭਰਿਆ ਹੋਇਆ ਸੀ, ਜਿਸ ਨੇ ਇਸ ਮੌਕੇ ਨੂੰ ਸੱਚਮੁੱਚ ਯਾਦਗਾਰ ਅਤੇ ਆਤਮਿਕ ਰੂਪ ਤੋਂ ਉਤਸ਼ਾਹ ਵਰਧਕ ਬਣਾ ਦਿੱਤਾ। ਸਮਾਗਮ ਦੇ ਅੰਤ ਵਿੱਚ ਸਭ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।

# ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਸ੍ਰੀ ਗੁਰੂ ਨਾਨਕ ਦੇਵ ਜੀ ਦਾ 556 ਸਾਲਾਂ ਪ੍ਰਕਾਸ਼ ਪੁਰਬ ਪਿੰਡ ਕੰਧਾਲਾ ਜੱਟਾਂ ਵਿਖੇ ਪ੍ਰਬੰਧਕ ਕਮੇਟੀ ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀ ਪੱਤੀ ਵੱਲੋਂ ਸਮੂਹ ਨਗਰ ਨਿਵਾਸੀ ਸਾਧ ਸੰਗਤ ਅਤੇ ਐਨ ਆਰ ਆਈ ਸਾਧ ਸੰਗਤ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਇਆ ਗਿਆ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਆਰੰਭ ਕਰਕੇ 5 ਨਵੰਬਰ ਨੂੰ ਭੋਗ ਪਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਕੀਰਤਨ ਦੀਵਾਨ ਸਜਾਏ ਗਏ ਜਿਸ ਵਿੱਚ ਕਾਕਾ ਮਨਰਾਜ ਸਿੰਘ ਧਾਲੀਵਾਲ ਅਤੇ ਕਾਕਾ ਸਾਹਿਜਪਾਲ ਸਿੰਘ ਧਾਲੀਵਾਲ ਦਾ ਕੀਰਤਨੀ ਜੱਥਾ, ਭਾਈ ਇੰਦਰਜੀਤ ਸਿੰਘ ਕਵੀਸ਼ਰ ਜਥਾ ਅਤੇ ਸਾਥੀ ਕੰਧਾਲਾ ਜੱਟਾਂ ਵਾਲੇ, ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕੀਤਾ। ਮੁੱਖ ਗ੍ਰੰਥੀ ਬਾਬਾ ਅਵਤਾਰ ਸਿੰਘ ਜੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਉਪਰੰਤ ਗੁਰੂ ਘਰ ਵਿਖੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਅ ਜਿਸ ਵਿੱਚ ਸੰਤ ਬਾਬਾ ਮੱਖਣ ਸਿੰਘ ਜੀ ਮਹਾਂਪੁਰਸ਼ ਦਰੀਏ ਵਾਲੇ ਕੱਥਾ ਨਾਲ ਅਤੇ ਜੱਥੇਦਾਰ ਉਕਾਰ ਸਿੰਘ ਮਾਨ ਦਾ ਇੰਟਰਨੈਸ਼ਨਲ ਢਾਡੀ ਜੱਥਾ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕਰ ਅੱਡਾ ਸਰਾਂ, ਚੱਕਵਾਲ ਪੱਤੀ ਤੋਂ ਹੁੰਦਾ ਹੋਇਆ ਪੂਰੇ ਨਗਰ ਕੰਧਾਲਾ ਜੱਟਾਂ , ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ , ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ, ਗੁਰਦੁਆਰਾ ਸਿੰਘ ਸਭਾ ਅਤੇ ਹੋਰ ਵੱਖ ਵੱਖ ਪੜਾਵਾਂ ਤੋ ਗੁਜ਼ਰਦਾ ਹੋਇਆ ਗੁਰੂ ਘਰ ਆ ਕੇ ਸਮਾਪਤ ਹੋਇਆ।ਸੰਗਤਾਂ ਵੱਲੋਂ ਨਗਰ ਕੀਰਤਨ ਨੂੰ ਜੀ ਆਇਆਂ ਆਖਦਿਆਂ ਹੋਇਆਂ ਫੁੱਲਾਂ ਦੀ ਵਰਖਾ ਕਰ ਸੁਆਗਤ ਕੀਤਾ ਗਿਆ ਅਤੇ ਸੰਗਤਾਂ ਲਈ ਚਾਹ ਪਕੌੜੇ, ਮਠਿਆਈਆਂ ਫਲ-ਫਰੂਟਾਂ ਦੇ ਲੰਗਰ ਲਗਾਏ ਗਏ।





# ਵਿਸ਼ਾਲ ਨਗਰ ਕੀਰਤਨ ਸਜਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਪ੍ਰਬੰਧਕ ਕਮੇਟੀ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਸਜਾਇਆ ਗਿਆ। ਨਗਰ ਕੀਰਤਨ ਦਾ ਸਰ ਮਾਰਸ਼ਲ ਸਕੂਲ ਬੈਂਸ ਅਵਾਨ ਦੇ ਵਿਦਿਆਰਥੀਆਂ ਅਤੇ ਸਮੂਹ ਸਕੂਲ ਸਟਾਫ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਰਾਜਿੰਦਰ ਸਿੰਘ ਮਾਰਸ਼ਲ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਅੱਜ ਲੋੜ ਹੈ ਗੁਰੂ ਸਾਹਿਬਾਂ ਦੇ ਵਿਚਾਰਾਂ ਦੇ ਚੱਲ ਕੇ ਸਮਾਜ ਸੇਵੀ ਉਪਰਾਲੇ ਕਰੀਏ। ਇਸ ਮੌਕੇ ਤੇ ਸਰਪੰਚ ਨਿਸ਼ਾਨ ਸਿੰਘ ਸਾਬਕਾ ਸਰਪੰਚ ਬਿਕਰਮਜੀਤ ਸਿੰਘ ਕੁਲਜੀਤ ਸਿੰਘ ਸੋਨੂ ਹੀਰਾ ਮੁਲਤਾਨੀ ਸਮੇਤ ਪਿੰਡ ਦੇ ਹੋਰ ਵਡੇਰਿਆਂ ਨੇ ਵਿਸ਼ੇਸ਼ ਤੌਰ 'ਤੇ ਹਾਜਰੀ ਭਰੀ।

# ਸ੍ਰੀ ਗੁਰੂ ਤੇਗ ਬਹਾਦੁਰ ਦਾ ਸ਼ਹੀਦੀ ਗੁਰਪੁਰਬ ਮਨਾਇਆ

**ਫਿਲੌਰ (ਨਿਰਮਲ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਦੇ ਕੰਪਿਊਟਰ ਸਾਇੰਸ ਅਤੇ ਕਾਮਰਸ ਵਿਭਾਗ ਵੱਲੋਂ ਗੁਰੂ ਤੇਗ ਬਹਾਦੁਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਗੁਰਪੁਰਬ ਮਨਾਇਆ ਗਿਆ। ਇਸ ਮੌਕੇ ਤੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ, ਧਾਰਮਿਕ ਗੀਤ ਅਤੇ ਭਾਸ਼ਣ ਦੇ ਮਾਧਿਅਮ ਰਾਹੀਂ ਗੁਰੂ ਤੇਗ ਬਹਾਦੁਰ ਦੀ ਸ਼ਹਾਦਤ ਨੂੰ ਨਮਨ ਕੀਤਾ ਗਿਆ। ਸ੍ਰੀ ਗੁਰੂ ਤੇਗ ਬਹਾਦੁਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਜੱਸਲ ਨੇ ਕਿਹਾ ਕਿ ਸਾਨੂੰ ਗੁਰੂ ਤੇਗ ਬਹਾਦੁਰ ਜੀ ਦੀ ਸ਼ਹਾਦਤ ਤੋਂ ਸਿੱਖਿਆ ਲੈ ਕੇ ਉਨਾਂ ਦੇ ਦੱਸੇ ਮਾਰਗ 'ਤੇ ਚੱਲਣਾ ਚਾਹੀਦਾ ਹੈ। ਕੰਪਿਊਟਰ ਸਾਇੰਸ ਵਿਭਾਗ ਦੇ ਪ੍ਰੋ. ਵੈਸ਼ਾਲੀ ਪਸਰੀਚਾ ਦੀ ਅਗਵਾਈ ਵਿੱਚ ਹੋਏ ਇਸ ਇਕ ਰੋਜ਼ਾ ਸਮਾਗਮ ਵਿੱਚ ਕਾਲਜ ਵਿਦਿਆਰਥੀਆਂ ਗੁਰਲੀਨ, ਪੰਕਜ, ਗੁਰਪ੍ਰੀਤ ਸਿੰਘ, ਕਿਰਨ, ਜੀਨਤ ਅਤੇ ਮਨੀਸ਼ ਨੇ ਸ਼ਬਦ ਗਾਇਨ, ਧਾਰਮਿਕ ਗੀਤ, ਭਾਸ਼ਨ ਅਤੇ ਕਵਿਤਾ ਪਾਠ ਕੀਤਾ। ਪੰਜਾਬੀ ਵਿਭਾਗ ਦੇ ਪ੍ਰੋ. ਬਲਰਾਜ ਸਿੰਘ ਨੇ ਮੰਚ ਸੰਚਾਲਨ ਕੀਤਾ। ਇਸ ਮੌਕੇ ਪ੍ਰੋ. ਮਨੀਸ਼ ਤਰੇਹਨ, ਪ੍ਰੋ. ਸੋਨੀਆ, ਪ੍ਰੋ. ਨਵਦੀਪ ਕੌਰ, ਪ੍ਰੋ. ਰਾਜਨ ਮਿੱਤੂ, ਪ੍ਰੋ. ਕਿਰਨਦੀਪ ਕੌਰ, ਪ੍ਰੋ. ਅਨੁਜ ਸ਼ਰਮਾ, ਪ੍ਰੋ. ਮਨਦੀਪ ਕੌਰ ਅਤੇ ਵਿਦਿਆਰਥੀ ਮੌਜੂਦ ਸਨ।



# ਡੇਰਾਬੱਸੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਇਆ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਡੇਰਾਬੱਸੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਬੜੇ ਹੀ ਉਤਸਾਹ ਅਤੇ ਸ਼ਰਧਾਮਈ ਢੰਗ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮੂਲ ਮੰਤਰ ਨਾਲ ਕੀਤੀ ਗਈ। ਇਸ ਸ਼ੁਭ ਅਵਸਰ ਉੱਪਰ ਸਕੂਲ ਦੀ ਮੈਨੇਜਿੰਗ ਕਮੇਟੀ, ਪ੍ਰਿੰਸੀਪਲ ਕਵਿਤਾ ਅੱਤਰੀ ਸਮੇਤ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਸ਼ਾਮਲ ਹੋਏ।ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਨਾਲ ਸੰਬੰਧਿਤ ਸਾਖੀਆਂ, ਭਾਸ਼ਣ ਅਤੇ ਸ਼ਬਦ ਕੀਰਤਨ ਦਾ ਉਚਾਰਨ ਕੀਤਾ।ਇਸ ਤੋਂ ਇਲਾਵਾ ਗੁਰੂ ਨਾਨਕ ਦੇਵ ਜੀ ਦੇ ਜੀਵਨ ਨਾਲ ਸੰਬੰਧਿਤ ਕੁਇੱਜ ਵੀ ਕਰਵਾਏ ਗਏ।ਸਕੂਲ ਦੀ ਮੈਨੇਜਿੰਗ ਕਮੇਟੀ ਦੇ ਉਪ-ਪ੍ਰਧਾਨ ਅੰਮ੍ਰਿਤਪਾਲ ਸਿੰਘ ਨੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀਆਂ ਸਾਰਿਆਂ ਨੂੰ ਵਧਾਈਆਂ ਦਿੱਤੀਆਂ। ਸਕੂਲ ਦੀ ਮੁੱਖ ਅਧਿਆਪਕਾ ਕਵਿਤਾ ਅੱਤਰੀ ਨੇ ਸਾਰਿਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ।

# 'ਵਰਸਿਟੀ ਦੀ ਸੈਨੇਟ ਭੰਗ ਕਰਨ ਦਾ ਫ਼ੈਸਲਾ ਵਾਪਸ ਲੈਣਾ ਸੰਘਰਸ਼ ਦੀ ਜਿੱਤ : ਪੀਰਮੁਹੰਮਦ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਅਕਾਲੀ ਦਲ ਪੁਨਰ ਸੁਰਜੀਤ ਦੇ ਮੁੱਖ ਬੁਲਾਰੇ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਜਥੇਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੈਟ ਅਤੇ ਸਿੰਡੀਕੇਟ ਨੂੰ ਖਤਮ ਕੀਤੇ ਜਾਣ ਵਾਲੇ ਨੌਟੀਫਕੇਸਨ ਨੂੰ ਰੱਦ ਕਰਨ ਲਈ ਸਰਕਾਰ ਉੱਪਰ ਸੰਘਰਸ਼ ਦੀ ਜਿੱਤ ਦੱਸਿਆ ਹੈ । ਪੀਰਮੁਹੰਮਦ ਨੇ ਕਿਹਾ ਕਿ ਕੇਂਦਰ ਵੱਲੋਂ ਖਾਸ ਤੌਰ ਤੇ 1 ਨਵੰਬਰ ਦੇ ਦਿਨ ਦੀ ਚੋਣ ਕੀਤੀ ਗਈ ਹੈ, ਕਿਉਂਕਿ ਕੋਈ ਵੀ ਕੇਂਦਰ ਸਰਕਾਰ ਇਸ ਦਿਨ ਦੀ ਪੰਜਾਬ ਦੇ ਸੰਦਰਭ ਵਿੱਚ ਅਹਿਮੀਅਤ ਤੋਂ ਭਲੀ ਭਾਂਤ ਜਾਣੂੰ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿਰਫ਼ ਇਕ ਯੂਨੀਵਰਸਿਟੀ ਦਾ ਪ੍ਰਸ਼ਾਸਕੀ ਮਾਮਲਾ ਨਹੀਂ, ਬਲਕਿ ਪੰਜਾਬ ਦੀ ਆਵਾਜ਼, ਮਾਣਮੱਤੇ ਇਤਿਹਾਸ ਅਤੇ ਅਧਿਕਾਰਾਂ ਨੂੰ ਖੋਹਣ ਦੀ ਵੱਡੀ ਸਾਜ਼ਿਸ ਦਾ ਹਿੱਸਾ ਸੀ ।



# ਸਾਲਾਨਾ ਜੋੜ ਮੇਲਾ ਸ਼ਰਧਾਪੂਰਵਕ ਸੰਪੰਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ,ਓਂਕਾਰ ਸਿੰਘ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅਖਿਲ ਭਾਰਤੀਯ ਮਹਾਜਨ ਜੰਡਿਆਲ ਬਿਰਾਦਰੀ ਦਾ ਜੋੜ ਮੇਲਾ ਬਾਵਾ ਸਹਿਜ ਨਾਥ ਜੀ ਦੇ ਤਪ ਅਸਥਾਨ ਤਾਰਾਗੜ੍ਹ ਵਿਖੇ ਬੜੀ ਧੂਮਧਾਮ ਅਤੇ ਸ਼ਰਧਾ ਪੂਰਵਕ ਸੰਪੰਨ ਹੋਇਆ। ਜੋੜ ਮੇਲੇ ਵਿਚ ਦੇਸ਼ ਵਿਦੇਸ਼ ਤੋਂ ਆਏ ਹਜ਼ਾਰਾਂ ਸ਼ਰਧਾਲੂਆਂ ਨੇ ਆਪਣੇ ਦੇਵ ਅਸਥਾਨ ਬਾਵਾ ਜੀ ਦੇ ਦਰਬਾਰ ਵਿੱਚ ਮੱਥਾ ਟੇਕ ਕੇ ਬਾਵਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਵੇਰੇ ਬਾਵਾ ਜੀ ਦੀ ਮੂਰਤੀ ਨੂੰ ਇਸ਼ਨਾਨ ਕਰਵਾਉਣ ਉਪਰੰਤ ਹਵਨ ਯੱਗ ਆਰੰਭ ਕੀਤਾ ਗਿਆ ਜਿਸ ਵਿਚ ਸ਼ਰਧਾਲੂਆਂ ਤੋਂ ਇਲਾਵਾ ਕਮੇਟੀ ਪ੍ਰਧਾਨ ਵਿਜੇ ਮਹਾਜਨ ਨੇ ਪੂਰਨ ਆਹੂਤੀ ਪਾ ਕੇ ਯੱਗ ਸੰਪੂਰਨ ਕੀਤਾ। ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਨ ਤੋਂ ਬਾਅਦ ਸ਼ਰਧਾਲੂਆਂ ਨੂੰ ਪੂਰੀ ਛੋਲੇ ਚਾਹ-ਪਾਣੀ ਆਦਿ ਤੋਂ ਇਲਾਵਾ ਵੱਖ-ਵੱਖ ਪਕਵਾਨਾਂ ਦਾ ਨਾਸ਼ਤਾ ਕਰਵਾਇਆ ਗਿਆ ਅਤੇ ਬਾਅਦ ਦੁਪਹਿਰ ਮਹਾਜਨ ਬਰਾਦਰੀ ਦਾ ਆਮ ਇਜਲਾਸ ਸ਼ੁਰੂ ਕੀਤਾ ਗਿਆ ਜਿਸ ਵਿੱਚ ਇੱਕ ਹਜ਼ਾਰ ਡੈਲੀਗੇਟਾਂ ਵਲੋਂ ਸਰਬਸੰਮਤੀ ਨਾਲ ਵਿਜੇ ਮਹਾਜਨ ਨੂੰ ਪ੍ਰਧਾਨ ਅਤੇ ਸਤੀਸ਼ ਗੁਪਤਾ ਨੂੰ ਜਨਰਲ ਸਕੱਤਰ ਤੋਂ ਇਲਾਵਾ ਸਮੂਹ ਕਮੇਟੀ ਮੈਂਬਰਾਂ ਦੀ ਨਿਯੁਕਤੀ ਕੀਤੀ ਗਈ। ਇਸ ਮੌਕੇ ਤੇ ਵਿਜੇ ਮਹਾਜਨ ਅਤੇ ਸਤੀਸ਼ ਗੁਪਤਾ ਨੇ ਕਿਹਾ ਕਿ ਸਾਰੇ ਡੈਲੀਗੇਟਾਂ ਵੱਲੋਂ ਸਾਨੂੰ ਜਿਹੜੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ ਅਸੀਂ ਉਸ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਪੂਰੀ ਕਰਾਂਗੇ। ਭਜਨ ਮੰਡਲੀਆਂ ਨੇ ਆਪਣੇ ਭਜਨਾਂ ਰਾਹੀਂ ਬਾਵਾ ਜੀ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਾਮ ਸਿਮਰਨ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਇਸ ਜੋੜ ਮੇਲੇ ਵਿੱਚ ਸ਼ਰਧਾਲੂ ਬਾਵਾ ਜੀ ਦੇ ਧੂਣੇ ਦਾ ਪ੍ਰਸ਼ਾਦ ਆਪਣੇ ਮੱਥੇ ਤੇ ਲਗਾ ਕੇ ਬਾਵਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰ ਰਹੇ ਸਨ। ਸਾਰਾ ਦਿਨ ਦਰਬਾਰ ਵਿਚ ਬਾਵਾ ਜੀ ਦਾ ਅਤੁੱਟ ਲੰਗਰ ਚਲਦਾ ਰਿਹਾ।



# ਆਦਰਸ਼ ਸਕੂਲ ਦੀ ਟੀਮ ਨੇ ਹਾਕੀ ਟੂਰਨਾਮੈਂਟ 'ਚ ਪ੍ਰਾਪਤ ਕੀਤਾ ਸੋਨੇ ਦਾ ਤਮਗਾ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਹੋਈਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਆਦਰਸ਼ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਟੇਟ ਪੱਧਰੀ ਖੇਡਾਂ ਲਈ ਚੋਣ ਪ੍ਰਾਪਤ ਕੀਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਅਧਿਆਪਕ ਗਗਨ ਕੁਮਾਰ, ਸੁਰਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਵਰੁਣ ਕੁਮਾਰ, ਕਵਲਜੀਤ ਸਿੰਘ ਅਤੇ ਅਮਰਜੀਤ ਸਿੰਘ ਸੈਦਪੁਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਹੋਏ ਹਾਕੀ ਲੜਕਿਆਂ ਦੇ ਮੁਕਾਬਲਿਆਂ ਵਿੱਚ ਆਦਰਸ਼ ਸਕੂਲ ਦੀ ਟੀਮ ਨੇ ਸ਼ਾਨਦਾਰ ਖੇਡ ਕੌਸ਼ਲ ਦਿਖਾਉਂਦਿਆਂ ਬਲਾਕ ਸੋਲੋਰਾ ਦੀ ਟੀਮ ਨੂੰ 7-0 ਦੇ ਵੱਡੇ ਅੰਤਰ ਨਾਲ ਹਰਾ ਕੇ ਰੂਪਨਗਰ 'ਚ ਸੋਨੇ ਦਾ ਤਮਗਾ ਹਾਸਿਲ ਕੀਤਾ ਹੈ ਅਤੇ ਸਟੇਟ ਪੱਧਰ ਖੇਡਾਂ ਵਿੱਚ ਆਪਣੀ ਜਗ੍ਹਾ ਬਣਾਈ। ਇੱਕ ਹੋਰ ਜ਼ਿਲ੍ਹਾ ਪੱਧਰੀ ਮਾਰਸ਼ਲ ਅਕੈਡਮੀ ਸ਼੍ਰੀ ਅਨੰਦਪੁਰ ਸਾਹਿਬ ਵਿੱਚ ਹੋਏ ਐਥਲੈਟਿਕਸ ਮੁਕਾਬਲਿਆਂ ਵਿੱਚ ਸਕੂਲ ਦੀ ਪੰਜਵੀਂ ਜਮਾਤ ਦੀ ਵਿਦਿਆਰਥਣ ਸੰਜਨਾ ਦੀਪ ਕੌਰ ਨੇ 100 ਮੀਟਰ ਦੌੜ ਵਿੱਚ ਤੀਜਾ ਸਥਾਨ ਅਤੇ 200 ਮੀਟਰ ਦੌੜ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਸਟੇਟ ਪੱਧਰੀ ਖੇਡਾਂ ਵਿੱਚ ਆਪਣੀ ਜਗ੍ਹਾ ਬਣਾਈ।ਇਸ ਮੌਕੇ ਤੇ ਸਕੂਲ ਪ੍ਰਿੰਸੀਪਲ ਅਤੇ ਇੰਚਾਰਜ ਚਰਨਜੀਤ ਸਿੰਘ ਥਾਣਾ ਨੇ ਸਕੂਲ ਦੇ ਹਾਕੀ ਵਿੰਗ ਦੇ ਕੋਚ ਕਮਲਪ੍ਰੀਤ ਸਿੰਘ ਵਧਾਈ ਦਿੰਦਿਆਂ ਬੱਚਿਆਂ ਨੂੰ ਖੇਡਾਂ ਨਾਲ ਜੁੜੇ ਰਹਿਣ ਦਾ ਸੁਨੇਹਾ ਦਿੱਤਾ ਅਤੇ ਉਨ੍ਹਾਂ ਨੂੰ ਅੱਗੇ ਵੀ ਮਿਹਨਤ ਨਾਲ ਪ੍ਰਦਰਸ਼ਨ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਲੈਕ. ਬਲਕਾਰ ਸਿੰਘ , ਲੈਕ. ਬਲਜੀਤ ਕੌਰ ,ਲੈਕ. ਮੁਕੇਸ਼ ਕੁਮਾਰ, ਲੈਕ. ਗੁਰਚਰਨ ਸਿੰਘ, ਲੈਕ. ਸੋਹਨ ਸਿੰਘ ਚਾਹਲ, ਲੈਕ. ਪਵਨ ਕੁਮਾਰ ,ਲੈਕ. ਰਜਨੀਸ਼ ਕੁਮਾਰ, ਤਪਿੰਦਰ ਕੌਰ ,ਹਰਸਿਮਰਨ ਸਿੰਘ, ਗੁਰਪ੍ਰੀਤ ਕੌਰ ,ਅਜਵਿੰਦਰ ਕੌਰ, ਕਮਲਜੀਤ ਕੌਰ, ਰੋਮਿਲ, ਸੁਰਿੰਦਰ ਪਾਲ ਸਿੰਘ, ਕਮਲਪ੍ਰੀਤ ਸਿੰਘ, ਪ੍ਰਦੀਪ ਕੌਰ, ਸੰਦੀਪਾ ਰਾਣੀ ,ਦੀਪ ਸ਼ਿਖਾ, ਲਖਵੀਰ ਕੌਰ , ਨਿਰਮਲ ਕੌਰ, ਨੇਹਾ ਰਾਣੀ, ਦਵਿੰਦਰ ਕੌਰ ,ਰੀਨਾ ਰਾਣੀ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



# ਗੁਰਪੁਰਬ ਮੌਕੇ ਕਿਲ੍ਹਾ ਫਤਿਹਗੜ੍ਹ ਸਾਹਿਬ ਪੁੱਜੀ ਪ੍ਰਭਾਤ ਫ਼ੇਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਗੁਰਪੁਰਬ ਨੂੰ ਸਮਰਪਿਤ ਮਹੀਨਾ ਭਰ ਚੱਲੀਆਂ ਪ੍ਰਭਾਤ ਫੇਰੀਆਂ ਦੇ ਆਖਰੀ ਦਿਨ ਸ਼ਰਧਾ, ਭਾਵਨਾ ਦੇ ਰੰਗਾਂ ਨਾਲ ਰੰਗਿਆ ਦਿੱਸਿਆ। ਇਸਤਰੀ ਸਤਿਸੰਗ ਸਭਾ ਵੱਲੋਂ ਹਰ ਸਵੇਰ ਸ਼ਹਿਰ ਦੇ ਵੱਖ-ਵੱਖ ਮਹੱਲਿਆਂ ਵਿੱਚ ਗੁਰਬਾਣੀ ਦਾ ਸੁਨੇਹਾ ਦਿੰਦਿਆਂ ਜੋ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਸਨ, ਉਹ ਕਿਲਾ ਫਤਿਹਗੜ੍ਹ ਸਾਹਿਬ ਪੁੱਜਣ ਨਾਲ ਸਮਾਪਤ ਹੋਈਆਂ। ਸਵੇਰ ਦੇ ਸਮੇਂ ਗੁਰਬਾਣੀ ਦੇ ਮੀਠੇ ਸੁਰ ਅਤੇ ਸੰਗਤਾਂ ਦੀ ਸ਼ਰਧਾ ਨੇ ਇਸ ਪ੍ਰਭਾਤ ਫੇਰੀ ਨੂੰ ਹੋਰ ਵੀ ਆਤਮਿਕ ਬਣਾ ਦਿੱਤਾ। ਜਦੋਂ ਪ੍ਰਭਾਤ ਫੇਰੀ ਕਿਲਾ ਫਤਿਹਗੜ੍ਹ ਸਾਹਿਬ ਦੇ ਨਜ਼ਦੀਕ ਦਾਖ਼ਲ ਹੋਈ, ਤਾਂ ਮੁਹੱਲਾ ਵਾਸੀਆਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ, ਸ਼ਬਦ-ਗਾਇਨ ਕਰਕੇ ਅਤੇ 'ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹ' ਦੇ ਗੂੰਜਦੇ ਜੈਕਾਰਿਆਂ ਵਿੱਚ ਇਸ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਸ਼ਬਦ ਕੀਰਤਨ ਦੀ ਧੁਨੀ ਨੇ ਸੰਗਤਾਂ ਨੂੰ ਰੂਹਾਨੀ ਨਾਲ ਭਰ ਦਿੱਤਾ। ਸੰਗਤਾਂ ਨੂੰ ਖਾਸ ਤੌਰ 'ਤੇ ਦੱਸਿਆ ਗਿਆ ਕਿ ਗੁਰੂ ਸਾਹਿਬ ਵਲੋਂ ਦਿੱਤਾ ਗਿਆ ਨਾਮ ਜਪੋ, ਕੀਰਤ ਕਰੋ ਅਤੇ ਵੰਡ ਛਕੋ ਦਾ ਉਪਦੇਸ਼ ਅੱਜ ਦੇ ਯੁੱਗ ਵਿੱਚ ਵੀ ਮਨੁੱਖਤਾ ਦੇ ਸਹੀ ਰਸਤੇ ਦੀ ਦਿਸ਼ਾ ਦਿੰਦਾ ਹੈ।



# ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਵਿਖੇ ਨਗਰ ਕੀਰਤਨ ਦਾ ਭਰਵਾਂ ਸਵਾਗਤ

**ਆਦਮਪੁਰ (ਪਰਮਜੀਤ ਸਿੰਘ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਦੇ ਸੰਬੰਧ ਵਿੱਚ ਪਿੰਡ ਡਰੋਲੀ ਕਲਾਂ ਵਿਖੇ ਡੇਰਾ ਸੰਤ ਬਾਬਾ ਭਾਗਾ ਸਿੰਘ ਜੰਡਵਾਲ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਨਗਰ ਕੀਰਤਨ ਨਿਕਾਲਿਆ ਗਿਆ। ਇਹ ਨਗਰ ਕੀਰਤਨ ਨਗਰ ਦੀ ਪਰਿਕਰਮਾ ਕਰਦਾ ਹੋਇਆ ਗੁਰਦੁਆਰਾ ਭਾਈ ਸੁੰਦਰ ਸਿੰਘ ਜੀ 'ਤੇ ਸਮਾਪਤ ਹੋਇਆ। ਡਰੋਲੀ ਕਲਾਂ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਵਿੱਚ ਨਗਰ ਕੀਰਤਨ ਦੇ ਪਹੁੰਚਣ 'ਤੇ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਤੇ ਕਮੇਟੀ ਦੇ ਸਾਰੇ ਮੈਂਬਰਾਂ ਅਤੇ ਸੰਗਤ ਵੱਲੋਂ ਫੁੱਲਾਂ ਵਰਖਾ ਕੀਤੀ ਗਈ।ਗੁਰਦੁਆਰਾ ਸਾਹਿਬ ਵਿੱਚ ਸਜੇ ਦੀਵਾਨ ਦੌਰਾਨ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡੋਲੀ ਕਲਾ ਦੇ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਜਿੰਦਵਾਲ ਨੇ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ। ਕਮੇਟੀ ਦੇ ਪ੍ਰਧਾਨ ਮਨੋਹਰ ਸਿੰਘ ਨੇ ਸਾਰੀ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ 'ਤੇ ਸਚਿਵ ਰਣਵੀਰ ਪਾਲ ਸਿੰਘ, ਮਾਸਟਰ ਸੁਰਜੀਤ ਸਿੰਘ, ਜਰਨੈਲ ਸਿੰਘ , ਜਸਪਾਲ ਸਿੰਘ, ਦਰਸ਼ਨ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ, ਸਰਪੰਚ ਰਸ਼ਪਾਲ ਸਿੰਘ, ਹਰਦਿਆਲ ਸਿੰਘ, ਸੁਰਿੰਦਰ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਇਕਬਾਲ ਸਿੰਘ, ਡਾ. ਰਣਧੀਰ ਸਿੰਘ ਅਤੇ ਸਤਨਾਮ ਸਿੰਘ ਹਾਜ਼ਿਰ ਸਨ।



# ਗੌਰਮਿੰਟ ਟੀਚਰਜ਼ ਯੂਨੀਅਨ ਦੀ ਜਨਰਲ ਕੌਂਸਲ ਦਾ ਅਜਲਾਸ ਭਲਕੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ 17ਵੀਂ ਜਨਰਲ ਕੌਂਸਲ ਦਾ ਇਜਲਾਸ 8 ਨਵੰਬਰ ਦੇਸ਼ ਭਗਤ ਯਾਦਗਾਰੀ ਹਾਲ ਜਲੰਧਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਬੋਲਦਿਆਂ ਜ਼ਿਲਾ ਪ੍ਰਧਾਨ ਪ੍ਰਿਤਪਾਲ ਸਿੰਘ ਚੋਟਾਲਾ ਨੇ



ਕਿਹਾ ਕਿ ਮੌਜੂਦਾ ਸਰਕਾਰ ਨੇ ਜਨਤਕ ਸਿੱਖਿਆ ਨੂੰ ਤਬਾਹੀ ਦੇ ਕੰਢੇ ਪਹੁੰਚਾ ਦਿੱਤਾ ਹੈ। ਅਧਿਆਪਕਾਂ ਦੀਆਂ ਮੁੱਖ ਮੰਗਾਂ ਵਿੱਚ ਸ਼ਾਮਲ ਹਨ-2020 ਦੀ ਸਿੱਖਿਆ ਨੀਤੀ ਰੱਦ ਕੀਤੀ ਜਾਵੇ, ਸਿੱਖਿਆ ਦਾ ਨਿੱਜੀਕਰਨ ਅਤੇ ਵਪਾਰੀਕਰਨ ਤੁਰੰਤ ਬੰਦ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, 16 ਪ੍ਰਤੀਸ਼ਤ ਮਹਿੰਗਾਈ ਭੱਤਾ ਤੁਰੰਤ ਜਾਰੀ ਕੀਤਾ ਜਾਵੇ, ਕੇਂਦਰੀ ਸਕੇਲ ਰੱਦ ਕੀਤਾ ਜਾਵੇ ਅਤੇ ਪੰਜਾਬ ਸਕੇਲ ਲਾਗੂ ਕੀਤਾ ਜਾਵੇ ਅਤੇ ਸੋਧਾਂ ਦੇ ਨਾਮ 'ਤੇ ਪੇਂਡੂ ਭੱਤੇ ਰੋਕੇ ਗਏ ਹਨ। ਇਸ ਮੌਕੇ ਬੋਲਦਿਆਂ ਜਨਰਲ ਸਕੱਤਰ ਜਸਵੀਰ ਤਲਵਾੜਾ ਅਤੇ ਸੀਨੀਅਰ ਮੀਤ ਪ੍ਰਧਾਨ ਅਮਰ ਸਿੰਘ ਨੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਸਾਰੇ ਅਧਿਆਪਕਾਂ ਨੂੰ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਤਨਖਾਹ ਦਿੱਤੀ ਜਾਵੇ ਅਤੇ ਅਧਿਆਪਕਾਂ ਦੇ ਬਕਾਇਆ ਬਿੱਲ ਤੁਰੰਤ ਪਾਸ ਕੀਤੇ ਜਾਣ, ਵੱਖ-ਵੱਖ ਅਧਿਆਪਕਾਂ ਦੇ ਹੱਕ ਵਿੱਚ ਲਏ ਗਏ ਫੈਸਲਿਆਂ ਨੂੰ ਜਰਨਲਾਈਜ਼ ਕੀਤਾ ਜਾਵੇ, ਮੁੜ ਨਿਯੁਕਤੀਆਂ ਸੂਚੀਆਂ ਤੁਰੰਤ ਰੱਦ ਕੀਤੀਆਂ ਜਾਣ, ਪੜ੍ਹਾਉਣ ਅਤੇ ਸਿੱਖਣ ਲਈ ਇੱਕ ਚੰਗਾ ਅਕਾਦਮਿਕ ਮਾਹੌਲ ਬਣਾਉਣ ਲਈ ਸਾਰੇ ਗੈਰ-ਅਕਾਦਮਿਕ ਕੰਮ ਬੰਦ ਕੀਤੇ ਜਾਣ, । ਉਪਰੋਕਤ ਮੰਗਾਂ ਦੀ ਪ੍ਰਾਪਤੀ ਲਈ ਜਲੰਧਰ ਵਿੱਚ ਇੱਕ ਜਨਰਲ ਕੌਂਸਲ ਕੀਤੀ ਜਾਵੇਗੀ, ਅਤੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ। ਇਸ ਜਨਰਲ ਕੌਂਸਲ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਪ੍ਰਧਾਨ, ਬਲਾਕ ਪ੍ਰਧਾਨ, ਸਕੱਤਰ ਅਤੇ ਸੀਨੀਅਰ ਜ਼ਿਲ੍ਹਾ ਆਗੂ ਸ਼ਾਮਲ ਹੋਣਗੇ। ਇਸ ਮੌਕੇ ਬਰਿੰਦਰ ਵਿੱਕੀ ਸਚਿਨ ਕੁਮਾਰ ਸਰਬਜੀਤ ਸਿੰਘ ਡੱਫਰ ਅਤੇ ਹੋਰ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਸਰਕਾਰੀ ਪ੍ਰਾਇਮਰੀ ਸਕੂਲ ਬਹਿਰਾਮ ਸਰਿਸ਼ਤਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸਵੇਰ ਦੀ ਸਭਾ ਵਿੱਚ ਮਨਾਇਆ ਗਿਆ ਜਿਸ ਵਿੱਚ ਸਕੂਲ ਦੇ ਅਧਿਆਪਕ ਰਮਨਦੀਪ ਸਿੰਘ ਵਾਰਿਸ ਵੱਲੋਂ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੇ ਜੀਵਨ ਸਬੰਧੀ ਜਾਣਕਾਰੀ ਦਿੱਤੀ ਅਤੇ ਮੁੱਖ ਅਧਿਆਪਕਾ ਇੰਦਰਪਾਲ ਕੌਰ ਨੇ ਸਭ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ। ਸਵੇਰ ਦੀ ਸਭਾ ਖਤਮ ਹੋਣ ਤੇ ਸਟਾਫ ਵਲੋਂ ਬੱਚਿਆਂ ਨੂੰ ਚਾਹ, ਮਠਿਆਈ ਆਦਿ ਵੀ ਦਿੱਤੀ ਗਈ। ਇਸ ਮੌਕੇ ਸਕੂਲ ਦੀਆਂ ਅਧਿਆਪਕਾਂਵਾਂ ਜਸਵਿੰਦਰ ਕੌਰ ਅਤੇ ਅੰਮ੍ਰਿਤਪਾਲ ਕੌਰ ਵੀ ਹਾਜ਼ਰ ਸਨ।

# ਡਾ. ਬੂਟਾ ਸਿੰਘ 'ਤੇ ਟਿੱਪਣੀ ਕਰਨਾ ਗਲਤ : ਧਾਲੀਵਾਲ

**ਫਗਵਾੜਾ (ਡਾ. ਰਮਨ)**- ਫਗਵਾੜਾ ਦੇ ਕਾਂਗਰਸੀ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਸਾਬਕਾ ਕੇਂਦਰੀ ਗ੍ਰਹਿ ਮੰਤਰੀ ਡਾ. ਬੂਟਾ ਸਿੰਘ ਵਿਰੁੱਧ ਕੀਤੀ ਗਈ ਰੰਗ ਸੰਬੰਧੀ ਟਿੱਪਣੀ ਗਲਤ ਸੀ। ਉਨ੍ਹਾਂ ਕਿਹਾ ਕਿ ਭਾਵੇਂ ਰਾਜਾ ਵੜਿੰਗ ਦੇ ਸਾਬਕਾ ਗ੍ਰਹਿ ਮੰਤਰੀ ਪ੍ਰਤੀ ਇਰਾਦੇ ਗਲਤ ਨਹੀਂ ਸਨ, ਪਰ ਉਨ੍ਹਾਂ ਦੁਆਰਾ ਵਰਤੇ ਗਏ ਸ਼ਬਦ ਅਣਉਚਿਤ ਸਨ। ਇਸ ਨਾਲ ਦਲਿਤ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਕਾਂਗਰਸ ਆਗੂਆਂ ਨੂੰ ਭਵਿੱਖ ਵਿੱਚ ਅਜਿਹੀ ਸ਼ਬਦਾਵਲੀ ਵਰਤਣ ਤੋਂ ਗੁਰੇਜ਼ ਕਰਨਾ ਪਵੇਗਾ। ਡਾ. ਬੂਟਾ ਸਿੰਘ ਹਮੇਸ਼ਾ ਕਾਂਗਰਸ ਦੇ ਇੱਕ ਸਤਿਕਾਰਯੋਗ ਨੇਤਾ ਰਹੇ ਹਨ ਅਤੇ ਹਮੇਸ਼ਾ ਰਹਿਣਗੇ। ਉਨ੍ਹਾਂ ਨੂੰ ਦਲਿਤ ਭਾਈਚਾਰੇ ਅਤੇ ਰਾਸ਼ਟਰੀ ਰਾਜਨੀਤਿਕ ਦ੍ਰਿਸ਼ਟੀਕੋਣ ਦੇ ਉੱਥਾਨ ਲਈ ਉਨ੍ਹਾਂ ਦੇ ਸ਼ਲਾਘਾਯੋਗ ਯੋਗਦਾਨ ਲਈ ਹਮੇਸ਼ਾ ਯਾਦ ਕੀਤਾ ਜਾਵੇਗਾ।

# ਦੀ ਇੰਪੀਰੀਅਲ ਸਕੂਲ ਗਰੀਨ ਕੈਂਪਸ ਵਿਖੇ ਮਨਾਇਆ ਪ੍ਰਕਾਸ਼ ਦਿਹਾੜਾ

**ਆਦਮਪੁਰ (ਪਰਮਜੀਤ ਸਿੰਘ)**- ਦੀ ਇੰਪੀਰੀਅਲ ਸਕੂਲ ਗਰੀਨ ਕੈਂਪਸ ਆਦਮਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ।ਇਸ ਮੌਕੇ 'ਤੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ ਅਤੇ ਗੁਰੂ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਵੱਲੋਂ ਵਿਦਿਆਰਥੀਆਂ ਨੂੰ ਗੁਰੂ ਘਰ ਵੀ ਲਿਜਾਇਆ ਗਿਆ ਜਿੱਥੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ ਅਤੇ ਸਕੂਲ ਵਲੋਂ ਇੱਕੀ ਹਜ਼ਾਰ ਰੁਪਏ ਦੀ ਭੇਟਾ ਗੁਰਦੁਆਰਾ ਸਾਹਿਬ ਨੂੰ ਭੇਟ ਕੀਤੀ ਗਈ।ਇਸ ਮੌਕੇ 'ਤੇ ਵਿਦਿਆਰਥੀਆਂ ਦੀ ਗੁਰੂ ਘਰ ਪ੍ਰਤੀ ਸ਼ਰਧਾ ਦੀ ਭਾਵਨਾ ਦੇਖਣਯੋਗ ਸੀ। ਸਾਰੇ ਵਿਦਿਆਰਥੀਆਂ ਬਹੁਤ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਗੁਰੂ ਘਰ ਗਏ ਅਤੇ ਕੜਾਹ ਪ੍ਰਸ਼ਾਦ ਦੀ ਦੇਗ਼ ਵੀ ਵਰਤਾਈ ਗਈ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਵਿਦਿਆਰਥੀਆਂ ਦੇ ਵਧੀਆ ਭਵਿੱਖ ਲਈ ਅਰਦਾਸ ਕੀਤੀ ਗਈ।ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਜਗਦੀਸ਼ ਲਾਲ ਪਸਰੀਚਾ, ਡਾਇਰੈਕਟਰ ਜਗਮੋਹਨ ਅਰੋੜਾ, ਸਕੂਲ ਦੇ ਪ੍ਰਿੰਸੀਪਲ ਸਵਿੰਦਰ ਕੌਰ ਮੱਲ੍ਹੀ, ਵਾਇਸ ਪ੍ਰਿੰਸੀਪਲ ਪੂਜਾ ਠਾਕੁਰ ਤੇ ਸਮੂਹ ਸਟਾਫ਼ ਸ਼ਾਮਲ ਸਨ।



# ਸ੍ਰੀ ਗੁਰੂ ਨਾਨਕ ਦੇਵ ਦਾ ਪ੍ਰਕਾਸ਼ ਪੁਰਬ ਮਨਾਇਆ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਦਾ ਪ੍ਰਕਾਸ਼ ਪੁਰਬ ਪੂਰੇ ਉਤਸ਼ਾਹ ਮਨਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਸੁਰਜੀਤ ਸਿੰਘ ਨੇ ਦੱਸਿਆ ਕਿ ਗੁਰੂ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਸਕੂਲ ਦੇ ਚਾਰੇ ਹਾਊਸਾਂ ਦੇ ਵਿਦਿਆਰਥੀਆਂ ਦਾ ਸ਼ਬਦ ਗਾਇਨ ਮੁਕਾਬਲਾ ਕਰਵਾਇਆ ਗਿਆ। ਚਾਰੇ ਹਾਊਸਾਂ ਦੇ ਵਿਦਿਆਰਥੀਆਂ ਦੁਆਰਾ ਬਹੁਤ ਹੀ ਸੁੰਦਰ ਸ਼ਬਦ ਗਾਇਨ ਕੀਤਾ ਗਿਆ ਅਤੇ ਵੱਖ -ਵੱਖ ਬੁਲਾਰਿਆਂ ਦੁਆਰਾ ਗੁਰੂ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਉੱਤੇ ਚਰਚਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮੁਕਾਬਲਿਆਂ ਵਿੱਚ ਸਾਹਿਬਜ਼ਾਦਾ ਫਤਿਹ ਸਿੰਘ ਹਾਊਸ ਨੇ ਪਹਿਲਾ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਨੇ ਦੂਜਾ, ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਨੇ ਤੀਜਾ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਨੇ ਚੌਥਾ ਸਥਾਨ ਹਾਸਲ ਕੀਤਾ। ਸਕੂਲ ਕਮੇਟੀ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ, ਮੈਨੇਜਿੰਗ ਡਾਇਰੈਕਟਰ ਸ਼ਿੰਦਰਪਾਲ ਕੌਰ ਅਟਵਾਲ ਅਤੇ ਮੈਨੇਜਰ ਪ੍ਰੀਤਪਾਲ ਕੌਰ ਅਟਵਾਲ ਵੱਲੋਂ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਸਾਰਿਆਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਇੰਚਾਰਜ ਅਰਸ਼ਦੀਪ ਸਿੰਘ ਬਰਾੜ ਅਤੇ ਵਾਈਸ ਪ੍ਰਿੰਸੀਪਲ ਮਨਦੀਪ ਕੌਰ ਮਾਹਲ ਆਦਿ ਹਾਜ਼ਰ ਸਨ।



# ਰਾਜਾ ਵੜਿੰਗ ਵੱਲੋਂ ਬੂਟਾ ਸਿੰਘ ਬਾਰੇ ਵਰਤੀ ਗਈ ਭੱਦੀ ਸ਼ਬਦਾਵਲੀ ਦੀ ਨਿੰਦਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਨੇ ਤਰਨਤਾਰਨ ਵਿੱਚ ਇੱਕ ਚੋਣ ਰੈਲੀ ਦੌਰਾਨ ਸਾਬਕਾ ਗ੍ਰਹਿ ਮੰਤਰੀ ਸਵਰਗੀ ਬੂਟਾ ਸਿੰਘ ਬਾਰੇ ਕੀਤੀਆਂ ਟਿੱਪਣੀਆਂ ਦਾ ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਨੇ ਗੰਭੀਰ ਨੋਟਿਸ ਲੈਂਦਿਆਂ ਕਿਹਾ ਕਿ ਬੂਟਾ ਸਿੰਘ ਭਾਰਤ ਦੇ ਗ੍ਰਹਿ ਮੰਤਰੀ ਰਹਿ ਚੁੱਕੇ ਹਨ। ਉਹਨਾਂ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਰਾਜਾ ਵੜਿੰਗ ਵੱਲੋਂ ਵਰਤੀ ਗਈ ਭੱਦੀ ਸ਼ਬਦਾਵਲੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ।ਉਹਨਾਂ ਕਿਹਾ ਕਿ ਰਾਜਾ ਵੜਿੰਗ ਵੱਲੋਂ ਕੀਤੀ ਗਈ ਇਹ ਟਿੱਪਣੀ ਨਾ ਸਿਰਫ ਦਲਿਤ ਭਾਈਚਾਰੇ ਨਾਲ ਸਬੰਧਤ ਬੂਟਾ ਸਿੰਘ ਦਾ ਸਗੋਂ ਇਹ ਸਮੁੱਚੇ ਦਲਿਤ ਭਾਈਚਾਰੇ ਦਾ ਅਪਮਾਨ ਹੋਇਆ ਹੈ। ਉਹਨਾਂ ਕਿਹਾ ਕਿ ਕਾਂਗਰਸ ਹਮੇਸ਼ਾ ਵੱਡੇ ਘਰਾਣਿਆਂ ਦੇ ਲੋਕਾਂ ਪ੍ਰਤੀ ਮਾਣ ਸਨਮਾਨ ਤੇ ਇੱਜਤ ਪ੍ਰਗਟ ਕਰਦੀ ਹੈ ।


# ਸ੍ਰੀ ਗੁਰੂ ਤੇਗ ਬਹਾਦਰ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਭਾਸ਼ਣ ਪ੍ਰਤੀਯੋਗਤਾ



**ਕਾਲਾ ਸੰਘਿਆਂ (ਮਨਜੀਤ ਮਾਨ)**- ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਵਿਖੇ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਦੀ ਅਗਵਾਈ ਹੇਠ ਐਨ ਐਸ ਐਸ/ ਰੈਡ ਰਿਬਨ ਵਿਭਾਗ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਦਿਵਸ ਨੂੰ ਸਮਰਪਿਤ ਭਾਸ਼ਣ ਪ੍ਰਤਿਯੋਗਿਤਾ ਕਰਵਾਈ ਗਈ ਜਿਸ ਵਿੱਚ ਬਹੁਤ ਸਾਰੇ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੇ ਰਚਨਾ ਦੇ ਨਾਲ ਨਾਲ ਉਨਾਂ ਦੀ ਮਹਾਨ ਕੁਰਬਾਨੀ ਬਾਰੇ ਹਿੰਦ ਦੀ ਚਾਦਰ ਵਿਸ਼ੇ ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਹੋਇਆਂ ਕਿਹਾ ਕਿ ਗੁਰੂ ਜੀ ਦੀ ਸ਼ਹਾਦਤ ਸਾਡੇ ਇਤਿਹਾਸ ਵਿੱਚ ਹੌਂਸਲੇ, ਵਿਸ਼ਵਾਸ ਅਤੇ ਧਾਰਮਿਕ ਰਵਾਇਤ ਦੀ ਮਿਸਾਲ ਹੈ। ਭਾਸ਼ਣ ਪ੍ਰਤੀ ਯੋਗਤਾ ਵਿੱਚੋਂ ਜੇਤੂ ਰਹੀਆਂ ਵਿਦਿਆਰਥਣਾ ਸਿਮਰਨਜੀਤ ਕੌਰ ਨੇ ਪਹਿਲਾ ਸਥਾਨ ਹਾਸਿਲ ਕੀਤਾ, ਜਸ਼ਨਦੀਪ ਕੌਰ ਨੇ ਦੂਜਾ ਸਥਾਨ ਹਾਸਿਲ ਕੀਤਾ, ਦਿਲਪ੍ਰੀਤ ਤੇ ਸਲੋਨੀ ਨੇ ਤੀਸਰਾ ਸਥਾਨ ਹਾਸਿਲ ਕੀਤਾ। ਜੇਤੂ ਰਹੀਆਂ ਵਿਦਿਆਰਥਣਾਂ ਨੂੰ ਕਾਲਜ ਵੱਲੋਂ ਇਨਾਮ ਵੀ ਦਿੱਤੇ ਗਏ। ਇਸ ਮੌਕੇ ਕਾਲਜ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ, ਐਨ.ਐਸ.ਐਸ/ ਰੈਡ ਰਿਬਨ ਕਲੱਬ ਦੇ ਇੰਚਾਰਜ ਡਾ. ਕੁਲਵਿੰਦਰ ਕੌਰ, ਨੀਤੂ, ਸੋਨਾਲੀ, ਸਮੂਹ ਸਟਾਫ ਮੈਂਬਰਜ ਤੇ ਵਿਦਿਆਰਥੀ ਹਾਜ਼ਰ ਸਨ।

# ਸਿੱਖ ਏਡ ਸੇਵਾ ਸੁਸਾਇਟੀ ਵੱਲੋਂ ਘਰ ਦੀ ਮੁਰੰਮਤ ਵਾਸਤੇ 50 ਹਜ਼ਾਰ ਦੀ ਆਰਥਿਕ ਮਦਦ

**ਕਪੂਰਥਲਾ (ਮਨਜੀਤ ਮਾਨ)** ਗੁਰੂ ਘਰ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਕਾਲਾ ਸੰਘਿਆਂ ਵਿਖੇ ਗ੍ਰੰਥੀ ਸਿੰਘ ਭਾਈ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆ ਵੱਲੋਂ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਕਾਲਾ ਸੰਘਿਆਂ ਵਿਖੇ ਕੰਮ ਕਰ ਰਹੀ ਬੀਬੀ ਬਚਨੀ ਵਾਸੀ ਪਿੰਡ ਉੱਗੀ ਜਿਨ੍ਹਾਂ ਦੇ ਘਰ ਦੀ ਹਾਲਤ ਬਹੁਤ ਖ਼ਰਾਬ ਸੀ ਜਿਨ੍ਹਾਂ ਦੇ ਘਰ ਦੀ ਮੁਰੰਮਤ ਕਰਵਾਉਣ ਵਾਸਤੇ ਸਿੱਖ ਏਡ ਸੇਵਾ ਸੁਸਾਇਟੀ ਆਸਟਰੀਆ ਵੱਲੋਂ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਕਾਲਾ ਸੰਘਿਆਂ ਦੇ ਗ੍ਰੰਥੀ ਸਿੰਘ ਬਾਬਾ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆ ਰਾਹੀਂ ਬੀਬੀ ਬਚਨੀ ਪਿੰਡ ਉੱਗੀ ਨੂੰ ਘਰ ਦੀ ਮੁਰੰਮਤ ਕਰਨ ਵਾਸਤੇ 50 ਹਜ਼ਾਰ ਰੁਪਏ ਦੀ ਆਰਥਿਕ ਮੱਦਦ ਕੀਤੀ ਗਈ। ਬਾਬਾ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆ ਨੇ ਕਿਹਾ ਕਿ ਸਿੱਖ ਖਾਲਸਾ ਏਡ ਆਸਟਰੀਆ ਸੇਵਾ ਸੁਸਾਇਟੀ ਵੱਲੋਂ ਸਮੇਂ ਸਮੇਂ ਤੇ ਗਰੀਬ ਪ੍ਰੀਵਾਰਾਂ ਬੇਸਹਾਰਾ ਤੇ ਲੋੜਵੰਦ ਦੀ ਆਰਥਿਕ ਮਦਦ ਕੀਤੀ ਜਾਂਦੀ ਹੈ ਜੋ ਨਿਰੰਤਰ ਜਾਰੀ ਰਹੇਗੀ। ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਕਾਲਾ ਸੰਘਿਆਂ ਦੇ ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਸੋਹਲ, ਭਾਈ ਗੁਰਦਾਵਰ ਸਿੰਘ ਜੱਲੋਵਾਲ,ਭਾਈ ਮਨਵੀਰ ਸਿੰਘ ਅੰਮ੍ਰਿਤਸਰ , ਭਾਈ ਦਿਲਪ੍ਰੀਤ ਸਿੰਘ , ਭਾਈ ਆਤਮਾ ਸਿੰਘ ਜੱਲੋਵਾਲ, ਬਾਬਾ ਸ਼ਿੰਦਰ ਸਿੰਘ ਕਾਲਾ ਸੰਘਿਆਂ , ਹਰਜੀਤ ਸਿੰਘ ਮੋਬਾਇਲਾ ਵਾਲਾ ਚੱਕ ਦੋਨਾਂ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ ਤੇ ਹਾਜਰ ਸਨ।



# ਹਰਜੋਤ ਬੈਂਸ ਨੇ ਪ੍ਰਾਇਮਰੀ ਸਕੂਲ ਖੇਡਾਂ ਦੇ ਜੇਤੂ ਵਿਦਿਆਰਥੀਆਂ ਨੂੰ ਦਿੱਤੇ ਇਨਾਮ



**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਸਮਰਪਿਤ ਸ੍ਰੀ ਦਸਮੇਸ਼ ਮਾਰਸ਼ਲ ਆਰਟ ਅਕੈਡਮੀ ਵਿਖੇ 45ਵੀਂ ਜਿਲਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੇ ਜੇਤੂ ਵਿਦਿਆਰਥੀਆਂ ਨੂੰ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਨਾਮ ਦਿੱਤੇ। ਇਸ ਮੌਕੇ ਉਪ ਜਿਲਾ ਸਿੱਖਿਆ ਅਫਸਰ ਪ੍ਰਾਇਮਰੀ ਰੰਜਨਾ ਕਟਿਆਲ ਨੇ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਮੌਕੇ ਬੋਲਦਿਆ ਹਰਜੋਤ ਸਿੰਘ ਬੈਂਸ ਨੇ ਜੇਤੂ ਰਹੇ ਵਿਦਿਆਰਥੀਆਂ ਨੂੰ ਜਿੱਥੇ ਮੁਬਾਰਕਬਾਦ ਦਿੱਤੀ, ਉੱਥੇ ਹੀ ਉਪ ਜੇਤੂ ਰਹੇ ਵਿਦਿਆਰਥੀਆਂ ਨੂੰ ਹੋਰ ਜਿਆਦਾ ਮਿਹਨਤ ਕਰਕੇ ਅਗਲੇ ਸਾਲ ਜਿੱਤ ਪ੍ਰਾਪਤ ਕਰਨ ਦੇ ਲਈ ਪ੍ਰੇਰਨਾ ਦਿੱਤੀ।ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਮਨਜੀਤ ਸਿੰਘ ਮਾਵੀ ਨੇ ਨਤੀਜਿਆਂ ਦੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਬੱਡੀ ਨੈਸ਼ਨਲ ਸਟਾਈਲ ਮੁੰਡਿਆਂ ਦੇ ਵਿੱਚ ਤਖਤਗੜ੍ਹ ਬਲਾਕ ਪਹਿਲੇ ਤੇ ਝੱਜ ਬਲਾਕ ਦੂਸਰੇ ਸਥਾਨ ਤੇ ਰਿਹਾ, ਕਬੱਡੀ ਨੈਸ਼ਨਲ ਸਟਾਈਲ ਕੁੜੀਆਂ ਦੇ ਵਿੱਚ ਝੱਜ ਬਲਾਕ ਪਹਿਲੇ ਤੇ ਸ੍ਰੀ ਅਨੰਦਪੁਰ ਸਾਹਿਬ ਬਲਾਕ ਦੂਸਰੇ ਸਥਾਨ ਤੇ ਰਿਹਾ, ਕਬੱਡੀ ਸਰਕਸ ਸਟਾਈਲ ਮੁੰਡਿਆ ਦੇ ਵਿੱਚ ਮੀਆਂਪੁਰ ਬਲਾਕ ਪਹਿਲੇ ਜਦਕਿ ਸਲੋਰਾ ਬਲਾਕ ਦੂਸਰੇ ਸਥਾਨ ਤੇ ਰਿਹਾ, ਬੈਡਮਿੰਟਨ ਮੁੰਡਿਆਂ ਦੇ ਵਰਗ ਵਿੱਚ ਰੋਪੜ 2 ਪਹਿਲੇ ਜਦਕਿ ਨੰਗਲ ਦੂਸਰੇ ਸਥਾਨ ਤੇ ਰਿਹਾ, ਬੈਡਮਿੰਟਨ ਕੁੜੀਆਂ ਦੇ ਵਰਗ ਵਿੱਚ ਸਲੋਰਾ ਬਲਾਕ ਪਹਿਲੇ ਤੇ ਰੋਪੜ 2 ਬਲਾਕ ਦੂਸਰੇ ਸਥਾਨ ਤੇ ਰਿਹਾ, ਖੋ ਖੋ ਮੁੰਡਿਆਂ ਦੇ ਵਿੱਚ ਨੰਗਲ ਬਲਾਕ ਪਹਿਲੇ ਤੇ ਝੱਜ ਬਲਾਕ ਦੂਸਰੇ ਸਥਾਨ ਤੇ ਰਿਹਾ,ਕੁੜੀਆਂ ਦੇ ਖੋਖੋ ਮੁਕਾਬਲਿਆਂ ਵਿੱਚ ਨੰਗਲ ਬਲਾਕ ਪਹਿਲੇ ਸ੍ਰੀ ਚਮਕੌਰ ਸਾਹਿਬ ਦੂਸਰੇ ਸਥਾਨ ਤੇ ਰਿਹਾ, ਫੁੱਟਬਾਲ ਮੁੰਡਿਆਂ ਦੇ ਮੁਕਾਬਲਿਆਂ ਰੋਪੜ 2 ਪਹਿਲੇ ਜਦਕਿ ਤਖਤਗੜ੍ਹ ਬਲਾਕ ਦੂਸਰੇ ਸਥਾਨ ਤੇ ਰਿਹਾ, ਕੁੜੀਆਂ ਦੇ ਮੁਕਾਬਲਿਆਂ ਵਿੱਚ ਤਖਤਗੜ੍ਹ ਬਲਾਕ ਪਹਿਲੇ ਸ੍ਰੀ ਚਮਕੌਰ ਸਾਹਿਬ ਬਲਾਕ ਦੂਸਰੇ ਸਥਾਨ ਤੇ ਰਿਹਾ।ਇਸ ਮੌਕੇ ਚੰਗਰ ਜੋਨ ਪ੍ਰਧਾਨ ਸੂਬੇਦਾਰ ਰਾਜਪਾਲ , ਡੀ ਐੱਸ ਪੀ ਜਸ਼ਨਦੀਪ ਸਿੰਘ, ਸੁਪਰਡੈਂਟ ਮਲਕੀਤ, ਸਿੰਘ ਭੱਠਲ ,ਬੀਪੀਈ ਓ ਰਕੇਸ਼ ਕੁਮਾਰ ਰੋੜੀ, ਇੰਦਰਪਾਲ ਸਿੰਘ, ਕਮਿੰਦਰ ਸਿੰਘ ਸਾਰੇ ਬੀਪੀਈਓ, ਸੁਰਿੰਦਰ ਸਿੰਘ ਭਟਨਾਗਰ , ਲਲਿਤ ਕੁਮਾਰ ,ਦਵਿੰਦਰ ਕੁਮਾਰ ਪਾਵਲਾ ,ਅਮਨਦੀਪ ਕੌਰ, ਜਸਵਿੰਦਰ ਸਿੰਘ, ਸੁਰਿੰਦਰ ਕੌਰ, ਅਮਰਜੀਤ ਧਾਰਨੀ, ਸੁਮਨ ਲਤਾ, ਕਮਲਜੀਤ ਕੌਰ, ਨੀਲਮ, ਮੀਨਾ ਵਰਮਾ, ਮਨਿੰਦਰ ਰਾਣਾ, ਕੁਲਦੀਪ ਪਰਮਾਰ, ਮਨਜੋਤ ਸਿੰਘ, ਗੁਰਜੀਤ ਕੌਰ, ਨੀਲਮ ਰਾਣੀ, ਸੁਨੀਤਾ, ਹਰਪ੍ਰੀਤ ਕੌਰ, ਨੀਲਮ ਪਾਮਾ, ਅਨੀਤਾ, ਰਜਨੀ, ਪਰਮਜੀਤ ਸਿੰਘ, ਮੀਹਮਲ,ਅਵਤਾਰ ਭੱਠਲ ਆਦਿ ਅਧਿਆਪਕ ਹਾਜ਼ਰ ਸਨ।

# ਵਾਲਮੀਕਿ ਟਾਈਗਰ ਫੋਰਸ ਨੇ ਰਾਜਾ ਵੜਿੰਗ ਦਾ ਫੂਕਿਆ ਪੁਤਲਾ



**ਟਾਂਡਾ ਉੜਮੁੜ (ਸ਼ਰਵਿੰਦਰ ਸੰਧੂ, ਦਿਵਾਕਰ ਸਿੰਘ)** ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਤਰਨ ਤਾਰਨ ਜ਼ਿਮਨੀ ਚੋਣ ਦੌਰਾਨ ਸਾਬਕਾ ਗ੍ਰਹਿ ਮੰਤਰੀ ਸਵ: ਬੂਟਾ ਸਿੰਘ ਪ੍ਰਤੀ ਵਰਤੀ ਗਲਤ ਸ਼ਬਦਾਵਲੀ ਦੇ ਰੋਸ ਵੱਜੋਂ ਵਾਲਮੀਕਿ ਟਾਈਗਰ ਫੋਰਸ ਆਲ ਇੰਡੀਆ ਐਕਸ਼ਨ ਕਮੇਟੀ ਦੇ ਦੋਆਬਾ ਜੋਨ ਪ੍ਰਧਾਨ ਅਵਤਾਰ ਸਿੰਘ ਮੋਹਕਮਗੜ੍ਹ, ਦੋਆਬਾ ਜੋਨ ਉਪ ਪ੍ਰਧਾਨ ਨੀਰਜ ਭੱਟੀ ਅਤੇ ਦੋਆਬਾ ਜੋਨ ਸੈਕਟਰੀ ਸੰਨੀ ਭੱਟੀ ਦੀ ਅਗਵਾਈ ਵਿੱਚ ਸੈਂਕੜੇ ਸਾਥੀਆਂ ਸਮੇਤ ਹਸਪਤਾਲ ਚੌਕ ਟਾਂਡਾ ਵਿਖੇ ਰਾਜਾ ਵੜਿੰਗ ਦਾ ਪੁਤਲਾ ਫੂਕ ਪ੍ਰਦਰਸ਼ਨ ਕੀਤਾ। ਪ੍ਰਧਾਨ ਅਵਤਾਰ ਸਿੰਘ ਮੋਹਕਮਗੜ੍ਹ ਨੇ ਕਿਹਾ ਕਿ ਰਾਜਾ ਵੜਿੰਗ ਵੱਲੋਂ ਸਾਬਕਾ ਗ੍ਰਹਿ ਮੰਤਰੀ ਸਵ: ਬੂਟਾ ਸਿੰਘ ਨੂੰ ਬੋਲੇ ਗਏ ਅਪਸ਼ਬਦ ਪੂਰੇ ਦਲਿਤ ਸਮਾਜ ਦਾ ਅਪਮਾਨ ਹੈ। ਉਨ੍ਹਾਂ ਪੰਜਾਬ ਐਸ.ਸੀ ਕਮਿਸ਼ਨ ਅਤੇ ਰਾਸ਼ਟਰੀ ਐਸ.ਸੀ ਕਮਿਸ਼ਨ ਤੋਂ ਮੰਗ ਕੀਤੀ ਕਿ ਰਾਜਾ ਵੜਿੰਗ ਖਿਲਾਫ ਐਸ ਸੀ ਐਕਟ ਤਹਿਤ ਪਰਚਾ ਦਰਜ ਕਰਕੇ ਸਖ਼ਤ ਸਜ਼ਾ ਦਿੱਤੀ ਜਾਵੇ। ਇਸ ਮੌਕੇ ਤੇ ਹਰਸ਼ ਚੰਨਾ ਭੋਗਪੁਰ, ਰਾਜਾ ਜੱਟ, ਪਾਰਸ, ਅਨਮੋਲ, ਕ੍ਰਿਸ਼, ਕਿਸ਼ਨ, ਗਾਂਧੀ, ਸ਼ੀਰਾ, ਸ਼ੈਰੀ ਟਾਂਡਾ, ਮਨੀ ਵਾਲਮੀਕਿ, ਜਰੋਵਰ ਸਿੰਘ, ਜੱਸੀ, ਵਿੱਕੀ, ਸਰਬਜੀਤ ਸਾਥੀ, ਗੋਲਡੀ, ਸੋਨੂੰ, ਦੀਪਾ ਵਾਲਮੀਕਿ, ਰਿਕੂ ਵਾਲਮੀਕਿ, ਰੁਪਿੰਦਰ ਵਾਲਮੀਕਿ, ਬਿਨਾਂ ਵਾਲਮੀਕਿ, ਕਰਨ ਵਾਲਮੀਕਿ, ਸੋਨੂੰ ਮੱਲੀ, ਦਾਤ ਵਾਲਮੀਕਿ, ਸੰਨੀ ਖਰਲਾ, ਜੈਸ ਵਾਲਮੀਕਿ, ਰਿਪੀ ਵਾਲਮੀਕਿ, ਬੰਟੀ ਵਾਲਮੀਕਿ, ਸੋਨੂੰ ਸਰਪੰਚ ਅਤੇ ਹਰਮਨ ਵਾਲਮੀਕਿ ਨੇ ਰਾਜਾ ਵੜਿੰਗ ਖਿਲਾਫ ਨਾਰੇਬਾਜ਼ੀ ਕੀਤੀ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਤਰਨ ਤਾਰਨ 'ਚ ਰੈਲੀ ਅੱਜ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਜ਼ਿਮਨੀ ਚੋਣ ਹਲਕੇ ਤਰਨਤਾਰਨ ਵਿੱਚ ਮੰਗਾਂ ਨੂੰ ਲੈ ਕੇ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਹੈ। ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਜਲੰਧਰ (ਸੀਟੂ) ਦੀ ਮੀਟਿੰਗ ਹੋਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਨਿਰਲੇਪ ਕੌਰ ਨੇ ਕਿਹਾ ਕਿ ਪੰਜਾਬ ਦੇ ਆਂਗਣਵਾੜੀ ਵਰਕਰਾਂ ਦੀ ਆਨਲਾਈਨ ਹੜਤਾਲ ਚਲਦਿਆਂ ਮਹੀਨੇ ਤੋਂ ਵੱਧ ਦਾ ਸਮਾਂ ਹੋ ਗਿਆ ਹੈ। ਜੇਕਰ ਇੱਕ ਦਿਨ ਵੀ ਪੋਸ਼ਨ ਟਰੈਕਰ ਉੱਪਰ ਆਂਗਣਵਾੜੀ ਸੈਂਟਰ ਓਪਨ ਨਹੀਂ ਕੀਤਾ ਜਾਂਦਾ ਸੀ ਤਾਂ ਅਫਸਰਾਂ ਵੱਲੋਂ ਲਗਾਤਾਰ ਇਸ ਚੀਜ਼ ਨੂੰ ਲੈ ਕੇ ਬਹੁਤ ਪਰੇਸ਼ਾਨ ਕੀਤਾ ਜਾਂਦਾ ਸੀ ਪਰ ਹੁਣ ਇੱਕ ਮਹੀਨੇ ਤੋਂ ਵੱਧ ਸਮਾਂ ਬੀਤਣ ਤੋਂ ਬਾਅਦ ਵੀ ਸਰਕਾਰ ਦੇ ਕੰਨ ਤੇ ਕੋਈ ਜੂੰ ਵੀ ਨਹੀਂ ਸਰਕ ਰਹੀ। ਉਨ੍ਹਾਂ ਕਿਹਾ ਕਿ ਯੂਨੀਅਨ ਵੱਲੋਂ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਹੈ ਕਿ 7 ਨਵੰਬਰ ਨੂੰ ਤਰਨਤਾਰਨ ਵਿੱਚ ਇਕ ਵੱਡੀ ਰੈਲੀ ਕੀਤੀ ਜਾਵੇਗੀ ਪੰਜਾਬ ਭਰ ਵਿਚੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਇਸ ਰੈਲੀ ਵਿਚ ਸ਼ਮੂਲੀਅਤ ਕਰਨਗੀਆਂ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਆਦਰ ਸਹਿਤ ਮਨਾਇਆ ਗਿਆ। ਇਸ ਸਬੰਧ ਵਿੱਚ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।



ਵਿਦਿਆਰਥੀਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ 'ਤੇ ਆਧਾਰਿਤ ਕਵਿਤਾਵਾਂ,ਲੈਕਚਰ ਪ੍ਰਸਤੁਤ ਕੀਤੇ।ਇਸ ਮੌਕੇ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਕਿਹਾ ਕਿ ਗੁਰੂ ਨਾਨਕ ਦੇਵ ਦੀਆਂ ਸਿੱਖਿਆਵਾਂ ਸਾਰੀ ਮਨੁੱਖਤਾ ਲਈ ਪ੍ਰੇਰਨਾ ਦਾ ਸਰੋਤ ਹਨ। ਗੁਰੂ ਜੀ ਦੇ ਜੀਵਨ ਦੇ ਪ੍ਰਸੰਗਾਂ 'ਤੇ ਰੋਸ਼ਨੀ ਪਾਉਂਦਿਆਂ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਹਰ ਮਨੁੱਖ ਵਿੱਚ ਰੱਬ ਵੱਸਦਾ ਹੈ ਅਤੇ ਸੇਵਾ ਹੀ ਸਭ ਤੋਂ ਵੱਡੀ ਭਗਤੀ ਹੈ।ਇਸ ਮੌਕੇ ਭਾਈ ਮਨਦੀਪ ਸਿੰਘ, ਧਾਰਮਿਕ ਅਧਿਆਪਿਕਾ ਬਲਦੀਪ ਕੌਰ, ਸਤਿੰਦਰ ਕੌਰ, ਨਰਿੰਦਰ ਕੌਰ, ਜਸਪ੍ਰੀਤ ਕੌਰ, ਦੀਪਾਂਜਲੀ ਸ਼ਰਮਾ, ਸੰਦੀਪ ਕੌਰ, ਸ਼ਾਂਤੀ ਦੇਵੀ, ਅਮਰਜੀਤ ਕੌਰ, ਕੰਵਲਜੀਤ ਕੌਰ, ਮਮਤਾ ਦੇਵੀ, ਸਪਨਾ ਰਾਣੀ, ਨਿਸ਼ਾ ਦੇਵੀ, ਮਨਜੀਤ ਕੌਰ, ਕਰਮਜੀਤ ਕੌਰ ਆਦਿ ਹਾਜ਼ਰ ਸਨ।

# ਡੇਰਾਬੱਸੀ ਕਾਲਜ ਨੇ ਖੇਤਰੀ ਯੁਵਕ ਮੇਲੇ 'ਚ ਝੰਡੇ ਗੱਡੇ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਸਰਕਾਰੀ ਕਾਲਜ ਡੇਰਾਬੱਸੀ ਦੇ ਵਿਦਿਆਰਥੀਆਂ ਨੇ



ਖੇਤਰੀ ਯੁਵਕ ਤੇ ਲੋਕ ਮੇਲਾ 2025 ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਇਨਾਮ ਹਾਸਲ ਕਰਕੇ ਕਾਲਜ ਦਾ ਨਾਅ ਰੋਸ਼ਨ ਕੀਤਾ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਰੋਪੜ-ਫਤਹਿਗੜ੍ਹ ਖੇਤਰ ਦਾ ਖੇਤਰੀ ਯੁਵਕ ਅਤੇ ਲੋਕ ਮੇਲਾ 2025 30 ਅਕਤੂਬਰ ਤੋਂ 2 ਨੰਵਬਰ ਤੱਕ ਦੁਆਬਾ ਡਿਗਰੀ ਕਾਲਜ ਘਟੌਰ ਵਿਖੇ ਹੋਇਆ । ਇਸ ਖੇਤਰੀ ਯੁਵਕ ਅਤੇ ਲੋਕ ਮੇਲੇ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਸੰਗੀਤਕ , ਸਾਹਿਤਕ , ਲੋਕ ਕਲਾਵਾਂ ਕੋਮਲ ਕਲਾਵਾਂ, ਅਤੇ ਰੰਗਮੰਚ ਦੀਆਂ ਭਿੰਨ-ਭਿੰਨ ਵੰਨਗੀਆਂ ਦੇ ਮੁਕਾਬਲਿਆਂ ਵਿੱਚ ਹਿੱਸਾ ਲਿਆ । ਇਹਨਾਂ ਵਿੱਚੋਂ ਮਾਈਮ ਅਤੇ ਲਘੂ ਫਿਲਮ ਵਿੱਚ ਪਹਿਲਾ ਸਥਾਨ ,ਗੁੱਡੀਆਂ ਪਟੋਲੇ ਵਿੱਚ ਦੂਜਾ ਸਥਾਨ ਅਤੇ ਨੁੱਕੜ ਨਾਟਕ , ਕਾਰਟੂਨਿੰਗ ਤੇ ਪੀੜ੍ਹੀ ਬੁਣਨਾ ਵਿੱਚ ਤੀਜਾ ਸਥਾਨ ਹਾਸਲ ਕੀਤਾ । ਇਹਨਾਂ ਜੇਤੂ ਵਿਦਿਆਰਥੀਆਂ ਵਿੱਚੋਂ ਮਾਈਮ, ਲਘੂ ਫਿਲਮ ਅਤੇ ਗੁੱਡੀਆਂ ਪਟੋਲੇ ਦੇ ਵਿਦਿਆਰਥੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਹੋਣ ਵਾਲੇ ਅੰਤਰ-ਖੇਤਰੀ ਯੁਵਕ ਅਤੇ ਲੋਕ ਮੇਲੇ ਦੇ ਮੁਕਾਬਲਿਆ ਵਿੱਚ ਭਾਗ ਲੈਣਗੇ । ਕਾਲਜ ਪ੍ਰਿੰਸੀਪਲ ਸ੍ਰੀਮਤੀ ਗਿਤਾਂਜਲੀ ਕਾਲੜਾ ਨੇ ਜੇਤੂ ਵਿਦਿਆਰਥੀਆਂ ਨੂੰ ਮੁਕਾਰਕਬਾਦ ਦਿੱਤੀ।

# ਕਿਸਾਨ ਜਥੇਬੰਦੀਆਂ ਨੇ ਜੀ ਏ ਟੂ ਡੀ ਸੀ ਨੂੰ ਦਿੱਤਾ ਯਾਦ ਪੱਤਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ ਅਨੁਸਾਰ ਜ਼ਿਲ੍ਹਾ ਹੁਸ਼ਿਆਰਪੁਰ ਐੱਸ ਕੇ ਐੱਮ ਵਿੱਚ ਸ਼ਾਮਲ ਜਥੇਬੰਦੀਆ ਦਾ ਭਰਵਾ ਡੈਪੁਟੇਸ਼ਨ ਦਵਿੰਦਰ ਸਿੰਘ ਕੱਕੋ ਜਮਹੂਰੀ ਕਿਸਾਨ ਸਭਾ, ਗੁਰਮੇਸ਼ ਸਿੰਘ ਕੁਲ ਹਿੰਦ ਕਿਸਾਨ ਸਭਾ, ਹਰਮੇਸ਼ ਸਿੰਘ ਢੇਸੀ ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਸੁਖਦੇਵ ਸਿੰਘ ਸਾਹਰੀ ਕਿਸਾਨ ਕਮੇਟੀ ਦੁਆਬਾ, ਮਾਸਟਰ ਸ਼ਿੰਗਾਰਾ ਸਿੰਘ ਬੀ.ਕੇ.ਯੂ ਉਗਰਾਹਾਂ, ਚਰਨਜੀਤ ਸਿੰਘ ਭਿੰਡਰ ਪੰਜਾਬ ਕਿਸਾਨ ਯੂਨੀਅਨ ਦੀ ਅਗਵਾਈ ਵਿੱਚ ਨਾਹਰਿਆ ਦੀ ਗੂੰਜ ਨਾਲ ਡੀ.ਸੀ. ਦਫ਼ਤਰ ਪਹੁੰਚਿਆਂ। ਡੀ.ਸੀ. ਦੀ ਗੈਰ ਮੌਜੂਦਗੀ ਵਿੱਚ ਜੀ.ਏ.ਟੂ. ਡੀ.ਸੀ. ਪਰਮਪ੍ਰੀਤ ਸਿੰਘ ਨੂੰ 8 ਅਕਤੂਬਰ ਨੂੰ ਦਿੱਤੇ ਗਏ ਮੰਗ ਪੱਤਰ ਦੀ ਯਾਦ ਕਰਾਉਣ ਲਈ ਯਾਦ ਪੱਤਰ ਦਿੱਤਾ ਗਿਆ। ਸੰਯੁਕਤ ਕਿਸਾਨ ਮੋਰਚੇ ਨੇ ਮੰਗ ਕੀਤੀ ਕਿ ਬਿਜਲੀ ਸੋਧ ਬਿਲ 2025 ਨੂੰ ਰੱਦ ਕਰਾਉਣ ਲਈ ਪੰਜਾਬ ਸਰਕਾਰ ਕੇਂਦਰ ਸਰਕਾਰ ਨੂੰ 8 ਨਵੰਬਰ ਤੋਂ ਪਹਿਲਾ-ਪਹਿਲਾ ਲਿਖਿਆ ਜਾਵੇ, ਹਲਦੀ ਰੋਗ/ਬੋਨਾ ਰੋਗ ਕਾਰਨ ਬੋਨੇ ਦੇ ਘਟੇ ਝਾੜ ਤੋਂ 500/-ਗ੍ਰਾਮ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ। ਐਨ.ਜੀ. ਟੀ. ਅਤੇ ਸੁਪਰੀਮ ਕੋਰਟ ਦੀਆਂ ਹਿਦਾਇਤਾਂ ਅਨੁਸਾਰ ਪਰਾਲੀ ਦਾ ਨਿਪਟਾਰਾ ਕਰਾਇਆ ਜਾਵੇ ਅਤੇ ਮਜਬੂਰੀ ਵੱਸ ਪਰਾਲੀ ਸਾੜਨ ਵਾਲੇ ਕਿਸਾਨਾ ਤੇ ਕੋਈ ਕਾਰਵਾਈ ਨਾ ਕੀਤੀ ਜਾਵੇ ।ਇਸ ਸਮੇਂ ਕੁਲਵਿੰਦਰ ਸਿੰਘ ਚਾਹਲ, ਭੁਪਿੰਦਰ ਭੁੰਗਾ, ਅਮਰੀਕ ਸਿੰਘ, ਸਤਨਾਮ ਸਿੰਘ, ਡਾ. ਸੁਖਦੇਵ ਸਿੰਘ ਢਿੱਲੋ, ਮਲਕੀਤ ਸਿੰਘ ਸਲੇਮਪੁਰ ਬਲਵਿੰਦਰ ਸਿੰਘ ਗਿੱਲ ਆਦਿ ਹਾਜ਼ਰ ਸਨ।

# ਈ ਰਿਕਸ਼ਾ ਤੇ ਜੁਗਾੜੂ ਰੇੜ੍ਹੀਆਂ ਨੇ ਖੋਹਿਆ ਛੋਟੇ ਹਾਥੀ ਚਾਲਕਾਂ ਦਾ ਰੁਜ਼ਗਾਰ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਈ ਰਿਕਸ਼ਾ ਸਿਰਫ ਸਵਾਰੀਆਂ ਢੋਣ ਦੇ ਲਈ ਹੀ ਬਣਿਆ ਹੋਇਆ ਹੈ, ਜਿੱਥੇ ਈ. ਰਿਕਸ਼ੇ ਵਾਲੇ ਪ੍ਰਸ਼ਾਸਨ ਦੀ ਪ੍ਰਵਾਹ ਨਾ ਕਰਦਿਆਂ ਰਿਕਸ਼ੇ ਵਿੱਚ ਲੱਕੜ ਦਾ, ਡੀ. ਜੇ.ਦਾ, ਸਬਜੀਆਂ, ਵਿਆਹ ਸ਼ਾਦੀਆਂ ਹੋਰ ਆਦਿ ਸਮਾਨ ਢੋਣ ਲੱਗ ਪਏ ਹਨ।ਦੁਕਾਨਦਾਰ ਗਾਹਕ ਕੋਲੋਂ ਆਪਣੇ ਸਮਾਨ ਦੇ ਪੂਰੇ ਪੈਸੇ ਵਸੂਲ ਕੇ ਗਾਹਕ ਸਾਹਮਣੇ ਪਹਿਲਾਂ ਛੋਟੇ ਹਾਥੀ ਵਾਲਿਆਂ ਤੋਂ ਰੇਟ ਪੁੱਛਦੇ ਹਨ। ਛੋਟੇ ਹਾਥੀ ਦਾ ਜਿਆਦਾ ਰੇਟ ਬੋਲ ਕੇ ਬਾਅਦ ਵਿੱਚ ਗਾਹਕ ਨੂੰ ਖੁਸ਼ ਕਰਨ ਲਈ ਸਸਤੇ ਰੇਟ ਤੇ ਈ ਰਿਕਸ਼ਾ ਭੇਜ ਦਿੱਤਾ ਜਾਂਦਾ ਹੈ। ਭੋਗਪੁਰ ਵਿੱਚ ਸਸਤੇ ਰੇਟਾਂ ਵਿੱਚ



ਮੋਟਰਸਾਈਕਲ ਤੇ ਜੁਗਾੜੂ ਰੇਹੜੀਆਂ ਬਣਾਂ ਕੇ ਮੋਟੀ ਕਮਾਈ ਕਰ ਰਹੇ ਹਨ, ਇਸ ਮੌਕੇ ਭੋਗਪੁਰ ਦੇ ਛੋਟਾ ਹਾਥੀ ਚਾਲਕਾਂ ਨੇ ਕਿਹਾ ਕਿ ਅਸੀਂ ਸਰਕਾਰ ਨੂੰ ਹਰ ਸਾਲ ਟੈਕਸ ਦਿੰਦੇ ਹਾਂ। ਉਹਨਾਂ ਕਿਹਾ ਕਿ ਸਾਡੇ ਤਾਂ ਤੇਲ ਦੇ ਖਰਚੇ ਵੀ ਪੂਰੇ ਨਹੀਂ ਹੁੰਦੇ ਤੇ ਇਹ ਜੁਗਾੜੂ ਰੇਹੜੀ ਵਾਲੇ ਤੇ ਈ ਰਿਕਸ਼ਾ ਵਾਲਾ ਸ਼ਾਮ ਤੱਕ 2000 ਰੁਪਏ ਕਮਾ ਕੇ ਘਰਾਂ ਨੂੰ ਤੁਰ ਪੈਂਦੇ ਹਨ। ਪ੍ਰਸ਼ਾਸਨ ਨੂੰ ਇਹਨਾਂ ਵੱਲ ਵੀ ਧਿਆਨ ਦੇਣ ਦੀ ਲੋੜ ਹੈ।

# ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਨੇ ਗੁਰਪੁਰਬ ਮਨਾਇਆ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਮਿਸਤਰੀਆਂ, ਮਜ਼ਦੂਰਾਂ ਦੀ ਜਥੇਬੰਦੀ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਸਬੰਧਿਤ ਇਫਟੂ ਬਲਾਕ ਸ੍ਰੀ ਚਮਕੌਰ ਸਾਹਿਬ ਵੱਲੋਂ ਲੇਬਰ ਚੌਂਕ ਵਿਖੇ ਕਿਰਤ ਦੀ ਰਾਖੀ ਦਾ ਸੱਦਾ ਦਿੰਦੇ ਹੋਏ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ।ਮਜ਼ਦੂਰਾਂ ਮਿਸਤਰੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ ਭੈਰੋਮਾਜਰਾ, ਜੁਇੰਟ ਸਕੱਤਰ ਸਤਵਿੰਦਰ ਸਿੰਘ ਨੀਟਾ, ਮੁੱਖ ਸਲਾਹਕਾਰ ਮਲਾਗਰ ਸਿੰਘ ਖਮਾਣੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਨਾਨਕ ਜੀ ਦਾ ਪ੍ਰਕਾਸ਼ ਉਸ ਸਮੇਂ ਹੋਇਆ ਸੀ ਜਦੋਂ ਸੰਸਾਰ ਵਿੱਚ ਕੂੜ ਪਸਰਿਆ ਹੋਇਆ ਸੀ ਤੇ ਕਿਰਤ ਦੀ ਲੁੱਟ, ਜਬਰ ਜੁਲਮ ਦਾ ਬੋਲ ਬਾਲਾ ਸੀ। ਉਹਨਾਂ ਮਿਹਨਤਕਸ਼ ਲੋਕਾਂ ਨੂੰ ਕਿਰਤ ਦੀ ਰਾਖੀ ਕਰਨ ਲਈ ਜਥੇਬੰਦ ਹੋਣ ਦਾ ਸੱਦਾ ਦਿੱਤਾ। ਇਹਨਾਂ ਸਮੁੱਚੇ ਮਿਹਨਤਕਸ਼ ਲੋਕਾਂ ਨੂੰ ਪ੍ਰਕਾਸ਼ ਦਿਹਾੜੇ ਮੌਕੇ ਮੁਬਾਰਕਬਾਦ ਦਿੱਤੀ । ਸਰਕਾਰ ਤੋਂ ਮੰਗ ਕੀਤੀ ਕਿ ਉਸਾਰੀ ਨਾਲ ਸੰਬੰਧਤ ਮਿਸਤਰੀਆਂ ਮਜ਼ਦੂਰਾਂ ਲਈ ਮੁਫਤ ਮੈਡੀਕਲ ਸਹੂਲਤਾਂ, 10 ਹਜ਼ਾਰ ਮਹੀਨਾ ਪੈਨਸ਼ਨ ਫੈਮਲੀ ਪੈਨਸ਼ਨ, ਮਜ਼ਦੂਰਾਂ ਦੀ ਰਜਿਸਟਰੇਸ਼ਨ, ਮਜ਼ਦੂਰਾਂ ਦੇ ਬੱਚਿਆਂ ਨੂੰ ਫਰੀ ਪੜ੍ਹਾਈ, ਘਰੇਲੂ ਜ਼ਰੂਰਤਾਂ ਲਈ ਸਸਤੇ ਲੋਨ ਅਤੇ ਹੋਰ ਭਲਾਈ ਸਕੀਮਾਂ ਚਲਾਉਣ ਸਮੇਤ ਅਧੂਰੇ ਪਏ ਲੇਬਰ ਚੌਂਕ ਨੂੰ ਮੁਕੰਮਲ ਕਰਨ ਦੀ ਮੰਗ ਕੀਤੀ। ਇਸ ਮੌਕੇ ਯੂਨੀਅਨ ਵੱਲੋਂ ਲੱਡੂ ਵੰਡੇ ਗਏ। ਇਸ ਮੌਕੇ ਸੁਰਿੰਦਰ ਸਿੰਘ, ਗੁਰਮੇਲ ਸਿੰਘ, ਅਜੈਬ ਸਿੰਘ ਸਮਾਣਾ, ਮਨਮੋਹਣ ਸਿੰਘ ਕਾਲਾ, ਕਮਲਜੀਤ ਸਿੰਘ ਗੁਰਪ੍ਰੀਤ ਸਿੰਘ ਬਿੱਟੂ, ਪ੍ਰੀਤਮ ਸਿੰਘ, ਮੱਖਣ ਸਿੰਘ ਆਦਿ ਹਾਜ਼ਰ ਸਨ।

# ਮਲੇਰੀਆ, ਡੇਂਗੂ ਦਾ ਲਾਰਵਾ ਨਸ਼ਟ ਕੀਤਾ

**ਬਲਾਚੌਰ (ਜਸਵਿੰਦਰ ਬੈਂਸ)**-ਸਿਵਲ ਸਰਜਨ ਸਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾਕਟਰ ਰਾਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੜੋਆ ਡਾਕਟਰ ਜਤਿੰਦਰ ਸਿੰਘ ਦੀ ਅਗਵਾਈ ਹੇਠ ਪਿੰਡ ਮਾਲੇਵਾਲ ਵਿਖੇ ਨੈਸ਼ਨਲ ਬੈਕਟਰ ਬੋਰਨ




ਡਜ਼ੀਜ਼ ਕੰਟਰੋਲ ਪ੍ਰੋਗਰਾਮ ਅਧੀਨ ਮਲੇਰੀਆ ਡੇਂਗੂ ਸਬੰਧੀ ਐਕਟੀਵੀਟੀ ਕੀਤੀ ਗਈ ਜਿਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀ ਕਰਾਂਤੀ ਪਾਲ ਸਿੰਘ ਰੌੜੀ ਵੱਲੋਂ ਮਲੇਰੀਆ ਡੇਂਗੂ ਦੇ ਲੱਛਣਾ ਅਤੇ ਬਚਾਓ ਸਬੰਧੀ ਦੱਸਿਆ ਕਿ ਡੇਂਗੂ ਇਕ ਵਾਇਰਲ ਬੀਮਾਰੀ ਹੈ ਜੋ ਕਿ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਇਹ ਰੁਕੇ ਹੋਏ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ। ਉਨ੍ਹਾਂ ਘਰ ਘਰ ਜਾ ਕੇ ਲਾਰਵਾ ਚੈਕ ਕੀਤਾ ਤੇ ਮੌਕੇ ਤੇ ਨਸ਼ਟ ਕਰਵਾਇਆ ਅਤੇ ਉਨਾਂ ਨੂੰ ਕੋਟਪਾ ਐਕਟ ਅਧੀਨ ਤੰਬਾਕੂ ਪਦਾਰਥਾਂ ਦਾ ਮਨੁੱਖੀ ਸਰੀਰ ਤੇ ਪੈਣ ਵਾਲੇ ਬੁਰੇ ਪ੍ਰਭਾਵਾ ਸਬੰਧੀ ਜਾਣਕਾਰੀ ਦਿੱਤੀ ਗਈ।

# ਮੈਡੀਕਲ ਕੈਂਪ ਲਗਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**

ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ



ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਨਾਨਕ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਸਹਿਯੋਗ ਨਾਲ 'ਗਰੀਬ ਦਾ ਮੂੰਹ,ਗੁਰੂ ਦੀ ਗੋਲਕ' ਸੰਸਥਾ ਅਜਨੋਹਾ ਵੱਲੋਂ ਐੱਨ ਆਰ ਆਈ ਦੀ ਮਦਦ ਨਾਲ ਜ਼ਿਲ੍ਹਾ ਗੁਰਦਾਸਪੁਰ ਦੇ ਹਲਕਾ ਡੇਰਾ ਬਾਬਾ ਨਾਨਕ ਹੜ੍ਹ ਪੀੜਤ ਇਲਾਕੇ ਦੇ ਪਿੰਡ ਨਬੀ ਨਗਰ ਵਿਖੇ ਸੰਸਥਾ ਵਲੋਂ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ। ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈੱਕ ਅੱਪ ਕਰਕੇ ਫ੍ਰੀ ਵਿੱਚ ਦਵਾਈਆਂ ਦਿੱਤੀਆਂ ਗਈਆਂ। ਗੁਰੂ ਸਾਹਿਬ ਜੀ ਮੇਹਰ ਕਰਨ ਸੰਸਥਾ ਵਲੋਂ ਹੜ੍ਹ ਪੀੜਤ ਇਲਾਕਿਆਂ ਵਿੱਚ ਵੱਧ ਤੋਂ ਵੱਧ ਕੈਂਪ ਲਗਾਏ ਜਾਣੇ ਹਨ। ਇਸ ਮੌਕੇ ਹਾਜ਼ਰ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਡਾਕਟਰ ਸਤਨਾਮ ਸਿੰਘ ਖਾਲਸਾ, ਡਾਕਟਰ ਤਰਸੇਮ ਸਿੰਘ, ਡਾਕਟਰ ਸੂਬੇਦਾਰ ਬਲਦੇਵ ਸਿੰਘ ਐਕਸ ਏ ਐੱਮ ਸੀ, ਸੁਖਜਿੰਦਰ ਸਿੰਘ ਦੇਹ ਗਵਾਰ , ਕੁਲਵਿੰਦਰ ਸਿੰਘ ਖਾਲਸਾ ਡੇਰਾ ਬਾਬਾ ਨਾਨਕ, ਦਰਬਾਰ ਸਿੰਘ ਅਜਨੋਹਾ, ਕੁਲਵਿੰਦਰ ਸਿੰਘ ਠੰਡਲ,ਰਾਮ ਰਤਨ ਸਿੰਘ ਖਾਲਸਾ, ਵਿਪਨ ਕੁਮਾਰ ਪੰਚਨੰਗਲਾ, ਹਰਕਮਲ ਸਿੰਘ ਪਰਮਾਰ, ਸੁਖਦੇਵ ਸਿੰਘ, ਹਰਭਜਨ ਕੌਰ, ਹਰਪ੍ਰੀਤ ਕੌਰ, ਸੁਖਜਿੰਦਰ ਕੌਰ, ਗੁਰਜੀਤ ਸਿੰਘ ,ਕਮਲਜੀਤ ਸਿੰਘ ਆਦਿ ਹਾਜ਼ਰ ਸਨ।

# ਐਸ ਡੀ ਕਾਲਜ 'ਚ ਵਿਕਸਤ ਭਾਰਤ ਯੰਗ ਲੀਡਰਜ਼ ਡਾਇਲਾਗ ਕੁਇਜ਼ ਕਰਵਾਈ

**ਸੁਲਤਾਨਪੁਰ ਲੋਧੀ, (ਹਨੀ)**-ਐਸ ਡੀ ਕਾਲਜ ਫਾਰ ਵੂਮੈਨ ਵਿਖੇ ਆਨਲਾਈਨ ਵਿਕਸਤ ਭਾਰਤ ਯੰਗ ਲੀਡਰਜ਼ ਡਾਇਲਾਗ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ । ਜਿਸ ਵਿਚ ਵਿਦਿਆਰਥਣਾਂ ਬੜੇ ਉਤਸ਼ਾਹ ਨਾਲ ਹਿੱਸਾ ਲਿਆ । ਰੈੱਡ ਰਿਬਨ ਕਲੱਬ ਦੀ ਇੰਚਾਰਜ ਮੈਡਮ ਸੁਨੀਤਾ ਕਲੇਰ ਦੀ ਨਿਗਰਾਨੀ ਵਿਚ ਕਾਲਜ 85 ਫੀਸਦੀ ਕੁਇਜ਼ ਵਿਚ ਭਾਗ ਲਿਆ । ਇਸ ਗਤੀਵਿਧੀ ਨੇ ਨਾ ਸਿਰਫ਼ ਰਾਸ਼ਟਰੀ ਨੀਤੀਆਂ, ਲੀਡਰਸ਼ਿਪ ਮੁੱਲਾਂ ਅਤੇ ਨਾਗਰਿਕ ਜ਼ਿੰਮੇਵਾਰੀਆਂ ਬਾਰੇ ਉਨ੍ਹਾਂ ਦੇ ਗਿਆਨ ਵਿੱਚ ਵਾਧਾ ਕੀਤਾ, ਬਲਕਿ ਉਨ੍ਹਾਂ ਨੂੰ ਰਾਸ਼ਟਰ ਨਿਰਮਾਣ ਵਿੱਚ ਰਚਨਾਤਮਕ ਭੂਮਿਕਾ ਨਿਭਾਉਣ ਲਈ ਵੀ ਪ੍ਰੇਰਿਤ ਕੀਤਾ। ਸਾਰੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਸ਼ਲਾਘਾਯੋਗ ਯਤਨਾਂ ਅਤੇ ਸਰਗਰਮ ਭਾਗੀਦਾਰੀ ਲਈ ਪ੍ਰਸ਼ੰਸਾ ਪੱਤਰ ਦਿੱਤੇ ਗਏ । ਸੁਨੀਤਾ ਕਲੇਰ ਨੇ ਵਿਦਿਆਰਥੀਆਂ ਦੀ ਉਨ੍ਹਾਂ ਦੀ ਇਮਾਨਦਾਰ ਸ਼ਮੂਲੀਅਤ ਲਈ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਅਜਿਹੇ ਵਿਦਿਅਕ ਅਤੇ ਰਾਸ਼ਟਰ-ਮੁਖੀ ਪ੍ਰੋਗਰਾਮਾਂ ਵਿੱਚ ਹਿੱਸਾ ਲੈਂਦੇ ਰਹਿਣ ਲਈ ਉਤਸ਼ਾਹਤ ਕੀਤਾ।

# ਅੰਮ੍ਰਿਤ ਦਿਓਲ ਫਾਊਂਡੇਸ਼ਨ ਵੱਲੋਂ ਜੁਝਾਰ ਸਿੰਘ ਟਾਈਗਰ ਦਾ ਸਨਮਾਨ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**

ਦਿਓਲ ਫਾਊਂਡੇਸ਼ਨ ਵੱਲੋਂ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਵਿਖੇ ਵਿਸ਼ਵ ਸਲੈਪ ਚੈਂਪੀਅਨਸ਼ਿਪ ਜਿੱਤ ਕੇ ਸ੍ਰੀ ਚਮਕੌਰ ਸਾਹਿਬ ਅਤੇ ਪੰਜਾਬ ਦਾ ਨਾਂਅ ਰੌਸ਼ਨ ਕਰਨ ਵਾਲੇ ਵਿਸ਼ਵ ਚੈਂਪੀਅਨ ਜੁਝਾਰ ਸਿੰਘ ਟਾਈਗਰ ਅਤੇ ਉਸ ਦੇ ਪਿਤਾ ਬਲਵਿੰਦਰ ਸਿੰਘ ਉਰਫ ਸੰਗਤ ਸਿੰਘ ਨੂੰ ਇੱਕ ਸਾਦੇ ਸਮਾਰੋਹ ਦੌਰਾਨ ਸਿਰਪਾਓ, ਲੋਈ, ਯਾਦਗਾਰੀ ਚਿੰਨ ਅਤੇ ਨਗਦ ਰਾਸ਼ੀ ਭੇਟ ਕਰਕੇ ਸਨਮਾਨਤ ਕੀਤਾ ਗਿਆ ਤੇ ਜੁਝਾਰ ਸਿੰਘ ਦੀ ਭਵਿੱਖ ਦੀ ਖੁਰਾਕ ਦੀ ਜ਼ਿੰਮੇਵਾਰੀ ਵੀ ਫਾਊਂਡੇਸ਼ਨ ਵੱਲੋਂ ਚੁੱਕੀ ਗਈ। ਅੰਮ੍ਰਿਤ ਫਾਊਂਡੇਸ਼ਨ



ਦੇ ਚੇਅਰਮੈਨ ਅੰਮ੍ਰਿਤ ਦਿਓਲ ਨੇ ਕਿਹਾ ਕਿ ਜੁਝਾਰ ਸਿੰਘ ਨੇ ਆਪਣੇ ਵਿਰੋਧੀ ਰੂਸ ਦੇ ਮਸ਼ਹੂਰ ਹੈਵੀਵੇਟ ਖਿਡਾਰੀ ਅਨਾਟੋਲੀ ਦ ਕ੍ਰੇਕਨ ਗਲੁਸ਼ਕਾ ਨੂੰ ਫਾਈਨਲ ਰਾਊਂਡ ਵਿੱਚ ਹਰਾ ਕੇ ਇਤਿਹਾਸਕ ਜਿੱਤ ਦਰਜ ਕਰਕੇ ਸ੍ਰੀ ਚਮਕੌਰ ਸਾਹਿਬ ਦੇ ਮਾਣ ਵਿੱਚ ਵਾਧਾ ਕੀਤਾ ਹੈ। ਦਿਓਲ ਨੇ ਐਲਾਨ ਕੀਤਾ ਕਿ ਭਵਿੱਖ ਵਿੱਚ ਜੁਝਾਰ ਸਿੰਘ ਵੱਲੋਂ ਖੇਡ ਨੂੰ ਜਾਰੀ ਰੱਖਣ ਲਈ ਜੋ ਵੀ ਖੁਰਾਕ ਲਈ ਜਾਵੇਗੀ ਉਸ ਦਾ ਸਾਰਾ ਖਰਚਾ ਫਾਊਂਡੇਸ਼ਨ ਵੱਲੋਂ ਸਹਿਣ ਕੀਤਾ ਜਾਵੇਗਾ ਅਤੇ ਜੁਝਾਰ ਸਿੰਘ ਨੂੰ ਇਸ ਖੇਤਰ ਵਿੱਚ ਅੱਗੇ ਵਧਣ ਲਈ ਹਰ ਤਰ੍ਹਾਂ ਦਾ ਸੰਭਵ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਤੇ ਫਾਊਂਡੇਸ਼ਨ ਦੇ ਆਗੂ ਰਣਧੀਰ ਸਿੰਘ ਦਿਓਲ, ਗੁਰਦੁਆਰਾ ਸਾਹਿਬ ਦੇ ਮੈਨੇਜਰ ਗੁਰਮੁੱਖ ਸਿੰਘ, ਹੈਡ ਗ੍ਰੰਥੀ ਜਸਬੀਰ ਸਿੰਘ, ਕਥਾਵਾਕ ਭਾਈ ਗੁਰਬਾਜ ਸਿੰਘ, ਜਥੇਦਾਰ ਪ੍ਰੀਤਮ ਸਿੰਘ , ਜਥੇਦਾਰ ਗੁਰਮੀਤ ਸਿੰਘ, ਡਾ ਰਾਜਪਾਲ ਚੌਧਰੀ, ਪ੍ਰਿੰਸੀਪਲ ਅਮਰਜੀਤ ਸਿੰਘ ਕੰਗ, ਕੈਪਟਨ ਹਰਪਾਲ ਸਿੰਘ ਅਤੇ ਜਸਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਪੁਲਸ ਕਪਤਾਨ ਨੇ ਨਸ਼ਾ ਸਿਵਲ ਹਸਪਤਾਲ ਦਾ ਕੀਤਾ ਦੌਰਾ

**ਫਗਵਾੜਾ (ਡਾ ਰਮਨ)**-ਮਾਧਵੀ ਸ਼ਰਮਾ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਅਤੇ



ਮਾਨਯੋਗ ਵਧੀਕ ਡਿਪਟੀ ਕਮਿਸ਼ਨਰ ਫਗਵਾੜਾ ਵੱਲੋ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹਨਾਂ ਵੱਲੋਂ ਸਿਵਲ ਹਸਪਤਾਲ ਫਗਵਾੜਾ ਵਿਖੇ ਬਣੇ ਡਰੱਗ ਡੀ ਅਡੀਕਸ਼ਨ ਸੈਂਟਰ ਸਿਵਲ ਹਸਪਤਾਲ ਫਗਵਾੜਾ ਦਾ ਦੌਰਾ ਕੀਤਾ ਗਿਆ ਹੈ। ਉਹਨਾਂ ਵੱਲੋਂ ਨਸ਼ਾ ਛੁਡਾਉਂ ਕੇਂਦਰ ਵਿੱਚ ਦਾਖਲ ਮਰੀਜਾਂ ਦੀਆਂ ਦੁੱਖ ਤਕਲੀਫਾਂ ਸੁਣੀਆਂ, ਜਿਹਨਾਂ ਨੂੰ ਆਪਣਾ ਨਸ਼ਾ ਛੱਡਣ ਲਈ ਪੁਲਿਸ ਦਾ ਸਹਿਯੋਗ ਦੇਣ ਤੇ ਉਹਨਾਂ ਨੂੰ ਮਿਠਾਈ ਮੁਹੱਈਆ ਕੀਤੀ ਗਈ ਅਤੇ ਉਹਨਾਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਗਿਆ। ਜਿਹਨਾਂ ਪਾਸੋਂ ਨਸ਼ਾ ਖਰੀਦ ਵੇਚਣ ਵਾਲੇ ਵਿਅਕਤੀਆਂ ਦੀ ਜਾਣਕਾਰੀ ਇਕੱਤਰ ਕੀਤੀ ਗਈ। ਇਸ ਦੇ ਇਲਾਵਾ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਜੇਕਰ ਕੋਈ ਵਿਅਕਤੀ ਨਸ਼ਾ ਪੀਂਦਾ ਹੈ ਤਾਂ ਉਸ ਨੂੰ ਪੰਜਾਬ ਸਰਕਾਰ ਦੁਆਰਾ ਦਿੱਤੇ ਗਏ ਹੈਲਪਲਾਈਨ ਨੰਬਰ ਅਤੇ ਕੰਟਰੋਲ ਰੂਮ ਕਪੂਰਥਲਾ/ਫਗਵਾੜਾ 95929-14519, 99150-10200,01824-262092, 260990 ਤੇ ਸੰਪਰਕ ਕਰਕੇ ਸੂਚਿਤ ਕਰ ਸਕਦੇ ਹੋ।

# ਅਸ਼ੋਕ ਕਟਾਰੀਆ ਤੇ ਕਰਨਵੀਰ ਕਟਾਰੀਆ ਰੋਡ ਸ਼ੋਅ 'ਚ ਸ਼ਾਮਲ ਹੋਏ

**ਬਲਾਚੌਰ (ਜਸਵਿੰਦਰ ਬੈਂਸ)**-ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕਾ ਤਰਨਤਾਰਨ ਦੇ ਪਿੰਡ ਕੋਟ ਧਰਮ ਚੰਦ ਪੁਰ ਵਿਖੇ ਹੋਏ ਰੋਡ ਸ਼ੋਅ ਦੌਰਾਨ ਲੋਕਾਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਅਤੇ ਯੂਥ ਆਗੂ ਕਰਨਵੀਰ ਕਟਾਰੀਆ



ਆਪਣੀ ਸਮੁੱਚੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਲੋਕਾਂ ਨੇ ਸਮਰਥਨ ਦਾ ਪ੍ਰਗਟਾਵਾ ਕਰਦੇ ਹੋਏ, ਵੱਡੀ ਗਿਣਤੀ ਵਿੱਚ ਰੋਡ ਸ਼ੋਅ ਵਿੱਚ ਸ਼ਿਰਕਤ ਕੀਤੀ।ਕਟਾਰੀਆ ਪਰਿਵਾਰ ਦੀ ਹਾਜ਼ਰੀ: ਸ. ਅਸ਼ੋਕ ਕਟਾਰੀਆ ਅਤੇ ਕਰਨਵੀਰ ਕਟਾਰੀਆ ਨੇ ਮੁੱਖ ਮੰਤਰੀ ਦੇ ਨਾਲ ਖੜ੍ਹ ਕੇ ਪਾਰਟੀ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ।ਇਹ ਰੋਡ ਸ਼ੋਅ ਪੰਜਾਬ ਸਰਕਾਰ ਦੀਆਂ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਪ੍ਰਤੀ ਲੋਕਾਂ ਦੇ ਵਿਸ਼ਵਾਸ ਦਾ ਪ੍ਰਤੀਕ ਬਣਿਆ।ਇਸ ਮੌਕੇ ਵਿਸ਼ੂ ਰਾਣਾ ਮੀਡੀਆ ਸਹਿ ਇੰਚਾਰਜ, ਸਤਨਾਮ ਸਿੰਘ ਸਰਪੰਚ, ਪਵਨ ਕੁਮਾਰ, ਕੁਲਦੀਪ ਕੁਮਾਰ ਹਲਕਾ ਪ੍ਰਧਾਨ ਐੱਸ ਸੀ ਵਿੰਗ, ਰਾਜਾ ਮਹਿਮੂਦਪੁਰ, ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਹਰਮਨ ਸਿੰਘ,ਮਨਜੀਤ ਬਾਬਾ ,ਭੁਪਿੰਦਰ ਸਿੰਘ ਲੱਕੀ, ਕਮਲਜੀਤ ਆਦਿ ਹਾਜ਼ਰ ਸਨ।

# ਪ੍ਰਕਾਸ਼ ਪੁਰਬ ਦੇ ਸੰਬੰਧ 'ਚ ਨਗਰ ਕੀਰਤਨ ਸਜਾਇਆ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਧੰਨ- ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮਸ਼ਾਲਾ ਮਾਹਿਲਪੁਰ ਵੱਲੋਂ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆ ਦੀ ਅਗਵਾਈ ਵਿਚ ਸਜਾਇਆ ਗਿਆ। ਇਹ ਵਿਸ਼ਾਲ ਨਗਰ ਕੀਰਤਨ ਵੱਖ-ਵੱਖ ਸਥਾਨਾਂ, ਮੁਹੱਲਿਆਂ ਅਤੇ ਪੂਰੇ ਮਾਹਿਲਪੁਰ ਸ਼ਹਿਰ ਦੀ ਪਰਿਕਰਮਾ ਕਰਨ ਉਪਰੰਤ ਦੇਰ ਸ਼ਾਮ ਨੂੰ ਗੁਰਦੁਆਰਾ ਧਰਮਸ਼ਾਲਾ ਵਿਖੇ ਸਮਾਪਤ ਹੋਇਆ। ਇਸ ਨਗਰ ਕੀਰਤਨ ਦਾ ਇਲਾਕੇ ਦੀਆਂ ਸੰਗਤਾਂ ਵਲੋਂ ਸਵਾਗਤੀ ਗੇਟ ਬਣਾ ਕੇ ਭਰਵਾਂ ਅਤੇ ਨਿੱਘਾ ਸਵਾਗਤ ਕਰਨ ਦੇ ਨਾਲ ਨਾਲ ਸੰਗਤਾਂ ਲਈ ਲੰਗਰਾਂ ਪ੍ਰਬੰਧ ਦਾ ਕੀਤਾ ਗਿਆ। ਨਗਰ ਕੀਰਤਨ 'ਚ ਭਾਈ ਦਵਿੰਦਰ ਸਿੰਘ ਦੇ ਕੀਰਤਨੀ ਜਥੇ ਬੀਬੀ ਤਜਿੰਦਰ ਕੌਰ ਸਨੀ ਖ਼ਾਲਸਾ ਅਤੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਮੌਕੇ ਸੰਤ ਬੀਬੀ ਜਸਪ੍ਰੀਤ ਕੌਰ ਬੁੰਗਾ ਸਾਹਿਬ, ਪ੍ਰੋ. ਆਪਿੰਦਰ ਸਿੰਘ ਮਾਹਿਲਪੁਰੀ ਪ੍ਰਧਾਨ, ਜਗਦੀਪ ਸਿੰਘ ਵਾਈਸ ਪ੍ਰਧਾਨ, ਪ੍ਰਿੰ. ਸੁਰਿੰਦਰਪਾਲ ਸਿੰਘ ਪ੍ਰਦੇਸੀ, ਗੁਰਪ੍ਰੀਤ ਸਿੰਘ ਬੈਂਸ, ਹਰਪ੍ਰੀਤ ਸਿੰਘ ਬੈਂਸ, ਮੈਨੇਜਰ ਸਵਰਨ ਸਿੰਘ, ਕਸ਼ਮੀਰ ਸਿੰਘ ਮੰਡੀ ਵਾਲੇ, ਜਸਵੀਰ ਸਿੰਘ ਜੰਡੋਲੀ, ਅਮਰੀਕ ਸਿੰਘ ਸੀਹਰਾ, ਸੁਖਵੰਤ ਸਿੰਘ ਸੁੱਖਾ, ਗ੍ਰੰਥੀ ਸੁਖਵੀਰ ਸਿੰਘ, ਪ੍ਰਿੰ.ਇੰਦਰਜੀਤ ਸਿੰਘ ਬੈਂਸ, ਪਰਮਿੰਦਰ ਸਿੰਘ, ਸਤਵੰਤ ਸਿੰਘ, ਕੇਵਲ ਸਿੰਘ, ਬਲਵੰਤ ਸਿੰਘ ਮੱਖਣ, ਗੁਰਦਿਆਲ ਸਿੰਘ, ਮਹਾਂਵੀਰ ਸਿੰਘ, ਗਿਆਨੀ ਜੁਗਿੰਦਰ ਸਿੰਘ, ਸਤਵੀਰ ਸਿੰਘ ਸੰਤਾ ਅਤੇ ਇਲਾਕੇ ਦੀਆ ਸੰਗਤਾਂ ਹਾਜ਼ਰ ਸਨ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਬੂਟੇ ਲਗਾਏ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸ੍ਰੀ ਗੁਰੂ ਨਾਨਕ ਦੇਵ ਜੀ ਵਲੋਂ




ਗੁਰਬਾਣੀ ਵਿੱਚ ਦਰਜ ਸ਼ਲੋਕ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ਰਾਹੀਂ ਸਾਰੀ ਦੁਨੀਆਂ ਨੂੰ ਸੁਨੇਹਾ ਦਿਤਾ ਗਿਆ ਹੈ ਕਿ ਹਵਾ,ਪਾਣੀ ਤੋਂ ਬਿਨਾਂ ਧਰਤੀ ਤੇ ਜੀਵਨ ਅਤੇ ਵਨਸਪਤੀ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਗੁਰੂ ਸਾਹਿਬਾਨ ਦੇ ਵਚਨਾਂ ਮੁਤਾਬਿਕ ਵਾਤਾਵਰਣ ਸੰਭਾਲ ਸੁਸਾਇਟੀ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਤੇ ਮੂਸਾਪੁਰ ਰੇਲਵੇ ਕ੍ਰਾਸਿੰਗ ਨੇੜੇ ਵੱਖ-ਵੱਖ ਕਿਸਮਾਂ ਦੇ 11 ਬੂਟੇ ਲਗਾਏ ਗਏ। ਇਸ ਮੌਕੇ ਤੇ ਸੁਸਾਇਟੀ ਮੈਂਬਰ ਅਰੁਣ ਕੁਮਾਰ ਬਾਲੀ ਨੇ ਸੈਰ ਕਰ ਰਹੇ ਰਿਟਾਇਰ ਇੰਸਪੈਕਟਰ ਗੁਰਮੇਲ ਸਿੰਘ, ਸੋਹਿਲ ਦੀਵਾਨ ਤੋਂ ਬੂਟੇ ਲਗਵਾਏ। ਅਨਿਲ ਬਾਲੀ ਅਤੇ ਸੁਭਾਸ਼ ਧਮ ਨੇ ਵਾਤਾਵਰਣ ਸੰਭਾਲ ਸੁਸਾਇਟੀ ਵਲੋਂ ਲਗਾਤਾਰ ਕੀਤੇ ਜਾ ਰਹੇ ਲੋਕ-ਹਿਤ ਕਮਾਂ ਦੀ ਸ਼ਲਾਘਾ ਕੀਤੀ। ਸੁਸਾਇਟੀ ਮੈਂਬਰ ਅਰੁਣ ਕੁਮਾਰ ਬਾਲੀ ਨੇ ਕਿਹਾ ਕਿ ਧਰਤੀ ਨੂੰ ਹਰਿਆ-ਭਰਿਆ ਰਖੱਣ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਲੋੜ ਹੈ ਤਾਂ ਕਿ ਜੰਗਲਾਤ ਹੇਠ ਰਕਬਾ ਵਧਾਇਆ ਜਾ ਸਕੇ। ਇਸ ਮੌਕੇ ਤੇ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ,ਵਾਈਸ ਪ੍ਰਧਾਨ ਤਰਸੇਮ ਲਾਲ, ਅਰੁਣ ਕੁਮਾਰ ਬਾਲੀ, ਧਰਮਪਾਲ ਬਾਲੀ ਅਤੇ ਤਰਸੇਮ ਲਾਲ ਰਾਜੂ ਆਦਿ ਹਾਜਿਰ ਸਨ।

# ਖੂਨਦਾਨ ਕੈਂਪ ਲਗਾਇਆ



**ਬੰਗਾ (ਅਵਤਾਰ ਕਲੇਰ)**-ਲਾਇਨਜ਼ ਕਲੱਬ ਇੰਟਰਨੈਸ਼ਨਲ ਰੀਜਨ ਬੰਗਾ ਤੇ ਲਾਇੰਨਜ਼ ਕਲੱਬ ਬੰਗਾ ਮਹਿਕ ਵੱਲੋਂ ਸਵਰਗੀ ਗੁਰਚਰਨ ਸਿੰਘ ਸਾਬਕਾ ਸਰਪੰਚ ਦੀ ਪਹਿਲੀ ਬਰਸੀ ਦੇ ਸੰਬੰਧ 'ਚ ਖੂਨਦਾਨ ਕੈਂਪ ਮਹਿੰਦਰਾ ਹਸਪਤਾਲ ਬੰਗਾ ਵਿਖੇ ਸੰਤ ਗੁਰਮੇਲ ਸਿੰਘ ਬਲੱਡ ਸੈਂਟਰ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਦਾ ਉਦਘਾਟਨ ਜ਼ਿਲ੍ਹਾ ਗਵਰਨਰ 321 ਡੀ ਲਾਇਨ ਵੀ.ਐਮ.ਗੋਇਲ ਨੇ ਮੁੱਖ ਮਹਿਮਾਨ ਦੇ ਰੂਪ 'ਚ ਸ਼ਿਰਕਤ ਕਰਦਿਆਂ ਰਿਬਨ ਕੱਟ ਕੇ ਕੀਤਾ। ਕੈਂਪ 'ਚ ਵਿਸ਼ੇਸ ਮਹਿਮਾਨ ਦੇ ਰੂਪ 'ਚ ਜ਼ਿਲ੍ਹਾ ਕੋਆਰਡੀਨੈਂਟਰ ਲਾਇਨ ਰਾਜੀਵ ਵਿੱਗ, ਰੀਜਨ ਚੇਅਰਮੇਨ ਲਾਇਨ ਕੁਲਦੀਪ ਭੂਸ਼ਣ, ਜੋਨ ਚੇਅਰਮੇਨ ਧਰਮਿੰਦਰ ਸਿੰਘ ਨੇ ਸ਼ਿਰਕਤ ਕੀਤੀ। ਕੈਂਪ ਵਿੱਚ 35 ਖੂਨਦਾਨੀਆਂ ਨੇ ਆਪਣਾ ਖੂਨਦਾਨ ਦਾਨ ਕੀਤਾ। ਜ਼ਿਲ੍ਹਾ ਗਵਰਨਰ ਲਾਇਨ ਵੀ. ਐਮ. ਗੋਇਲ ਨੇ ਚੇਅਰਮੈਨ ਹਮਿਓਂਟੀ ਲਾਇਨ ਡਾ. ਓਕਾਰ ਸਿੰਘ ਨੂੰ ਆਪਣੇ ਸਵ. ਪਿਤਾ ਗੁਰਚਰਨ ਸਿੰਘ ਦੀ ਯਾਦ ਚ ਖੂਨਦਾਨ ਕੈਂਪ ਲਗਾਉਣ ਤੇ ਵਧਾਈ ਦਿੱਤੀ ਤੇ ਕਿਹਾ ਕਿ ਡਾ. ਓਕਾਰ ਸਿੰਘ ਪਿਛਲੇ 16 ਸਾਲਾ ਤੋਂ ਬੰਗਾ 'ਚ ਆਪਣੀਆਂ ਸੇਵਾਵਾਂ ਦੇ ਰਹੇ ਹਨ। ਇਸ ਮੌਕੇ ਸੁੱਚਾ ਸਿੰਘ, ਰਾਜਿੰਦਰ ਫੰਡਵਾੜ, ਐਡਵੋਕੇਟ ਹਰਦੀਪ ਸਿੰਘ, ਐਡਵੋਕੇਟ ਕਮਲਜੀਤ ਸਿੰਘ, ਹਰਦੇਵ ਸਿੰਘ ਬੇਦੀ, ਡਾ. ਬਲਵੀਰ ਵਸ਼ਿਸਟ, ਗਗਨਦੀਪ ਸਿੰਘ, ਜਸਵੀਰ ਰੁਹੇਲਾ, ਸਤਪਾਲ ਮੰਡੇਰ, ਚਰਨਜੀਤ, ਬਲਜਿੰਦਰ ਬਿੱਲਾ, ਕੁਲਦੀਪ ਬੰਗਾ ਆਦਿ ਹਾਜ਼ਰ ਸਨ।

# 18ਵਾਂ ਸਾਲਾਨਾ ਜਗਰਾਤਾ ਕਰਵਾਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਕਿਸ਼ਨਗੜ੍ਹ ਵਿਖੇ ਜਾਗਰਨ ਕਮੇਟੀ ਅਤੇ ਸਮੂਹ ਨਗਰ



ਨਿਵਾਸੀਆਂ ਦੇ ਸਹਿਯੋਗ ਨਾਲ ਸਾਲਾਨਾ ਜਗਰਾਤਾ ਬੜੀ ਸ਼ਰਧਾ ਪੂਰਵਕ ਕਰਵਾਇਆ ਗਿਆ। ਇਸ ਮੌਕੇ ਪੰਜਾਬੀ ਗਾਇਕ ਕੁਲਵਿੰਦਰ ਕਿੰਦਾ, ਮਨੀ ਬਾਂਸਲ ਅਤੇ ਮਹੰਤ ਧਮਾਕਾ ਨੇ ਮਾਤਾ ਦੀਆਂ ਭੇਟਾਂ ਦਾ ਗੁਣਗਾਨ ਕੀਤਾ! ਇਸ ਮੌਕੇ ਸਾਈ ਦੀਪਿਕਾ ਅਲਾਵਲਪੁਰ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ ਸਨ। ਸੋਨੂੰ ਚੋਪੜਾ, ਸਰਪੰਚ ਗੁਰਬਖਸ਼ ਸਿੰਘ ਸਵਾਮੀ,ਪੰਚ ਅਮਨਦੀਪ ਹਨੀ, ਪੰਚ ਨਰਿੰਦਰ ਸਿੰਘ ਪੰਚ ਮਲਕੀਤ ਚੰਦ ਬੱਬੀ ਫੁੱਲ, ਅਵਜਿੰਦਰ ਕੈਂਥ, ਸੋਨੂੰ ਭੋਲਾ, ਸੋਨੀ ਫੁੱਲ,ਮਨਜੀਤ ਸਿੰਘ ਢਿਲੋਂ, ਨਿਖਿਲ, ਸਮੀਰ ਗਾਂਧੀ, ਅਮਰੀਕ, ਰਾਹੁਲ ਗਾਂਧੀ, ਹੈਪੀ ਢਿਲੋਂ, ਭਜਨਾਂ,ਨੰਬਰਦਾਰ ਬਹਾਦਰ ਚੰਦ, ਪਰਦੀਪ ਗਿੱਲ, , ਪਰਮਜੀਤ ਕੰਬੋਜ ਆਦਿ ਹਾਜ਼ਰ ਸਨ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ। ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਸੀ।

# ਪ੍ਰਕਾਸ਼ ਪੁਰਬ ਤੇ ਇਤਿਹਾਸਕ ਅਸਥਾਨ ਸ਼ੇਖ ਫਰੀਦ ਬੋਹਣ ਤੋਂ ਨਗਰ ਕੀਰਤਨ ਸਜਾਇਆ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**

ਪਹਿਲੀ ਪਾਤਿਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਵਿਚ ਮਹਾਨ ਇਤਿਹਾਸਕ ਅਸਥਾਨ ਗੁਰਦੁਆਰਾ ਸਾਹਿਬ ਬਾਬਾ ਸੇਖ ਫਰੀਦ ਜੀ ਬੋਹਣ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ



ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਵਿਚ ਰਾਗੀ ਜਥੇ ਭਾਈ ਜਸਵੰਤ ਸਿੰਘ ਭੀਖੋਵਾਲ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਦਸ਼ਮੇਸ਼ ਗਤਕਾ ਦਲ ਦੇ ਜਥੇ ਦੇ ਸਿੰਘਾਂ ਵੱਲੋਂ ਗਤਕੇ ਦੇ ਜੌਹਰ ਦਿਖਾਕੇ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਸ਼ਹਿਰ ਦੀ ਪਰਿਕ੍ਰਮਾ ਕਰਕੇ ਵੱਖ ਵੱਖ ਪੜਾਵਾਂ ਤੋਂ ਹੋ ਕੇ ਡੇਰਾ 108 ਸੰਤ ਬਾਬਾ ਸੀਤਲ ਦਾਸ ਬੋਹਣ ਵਿਖੇ ਪਹੁੰਚਿਆ , ਜਿਥੇ ਮੌਜੂਦਾ ਗੱਦੀ ਨਸ਼ੀਨ ਸੰਤ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੀ ਅਗਵਾਈ ਹੇਠ ਭਾਰੀ ਗਿਣਤੀ ਵਿੱਚ ਹਾਜ਼ਰ ਸੰਗਤਾਂ ਵੱਲੋਂ ਫ਼ੁੱਲਾਂ ਦੀ ਵਰਖਾ ਕਰਕੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ। ਡੇਰੇ ਦੇ ਸੇਵਾਦਾਰ ਗਿਆਨੀ ਲਵਪ੍ਰੀਤ, ਗਿਆਨੀ ਰਵਿੰਦਰ ਸਿੰਘ ਵਲੋਂ ਰਮਾਲਾ ਸਾਹਿਬ ਭੇਟ ਕਰਕੇ ਤੇ ਸਿਰਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਬਾਬਾ ਸ਼ੇਖ ਫਰੀਦ ਜੀ ਦੇ ਹੈੱਡ ਗ੍ਰੰਥੀ ਬਾਬਾ ਤਰਲੋਕ ਸਿੰਘ, ਗੁਰਚਰਨ ਸਿੰਘ ਸਰਪੰਚ, ਸਰੂਪ ਸਿੰਘ, ਰਣਵੀਰ ਸਿੰਘ, ਗੁਰਮੀਤ ਸਿੰਘ, ਸੁਰਿੰਦਰ ਸਿੰਘ, ਲਹਿੰਬਰ ਸਿੰਘ,ਗਿਆਨੀ ਦਲਜੀਤ ਸਿੰਘ, ਹਰਜੀਤ ਸਿੰਘ, ਪਰਮਜੀਤ ਸਿੰਘ, ਕੁਲਜੀਤ ਸਿੰਘ, ਗੁਰਚਰਨ ਸਿੰਘ, ਅਵਤਾਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਕੀਰਤਨ ਦਰਬਾਰ 10 ਨੂੰ

**ਆਦਮਪੁਰ (ਪਰਮਜੀਤ ਸਿੰਘ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 15 ਵਾਂ ਮਹਾਨ ਕੀਰਤਨ ਦਰਬਾਰ 10 ਨਵੰਬਰ ਨੂੰ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਐਨ ਆਰ ਆਈ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਸਮਾਗਮ ਸੰਬੰਧੀ ਪੋਸਟਰ ਰਿਲੀਜ਼ ਕਰਦੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਤੇ ਕਮੇਟੀ ਪ੍ਰਧਾਨ ਹਰਬੰਸ ਸਿੰਘ ਨੰਬਰਦਾਰ ਨੇ ਦੱਸਿਆ ਕਿ ਆਦਮਪੁਰ ਤੋਂ ਭੋਗਪੁਰ ਰੋਡ 'ਤੇ ਸਥਿਤ ਗੁਰਦੁਆਰਾ ਬਾਬਾ ਟਾਹਲੀ ਸਾਹਿਬ ਪਿੰਡ ਖਸਕੀਪੁਰ ਨੰਗਲ ਸਲਾਲਾ ਵਿੱਚ ਸ਼ਾਮ 6 ਵਜੇ ਤੋਂ ਰਾਤ 11 ਵਜੇ ਤੱਕ ਕੀਰਤਨ ਦਰਬਾਰ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਭਾਈ ਸਾਹਿਬ ਭਾਈ ਰਣਜੀਤ ਸਿੰਘ (ਢੰਡਰੀਆਂ ਵਾਲੇ) ਗੁਰਬਾਣੀ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕਰਨਗੇ। ਇਸ ਮੌਕੇ ਹਰਬੰਸ ਸਿੰਘ ਨੰਬਰਦਾਰ, ਜਗਜੀਤ ਸਿੰਘ ਯੂ ਐਸ ਏ, ਕੇਵਲ ਸਿੰਘ ਸਾਬਕਾ ਸਰਪੰਚ,ਅਮਨਦੀਪ ਸਿੰਘ, ਇੰਦਰਜੀਤ ਸਿੰਘ ਨੰਬਰਦਾਰ, ਸਾਧੂ ਸਿੰਘ, ਮਹਿੰਗਾ ਸਿੰਘ, ਗੁਰਜੀਤ ਸਿੰਘ, ਜਸਵੀਰ ਸਿੰਘ ਹੈਡ ਗ੍ਰੰਥੀ, ਜਗਵਿੰਦਰ ਸਿੰਘ ਸਿਧੂ, ਰਾਜਿੰਦਰ ਸਿੰਘ, ਹਰਜੀਤ ਸਿੰਘ ਆਦਿ ਹਾਜ਼ਰ ਸਨ।

# 14ਵਾਂ ਖੂਨਦਾਨ ਕੈਂਪ ਲਗਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਇੱਥੋਂ ਨਜ਼ਦੀਕ ਪ੍ਰਸਿੱਧ ਪਿੰਡ ਬਰਨਾਲਾ ਕਲਾਂ ਵਿਖੇ ਭਗਤ ਪੂਰਨ ਸਿੰਘ ਲੋਕ ਸੇਵਾ ਟਰਸੱਟ ਵਲੋਂ ਗੁਰਦਵਾਰਾ ਸਾਧ ਸੰਗਤ ਵਿਖੇ 14ਵਾਂ ਸਲਾਨਾ ਖੂਨਦਾਨ ਕੈਂਪ ਆਯੋਜਿਤ ਕੀਤਾ ਗਿਆ। ਕੈਂਪ ਦਾ ਉਦਘਾਟਨ ਟਰਸੱਟ ਦੇ ਚੇਅਰਮੈਨ ਹਰਪ੍ਰਭਮਹਿਲ ਸਿੰਘ




ਵਲੋਂ ਖੁਦ ਖੂਨਦਾਨ ਕਰਕੇ ਕੀਤਾ ਗਿਆ। ਬੀ ਡੀ ਸੀ ਬਲੱਡ ਸੈਂਟਰ ਨਵਾਂਸ਼ਹਿਰ ਦੀ ਤਕਨੀਕੀ ਟੀਮ ਨੇ ਡਾਕਟਰ ਅਜੇ ਬੱਗਾ ਦੀ ਅਗਵਾਈ ਵਿੱਚ ਸਵੈ-ਇੱਛੁਕ ਖੂਨਦਾਨੀਆਂ ਤੋਂ ਖੂਨ ਦੇ 40 ਯੂਨਿਟ ਪ੍ਰਾਪਤ ਕੀਤੇ । ਖੂਨਦਾਨੀਆਂ ਨੂੰ ਸਨਮਾਨਤ ਕਰਨ ਤੇ ਸਰਟੀਫਿਕੇਟ ਭੇਟ ਕਰਨ ਦੀ ਰਸਮ ਟਰੱਸਟ ਦੇ ਮੈਂਬਰਾਂ ਵਲੋਂ ਨਿਭਾਈ ਗਈ। ਵਲੰਟੀਅਰ ਮਹਿਲਾਵਾਂ ਨੂੰ ਆਪਣੀ ਤਰਫੋਂ ਜੀ ਐਸ ਤੂਰ ਨੇ ਵਿਸ਼ੇਸ਼ ਸਨਮਾਨ ਚਿੰਨ ਭੇਟ ਕੀਤੇ। ਇਸ ਮੌਕੇ ਹਰਪ੍ਰਭਮਹਿਲ ਸਿੰਘ ਨੇ ਦੱਸਿਆ ਕਿ ਟਰਸੱਟ ਨੇ ਭਗਤ ਪੂਰਨ ਸਿੰਘ ਵਲੋਂ ਵਿਖਾਏ ਮਾਰਗ ਦਰਸ਼ਨ ਤੇ ਚੱਲਦਿਆਂ ਲੋਕ ਭਲਾਈ ਦੇ ਬਹੁਤ ਸਾਰੇ ਪ੍ਰੋਜੈਕਟਾਂ ਤੇ ਕੰਮ ਜਾਰੀ ਰੱਖਿਆ ਹੋਇਆ ਹੈ। ਜਿਸ ਵਿੱਚ ਖੂਨਦਾਨ ਕੈਂਪਾਂ ਤੋਂ ਇਲਾਵਾ ਅੱਖਾਂ ਦੇ ਮੁਫਤ ਕੈਂਪ, ਸਿਲਾਈ ਟ੍ਰੇਨਿੰਗ ਕੋਰਸ, ਪਿੰਡ ਨੂੰ ਸੜਕ ਸੁਰਖਿੱਆ ਜਾਗਰੂਕਤਾ ਵਾਸਤੇ ਰੋਲ ਮਾਡਲ ਬਣਾਉਣਾ, ਵਾਤਾਵਰਣ ਨੂੰ ਸ਼ੁੱਧ ਕਰਨ ਦੇ ਯਤਨਾਂ ਵਜੋਂ ਬੂਟੇ ਲਗਾਉਣੇ ਤੇ ਵੰਡਣੇ , ਲੋੜਵੰਦਾਂ ਦੀ ਮਦੱਦ ਦੀ ਪਹਿਚਾਣ ਅਤੇ ਮਦੱਦ ਆਦਿ ਪ੍ਰਮੁੱਖ ਹਨ। ਕੈਂਪ ਵਿੱਚ ਹਰਪ੍ਰਭਮਹਿਲ ਸਿੰਘ, ਜੀ ਐਸ ਤੂਰ, ਜੇ ਐਸ ਗਿੱਦਾ, ਡਾ.ਅਜੇ ਬੱਗਾ, ਸੁੱਖਰਾਜ ਸਿੰਘ ਤੂਰ, ਚੈਨ ਸਿੰਘ, ਮਹਿੰਦਰ ਸਿੰਘ ਦੁਆਬਾ ਮਾਰਬਲ, ਮਨਜੀਤ ਸਿੰਘ, ਸਤਸਰੂਪ ਸਿੰਘ, ਸੁੱਚਾ ਸਿੰਘ, ਅਵਤਾਰ ਸਿੰਘ, ਗੁਰਜੋਤ ਸਿੰਘ, ਭਾਈ ਜਸਪਾਲ ਸਿੰਘ, ਸੁੱਚਾ ਸਿੰਘ ਅਤੇ ਸੰਗਤਾਂ ਹਾਜ਼ਰ ਸਨ। ਇਸ ਦੌਰਾਨ ਗੁਰੂ ਦੇ ਅਤੁੱਟ ਲੰਗਰਾਂ ਦੀ ਸੇਵਾ ਵੀ ਜਾਰੀ ਰਹੀ।

# ਰਾਜਾ ਵੜਿੰਗ ਦੀ ਦਲਿਤਾਂ ਪ੍ਰਤੀ ਘਟੀਆ ਸੋਚ ਦਾ ਪ੍ਰਗਟਾਵਾ ਅਤਿ ਨਿੰਦਣਯੋਗ : ਟੀਨੂੰ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਹਲਕਾ ਆਦਮਪੁਰ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਦੇ ਪ੍ਰਧਾਨ ਤੇ ਪਾਰਲੀਮੈਂਟ ਮੈਂਬਰ ਰਾਜਾ ਵੜਿੰਗ ਨੇ ਇੱਕ ਰੈਲੀ ਦੌਰਾਨ ਬੋਲਦੇ ਹੋਏ ਜੋ ਸਾਬਕਾ ਗ੍ਰਹਿ ਮੰਤਰੀ ਬੂਟਾ ਸਿੰਘ ਦੀ ਜਾਤ, ਰੰਗ ਅਤੇ ਦਲਿਤ ਹੋਣ ਤੇ ਸ਼ਬਦਾਂ ਦਾ ਪ੍ਰਗਟਾਵਾ ਕੀਤਾ ਹੈ, ਉਹ ਅਤਿ ਨਿੰਦਣ ਯੋਗ ਹੈ। ਇਸ ਨਾਲ ਦਲਿਤ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਗਹਿਰੀ ਸੱਟ ਵੱਜੀ ਹੈ। ਉਨ੍ਹਾਂ ਨੇ ਰਾਜਾ ਵੜਿੰਗ ਨੂੰ ਸੰਬੋਧਿਤ ਹੁੰਦੇ ਹੋਏ ਕਿਹਾ ਕਿ ਬੂਟਾ ਸਿੰਘ ਨੇ ਹਾਇਰ ਅਜੁਕੇਸ਼ਨ ਸਮੇਤ ਪੀ ਐਚ ਡੀ ਦੀ ਡਿਗਰੀ ਪ੍ਰਾਪਤ ਕੀਤੀ ਹੋਈ ਸੀ ਤੇ ਉਹ ਅੱਠ ਵਾਰ ਮੈਬਰ ਪਾਰਲੀਮੈਂਟ ਰਹੇ ਹਨ।

# ਰੇਲ ਗੱਡੀ 'ਚੋਂ ਡਿੱਗਣ ਕਾਰਨ ਯਾਤਰੀ ਦੀ ਮੌਤ

**ਫਿਲੌਰ, (ਨਿਰਮਲ)**-ਰੇਲਵੇ ਸਟੇਸ਼ਨ ਗੁਰਾਇਆ ਨਜ਼ਦੀਕ ਰੇਲਵੇ ਲਾਈਨ ਤੋਂ ਇੱਕ



ਅਣਪਛਾਤੇ ਨੌਜਵਾਨ ਦੀ ਲਾਸ਼ ਮਿਲੀ ਹੈ। ਚੌਕੀ ਇੰਚਾਰਜ ਏ ਐਸ ਆਈ ਹਰਮੇਸ਼ ਪਾਲ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਉਮਰ ਤਕਰੀਬਨ 28-30 ਸਾਲ, ਜਿਸ ਦੀਆਂ ਦਾੜ੍ਹੀ ਮੁੱਛਾਂ ਕੁਤਰੀਆ, ਜਿਸ ਨੇ ਕਾਲੀ ਅਤੇ ਸੰਤਰੀ ਰੰਗ ਦੀਆਂ ਦੋ ਟੀ ਸਰਟਾ ਪਾਈਆਂ ਹਨ, ਨੀਲੀ ਜੀਨ ਦੀ ਪੈਂਟ ਅਤੇ ਉਸ ਦੀ ਸੱਜੀ ਬਾਂਹ ਤੇ ਐਸ ਪੀ ਲਿਖਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਇਸ ਨੌਜਵਾਨ ਦੀ ਮੌਤ ਕਿਸੇ ਗੱਡੀ 'ਚੋ ਡਿੱਗਣ ਨਾਲ ਹੋਈ ਲੱਗਦੀ ਹੈ। ਜਿਸ ਦੀ ਲਾਸ਼ ਸ਼ਨਾਖਤ ਲਈ ਸਿਵਲ ਹਸਪਤਾਲ ਫਿਲੌਰ ਵਿਖੇ 72 ਘੰਟੇ ਲਈ ਰੱਖ ਕੇ ਵਾਰਸਾ ਦੀ ਭਾਲ ਕੀਤੀ ਜਾ ਰਹੀ ਹੈ।

## ਕੇਂਦਰੀ ਏਜੰਸੀਆਂ ਦੇ ਹੱਥਾਂ 'ਚ ਖੇਡਣ ਵਾਲਿਆਂ ਨੂੰ ਮੂੰਹ ਦੀ ਖਾਣੀ ਪਈ : ਹਨੀ ਫੱਤਣਵਾਲਾ

### *ਪੰਜਵੀਂ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬਣੇ ਹਰਜਿੰਦਰ ਸਿੰਘ ਧਾਮੀ*



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਲਗਾਤਾਰ ਪੰਜਵੀਂ ਵਾਰ ਸ਼੍ਰੋਮਣੀ ਕਮੇਟੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਚੋਣ ਕੇਂਦਰੀ ਤਾਕਤਾਂ ਤੇ ਖਾਲਸਾ ਪੰਥ ਦੀ ਜਿੱਤ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕਿਹਾ ਕਿ ਕੇਂਦਰੀ ਏਜੰਸੀਆਂ ਨਾਲ ਜੁੜੇ ਆਗੂਆਂ ਨੇ ਆਪਣੇ ਸਹਿਯੋਗੀਆਂ ਰਾਹੀਂ ਐੱਸ ਜੀ ਪੀ ਸੀ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ।ਹਨੀ ਫੱਤਣਵਾਲਾ ਨੇ ਕਿਹਾ ਕਿ ਮੈਂ ਐੱਸ ਜੀ ਪੀ ਸੀ ਦੇ ਮੈਂਬਰਾਂ ਨੂੰ ਵਧਾਈ ਦਿੰਦਾ ਹਾਂ, ਜਿਨ੍ਹਾਂ ਨੇ ਇਸ ਸਾਜ਼ਿਸ਼ ਨੂੰ ਨਾਕਾਮ ਕੀਤਾ ਤੇ ਧਾਮੀ ਦੀ ਇਤਿਹਾਸਿਕ ਜਿੱਤ ਨੂੰ ਯਕੀਨੀ ਬਣਾਇਆ। ਹਨੀ ਫੱਤਣਵਾਲਾ ਨੇ ਧਾਮੀ, ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਸਮੁੱਚੇ ਸਿੱਖ ਜਗਤ ਨੂੰ ਇਸ ਵੱਡੀ ਇਤਿਹਾਸਿਕ ਜਿੱਤ ਲਈ ਵਧਾਈ ਦਿੱਤੀ ਤੇ ਨਾਲ ਹੀ ਜਿਹੜੇ ਹੋਰ ਧੜੇ ਸਿੱਖ ਪੰਥ ਨੂੰ ਨੀਵਾਂ ਦਿਖਾਉਣ ਲਈ ਵਿਰੋਧੀਆਂ ਦੇ ਹੱਥਾਂ ਵਿੱਚ ਖੇਡ ਰਹੇ ਹਨ। ਉਨ੍ਹਾਂ ਨੂੰ ਵੀ ਅਪੀਲ ਕੀਤੀ ਕਿ ਪੰਥ ਦੇ ਇਕੋ ਝੰਡੇ ਹੇਠ ਇਕੱਠੇ ਹੋ ਕੇ ਸਿੱਖ ਕੌਮ ਤੇ ਸਿੱਖ ਪੰਥ ਦੀ ਚੜ੍ਹਦੀ ਕਲਾਂ ਲਈ ਸੇਵਾ ਕਰੀਏ।

## ਗੁਰੂ ਨਾਨਕ ਦੇਵ ਜੀ ਨੇ ਉਦਾਸੀਆਂ ਕਰਕੇ ਸੱਚ ਦੇ ਰਾਹ ਚੱਲਣ ਦਾ ਸੰਦੇਸ਼ ਦਿੱਤਾ : ਲਾਲ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਾਬਕਾ ਸੀਨੀਅਰ ਕੈਬਨਿਟ ਮੰਤਰੀ ਲਾਲ ਸਿੰਘ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਦੀ ਸਮੁੱਚੇ ਜਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਨਾਨਕ ਸਾਹਿਬ ਮਹਾਨ ਕ੍ਰਾਂਤੀਕਾਰੀ, ਦਾਰਸ਼ਨਿਕ ਰਹਿਬਰ ਹੋਏ ਹਨ, ਜਿਨ੍ਹਾਂ ਨੇ ਆਪਣੇ ਜੀਵਨ ਵਿੱਚ ਚਾਰ ਉਦਾਸੀਆਂ ਕਰਕੇ ਮਨੁੱਖ ਨੂੰ ਸੱਚ ਦੇ ਰਾਹ ਤੇ ਚੱਲਣ ਲਈ ਪ੍ਰੇਰਿਤ ਕੀਤਾ।ਲਾਲ ਸਿੰਘ ਗੁਰਪੁਰਬ ਮਨਾਉਣ ਲਈ ਆਪਣੇ ਪਿੰਡ ਅਸਰਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਏ, ਜਿੱਥੇ ਪਿੰਡ ਦੀ ਸੰਗਤ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਦਮਦਰ ਸਿੰਘ ਤੇ ਹੋਰ ਕਈ ਪਿੰਡ ਵਾਸੀ ਹਾਜ਼ਰ ਸਨ। ਲਾਲ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਵਿੱਚ ਚਾਰ ਉਦਾਸੀਆਂ ਕਰਕੇ ਸਮੁੱਚੀ ਮਾਨਵਤਾ ਨੂੰ ਸੱਚ ਦੇ ਰਾਹ ਦੇ ਪਾਂਧੀ ਬਣਾ ਕੇ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ ਬਰਾਬਰਤਾ ਤੇ ਸਾਂਝੀਵਾਲਤਾ ਦਾ ਉਪਦੇਸ਼ ਦਿੱਤਾ, ਉੱਥੇ ਹੀ ਜਾਤ-ਪਾਤ ਦੇ ਕੋਹੜ ਵਿੱਚੋਂ ਵੀ ਕੱਢਿਆ।ਉਨ੍ਹਾਂ ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ ਦਾ ਸੰਦੇਸ਼ ਦਿੱਤਾ।

## ਗਲੋਬਲ ਸਕੂਲ 'ਚ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ ਐਜੂਕੇਸ਼ਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿੱਚ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਕੀਤੀ ਗਈ।ਸਭਾ ਦੀ ਸ਼ੁਰੂਆਤ ਪ੍ਰਭਾਤ ਫੇਰੀ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਸ਼ਰਧਾ ਨਾਲ ਸ਼ਾਮਿਲ ਹੋ ਕੇ ਜੈਕਾਰਿਆਂ ਨਾਲ ਸਾਰੇ ਵਾਤਾਵਰਣ ਨੂੰ ਅਧਿਆਤਮਿਕ ਰੰਗ ਵਿੱਚ ਰੰਗ ਦਿੱਤਾ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਸ਼ਬਦ-ਕੀਰਤਨ ਪ੍ਰਸਤੁਤ ਕੀਤਾ ਗਿਆ, ਜਿਸ ਰਾਹੀਂ ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਸੁਰਾਂ ਵਿੱਚ ਪਰੋਇਆ।ਸਕੂਲ ਦੇ ਬੱਚਿਆਂ ਨੇ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਤੇ ਮਨੁੱਖਤਾ ਦੇ ਸੰਦੇਸ਼ਾਂ ਉੱਤੇ ਅਧਾਰਤ ਇਕ ਪ੍ਰੇਰਣਾਦਾਇਕ ਪ੍ਰਸਤੁਤੀ ਵੀ ਦਿੱਤੀ, ਜਿਸ ਨੇ ਸਭ ਦੇ ਹਿਰਦੇ ਨੂੰ ਛੂਹ ਲਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਕਮਲੇਸ਼ ਸਰਾਫ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤਾ ਗਿਆ ਸਮਾਨਤਾ, ਸੱਚਾਈ ਤੇ ਕਰੁਣਾ ਦਾ ਸੰਦੇਸ਼ ਅੱਜ ਵੀ ਸਮਾਜ ਲਈ ਪ੍ਰੇਰਣਾਸਰੋਤ ਹੈ।ਉਨ੍ਹਾਂ ਕਿਹਾ ਕਿ ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ।ਪ੍ਰਾਰਥਨਾ ਸਭਾ ਦੀ ਸਮਾਪਤੀ ਗੁਰਬਾਣੀ ਸ਼ਬਦ ਨਾਲ ਕੀਤੀ ਗਈ।ਅੰਤ ਵਿੱਚ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਦਾ ਪਾਲਣ ਕਰਦਿਆਂ ਜੀਵਨ ਵਿੱਚ ਸਦਭਾਵਨਾ, ਸੇਵਾ ਤੇ ਸੱਚ ਦੇ ਰਾਹ 'ਤੇ ਚੱਲਣ ਦਾ ਸੰਦੇਸ਼ ਦਿੱਤਾ ਗਿਆ।

## ਅੰਤਰ ਜ਼ਿਲ੍ਹਾ ਐਥਲੈਟਿਕਸ 'ਚ ਹੋਲੀ ਹਾਰਟ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਵਿਛੜਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਹੋਲੀ ਹਾਰਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛਾਜਲੀ ਨੇ 69ਵੀਆਂ ਪੰਜਾਬ ਸਕੂਲ ਖੇਡਾਂ ਅੰਤਰ ਜ਼ਿਲ੍ਹਾ ਐਥਲੈਟਿਕਸ ਮੁਕਾਬਲੇ, ਜੋ ਜ਼ਿਲ੍ਹਾ ਲੁਧਿਆਣਾ ਵਿਖੇ ਹੋਏ। ਇਨ੍ਹਾਂ ਮੁਕਾਬਲਿਆਂ ਵਿੱਚ ਅੰਡਰ-19 ਸਾਲ ਉਮਰ ਵਰਗ ਵਿੱਚ ਹੋਲੀ ਹਾਰਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛਾਜਲੀ ਦੇ ਵਿਦਿਆਰਥੀ ਗੁਰਵਿੰਦਰ ਸਿੰਘ ਪੁੱਤਰ ਬਾਦਲ ਸਿੰਘ ਛਾਜਲਾ ਨੇ 400 ਮੀ. ਦੌੜ, 4×100 ਮੀ. ਰਿਲੇਅ ਦੌੜ, 4×400 ਮੀ. ਰਿਲੇਅ ਦੌੜ ਵਿੱਚ ਭਾਗ ਲਿਆ।ਗੁਰਵਿੰਦਰ ਸਿੰਘ ਨੇ 4×400 ਮੀ. ਰਿਲੇਅ ਦੌੜ ਵਿੱਚ ਸਿਲਵਰ ਮੈਡਲ, 4×100 ਮੀ. ਰਿਲੇਅ ਦੌੜ ਵਿੱਚ ਬ੍ਰਾਊਨ ਮੈਡਲ ਜਿੱਤਿਆ ਤੇ 400 ਮੀ. ਦੌੜ ਵਿੱਚ ਚੌਥਾ ਸਥਾਨ ਪ੍ਰਾਪਤ ਕਰਕੇ ਸਕੂਲ ਤੇ ਮਾਪਿਆ ਦਾ ਨਾਂ ਰੋਸ਼ਨ ਕੀਤਾ।ਸਕੂਲ ਦੇ ਚੇਅਰਮੈਨ ਮਨਦੀਪ ਚੱਠਾ ਤੇ ਡਾਇਰੈਕਟਰ ਸ. ਅਮ੍ਰਿਤਪਾਲ ਚੱਠਾ ਨੇ ਗੁਰਵਿੰਦਰ ਸਿੰਘ ਨੂੰ ਸਕੂਲ ਆਉਣ 'ਤੇ ਸਨਮਾਨਤ ਕੀਤਾ ਅਤੇ ਅਗੇ ਹੋਰ ਵੱਧ ਚੜ੍ਹ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਸਮੇਂ ਮੈਡਮ ਕਾਮਨੀ ਸਿੰਗਲਾ, ਲਖਵਿੰਦਰ ਸਿੰਘ, ਮਨਦੀਪ ਸਿੰਘ ਡੀ.ਪੀ.ਈ, ਹਰਵਿੰਦਰ ਸਿੰਘ ਡੀ.ਪੀ.ਈ, ਲਖਵਿੰਦਰ ਸਿੰਘ ਡੀ.ਪੀ.ਈ. ਵੀ ਹਾਜ਼ਰ ਸਨ।

## ਸਪਰਿੰਗ ਫੀਲਡ ਕਾਨਵੈਂਟ ਸਕੂਲ 'ਚ ਗੁਰਪੁਰਬ ਧੂਮ-ਧਾਮ ਨਾਲ ਮਨਾਇਆ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਦਿਹਾੜੇ ਉੱਪਰ ਗੁਰਪੁਰਬ ਬੜੀ ਧੂਮ-ਧਾਮ ਨਾਲ ਮਨਾਇਆ।ਬੱਚਿਆਂ ਨੇ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਸਬੰਧੀ ਸ਼ਬਦ ਗਾਇਨ ਕੀਤੇ ਤੇ ਸਟੇਜ ਉੱਪਰ ਬੱਚਿਆਂ ਨੇ ਧਾਰਮਿਕ ਗੀਤ ਗਾਏ ਅਤੇ ਗੁਰੂ ਸਾਹਿਬਾਨ ਪ੍ਰਤੀ ਸ਼ਰਧਾ ਅਰਪਨ ਕੀਤੀ।ਸਕੂਲ ਚੇਅਰਮੈਨ ਨਰ ਸਿੰਘ ਬਰਾੜ ਨੇ ਦੱਸਿਆ ਕਿ ਗੁਰੂ ਸਾਹਿਬ ਲੋਕਾਂ ਨੂੰ ਇੱਕ ਵਿਗਿਆਨਕ ਪੱਧਰ ਦਾ ਗਿਆਨ ਦੇਣ ਆਏ ਸਨ, ਜਿਨ੍ਹਾਂ ਨੇ ਉਸ ਸਮੇਂ ਦੇ ਵਹਿਮਾਂ ਭਰਮਾਂ ਵਿੱਚ ਫਸੇ ਲੋਕਾਂ ਨੂੰ ਇਮਾਨਦਾਰੀ ਵਾਲਾ ਜੀਵਨ ਬਤੀਤ ਕਰਨ ਉੱਪਰ ਜ਼ੋਰ ਦਿੱਤਾ ਤੇ ਸਭ ਜਾਤਾਂ ਦੇ ਲੋਕਾਂ ਨੂੰ ਆਪਸੀ ਭਾਈਚਾਰਕ ਸਾਂਝ ਰੱਖਣ ਤੇ ਵੰਡ ਕੇ ਛਕਣਾ ਦਾ ਉਪਦੇਸ਼ ਦਿੱਤਾ।ਸੱਚ ਦਾ ਮਾਰਗ ਹੀ ਇਨਸਾਨ ਦਾ ਮਿਸ਼ਨ ਹੋਣਾ ਚਾਹੀਦਾ ਹੈ।ਆਪ ਜੀ ਨੇ ਉਸ ਸਮੇਂ ਦੇ ਧਾਰਮਿਕ ਆਗੂਆਂ ਤੇ ਰਾਜਿਆਂ ਖਿਲਾਫ ਬੜੀ ਦਲੇਰੀ ਨਾਲ ਵਿਰੋਧ ਕੀਤਾ ਤੇ ਉਨ੍ਹਾਂ ਨੂੰ ਲੋਕਾਂ ਵਾਸਤੇ ਸਹੀ ਨਿਆਂ ਦੇਣ ਦੀ ਅਪੀਲ ਕੀਤੀ।ਆਪ ਨੇ ਊਚ-ਨੀਚ ਜਾਤ-ਪਾਤ ਦਾ ਖੰਡਨ ਕੀਤਾ।ਇਸ ਪ੍ਰੋਗਰਾਮ ਨੂੰ ਕੋਆਰਡੀਨੇਟਰ ਮੈਡਮ ਅਨੁਪਮ ਸ਼ਰਮਾ ਤੇ ਮਿਊਜ਼ਿਕ ਟੀਚਰ ਅਵਤਾਰ ਸਿੰਘ ਨੇ ਵਧੀਆ ਢੰਗ ਨਾਲ ਤਿਆਰ ਕਰਵਾਇਆ।ਪ੍ਰਿੰਸੀਪਲ ਬਾਜ਼ੂ ਵਿਜੇ ਨੇ ਇਸ ਪਵਿੱਤਰ ਦਿਹਾੜੇ ਦੀ ਸਭ ਨੂੰ ਵਧਾਈ ਦਿੱਤੀ।

# ਰਾਜਾ ਵੜਿੰਗ ਦੀ ਐੱਸ ਸੀ/ਐੱਸ ਟੀ ਐਕਟ ਤਹਿਤ ਹੋਵੇ ਗ੍ਰਿਫਤਾਰੀ : ਸਮਾਓਂ

**ਵੱਖ-ਵੱਖ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ, ਵੜਿੰਗ ਦਾ ਫੂਕਿਆ ਪੁਤਲਾ**




**ਮਾਨਸਾ (ਆਤਮਾ ਸਿੰਘ ਪਮਾਰ)**-ਕਾਂਗਰਸ ਪਾਰਟੀ ਦੇ ਸੂਬਾਈ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਦੇਸ਼ ਦੇ ਸਾਬਕਾ ਗ੍ਰਹਿ ਮੰਤਰੀ ਬੂਟਾ ਸਿੰਘ ਦੀ ਸ਼ਾਨ ਖ਼ਿਲਾਫ਼ ਬੋਲੇ ਅਪਮਾਨਜਨਕ ਸ਼ਬਦਾਂ ਨਾਲ ਸਮੁੱਚੇ ਦਲਿਤ ਸਮਾਜ ਦਾ ਅਪਮਾਨ ਹੋਇਆ ਹੈ, ਜੋ ਕਿ ਮੁਆਫੀ ਯੋਗ ਨਹੀਂ, ਜਿਸ ਨੂੰ ਦਲਿਤ ਸਮਾਜ ਹਰਗਿਜ਼ ਬਰਦਾਸ਼ਤ ਨਹੀਂ ਕਰੇਗਾ।ਐੱਸ ਸੀ/ਐੱਸ ਟੀ ਐਕਟ ਤਹਿਤ ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਪਰਚਾ ਦਰਜ ਹੋਣ ਤੋਂ ਬਾਅਦ ਵੜਿੰਗ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਠੀਕਰੀਵਾਲਾ ਚੌਕ ਵਿਖੇ ਦਲਿਤ ਜਥੇਬੰਦੀਆਂ ਵੱਲੋਂ ਰੋਸ ਵਜੋਂ ਵੜਿੰਗ ਦਾ ਪੁਤਲਾ ਫੂਕਣ ਸਮੇਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ, ਬਹੁਜਨ ਮੁਕਤੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਮਾਨਸਾ, ਸਫ਼ਾਈ ਵਰਕਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ, ਭੀਮ ਆਰਮੀ ਦੇ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਗੁਰੂ, ਭਾਰਤ ਮੁਕਤੀ ਮੋਰਚਾ ਦੇ ਸੂਬਾ ਪ੍ਰਧਾਨ ਦਲਵਿੰਦਰ ਸਿੰਘ ਮਾਨਸਾ, ਵੱਲੋਂ ਕੀਤਾ ਗਿਆ।ਆਗੂਆਂ ਨੇ ਕਿਹਾ ਕਿ ਦੇਸ਼ ਦੇ ਸਾਬਕਾ ਗ੍ਰਹਿ ਮੰਤਰੀ ਬੂਟਾ ਸਿੰਘ ਦੀਆਂ ਡਿਗਰੀਆਂ ਤੇ ਕਾਬਲੀਅਤ ਬਾਰੇ ਸਭ ਗਿਆਨ ਹੋਣ ਦੇ ਬਾਵਜੂਦ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨੇ ਗ੍ਰਹਿ ਮੰਤਰੀ ਬਾਰੇ ਬੋਲੇ ਸ਼ਬਦਾਂ ਨਾਲ ਦਲਿਤਾਂ ਪ੍ਰਤੀ ਆਪਣੀ ਘਟੀਆ ਸੋਚ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾ ਕਿਹਾ ਕਿ ਇਸ ਤੋਂ ਪਹਿਲਾਂ 2019 ਦੀਆਂ ਲੋਕ ਸਭਾ ਚੋਣਾਂ ਸਮੇਂ ਵੀ ਵੜਿੰਗ ਨੇ ਦਲਿਤ ਸਮਾਜ ਪ੍ਰਤੀ ਮਾੜੇ ਸ਼ਬਦਾਂ ਦਾ ਇਸਤੇਮਾਲ ਕੀਤਾ ਸੀ।ਹੁਣ ਦੂਸਰੀ ਵਾਰ ਇਸ ਮਨੂੰਵਾਦੀ ਸੋਚ ਦੇ ਮਾਲਕ ਵੜਿੰਗ ਨੇ ਫਿਰ ਦਲਿਤ ਸਮਾਜ ਦਾ ਅਪਮਾਨ ਕੀਤਾ ਹੈ, ਇਸ ਲਈ ਹੁਣ ਕਾਂਗਰਸ ਹਾਈ ਕਮਾਂਡ ਇਸ ਦਲਿਤ ਵਿਰੋਧੀ ਆਗੂ ਨੂੰ ਪ੍ਰਧਾਨਗੀ ਤੇ ਮੁੱਢਲੀ ਮੈਂਬਰਸ਼ਿਪ ਤੋਂ ਖਾਰਜ ਕਰੇ।

ਉਨ੍ਹਾਂ ਕਿਹਾ ਕਿ ਕਾਂਗਰਸ ਵਿੱਚ ਬੈਠੇ ਦਲਿਤ ਲੀਡਰਾਂ ਨੂੰ ਵੀ ਵੜਿੰਗ ਦੀ ਘਟੀਆ ਕਰਤੂਤ ਖਿਲਾਫ ਜ਼ਬਾਨ ਖੋਲ੍ਹਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਇਸ ਮਸਲੇ 'ਤੇ ਸਿਆਸੀ ਰੋਟੀਆਂ ਸੇਕਣ ਵਾਲੇ ਅਕਾਲੀ, ਭਾਜਪਾ, ਆਪ ਲੀਡਰ ਵੀ ਇੱਕੋ ਥੈਲੀ ਦੇ ਚੱਟੇ ਵੱਟੇ ਹਨ।ਦਲਿਤ ਆਗੂਆਂ ਨੇ ਕਿਹਾ ਕਿ ਐੱਸ ਸੀ ਸਮਾਜ ਦਲਿਤ ਵਿਰੋਧੀ ਕਾਂਗਰਸੀ, ਭਾਜਪਾ, ਅਕਾਲੀ, ਆਪ ਲੀਡਰਾਂ ਦਾ ਖਹਿੜਾ ਛੱਡ ਆਪਣੀ ਆਜ਼ਾਦ ਸਿਆਸੀ ਤਾਕਤ ਖੜੀ ਕਰਨ ਲਈ ਲਾਮਬੰਦੀ ਕਰਨ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਵੜਿੰਗ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਨਾ ਭੇਜਿਆ ਤਾਂ ਦਲਿਤ ਸਮਾਜ ਸੰਘਰਸ਼ ਕਰਨ ਲਈ ਮਜਬੂਰ ਹੋਵੇਗਾ।ਇਸ ਮੌਕੇ ਕਸ਼ਮੀਰ ਕੌਰ ਸਮਾਓਂ, ਅੰਬੇਡਕਰ ਰੇਹੜੀ ਯੂਨੀਅਨ ਆਜ਼ਾਦ ਦੇ ਆਗੂ ਜਰਨੈਲ ਸਿੰਘ ਮਾਨਸਾ, ਪੱਤਰਕਾਰ ਆਤਮਾ ਸਿੰਘ ਪਮਾਰ, ਜਸਵੰਤ ਸਿੰਘ ਚਕੇਰੀਆਂ, ਤਰਕਸ਼ੀਲ ਆਗੂ ਡਾ. ਸੁਰਿੰਦਰ ਸਿੰਘ ਆਦਿ ਮੌਜੂਦ ਸਨ।

## ਐੱਸ ਐੱਸ ਪੀ ਖੰਨਾ ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਹੋਏ ਨਤਮਸਤਕ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ 'ਤੇ ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਡਾ. ਜੋਤੀ ਯਾਦਵ ਨਤਮਸਤਕ ਹੋਣ ਲਈ ਪੁੱਜੇ। ਐੱਸ.ਐੱਸ.ਪੀ. ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਸੀਸ ਨਿਵਾ ਕੇ ਸਰਬੱਤ ਦੇ ਭਲੇ ਤੇ ਇਲਾਕੇ ਦੀ ਸੁੱਖ ਸ਼ਾਂਤੀ ਲਈ ਅਰਦਾਸ ਕੀਤੀ।

ਐੱਸ.ਐੱਸ.ਪੀ. ਖੰਨਾ ਵੱਲੋਂ ਜੰਡ ਸਾਹਿਬ ਜਿੱਥੇ ਗੁਰੂ ਸਾਹਿਬ ਜੀ ਨੇ ਵਿਸ਼ਰਾਮ ਕੀਤਾ ਅਤੇ ਇਤਿਹਾਸਕ ਖੂਹ ਸਾਹਿਬ ਦੇ ਵੀ ਦਰਸ਼ਨ ਕੀਤੇ। ਡਾ. ਜੋਤੀ ਯਾਦਵ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ। ਇਸ ਤੋਂ ਇਲਾਵਾ ਗੁਰੂ ਘਰ ਨੇੜੇ ਬਣੇ ਸਿੱਖ ਅਜਾਇਬ ਘਰ ਵਿੱਚ ਐੱਸ.ਐੱਸ.ਪੀ. ਡਾ. ਜੋਤੀ ਯਾਦਵ ਪੁੱਜੇ, ਜਿਨ੍ਹਾਂ ਉੱਥੇ ਚਿੱਤਰਕਾਰ ਜਗਦੀਸ਼ ਸਿੰਘ ਬਰਾੜ ਵੱਲੋਂ ਬਣਾਏ ਗਏ ਚਿੱਤਰ ਦੇਖੇ। ਚਿੱਤਰਕਾਰ ਜਗਦੀਸ਼ ਸਿੰਘ ਬਰਾੜ ਨੇ ਐੱਸ.ਐੱਸ.ਪੀ. ਜੋਤੀ ਯਾਦਵ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਣ ਤੋਂ ਲੈ ਕੇ ਮਾਛੀਵਾੜਾ ਸਾਹਿਬ ਦੇ ਜੰਗਲਾਂ ਵਿੱਚ ਵਿਸ਼ਰਾਮ ਕਰਨ ਤੇ ਫਿਰ ਮੁਕਤਸਰ ਸਾਹਿਬ ਦੀ ਜੰਗ ਦੇ ਲਗਾਏ ਚਿੱਤਰਾਂ ਦਾ ਇਤਿਹਾਸ ਸੁਣਾਇਆ। ਐੱਸ.ਐੱਸ.ਪੀ. ਜੋਤੀ ਯਾਦਵ ਨੇ ਚਿੱਤਰਕਾਰ ਜਗਦੀਸ਼ ਸਿੰਘ ਬਰਾੜ ਵੱਲੋਂ ਬਣਾਏ ਚਿੱਤਰ ਦੇਖ ਕੇ ਸ਼ਲਾਘਾ ਕੀਤੀ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਤੇ ਚਿੱਤਰਕਾਰ ਜਗਦੀਸ਼ ਸਿੰਘ ਬਰਾੜ ਵੱਲੋਂ ਡਾ. ਜੋਤੀ ਯਾਦਵ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਤੋਖ ਸਿੰਘ ਲੌਂਗੀਆ, ਸੁਖਵਿੰਦਰ ਸਿੰਘ ਕਾਹਲੋਂ, ਜਸਵੀਰ ਸਿੰਘ ਢਿੱਲੋਂ, ਖਜ਼ਾਨਚੀ ਜਸਪਿੰਦਰ ਸਿੰਘ, ਪੰਥਵੀਰ ਸਿੰਘ ਕਾਹਲੋਂ, ਪ੍ਰਭਦੀਪ ਸਿੰਘ ਕਾਹਲੋਂ, ਥਾਣਾ ਮੁਖੀ ਹਰਵਿੰਦਰ ਸਿੰਘ ਮੌਜੂਦ ਸਨ।

## ਸਰਕਾਰ ਦੀਆਂ ਪੈਨਸ਼ਨਰ ਵਿਰੋਧੀ ਨੀਤੀਆਂ ਕਾਰਨ ਪੈਨਸ਼ਨਰਾਂ 'ਚ ਰੋਸ : ਕੇ. ਕੇ. ਜੈਦਕਾ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਪੂਰਾ ਕਰਾਉਣ ਲਈ ਪੈਨਸ਼ਨਰਾਂ ਨਾਲ ਸਬੰਧਤ ਸੰਸਥਾਵਾਂ ਦੀ ਅਹਿਮ ਮੀਟਿੰਗ ਕੇ.ਕੇ. ਜੈਦਕਾ ਦੀ ਪ੍ਰਧਾਨਗੀ ਹੇਠ ਹੋਈ। ਕੇ.ਕੇ. ਜੈਦਕਾ ਨੇ ਕਿਹਾ ਕਿ ਸਰਕਾਰ ਵੱਲੋਂ ਹਰ ਰੋਜ਼ ਨਵੇਂ-ਨਵੇਂ ਫਰਮਾਨ ਜਾਰੀ ਕਰਕੇ ਪੈਨਸ਼ਨਰਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜੋ ਗਲਤ ਹੈ। ਉਨ੍ਹਾਂ ਕਿਹਾ ਕਿ ਸਰਕਾਰ ਪੈਨਸ਼ਨਰ ਵਿਰੋਧੀ ਜਾਰੀ ਕੀਤੇ ਗਏ ਪੱਤਰ ਨੂੰ ਵਾਪਸ ਲਵੇ ਤੇ ਉਸ ਨੂੰ ਪਹਿਲਾਂ ਦੀ ਤਰ੍ਹਾਂ ਚੱਲਣ ਦੇਵੇ, ਤਾਂ ਕਿ ਪੈਨਸ਼ਨਰਾਂ ਨੂੰ 75-80 ਸਾਲ ਦੀ ਉਮਰ ਵਿੱਚ ਬਿਨਾਂ ਵਜ੍ਹਾ ਪ੍ਰੇਸ਼ਾਨੀ ਨਾ ਉਠਾਉਣੀ ਪਵੇ। ਇਸ ਮੌਕੇ ਨਛੱਤਰ ਸਿੰਘ, ਰਮੇਸ਼ ਗਰੋਵਰ, ਰਾਜਪਾਲ ਸਿੰਘ, ਜੱਗਾ ਸਿੰਘ, ਬ੍ਰਿਜ ਭੂਸ਼ਣ ਧਵਨ, ਬਲਵਿੰਦਰਪਾਲ ਸ਼ਰਮਾ, ਇਕਬਾਲ ਸਿੰਘ, ਦੀਵਾਨ ਚੰਦ ਸੁਖੀਜਾ, ਮੋਹਨ ਲਾਲ, ਰਾਜ ਕੁਮਾਰ, ਬਚਿੱਤਰ ਸਿੰਘ ਆਦਿ ਮੌਜੂਦ ਸਨ।

## ਸੇਵਾਮੁਕਤ ਬੈਂਕ ਮੈਨੇਜਰ ਚਮਕੌਰ ਸਿੰਘ ਹਮੀਦੀ ਦਾ ਦੇਹਾਂਤ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਹਿਕਾਰੀ ਬੈਂਕ ਦੇ ਸੇਵਾਮੁਕਤ ਮੈਨੇਜਰ ਚਮਕੌਰ ਸਿੰਘ ਰਾਣੂ ਹਮੀਦੀ ਦਾ ਦਿਹਾਂਤ ਹੋ ਗਿਆ ਹੈ।ਉਹ ਪਿਛਲੇ ਸਮੇਂ ਤੋਂ ਬਿਮਾਰ ਚੱਲ ਰਹੇ ਸਨ।ਉਨ੍ਹਾਂ ਦੇ ਪੁੱਤਰਾਂ ਮਨਪ੍ਰੀਤ ਸਿੰਘ ਰਾਣੂ ਕੈਨੇਡਾ, ਮਨਜੀਤ ਸਿੰਘ ਰਾਣੂ ਨੇ ਦੱਸਿਆ ਕਿ ਉਨ੍ਹਾਂ ਹਮੇਸ਼ਾ ਹੀ ਇਮਾਨਦਾਰੀ ਤੇ ਮਨੁੱਖਤਾ ਦੀ ਭਲਾਈ ਲਈ ਮਿਸਾਲ ਕਾਇਮ ਕੀਤੀ।ਇਸ ਦੁਖਦਾਈ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਸਾਬਕਾ ਵਿਧਾਇਕਾ ਬੀਬੀ ਹਰਚੰਦ ਕੌਰ ਘਨੌਰੀ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇ. ਨਾਥ ਸਿੰਘ ਹਮੀਦੀ, ਕਾਂਗਰਸ ਦੇ ਸੀਨੀ: ਆਗੂ ਗੁਰਮੇਲ ਸਿੰਘ ਮੌੜ, ਮਾਨ ਦਲ ਦੇਬ ਹਲਕਾ ਇੰਚਾਰਜ ਭਾਈ ਗੁਰਜੰਟ ਸਿੰਘ ਕੱਟੂ ਆਦਿ ਆਗੂਆਂ ਤੋਂ ਇਲਾਵਾ ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ ਨੇ ਪੀੜਤ ਰਾਣੂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

## 4171 ਹੜ੍ਹ ਪ੍ਰਭਾਵਤ ਲਾਭਪਾਤਰੀਆਂ ਨੂੰ 10 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਪ੍ਰਦਾਨ : ਦੀਪਾਂਸ਼ੂ ਸਨੌਰ



**ਪਟਿਆਲਾ (ਰਾਜਿੰਦਰ ਥਿੰਦ)**

ਪਟਿਆਲਾ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਤ 42 ਪਿੰਡਾਂ ਦੇ 4171 ਲਾਭਪਾਤਰੀਆਂ ਨੂੰ 10 ਕਰੋੜ ਰੁਪਏ ਤੋਂ ਵੱਧ ਦੀ ਮੁਆਵਜ਼ਾ ਰਾਸ਼ੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪਾਈ ਜਾ ਚੁੱਕੀ ਹੈ।ਇਹ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਆਗੂ ਅਤੇ ਸਨੌਰ ਬਲਾਕ ਦੇ ਪ੍ਰਧਾਨ ਦੀਪਾਸ਼ੂ ਨੇ ਦੱਸਿਆ ਕਿ ਹਲਕਾ ਇੰਚਾਰਜ ਤੇ ਪੀਆਰਟੀਸੀ ਦੇ ਚੇਅਰਮੈਨ ਰਣਯੋਧ ਸਿੰਘ ਹੱਡਾਨਾ ਦੀ ਯੋਗ ਅਗਵਾਈ ਹੇਠ ਕੁੱਲ 34.76 ਕਰੋੜ ਰੁਪਏ ਦੀ ਰਾਸ਼ੀ ਹੜ੍ਹ ਪ੍ਰਭਾਵਤਾਂ ਨੂੰ ਪੜਾਅਵਾਰ ਵੰਡੀ ਜਾਣੀ ਹੈ ਤੇ ਪਹਿਲੇ ਪੜਾਅ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਦੇ ਹੁਕਮਾਂ ਮੁਤਾਬਕ ਪਾਰਦਰਸ਼ੀ ਢੰਗ ਨਾਲ ਮੁਆਵਜ਼ਾ ਰਾਸ਼ੀ ਲਾਭਪਾਤਰੀਆਂ ਨੂੰ ਪ੍ਰਦਾਨ ਕੀਤੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਪਹਿਲੀ ਕਿਸ਼ਤ ਦਿਵਾਲੀ ਦੇ ਤਿਉਹਾਰ ਤੋਂ ਪਹਿਲਾਂ ਪਹਿਲਾਂ ਕਿਸਾਨਾਂ ਨੂੰ ਦਿੱਤੀ ਜਾਵੇ।ਦੀਪਾਸ਼ੂ ਸਨੌਰ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਹੀ ਪੰਜਾਬ ਅੰਦਰ ਆਏ ਇਨ੍ਹਾਂ ਤਾਜ਼ਾ ਹੜ੍ਹਾਂ ਕਾਰਨ 101 ਪਿੰਡ 'ਚ 19000 ਏਕੜ ਦੇ ਕਰੀਬ ਰਕਬੇ 'ਚ ਫ਼ਸਲਾਂ ਦਾ ਨੁਕਸਾਨ ਹੋਇਆ ਸੀ।ਉਨ੍ਹਾਂ ਦੱਸਿਆ ਕਿ ਪਟਿਆਲਾ ਸਬ ਡਵੀਜ਼ਨ 'ਚ 8, ਸਮਾਣਾ ਸਬ ਡਵੀਜ਼ਨ 'ਚ 6, ਰਾਜਪੁਰਾ ਸਬ ਡਵੀਜ਼ਨ 'ਚ 38, ਦੂਧਨ ਸਾਧਾਂ ਸਬ ਡਵੀਜ਼ਨ 'ਚ 29 ਅਤੇ ਪਾਤੜਾਂ ਸਬ ਡਵੀਜ਼ਨ 'ਚ 20 ਪਿੰਡਾਂ ਵਿਖੇ ਕਿਸਾਨਾਂ ਦੀਆਂ ਜ਼ਮੀਨਾਂ ਦਾ ਨੁਕਸਾਨ ਸਾਹਮਣੇ ਆਇਆ ਸੀ, ਇਸ ਲਈ ਪੰਜਾਬ ਸਰਕਾਰ ਵੱਲੋਂ 34.76 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਪ੍ਰਵਾਨ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਮੁਆਵਜ਼ਾ ਦੇਣ ਦੀ ਸਾਰੀ ਪ੍ਰਕ੍ਰਿਆ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਨਲਾਈਨ ਪੋਰਟਲ 'ਤੇ ਵਿਸ਼ੇਸ਼ ਗਿਰਦਾਵਰੀ ਕਰਾਈ ਗਈ ਹੈ ਅਤੇ ਮੁਆਵਜ਼ਾ ਰਾਸ਼ੀ ਸਿੱਧੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਦੂਜੇ ਪੜਾਅ ਲਈ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਹਨ ਤੇ ਬਾਕੀ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਵੀ ਬਕਾਇਆ ਰਾਸ਼ੀ ਪਾ ਦਿੱਤੀ ਜਾਵੇਗੀ।

## ਐਡਵੋਕੇਟ ਧਾਮੀ ਨੇ ਗੁਰੂ ਗ੍ਰੰਥ ਸਾਹਿਬ ਵਿਸ਼ੇ 'ਤੇ ਤੀਜੀ ਅੰਤਰਰਾਸ਼ਟਰੀ ਕਾਨਫਰੰਸ ਦਾ ਉਦਘਾਟਨ ਕੀਤਾ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਸਿੱਖ ਐਜੂਕੇਸ਼ਨ ਕੌਂਸਲ, ਯੂ.ਕੇ. ਦੇ ਸਹਿਯੋਗ ਨਾਲ ਤਿੰਨ ਰੋਜ਼ਾ ਤੀਜੀ ਅੰਤਰਰਾਸ਼ਟਰੀ ਕਾਨਫਰੰਸ ਸ੍ਰੀ ਗੁਰੂ ਗ੍ਰੰਥ ਸਾਹਿਬ : ਬਹੁ-ਅਨੁਸ਼ਾਸਨੀ ਦ੍ਰਿਸ਼ਟੀਕੋਣ ਦੀ ਸ਼ੁਰੂਆਤ ਕੀਤੀ ਗਈ।ਕਾਨਫਰੰਸ ਦਾ ਉਦਘਾਟਨ ਯੂਨੀਵਰਸਿਟੀ ਦੇ ਚਾਂਸਲਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤਾ ਗਿਆ।ਉਨ੍ਹਾਂ ਗੁਰੂ ਸਾਹਿਬ ਦੀ ਬਾਣੀ ਵਿੱਚ ਦਰਜ ਵਿਸ਼ਵਵਿਆਪੀ ਸਿੱਖਿਆ ਸ਼ਾਂਤੀ, ਸਮਾਨਤਾ ਤੇ ਮਨੁੱਖਤਾ ਦੀ ਭਲਾਈ ਬਾਰੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ ਤੇ ਇਸ ਉਦੇਸ਼ ਨੂੰ ਯੂਨੀਵਰਸਿਟੀ ਵੱਲੋਂ ਆਪਣੀ ਮੁੱਖ ਜ਼ਿੰਮੇਵਾਰੀ ਵਜੋਂ ਅਪਣਾਉਣਾ ਸ਼ਲਾਘਾਯੋਗ ਕਦਮ ਹੈ।ਉਨ੍ਹਾਂ ਨੇ ਯੂਨੀਵਰਸਿਟੀ ਨੂੰ ਇਸ ਕਾਨਫਰੰਸ ਦੇ ਸਫਲ ਆਯੋਜਨ ਲਈ ਵਧਾਈ ਦਿੱਤੀ।

ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਪ੍ਰੋ. (ਡਾ.) ਪ੍ਰਿਤਪਾਲ ਸਿੰਘ, ਵਾਈਸ-ਚਾਂਸਲਰ ਵੱਲੋਂ ਕੀਤੀ ਗਈ।ਆਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਉਪਦੇਸ਼ ਸਮੁੱਚੀ ਮਾਨਵਤਾ ਲਈ ਸਾਂਝਾ ਹੈ ਤੇ ਸਾਨੂੰ ਇਸ ਤੋਂ ਸਾਰੇ ਦੁਨਿਆਵੀ ਮਸਲਿਆਂ ਦੇ ਹੱਲ ਲਈ ਵਡਮੁੱਲੀ ਸੇਧ ਮਿਲਦੀ ਹੈ। ਉਦਘਾਟਨ ਤੋਂ ਬਾਅਦ ਪਹਿਲਾ ਤਕਨੀਕੀ ਸੈਸ਼ਨ ਆਯੋਜਤ ਕੀਤਾ ਗਿਆ, ਜਿਸ ਵਿੱਚ ਡਾ. ਅੰਕਦੀਪ ਕੌਰ ਅੱਟਵਾਲ, ਡਾਇਰੈਕਟਰ ਅੰਦਰੂਨੀ ਗੁਣਵਤਾ ਨਿਰਧਾਰਨ ਸੈੱਲ ਤੇ ਮੁਖੀ, ਅੰਗਰੇਜ਼ੀ ਵਿਭਾਗ ਨੇ ਵਿਦਵਾਨਾਂ ਤੇ ਭਾਗੀਦਾਰਾਂ ਦਾ ਸਵਾਗਤ ਕੀਤਾ।ਸੈਸ਼ਨ ਦੀ ਮਾਡਰੇਟਰ ਮਿਸ ਜਸਪ੍ਰੀਤ ਕੌਰ, ਸਹਾਇਕ ਪ੍ਰੋਫੈਸਰ, ਅੰਗਰੇਜ਼ੀ ਵਿਭਾਗ, ਰਹੀ।ਇਸ ਸੈਸ਼ਨ 'ਚ ਵੱਖ-ਵੱਖ ਦੇਸ਼ਾਂ ਤੋਂ ਵਿਦਵਾਨਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਵਿਸ਼ਵਵਿਆਪੀ ਪਹਿਲੂਆਂ 'ਤੇ ਆਪਣੇ ਖੋਜ ਪੱਤਰ ਪੇਸ਼ ਕੀਤੇ, ਜਿਨ੍ਹਾਂ ਵਿੱਚ ਜਸਵਿੰਦਰ ਸਿੰਘ ਰੂਪਾਲ, ਰਿਟਾਇਰਡ ਲੈਕਚਰਾਰ, ਕੈਨੇਡਾ; ਡਾ. ਦੇਵਿੰਦਰ ਪਾਲ ਸਿੰਘ, ਡਾਇਰੈਕਟਰ, ਸੈਂਟਰ ਫਾਰ ਅੰਡਰਸਟੈਂਡਿੰਗ ਸਿੱਖਿਜ਼ਮ, ਕੈਨੇਡਾ ਮਿਸ ਲੀਨਾ ਸਿੰਘ, ਕੈਲੀਫੋਰਨੀਆ, ਅਮਰੀਕਾ ਤੇਗ ਬਹਾਦੁਰ ਸਿੰਘ, ਜਸਵੀਰ ਸਿੰਘ ਸਰਨਾ, ਸੀਨੀਅਰ ਖੇਤੀ ਅਫਸਰ (ਰਿਟਾਇਰਡ) ਜੰਮੂ, ਤੇ ਡਾ. ਜਸਬੀਰ ਸਿੰਘ, ਸੀਨੀਅਰ ਰਿਸਰਚ ਅਸੋਸੀਏਟ, ਸਿੱਖ ਐਜੂਕੇਸ਼ਨ ਕੌਂਸਲ, ਯੂ.ਕੇ. ਸ਼ਾਮਲ ਸਨ।

## ਵਿਧਾਇਕ ਨੇ 1 ਕਰੋੜ 70 ਲੱਖ ਨਾਲ ਸੜਕਾਂ 'ਤੇ ਪ੍ਰੀਮਿਕਸ ਦੇ ਕੰਮ ਦਾ ਨੀਂਹ ਪੱਥਰ ਰੱਖਿਆ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ 1 ਕਰੋੜ 70 ਲੱਖ ਰੁਪਏ ਦੀ ਲਾਗਤ ਨਾਲ ਫਾਜ਼ਿਲਕਾ ਸ਼ਹਿਰ ਦੀਆਂ ਵੱਖ-ਵੱਖ ਸੜਕਾਂ ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਨੀਂਹ ਪੱਥਰ ਰੱਖਿਆ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲਗਾਤਾਰ ਪਿੰਡਾਂ ਦੇ ਨਾਲ ਨਾਲ ਸ਼ਹਿਰਾ ਦੇ ਵਿਕਾਸ ਲਈ ਪ੍ਰੋਜੈਕਟ ਉਲੀਕ ਰਹੀ ਹੈ।ਉਨ੍ਹਾਂ ਕਿਹਾ ਕਿ 1 ਕਰੋੜ 70 ਲੱਖ ਰੁਪਏ ਦੀ ਲਾਗਤ ਨਾਲ ਫ਼ਾਜ਼ਿਲਕਾ ਦੀ ਬੀਕਾਨੇਰੀ ਰੋਡ, ਮਹਿਰਿਆ ਬਾਜ਼ਾਰ, ਪਟਵਾਰਖਾਨਾ ਰੋਡ, ਡੀਏਵੀ ਰੋਡ ਆਦਿ ਸ਼ਹਿਰ ਦੀਆਂ ਵੱਖ-ਵੱਖ ਸੜਕਾਂ ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ।ਉਨ੍ਹਾਂ ਕਿਹਾ ਕਿ ਇਹ ਸੜਕਾਂ ਤੇ ਪ੍ਰੀਮਿਕਸ ਦੇ ਕੰਮ ਨੂੰ ਜਲਦ ਕਰਾ ਲਿਆ ਜਾਵੇਗਾ ਤੇ ਲੋਕ ਸਮਰਪਤ ਕੀਤੀਆਂ ਜਾਣਗੀਆਂ। ਵਿਧਾਇਕ ਸਵਨਾ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਤੇ ਪਿੰਡਾਂ ਵਿੱਚ ਬਰਾਬਰ ਤਰਜ਼ੀਹੀ ਅਧਾਰ ਤੇ ਵਿਕਾਸ ਕਾਰਜ ਕਰਾਏ ਜਾ ਰਹੇ ਹਨ।ਉਨ੍ਹਾਂ ਆਖਿਆ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਬਿਹਤਰ ਤਰੀਕੇ ਨਾਲ ਮਿਲਣ ਇਸ ਲਈ ਪੰਜਾਬ ਸਰਕਾਰ ਦ੍ਰਿੜ ਸੰਕਲਪਿਤ ਹੈ।

## ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਵੱਡੇ ਪੱਧਰ 'ਤੇ ਮਨਾ ਰਹੀ ਸਰਕਾਰ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਦੇ 350ਵੇਂ ਵਰ੍ਹੇ ਨੂੰ ਸਮਰਪਤ ਪੰਜਾਬ ਸਰਕਾਰ ਵਲੋਂ ਕਰਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਗੁਰੂ ਸਾਹਿਬ ਦੇ ਜੀਵਨ, ਲਾਸਾਨੀ ਸ਼ਹਾਦਤ ਤੇ ਸਿਖਿਆਵਾਂ 'ਤੇ ਆਧਾਰਤ ਵਿਸ਼ਾਲ ਲਾਈਟ ਐਂਡ ਸਾਊਂਡ ਸ਼ੋਅ 'ਹਿੰਦ ਦੀ ਚਾਦਰ' ਨੇ ਪੋਲੋ ਗਰਾਊਂਡ ਵਿਖੇ ਪੁੱਜੀ ਵੱਡੀ ਗਿਣਤੀ ਸੰਗਤ ਨੂੰ ਭਾਵੁਕ ਕਰ ਦਿੱਤਾ।'ਹਿੰਦ ਦੀ ਚਾਦਰ' ਸ਼ੋਅ ਵਿੱਚ 350 ਸਾਲ ਪਹਿਲਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ 'ਤਿਲਕ ਜੰਞੂ ਰਾਖਾ ਪ੍ਰਭ ਤਾ ਕਾ, ਕੀਨੋ ਬਡੋ ਕਲੂ ਮਹਿਕ ਸਾਕਾ' ਤਹਿਤ ਆਪਣੇ ਪਿਆਰੇ ਗੁਰਸਿੱਖਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਸਮੇਤ ਦਿੱਲੀ ਦੇ ਚਾਂਦਨੀ ਚੌਕ ਵਿਖੇ ਦਿੱਤੀ ਗਈ ਲਾਸਾਨੀ ਸ਼ਹਾਦਤ ਨਾਲ ਬੁਲੰਦ ਕੀਤੀ ਗਈ ਹੱਕ, ਸੱਚ, ਨਿਆਂ, ਪਰਉਪਕਾਰ ਤੇ ਮਨੁੱਖੀ ਅਧਿਕਾਰਾਂ ਦੀ ਆਵਾਜ਼ ਨੂੰ ਵਿਲੱਖਣ ਢੰਗ ਨਾਲ ਪੇਸ਼ ਕੀਤਾ ਗਿਆ।

ਢਾਡੀ ਸੁਖਦੇਵ ਸਿੰਘ ਬੂਹ ਦੇ ਜਥੇ ਨੇ ਵਾਰਾਂ ਦੇ ਗਾਇਨ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਵੱਲੋਂ ਦਿੱਤੀ ਸ਼ਹਾਦਤ ਦੇ ਪ੍ਰਸੰਗ ਸੁਣਾਏ।ਸ਼ੋਅ ਮੌਕੇ ਸੰਗਤ, ਜਿਸ 'ਚ ਬੱਚੇ, ਬਜ਼ੁਰਗ ਤੇ ਜਵਾਨ ਸ਼ਾਮਲ ਸਨ, ਨੇ ਧੰਨ ਗੁਰੂ ਤੇਗ ਬਹਾਦਰ ਜੀ ਉਚਾਰਦੇ ਹੋਏ ਜੈਕਾਰੇ ਵੀ ਲਾਏ।

ਸੰਗਤ 'ਚ ਸ਼ਾਮਲ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350 ਸਾਲਾ ਸ਼ਤਾਬਦੀ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇੱਕ ਨਿਮਾਣੇ ਸੇਵਕ ਵਜੋਂ ਵੱਡੇ ਪੱਧਰ 'ਤੇ ਮਨਾ ਰਹੀ ਹੈ।ਇਸ ਤਹਿਤ ਉਲੀਕੇ ਵੱਖ-ਵੱਖ ਸਮਾਗਮਾਂ ਦੀ ਲੜੀ ਤਹਿਤ ਇਸ 45 ਮਿੰਟ ਦੇ ਲਾਈਟ ਐਂਡ ਸਾਊਂਡ ਸ਼ੋਅ ਨੇ ਡਿਜ਼ੀਟਲ ਤਰੀਕੇ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਵਿਰਾਸਤ, ਸਿੱਖਿਆਵਾਂ, ਅਦੁੱਤੀ ਸਿੱਖ ਇਤਿਹਾਸ ਤੇ ਗੁਰੂ ਜੀ ਦੇ ਮਹਾਨ ਬਲੀਦਾਨ ਬਾਰੇ ਚਾਨਣਾ ਪਾਇਆ ਹੈ।ਸਿਹਤ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਕਿਸੇ ਇੱਕ ਧਰਮ ਜਾਂ ਫ਼ਿਰਕੇ ਲਈ ਨਹੀਂ, ਸਗੋਂ ਸਮੁੱਚੀ ਮਾਨਵਤਾ ਦੇ ਮੌਲਿਕ ਅਧਿਕਾਰਾਂ ਅਤੇ ਸਨਮਾਨ ਲਈ ਸੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਗੁਰੂ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਪੰਜਾਬ ਤੇ ਦੇਸ਼ ਦੇ ਹਰ ਕੋਨੇ ਤੱਕ ਜਾਣਕਾਰੀ ਪਹੁੰਚੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਇਸ ਮਹਾਨ ਕੁਰਬਾਨੀ ਤੋਂ ਪ੍ਰੇਰਣਾ ਤੇ ਸੇਧ ਲੈ ਸਕਣ।ਡਾ. ਬਲਬੀਰ ਸਿੰਘ ਨੇ ਅੱਗੇ ਦੱਸਿਆ ਕਿ ਇਸ ਸ਼ੋਅ ਨਾਲ ਪੰਜਾਬ ਸਰਕਾਰ ਵੱਲੋਂ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸਦੀਵੀ ਵਿਰਾਸਤ ਨੂੰ ਸਿਜਦਾ ਕਰਦਿਆਂ ਉਨ੍ਹਾਂ ਦੀ ਲਾਸਾਨੀ ਸ਼ਹਾਦਤ, ਸੱਚ ਦੇ ਰਾਹ 'ਤੇ ਚੱਲਣ ਦੇ ਸਿਧਾਂਤ ਅਤੇ ਧਾਰਮਿਕ ਆਜ਼ਾਦੀ ਦੇ ਸੰਦੇਸ਼ ਨੂੰ ਸਮੁੱਚੀ ਮਨੁੱਖਤਾ ਤੱਕ ਪੁਚਾਉਣ ਲਈ ਗੁਰੂ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਸੂਬਾ ਪੱਧਰੀ ਸਮਾਗਮਾਂ ਦੀ ਸ਼ੁਰੂਆਤ ਕੀਤੀ ਗਈ ਹੈ। ਇਨ੍ਹਾਂ ਸਮਾਗਮਾਂ ਨੂੰ ਅਜਿਹੇ ਤਰੀਕੇ ਨਾਲ ਉਲੀਕਿਆ ਗਿਆ ਹੈ ਕਿ ਹਰ ਉਮਰ ਵਰਗ ਖ਼ਾਸ ਤੌਰ 'ਤੇ ਨੌਜਵਾਨ ਤੇ ਵਿਦਿਆਰਥੀ ਇਨ੍ਹਾਂ ਦਾ ਹਿੱਸਾ ਬਣ ਸਕਣ।'ਹਿੰਦ ਦੀ ਚਾਦਰ' ਸ਼ੋਅ ਦੀ ਸ਼ਾਨਦਾਰ ਪੇਸ਼ਕਾਰੀ ਨਾਲ ਉਨ੍ਹਾਂ ਨੂੰ ਅਨੋਖਾ ਅਨੁਭਵ ਹੋਇਆ ਹੈ, ਜਿਸ ਨਾਲ ਗੁਰੂ ਸਾਹਿਬ ਦੇ ਸ਼ਾਂਤੀ, ਸਹਿਣਸ਼ੀਲਤਾ ਤੇ ਵਿਸ਼ਵਵਿਆਪੀ ਭਾਈਚਾਰੇ ਨੂੰ ਮਜ਼ਬੂਤ ਕਰਨ ਦੇ ਫ਼ਲਸਫ਼ੇ ਨੂੰ ਸੁੰਦਰਤਾ ਨਾਲ ਦਰਸਾਇਆ ਗਿਆ ਹੈ।

## ਗੁਰਪੁਰਬ ਨੂੰ ਸਮਰਪਤ ਖ਼ੂਨਦਾਨ ਕੈਂਪ



**ਬਠਿੰਡਾ (ਰਾਜੀਵ ਗੋਇਲ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਅੱਜ ਜ਼ਿਲ੍ਹੇ ਦੇ ਪਿੰਡ ਮਲੂਕਾ ਦੇ ਗੁਰਦੁਆਰਾ ਤਾਰੂਆਣਾ ਸਾਹਿਬ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਬਹੁਤ ਸਾਰੇ ਖ਼ੂਨਦਾਨੀਆਂ ਵੱਲੋਂ ਸ਼ਿਰਕਤ ਕੀਤੀ ਗਈ, ਜਿਸ ਵਿੱਚ ਔਰਤਾਂ ਵੱਲੋਂ ਵੀ ਵਧ ਚੜ੍ਹ ਕੇ ਹਿੱਸਾ ਲਿਆ ਗਿਆ।ਖ਼ੂਨ ਦਾਨ ਕਿਸੇ ਦੀ ਜ਼ਿੰਦਗੀ ਬਚਾ ਸਕਦਾ ਹੈ।ਇਹ ਕੈਂਪ ਡਾਕਟਰ ਨਿਰਮਲ ਕੌਰ ਮਲੂਕਾ, ਕੁਲਦੀਪ ਸਿੰਘ ਮਲੂਕਾ, ਸਰਪੰਚ ਸਿਕੰਦਰ ਸਿੰਘ ਮਾਣਕ ਤੇ ਡਾਕਟਰ ਗੁਰਮੀਤ ਸਿੰਘ ਨਿਊਰ ਵੱਲੋਂ ਲਗਾਇਆ ਗਿਆ।ਇਸ ਕੈਂਪ ਵਿੱਚ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਵੱਲੋਂ ਵਿਸ਼ੇਸ਼ ਸ਼ਿਰਕਤ ਕੀਤੀ ਗਈ।ਟੀਮ ਦੀ ਹੌਸਲਾ ਅਫਜ਼ਾਈ ਕਰਨ ਲਈ ਭਾਜਪਾ ਦੇ ਜ਼ਿਲ੍ਹਾ ਬਠਿੰਡਾ (ਦਿਹਾਤੀ) ਦੇ ਸਾਬਕਾ ਪ੍ਰਧਾਨ ਗੁਰਬਿੰਦਰ ਸਿੰਘ ਭਗਤਾ ਵੱਲੋਂ ਵਿਸ਼ੇਸ਼ ਸ਼ਿਰਕਤ ਕੀਤੀ ਗਈ।ਇਸ ਮੌਕੇ ਸਿਕੰਦਰ ਸਿੰਘ ਮਲੂਕਾ ਸਮੇਤ ਸਮੂਹ ਟੀਮ ਵੱਲੋਂ ਖ਼ੂਨਦਾਨੀਆਂ ਦਾ ਮਾਨ ਸਨਮਾਨ ਕਰਦੇ ਹੋਏ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕੀਤਾ ਗਿਆ।

## ਡੀ ਏ ਵੀ ਸਕੂਲ 'ਚ ਸ਼ਰਧਾ ਤੇ ਖੁਸ਼ੀ ਨਾਲ ਮਨਾਇਆ ਗੁਰਪੁਰਬ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀ ਏ ਵੀ ਸਕੂਲ ਰਾਜਪੁਰਾ ਵਿਖੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਖੁਸ਼ੀ ਨਾਲ ਮਨਾਇਆ ਗਿਆ।ਸਕੂਲ ਵਿੱਚ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ।ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਦੀਆਂ ਪ੍ਰੇਰਣਾਦਾਇਕ ਪ੍ਰਸੰਗ ਸੁਣਾਏ ਤੇ ਸਾਰਿਆਂ ਨੂੰ ਗੁਰੂ ਜੀ ਦੁਆਰਾ ਦਿਖਾਏ ਗਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੌਰਾਨ ਸਕੂਲ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਕੀਤਾ, ਜਿਸ ਨਾਲ ਮਾਹੌਲ ਸ਼ਰਧਾ ਨਾਲ ਭਰ ਗਿਆ।ਕਿੰਡਰਗਾਰਟਨ ਤੋਂ ਦੂਜੀ ਜਮਾਤ ਤੱਕ ਦੇ ਨੌਜਵਾਨ ਵਿਦਿਆਰਥੀਆਂ ਨੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ, ਮੱਥਾ ਟੇਕਿਆ ਤੇ ਅਸ਼ੀਰਵਾਦ ਪ੍ਰਾਪਤ ਕੀਤਾ।ਸਕੂਲ ਪ੍ਰਿੰਸੀਪਲ ਸ੍ਰੀਮਤੀ ਅਲਪਨਾ ਪਾਠਕ ਨੇ ਇਸ ਮੌਕੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ 'ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ' ਦਾ ਸੰਦੇਸ਼ ਦੇ ਕੇ ਮਨੁੱਖਤਾ ਨੂੰ ਸੱਚਾ ਰਸਤਾ ਦਿਖਾਇਆ।ਇਹ ਸਾਡਾ ਫਰਜ਼ ਹੈ ਕਿ ਅਸੀਂ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਈਏ ਅਤੇ ਸਮਾਜ ਤੇ ਸਾਰੇ ਜੀਵਾਂ ਦੀ ਭਲਾਈ ਲਈ ਕੰਮ ਕਰੀਏ।ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ, ਅਧਿਆਪਕਾਂ ਤੇ ਵਿਦਿਆਰਥੀਆਂ ਦੀ ਮਦਦ ਨਾਲ, ਸਾਰਿਆਂ ਨੂੰ ਕੜਾਹ ਪ੍ਰਸ਼ਾਦ ਵੰਡਿਆ ਗਿਆ।

## ਪਾਥਵੇਜ਼ ਗਲੋਬਲ ਸਕੂਲ 'ਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬਹੁਤ ਹੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ।ਇਸ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਪਾਥਵੇਜ਼ ਗਲੋਬਲ ਸਕੂਲ ਵੱਲੋਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ।ਪਾਠ ਦੀ ਸਮਾਪਤੀ ਤੋਂ ਉਪਰੰਤ ਸਕੂਲ ਦੇ ਬੱਚਿਆਂ ਨੇ ਮਨ ਨੂੰ ਮੋਹ ਲੈਣ ਵਾਲੇ ਸ਼ਬਦ ਗਾਇਨ ਕਰਕੇ ਸਾਰੇ ਹੀ ਅਧਿਆਪਕਾਂ ਤੇ ਮੈਨੇਜਮੈਂਟ ਮੈਂਬਰਾਂ ਦਾ ਮਨ ਮੋਹ ਲਿਆ।ਇਸ ਪ੍ਰੋਗਰਾਮ ਵਿੱਚ ਪਾਥਵੇਜ਼ ਦੇ ਸਾਰੇ ਹੀ ਬੱਚਿਆਂ ਨੇ ਗੁਰੂ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ।ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਤੇ ਮਾਨਯੋਗ ਪ੍ਰਿੰਸੀਪਲ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਸਾਰੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਲੱਖ ਲੱਖ ਵਧਾਈਆਂ ਦਿੱਤੀਆਂ।

## ਪੰਜਾਬੀ 'ਵਰਸਿਟੀ ਕੈਂਪਸ 'ਚ ਗੁਰਮਤਿ ਸਮਾਗਮ ਕਰਵਾਇਆ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਕੈਂਪਸ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ ਕਰਵਾਇਆ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਕੀਰਤਨ ਦਰਬਾਰ ਵੀ ਸਜਾਇਆ ਗਿਆ, ਜਿਸ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ, ਕਰਮਚਾਰੀਆਂ ਤੇ ਅਧਿਕਾਰੀਆਂ ਨੇ ਹਾਜ਼ਰੀ ਭਰੀ।ਉਹ ਕੁਲਪਤੀ ਡਾ. ਜਗਦੀਪ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਸੰਗਤ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਡਾ. ਸੁਖਵਿੰਦਰ ਸਿੰਘ ਸਰਾਂ ਵੱਲੋਂ ਸੰਗਤ ਦਾ ਧੰਨਵਾਦ ਕੀਤਾ ਗਿਆ।

## ਮਾਤਾ ਗੰਗਾ ਖ਼ਾਲਸਾ ਸਕੂਲ ਦੇ ਵਿਦਿਆਰਥੀਆਂ ਗੁਰਮਤਿ ਸਮਾਗਮ 'ਚ ਹਿੱਸਾ ਲਿਆ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖ਼ਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਮੰਜੀ ਸਾਹਿਬ ਕੋਟਾਂ (ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ) ਦੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ ਵਿੱਚ ਹਿੱਸਾ ਲਿਆ।ਇਹ ਸਮਾਗਮ ਸਹਿਜ ਪਾਠ ਸੇਵਾ, ਅੰਮ੍ਰਿਤਸਰ ਵੱਲੋਂ ਚੱਲ ਰਹੀ ਸਹਿਜ ਪਾਠ ਲੜੀ ਦੇ ਸੰਪੂਰਨ ਹੋਣ ਉੱਤੇ ਕੀਤਾ ਗਿਆ ਸੀ।ਇਸ ਦੌਰਾਨ ਸਕੂਲ ਦੇ 42 ਵਿਦਿਆਰਥੀਆਂ ਨੇ ਗੁਰਬਾਣੀ ਦਾ ਜਾਪ ਕੀਤਾ ਤੇ ਸੇਵਾ ਵਿੱਚ ਭਾਗ ਲਿਆ।ਇਸ ਮੌਕੇ ਡਾ. ਗਗਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਨਾਲ ਜੁੜਨ ਤੇ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਤੋਂ ਪ੍ਰੇਰਣਾ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰੋ. ਰਜਿੰਦਰ ਕੌਰ, ਪ੍ਰੋ. ਰਾਜਵੀਰ ਸਿੰਘ ਤੇ ਲੈਕਚਰਾਰ ਸੁਰਿੰਦਰ ਕੌਰ ਹਾਜ਼ਰ ਸਨ।

## ਚੱਕ ਮਾਫੀ 'ਚ ਤਿੰਨ ਰੋਜ਼ਾ ਫੁੱਟਬਾਲ ਟੂਰਨਾਮੈਂਟ ਅੱਜ ਤੋਂ

**ਸਮਰਾਲਾ (ਸੁਰਜੀਤ ਸਿੰਘ)**-ਸ਼ਹੀਦ ਭਗਤ ਸਿੰਘ ਸਪੋਰਟਸ ਐਂਡ ਵੈੱਲਫੇਅਰ ਕਲੱਬ ਤੇ ਪਿੰਡ ਚੱਕ ਮਾਫੀ ਦੀ ਪੰਚਾਇਤ ਵੱਲੋਂ ਤਿੰਨ ਰੋਜ਼ਾ ਫੁੱਟਬਾਲ ਟੂਰਨਾਮੈਂਟ 7 ਨਵੰਬਰ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਖੇਡ ਪ੍ਰੇਮੀ ਤੇ ਪਾਵਰਕਾਮ ਦੇ ਅਧਿਕਾਰੀ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਪਹਿਲੀ 32 ਟੀਮਾਂ ਐਂਟਰ ਕੀਤੀਆਂ ਜਾਣਗੀਆਂ।ਜੇਤੂ ਟੀਮਾਂ ਵਿੱਚੋਂ ਪਹਿਲਾ ਇਨਾਮ 25 ਹਾਜ਼ਰ, ਦੂਜਾ 17 ਹਾਜ਼ਰ, ਤੀਜਾ ਤੇ ਚੌਥਾ ਇਨਾਮ 4100-4100 ਰੁਪਏ ਦਾ ਹੋਵੇਗਾ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਦੋ ਬੈਸਟ ਖਿਡਾਰੀਆਂ ਨੂੰ ਸਾਈਕਲ ਦਿੱਤੇ ਜਾਣਗੇ।ਸਾਰੇ ਟੂਰਨਾਮੈਂਟ ਵਿੱਚ ਵਧੀਆ ਅਨੁਸ਼ਾਸਨ ਵਾਲੀ ਟੀਮ ਨੂੰ ਸਪੈਸ਼ਲ ਇਨਾਮ ਦਿੱਤਾ ਜਾਵੇਗਾ।ਇਸ ਮੌਕੇ ਕਲੱਬ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ, ਸੰਦੀਪ ਸਿੰਘ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਖਜ਼ਾਨਚੀ, ਅਮਰਦੇਵ ਸਿੰਘ ਤੇ ਮੰਗਤ ਸਿੰਘ ਸਕੱਤਰ ਹਾਜ਼ਰ ਸਨ।

7-Nov Page 11-Majha-25.qxd 11/6/2025 10:57 PM Page 1



## ਔਰਤਾਂ ਦੇ ਖਾਤੇ 'ਚ ਜਲਦ ਆਉਣਗੇ 1000 : ਅਮਨਦੀਪ ਅਰੋੜਾ

ਤਰਨ ਤਾਰਨ-ਆਮ ਆਦਮੀ ਪਾਰਟੀ (ਆਪ) ਪੰਜਾਬ ਮਹਿਲਾ ਵਿੰਗ ਪ੍ਰਧਾਨ ਅਤੇ ਵਿਧਾਇਕ ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਤਰਨ ਤਾਰਨ ਜ਼ਿਮਨੀ ਚੋਣ ਵਿੱਚ ਔਰਤਾਂ ਸਭ ਤੋਂ ਨਿਰਣਾਇਕ ਭੂਮਿਕਾ ਨਿਭਾਉਣਗੀਆਂ। ਉਨ੍ਹਾਂ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਔਰਤਾਂ ਦੀ ਭਲਾਈ, ਸਸ਼ਕਤੀਕਰਨ ਅਤੇ ਆਰਥਿਕ ਆਜ਼ਾਦੀ ਲਈ ਕੀਤੇ ਗਏ ਇਤਿਹਾਸਕ ਕੰਮਾਂ 'ਤੇ ਚਾਨਣਾ ਪਾਇਆ।ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮਾਨ ਸਰਕਾਰ ਦੇ ਅਧੀਨ, ਪੰਜਾਬ ਵਿੱਚ ਔਰਤਾਂ ਦੀ ਸੁਰੱਖਿਆ ਅਤੇ ਮਾਣ ਲਈ ਬੇਮਿਸਾਲ ਪਹਿਲਕਦਮੀਆਂ ਵੇਖੀਆਂ ਗਈਆਂ ਹਨ। ਔਰਤਾਂ ਨੂੰ ਮੁਫ਼ਤ ਡਾਕਟਰੀ ਦੇਖਭਾਲ ਪ੍ਰਦਾਨ ਕਰਨ ਵਾਲੇ ਮੁਹੱਲਾ ਕਲੀਨਿਕਾਂ ਤੋਂ ਲੈ ਕੇ, ਕੁੜੀਆਂ ਲਈ ਮਿਆਰੀ ਸਿੱਖਿਆ ਯਕੀਨੀ ਬਣਾਉਣ ਵਾਲੇ ਵਿਸ਼ਵ ਪੱਧਰੀ ਸਰਕਾਰੀ ਸਕੂਲਾਂ ਤੱਕ, ਆਪ ਸਰਕਾਰ ਨੇ ਹਰ ਕਦਮ 'ਤੇ ਔਰਤਾਂ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਰ ਔਰਤ ਸੁਰੱਖਿਅਤ ਸਸ਼ਕਤ ਮਹਿਸੂਸ ਕਰਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਦੇ ਲਗਭਗ 90 ਪ੍ਰਤੀਸ਼ਤ ਘਰਾਂ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਪ੍ਰਦਾਨ ਕੀਤੀ ਹੈ, ਜਿਸ ਨਾਲ ਲੱਖਾਂ ਔਰਤਾਂ ਦੀ ਅਗਵਾਈ ਵਾਲੇ ਪਰਵਾਰਾਂ ਨੂੰ ਵਿੱਤੀ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਕਿ ਔਰਤਾਂ ਹੁਣ ਆਪਣੇ ਬੱਚਿਆਂ ਦੀ ਸਿੱਖਿਆ ਅਤੇ ਪਰਵਾਰ ਭਲਾਈ ਲਈ ਆਪਣੀ ਬੱਚਤ ਦੀ ਵਰਤੋਂ ਕਰ ਰਹੀਆਂ ਹਨ। ਇਹ ਅਸਲ ਸਸ਼ਕਤੀਕਰਨ ਹੈ।ਅਮਨਦੀਪ ਕੌਰ ਅਰੋੜਾ ਨੇ ਇਹ ਵੀ ਕਿਹਾ ਕਿ ਮਾਨ ਸਰਕਾਰ ਜਲਦੀ ਹੀ ਇੱਕ ਹੋਰ ਇਨਕਲਾਬੀ ਯੋਜਨਾ ਸ਼ੁਰੂ ਕਰਨ ਲਈ ਤਿਆਰ ਹੈ, ਪੰਜਾਬ ਦੀ ਹਰ ਔਰਤ ਲਈ 1,000 ਮਹੀਨਾਵਾਰ ਭੱਤਾ, ਜੋ ਉਨ੍ਹਾਂ ਦੀ ਵਿੱਤੀ ਆਜ਼ਾਦੀ ਅਤੇ ਆਤਮਵਿਸ਼ਵਾਸ ਨੂੰ ਮਜ਼ਬੂਤ ਕਰੇਗਾ।



## ਪਲੇਸਮੈਂਟ ਕੈਂਪ ਅੱਜ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕੈਰੀਅਰ ਸੈਂਟਰ, ਐੱਸ ਏ ਐੱਸ ਨਗਰ ਵੱਲੋਂ 7 ਨਵੰਬਰ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ. 461, ਤੀਜੀ ਮੰਜ਼ਿਲ, ਸੈਕਟਰ-76 ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਦਾ ਸਮਾਂ ਸਵੇਰ 10:00 ਵਜੇ ਤੋਂ ਦੁਪਿਹਰ 01.00 ਵਜੇ ਤੱਕ ਹੋਵੇਗਾ।

ਮੇਜਰ ਹਰਪ੍ਰੀਤ ਸਿੰਘ ਮਾਨਸ਼ਾਹੀਆਂ, ਡਿਪਟੀ ਡਾਇਰੈਕਟਰ, ਡੀ.ਬੀ.ਈ.ਈ. ਨੇ ਦੱਸਿਆ ਕਿ ਇਸ ਕੈਂਪ ਵਿੱਚ ਆਯੋਜਨ ਪੈਰਾਡਾਇਮਿਟ ਸਲਿਊਸ਼ (ਕੇਵਲ ਪੁਰਸ਼) ਵਲੋਂ ਡਾਟਾ ਕੰਪਿਊਟਰ ਓਪਰੇਟਰ (ਪੰਜਾਬ ਸੇਵਾ ਕੇਂਦਰ) ਅਤੇ ਪੇਟੀਅਮ ਵਲੋਂ ਫੀਲਡ ਸੇਲਜ਼ ਐਕਜੀਕਿਊਵਿਜ਼ (ਪੇਅ ਟੀ ਐਮ ਸਾਊਂਡ ਬਾਕਸ, ਕਿਊਆਰ ਸਕੈਨਰ, ਈਡੀਸੀ (ਸਵਾਈਪ ਮਸ਼ੀਨ) ਲਈ 10ਵੀਂ, ਗ੍ਰੈਜੂਏਟ ਪਾਸ ਪ੍ਰਾਰਥੀਆਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾ ਦੱਸਿਆ ਕਿ ਚੁਣੇ ਗਏ ਪ੍ਰਾਰਥੀਆਂ ਦੀ ਤਨਖਾਹ ਕੰਪਨੀ ਨੋਰਮਜ਼ ਅਨੁਸਾਰ ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਮੋਹਾਲੀ ਹੋਵੇਗਾ।

## ਭੱਠਾ ਮਜ਼ਦੂਰਾਂ ਨੂੰ ਰਹਿਣ ਸੰਬੰਧੀ ਮੁਸ਼ਕਲਾਂ 'ਤੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ

ਪਠਾਨਕੋਟ (ਦਵਿੰਦਰ ਸਿੰਘ)- ਭੱਠਿਆਂ ਉੱਪਰ ਮਜ਼ਦੂਰਾਂ ਨੂੰ ਰਹਿਣ ਸੰਬੰਧੀ ਪੇਸ਼ ਆ ਰਹੀਆਂ ਮੁਸ਼ਕਲਾਂ ਦੂਰ ਕਰਨ ਲਈ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਡਾਕਟਰ ਪੱਲਵੀ ਨੂੰ ਮੰਗ ਪੱਤਰ ਦਿੱਤਾ ਗਿਆ।ਮੰਗਾਂ ਸੰਬੰਧੀ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ ਅਤੇ ਸਹਾਇਕ ਸਕੱਤਰ ਕਾਮਰੇਡ ਮਨਹਰਨ ਨੇ ਦੱਸਿਆ ਕਿ ਇੱਟ ਭੱਠਿਆਂ ਉੱਪਰ ਔਰਤ-ਮਰਦ ਬੱਚਿਆਂ ਸਮੇਤ ਰਹਿ ਕੇ ਪਥੇਰ, ਨਿਕਾਸੀ, ਭਰਾਈ, ਜਲਾਈ ਅਤੇ ਪੱਕੀਆਂ ਇੱਟਾਂ ਦੀ ਲੋਡ-ਅਨਲੋਡ ਦਾ ਕੰਮ ਕਰਦੇ ਹਨ ਪਰ ਕਿਧਰੇ ਵੀ ਔਰਤਾਂ, ਮਰਦਾਂ ਲਈ ਸ਼ੌਚਾਲਯ, ਪਰਦੇ ਹੇਠ ਬਾਥਰੂਮ ਅਤੇ ਰਹਿਣ ਲਈ ਪੱਕੇ ਕੁਆਟਰਾਂ ਦੀ ਵਿਵਸਥਾ ਨਹੀਂ ਹੈ। ਖੁੱਲ੍ਹੇਆਮ ਸ਼ੌਚ ਸਮੇਂ ਨੇੜਲੇ ਖੇਤਾਂ ਵਿਚ ਜਾਣ ਸਮੇਂ ਮਾਨਸਿਕ ਪੀੜਾ ਚੋਂ ਗੁਜ਼ਰਨਾ ਪੈਂਦਾ ਹੈ।ਰਿਹਾਇਸ਼ ਲਈ ਟੈਂਪਰੇਰੀ ਝੁੱਗੀਆਂ ਹੋਣ ਕਰਕੇ ਹਨੇਰੀ-ਤੂਫਾਨ ਮੌਕੇ ਅਕਸਰ ਮਜ਼ਦੂਰਾਂ ਦੇ ਸੱਟ ਲੱਗਣ ਦੀਆਂ ਘਟਨਾਵਾਂ ਵਾਪਰਦੀਆਂ ਹਨ। ਰਿਹਾਇਸ਼ ਦਾ ਠੀਕ ਪ੍ਰਬੰਧ ਨਾ ਹੋਣ ਕਰਕ ਹਰੇਕ ਸਾਲ ਬਿਜਲੀ ਦੇ ਕਰੰਟ ਲੱਗਣ ਨਾਲ, ਸੱਪ ਦੇ ਡੰਗਣ ਨਾਲ ਜਾਂ ਕਿਸੇ ਹੋਰ ਦੁਰਘਟਨਾ ਕਾਰਨ ਕਿਸੇ ਨਾ ਕਿਸੇ ਮਜ਼ਦੂਰ ਦੀ ਮੌਤ ਹੋ ਜਾਂਦੀ ਹੈ ਅਤੇ ਕੇਸ ਨੂੰ ਰਫਾ-ਦਫਾ ਕਰ ਦਿੱਤਾ ਜਾਂਦਾ ਹੈ।ਇਸ ਸੰਬੰਧੀ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਜ਼ਿਲ੍ਹਾ ਪਠਾਨਕੋਟ ਵੱਲੋਂ ਪਿਛਲੇ ਕਈ ਸਾਲ ਤੋਂ ਲਗਾਤਾਰ ਭੱਠਾ ਮਾਲਕਾਂ ਨੂੰ ਲਿਖਤੀ ਤੌਰ 'ਤੇ ਪੱਕੇ ਕਵਾਟਰ ਸਮੇਤ ਸ਼ੌਚਾਲਯ ਅਤੇ ਬਾਥਰੂਮ ਦੀ ਮੰਗ ਕਰਦੇ ਆ ਰਹੇ ਹਾਂ। ਹਰ ਸਾਲ ਭੱਠਾ ਮਾਲਕਾਂ ਵੱਲੋਂ ਭਰੋਸਾ ਦਿੱਤਾ ਜਾਂਦਾ ਹੈ ਪਰ ਅਮਲੀ ਰੂਪ ਵਿਚ ਕੁਝ ਨਹੀਂ ਹੋ ਰਿਹਾ।ਇਸ ਸੰਬੰਧੀ ਅਸੀਂ



ਯੂਨੀਅਨ ਵੱਲੋਂ ਇਸ ਸਾਲ 1 ਅਪ੍ਰੈਲ 2025 ਨੂੰ ਡਿਪਟੀ ਡਾਇਰੈਕਟਰ ਫੈਕਟਰੀਜ਼ ਨੂੰ ਲਿਖਤੀ ਤੌਰ 'ਤੇ ਬੇਨਤੀ ਕੀਤੀ ਸੀ ਪਰ ਮਜ਼ਦੂਰਾਂ ਦੇ ਮੰਗ ਪੱਤਰ ਨੂੰ ਬਿਲਕੁਲ ਅੱਖੋਂ ਪਰੋਖੇ ਕੀਤਾ ਗਿਆ ਹੈ, ਕਿਧਰੇ ਵੀ ਡਿਪਟੀ ਡਾਇਰੈਕਟਰ ਫੈਕਟਰੀਜ਼ ਵੱਲੋਂ ਬਣਦੀ ਕਾਰਵਾਈ ਅਮਲ ਵਿਚ ਨਹੀਂ ਕੀਤੀ। ਯੂਨੀਅਨ ਵੱਲੋਂ ਲਿਖਤੀ ਰੂਪ ਵਿੱਚ ਡਿਪਟੀ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਨੂੰ ਦੱਸਿਆ ਕਿ ਜ਼ਿਲ੍ਹੇ ਅੰਦਰ ਪਿੰਡ ਚੋਹਾਨਾ ਵਿਖੇ ਪੰਕਜ ਮਹਾਜਨ ਦੇ ਭੱਠੇ 'ਤੇ ਕੰਮ ਕਰਦੇ ਸਤੀਸ਼ਗੜ੍ਹ ਦੇ ਅੰਤਰਰਾਜੀ ਦਲੀਪ ਕੁਮਾਰ ਧੀਵਰ ਨਾਮ ਦੇ 28 ਸਾਲਾ ਮਜ਼ਦੂਰ ਨੂੰ 4 ਅਕਤੂਬਰ ਨੂੰ ਸੱਪ ਦੇ ਡੰਗਣ ਨਾਲ 7 ਅਕਤੂਬਰ ਨੂੰ ਦਾ ਵਾਈਟ ਮੈਡੀਕਲ ਕਾਲਜ ਅਤੇ ਹਸਪਤਾਲ ਚਿੰਤਪੁਰਨੀ ਵਿਖੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ ਸੀ। ਭੱਠਾ ਮਾਲਕ ਨੇ ਇਸ ਘਟਨਾ ਸੰਬੰਧੀ ਪੁਲਸ ਨੂੰ ਸੂਚਿਤ ਕਰਨਾ ਜ਼ਰੂਰੀ ਨਹੀਂ ਸਮਝਿਆ ਅਤੇ ਸੰਸਕਾਰ ਉਪਰੰਤ ਮੌਤ ਸਰਟੀਫਿਕੇਟ ਪਾਉਣ ਲਈ ਘਰੋਟਾ ਥਾਣਾ ਚੌਂਕੀ ਅਧਿਕਾਰੀ ਨੇ ਰਿਪੋਰਟ ਦਰਜ ਕਰਨ ਤੋਂ ਵੀ ਇਨਕਾਰ ਕਰ ਦਿੱਤਾ ਸੀ। ਪੀੜਤ ਪਰਵਾਰ ਨੂੰ ਮੌਤ ਦਾ ਸਰਟੀਫਿਕੇਟ ਵੀ ਨਹੀਂ ਮਿਲ ਸਕਿਆ।ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਵੱਲੋਂ ਮੰਗ ਕੀਤੀ ਕਿ ਮਜ਼ਦੂਰਾਂ ਦੀ ਸਥਿਤੀ ਦੇਖਣ ਭਰਖਣ ਲਈ ਭੱਠਿਆਂ ਉੱਪਰ ਨਿੱਜੀ ਦੌਰਾ ਕਰਕੇ ਹਾਲਾਤ ਮੁਤਾਬਕ ਬਣਦੀ ਕਾਰਵਾਈ ਅਮਲ ਵਿਚ ਲਿਆਉਣ ਲਈ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਜਾਣ। ਡਿਪਟੀ ਕਮਿਸ਼ਨਰ ਡਾਕਟਰ ਪੱਲਵੀ ਨੇ ਡੈਪੂਟੇਸ਼ਨ ਵਿੱਚ ਗਏ ਆਗੂਆਂ ਤੋਂ ਇਲਾਵਾ ਸ਼ਾਮਲ ਔਰਤਾਂ ਦੀ ਗੱਲਬਾਤ ਸੁਣਨ ਉਪਰੰਤ ਭਰੋਸਾ ਦਿਵਾਇਆ ਕਿ ਜਲਦ ਮੁਸ਼ਕਲਾਂ ਦੂਰ ਕਰਨ ਦਾ ਉਪਰਾਲਾ ਕੀਤਾ ਜਾਵੇਗਾ। ਧਰਨੇ ਵਿੱਚ ਸਾਰੇ ਭੱਠਿਆਂ ਦੇ ਜਮਾਦਾਰਾਂ ਸੈਂਕੜੇ ਔਰਤਾਂ-ਮਰਦਾਂ ਬੱਚਿਆਂ ਸਮੇਤ ਸ਼ਾਮਲ ਸਨ। ਆਗੂਆਂ ਨੇ ਅੱਗੇ ਕਿਹਾ ਕਿ ਜੇਕਰ ਦੋ ਹਫ਼ਤੇ ਦੇ ਅੰਦਰ ਅੰਦਰ ਡਿਪਟੀ ਡਾਇਰੈਕਟਰ ਫੈਕਟਰੀਜ਼ ਨੇ ਬਣਦੀ ਕਾਰਵਾਈ ਅਮਲ ਵਿਚ ਨਾ ਕੀਤੀ ਤਾਂ ਡਿਪਟੀ ਡਾਇਰੈਕਟਰ ਫੈਕਟਰੀਜ਼ ਦੇ ਖਿਲਾਫ ਜ਼ਿਲ੍ਹਾ ਹੈਡਕੁਆਰਟਰ ਪਠਾਨਕੋਟ ਵਿਖੇ ਭੱਠਾ ਮਜ਼ਦੂਰ ਸੀ ਟੀ ਯੂ ਪੰਜਾਬ ਦੀ ਅਗਵਾਈ ਹੇਠ ਪੱਕਾ ਧਰਨਾ-ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ।

## ਭਲਕੇ ਹੋਣ ਵਾਲੇ ਲਾਈਟ ਐਂਡ ਸਾਊਂਡ ਸ਼ੋਅ ਦੀਆਂ ਤਿਆਰੀਆਂ ਜ਼ੋਰਾਂ 'ਤੇ : ਸ਼ੈਰੀ ਕਲਸੀ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 8 ਨਵੰਬਰ ਦੀ ਸ਼ਾਮ ਨੂੰ ਬਟਾਲਾ ਦੀ ਆਈ.ਟੀ.ਆਈ ਗਰਾਊਂਡ ਵਿਖੇ ਸ਼ਾਮ 5.30 ਵਜੇ ਤੋਂ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਰਾਹੀਂ ਸੰਗਤ ਨੂੰ ਨੌਵੇਂ ਪਾਤਸ਼ਾਹ ਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ ਮਹਾਨ ਇਤਿਹਾਸ ਤੋਂ ਜਾਣੂ ਕਰਵਾਇਆ ਜਾਵੇਗਾ। ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿਬਟਾਲਾ ਦੀ ਆਈ.ਟੀ.ਆਈ ਗਰਾਊਂਡ ਵਿਖੇ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਦੀਆਂ ਤਿਆਰੀਆਂ ਤੇਜ਼ੀ ਨਾਲ ਚੱਲ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਇਤਿਹਾਸਕ ਲਾਈਟ ਐਂਡ ਸਾਊਂਡ ਸ਼ੋਅ ਨੂੰ ਆਪਣੇ ਪਰਿਵਾਰਾਂ ਸਮੇਤ ਜ਼ਰੂਰ ਦੇਖਣ ਅਤੇ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਤੋਂ ਜਾਣੂ ਹੋਣ ਦੀ ਅਪੀਲ ਕੀਤੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਹ ਸ਼ੋਅ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਾਨਵਤਾ ਅਤੇ ਦਇਆ ਦੇ ਸੰਦੇਸ਼ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।


## ਮਹਿਮੂਦਪੁਰਾ 'ਚ ਸਜਾਏ ਨਗਰ ਕੀਰਤਨ ਦਾ ਸਵਾਗਤ

ਤਰਸਿੱਕਾ : (ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਮਹਿਮੂਦਪੁਰਾ ਤੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਦਾ ਚੈਚਲ ਸਿੰਘ ਡੇਰੇ ਵਾਲੇ, ਬਿਕਰਮਜੀਤ ਸਿੰਘ ਮੱਲੀ, ਬਲਜੀਤ ਸਿੰਘ ਮੱਲੀ, ਜਗਜੀਤ ਸਿੰਘ ਮੱਲੀ, ਕੁਲਦੀਪ ਸਿੰਘ ਅਤੇ ਹੋਰਨਾਂ ਨੇ ਸਵਾਗਤ ਕੀਤਾ। ਉਨ੍ਹਾਂ ਨੇ ਪੰਜ ਪਿਆਰੇ ਸਾਹਿਬਾਨ ਨੂੰ ਸਰੋਪੇ ਦੇ ਕੇ ਸਨਮਾਨਿਤ ਕੀਤਾ।




## ਭਲਕੇ ਲਾਈਟ ਐਂਡ ਸਾਊਂਡ ਸ਼ੋਅ ਬਟਾਲਾ ਵਿਖੇ ਹੋਵੇਗਾ : ਡੀ ਸੀ

ਗੁਰਦਾਸਪੁਰ : (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਆਦਿੱਤਿਆ ਉੱਪਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 8 ਨਵੰਬਰ ਦੀ ਸ਼ਾਮ ਨੂੰ 6 ਵਜੇ ਬਟਾਲਾ ਦੀ ਆਈ.ਟੀ.ਆਈ. ਗਰਾਊਂਡ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਜਾਵੇਗਾ। ਲਾਈਟ ਐਂਡ ਸਾਊਂਡ ਸ਼ੋਅ ਵੇਖਣ ਦੀ ਐਂਟਰੀ ਬਿਲਕੁਲ ਫਰੀ ਹੈ। ਡਿਪਟੀ ਕਮਿਸ਼ਨਰ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਇਸ ਇਤਿਹਾਸਕ ਲਾਈਟ ਐਂਡ ਸਾਊਂਡ ਸ਼ੋਅ ਨੂੰ ਆਪਣੇ ਪਰਿਵਾਰਾਂ ਸਮੇਤ ਜ਼ਰੂਰ ਦੇਖਣ ਅਤੇ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਤੋਂ ਜਾਣੂੰ ਹੋਣ ਦੀ ਅਪੀਲ ਕੀਤੀ ਹੈ।




## 'ਤੂੰ ਅਗਲਾ ਵਰਕਾ ਫੋਲ' ਨਾਟਕ ਦੀ ਦੂਜੀ ਪੇਸ਼ਕਾਰੀ 11 ਨੂੰ

ਗੁਰਦਾਸਪੁਰ : (ਜਨਕ ਮਹਾਜਨ)- ਨਟਾਲੀ ਰੰਗ ਮੰਚ ਗੁਰਦਾਸਪੁਰ ਦੀ ਮੀਟਿੰਗ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਪਾਹੜਾ ਦੀ ਰਹਿਨੁਮਾਈ ਹੇਠ ਹੋਈ ਜਿਸ ਵਿਚ ਸੀਨੀਅਰ ਮੀਤ ਪ੍ਰਧਾਨ ਜੋਧ ਸਿੰਘ ਲੈਕਚਰਾਰ ਸਟੇਟ ਅਵਾਰਡੀ, ਜਨਰਲ ਸਕੱਤਰ ਰਛਪਾਲ, ਵਿੱਤ ਸਕੱਤਰ ਅਮਰੀਕ ਸਿੰਘ ਮਾਨ ਤੇ ਰਜਿੰਦਰ ਸਿੰਘ ਦਿਉਲ ਲੈਕਚਰਾਰ ਹਾਜ਼ਰ ਹੋਏ। ਮੀਟਿੰਗ ਦੀ ਜਾਣਕਾਰੀ ਪ੍ਰੈਸ ਲਈ ਜਾਰੀ ਕਰਦਿਆਂ ਜਨਰਲ ਸਕੱਤਰ ਰਛਪਾਲ ਸਿੰਘ ਘੁੰਮਣ ਤੇ ਜੋਧ ਸਿੰਘ ਨੇ ਦੱਸਿਆ ਕਿ ਮੰਚ ਵਲੋਂ ਹਰ ਸਾਲ ਦੀ ਤਰ੍ਹਾਂ ਗੌਰਮਿੰਟ ਕਾਲਜ ਗੁਰਦਾਸਪੁਰ ਵਿਚ ਮੰਗਲਵਾਰ 11 ਨਵੰਬਰ ਨੂੰ ਸਵੇਰੇ 9 ਵਜੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 110 ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਵਾਂ ਨਾਟਕ ਜਿਸ ਦੀ ਪਹਿਲੀ ਪੇਸ਼ਕਾਰੀ ਜਲੰਧਰ ਵਿੱਚ ਮੇਲਾ ਗ਼ਦਰੀ ਬਾਬਿਆਂ ਵਿਚ ਹੋਈ ਸੀ "ਤੂੰ ਅਗਲਾ ਵਰਕਾ ਫੋਲ" ਦੀ ਪੇਸ਼ਕਾਰੀ ਲੇਖਕ, ਅਦਾਕਾਰ ਤੇ ਨਿਰਦੇਸ਼ਕ ਡਾ. ਸਾਹਿਬ ਸਿੰਘ ਵਲੋਂ ਕੀਤੀ ਜਾਵੇਗੀ।




## ਸ੍ਰੀ ਗੁਰੂ ਹਰਗੋਬਿੰਦ ਸਕੂਲ ਦੇ ਵਿਦਿਆਰਥੀਆਂ ਦਾ ਵੰਡਰ ਗਾਰਡਨ ਟੂਰ

ਤਰਸਿੱਕਾ : ( ਤਰਸੇਮ ਸਿੰਘ ਸਾਧਪੁਰ)-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਲ ਖੁਜਾਲਾ ਅੰਮ੍ਰਿਤਸਰ ਮਹਿਤਾ ਰੋਡ ਵੱਲੋਂ ਸਕੂਲ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗਮਟਾਲਾ ਅਤੇ ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ ਦੀ ਅਗਵਾਈ ਹੇਠ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵੰਡਰਲੈਂਡ ਗਾਰਡਨ ਵਾਟਰ ਪਾਰਕ, ਜਲੰਧਰ ਦੇ ਟੂਰ 'ਤੇ ਲਿਜਾਇਆ ਗਿਆ।ਸਕੂਲ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗੁਮਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੱਚਿਆਂ ਦੇ ਮਾਨਸਿਕ ਤਣਾਅ ਨੂੰ ਦੂਰ ਕਰਨ ਲਈ ਉਹਨਾਂ ਨੂੰ ਇਸ ਯਾਤਰਾ 'ਤੇ ਲਿਆਂਦਾ ਗਿਆ।




## ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸਾਧਪੁਰ 'ਚ ਨਗਰ ਕੀਰਤਨ ਸਜਾਇਆ

ਤਰਸਿੱਕਾ : (ਤਰਸੇਮ ਸਿੰਘ ਸਾਧਪੁਰ)-ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਿਤ ਪਿੰਡ ਸਾਧਪੁਰ ਦੀ ਸਮੂਹ ਸਾਧ ਸੰਗਤ ਵੱਲੋਂ ਗੁਰਦੁਆਰਾ ਬਾਬਾ ਦੀਪ ਸਿੰਘ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਸਜਾਇਆ ਗਿਆ ਜੋ ਪਿੰਡ ਦੇ ਵੱਖ ਵੱਖ ਬਾਜ਼ਾਰਾਂ ਦੇ ਵਿੱਚੋਂ ਹੁੰਦਾ ਹੋਇਆ ਗੁਰਦੁਆਰਾ ਬਾਬਾ ਦੀਪ ਸਿੰਘ ਵਿਖੇ ਸਮਾਪਤ ਹੋਇਆ । ਇਸ ਦੌਰਾਨ ਨਗਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਨਗਰ ਕੀਰਤਨ ਦਾ ਬਹੁਤ ਹੀ ਗਰਮ ਜੋਸ਼ੀ ਨਾਲ ਸੰਗਤਾਂ ਵੱਲੋਂ ਸਵਾਗਤ ਕਰਦਿਆਂ ਥਾਂ ਥਾਂ 'ਤੇ ਲੰਗਰ ਲਗਾਏ ਗਏ ਅਤੇ ਪੰਜ ਪਿਆਰੇ ਸਾਹਿਬਾਨ ਦਾ ਸਵਾਗਤ ਕਰਦਿਆਂ ਸਰੋਪੇ ਪਾ ਕੇ ਸਨਮਾਨਿਤ ਕੀਤਾ ਗਿਆ ।



## ਟੂਲ ਪਲਾਜ਼ਾ 'ਤੇ ਧਰਨਾ ਦਿੱਤਾ ਜਾਵੇਗਾ : ਦਦੇਹਰ ਸਾਹਿਬ

ਚੋਹਲਾ ਸਾਹਿਬ : (ਰਮਨ ਚੱਢਾ) - ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਟੋਲ ਪਲਾਜ਼ਾ ਉਸਮਾ ਵਾਲੇ ਲੋਕਲ ਗੱਡੀਆਂ ਵਾਲਿਆਂ ਤੋਂ ਟੋਲ ਦੀ ਮੰਗ ਕਰ ਰਹੇ ਹਨ ਪਰ ਪੰਜਾਬ ਵਿੱਚ ਕੋਈ ਵੀ ਟੋਲ ਪਲਾਜ਼ਾ ਲੋਕਲ ਗੱਡੀਆਂ ਤੋਂ ਟੋਲ ਦੀ ਮੰਗ ਨਹੀਂ ਕਰਦਾ । ਪਿਛਲੇ ਦਿਨੀ ਕਿਸਾਨ ਜਥੇਬੰਦੀਆਂ ਦੇ ਆਗੂ ਟੋਲ ਪਲਾਜ਼ਾ ਮੈਨੇਜਰ ਨੂੰ ਮਿਲੇ ਸੀ ਉਹਨਾਂ ਮੰਗ ਕੀਤੀ ਸੀ ਕਿ ਸਾਡੇ ਕਿਸਾਨ ਆਗੂਆਂ ਤੋਂ ਜਿੰਨ੍ਹਾ ਕੋਲ ਕਿਸਾਨ ਜਥੇਬੰਦੀਆਂ ਦੇ ਕਾਰਡ ਹਨ ਅਤੇ ਲੋਕਲ ਗੱਡੀਆਂ ਕੋਲੋਂ ਟੋਲ ਨਾ ਲਿਆ ਜਾਵੇ । ਮੈਨੇਜਰ ਨੇ ਵਿਸ਼ਵਾਸ ਦਿਵਾਇਆ ਸੀ ਕਿ ਨਹੀ ਲਿਆ ਜਾਵੇਗਾ ।ਉਨ੍ਹਾਂ ਕਿਹਾ ਕਿ ਜੇਕਰ ਲੋਕਲ ਟੋਲ ਦੀ ਮੰਗ ਫਿਰ ਵੀ ਕੀਤੀ ਜਾਂਦੀ ਹੈ ਤਾਂ ਲੋਕਾਂ ਨੂੰ ਲਾਮਬੰਦ ਕਰਕੇ ਟੋਲ ਉਪਰ ਧਰਨਾ ਲਗਾਇਆ ਜਾਵੇਗਾ।



## ਐਮਾ ਕਲਾਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ

ਝਬਾਲ (ਹਰਜਿੰਦਰ ਸਿੰਘ ਸੋਨੀ)-ਦਸਮੇਸ਼ ਪਰਵਾਰ ਇੰਟਰਨੈਸ਼ਨਲ ਸਕੂਲ ਐਮਾ ਕਲਾਂ ਵਿਖੇ ਅੱਜ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਭਾਗ ਲਿਆ।

ਪ੍ਰੋਗਰਾਮ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਦੇ ਸਬੰਧ ਵਿੱਚ ਇੱਕ ਕਵਿਜ਼ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਪਹਿਲੀ ਕਲਾਸ ਤੋਂ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਕਵਿਜ਼ ਮੁਕਾਬਲੇ ਵਿੱਚ ਚਾਰ ਟੀਮਾਂ ਬਣਾਈਆਂ ਗਈਆਂ । ਅਤੇ ਹਰ ਇੱਕ ਟੀਮ ਤੋਂ ਪੰਜ ਰਾਊਂਡ ਵਿੱਚ ਸਵਾਲ ਪੁੱਛੇ ਗਏ, ਇਹਨਾਂ ਸਵਾਲਾਂ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਬੱਚਿਆਂ ਨੂੰ ਜਾਣਕਾਰੀ ਦੇਣ ਦੀ ਪੂਰੀ ਕੋਸ਼ਿਸ਼ ਕੀਤੀ ਗਈ। ਸਕੂਲ ਦੇ ਵੱਖ-ਵੱਖ ਦੇ ਬੱਚਿਆਂ ਵੱਲੋਂ ਕਵਿਤਾਵਾਂ ਸ਼ਬਦ ਅਤੇ ਭਾਸ਼ਣ ਵੀ ਦਿੱਤੇ ਗਏ। ਕਵਿਜ਼ ਮੁਕਾਬਲੇ ਵਿੱਚ ਜੇਤੂ ਟੀਮਾਂ ਨੂੰ ਇਨਾਮ ਵੀ ਦਿੱਤਾ ਗਿਆ।

ਇਸ ਮੌਕੇ ਤੇ ਦਸਮੇਸ਼ ਪਰਿਵਾਰ ਗਰੁੱਪ ਆਫ ਸਕੂਲਜ ਦੇ ਚੇਅਰਮੈਨ ਸਰਦਾਰ ਜਸਵੰਤ ਸਿੰਘ ਨੇ ਕਿਹਾ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਇਕੱਲੇ ਸਿੱਖਾਂ ਦੇ ਹੀ ਨਹੀਂ ਸਗੋਂ ਪੂਰੇ ਜਗਤ ਦੇ ਗੁਰੂ ਹਨ। ਉਹਨਾਂ ਨੇ ਪੂਰੇ ਮਾਨਵਤਾ ਦੀ ਗੱਲ ਕੀਤੀ ਅਤੇ ਕਿਰਤ ਕਰੋ ਨਾਮ ਜਪੋ ਵੰਡ ਛੱਕੋ ਦੇ ਸਿਧਾਂਤ ਨੂੰ ਅਪਣਾਉਣ ਲਈ ਕਿਹਾ।

ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਮੈਡਮ ਰੁਪਿੰਦਰ ਕੌਰ ਨੇ ਕਿਹਾ ਕਿ ਸਕੂਲ ਵਿੱਚ ਇਹੋ ਜਿਹੇ ਪ੍ਰੋਗਰਾਮ ਕਰਨ ਦਾ ਮਤਲਬ ਇਹਨਾਂ ਛੋਟੇ- ਛੋਟੇ ਬੱਚਿਆਂ ਨੂੰ ਆਪਣੇ ਗੁਰੂ ਸਾਹਿਬਾਨ ਦੇ ਇਤਿਹਾਸ ਨੂੰ ਜਾਣੂ ਕਰਵਾਉਣਾ ਹੈ। ਇਸ ਮੌਕੇ ਮੈਡਮ ਚਰਨਜੀਤ ਕੌਰ, ਮੈਡਮ ਪ੍ਰਨੀਤ ਕੌਰ, ਮੈਡਮ ਨਵਦੀਪ ਕੌਰ, ਮੈਡਮ ਰੇਨੂੰ, ਮੈਡਮ ਮਨਪ੍ਰੀਤ ਕੌਰ ਅਤੇ ਸਾਰਾ ਸਟਾਫ ਹਾਜ਼ਰ ਸੀ।




## ਸ਼ਤਾਬਦੀ ਸ਼ਹੀਦੀ ਨਗਰ ਕੀਰਤਨ ਤਰਨ ਤਾਰਨ ਤੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਛੇਹਰਟਾ ਲਈ ਹੋਇਆ ਰਵਾਨਾ

ਤਰਨ ਤਾਰਨ( ਪ੍ਰਿਤਪਾਲ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਤੋਂ ਅਗਲੇ ਪੜਾਅ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਛੇਹਰਟਾ ਅੰਮ੍ਰਿਤਸਰ ਲਈ ਰਵਾਨਾ ਹੋਇਆ।

ਤਰਨ ਤਾਰਨ ਤੋਂ ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਦਲ ਬਾਬਾ ਬਿਧੀ ਚੰਦ ਸੰਪਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਸਮੇਤ ਸ਼੍ਰੋਮਣੀ ਕਮੇਟੀ ਦੇ ਮੈਂਬਰ ਤੇ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਸਨ।ਇਸ ਮੌਕੇ ਸਜੇ ਧਾਰਮਿਕ ਦੀਵਾਨ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ।ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨਾਲ ਸਬੰਧਤ ਸ਼ਤਾਬਦੀ ਦਿਹਾੜੇ ਸਿੱਖ ਕੌਮ ਲਈ ਅਹਿਮ ਮਹੱਤਤਾ ਰੱਖਦੇ ਹਨ ਅਤੇ ਇਸ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰਨਾ ਹਰ ਸਿੱਖ ਦਾ ਫਰਜ਼ ਹੈ। ਉਨ੍ਹਾਂ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ 23 ਨਵੰਬਰ ਤੋਂ 29 ਨਵੰਬਰ ਤੱਕ ਹੋਣ ਵਾਲੇ ਸਮਾਗਮਾਂ ਸਮੇਂ ਪਰਵਾਰਾਂ ਸਮੇਤ ਹਾਜ਼ਰੀਆਂ ਭਰਨ ਦੀ ਪ੍ਰੇਰਨਾ ਵੀ ਕੀਤੀ।

ਨਗਰ ਕੀਰਤਨ ਦੀ ਰਵਾਨਗੀ ਮੌਕੇ ਪਾਲਕੀ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਸ਼ੋਭਿਤ ਕਰਨ ਦੀ ਸੇਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿਭਾਈ। ਰਸਤੇ ਵਿਚ ਵੱਖ ਵੱਖ ਪੜਾਵਾਂ ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਗਿਆ।ਇਸ ਮੌਕੇ ਦਲ ਬਾਬਾ ਬਿਧੀ ਚੰਦ ਸੰਪਰਦਾ ਦੇ ਮੁੱਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਅਲਵਿੰਦਰਪਾਲ ਸਿੰਘ ਪੱਖੋਕੇ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਗੁਰਬਚਨ ਸਿੰਘ ਕਰਮੂੰਵਾਲਾ, ਖੁਸ਼ਵਿੰਦਰ ਸਿੰਘ ਭਾਟੀਆ, ਬਲਵਿੰਦਰ ਸਿੰਘ ਵੇਈਂਪੂਈਂ, ਅਮਰਜੀਤ ਸਿੰਘ ਬੰਡਾਲਾ, ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ, ਸੁਖਵਰਸ਼ ਸਿੰਘ ਪੰਨੂ, ਬੀਬੀ ਹਰਜਿੰਦਰ ਕੌਰ, ਸਾਬਕਾ ਵਿਧਾਇਕ ਸ. ਰਵਿੰਦਰ ਸਿੰਘ ਬ੍ਰਹਮਪੁਰਾ, ਤਰਨ ਤਾਰਨ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ, ਅਕਾਲੀ ਆਗੂ ਇਕਬਾਲ ਸਿੰਘ ਸੰਧੂ, ਓ ਐਸ ਡੀ ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਭਾਈ ਹਰਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।




## ਤੁਲਸੀ ਵਿਆਹ ਉਤਸਵ ਧੂਮਧਾਮ ਨਾਲ ਮਨਾਇਆ



ਛੇਹਰਟਾ : (ਮਨੋਜ ਕੁਮਾਰ) - ਕੱਤਕ ਦੀ ਪੂਰਨਮਾਸ਼ੀ ਦੇ ਸ਼ੁਭ ਮੌਕੇ 'ਤੇ ਠਾਕੁਰ ਸ਼੍ਰੀ ਸ਼ਾਲੀਗ੍ਰਾਮ ਜੀ ਤੇ ਤੁਲਸੀ ਮਹਾਰਾਣੀ ਜੀ ਦਾ ਸ਼ੁਭ ਵਿਆਹ ਉਤਸਵ ਸ਼ਿਵਾਲਾ ਸੰਤੋਖਸਰ ਸੰਤੋਸ਼ੀ ਮਾਤਾ ਮੰਦਰ, ਪ੍ਰਤਾਪ ਬਾਜ਼ਾਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਪ੍ਰਸਿੱਧ ਭਜਨ ਮੰਡਲੀ ਮਹਿਲਾ ਸਤਿਸੰਗ ਮੰਡਲ ਵੱਲੋਂ ਵਧਾਈ ਗੀਤ ਵੀ ਗਾਇਆ ਗਿਆ। ਇਸ ਮੌਕੇ ਭੰਡਾਰਾ ਵੀ ਕਰਵਾਇਆ ਗਿਆ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਸਵਤੰਤਰ ਉੱਪਲ, ਕ੍ਰਿਸ਼ਨ ਕਪੂਰ ਬੱਬੂ, ਸੰਨੀ ਮਹਿਰਾ, ਪੰਡਿਤ ਸੂਰਜ, ਪੰਡਿਤ ਸ਼ੰਮੀ, ਪੰਡਿਤ ਗੌਤਮ, ਸਮਾਜ ਸੇਵੀ ਅਸ਼ਵਨੀ ਜੋਸ਼ੀ, ਸੁਰਿੰਦਰ, ਲਾਟੀ, ਸੂਰਜ, ਪੰਕਜ ਭਾਟੀਆ, ਪਿੰਕੀ ਸ਼ਰਮਾ, ਪੁਨੀਤ ਗਰਗ, ਵਰੁਣ ਖੰਨਾ, ਰਮੇਸ਼ ਸ਼ਰਮਾ ਤੇ ਨੈਤਿਕ ਜੋਸ਼ੀ ਨੇ ਮਾਤਾ ਦਾ ਆਸ਼ੀਰਵਾਦ ਲਿਆ।

## ਅਜਨਾਲਾ ਪੁਲਸ ਪ੍ਰਸ਼ਾਸਨ ਵਿਰੁੱਧ 13 ਤੋਂ ਪੱਕਾ ਧਰਨਾ ਲਾਉਣ ਦਾ ਐਲਾਨ


ਅਜਨਾਲਾ : (ਸੁਖਵਿੰਦਰ ਸਿੰਘ ਰਾਜੂ)--ਪੁਲਿਸ ਪ੍ਰਸ਼ਾਸਨ ਅਜਨਾਲਾ ਦੀਆਂ ਵਧੀਕੀਆਂ ਵਿਰੁੱਧ ਇਥੇ ਅਜਨਾਲਾ ਵਿੱਖੇ ਪੁਲਿਸ ਹੱਥੋਂ ਦੁਖੀ ਲੋਕਾਂ ਵੱਲੋਂ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਅਤੇ ਇਨਸਾਫ਼ ਦੀ ਗੁਹਾਰ ਲਾਈ ! ਪੁਲਿਸ ਵਿਰੁੱਧ ਇਸ ਗੁੱਸੇ ਭਰੇ ਵਿਸ਼ਾਲ ਇਕੱਠ ਨੂੰ ਵੱਖ ਵੱਖ ਜਨਤਕ ਜਥੇਬੰਦੀਆਂ ਦੇ ਆਗੂਆਂ ਡਾ. ਸਤਨਾਮ ਸਿੰਘ ਅਜਨਾਲਾ ਸੂਬਾ ਪ੍ਰਧਾਨ ਜਮਹੂਰੀ ਕਿਸਾਨ ਸਭਾ ਪੰਜਾਬ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਅਮਰਜੀਤ ਸਿੰਘ ਭਿੰਡੀ ਸੈਦਾਂ, ਔਰਤ ਮੁਕਤੀ ਮੋਰਚਾ ਦੀ ਸਕੱਤਰ ਸਰਬਜੀਤ ਕੌਰ ਜਸਰਾਊਰ ਅਤੇ ਉੱਘੇ ਸਮਾਜ ਸੇਵਕ ਪ੍ਰੋ: ਮਾਲਕ ਸਿੰਘ ਗੁਰਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਜਨਾਲਾ ਪੁਲਿਸ ਪ੍ਰਸ਼ਾਸਨ ਵਲੋਂ ਵੱਖ ਵੱਖ ਸੰਗੀਨ ਪਰਚਿਆਂ ਵਿੱਚ ਨਾਮਜ਼ਦ ਦੋਸ਼ੀਆਂ ਨੂੰ ਲੰਮੇ ਸਮੇਂ ਤੋਂ ਗ੍ਰਿਫ਼ਤਾਰ ਨਹੀਂ ਕਰ ਰਹੀ । ਉਹ ਸ਼ਰੇਆਮ ਦਨ ਦਨਾਉਂਦੇ ਫਿਰਦੇ ਹਨ! ਰੋਹ ਭਰੇ ਇਕੱਠ ਵਿੱਚ ਫੈਸਲਾ ਕੀਤਾ ਗਿਆ ਕਿ ਅਜਨਾਲਾ ਪੁਲਿਸ ਦੇ ਲਾਰੇ ਲੱਪਿਆਂ ਤੋਂ ਦੁਖੀ ਹੋ ਕੇ ਪੀੜਤ ਲੋਕਾਂ ਨੂੰ ਪੁਲਿਸ ਤੋਂ ਇਨਸਾਫ ਦਿਵਾਉਣ ਲਈ 13 ਨਵੰਬਰ ਨੂੰ ਥਾਣਾ ਅਜਨਾਲਾ ਦੇ ਸਾਹਮਣੇ ਇਨਸਾਫ਼ ਮਿਲਣ ਤੱਕ ਧਰਨਾ ਲਗਾਇਆ ਜਾਵੇਗਾ ਜਿਸ ਵਿਚ ਇਲਾਕੇ ਭਰ ਦੇ ਕਿਸਾਨ, ਮਜ਼ਦੂਰ, ਨੌਜਵਾਨ ਤੇ ਔਰਤਾਂ ਸੈਂਕੜਿਆਂ ਦੀ ਗਿਣਤੀ ਵਿੱਚ ਸ਼ਾਮਿਲ ਹੋਣਗੇ । ਹੋਰਨਾਂ ਤੋਂ ਇਲਾਵਾ ਦੇਸਾ ਸਿੰਘ ਤੇ ਦੇਸ਼ ਭਗਤ ਚਰਨ ਸਿੰਘ ਭਿੰਡੀ ਔਲਖ , ਗਾਇਕ ਗੁਰਪਾਲ ਗਿੱਲ ਸੈਦਪੁਰ, ਲਖਬੀਰ ਸਿੰਘ ਤੇੜਾਂ, ਹਰਦੀਪ ਸਿੰਘ ਬੱਗਾ, ਕਰਨੈਲ ਸਿੰਘ ਭਿੰਡੀ ਸੈਦਾਂ, ਸੁੱਖ ਅੰਮ੍ਰਿਤਪਾਲ ਸਿੰਘ ਤੇ ਕੁਲਦੀਪ ਸਿੰਘ ਅਜਨਾਲਾ, ਬਲਕਾਰ ਸਿੰਘ ਪੂਗਾਂ , ਮਨਪ੍ਰੀਤ ਸਿੰਘ ਅਜਨਾਲਾ ਤੇ ਸੁੱਖਾ ਸਿੰਘ ਅਜਨਾਲਾ, ਰਸ਼ਪਾਲ ਸਿੰਘ ਬੱਲ ਲੱਬੇ ਦਰਿਆ, ਜੋਗਿੰਦਰ ਸਿੰਘ ਤੇੜਾਂ ਰਾਜਪੂਤਾਂ, ਰਸ਼ਪਾਲ ਸਿੰਘ ਸਾਹੋਵਾਲ,ਮਹਿੰਦਰ ਸਿੰਘ ਗੁਰਾਲਾ, ਸਤਨਾਮ ਸਿੰਘ ਤੇ ਸੰਤੋਖ ਸਿੰਘ ਅਜਨਾਲਾ, ਮੁਖਤਾਰ ਸਿੰਘ ਗੁਰਾਲਾ ਪ੍ਰੀਤਮ ਸਿੰਘ ਤੇ ਲਾਭ ਸਿੰਘ ਭੂੰਜ, ਜੱਗਪ੍ਰੀਤ ਸਿੰਘ ਜੋਸ਼ ਨੇ ਵੀ ਪੁਲਿਸ ਵਿਰੁੱਧ ਰੱਜ ਕੇ ਭੜਾਸ ਕੱਢੀ !



## ਜਠੌਲ 'ਚ ਨਸ਼ਾ ਤਸਕਰ ਦੀ ਆਲੀਸ਼ਾਨ ਕੋਠੀ 'ਤੇ ਚੱਲਿਆ ਬੁਲਡੋਜ਼ਰ

ਛੇਹਰਟਾ : (ਮਨੋਜ ਕੁਮਾਰ) - ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ ਨਾਲ ਲੱਗਦੇ ਪਿੰਡ ਜਠੌਲ ਵਿਚ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵੀਰਵਾਰ ਨੂੰ ਨਸ਼ਾ ਤਸਕਰ ਗੁਰਪ੍ਰੀਤ ਸਿੰਘ ਉਰਫ਼ ਬਿੱਲਾ ਵਾਸੀ ਪਿੰਡ ਜਠੌਲ ਥਾਣਾ ਘਰਿੰਡਾ ਦੀ ਨਸ਼ਾ ਵੇਚ ਕੇ ਬਣਾਈ ਆਲੀਸ਼ਾਨ ਕੋਠੀ ਬੁਲਡੋਜ਼ਰ ਚਲਾ ਕੇ ਢਹਿ-ਢੇਰੀ ਕਰ ਦਿੱਤੀ ਗਈ।


ਇਸ ਸਬੰਧੀ ਗੱਲਬਾਤ ਕਰਦੇ ਜ਼ਿਲ੍ਹਾ ਪੁਲਿਸ ਮੁਖੀ ਮਨਿੰਦਰ ਸਿੰਘ ਨੇ ਦੱਸਿਆ ਕਿ ਉਕਤ ਤਸਕਰ ਉਤੇ ਐੱਨ.ਡੀ ਪੀ.ਐੱਸ. ਤੇ ਹੋਰ ਐਕਟਾਂ ਅਧੀਨ 6 ਪਰਚੇ ਵੱਖ-ਵੱਖ ਥਾਣਿਆਂ ਵਿਚ ਦਰਜ ਹਨ। ਉਨ੍ਹਾਂ ਦੱਸਿਆ ਕਿ ਉਕਤ ਤਸਕਰ ਨਸ਼ਾ ਤਸਕਰੀ ਦੇ ਮਾਮਲਿਆਂ ਵਿਚ ਨਾਮਜ਼ਦ ਹੈ ਤੇ 10 ਸਾਲ ਦੀ ਸਜ਼ਾ ਕੱਟ ਰਿਹਾ ਹੈ। ਉਨ੍ਹਾਂ ਦੱਸਿਆ ਕਿ ਉਕਤ ਦੋਸ਼ੀ ਵੱਲੋਂ ਨਸ਼ਾ ਤਸਕਰੀ ਦੀ ਕਾਲੀ ਕਮਾਈ ਨਾਲ ਸਰਕਾਰੀ ਜ਼ਮੀਨ 'ਤੇ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈ ਗਈ ਵਿਸ਼ਾਲ ਕੋਠੀ ਨੂੰ ਢਹਿ ਢੇਰੀ ਕਰ ਦਿੱਤਾ ਗਿਆ ਹੈ।



## ਸਪੋਰਟਸ ਮੈਡੀਕਲ ਕਾਡਰ ਦੀਆਂ 110 ਅਸਾਮੀਆਂ ਨੂੰ ਮਨਜ਼ੂਰੀ ਸ਼ਲਾਘਾਯੋਗ : ਸ਼ੈਰੀ ਕਲਸੀ

**ਤਰਨਤਾਰਨ** : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਉਸ ਇਤਿਹਾਸਕ ਫੈਸਲੇ ਦੀ ਸ਼ਲਾਘਾ ਕੀਤੀ ਹੈ, ਜਿਸ ਤਹਿਤ ਖਿਡਾਰੀਆਂ ਲਈ ਸਪੋਰਟਸ ਮੈਡੀਕਲ ਕਾਡਰ ਵਿੱਚ 110 ਨਵੀਆਂ ਅਸਾਮੀਆਂ ਨੂੰ ਮਨਜ਼ੂਰੀ ਦਿੱਤੀ ਗਈ ਹੈ।ਸ਼ੈਰੀ ਕਲਸੀ ਨੇ ਕਿਹਾ ਕਿ ਇਹ ਕਦਮ ਸਾਬਤ ਕਰਦਾ ਹੈ ਕਿ ਆਪ ਸਰਕਾਰ ਸਿਰਫ਼ ਗੱਲਾਂ ਨਹੀਂ ਕਰਦੀ, ਸਗੋਂ ਪੰਜਾਬ ਦੇ ਨੌਜਵਾਨਾਂ ਅਤੇ ਖਿਡਾਰੀਆਂ ਦੇ ਭਵਿੱਖ ਨੂੰ ਸੁਧਾਰਨ ਲਈ ਠੋਸ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਤਰਨਤਾਰਨ ਦੇ ਲੋਕ ਆਪ ਸਰਕਾਰ ਦੇ ਇਸੇ ਲੋਕ-ਪੱਖੀ ਏਜੰਡੇ ਨੂੰ ਦੇਖ ਕੇ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਜਿਤਾਉਣ ਦਾ ਮਨ ਬਣਾ ਚੁੱਕੇ ਹਨ।ਸ਼ੈਰੀ ਕਲਸੀ ਨੇ ਕਿਹਾ ਕਿ ਮਾਨ ਸਰਕਾਰ ਦਾ ਇਹ ਦੂਰਅੰਦੇਸ਼ੀ ਫੈਸਲਾ ਪੰਜਾਬ ਦੇ ਖੇਡ ਢਾਂਚੇ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤੀ ਦੇਵੇਗਾ। ਇਨ੍ਹਾਂ 110 ਅਸਾਮੀਆਂ (ਜਿਸ ਵਿੱਚ ਗਰੁੱਪ-ਏ, ਬੀ ਅਤੇ ਸੀ ਦੇ ਮਾਹਿਰ ਸ਼ਾਮਲ ਹਨ) ਨਾਲ ਸਾਡੇ ਖਿਡਾਰੀਆਂ ਨੂੰ ਮੈਡੀਕਲ ਕਵਚ ਮਿਲੇਗਾ। ਇਹ ਸਟਾਫ਼ ਖਿਡਾਰੀਆਂ ਨੂੰ ਸੱਟ ਲੱਗਣ 'ਤੇ ਬਿਹਤਰ ਇਲਾਜ, ਤੇਜ਼ ਰਿਕਵਰੀ ਅਤੇ ਵਿਗਿਆਨਕ ਆਧਾਰ 'ਤੇ ਉਨ੍ਹਾਂ ਦੇ ਪ੍ਰਦਰਸ਼ਨ ਨੂੰ ਨਿਖਾਰਨ ਵਿੱਚ ਮਦਦ ਕਰੇਗਾ, ਤਾਂ ਜੋ ਪੰਜਾਬ ਦੇ ਖਿਡਾਰੀ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਹੋਰ ਚਮਕ ਸਕਣ।ਉਨ੍ਹਾਂ ਅੱਗੇ ਕਿਹਾ ਕਿ ਇਹ ਫੈਸਲਾ ਸਿਰਫ਼ ਖਿਡਾਰੀਆਂ ਲਈ ਹੀ ਨਹੀਂ, ਸਗੋਂ ਪੜ੍ਹੇ-ਲਿਖੇ ਮੈਡੀਕਲ ਅਤੇ ਪੈਰਾ-ਮੈਡੀਕਲ ਨੌਜਵਾਨਾਂ ਲਈ ਵੀ ਵੱਡੀ ਖੁਸ਼ਖਬਰੀ ਹੈ, ਜਿਨ੍ਹਾਂ ਲਈ 110 ਪੱਕੀਆਂ ਸਰਕਾਰੀ ਨੌਕਰੀਆਂ ਦੇ ਦਰਵਾਜ਼ੇ ਖੁੱਲ੍ਹੇ ਹਨ। ਕਾਰਜਕਾਰੀ ਪ੍ਰਧਾਨ ਨੇ ਕਿਹਾ ਕਿ ਸਰਕਾਰ ਵੱਲੋਂ ਇਹ ਮੈਡੀਕਲ ਟੀਮਾਂ ਪਹਿਲੇ ਪੜਾਅ ਵਿੱਚ ਪਟਿਆਲਾ, ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਸਮੇਤ 12 ਪ੍ਰਮੁੱਖ ਖੇਡ ਕੇਂਦਰਾਂ ਵਿੱਚ ਤਾਇਨਾਤ ਕੀਤੀਆਂ ਜਾ ਰਹੀਆਂ ਹਨ।

*0ਉਨ੍ਹਾਂ ਤਰਨਤਾਰਨ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਲਕੇ ਦੇ ਵਿਕਾਸ ਅਤੇ ਆਪਣੇ ਬੱਚਿਆਂ ਦੇ ਸੁਨਹਿਰੇ ਭਵਿੱਖ ਲਈ ਆਪ ਸਰਕਾਰ ਦੇ ਹੱਥ ਮਜ਼ਬੂਤ ਕਰੋ। ਉਨ੍ਹਾਂ ਕਿਹਾ ਕਿ 11 ਨਵੰਬਰ ਨੂੰ ਹਰਮੀਤ ਸਿੰਘ ਸੰਧੂ ਨੂੰ ਜਿਤਾਉਣ ਦਾ ਮਤਲਬ ਹੈ ਤਰਨਤਾਰਨ ਦੀ ਤਰੱਕੀ ਦੀ ਗਾਰੰਟੀ ਦੇਣਾ।



## ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਉਤਸ਼ਾਹ ਤੇ ਸ਼ਰਧਾ ਮਨਾਇਆ

ਤਰਨ ਤਾਰਨ ( ਪ੍ਰਿਤਪਾਲ ਸਿੰਘ)-ਹਰ ਸਾਲ ਦੀ ਤਰ੍ਹਾਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਬੜੀ ਹੀ ਸ਼ਰਧਾ ਭਾਵਨਾ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਵਿੱਚ ਇਕ ਖ਼ਾਸ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਜਿਸ ਦਾ ਆਰੰਭ ਸ਼ਬਦ ਕੀਰਤਨ ਨਾਲ ਹੋਇਆ।

ਇਸ ਉਪਰੰਤ ਵਿਦਿਆਰਥੀਆਂ ਦੁਆਰਾ ਗੁਰੂ ਜੀ ਦੀਆਂ ਸਿੱਖਿਆਵਾਂ ਅਤੇ ਜੀਵਨ ਉੱਪਰ ਰੋਸ਼ਨੀ ਪਾਈ ਗਈ। ਇਸ ਮੌਕੇ 'ਤੇ ਦੱਸਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਕਵੀਸ਼ਰੀ ਪੇਸ਼ ਕੀਤੀ ਗਈ। ਇਸ ਖ਼ਾਸ ਮੌਕੇ 'ਤੇ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮਨੀਸ਼ਾ ਸੂਦ ਨੇ ਸਭ ਨੂੰ ਗੁਰਪੁਰਬ ਦੀ ਵਧਾਈ ਦਿੰਦਿਆਂ ਹਮੇਸ਼ਾ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਉੱਪਰ ਚੱਲ ਕੇ ਜੀਵਨ ਨਿਰਬਾਹ ਕਰਨ ਲਈ ਕਿਹਾ।

## ਪ੍ਰੀ-ਪ੍ਰਾਇਮਰੀ ਅਧਿਆਪਕਾਂ ਦੇ 3 ਰੋਜ਼ਾ ਸੈਮੀਨਾਰ ਦਾ ਪਹਿਲਾ ਗੇੜ ਸਮਾਪਤ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸਿੱਖਿਆ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਦੇ ਆਦੇਸ਼ਾਂ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ: ਮੈਡਮ ਪਰਮਜੀਤ ਅਤੇ ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਗੁਰਨਾਮ ਸਿੰਘ ਦੇ ਸਹਿਯੋਗ ਨਾਲ ਜ਼ਿਲ੍ਹਾ ਗੁਰਦਾਸਪੁਰ ਵਿੱਚ ਪ੍ਰੀ ਪ੍ਰਾਇਮਰੀ ਅਧਿਆਪਕਾਂ ਦੇ ਸੈਮੀਨਾਰ ਲਗਾਏ ਜਾ ਰਹੇ ਹਨ । ਇਸੇ ਲੜੀ ਤਹਿਤ ਬਲਾਕ ਡੇਰਾ ਬਾਬਾ ਨਾਨਕ 1 ਅਤੇ ਬਲਾਕ ਡੇਰਾ ਬਾਬਾ ਨਾਨਕ 2 ਦੇ ਪ੍ਰੀ ਪ੍ਰਾਇਮਰੀ ਅਧਿਆਪਕਾਂ ਦੇ 3 ਰੋਜ਼ਾ ਸੈਮੀਨਾਰ ਸਰਕਾਰੀ ਪ੍ਰਾਇਮਰੀ ਸਕੂਲ ਸ਼ਿਕਾਰ ਮਾਛੀਆਂ ਵਿਖੇ ਲਗਾਏ ਗਏ ।

ਇਸ ਮੌਕੇ ਪਹਿਲੇ ਗੇੜ ਦੇ ਸੈਮੀਨਾਰ ਦੌਰਾਨ ਤੀਸਰੇ ਦਿਨ ਲਗਭਗ 40 ਦੇ ਕਰੀਬ ਅਧਿਆਪਕਾ ਨੇ ਭਾਗ ਲਿਆਂ । ਇਸ ਮੌਕੇ ਡੇਰਾ ਬਾਬਾ ਨਾਨਕ ਬਲਾਕ 1 ਦੇ ਬੀ ਆਰ ਸੀ ਲਵਪ੍ਰੀਤ ਸਿੰਘ ਘੁੰਮਣ,ਪਵਨ ਕੁਮਾਰ ,ਰਾਜ ਸੁਖਵਿੰਦਰ ਸਿੰਘ ਅਤੇ ਬਲਾਕ ਡੇਰਾ ਬਾਬਾ ਨਾਨਕ 2 ਦੇ ਬੀ ਆਰ ਸੀ ਗੁਰਮੁੱਖ ਸਿੰਘ,ਸੁਭਾਸ਼ ਕੁਮਾਰ ਨੇ ਦੱਸਿਆ ਕਿ ਇਹ ਸੈਮੀਨਾਰ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਪੜਾਈ ਦਾ ਪੱਧਰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਨੂੰ ਸੁਖੱਲੇ ਢੰਗ ਨਾਲ ਪੜ੍ਹਾਉਣ ਲਈ ਪ੍ਰੀ ਪ੍ਰਾਇਮਰੀ ਅਧਿਆਪਕਾਂ ਦੇ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਸੈਮੀਨਾਰ ਸਾਡੇ ਵੱਲੋਂ ਦੋਨਾਂ ਬਲਾਕਾਂ ਦੇ ਅਧਿਆਪਕਾਂ ਦੇ ਸਾਂਝੇ ਤੌਰ ਤੇ ਲਗਾਏ ਜਾ ਰਹੇ ਹਨ,ਅੱਜ ਪਹਿਲੇ ਗੇੜ ਦੇ ਆਖਰੀ ਦਿਨ ਅਧਿਆਪਕਾਂ ਨੂੰ ਵੱਖ-ਵੱਖ ਤਰ੍ਹਾਂ ਦੀ ਟ੍ਰੇਨਿੰਗ ਦਿੱਤੀ ਗਈ ਹੈ,ਜਿਸ ਵਿੱਚ ਵੱਖ-ਵੱਖ ਐਕਟੀਵਿਟੀ ਰਾਹੀ ਅਧਿਆਪਕਾਂ ਨੂੰ ਨਵੀਆਂ ਤਕਨੀਕਾਂ ਨਾਲ ਵਿਦਿਆਰਥੀਆਂ ਨੂੰ ਪੜ੍ਹਾਉਣ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਦੂਜੇ ਗਰੁੱਪ ਦੇ ਸੈਮੀਨਾਰ ਕੱਲ ਤੋ ਸ਼ੁਰੂ ਹੋਣਗੇ। ਇਸ ਸੈਮੀਨਾਰ ਵਿੱਚ ਪ੍ਰਥਮ ਦੀ ਜ਼ਿਲ੍ਹਾ ਕੋਆਰਡੀਨੇਟਰ ਮੈਡਮ ਅੰਜਲੀ ਵੱਲੋਂ ਵਿਸ਼ੇਸ਼ ਤੌਰ ਤੇ ਸਹਿਯੋਗ ਕਰਕੇ ਪ੍ਰੀ ਪ੍ਰਾਇਮਰੀ ਅਧਿਆਪਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਗਏ ।



ਇਸ ਦੌਰਾਨ ਬਲਾਕ ਰਿਸੋਰਸ ਪਰਸਨ ਲਵਪ੍ਰੀਤ ਸਿੰਘ ਘੁੰਮਣ,ਬਲਾਕ ਰਿਸੋਰਸ ਪਰਸਨ ਗੁਰਮੁੱਖ ਸਿੰਘ,ਬਲਾਕ ਰਿਸੋਰਸ ਪਰਸਨ ਪਵਨ ਕੁਮਾਰ ,ਅਸਿਸਟੈਂਟ ਬਲਾਕ ਰਿਸੋਰਸ ਪਰਸਨ ਰਾਜ ਸੁਖਵਿੰਦਰ ਸਿੰਘ ਅਤੇ ਹਰਜੀਤ ਸਿੰਘ ਵੱਲੋਂ ਅਧਿਆਪਕਾਂ ਨਾਲ ਵੱਖ-ਵੱਖ ਵਿਸ਼ਿਆਂ ਸੰਬੰਧੀ ਵਿਸਥਾਰ ਸਾਹਿਤ ਗੱਲਬਾਤ ਕੀਤੀ ਗਈ ਅਤੇ ਅਧਿਆਪਕਾ ਨੂੰ ਪ੍ਰਜੈਕਟਰ ਰਾਹੀ ਸਕੂਲਾਂ ਵਿੱਚ ਜਾ ਕੇ ਬੱਚਿਆਂ ਨੂੰ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਦੀ ਭਰਪੂਰ ਜਾਣਕਾਰੀ ਦਿੱਤੀ ਗਈ ।

## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਕੂਕੇਵਾਲੀ ਵਿਖੇ ਵਿਸ਼ੇਸ਼ ਧਾਰਮਿਕ ਸਮਾਗਮ

### ਅੱਜ ਸਠਿਆਲਾ ਅਤੇ 10 ਨੂੰ ਬਾਬਾ ਬਕਾਲਾ ਵਿਖੇ ਹੋਵੇਗਾ ਕਵੀ ਦਰਬਾਰ/ਕੀਰਤਨ ਸਮਾਗਮ

**ਅੰਮ੍ਰਿਤਸਰ: ( ਨਰਿੰਦਰ ਜੀਤ ਸਿੰਘ)**- ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350ਵੇਂ ਵਰੇ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਗੁਰਦੁਆਰਾ ਬਾਉਲੀ ਸਾਹਿਬ, ਕੂਕੇਵਾਲੀ ਬਲਾਕ ਅਜਨਾਲਾ ਵਿਖੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਐਸ:ਡੀ:ਐਮ ਅਜਨਾਲਾ ਸ੍ਰ ਰਵਿੰਦਰ ਸਿੰਘ ਅਰੋੜਾ, ਸ੍ਰੀਮਤੀ ਅਮਨਦੀਪ ਕੌਰ ਧਾਲੀਵਾਲ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਗਤ ਨੇ ਸ਼ਿਰਕਤ ਕੀਤੀ।ਧਾਰਮਿਕ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਸਿੱਖ ਪੰਥ ਦੇ ਕੀਰਤਨਏ ਭਾਈ ਹਰਵੰਤ ਸਿੰਘ, ਭਾਈ ਜੋਬਨਪ੍ਰੀਤ ਸਿੰਘ ਕੂਕੇਵਾਲੀ ਨੇ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਢਾਡੀ ਜਥਾ ਭਾਈ ਸੁਖਮੀਤ ਸਿੰਘ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਦੇ ਸਬੰਧ ਵਿੱਚ ਵਾਰਾਂ ਦਾ ਗਾਇਨ ਕਰਕੇ ਸੰਗਤ ਨੂੰ ਗੁਰੂ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਵੱਲੋਂ ਦਿੱਤੀ ਸ਼ਹਾਦਤ ਦੇ ਪ੍ਰਸੰਗ ਸੁਣਾਏ ਗਏ। ਇਸ ਦੌਰਾਨ ਕਵੀ ਦਰਬਾਰ ਵਿੱਚ ਸੰਗਤ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਐਸ:ਡੀ:ਐਮ ਅਜਨਾਲਾ ਸ੍ਰ ਰਵਿੰਦਰ ਸਿੰਘ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਡੇ ਪੱਧਰ 'ਤੇ ਇਹ ਸਮਾਗਮ ਰਾਜ ਭਰ ਵਿੱਚ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਜਿਲੇ ਵਿੱਚ 7 ਸਥਾਨਾਂ 'ਤੇ ਕੀਰਤਨ ਸਮਾਗਮ ਕਰਵਾਏ ਜਾਣਗੇ ਅਤੇ ਇਸ ਤੋਂ ਇਲਾਵਾ ਇਕ ਲਾਈਟ ਐਂਡ ਸਾਊਂਡ ਸ਼ੋਅ ਵੀ ਆਯੋਜਿਤ ਕੀਤਾ ਜਾਵੇਗਾ।

ਇਸ ਮੌਕੇ ਸ੍ਰੀਮਤੀ ਅਮਨਦੀਪ ਕੌਰ ਧਾਲੀਵਾਲ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੀ 350ਵੀਂ ਵਰ੍ਹੇਗੰਢ ਨੂੰ ਪੰਜਾਬ ਸਰਕਾਰ ਵਲੋਂ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵੱਖ-ਵੱਖ ਸਮਾਗਮ ਉਲੀਕੇ ਗਏ ਹਨ। ਇਸੇ ਲੜੀ ਤਹਿਤ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਇਸ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਵੱਖ-ਵੱਖ ਸਥਾਨਾਂ ਤੋਂ ਵਿਸ਼ਾਲ ਨਗਰ ਕੀਰਤਨ ਸਜਾਏ ਜਾਣੇ ਹਨ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਦੇ ਸਮੁੱਚੇ ਰਸਤੇ 'ਤੇ ਸਫ਼ਾਈ, ਲੰਗਰ ਸੇਵਾ, ਫੁੱਲਾਂ ਦੀ ਵਰਖਾ ਅਤੇ ਪੀਣ ਵਾਲੇ ਪਾਣੀ ਦਾ ਵਿਸ਼ੇਸ਼ ਪ੍ਰਬੰਧ ਹੋਵੇਗਾ। ਉਨ੍ਹਾਂ ਕਿਹਾ ਕਿ ਸਾਰੇ ਸ਼ਹਿਰਾਂ, ਕਸਬਿਆਂ ਅਤੇ ਪਿੰਡਾਂ ਵਿਚ ਨਗਰ ਕੀਰਤਨ ਦਾ ਸ਼ਾਨਦਾਰ ਸਵਾਗਤ ਹੋਵੇਗਾ। ਉਨ੍ਹਾਂ ਕਿਹਾ ਕਿ 23 ਨਵੰਬਰ ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਮਾਗਮ ਕਰਵਾਏ ਜਾ ਰਹੇ ਹਨ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ 11 ਨਵੰਬਰ ਨੂੰ ਦੁਸ਼ਹਿਰਾ ਗਰਾਊਂਡ ਰਣਜੀਤ ਐਵੀਨਿਊ ਵਿਖੇ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 11 ਨਵੰਬਰ ਨੂੰ ਸ਼ਾਮ 5 ਵਜੇ ਸ਼ੋਅ ਲਈ ਦਾਖਲਾ ਸ਼ੁਰੂ ਹੋਵੇਗਾ ਅਤੇ ਕੋਈ ਵੀ ਬਿਨ੍ਹਾਂ ਕਿਸੇ ਪਾਸ ਤੋਂ ਸ਼ੋਅ ਵਿੱਚ ਸ਼ਾਮਿਲ ਹੋ ਸਕਦਾ ਹੈ ਅਤੇ ਹਰੇਕ ਲਈ ਖੁੱਲ੍ਹਾ ਦਾਖਲਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ 7 ਨਵੰਬਰ ਨੂੰ ਪਿੰਡ ਸਠਿਆਲਾ, 10 ਨਵੰਬਰ ਨੂੰ ਬਾਬਾ ਬਕਾਲਾ ਸਾਹਿਬ, 15 ਨਵੰਬਰ ਨੂੰ ਕਾਲਕੇ ਅਤੇ 17 ਨਵੰਬਰ, 2025 ਨੂੰ ਪਿੰਡ ਵਜੀਰ ਭੁੱਲਰ ਵਿਖੇ ਕਵੀ ਦਰਬਾਰ/ਕੀਰਤਨ ਸਮਾਗਮ ਕਰਵਾਏ ਜਾਣਗੇ।



## ਬਾਦਲ ਪਰਵਾਰ ਨੇ ਪੰਥ ਦਾ ਮਖੌਟਾ ਪਾ ਕੇ ਸਿਰਫ਼ ਨਿੱਜੀ ਕਾਰੋਬਾਰ ਵਧਾਏ : ਹਰਚੰਦ ਸਿੰਘ ਬਰਸਟ

ਤਰਨਤਾਰਨ : ਸ਼੍ਰੋਮਣੀ ਅਕਾਲੀ ਦਲ ਵੱਲੋਂ ਹਮੇਸ਼ਾ ਹੀ ਪੰਥ ਦਾ ਮਖੌਟਾ ਪਾ ਕੇ ਗੱਲ ਕੀਤੀ ਜਾਂਦੀ ਹੈ। ਜਦ ਕਿ ਇਹ ਪੰਥਕ ਨਹੀਂ ਹਨ। ਸਿਰਫ਼ ਤੇ ਸਿਰਫ਼ ਆਪਣੇ ਨਿੱਜੀ ਹਿੱਤਾਂ ਨੂੰ ਪੂਰਾ ਕਰਨ ਲਈ ਅਕਾਲੀ ਦਲ ਵੱਲੋਂ ਪੰਥ ਦੇ ਨਾਮ 'ਤੇ ਲੋਕਾਂ ਨੂੰ ਗੰਮਰਾਹ ਕੀਤਾ ਜਾਂਦਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ, ਪੰਜਾਬ ਅਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਹਰਚੰਦ ਸਿੰਘ ਬਰਸਟ ਵੱਲੋਂ ਵਿਧਾਨ ਸਭਾ ਹਲਕਾ ਤਰਨਤਾਰਨ ਵਿਖੇ ਚੋਣ ਪ੍ਰਚਾਰ ਦੇ ਦੌਰਾਨ ਕੀਤਾ ਗਿਆ। ਬਰਸਟ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥਕ ਪਾਰਟੀ ਨਹੀਂ ਹੈ, ਇਹ ਇੱਕ ਪਰਿਵਾਰਕ ਪਾਰਟੀ ਹੈ, ਜਿੱਥੇ ਬਾਦਲ ਪਰਿਵਾਰ ਤੋਂ ਇਲਾਵਾ ਕਿਸੇ ਦੀ ਕੋਈ ਮਹੱਤਤਾ ਨਹੀਂ ਹੈ। ਬਾਦਲ ਪਰਿਵਾਰ ਕੇਵਲ ਆਪਣੇ ਨਿੱਜੀ ਹਿੱਤਾਂ ਨੂੰ ਹੀ ਤਰਜੀਹ ਦਿੰਦਾ ਆਇਆ ਹੈ। ਇਹਨਾਂ ਵੱਲੋਂ ਪੰਥ ਦੇ ਨਾਮ 'ਤੇ ਲੋਕਾਂ ਨੂੰ ਗੁੰਮਰਾਹ ਕੀਤਾ ਜਾਂਦਾ ਰਿਹਾ ਹੈ, ਜਦ ਕਿ ਸੁਖਬੀਰ ਬਾਦਲ ਨੂੰ ਪੰਥ ਦਾ ਤਨਖਾਹੀਆ ਵੀ ਕਰਾਰ ਦਿੱਤਾ ਜਾ ਚੁੱਕਾ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਹਮੇਸ਼ਾ ਹੀ ਸੱਤਾ ਦਾ ਦੁਰਉਪਯੋਗ ਕੀਤਾ ਅਤੇ ਆਪਣੇ ਕਾਰੋਬਾਰ ਨੂੰ ਵਧਾਉਣ ਅਤੇ ਆਪਣੇ ਨਿੱਜੀ ਹਿੱਤਾਂ ਨੂੰ ਪੂਰਾ ਕਰਨ ਵੱਲ ਧਿਆਨ ਦਿੱਤਾ। ਸੁਖਬੀਰ ਸਿੰਘ ਬਾਦਲ ਨੇ ਸੱਤਾ ਵਿੱਚ ਹੁੰਦਿਆਂ ਸਿਰਫ਼ ਤੇ ਸਿਰਫ਼ ਆਪਣਾ ਕਾਰੋਬਾਰ ਹੀ ਵਧਾਇਆ, ਜਦ ਕਿ ਲੋਕਾਂ ਨੂੰ ਉਨ੍ਹਾਂ ਦੇ ਹਾਲ 'ਤੇ ਛੱਡ ਦਿੱਤਾ ਸੀ। ਇਨ੍ਹਾਂ ਨੇ ਸੱਤਾ ਵਿੱਚ ਰਹਿੰਦਿਆਂ ਪੰਜਾਬ ਅਤੇ ਸੂਬਾ ਵਾਸੀਆਂ ਦੀ ਭਲਾਈ ਲਈ ਕੋਈ ਕੰਮ ਨਹੀਂ ਕੀਤੇ । ਬਰਸਟ ਨੇ ਕਿਹਾ ਕਿ ਸੁਖਬੀਰ ਬਾਦਲ ਨੇ ਆਪਣੇ ਨਿੱਜੀ ਹਿੱਤਾਂ ਲਈ ਸਰਕਾਰੀ ਅਦਾਰਿਆਂ ਨੂੰ ਬਹੁਤ ਨੁਕਸਾਨ ਪਹੁੰਚਾਇਆ ਅਤੇ ਆਪਣੇ ਕਾਰੋਬਾਰਾਂ ਨੂੰ ਵਧਾਇਆ। ਸੁਖਬੀਰ ਬਾਦਲ ਨੇ ਸੂਬੇ ਦੀ ਸਰਕਾਰੀ ਟਰਾਂਸਪੋਰਟ ਨੂੰ ਬਹੁਤ ਵੱਡਾ ਨੁਕਸਾਨ ਪਹੁੰਚਾਇਆ ਅਤੇ ਆਪਣੇ ਟਰਾਂਸਪੋਰਟ ਦੇ ਕਾਰੋਬਾਰ ਨੂੰ ਵਧਾਇਆ। ਸੂਬੇ ਵਿੱਚ ਹਰ ਪਾਸੇ ਬਾਦਲ ਪਰਿਵਾਰ ਦੀਆਂ ਹੀ ਬੱਸਾਂ ਦਿਖਾਈ ਦਿੰਦੀਆਂ ਸਨ। ਉਨ੍ਹਾਂ ਕਿਹਾ ਕਿ ਪਰ ਹੁਣ ਲੋਕ ਇਹਨਾਂ ਦਾ ਚਿਹਰਾ ਪਹਿਚਾਣ ਚੁੱਕੇ ਹਨ ਅਤੇ ਇਸੇ ਲਈ ਲੋਕਾਂ ਵੱਲੋਂ ਇਹਨਾਂ ਨੂੰ ਸੱਤਾ ਤੋਂ ਬਾਹਰ ਕੀਤਾ ਗਿਆ ਹੈ।




ਉਨ੍ਹਾਂ ਕਿਹਾ ਕਿ ਦੂਜੇ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਬਿਹਤਰੀ ਅਤੇ ਸੂਬੇ ਦੇ ਵਿਕਾਸ ਨੂੰ ਹੀ ਤਰਜੀਹ ਦਿੱਤੀ ਜਾ ਰਹੀ ਹੈ। ਆਪ ਸਰਕਾਰ ਵੱਲੋਂ ਆਪਣੇ ਸਾਢੇ 3 ਸਾਲਾਂ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਬਹੁਤ ਸੁਧਾਰ ਕੀਤੇ ਗਏ ਹਨ। ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। ਖੇਤਾਂ ਨੂੰ ਨਹਿਰਾਂ ਦਾ ਪਾਣੀ ਦਿੱਤਾ ਜਾ ਰਿਹਾ ਹੈ।

ਸਰਕਾਰ ਵੱਲੋਂ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਸ਼ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਮਹਿਲਾਵਾਂ ਨੂੰ ਮੁਫ਼ਤ ਬਸ ਸਫ਼ਰ ਦਿੱਤਾ ਜਾ ਰਿਹਾ ਹੈ। ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ।

## ਤਰਸੇਮ ਲਾਲ ਹੰਸ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ

**ਸ਼ਾਹਕੋਟ (ਗਿਆਨ ਸੈਦਪੁਰੀ)**- ਦਿਹਾਤੀ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਸਵਰਨ ਕੁਮਾਰ ਬਿੱਲਾ ਦੇ ਛੋਟੇ ਭਰਾ ਤੇ ਸੁਰਿੰਦਰ ਕੌਰ ਦੇ ਪਤੀ ਤਰਸੇਮ ਲਾਲ ਹੰਸ ਨੂੰ ਵੱਖ ਵੱਖ ਆਗੂਆਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਹੰਸ ਕੁਝ ਸਮਾਂ ਬਿਮਾਰ ਰਹਿਣ ਪਿੱਛੋਂ ਪਿਛਲੇ ਦਿਨੀ ਵਿਛੋੜਾ ਦੇ ਗਏ ਸਨ।



**ਕੀਰਤਨੀ ਜਥਾ ਕੀਰਤਨ ਕਰਦਾ ਹੋਇਆ। ਸ਼ਰਧਾਂਜਲੀ ਭੇਟ ਕਰਦੇ ਹੋਏ ਕਾਮਰੇਡ ਨਿਰਮਲ ਸਿੰਘ ਸਹੋਤਾ।**

ਬੁੱਧਵਾਰ ਨੂੰ ਉਹਨਾਂ ਦੇ ਨਿਵਾਸ ਪਿੰਡ ਸੈਦਪੁਰ ਝਿੜੀ ਵਿਖੇ ਉਹਨਾਂ ਨਮਿੱਤ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸਿੰਘ ਸਭਾ ਸੈਦਪੁਰ ਵਿਖੇ ਕੀਰਤਨੀ ਜਥੇ ਨੇ ਵਿਰਾਗਮਈ ਕੀਰਤਨ ਕੀਤਾ। ਦਿਹਾਤੀ ਮਜ਼ਦੂਰ ਸਭਾ ਦੇ ਸੀਨੀਅਰ ਆਗੂ ਕਾਮਰੇਡ ਨਿਰਮਲ ਸਿੰਘ ਸਹੋਤਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਪ੍ਰੈੱਸ ਸਕੱਤਰ ਗਿਆਨ ਸੈਦਪੁਰੀ, ਕਾਮਰੇਡ ਤਾਰਾ ਸਿੰਘ ਥੰਮੂਵਾਲ ਨੇ ਤਰਸੇਮ ਲਾਲ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਧਾਨ ਹਰਦੇਵ ਸਿੰਘ ਪੀਟਾ, ਮੈਨੇਜਰ ਸੋਨੂੰ ਮਿੱਤਲ, ਸਕੂਲ ਦੇ ਪ੍ਰਿੰਸੀਪਲ ਰਜੇਸ਼ ਕੁਮਾਰ ਅਤੇ ਸਮੂਹ ਸਟਾਫ ਵੱਲੋਂ ਸ਼ੋਕ ਮਤੇ ਆਏ।

ਇਸ ਮੌਕੇ ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜਾਰ ਸਿੰਘ ਥਿੰਦ, ਤਰਸੇਮ ਸਿੰਘ ਧੰਜੂ ਸਰਪੰਚ ਸੈਦਪੁਰ ਝਿੜੀ, ਡਾ. ਹਰਜਿੰਦਰ ਸਿੰਘ ਅਤੇ ਹੋਰ ਬਹੁਤ ਸਾਰੇ ਇਲਾਕਾ ਨਿਵਾਸੀ ਮੌਜੂਦ ਸਨ।

## ਕੂੜੇ ਦੇ ਡੰਪ ਨੂੰ ਹਟਾਉਣ ਲਈ ਨਗਰ ਨਿਗਮ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ

**ਫਗਵਾੜਾ (ਡਾ. ਰਮਨ)**- ਵਾਰਡ ਨੰਬਰ 45 ਅਧੀਨ ਆਉਂਦੇ ਡਾ.ਅੰਬੇਡਕਰ ਪਾਰਕ ਹਦੀਆਬਾਦ ਫਗਵਾੜਾ ਦੇ ਨੇੜੇ ਚੱਲਦੇ ਕੂੜੇ ਦੇ ਡੰਪ ਨੂੰ ਹਟਵਾਉਣ ਲਈ ਜੈ ਭੀਮ ਯੂਨਾਈਟਡ ਵੁਆਇਸ ਆਫ ਪੰਜਾਬ ਵੱਲੋਂ ਫਾਊਂਡਰ ਪ੍ਰਧਾਨ ਡਾ.ਹਰਜਿੰਦਰ ਸਿੰਘ ਜੱਖੂ ਦੇ ਦਿਸ਼ਾ ਨਿਰਦੇਸ਼ਾ ਤੇ ਸਰਪ੍ਰਸਤ ਪ੍ਰਿੰਸੀਪਲ ਕੇਵਲ ਸਿੰਘ ਅਤੇ ਸਟੇਟ ਕੋਆਰਡੀਨੇਟਰ ਇੰਜ.ਹੈਪੀ ਕੌਲ ਦੀ ਅਗਵਾਈ ਹੇਠ ਇੱਕ ਮੰਗ ਪੱਤਰ ਨਗਰ ਨਿਗਮ ਫਗਵਾੜਾ ਦੇ ਕਮਿਸ਼ਨਰ ਡਾਕਟਰ ਅਕਸ਼ਿਤਾ ਗੁਪਤਾ ਨੂੰ ਦਿੱਤਾ। ਮੰਗ ਪੱਤਰ ਦੇਣ ਉਪਰੰਤ ਪ੍ਰਿੰਸੀਪਲ ਕੇਵਲ ਸਿੰਘ ਤੇ ਹੈਪੀ ਕੌਲ ਨੇ ਗੱਲਬਾਤ ਕਰਦਿਆ ਦੱਸਿਆ ਕਿ ਡਾ.ਅੰਬੇਡਕਰ ਪਾਰਕ ਹਦੀਆਬਾਦ ਵਿਖੇ ਕੂੜੇ ਡੰਪ ਪਾਰਕ ਦੇ ਬਿਲਕੁੱਲ ਨਜ਼ਦੀਕ ਬਣਿਆ ਹੈ, ਜਿਸ ਪਾਰਕ ਵਿਖੇ ਆਉਣ ਜਾਣ ਵਾਲੀਆ ਸਖਸ਼ੀਅਤਾਂ ਅਤੇ ਮੁਹੱਲਾ ਨਿਵਾਸੀਆਂ ਨੂੰ ਡੰਪ ਕਾਰਨ ਆ ਰਹੀ ਭੈੜੀ ਬਦਬੂ ਕਾਰਨ ਕਾਫੀ ਪ੍ਰੇਸ਼ਾਨੀ ਹੋ ਰਹੀ ਹੈ। ਉਕਤ ਆਗੂਆਂ ਨਗਰ ਨਿਗਮ ਕਮਿਸ਼ਨਰ ਤੋਂ ਮੰਗ ਕੀਤੀ ਉਕਤ ਕੂੜੇ ਦੇ ਡੰਪ ਨੂੰ ਹਟਾਇਆ ਜਾਵੇ ਅਤੇ ਡੰਪ ਦੀ ਜਗ੍ਹਾ 'ਤੇ ਨੌਜਵਾਨਾਂ ਦੇ ਖੇਡਣ ਲਈ ਬਾਕਸਿੰਗ ਹਾਲ ਜਾ ਬਾਸਕਟ ਬਾਲ ਗਰਾਊਂਡ ਉਸਾਰੀ ਜਾਵੇ। ਉਕਤ ਆਗੂਆਂ ਨੇ ਕਿਹਾ ਕਿ ਜੇਕਰ ਨਗਰ ਨਿਗਮ ਪ੍ਰਸ਼ਾਸਨ ਨੇ ਉਕਤ ਕੂੜੇ ਦੇ ਡੰਪ ਨੂੰ ਜਲਦੀ ਤੋਂ ਜਲਦੀ ਨਾ ਹਟਾਇਆ ਤਾਂ ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਮੁਹੱਲਾ ਨਿਵਾਸੀਆਂ ਨੂੰ ਨਾਲ ਲੈ ਕੇ ਸੰਘਰਸ਼ ਕਰਨ ਲਈ ਮਜ਼ਬੂਰ ਹੋਵੇਗੀ। ਇਸ ਮੌਕੇ ਜਸਵੀਰ ਕੋਕਾ ਜ਼ਿਲ੍ਹਾ ਪ੍ਰਧਾਨ, ਅਸ਼ਵਨੀ ਬਘਾਣੀਆ ਜ਼ਿਲ੍ਹਾ ਪ੍ਰਧਾਨ ਸ਼ਹਿਰੀ, ਸਰਪੰਚ ਕੁਲਦੀਪ ਕੁਮਾਰ ਜਗਤਪੁਰ ਜੱਟਾਂ, ਪਰਸ ਰਾਮ ਸ਼ਿਵਪੁਰੀ, ਰਾਜੇਸ਼ ਕੁਮਾਰ ਪੰਚ ਆਦਿ ਹਾਜ਼ਰ ਸਨ।



## ਇੰਟਰਨੈਸ਼ਨਲ ਕਰਾਟੇ ਚੈਂਪੀਅਨਸ਼ਿਪ ਜਿੱਤ ਕੇ ਕੀਤਾ ਸਕੂਲ ਦਾ ਨਾਂਅ ਰੌਸ਼ਨ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਦੀ ਲੈਂਡਮਾਰਕ ਸਕੂਲ ਭੋਗਪੁਰ ਦੇ ਬੱਚਿਆਂ ਨੇ ਇੰਟਰਨੈਸ਼ਨਲ ਓਪਨ ਕਰਾਟੇ ਚੈਂਪੀਅਨਸ਼ਿਪ ਮਲੇਸ਼ੀਆ ਕਰਾਟੇ ਮੁਕਾਬਲੇ ਵਿੱਚ ਤਗਮੇ ਜਿੱਤ ਕੇ ਸਕੂਲ ਦਾ ਨਾਮ ਰੋਸ਼ਨ ਕੀਤਾ। ਕੋਬਰਾ ਕਰਾਟੇ ਸੈਂਟਰ ਵੱਲੋਂ ਮਲੇਸ਼ੀਆ ਵਿੱਚ ਕਰਾਟੇ ਚੈਂਪੀਅਨਸ਼ਿਪ ਕਰਵਾਈ ਗਈ,ਜਿਸ ਵਿੱਚ ਸਿੰਗਾਪੁਰ, ਉਜ਼ਬੇਕਿਸਤਾਨ, ਬੰਗਲਾਦੇਸ਼, ਸ਼੍ਰੀਲੰਕਾ, ਭਾਰਤ, ਇੰਡੋਨੇਸ਼ੀਆ, ਮਲੇਸ਼ੀਆ ਆਦਿ ਦੇਸ਼ਾਂ ਦੇ ਬੱਚਿਆਂ ਨੇ ਹਿੱਸਾ ਲਿਆ। ਕੋਚ ਜਤਿੰਦਰ ਕੁਮਾਰ, ਮੁੱਖ ਕੋਚ ਰੰਜੀਵ ਕੁਮਾਰ ਨਾਗਪਾਲ ਦੀ ਨਿਗਰਾਨੀ ਹੇਠ ਬੱਚਿਆਂ ਦੇ ਕਰਾਟੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਦੀ ਲੈਂਡਮਾਰਕ ਸਕੂਲ ਦੇ ਵਿਦਿਆਰਥੀਆਂ ਕਰਨਵੀਰ ਸਿੰਘ ਨੇ ਗੋਲਡ ਮੈਡਲ ਅਤੇ ਗੋਬਿੰਦ ਸਿੰਘ ਨੇ ਸਿਲਵਰ ਮੈਡਲ ਜਿੱਤਿਆ।ਸਕੂਲ ਦੇ ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ ਅਤੇ ਪ੍ਰਿੰਸੀਪਲ ਸੋਨਮ ਸ਼ਰਮਾ ਨੇ ਬੱਚਿਆਂ ਦਾ ਏਅਰਪੋਰਟ ਤੇ ਸਵਾਗਤ ਕੀਤਾ। ਬੱਚਿਆਂ ਅਤੇ ਉਨਾਂ ਦੇ ਕੋਚ ਨੂੰ ਮੁਬਾਰਕਬਾਦ ਦਿੱਤੀ। ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਦੀ ਲੈਂਡਮਾਰਕ ਸਕੂਲ ਭੋਗਪੁਰ ਵਿੱਚ ਖੇਡਾਂ ਉਪਰ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਜੋ ਭੋਗਪੁਰ ਦੇ ਵਿੱਦਿਆਰਥੀਆਂ ਦਾ ਭਵਿੱਖ ਉੱਜਵਲ ਹੋ ਸਕੇ। ਅਤੇ ਉਹਨਾਂ ਨੇ ਦੱਸਿਆ ਕਿ ਸਾਡੇ ਬੱਚੇ ਅਗਲੀ ਇੰਟਰਨੈਸ਼ਨਲ ਕਰਾਟੇ ਚੈਂਪੀਅਨਸ਼ਿਪ ਯੂਰੋਪ ਵਿੱਚ ਭਾਗ ਲੈਣ ਜਾ ਰਹੇ ਹਨ ।ਇਸ ਮੌਕੇ ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ ਪਾਲ ਨੇ ਦੱਸਿਆ ਕਿ ਜੋ ਵੀ ਬੱਚੇ ਕਿਸੇ ਵੀ ਖੇਤਰ ਵਿੱਚ ਵਧੀਆ ਕਾਰਗੁਜ਼ਾਰੀ ਕਰਦੇ ਹਨ ਉਹਨਾਂ ਨੂੰ ਸਕੂਲ ਵੱਲੋਂ 1.50 ਕਰੋੜ ਤੱਕ ਸਕਾਲਰਸ਼ਿਪ ਦਿੱਤਾ ਜਾ ਰਿਹਾ ਹੈ ਤਾਂ ਜੋ ਵਿਦਿਆਰਥੀ ਆਪਣੀ ਅਗਲੀ ਪੜ੍ਹਾਈ ਦੇ ਨਾਲ ਨਾਲ ਹਰ ਖੇਤਰ ਵਿੱਚ ਆਪਣੇ ਮਾਂ ਬਾਪ ਦਾ ਨਾਂਅ ਰੋਸ਼ਨ ਕਰ ਸਕਣ।



## ਖਾਲਸਾ ਕਾਲਜ ਨੇ ਗੁਰੂ ਨਾਨਕ ਦੇਵ 'ਵਰਸਿਟੀ ਇੰਟਰ ਕਾਲਜ (ਪੁਰਸ਼) 'ਏ' ਡਵੀਜ਼ਨ ਚੈਂਪੀਅਨਸ਼ਿਪ ਟਰਾਫੀ ਜਿੱਤੀ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਇੰਟਰ ਕਾਲਜ (ਪੁਰਸ਼) 'ਏ' ਡਿਵੀਜ਼ਨ ਚੈਂਪੀਅਨਸ਼ਿਪ ਟਰਾਫੀ ਵਿੱਚ ਫਸਟ ਰਨਰਜ਼-ਅਪ ਸਥਾਨ ਹਾਸਲ ਕੀਤਾ ਹੈ, ਜੋ ਸਾਰੇ ਸੀਜ਼ਨ ਦੌਰਾਨ ਵਿਦਿਆਰਥੀ-ਖਿਡਾਰੀਆਂ ਦੀ ਲਗਾਤਾਰ ਸ਼ਾਨਦਾਰ ਅਤੇ ਅਨੁਸ਼ਾਸਿਤ ਟੀਮ-ਵਰਕ ਦਾ ਨਤੀਜਾ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਆਯੋਜਿਤ ਐਵਾਰਡ ਸਮਾਰੋਹ ਵਿੱਚ ਇਹ ਟਰਾਫੀ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ, ਡੀਨ ਅਕੈਡਮਿਕ ਅਫੇਅਰਜ਼ ਡਾ. ਪਲਵਿੰਦਰ ਸਿੰਘ, ਡੀਨ ਸਟੂਡੈਂਟਸ' ਵੈਲਫੇਅਰ ਡਾ. ਹਰਵਿੰਦਰ ਸਿੰਘ ਸੈਨੀ, ਡਾਇਰੈਕਟਰ ਸਪੋਰਟਸ ਡਾ. ਕਨਵਰ ਮਨਦੀਪ ਸਿੰਘ, ਯੂਨੀਵਰਸਿਟੀ ਸਪੋਰਟਸ ਕਮੇਟੀ (ਮਹਿਲਾ) ਦੀ ਪ੍ਰਧਾਨ ਡਾ. ਪੁਸ਼ਪਿੰਦਰ ਵਾਲੀਆ ਅਤੇ ਯੂਨੀਵਰਸਿਟੀ ਸਪੋਰਟਸ ਕਮੇਟੀ (ਪੁਰਸ਼) ਦੇ ਪ੍ਰਧਾਨ ਡਾ. ਤਰਸੇਮ ਸਿੰਘ ਵੱਲੋਂ ਪ੍ਰਦਾਨ ਕੀਤੀ ਗਈ। ਕਾਲਜ ਵੱਲੋਂ ਇਹ ਸਨਮਾਨ ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ, ਡੀਨ ਸਪੋਰਟਸ ਪ੍ਰੋ. ਰਸ਼ਪਾਲ ਸਿੰਘ ਸੰਧੂ, ਵਿਭਾਗ ਮੁਖੀ ਪ੍ਰੋ. ਸਿਮਰਨਜੀਤ ਸਿੰਘ, ਪ੍ਰੋ. ਅਜੇ ਕੁਮਾਰ, ਪ੍ਰੋ. ਮਨਵੀਰ ਪਾਲ ਅਤੇ ਸਪੋਰਟਸ ਸੁਪਰਡੈਂਟ ਜਗਦੀਸ਼ ਸਿੰਘ ਨੇ ਪ੍ਰਾਪਤ ਕੀਤਾ। ਇਸ ਪ੍ਰਾਪਤੀ ਲਈ ਗਵਰਨਿੰਗ ਕੌਂਸਲ ਦੇ ਪ੍ਰਧਾਨ ਸਰਦਾਰਨੀ ਬਲਬੀਰ ਕੌਰ ਅਤੇ ਵਾਈਸ ਪ੍ਰੈਜ਼ੀਡੈਂਟ ਦੀਪਇੰਦਰ ਸਿੰਘ ਪੁਰੇਵਾਲ ਨੇ ਖਿਡਾਰੀਆਂ, ਕੋਚਾਂ ਅਤੇ ਸਰੀਰਕ ਸਿੱਖਿਆ ਤੇ ਖੇਡ ਵਿਭਾਗ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ ਨੇ ਕਿਹਾ ਕਿ ਇਹ ਨਤੀਜਾ ਕਾਲਜ ਦੀ ਸ਼ਾਨਦਾਰ ਖੇਡ-ਭਾਵਨਾ ਅਤੇ ਧੀਰਜ ਦੀ ਸੰਸਕ੍ਰਿਤੀ ਦਾ ਦਰਪਣ ਹੈ ਅਤੇ ਇਸ ਵਿੱਚ ਫੈਕਲਟੀ, ਕੋਚਾਂ ਅਤੇ ਸਹਾਇਕ ਸਟਾਫ ਦੇ ਸਾਂਝੇ ਯਤਨਾਂ ਦੀ ਅਹਿਮ ਭੂਮਿਕਾ ਰਹੀ। ਉਹਨਾ ਕਿਹਾ ਕਿ ਆਗਾਮੀ ਇੰਟਰ ਕਾਲਜ ਟੂਰਨਾਮੈਂਟ ਲਈ ਵਧੀਆ ਤਿਆਰੀ ਨਾਲ ਇਸ ਪ੍ਰਾਪਤੀਆਂ ਨੂੰ ਹੋਰ ਅੱਗੇ ਲੈ ਕੇ ਜਾਣਗੀਆਂ। ਇਸ ਮੌਕੇ ਤੇ ਕਾਲਜ ਦੇ ਅੰਤਰ ਰਾਸ਼ਟਰੀ ਖਿਡਾਰੀ ਅਰਦਰੀਆਨ ਕਰਮਾਕਰ (ਸ਼ੂਟਰ) ਨੂੰ 3 ਲੱਖ 80 ਹਜਾਰ, ਪ੍ਰਮੋਦ ਕੁਮਾਰ (ਸ਼ੂਟਰ) ਨੂੰ 2 ਲੱਖ 50 ਹਜਾਰ, ਉਮੇਸ਼ ਚੋਧਰੀ (ਸ਼ੂਟਰ) 2 ਲੱਖ 50 ਹਜਾਰ ਅਤੇ ਸੂਫੀਆਨ ਵਾਹਿਦ ਸੋਹਿਲ (ਫੈਸਿੰਗ) ਨੂੰ 1 ਲੱਖ 55 ਹਜਾਰ ਦੀ ਸਕਾਲਰਸ਼ਿਪ ਦਿਤੀ ਗਈ।



## ਕੋਰਸ ਮੁਕੰਮਲ ਕਰਨ ਵਾਲੇ 120 ਨੌਜਵਾਨਾਂ ਨੂੰ ਸਰਟੀਫਿਕੇਟ, 52 ਨੂੰ ਰੋਜ਼ਗਾਰ ਦਿੱਤਾ : ਰਮਨਦੀਪ ਕੌਰ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਸ਼੍ਰੀਮਤੀ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵਲੋਂ ਸੀ-ਪਾਈਟ ਕੈਂਪ ਤਲਵਾੜਾ ਵਿਖੇ ਵਿਜ਼ਟ ਕੀਤੀ ਗਈ। ਇਸ ਸਬੰਧੀ ਸੀ-ਪਾਈਟ ਕੈਂਪ ਤਲਵਾੜਾ ਦੇ ਟ੍ਰੇਨਿੰਗ ਅਧਿਕਾਰੀ ਸੂਬੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਸੀ-ਪਾਈਟ ਕੈਂਪ ਤਲਵਾੜਾ ਵਿਖੇ ਮੌਜੂਦਾ ਸੈਸ਼ਨ ਦੇ ਵਿੱਚ ਪ੍ਰੋਟਾ ਟੈਕ ਇੰਡੀਆ ਸੋਲੂਸ਼ਨ ਪ੍ਰਾਈਵੇਟ ਲਿਮਟਿਡ ਕੰਪਨੀ ਦੁਆਰਾ ਸਕਿਊਰਿਟੀ ਕੋਰਸ ਚਲਾਇਆ ਜਾ ਰਿਹਾ ਸੀ। ਇਸ ਕੋਰਸ ਨੂੰ ਕੁੱਲ 120 ਯੁਵਕਾਂ ਨੇ ਸਿਖਲਾਈ ਪ੍ਰਾਪਤ ਕਰਕੇ ਪੂਰਾ ਕਰ ਲਿਆ ਹੈ। ਇਨ੍ਹਾਂ ਯੁਵਕਾਂ ਨੂੰ ਕੋਰਸ ਮੁਕੰਮਲ ਹੋਣ ਉਪਰੰਤ ਇਸ ਕੋਰਸ ਦੇ ਸਰਟੀਫਿਕੇਟ ਵੰਡੇ ਗਏ। ਸਰਟੀਫਿਕੇਟ ਵੰਡਣ ਉਪਰੰਤ ਕੈਂਪ ਵਿਖੇ ਹੀ ਇਨ੍ਹਾਂ ਯੁਵਕਾਂ ਦੀ ਚੈੱਕ ਮੇਟ ਸਕਿਊਰਿਟੀ ਕੰਪਨੀ ਅਤੇ ਜੀ.ਫੋਰ.ਐੱਸ ਸਕਿਊਰਿਟੀ ਕੰਪਨੀ ਵਿੱਚ ਭਰਤੀ ਸਬੰਧੀ ਇੰਟਰਵਿਊ ਵੀ ਕਰਵਾਈ ਗਈ। ਸਬੰਧਤ ਦੋਵੇਂ ਕੰਪਨੀਆਂ ਵਿੱਚ ਇੰਟਰਵਿਊ ਦੇਣ ਉਪਰੰਤ ਕੁੱਲ 52 ਯੁਵਕਾਂ ਨੂੰ ਰੋਜ਼ਗਾਰ ਵੀ ਦਿੱਤਾ ਗਿਆ ਹੈ।

## ਆਧੀ ਵਿਖੇ ਪ੍ਰਕਾਸ਼ ਦਿਹਾੜਾ ਸ਼ਰਧਾ ਨਾਲ ਮਨਾਇਆ

**ਬਸਤੀ ਸ਼ੇਖ, ਜਲੰਧਰ (ਲਖਵਿੰਦਰ ਸਿੰਘ)**- ਪਹਿਲੀ ਪਾਤਸ਼ਾਹੀ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਪਿੰਡ ਆਧੀ (ਜ਼ਿਲ੍ਹਾ ਜਲੰਧਰ ) ਵਿਖੇ ਪ੍ਰਬੰਧਕ ਕਮੇਟੀ ਗੁਰਦੁਆਰਾ ਸ਼ਹੀਦ ਬਾਬਾ ਮਹਿਤਾਬ ਸਿੰਘ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪ੍ਰਧਾਨ ਪਰਮਜੀਤ ਸਿੰਘ ਨੇ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਅਰੰਭ ਹੋ ਕੇ ਬਾਬਾ ਮੱਟ ਸਹਿਬ ਵਿਖੇ ਪਹੁੰਚ ਕੇ ਸੰਗਤਾਂ ਨੇ ਲੰਗਰ ਛਕਿਆ। ਸ਼ਰਧਾਲੂਆਂ ਨੇ ਵੱਖ ਵੱਖ ਥਾਵਾਂ ਤੇ ਚਾਹ, ਪਕੌੜਿਆਂ, ਸਮੋਸਿਆਂ,ਪੇਸਟੀਆ ਅਤੇ ਫਰੂਟ ਦੇ ਲੰਗਰ ਲੱਗੇ ਤੇ ਗੁਰਦੁਆਰਾ ਸਿੰਘ ਸਭਾ ਤੋਂ ਹੁੰਦਾ ਹੋਇਆ ਗੁਰੂ ਘਰ ਆ ਕੇ ਸਮਾਪਤ ਹੋਇਆ। ਸਵੇਰੇ 10 ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਇਸੇ ਉਪਰੰਤ ਦੀਵਾਨ ਹਾਲ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ,ਕਵੀਸ਼ਰ ਅਤੇ ਪ੍ਰਚਾਰਕ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਮੁੱਖ ਸੇਵਾਦਾਰ ਜਗਤਾਰ ਸਿੰਘ ਯੂਕੇ,ਜੋਗਿੰਦਰ ਸਿੰਘ ਪਦਮ, ਬਲਵੀਰ ਸਿੰਘ, ਦਲਜੀਤ ਸਿੰਘ ਨਿੱਕੂ, ਬਲਦੇਵ ਕੁਮਾਰ, ਰਣਬੀਰ ਸਿੰਘ ਨੂਰਾ, ਹਰਨੇਕ ਸਿੰਘ, ਸਰਪੰਚ ਮਨਜੀਤ ਰਾਣੀ,ਰਜਿੰਦਰ ਸਿੰਘ ਪੰਚ, ਗੁਰਵਿੰਦਰ ਕੌਰ ਪੰਚ ਅਮਰਜੀਤ ਕੌਰ ਪੰਚ, ਜਸਕੀਰਤ ਕੌਰ ਪੰਚ, ਮਹਿਲਾ ਵਿੰਗ ਦੀ ਪ੍ਰਧਾਨ ਪਰਮਜੀਤ ਕੌਰ ਆਦਿ ਹੋਰ ਵੀ ਬਹੁਤ ਸਾਰੇ ਨਗਰ ਨਿਵਾਸੀ ਹਾਜ਼ਰ ਸਨ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।



## ਸਿਲਵਰ ਓਕ ਸਕੂਲ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਘਰ ਦੀ ਅਗਵਾਈ ਵਿੱਚ ਸਮੂਹ ਸਟਾਫ ਅਤੇ ਬੱਚਿਆਂ ਨੇ ਮਿਲ ਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ। ਇਸ ਤੋਂ ਉਪਰੰਤ ਗੁਰਬਾਣੀ ਕੀਰਤਨ ਕੀਤਾ ਗਿਆ। ਸਮੂਹ ਸਟਾਫ ਅਤੇ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ। ਇਸ ਤੋਂ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਤਿਆਰ ਕੀਤੀ ਗਈ ਅਤੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕਰਕੇ ਸਮੂਹ ਸਕੂਲ ਨੂੰ ਪ੍ਰਸ਼ਾਦ ਵਰਤਾਇਆ ਗਿਆ। ਇਸ ਮੌਕੇ ਸੰਸਥਾ ਦੇ ਵਾਈਸ ਚੇਅਰ ਪਰਸਨ ਕਮਲੇਸ਼ ਕੌਰ ਅਤੇ ਇਸ਼ਤਾ ਪਾਸੀ ਸੈਣੀ ਨੇ ਵਿਸ਼ੇਸ਼ ਤੌਰ 'ਤੇ ਗੁਰੂ ਚਰਨਾਂ ਵਿੱਚ ਹਾਜ਼ਰੀ ਭਰੀ। ਉਹਨਾਂ ਨੇ ਬੱਚਿਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਸਮੁੱਚਾ ਜੀਵਨ ਸਾਡੇ ਲਈ ਮਾਰਗ ਦਰਸ਼ਨ ਹੈ। ਸਾਨੂੰ ਉਹਨਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈਣੀ ਚਾਹੀਦੀ ਹੈ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਰਾਜਵੀਰ ਕੌਰ, ਰਾਜਵਿੰਦਰ ਕੌਰ, ਪੂਜਾ, ਸੁਮਨ, ਬਲਜੀਤ, ਸੁਮੀਤ, ਪਰਮਜੀਤ, ਕੰਚਨ, ਗੁਰਪ੍ਰੀਤ, ਆਸ਼ਾ, ਮਨਦੀਪ, ਗੁਰਦੇਵ, ਹਰਜੀਤ, ਜਸਪਾਲ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

## ਵਿਦਾਇਗੀ ਸਮਾਰੋਹ ਕਰਵਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਜੈਨ ਸਥਾਨਕ ਵਿਖੇ ਇੱਕ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਤਿਕਾਰਯੋਗ ਗੁਰੂਣੀ ਮਹਾਸਾਧਵੀ ਸ਼੍ਰੀ ਪ੍ਰਿਯਦਰਸ਼ਨਾ ਜੀ ਮਹਾਰਾਜ, ਸ਼੍ਰੀ ਕਿਰਨ ਪ੍ਰਭਾ , ਸ਼੍ਰੀ ਰਤਨ ਜੋਤੀ, ਸ਼੍ਰੀ ਵਿਚਕਸ਼ਨ ਸ਼੍ਰੀ, ਸ਼੍ਰੀ ਅਰਪਿਤਾ, ਸ਼੍ਰੀ ਵੰਦਿਤਾ ਅਤੇ ਸ਼੍ਰੀ ਮੋਕਸ਼ਦਾ ਸ਼੍ਰੀ ਮਹਾਰਾਜ ਸ਼ਾਮਲ ਸਨ, ਜੋ ਇਸ ਸਮੇਂ ਚਤੁਰਮਾਸ ਲਈ ਹਨ। ਇਸ ਮੌਕੇ 'ਤੇ ਐਸ.ਐਸ. ਜੈਨ ਸਭਾ ਦੇ ਪ੍ਰਧਾਨ ਸੁਰੇਂਦਰ ਜੈਨ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਦੱਸਿਆ ਕਿ ਕਾਰਤਿਕ ਪੂਰਨਿਮਾ ਚਤੁਰਮਾਸ ਦਾ ਆਖਰੀ ਦਿਨ ਹੈ। ਇਸ ਮੌਕੇ 'ਤੇ, ਨਵਾਂਸ਼ਹਿਰ ਦੇ ਜੈਨ ਭਾਈਚਾਰੇ ਨੇ ਪਿਛਲੇ ਚਾਰ ਮਹੀਨਿਆਂ ਤੋਂ ਨਿਵਾਸ ਸਥਾਨ 'ਤੇ ਰਹਿ ਰਹੇ ਮਹਾਸਾਧਵੀ ਤੋਂ ਪ੍ਰੇਰਿਤ ਹੋ ਕੇ ਚਤੁਰਮਾਸ ਦੌਰਾਨ ਕੀਤੇ ਗਏ ਸ਼ਾਨਦਾਰ ਅਤੇ ਇਤਿਹਾਸਕ ਕਾਰਜਾਂ ਲਈ ਇੱਕ ਧੰਨਵਾਦ ਸਮਾਰੋਹ ਦਾ ਆਯੋਜਨ ਕੀਤਾ। ਇਸ ਮੌਕੇ 'ਤੇ ਪ੍ਰਧਾਨ ਸੁਰਿੰਦਰ ਜੈਨ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਪਿਛਲੇ ਚਾਤੁਰਮਾਸ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ, ਜਿਸ ਵਿੱਚ ਜਪ, ਤਪ ਅਤੇ ਹੋਰ ਧਾਰਮਿਕ ਗਤੀਵਿਧੀਆਂ ਦੇ ਧਾਰਮਿਕ ਪ੍ਰੋਗਰਾਮ ਸ਼ਾਮਲ ਹਨ। ਉਨ੍ਹਾਂ ਨੇ ਸਾਰੇ ਗੁਰੂ ਭਗਤਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਚਾਤੁਰਮਾਸ ਦੌਰਾਨ ਆਪਣੇ ਦਿਲ, ਮਨ ਅਤੇ ਧਨ ਨਾਲ ਯੋਗਦਾਨ ਪਾਇਆ। ਮਹਾਂ ਸਾਧਵੀ ਸ਼੍ਰੀ ਰਤਨ ਜੋਤੀ ਮਹਾਰਾਜ ਦਾ ਜਨਮਦਿਨ ਮਨਾਇਆ ਗਿਆ ਅਤੇ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।



## ਸਰਹਾਲ ਕਾਜ਼ੀਆਂ 'ਚ ਮੁਫਤ ਟਿਊਸ਼ਨ ਦੀ ਸ਼ੁਰੂਆਤ

**ਬੰਗਾ (ਅਵਤਾਰ ਕਲੇਰ)**- ਡਾ ਭੀਮ ਰਾਓ ਅੰਬੇਡਕਰ ਐਜੂਕੇਸ਼ਨ ਐਂਡ ਹੈਲਥ ਕਲੱਬ ਸਰਹਾਲ ਕਾਜ਼ੀਆਂ ਵੱਲੋਂ ਅੱਠਵੀਂ ਜਮਾਤ ਤੱਕ ਦੇ ਬੱਚਿਆਂ ਨੂੰ ਮੁਫਤ ਟਿਊਸ਼ਨ ਦੀ ਸ਼ੁਰੂਆਤ ਡਾ ਬੀ ਆਰ ਅੰਬੇਡਕਰ ਲਾਇਬ੍ਰੇਰੀ ਸਰਹਾਲ ਕਾਜ਼ੀਆਂ ਵਿੱਚ ਕੀਤੀ ਗਈ। ਜਿਸ ਦਾ ਉਦਘਾਟਨ ਸਾਬਕਾ ਸਰਪੰਚ ਬਸ਼ੰਭਰ ਲਾਲ ਅਤੇ ਲੈਕ ਸੁਰਜੀਤ ਸੈਂਪਲੇ ਨੇ ਸਾਂਝੇ ਤੌਰ 'ਤੇ ਕੀਤਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਕਲੱਬ ਦੇ ਪ੍ਰਧਾਨ ਲਖਵੀਰ ਸਿੰਘ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਅੱਠਵੀਂ ਤੱਕ ਦੇ ਬੱਚਿਆਂ ਨੂੰ ਸ਼ਾਮ ਦੀ ਮੁਫਤ ਟਿਊਸ਼ਨ ਦਿੱਤੀ ਜਾ ਰਹੀ ਹੈ। ਉਸੇ ਕੜੀ ਤਹਿਤ ਇਸ ਸੈਸ਼ਨ 2025-26 ਦੀ ਸ਼ੁਰੂਆਤ ਵੀ ਕੀਤੀ ਗਈ ਹੈ ਜੋ ਨਿਰੰਤਰ ਫਰਵਰੀ 2026 ਤੱਕ ਚੱਲੇਗੀ। ਉਹਨਾਂ ਦੱਸਿਆ ਕਿ ਇਸ ਮੁਫਤ ਟਿਊਸ਼ਨ ਦੀ ਅਗਵਾਈ ਪਿੰਡ ਦੇ ਅਧਿਆਪਕ ਖੁਦ ਕਰ ਰਹੇ ਹਨ ਅਤੇ ਇਸ ਪੂਰੇ ਪ੍ਰਬੰਧ ਦੀ ਦੇਖ਼-ਰੇਖ ਪਿੰਡ ਦੇ ਮੁਲਾਜ਼ਮ, ਐਨ ਆਰ ਆਈ ਵੀਰ ਤੇ ਪਿੰਡ ਦੇ ਅਗਾਂਹਵਧੂ ਸੋਚ ਵਾਲੇ ਲੋਕ ਕਰ ਰਹੇ ਹਨ। ਉਹਨਾਂ ਦੱਸਿਆ ਕਿ ਇਸ ਟਿਊਸ਼ਨ ਸੈਸ਼ਨ ਦੇ ਦੌਰਾਨ ਜਿੱਥੇ ਬੱਚਿਆਂ ਨੂੰ ਵੱਖ ਵੱਖ ਵਿਸ਼ਿਆਂ ਦੀ ਪੜ੍ਹਾਈ ਕਰਵਾਈ ਜਾ ਰਹੀ ਹੈ ਉੱਥੇ ਹੀ ਖੇਡਾਂ ਪ੍ਰਤੀ ਉਤਸ਼ਾਹਿਤ ਅਤੇ ਕਿਊਜ ਕਪਟੀਸ਼ਨ ਲਈ ਵੀ ਤਿਆਰ ਕੀਤਾ ਜਾ ਰਿਹਾ ਹੈ। ਇਸ ਮੌਕੇ ਬਿਸ਼ੰਬਰ ਲਾਲ ਸਾਬਕਾ ਸਰਪੰਚ, ਲੈਕ ਸੁਰਜੀਤ ਸੈਂਪਲੇ, ਪ੍ਰਧਾਨ ਲਖਵੀਰ ਸਿੰਘ, ਸੇਵਾ ਮੁਕਤ ਪ੍ਰਿੰਸੀਪਲ ਹਰਬਲਾਸ, ਡਾ ਸ਼ਾਦੀ ਲਾਲ, ਨੇਕੀ ਮਹੇ, ਮਿੰਦਰ ਪਾਲ ਜੱਸਲ ਪੰਚ, ਦਰਬਾਰੀ ਲਾਲ, ਪ੍ਰਿਥੀਪਾਲ ਭਾਟੀਆ, ਸੁਰਜੀਤ ਲਾਲ ਪਹਿਲਵਾਨ, ਸਨੀ ਕੁਮਾਰ, ਟੀਚਰ ਭਾਵਨਾ ਭਾਟੀਆ ਅਤੇ ਟੀਚਰ ਪ੍ਰੀਆ ਕੁਮਾਰੀ ਆਦਿ ਹਾਜ਼ਰ ਸਨ।



## ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੱਢਿਆ ਵਿਸ਼ਾਲ ਨਗਰ ਕੀਰਤਨ

**ਬਲਾਚੌਰ (ਜਸਵਿੰਦਰ ਬੈਂਸ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮ ਦੌਰਾਨ ਸਿੰਘ ਸਭਾ ਗੁਰਦੁਆਰਾ ਸਾਹਿਬ ਬਲਾਚੌਰ ਮਹਿੰਦੀਪੁਰ ਵੱਲੋਂ ਪੰਜ ਪਿਆਰਿਆਂ ਦੀ ਰਹਿਨੁਮਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਮਹਿੰਦੀਪੁਰ ਤੋਂ ਸਵੇਰੇ 11 ਵਜੇ ਸ਼ੁਰੂ ਹੁੰਦਾ ਹੋਇਆ ਪਿੰਡ ਮਹਿੰਦੀਪੁਰ ਗੜ੍ਹਸ਼ੰਕਰ ਰੋਡ, ਗਹੂੰਣ ਰੋਡ, ਭੱਦੀ ਰੋਡ , ਸੈਣੀ ਮਹੱਲੇ ਤੋਂ ਹੁੰਦਾ ਹੋਇਆ ਮੁੜ ਗੁਰਦੁਆਰਾ ਮਹਿੰਦੀਪੁਰ ਸਿੰਘ ਸਭਾ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਵਿੱਚ ਭਾਰੀ ਗਿਣਤੀ ਵਿੱਚ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਨਗਰ ਕੀਰਤਨ ਵਿੱਚ ਮੌਜੂਦ ਸੰਗਤਾਂ ਦੇ ਲਈ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ। ਨਗਰ ਕੀਰਤਨ ਵਿੱਚ ਸ਼ਹੀਦਾਂ ਸਿੰਘਾਂ ਅਖ਼ਾੜਾ ਗੱਤਕਾ ਘੁੰਮਣਾ,ਮਹਿੰਦੀਪੁਰ ਗਤਕਾ ਪਾਰਟੀਆਂ ਵੱਲੋਂ ਗਤਕਾ ਦੇ ਜੌਹਰ ਵੀ ਦਿਖਾਏ ਗਏ ਜਿਸ ਵਿੱਚ ਛੋਟੇ ਬੱਚੇ ਵੀ ਮੌਜੂਦ ਸਨ। ਇਸ ਮੌਕੇ ਪ੍ਰਧਾਨ ਜਗਤਾਰ ਸਿੰਘ, ਜਨਰਲ ਸੈਕਟਰੀ ਸੁਖਵਿੰਦਰ ਸਿੰਘ, ਖਜਾਨਚੀ ਰਣਜੀਤ ਸਿੰਘ ਤੇ ਨਾਲ ਸਮੂਹ ਕਮੇਟੀ ਮੈਂਬਰ, ਗ੍ਰੰਥੀ ਸਤਨਾਮ ਸਿੰਘ, ਹਰਜੀਤ ਸਿੰਘ, ਸ਼ਮਿੰਦਰ ਸਿੰਘ, ਤਰਲੋਚਨ ਸਿੰਘ, ਕਸ਼ਮੀਰ ਸਿੰਘ ਰਾਏ, ਭੁੱਲਰ ਸਿੰਘ, ਕੁਲਤਾਰ ਸਿੰਘ, ਕੁਲਜਿੰਦਰ ਸਿੰਘ, ਸੋਢੀ ਸਿੰਘ, ਹੈਪੀ ਰਾਜਾ, ਗੁਰਸਿਮਰਨ ਸਿੰਘ, ਗੁਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਇੰਦਰਜੀਤ ਸਿੰਘ ਡਾ ਗਿਆਨ ਸਿੰਘ ਮੰਡੇਰ, ਡਾ ਜਸਦੀਪ ਸਿੰਘ ਸੈਣੀ ਅਤੇ ਹੋਰ ਵੱਖ ਵੱਖ ਸ਼ਖਸ਼ੀਅਤਾਂ ਹਾਜ਼ਰ ਸਨ।



## ਸੈਨੇਟ ਤੇ ਸਿੰਡੀਕੇਟ ਭੰਗ ਕਰਨ ਦਾ ਫੈਸਲਾ ਵਾਪਸ ਲੈਣਾ ਵਿਦਿਆਰਥੀਆਂ ਦੇ ਸੰਘਰਸ਼ ਦੀ ਜਿੱਤ : ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)**- ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਤੇ ਸਿੰਡੀਕੇਟ ਭੰਗ ਕਰਨ ਦੇ 28 ਅਕਤੂਬਰ ਨੂੰ ਜਾਰੀ ਕੀਤੇ ਗਏ ਨੋਟੀਫ਼ਿਕੇਸ਼ਨ ਨੂੰ ਵਾਪਸ ਲੈ ਲਿਆ ਹੈ ਅਤੇ ਇਸ ਸਬੰਧੀ ਜਾਰੀ ਨੋਟੀਫਿਕੇਸ਼ਨ ਰੱਦ ਕਰ ਦਿੱਤੀ ਹੈ। ਸੀਨਿਅਰ ਕਾਂਗਰਸੀ ਆਗੂ ਅਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਇਸ ਮੌਕੇ ਉੱਤੇ ਕਿਹਾ ਕਿ ਇਹ ਫੈਸਲਾ ਪੰਜਾਬ, ਪੰਜਾਬੀਅਤ ਅਤੇ ਵਿਦਿਆਰਥੀਆਂ ਦੇ ਸੰਘਰਸ਼ ਦੀ ਵੱਡੀ ਜਿੱਤ ਹੈ। ਸਿੱਧੂ ਨੇ ਸਾਰੇ ਵਿਦਿਆਰਥੀਆਂ, ਬੁੱਧੀਜੀਵੀਆਂ ਅਤੇ ਸਿਆਸੀ ਜਮਾਤਾਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ। ਸਰਕਾਰ ਨੂੰ ਅਜਿਹੇ ਫੈਸਲੇ ਲੈਣ ਤੋਂ ਪਹਿਲਾਂ ਵਿਦਿਆਰਥੀਆਂ, ਅਧਿਆਪਕਾਂ ਅਤੇ ਬੁੱਧੀਜੀਵੀਆਂ ਨਾਲ ਗਹਿਰਾਈ ਨਾਲ ਚਰਚਾ ਕਰਨੀ ਚਾਹੀਦੀ ਹੈ। ਸਿੱਧੂ ਨੇ ਜ਼ੋਰ ਦਿੱਤਾ ਕਿ ਅਜਿਹੇ ਮਾਮਲਿਆਂ ਵਿੱਚ ਸਰਕਾਰ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਮਿਲ ਕੇ ਸੰਤੁਲਿਤ ਅਤੇ ਪਾਰਦਰਸ਼ੀ ਨੀਤੀਆਂ ਬਣਾਉਣ ਅਤੇ ਵਿਦਿਆਰਥੀਆਂ ਦੀ ਭਵਿੱਖੀ ਤਰੱਕੀ ਨੂੰ ਧਿਆਨ ਵਿੱਚ ਰੱਖਣ। ਉਹਨਾਂ ਨੇ ਕਿਹਾ ਕਿ ਇਹ ਮਾਮਲਾ ਸਿਰਫ਼ ਪੰਜਾਬ ਯੂਨੀਵਰਸਿਟੀ ਤੱਕ ਸੀਮਿਤ ਨਹੀਂ ਹੈ, ਸਗੋਂ ਸਾਰੀਆਂ ਸਿੱਖਿਆ ਸੰਸਥਾਵਾਂ ਲਈ ਇੱਕ ਨਮੂਨਾ ਬਣਦਾ ਹੈ ਕਿ ਲੋਕਾਂ ਦੀ ਭਾਗੀਦਾਰੀ ਅਤੇ ਸੰਵਾਦ ਦੇ ਬਿਨਾਂ ਸਰਕਾਰੀ ਫੈਸਲੇ ਲੰਬੇ ਸਮੇਂ ਤੱਕ ਚੱਲਣ ਵਾਲੇ ਨਹੀਂ ਹੁੰਦੇ।ਇਸ ਵਿਰੋਧ ਅਤੇ ਸੰਘਰਸ਼ ਤੋਂ ਬਾਅਦ, ਕੇਂਦਰ ਸਰਕਾਰ ਨੇ ਆਪਣਾ ਫੈਸਲਾ ਵਾਪਸ ਲਿਆ ਅਤੇ ਨੋਟੀਫਿਕੇਸ਼ਨ ਰੱਦ ਕਰ ਦਿੱਤਾ, ਜਿਸ ਨੂੰ ਵਿਦਿਆਰਥੀਆਂ, ਬੁੱਧੀਜੀਵੀਆਂ ਅਤੇ ਪੰਜਾਬ ਦੀ ਸਿਆਸੀ ਜਮਾਤ ਵੱਲੋਂ ਇੱਕ ਜਿੱਤ ਵਜੋਂ ਸਵੀਕਾਰਿਆ ਜਾ ਰਿਹਾ ਹੈ।



## ਖਾਲਸਾ ਸਕੂਲ ਨੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਸਥਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ। ਸਕੂਲ ਦੀ ਪ੍ਰਿੰਸੀਪਲ ਕਿਰਨਜੋਤ ਕੌਰ ਮਾਂਗਟ ਨੇ ਦੱਸਿਆ ਕਿ ਇਹ ਨਗਰ ਕੀਰਤਨ ਸਵੇਰੇ 10 ਵਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਕੂਲ ਤੋਂ ਆਰੰਭ ਹੋ ਕੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ, ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ, ਗੁਰਦੁਆਰਾ ਸ੍ਰੀ ਸ਼ਹੀਦੀ ਬੁਰਜ ਬਾਬਾ ਜੀਵਨ ਸਿੰਘ, ਗੁਰਦੁਆਰਾ ਸ੍ਰੀ ਦਮਦਮਾ ਸਾਹਿਬ, ਗੁਰਦੁਆਰਾ ਸ੍ਰੀ ਰਣਜੀਤਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਤਾੜੀ ਸਾਹਿਬ ਵਿਖੇ ਨਤਮਸਤਕ ਹੁੰਦਾ ਹੋਇਆ ਮੁੜ ਸਕੂਲ ਵਿੱਚ ਸੰਪੰਨ ਹੋਇਆ। ਨਗਰ ਕੀਰਤਨ ਦੌਰਾਨ ਭਾਈ ਨਰਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਜਥੇ ਨੇ ਸ਼ਬਦ ਗਾਇਨ ਕੀਤਾ ਅਤੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਨਗਰ ਕੀਰਤਨ ਦੌਰਾਨ ਗੱਤਕੇ ਦੇ ਜੌਹਰ ਦਿਖਾਏ। ਇਸ ਮੌਕੇ ਸਕੂਲ ਕਮੇਟੀ ਦੇ ਮੈਨੇਜਰ ਜਥੇਦਾਰ ਹਰਬੰਸ ਸਿੰਘ ਕੰਧੋਲਾ, ਜਥੇਦਾਰ ਪ੍ਰੀਤਮ ਸਿੰਘ,ਪ੍ਰਿੰਸੀਪਲ ਅਜਾਇਬ ਸਿੰਘ ਮਾਂਗਟ, ਸਾਬਕਾ ਪ੍ਰਧਾਨ ਅਮਨਦੀਪ ਸਿੰਘ ਮਾਂਗਟ, ਜਥੇਦਾਰ ਗੁਰਮੀਤ ਸਿੰਘ,ਡਾ ਰਾਜਪਾਲ ਚੌਧਰੀ, ਪ੍ਰਿੰਸੀਪਲ ਅਮਰਜੀਤ ਸਿੰਘ ਕੰਗ, ਕੈਪਟਨ ਹਰਪਾਲ ਸਿੰਘ, ਅਧਿਆਪਕ ਅਵਤਾਰ ਸਿੰਘ, ਰਣਜੀਤ ਸਿੰਘ ਧਾਰਨੀ ਅਤੇ ਰਾਜ ਰਾਣੀ ਆਦਿ ਹਾਜ਼ਰ ਸਨ।



## ਗੁੜ ਤੇ ਸ਼ੱਕਰ ਬਣਾਉਣ ਸਬੰਧੀ ਕਿੱਤਾਮੁਖੀ ਸਿਖਲਾਈ ਕੋਰਸ ਕਰਵਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਜ਼ਿਲ੍ਹਾ ਪੱਧਰੀ ਪਸਾਰ ਅਦਾਰੇ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਮਿਆਰੀ ਗੁੜ ਤੇ ਸ਼ੱਕਰ ਬਣਾਉਣ ਸਬੰਧੀ ਪੰਜ ਰੋਜ਼ਾ ਕਿੱਤਾਮੁਖੀ ਸਿਖਲਾਈ ਕੋਰਸ ਲਗਾਇਆ ਗਿਆ। ਉਦਘਾਟਨੀ ਪ੍ਰੋਗਰਾਮ ਦੌਰਾਨ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਨੇ ਆਏ ਹੋਏ ਸਿਖਿਆਰਥੀਆਂ ਦਾ ਸਵਾਗਤ ਕੀਤਾ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਸੇਵਾਵਾਂ ਬਾਰੇ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋਂ ਮਿਆਰੀ ਗੁੜ ਤੇ ਸ਼ੱਕਰ ਬਣਾਉਣ ਬਾਬਤ ਸਿਖਲਾਈਆਂ ਵੱਖ-ਵੱਖ ਕੇਂਦਰਾਂ ਵਿੱਚ ਲਗਾਈਆਂ ਜਾ ਰਹੀਆਂ ਹਨ। ਉਨ੍ਹਾਂ ਵਧੀਆ ਗੁੜ ਤੇ ਸ਼ੱਕਰ ਤਿਆਰ ਕਰਨ ਸਬੰਧੀ ਗੰਨੇ ਦੀ ਫ਼ਸਲ ਵਿੱਚ ਸਿਫ਼ਾਰਸ਼ ਤਕਨੀਕਾਂ ਅਪਨਾਉਣ ਪ੍ਰਤੀ ਵੀ ਕਿਹਾ। ਇਸ ਸਿਖਲਾਈ ਵਿੱਚ ਸਹਾਇਕ ਪ੍ਰੋਫੈਸਰ (ਖੇਤੀਬਾੜੀ ਇੰਜੀਨੀਅਰਿੰਗ) ਡਾ. ਅਜੈਬ ਸਿੰਘ ਨੇ ਵਧੀਆ ਗੁੜ ਦੇ ਉਤਪਾਦਨ ਅਤੇ ਪੈਕਿੰਗ ਬਾਬਤ ਜਾਣਕਾਰੀ ਮੁਹੱਈਆ ਕਰਵਾਈ।



## ਲਿੰਗ ਅਨੁਪਾਤ ਸੁਧਾਰਨ ਲਈ ਯਤਨ ਹੋਰ ਤੇਜ਼ ਕੀਤੇ ਜਾਣ : ਸਿਵਲ ਸਰਜਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹੇ 'ਚ ਲਿੰਗ ਅਨੁਪਾਤ ਨੂੰ ਸੁਧਾਰਨ ਲਈ ਯਤਨ ਹੋਰ ਤੇਜ਼ ਕਰਨ ਦੀ ਹਦਾਇਤ ਕਰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਆਖਿਆ ਕਿ ਭਰੂਣ ਹੱਤਿਆ ਦੀ ਲਾਹਨਤ ਨੂੰ ਜੜ੍ਹੋਂ ਖ਼ਤਮ ਕਰਨ ਲਈ ਵੱਧ ਤੋਂ ਵੱਧ ਜਾਗਰੂਕਤਾ ਸਰਗਰਮੀਆਂ ਕੀਤੀਆਂ ਜਾਣ। ਉਹ ਆਪਣੇ ਦਫ਼ਤਰ ਵਿਖੇ ਜ਼ਿਲ੍ਹੇ ਦੀਆਂ ਲੇਡੀ ਹੈਲਥ ਵਿਜ਼ੀਟਰਜ਼ (ਐਲ ਐਚ ਵੀ) ਨਾਲ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਭਰੂਣ ਹਤਿਆ ਅਤੇ ਗਰਭਵਤੀ ਔਰਤਾਂ ਦੀਆਂ ਮੌਤਾਂ ਦੇ ਮਾਮਲਿਆਂ ਦੀ ਰੋਕਥਾਮ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ ਅਤੇ ਇਸ ਦਿਸ਼ਾ ਵਿਚ ਹੋਰ ਤੇਜ਼ੀ ਨਾਲ ਕੰਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਉੱਚ-ਜੋਖਮ ਗਰਭਵਤੀ ਔਰਤਾਂ ਦਾ ਖ਼ਾਸ ਖ਼ਿਆਲ ਰੱਖਿਆ ਜਾਵੇ । ਡਾ. ਜੈਨ ਨੇ ਇਹ ਵੀ ਕਿਹਾ ਕਿ ਪੀ.ਸੀ.ਪੀ.ਐਨ.ਡੀ.ਟੀ. ਅਤੇ ਐਮ.ਟੀ.ਪੀ. ਐਕਟ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ। ਡਾ. ਜੈਨ ਨੇ ਆਖਿਆ ਕਿ ਜ਼ਿਲ੍ਹੇ ਵਿਚ ਕਿਤੇ ਵੀ ਕੋਈ ਅਣਰਜਿਸਟਰਡ ਐਮ.ਟੀ.ਪੀ. ਕੇਂਦਰ ਨਹੀਂ ਚੱਲਣਾ ਚਾਹੀਦਾ। ਜੇ ਅਜਿਹਾ ਕੇਂਦਰ ਕਿਤੇ ਚੱਲ ਰਿਹਾ ਹੈ ਤਾਂ ਤੁਰੰਤ ਉੱਚ ਅਧਿਕਾਰੀਆਂ ਨੂੰ ਸੂਚਿਤ ਕੀਤਾ ਜਾਵੇ ਤਾਕਿ ਢੁਕਵੀਂ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਗਰਭ ਅਵਸਥਾ ਦੌਰਾਨ ਲਿੰਗ ਨਿਰਧਾਰਣ ਜਾਂਚ ਕਰਨਾ ਤੇ ਕਰਵਾਉਣਾ ਕਾਨੂੰਨਨ ਅਪਰਾਧ ਹੈ।



## ਅਜੈਬ ਔਜਲਾ, ਕਰਮਜੀਤ ਚਿੱਲਾ, ਸੁਰਜੀਤ ਸੁਮਨ ਤੇ ਵਿੰਦਰ ਮਾਂਝੀ ਦਾ ਸਨਮਾਨ ਭਲਕੇ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬੀ ਮਾਂ ਬੋਲੀ ਮਹੀਨੇ ਦੇ ਸੰਬੰਧ 'ਚ ਕਵੀ ਮੰਚ (ਰਜਿ:) ਮੋਹਾਲੀ ਅਤੇ ਵਿਸ਼ਵ ਪੰਜਾਬੀ ਸਾਹਿਤਕ ਵਿਚਾਰ ਮੰਚ (ਰਜਿ.) ਮੋਹਾਲੀ ਵੱਲੋਂ ਸੈਣੀ ਭਵਨ, ਸੈਕਟਰ-24 ਚੰਡੀਗੜ੍ਹ ਵਿਖੇ 8 ਨਵੰਬਰ ਨੂੰ ਕਰਵਾਏ ਜਾ ਰਹੇ ਸਮਾਗਮ ਵਿੱਚ ਪੱਤਰਕਾਰ ਅਜੈਬ ਸਿੰਘ ਔਜਲਾ ਨੂੰ ਉਨ੍ਹਾਂ ਵੱਲੋਂ ਪੰਜਾਬੀ ਮਾਂ ਬੋਲੀ, ਸਾਹਿਤ, ਸੱਭਿਆਚਾਰ ਅਤੇ ਨਿਰਪੱਖ ਪੰਜਾਬੀ ਪੱਤਰਕਾਰੀ ਦੇ ਖੇਤਰ ਵਿੱਚ ਪਾਏ ਪੂਰਨਿਆਂ ਲਈ ਅਤੇ ਸਥਾਪਿਤ ਕੀਤੇ ਕੀਰਤੀਮਾਨਾਂ ਲਈ ਲਾਈਫ਼-ਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ।ਇਸ ਤੋਂ ਇਲਾਵਾ ਕਰਮਜੀਤ ਸਿੰਘ ਚਿੱਲਾ ਨੂੰ ਵਿਸ਼ੇਸ਼ ਸਾਹਿਤਕ ਪੱਤਰਕਾਰੀ ਐਵਾਰਡ, ਲੇਖਕ ਸੁਰਜੀਤ ਸੁਮਨ ਨੂੰ ਸਾਹਿਤਕ ਪੱਤਰਕਾਰੀ ਦੀ ਸੱਜਰੀ ਉਮੀਦ ਐਵਾਰਡ ਅਤੇ ਗ਼ਜ਼ਲਗੋ ਵਿੰਦਰ ਮਾਂਝੀ ਨੂੰ ਉਨ੍ਹਾਂ ਵੱਲੋਂ ਪੰਜਾਬੀ ਸਾਹਿਤ ਦੀ ਸੇਵਾ 'ਚ ਪਾਏ ਯੋਗਦਾਨ ਅਤੇ ਸਾਹਿਤਕਾਰ ਅਤੇ ਉਸਤਾਦ ਗ਼ਜ਼ਲਗੋ ਸਿਰੀ ਰਾਮ ਅਰਸ਼ ਦੇ ਆਖ਼ਰੀ ਸਮੇਂ ਉਨ੍ਹਾਂ ਵੱਲੋਂ ਕੀਤੀਆਂ ਸੇਵਾਵਾਂ ਲਈ ਸਿਰੀ ਰਾਮ ਅਰਸ਼ ਯਾਦਗਾਰੀ ਯੁਵਾ ਗ਼ਜ਼ਲਗੋ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ।ਭਗਤ ਰਾਮ ਰੰਗਾੜਾ ਪ੍ਰਧਾਨ ਕਵੀ ਮੰਚ ਮੁਹਾਲੀ ਅਤੇ ਇੰਜੀ. ਜਸਪਾਲ ਸਿੰਘ ਦੇਸੂਵੀ ਪ੍ਰਧਾਨ, ਵਿਸ਼ਵ ਪੰਜਾਬੀ ਸਾਹਿਤਕ ਵਿਚਾਰ ਮੰਚ (ਰਜਿ:) ਮੋਹਾਲੀ ਨੇ ਦੱਸਿਆ ਕਿ ਇਹ ਸਮਾਗਮ 8 ਨਵੰਬਰ ਦਿਨ ਸ਼ਨੀਵਾਰ ਨੂੰ ਸੈਣੀ ਭਵਨ ਸੈਕਟਰ-24 ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਦੀਪਕ ਸ਼ਰਮਾ ਚਨਾਰਥਲ, ਵਰਤਮਾਨ ਪੰਜਾਬੀ ਪੱਤਰਕਾਰੀ ਦੀਆਂ ਚੁਣੌਤੀਆਂ ਅਤੇ ਭਵਿੱਖ ਵਿਸ਼ੇ 'ਤੇ ਆਪਣੇ ਵਿਚਾਰ ਰੱਖਣਗੇ।

## ਔੜ ਬਲਾਕ ਦੀ ਮੁੜ-ਬਹਾਲੀ ਲਈ 25 ਨੂੰ ਕੀਤਾ ਜਾਵੇਗਾ ਚੱਕਾ ਜਾਮ

**ਬੰਗਾ (ਅਵਤਾਰ ਕਲੇਰ)**- 'ਬਲਾਕ ਬਚਾਓ ਸੰਘਰਸ਼ ਕਮੇਟੀ' ਨੇ ਹੰਗਾਮੀ ਮੀਟਿੰਗ ਕਰਕੇ ਔੜ ਬਲਾਕ ਦੀ ਮੁੜ-ਬਹਾਲੀ ਲਈ ਸੰਘਰਸ਼ ਤੇਜ਼ ਕਰਨ ਦਾ ਫ਼ੈਸਲਾ ਕੀਤਾ ਹੈ। ਮੀਟਿੰਗ ਵਿਚ ਹਾਜ਼ਰ ਸਰਪੰਚਾਂ, ਵੱਖ-ਵੱਖ ਰਾਜਨੀਤਕ ਧਿਰਾਂ ਅਤੇ ਸਮਾਜ ਸੇਵੀ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਨੋਟ ਕੀਤਾ ਕਿ ਔੜ ਬਲਾਕ ਦੀਆਂ 74 ਪੰਚਾਇਤਾਂ ਵੱਲੋਂ ਬਲਾਕ ਨੂੰ ਤੋੜਨ ਵਿਰੁੱਧ ਲਿਖਤੀ ਮਤੇ ਪਾ ਕੇ ਤੇ ਬਲਾਕ ਦੇ ਲੋਕਾਂ ਵੱਲੋਂ ਧਰਨੇ-ਪ੍ਰਦਰਸ਼ਨ ਕਰਕੇ ਵਿਆਪਕ ਪੱਧਰ 'ਤੇ ਵਿਰੋਧ ਪ੍ਰਗਟਾਇਆ ਗਿਆ। ਡਿਪਟੀ ਕਮਿਸ਼ਨਰ ਐਸ ਬੀ ਐਸ ਨਗਰ ਅਤੇ ਪ੍ਰਬੰਧਕੀ ਸਕੱਤਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਰਾਹੀਂ ਪੰਜਾਬ ਸਰਕਾਰ ਨੂੰ ਦੋ ਵਾਰ ਮੰਗ-ਪੱਤਰ ਦੇਣ ਅਤੇ ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਅਤੇ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਨੂੰ ਮਿਲਕੇ ਇਲਾਕੇ ਦੀਆਂ ਭਾਵਨਾਵਾਂ ਤੋਂ ਜਾਣੂ ਕਰਾਉਣ ਦੇ ਬਾਵਜੂਦ ਸਰਕਾਰ ਵੱਲੋਂ ਤੋੜਿਆ ਗਿਆ ਬਲਾਕ ਅਜੇ ਤੱਕ ਮੁੜ-ਬਹਾਲ ਨਹੀਂ ਕੀਤਾ ਗਿਆ। ਕਮੇਟੀ ਨੇ 25 ਨਵੰਬਰ ਨੂੰ ਔੜ ਵਿਖੇ ਚੱਕਾ ਜਾਮ ਕਰਨ ਦਾ ਫ਼ੈਸਲਾ ਲਿਆ ਹੈ। ਬਲਾਕ ਦੇ ਪਿੰਡਾਂ ਵਿਚ ਮੁਹਿੰਮ ਚਲਾਕੇ ਵਿਸ਼ਾਲ ਧਰਨੇ ਦੀ ਤਿਆਰੀ ਕੀਤੀ ਜਾਵੇਗੀ ਸੰਘਰਸ਼ ਓਦੋਂ ਤੱਕ ਜਾਰੀ ਰੱਖਿਆ ਜਾਵੇਗਾ ਜਦੋਂ ਤੱਕ ਪੰਚਾਇਤਾਂ ਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੁੱਖ ਰੱਖਦਿਆਂ ਬਲਾਕ ਨੂੰ ਤੋੜਨ ਦਾ ਫ਼ੈਸਲਾ ਰੱਦ ਨਹੀਂ ਕੀਤਾ ਜਾਂਦਾ ਅਤੇ ਬਲਾਕ ਨੂੰ ਮੁੜ ਬਹਾਲ ਨਹੀਂ ਕੀਤਾ ਜਾਂਦਾ। ਮੀਟਿੰਗ ਵਿਚ ਪ੍ਰਵੀਨ ਬੰਗਾ, ਕਮਲਜੀਤ ਕੰਵਰ ਗੜ੍ਹੀ, ਰਾਜ ਕੁਮਾਰ ਮਾਹਲ ਖ਼ੁਰਦ, ਰਾਮ ਜੀ ਦਾਸ ਖੜਕੂਵਾਲ, ਰੂਪ ਲਾਲ ਧੀਰ, ਸਰਪੰਚ ਕਮਲਜੀਤ ਔੜ, ਸਰਪੰਚ ਮਨਜੀਤ ਸਿੰਘ ਅੜਕ ਚਾਹਲ ਖ਼ੁਰਦ,, ਸਰਪੰਚ ਨਿੰਦਰਪਾਲ ਮਾਈਦਿੱਤਾ, ਭੁਪਿੰਦਰ ਸਿੰਘ ਗਿੱਲ ਆਦਿ ਹਾਜ਼ਰ ਸਨ।



## ਰਾਸਾ ਦੇ ਬਾਨੀ ਨੂੰ ਸਮਰਪਿਤ ਰਾਸਾ ਐਵਾਰਡ 2025 ਭਲਕੇ

**ਮੋਹਾਲੀ (ਗੁਰਜੀਤ ਬਿੱਲਾ)** ਮਾਨਤਾ ਪ੍ਰਾਪਤ ਅਤੇ ਐਫੀਲੀਏਟਡ ਸਕੂਲ ਐਸੋਸੀਏਸ਼ਨ ਪੰਜਾਬ ( ਰਾਸਾ) ਵੱਲੋਂ ਰਾਸਾ ਪੰਜਾਬ ਦੇ ਬਾਨੀ ਜਨਰਲ ਸਕੱਤਰ ਮਰਹੂਮ ਕੁਲਵੰਤ ਰਾਏ ਦੀ ਯਾਦ ਨੂੰ ਸਮਰਪਿਤ ਰਾਸਾ ਅਵਾਰਡ 8 ਨਵੰਬਰ ਨੂੰ ਸਵੇਰੇ 10 ਵਜੇ ਆਰਟ ਗੈਲਰੀ ਆਡੀਟੋਰੀਅਮ ਮਦਨ ਮੋਹਨ ਮਾਲਵੀਆ ਰੋਡ, ਅੰਮ੍ਰਿਤਸਰ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਬੰਧੀ ਇਥੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਐਸੋਸੀਏਸ਼ਨ ਦੇ ਜਨਰਲ ਸਕੱਤਬ ਸੁਜੀਤ ਸਰਮਾਂ (ਬਬਲੂ) ਨੇ ਦੱਸਿਆ ਕਿ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਸਿੱਖਿਆ ਬੋਰਡ ਦੇ ਚੇਅਰਮੈਨ ਡਾ ਅਮਰਪਾਲ ਸਿੰਘ, ਆਈ ਏ ਐਸ ( ਰਿਟ) ਮੁੱਖ ਮਹਿਮਾਨ ਵਜੋਂ ਸਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਕੁਲਵੰਤ ਰਾਏ ਨੇ ਆਪਣੀ ਜ਼ਿੰਦਗੀ ਦੇ ਆਖਰੀ ਪੱਲ ਵੀ ਸਕੂਲ ਦੇ ਬੇਹਤਰੀ ਲਈ ਲਗਾਏ। ਉਨ੍ਹਾਂ ਕਿਹਾ ਕਿ ਇਸ ਮੌਕੇ ਰਾਸਾ ਨਾਲ ਸਬੰਧਤ ਪੰਜਾਬ ਭਰ ਦੇ ਸਕੂਲ ਦੇ ਮੁੱਖੀ ਸਾਮਲ ਹੋਣਗੇ। ਇਸ ਮੌਕੇ ਗੁਰਦੀਪ ਸਿੰਘ ਰੰਧਾਵਾ ਸੁਖਵਿੰਦਰ ਸਿੰਘ ਭੱਲਾ, ਰਾਸਾ ਦੇ ਪ੍ਰਧਾਨ ਜਗਤਪਾਲ ਮਹਾਜਨ ਹਾਜ਼ਰ ਸਨ।



## ਗਊਸ਼ਾਲਾ ਦਾ ਨੀਂਹ ਪੱਥਰ 16 ਨੂੰ ਰੱਖਿਆ ਜਾਵੇਗਾ : ਨਰਿੰਦਰ ਜੱਸਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਨੁੱਖਤਾ ਅਤੇ ਸੇਵਾ ਦੇ ਰਾਹ 'ਤੇ ਅੱਗੇ ਵੱਧ ਰਹੀ ਸੰਸਥਾ 'ਸ਼ਿਵਨਾਮਦੇਵ ਆਪਣਾ ਘਰ' ਦੇ ਮੁੱਖ ਸੇਵਾਦਾਰ ਨਰਿੰਦਰ ਸਿੰਘ ਜੱਸਲ ਦੀ ਅਗਵਾਈ ਹੇਠ ਹਰਦੋਖਾਨਪੁਰ ਵਿਖੇ 16 ਨਵੰਬਰ ਨੂੰ ਸਾਧ ਸੰਗਤ ਅਤੇ ਸਾਧੂ ਸੰਤਾਂ ਵੱਲੋਂ ਗਊਸ਼ਾਲਾ ਦਾ ਨੀਂਹ ਪੱਥਰ ਰੱਖਿਆ ਜਾਵੇਗਾ। ਇਹ ਪਵਿੱਤਰ ਪਹੁੰਚ ਸਿਰਫ਼ ਧਾਰਮਿਕ ਹੀ ਨਹੀਂ, ਸਗੋਂ ਸਮਾਜ ਵਿੱਚ ਗਊ ਸੇਵਾ, ਦਇਆ ਅਤੇ ਬੁਜ਼ੁਰਗਾਂ ਦੀ ਸੰਭਾਲ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦਾ ਯਤਨ ਹੈ। ਨਰਿੰਦਰ ਸਿੰਘ ਜੱਸਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਗਊਸ਼ਾਲਾ ਦੀ ਸਥਾਪਨਾ ਦਾ ਉਦੇਸ਼ ਇਹ ਸੁਨੇਹਾ ਦੇਣਾ ਹੈ ਕਿ ਸੇਵਾ ਹੀ ਸੱਚਾ ਧਰਮ ਹੈ। ਉਨ੍ਹਾਂ ਸੰਗਤ ਅਤੇ ਸਮਾਜ ਸੇਵੀਆਂ ਨੂੰ ਅਪੀਲ ਕੀਤੀ ਕਿ ਉਹ 16 ਨਵੰਬਰ ਨੂੰ ਹਰਦੋਖਾਨਪੁਰ ਪਹੁੰਚ ਕੇ ਇਸ ਪੁੰਨ ਕਰਮ ਵਿੱਚ ਭਾਗੀ ਬਣਨ। ਗੌਰਤਲਬ ਹੈ ਕਿ ਨਰਿੰਦਰ ਸਿੰਘ ਜੱਸਲ ਵੱਲੋਂ ਸਥਾਪਿਤ 'ਸ਼ਿਵਨਾਮਦੇਵ ਆਪਣਾ ਘਰ' ਬੁਜ਼ੁਰਗਾਂ ਦੀ ਸੇਵਾ ਦਾ ਇੱਕ ਮਿਸਾਲੀ ਕੇਂਦਰ ਬਣ ਚੁੱਕਾ ਹੈ। ਹੁਣ ਤੱਕ 74 ਪਰਵਾਰਾਂ ਵਿੱਚ ਬੁਜ਼ੁਰਗਾਂ ਦੀ ਘਰ ਵਾਪਸੀ ਕਰਵਾ ਕੇ ਇਸ ਸੰਸਥਾ ਨੇ ਨਾ ਸਿਰਫ਼ ਪਰਵਾਰਕ ਰਿਸ਼ਤਿਆਂ ਨੂੰ ਜੋੜਿਆ ਹੈ, ਸਗੋਂ ਉਨ੍ਹਾਂ ਨੂੰ ਆਦਰਯੋਗ ਤੇ ਸਨਮਾਨਤ ਜੀਵਨ ਦੀ ਨਵੀਂ ਦਿਸ਼ਾ ਵੀ ਦਿੱਤੀ ਹੈ। ਕਈ ਉਹ ਬੁਜ਼ੁਰਗ, ਜਿਨ੍ਹਾਂ ਨੂੰ ਆਪਣੇ ਪਰਵਾਰਾਂ ਨੇ ਤਿਆਗ ਦਿੱਤਾ ਸੀ, ਅੱਜ ਇਸ ਕੇਂਦਰ ਵਿੱਚ ਇਜ਼ਤ, ਪਿਆਰ ਅਤੇ ਆਪਣੇਪਣ ਨਾਲ ਜੀਵਨ ਬਤੀਤ ਕਰ ਰਹੇ ਹਨ। ਆਉਣ ਵਾਲੇ ਸਮੇਂ ਵਿੱਚ ਇਹ ਕੇਂਦਰ ਧਾਰਮਿਕ ਯਾਤਰਾਵਾਂ 'ਤੇ ਆਉਣ ਵਾਲੇ ਸ਼ਰਧਾਲੂਆਂ ਲਈ ਵਿਸ਼ਰਾਮ ਸਥਾਨ ਵਜੋਂ ਵੀ ਉਪਲਬਧ ਹੋਵੇਗਾ। ਇਸ ਲਈ ਇੱਥੇ 62 ਮੁਫ਼ਤ ਕਮਰੇ ਤਿਆਰ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਰਹਿਣ, ਭੋਜਨ ਅਤੇ ਹੋਰ ਸਾਰੀਆਂ ਸਹੂਲਤਾਂ ਪੂਰੀ ਤਰ੍ਹਾਂ ਮੁਫ਼ਤ ਹੋਣਗੀਆਂ।



## ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਬੇਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸਿੱਖ ਧਰਮ ਦੇ ਬਾਨੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿਖੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਗੁਰਦੁਆਰਾ ਸ੍ਰੀ ਬੇਰ ਸਾਹਿਬ ਨੂੰ ਵੱਖ-ਵੱਖ ਫੁਲਾਂ ਅਤੇ ਲਾਈਟਾਂ ਨਾਲ ਸਜਾਵਟ ਕਰਕੇ ਚਮਕਾਇਆ ਗਿਆ। ਪ੍ਰਕਾਸ਼ ਪੁਰਬ ਨੂੰ ਲੈ ਕੇ ਸਵੇਰ ਤੋਂ ਹੀ ਸ਼ਰਧਾਲੂਆਂ ਦੀ ਆਮਦ ਰਹੀ। ਅਤੇ ਸਵੇਰ ਤੋਂ ਸ਼ਾਮ ਤੱਕ ਸੰਗਤਾਂ ਨੇ ਲੰਮੀਆਂ ਲੰਮੀਆਂ ਕਤਾਰਾਂ ਵਿੱਚ ਖੜ੍ਹ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਿਆ ਅਤੇ ਪਵਿੱਤਰ ਸਰੋਵਰ ਤੇ ਵੇਈਂ ਨਦੀ ਵਿਚ ਇਸ਼ਨਾਨ ਕੀਤਾ। ਸ਼ਾਮ ਵੇਲੇ ਆਤਿਸ਼ਬਾਜ਼ੀ ਕੀਤੀ ਗਈ ਜਿਸ ਨੇ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਭਾਈ ਮਰਦਾਨਾ ਦੀਵਾਨ ਹਾਲ ਵਿਖੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਸਟੇਜ ਲਗਾਈ ਗਈ। ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ ਨੁਮਾਇੰਦੇ ਸੰਤ ਮਹਾਂਪੁਰਸ਼ ਪਹੁੰਚੇ। ਇਸ ਮੌਕੇ ਸਵੇਰ ਤੋਂ ਸ਼ਾਮ ਤੱਕ ਕੀਰਤਨੀ ਜਥੇ, ਰਾਗੀ, ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਨਿਹਾਲ ਕੀਤਾ ਗਿਆ । ਇਸ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਮੈਨੇਜਰ ਜਰਨੈਲ ਸਿੰਘ ਬੂਲੇ ਨੇ ਸਾਹਿਬ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀ ਮੱਕਾ ਮਦੀਨਾ ਫੇਰੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਮਾਤਮਾ ਇੱਕ ਹੈ ਅਤੇ ਹਰੇਕ ਕਣ ਵਿੱਚ ਵੱਸਦਾ ਹੈ। ਮੱਕਾ, ਮਦੀਨਾ ਜਾ ਕੇ ਵੀ ਗੁਰੂ ਨਾਨਕ ਸਾਹਿਬ ਨੇ ਧਰਮ ਦਾ ਪ੍ਰਚਾਰ ਕੀਤਾ। ਗੁਰੂ ਘਰ ਵਿੱਚ ਸੰਗਤਾਂ ਲਈ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਅਤੇ ਹੋਰ ਸ਼੍ਰੋਮਣੀ ਕਮੇਟੀ ਮੈਂਬਰ ਨੇ ਸਮੂਹ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸੰਗਤਾਂ ਲਈ ਲੰਗਰ, ਰਿਹਾਇਸ਼ ਦਾ ਪ੍ਰਬੰਧ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਮਹਿੰਦਰ ਸਿੰਘ ਆਹਲੀ, ਮੈਨੇਜਰ ਅਵਤਾਰ ਸਿੰਘ ਨੇ ਸਮੂਹ ਪਤਵੰਤਿਆਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਤ ਕੀਤਾ। ਸ਼ਾਮ ਨੂੰ ਸੁਲਤਾਨਪੁਰ ਲੋਧੀ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਅਤੇ ਪਵਿੱਤਰ ਵੇਈਂ ਨਦੀ ਤੇ ਸੰਗਤਾਂ ਨੇ ਮੋਮਬੱਤੀਆਂ ਅਤੇ ਦੇਸੀ ਘਿਓ ਨਾਲ ਦੀਵੇ ਜਗਾਏ। ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਰਫੋਂ ਸਾਰੇ ਗੁਰਦੁਆਰਾ ਸਾਹਿਬ ਵਿੱਚ ਸੁੰਦਰ ਲਾਈਟਾਂ ਨਾਲ ਦੀਪਮਾਲਾ ਕੀਤੀ ਗਈ। ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ, ਜਗਜੀਤ ਸਿੰਘ ਹਰਖੋਵਾਲ ਵਾਲੇ ਆਦਿ ਮਹਾਂਪੁਰਸ਼ ਨੇ ਵੀ ਸ਼ਮੂਲੀਅਤ ਕੀਤੀ।



## ਖ਼ੂਨਦਾਨ ਤੇ ਅੱਖਾਂ ਦਾ ਚੈੱਕਅੱਪ ਕੈਂਪ ਲਗਾਇਆ

**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਨ ਨੂੰ ਸਮਰਪਿਤ ਖ਼ੂਨਦਾਨ ਕੈਂਪ ਤੇ ਅੱਖਾਂ ਦਾ ਸਾਂਭ ਸੰਭਾਲ ਅਤੇ ਉਹਨਾਂ ਦੀ ਦੇਖਭਾਲ ਕੈਂਪ ਗੁਰਦੁਆਰਾ ਬਾਬਾ ਬਿੰਡਾ ਸਿੰਘ ਜੀ ਵਿਖੇ, ਸ਼੍ਰੀ ਗੁਰੂ ਨਾਨਕ ਦੇਵ ਜੀ ਸੋਸ਼ ਐਂਡ ਵੈਲਫੇਅਰ ਸੋਸਾਇਟੀ ਅਤੇ ਐਨ ਆਰ ਆਈ ਵੀਰ ਗ੍ਰਾਮ ਪੰਚਾਇਤ ਪਿੰਡ ਮਹਿਸਮਪੁਰ ਅਤੇ ਗੁਰਾਇਆ ਬਲੱਡ ਸੇਵਾ ਦੇ ਵਿਸ਼ੇਸ਼ ਸਹਿਯੋਗ ਦੇ ਨਾਲ ਲਗਾਇਆ ਗਿਆ ਜਿਸ ਵਿੱਚ ਬਲੱਡ ਕੌਂਸਲ ਫਗਵਾੜਾ ਦੀ ਟੀਮ ਨੇ ਬਲੱਡ ਇਕੱਤਰ ਕੀਤਾ ਅਤੇ ਸਿਟੀ ਸੈਂਟਰ ਫਲੌਰ ਦੀ ਟੀਮ ਨੇ ਅੱਖਾਂ ਦੇ ਚੈੱਕ ਕੀਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਅਤੇ ਐਨਕਾ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਬੋਲਦੇ ਆ ਲੰਬੜਦਾਰ ਰਮਨ ਕੁਮਾਰ ਨੇ ਕਿਹਾ ਕਿ ਸਾਡੀ ਟੀਮ ਵੱਲੋਂ ਇਹ ਤੇਰਵਾਂ ਖ਼ੂਨਦਾਨ ਕੈਂਪ ਹੈ ਜੋ ਕਿ ਗੁਰਾਇਆ ਬਲੱਡ ਸੇਵਾ ਦੇ ਸਹਿਯੋਗ ਦੇ ਨਾਲ ਹਰ ਸਾਲ ਸਤਿਗੁਰੂ ਨਾਨਕ ਦੇਵ ਦੇ ਜਨਮ ਦਿਨ ਤੇ ਲਗਾਇਆ ਜਾਂਦਾ ਹੈ। ਇਸ ਵਾਰ ਅੱਖਾਂ ਦਾ ਚੈੱਕ ਅਪ ਕੈਂਪ ਵੀ ਲਗਾਇਆ ਗਿਆ ਅਤੇ ਇਹ ਸੇਵਾ ਇਨ ਬਿਨ ਅੱਗੇ ਵੀ ਜਾਰੀ ਰਹੇਗੀ। ਇਸ ਮੌਕੇ ਗੁਰਾਇਆ ਬਲੱਡ ਸੇਵਾ ਦੀ ਸਮੁੱਚੀ ਟੀਮ ਤੋਂ ਇਲਾਵਾ ਪਹਿਲਵਾਨ ਕਿੰਦਾ ਬਿਹਾਰੀ ਪੁਰੀਆ,ਰਮਨ ਕੁਮਾਰ ਲੰਬਰਦਾਰ,ਪਹਲਵਾਨ ਬਲਬੀਰ ਸਿੰਘ ,ਅਮਰਜੀਤ ਸਿੰਘ, ਬਲਰਾਜ ਸਿੰਘ,ਗਿਆਨ ਸਿੰਘ, ਸਰਪੰਚ ਹਰਕਮਲ ਸਿੰਘ ਆਦਿ ਮੌਜੂਦ ਰਹੇ।



ਜਨਮ ਦਿਨ ਮੁਬਾਰਕ



ਪਰਵਾਨ, ਪਿੰਡ ਸਿਕੰਦਰਪੁਰ ਆਸਟ੍ਰੇਲੀਆ



ਧਨੀਸ਼ ਬਾਂਸਲ ਜੈਤੋਂ

## ਸ੍ਰੀ ਗੁਰੂ ਨਾਨਕ ਦੇਵ ਜੀ ਦਾ ਅਵਤਾਰ ਦਿਹਾੜਾ ਮਨਾਇਆ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪਿੰਡ ਛੱਤਿਆਣਾ ਵਿਖੇ ਹਰ ਸਾਲ ਦੀ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਅਵਤਾਰ ਦਿਹਾੜਾ ਮਨਾਇਆ ਗਿਆ। ਇਹ ਅਵਤਾਰ ਦਿਹਾੜਾ ਪਿੰਡ ਦੀ ਗ੍ਰਾਮ ਪੰਚਾਇਤ, ਲੋਕਲ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਸਜਾਇਆ ਗਿਆ। ਇਸ ਸਮੇ ਸਮੂਹ ਸੰਗਤਾਂ ਵਾਹਿਗੁਰੂ ਵਾਹਿਗੁਰੂ ਦਾ ਜਾਪ ਕਰਦੀਆਂ ਆ ਰਹੀਆਂ ਸਨ ਅਤੇ ਆਮ ਲੋਕਾਂ ਨੇ ਬੜੀ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ। ਇਹ ਨਗਰ ਕੀਰਤਨ ਪਿੰਡ ਦੇ ਡੇਰਾ ਸਾਹਿਬ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਗੁਪਤਸਰ ਸਾਹਿਬ ਤੋਂ ਹੁੰਦਾ ਹੋਇਆ ਪਿੰਡ ਦੀ ਮੋਨ ਤੇ ਵੱਡੀ ਫਿਰਨੀ ਤੋਂ ਹੁੰਦਾ ਹੋਇਆ ਸ਼ਾਮ ਨੂੰ ਡੇਰਾ ਸਾਹਿਬ ਵਿਖੇ ਹੀ ਸਮਾਪਤ ਹੋਇਆ। ਇਸ ਮੌਕੇ ਗੱਤਕਾ ਅਖਾੜਾ ਦੇ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਵਿਖਾ ਕੇ ਸੰਗਤਾਂ ਦਾ ਮਨ ਮੋਇਆ ਤੇ ਢਾਡੀ ਤੇ ਰਾਗੀ ਜੱਥਿਆਂ ਨੇ ਆਪਣੇ ਵੈਰਾਗ ਮਈ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਸਮੇ ਸਤਿਕਾਰ ਵਜੋਂ ਸੰਗਤਾਂ ਲਈ ਪਿੰਡ ਵਿੱਚ ਕਈ ਥਾਂਵਾਂ ਤੇ ਬਰੈੱਡ, ਪਕੌੜੇ, ਚਾਹ-ਪਾਣੀ ਤੇ ਫ਼ਲਾਂ ਦੇ ਲੰਗਰ ਲਾਏ ਗਏ। ਨਗਰ ਕੀਰਤਨ ਸਮੇ ਪਿੰਡ ਦੀ ਲੋਕਲ ਕਮੇਟੀ ਦੇ ਸਮੂਹ ਮੈਂਬਰ ਪਿੰਡ ਪੰਚਾਇਤ ਤੇ ਪਿੰਡ ਦੇ ਆਮ ਲੋਕ ਹਾਜ਼ਰ ਸਨ।

## ਰਾਤ ਸਮੇਂ ਨਜਾਇਜ਼ ਮਾਈਨਿੰਗ ਕਰਨ ਵਾਲਿਆਂ ਨੂੰ ਲੋਕਾਂ ਘੇਰਿਆ

### ਪੁਲਸ ਨੇ ਮਸ਼ੀਨ ਤੇ ਹੋਰ ਵਾਹਨ ਕਬਜ਼ੇ 'ਚ ਲਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਦੋਪਾਨਾ ਵਿਖੇ ਸਤਲੁਜ ਦਰਿਆ ਵਿੱਚ ਅੱਧੀ ਰਾਤ ਨੂੰ ਜਦੋਂ ਨਜਾਇਜ਼ ਮਾਈਨਿੰਗ ਸ਼ੁਰੂ ਹੋਈ ਤਾਂ ਪਿੰਡ ਵਾਲਿਆਂ ਨੇ ਘੇਰਾ ਪਾ ਲਿਆ, ਜਿਨ੍ਹਾਂ ਦੀ ਕੋਸ਼ਿਸ਼ ਨੂੰ ਨਾਕਾਮ ਕਰਦਿਆਂ ਪੁਲਸ ਨੂੰ ਸੂਚਨਾ ਦਿੱਤੀ ਗਈ। ਪਿੰਡ ਮਾਛੀਵਾੜਾ ਖਾਮ ਦੇ ਵਾਸੀ ਦਵਿੰਦਰ ਸਿੰਘ ਤੇ ਹੋਰ ਲੋਕਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਅੱਧੀ ਰਾਤ ਨੂੰ ਨੇੜੇ ਹੀ ਵਗਦੇ ਸਤਲੁਜ ਦਰਿਆ 'ਚੋਂ ਰੇਤ ਮਾਫੀਆ ਮਸ਼ੀਨਾਂ ਤੇ ਹੋਰ ਵਾਹਨਾਂ ਰਾਹੀਂ ਨਜਾਇਜ਼ ਮਾਈਨਿੰਗ ਕਰ ਰਿਹਾ ਹੈ। ਪਿੰਡ ਵਾਸੀਆਂ ਨੇ ਰੇਤ ਮਾਫ਼ੀਆ ਨੂੰ ਇਕੱਠੇ ਹੋ ਕੇ ਘੇਰ ਲਿਆ ਤੇ ਨਜਾਇਜ਼ ਮਾਈਨਿੰਗ ਤੁਰੰਤ ਬੰਦ ਕਰਨ ਲਈ ਕਿਹਾ। ਦਵਿੰਦਰ ਸਿੰਘ ਨੇ ਦੱਸਿਆ ਕਿ ਰੇਤ ਦੀ ਨਜਾਇਜ਼ ਮਾਈਨਿੰਗ ਕਰਨ ਵਾਲਿਆਂ ਵੱਲੋਂ ਉਨ੍ਹਾਂ ਨੂੰ ਧਮਕੀਆਂ ਵੀ ਦਿੱਤੀਆਂ ਗਈਆਂ ਤੇ ਧੱਕਾਮੁੱਕੀ ਵੀ ਕੀਤੀ ਗਈ, ਜਿਸ 'ਤੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਗਿਆ। ਅੱਧੀ ਰਾਤ ਨੂੰ ਨਜਾਇਜ਼ ਮਾਈਨਿੰਗ ਦੀ ਸੂਚਨਾ ਮਿਲਣ 'ਤੇ ਪੁਲਸ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਪਿੰਡ ਵਾਸੀਆਂ ਵੱਲੋਂ ਨਜਾਇਜ਼ ਮਾਈਨਿੰਗ ਕਰਨ ਵਾਲੇ ਕੁਝ ਵਿਅਕਤੀ ਤੇ ਉਨ੍ਹਾਂ ਦੀ ਮਸ਼ੀਨ ਤੇ ਵਾਹਨ ਪੁਲਸ ਦੇ ਸਪੁਰਦ ਕਰ ਦਿੱਤੇ ਗਏ। ਪਿੰਡ ਵਾਸੀਆਂ ਨੇ ਦੱਸਿਆ ਕਿ ਸਤਲੁਜ ਦਰਿਆ 'ਚੋਂ ਨਜਾਇਜ਼ ਮਾਈਨਿੰਗ ਹੋਣ ਦਾ ਖਮਿਆਜ਼ਾ ਉਹ ਪਹਿਲਾਂ ਹੀ ਭੁਗਤ ਚੁੱਕੇ ਹਨ, ਕਿਉਂਕਿ ਹੜ੍ਹਾਂ ਦੌਰਾਨ ਪਹਿਲਾਂ ਹੀ ਕਮਜ਼ੋਰ ਧੁੱਸੀ ਬੰਨ੍ਹ ਨੂੰ ਪਾੜ ਪੈਣ ਲੱਗ ਗਿਆ ਸੀ ਤੇ ਜੇਕਰ ਹੁਣ ਮਾਈਨਿੰਗ ਹੋਈ ਤਾਂ ਬੰਨ੍ਹ ਟੁੱਟ ਜਾਵੇਗਾ। ਉਨ੍ਹਾਂ ਕਿਹਾ ਕਿ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਨੂੰ ਬਚਾਉਣ ਲਈ ਨਜਾਇਜ਼ ਮਾਈਨਿੰਗ ਨਹੀਂ ਹੋਣ ਦਿੱਤੀ ਜਾਵੇਗੀ ਤੇ ਪੁਲਸ ਪ੍ਰਸ਼ਾਸਨ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਕਰੇ। ਇਸ ਸਬੰਧੀ ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ ਨੇ ਕਿਹਾ ਕਿ ਨਜਾਇਜ਼ ਮਾਈਨਿੰਗ ਕਰਨ ਵਾਲਿਆਂ ਦੇ ਵਾਹਨ ਕਬਜ਼ੇ ਵਿੱਚ ਕਰ ਲਏ ਗਏ ਹਨ। ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਾਛੀਵਾੜਾ ਇਲਾਕੇ ਵਿੱਚ ਨਜਾਇਜ਼ ਮਾਈਨਿੰਗ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਪ੍ਰੋਫੈਸਰ ਕਲੋਨੀ ਸਰਹੰਦ 'ਚ ਨਵੇਂ ਰਸਤੇ ਦਾ ਕੰਮ ਸ਼ੁਰੂ ਕਰਾਇਆ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਨਗਰ ਕੌਂਸਲ ਸਰਹਿੰਦ ਦੇ ਵਾਰਡ ਨੰਬਰ 4 ਵਿਖੇ ਪ੍ਰੋਫੈਸਰ ਕਲੋਨੀ ਵਿੱਚ ਨਵੇਂ ਰਸਤੇ ਦਾ ਕੰਮ ਸ਼ੁਰੂ ਕਰਾਇਆ ਗਿਆ। ਇਸ ਰਸਤੇ ਦੇ ਬਣਨ ਦੇ ਨਾਲ ਪ੍ਰੋਫੈਸਰ ਕਲੋਨੀ ਤੇ ਬ੍ਰਾਹਮਣ ਮਾਜਰਾ ਵਾਸੀਆਂ ਨੂੰ ਟ੍ਰੈਫਿਕ ਦੀ ਸਮੱਸਿਆ ਤੋਂ ਨਿਜ਼ਾਤ ਮਿਲੇਗੀ। ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਕਰੀਬ 16 ਲੱਖ ਰੁਪਏ ਦੀ ਲਾਗਤ ਦੇ ਨਾਲ ਉਕਤ ਰਸਤੇ ਨੂੰ ਬਣਾਇਆ ਜਾ ਰਿਹਾ ਹੈ।

ਇਸ ਰਸਤੇ ਦੇ ਬਣਨ ਦੇ ਨਾਲ ਪ੍ਰੋਫੈਸਰ ਕਲੋਨੀ ਤੇ ਬ੍ਰਾਹਮਣ ਮਾਜਰਾ ਵਾਸੀਆਂ ਨੂੰ ਸਰਹੰਦ ਮੰਡੀ ਬਾਜ਼ਾਰ ਦੇ ਵਿੱਚ ਜਾਣਾ ਆਸਾਨ ਹੋ ਜਾਵੇਗਾ। ਇਸ ਤੋਂ ਪਹਿਲਾਂ ਸ਼ਹਿਰ ਵਾਸੀਆਂ ਨੂੰ ਓਵਰਬ੍ਰਿਜ ਵਾਲੀ ਸੜਕ ਪਾਰ ਕਰਕੇ ਬਾਜ਼ਾਰ ਜਾਣਾ ਪੈਂਦਾ ਸੀ। ਟ੍ਰੈਫਿਕ ਹੋਣ ਦੇ ਕਾਰਨ ਕਾਫੀ ਸਮਾਂ ਟ੍ਰੈਫਿਕ 'ਚ ਖੜੇ ਰਹਿਣਾ ਪੈਂਦਾ ਸੀ। ਇਸ ਰਸਤੇ ਦੇ ਬਣਨ ਨਾਲ ਹੁਣ ਪ੍ਰੋਫੈਸਰ ਕਲੋਨੀ ਵਾਸੀ ਤੇ ਬ੍ਰਾਹਮਣ ਮਾਜਰਾ ਵਾਸੀ ਪੁਲ ਦੇ ਦੂਜੇ ਪਾਸੇ ਆਸਾਨੀ ਨਾਲ ਜਾ ਸਕਣਗੇ ਤੇ ਆ ਸਕਣਗੇ। ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਟ੍ਰੈਫਿਕ ਦੇ ਵਿੱਚ ਨਹੀਂ ਫਸਣਾ ਪਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜ ਨਿਰੰਤਰ ਜਾਰੀ ਹਨ। ਇਨ੍ਹਾਂ ਵਿਕਾਸ ਕਾਰਜਾਂ ਦੇ ਨਾਲ ਹੀ ਸ਼ਹਿਰ ਦੀ ਨੁਹਾਰ ਬਦਲੀ ਜਾਵੇਗੀ।

## ਲੋੜਵੰਦ ਨੂੰ ਇੱਕ ਮਹੀਨੇ ਦਾ ਰਾਸ਼ਨ ਤੇ ਇਲਾਜ ਲਈ ਪੈਸੇ ਦਿੱਤੇ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਦ੍ਰਿਸ਼ਟੀਕੋਣ ਵੈਲਫੇਅਰ ਫਾਊਂਡੇਸ਼ਨ ਦੇ ਸੰਸਥਾਪਕ ਦੀ ਅਗਵਾਈ ਹੇਠ ਫਾਊਂਡੇਸ਼ਨ ਮੈਂਬਰ ਦੀਪਕ ਧੀਮਾਨ ਦੀ ਟੀਮ ਦੇ ਸਹਿਯੋਗ ਨਾਲ ਫਾਊਂਡੇਸ਼ਨ ਉਤਸ਼ਾਹ ਨਾਲ ਸਮਾਜ ਸੇਵਾ ਵਿੱਚ ਲੱਗੀ ਹੋਈ ਹੈ। ਫਾਊਂਡੇਸ਼ਨ ਨੇ ਇੱਕ ਲੋੜਵੰਦ ਵਿਅਕਤੀ ਦੀ ਡਾਕਟਰੀ ਇਲਾਜ ਲਈ ਫੰਡ ਪ੍ਰਦਾਨ ਕਰਕੇ ਸਹਾਇਤਾ ਕੀਤੀ ਤੇ ਪਰਵਾਰ ਨੂੰ ਇੱਕ ਮਹੀਨੇ ਦਾ ਘਰੇਲੂ ਰਾਸ਼ਨ ਵੀ ਦਿੱਤਾ। ਫਾਊਂਡੇਸ਼ਨ ਮੈਂਬਰ ਦੀਪਕ ਧੀਮਾਨ ਨੇ ਹੋਰ ਵੇਰਵੇ ਦਿੰਦੇ ਦੱਸਿਆ ਕਿ ਸੁਖਵਿੰਦਰ ਸਿੰਘ ਨਾਂਅ ਦੇ ਇੱਕ ਵਿਅਕਤੀ ਨੂੰ ਅਧਰੰਗ ਹੋ ਗਿਆ ਸੀ। ਸੁਖਵਿੰਦਰ ਸਿੰਘ ਦੇ ਸਰੀਰ ਦੇ ਇੱਕ ਪਾਸੇ ਨੇ ਕੰਮ ਕਰਨਾ ਬੰਦ ਕਰ ਦਿੱਤਾ ਸੀ। ਉਸਦਾ ਇਲਾਜ ਰਾਜਿੰਦਰਾ ਹਸਪਤਾਲ ਪਟਿਆਲਾ ਵਿੱਚ ਚੱਲ ਰਿਹਾ ਸੀ। ਸੁਖਵਿੰਦਰ ਸਿੰਘ ਦੀ ਇਸ ਮੁਸ਼ਕਲ ਦੀ ਜਾਣਕਾਰੀ ਸੋਸ਼ਲ ਮੀਡੀਆ 'ਤੇ ਵੀ ਦਿੱਤੀ ਗਈ ਸੀ, ਜਿਸ ਵਿੱਚ ਡਾਕਟਰੀ ਸਹਾਇਤਾ ਦੀ ਮੰਗ ਕੀਤੀ ਗਈ ਸੀ। ਪਰਵਾਰ ਵਿੱਚ ਸੁਖਵਿੰਦਰ ਸਿੰਘ ਤੇ ਉਸਦੀ 14 ਸਾਲ ਦੀ ਧੀ ਹੈ, ਅਤੇ ਕੋਈ ਹੋਰ ਕਮਾਉਣ ਵਾਲਾ ਮੈਂਬਰ ਨਹੀਂ ਹੈ। ਸੁਖਵਿੰਦਰ ਸਿੰਘ ਕਿਰਾਏ ਦੇ ਕਮਰੇ ਵਿੱਚ ਰਹਿੰਦਾ ਹੈ। ਦੀਪਕ ਨੇ ਕਿਹਾ ਫਾਊਂਡੇਸ਼ਨ ਨੇ ਹੁਣ ਉਸ ਨੂੰ ਇਲਾਜ ਲਈ 3,000 ਰੁਪਏ ਅਤੇ ਇੱਕ ਮਹੀਨੇ ਦਾ ਰਾਸ਼ਨ ਦਿੱਤਾ ਹੈ ਤਾਂ ਜੁ ਉਸਨੂੰ ਆਪਣੇ ਇਲਾਜ ਜਾਂ ਭੋਜਨ ਵਿੱਚ ਕੋਈ ਸਮੱਸਿਆ ਨਾ ਆਵੇ। ਦੀਪਕ ਨੇ ਕਿਹਾ ਕਿ ਉਨ੍ਹਾਂ ਦੀ ਫਾਊਂਡੇਸ਼ਨ ਦਾ ਉਦੇਸ਼ ਲੋੜਵੰਦ ਲੋਕਾਂ ਦੀ ਮਦਦ ਕਰਨਾ ਹੈ ਤੇ ਫਾਊਂਡੇਸ਼ਨ ਲਗਾਤਾਰ ਲੋੜਵੰਦ ਲੋਕਾਂ ਲਈ ਕੰਮ ਕਰ ਰਹੀ ਹੈ। ਇਸ ਮੌਕੇ ਤੇਜਿੰਦਰ ਸ਼ਰਮਾ ਤੇ ਅਵਤਾਰ ਸਿੰਘ ਮੌਜੂਦ ਸਨ।

## ਗੁਰੂ ਨਾਨਕ ਸਕੂਲ ਨੇ ਸਹੋਦਿਆ ਇੰਟਰ ਸਕੂਲ ਵਨ ਐਕਟ ਪਲੇਅ ਮੁਕਾਬਲੇ 'ਚ ਤੀਜਾ ਸਥਾਨ ਪ੍ਰਾਪਤ ਕੀਤਾ



**ਦੋਰਾਹਾ (ਹਰਮਿੰਦਰ ਸੇਠ)**-ਸਹੋਦਿਆ ਸਕੂਲ ਕੰਪਲੈਕਸ ਲੁਧਿਆਣਾ (ਈਸ਼ਟ ਖੰਨਾ) ਵੱਲੋਂ ਨਨਕਾਣਾ ਸਾਹਿਬ ਪਬਲਿਕ ਸਕੂਲ ਵਿਖੇ ਅੰਗਰੇਜ਼ੀ ਭਾਸ਼ਾ ਨਾਲ਼ ਸੰਬੰਧਤ ਇੰਟਰ ਸਕੂਲ ਵਨ ਐਕਟ ਪਲੇਅ ਮੁਕਾਬਲੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕੁੱਲ ਗਿਆਰਾਂ ਸਕੂਲਾਂ ਨੇ ਭਾਗ ਲਿਆ। ਮੁਕਾਬਲੇ ਵਿੱਚ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਰਾਧਿਕਾ ਸੇਠੀ, ਤਨਜੋਤ ਕੌਰ, ਜਸਨੂਰਜੋਤ ਸਿੰਘ ਤੇ ਜਪਨਪ੍ਰੀਤ ਸਿੰਘ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਦੇ ਹੋਏ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਉਨ੍ਹਾਂ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਨੇ 'ਹੈਰੀਟੇਜ਼ ਵਰਸਜ਼ ਮਾਡਰਨਟੀ' (ਵਿਰਾਸਤ ਬਨਾਮ ਆਧੁਨਿਕਤਾ) ਦ੍ਰਿਸ਼ਟੀਕੋਣਾਂ ਵਿਚਕਾਰ ਸੰਤੁਲਨ ਨੂੰ ਬੇਹਤਰੀਨ ਢੰਗ ਨਾਲ ਪੇਸ਼ ਕਰਕੇ ਜੱਜਾਂ ਅਤੇ ਦਰਸ਼ਕਾਂ ਦੋਵਾਂ ਤੋਂ ਪ੍ਰਸੰਸਾ ਪ੍ਰਾਪਤ ਕੀਤੀ। ਸਕੂਲ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਜੇਤੂ ਵਿਦਿਆਰਥੀਆਂ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੇ ਨਾ ਸਿਰਫ਼ ਪ੍ਰਸੰਸਾ ਪ੍ਰਾਪਤ ਕੀਤੀ ਬਲਕਿ ਪ੍ਰੰਪਰਾ ਤੇ ਆਧੁਨਿਕਤਾ ਕਿਵੇਂ ਇਕੱਠੇ ਰਹਿ ਸਕਦੇ ਹਨ, ਇਸ ਬਾਰੇ ਡੂੰਘੀ ਸਮਝ ਨਾਲ਼ ਦਿਲ ਵੀ ਜਿੱਤੇ। ਸਕੂਲ ਕਾਰਜਕਾਰੀ ਪ੍ਰਸ਼ਾਸਕ ਰੁਪਿੰਦਰ ਕੌਰ ਬਰਾੜ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਇਸ ਵਿਸ਼ਵਾਸ ਨੂੰ ਮਜ਼ਬੂਤ ਕਰਦੀਆਂ ਹਨ ਕਿ ਵਿਦਿਆਰਥੀ ਭਵਿੱਖ ਵਿੱਚ ਵੀ ਆਪਣੀ ਸੱਭਿਅਕ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੇ ਸਮੱਰਥ ਹਨ। ਇਸ ਦੇ ਨਾਲ਼ ਹੀ ਸਕੂਲ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਦੋਵਾਂ ਦੇ ਯਤਨਾਂ ਦੀ ਪ੍ਰਸੰਸਾ ਕੀਤੀ। ਸਕੂਲ ਪ੍ਰਿੰਸੀਪਲ ਡਾ. ਡੀ.ਪੀ.ਠਾਕੁਰ ਨੇ ਵਿਦਿਆਰਥੀਆਂ ਦਾ ਹਯਸਲਾ ਵਧਾਉਂਦੇ ਹੋਏ ਕਿਹਾ ਕਿ ਗਿਆਰਾਂ ਸਕੂਲਾਂ ਦੀਆ ਟੀਮਾਂ ਵਿੱਚੋਂ ਤੀਜਾ ਸਥਾਨ ਪ੍ਰਾਪਤ ਕਰਨਾ ਉਨ੍ਹਾਂ ਦੀ ਸਖ਼ਤ ਮਿਹਨਤ ਦਾ ਹੀ ਨਤੀਜਾ ਹੈ। ਉਨ੍ਹਾਂ ਨੇ ਮੈਡਮ ਅਬਿਧਾ ਬੈਕਟਰ ਦੀ ਖ਼ਾਸ ਤੌਰ 'ਤੇ ਪ੍ਰਸੰਸਾ ਕੀਤੀ।

## ਪਰਾਲੀ ਨੂੰ ਅੱਗ ਲਾਉਣ ਵਾਲੇ 12 ਕਿਸਾਨਾਂ ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਤੇ ਥਾਣਾ ਮੱਲਾਂਵਾਲਾ ਵਿਖੇ ਵੱਖ ਵੱਖ ਥਾਵਾਂ 'ਤੇ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਵਾਲੇ 12 ਕਿਸਾਨਾਂ ਖਿਲਾਫ ਪੁਲਿਸ ਨੇ 223 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਥਾਣਾ ਸਦਰ ਫਿਰੋਜ਼ਪੁਰ ਪੁਲਿਸ ਦੇ ਸਹਾਇਕ ਥਾਣੇਦਾਰ ਸੁਰਜੀਤ ਸਿੰਘ, ਸਹਾਇਕ ਥਾਣੇਦਾਰ ਬਲਦੇਵ ਰਾਜ, ਸਹਾਇਕ ਥਾਣੇਦਾਰ ਪਵਨ ਕੁਮਾਰ ਐੱਸਆਈ ਮੇਜਰ ਸਿੰਘ ਨੇ ਦੱਸਿਆ ਕਿ ਪਿੰਡ ਬਹਾਦਰ ਵਾਲਾ, ਪਿੰਡ ਦੁਲਚੀ ਕੇ, ਪਿੰਡ ਲਮੋਚੜ ਤੇ ਪਿੰਡ ਲੰਗੇਆਣਾ ਵਿਖੇ ਅਣਪਛਾਤੇ ਕਿਸਾਨਾਂ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਾਈ ਹੈ। ਮੱਲਾਂਵਾਲਾ ਵਿਖੇ ਕਿਸਾਨ ਬਲਕਾਰ ਸਿੰਘ ਪੁੱਤਰ ਹਰਭਜਨ ਸਿੰਘ, ਦਿਲਬਾਗ ਸਿੰਘ ਪੁੱਤਰ ਹਰਭਜਨ ਸਿੰਘ, ਸੁਖਦੇਵ ਸਿੰਘ ਪੁੱਤਰ ਜਗਤਾਰ ਸਿੰਘ ਤੇ ਮਲਕੀਤ ਸਿੰਘ ਪੁੱਤਰ ਰੰਗਾ ਸਿੰਘ, ਬਿੱਕਰ ਸਿੰਘ ਪੁੱਤਰ ਅਨੋਖ ਸਿੰਘ, ਪ੍ਰਤਾਪ ਸਿੰਘ, ਗੁਰਚਰਨ ਸਿੰਘ, ਨਸੀਬ ਸਿੰਘ ਪੁੱਤਰਾਨ ਬੂਟਾ ਸਿੰਘ ਵਾਸੀਅਨ ਹਸ਼ਮਤ ਵਾਲਾ ਨੇ ਆਪਣੇ ਖੇਤਾਂ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਲਾਈ ਹੈ। ਪੁਲਿਸ ਨੇ ਦੱਸਿਆ ਕਿ ਪੁਲਸ ਨੇ ਉਕਤ ਕਿਸਾਨਾਂ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਸਟੇਟ ਐਵਾਰਡੀ ਅਧਿਆਪਕ 'ਭੁੱਲਰਹੇੜੀ' ਦਾ ਗੁਰਦੁਆਰਾ ਕਮੇਟੀ ਧੂਰੀ ਵੱਲੋਂ ਸਨਮਾਨ



**ਧੂਰੀ (ਬਿੰਨੀ ਗਰਗ)**-ਗੁਰਦੁਆਰਾ ਸੰਗਤਸਰ ਵਿਖੇ ਧਾਰਮਿਕ ਸਮਾਗਮ ਦੌਰਾਨ ਗੁਰਦੁਆਰਾ ਕਮੇਟੀ ਨੇ ਹਾਲ ਹੀ ਦੌਰਾਨ ਪੰਜਾਬ ਸਰਕਾਰ ਤੋਂ ਸਟੇਟ ਅਵਾਰਡ ਪ੍ਰਾਪਤ ਕਰਨ ਉੱਦਮੀ ਤੇ ਉਤਸ਼ਾਹੀ ਅਧਿਆਪਕ ਜਸਵਿੰਦਰ ਸਿੰਘ ਭੁੱਲਰਹੇੜੀ ਦਾ ਸਨਮਾਨ ਕੀਤਾ। ਵਰਨਣਯੋਗ ਹੈ ਕਿ ਧੂਰੀ ਦੇ ਵਸਨੀਕ ਉਕਤ ਅਧਿਆਪਕ ਗੁਰਦੁਆਰਾ ਕਮੇਟੀ ਦੇ ਮੋਹਰੀ ਤੇ ਸਰਗਰਮ ਮੈਂਬਰਾਂ ਵਿੱਚ ਸ਼ੁਮਾਰ ਹਨ ਤੇ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਬੁਟਾਹਿਰੀ ਵਿਖੇ ਪੜ੍ਹਾਉਂਦੇ ਹੋਏ ਉਨ੍ਹਾਂ ਸਟੇਟ ਅਵਾਰਡ ਲਿਆ ਹੈ।

ਕਮੇਟੀ ਦੇ ਸਕੱਤਰ ਦਰਸ਼ਨ ਸਿੰਘ ਭਸੌੜ, ਕੌਂਸਲਰ ਭੁਪਿੰਦਰ ਸਿੰਘ, ਤੇਜਵਿੰਦਰ ਸਿੰਘ ਧਾਲੀਵਾਲ ਤੇ ਅਧਿਆਪਕ ਦਲ ਪੰਜਾਬ ਦੇ ਆਗੂ ਅਵਤਾਰ ਸਿੰਘ ਢਢੋਗਲ ਨੇ ਸਨਮਾਨ ਕਰਨ ਉਪਰੰਤ ਦੱਸਿਆ ਕਿ ਆਮ ਅਧਿਆਪਕ ਲਈ ਸਟੇਟ ਅਵਾਰਡ ਦਾ ਸੁਪਨਾ ਲੈਣਾ ਵੀ ਮੁਸ਼ਕਲ ਹੈ ਅਤੇ ਇਸ ਪ੍ਰਾਪਤ ਕਰਨ ਲਈ ਬਹੁਤ ਘਾਲਣਾ ਘਾਲਣੀ ਪੈਂਦੀ ਹੈ। ਅਧਿਆਪਕ ਆਗੂ ਅਵਤਾਰ ਸਿੰਘ ਢਢੋਗਲ ਨੇ ਇਸ ਵੱਕਾਰੀ ਅਵਾਰਡ ਦੀ ਪ੍ਰਾਪਤੀ ਲਈ ਜਸਵਿੰਦਰ ਸਿੰਘ ਭੁੱਲਰਹੇੜੀ ਨੂੰ ਮੁਬਾਰਕਵਾਦ ਦਿੰਦਿਆਂ ਆਪਣੀਆਂ ਪਰਿਵਾਰਕ ਜ਼ਿੰਮੇਵਾਰੀਆਂ ਦੇ ਨਾਲ-ਨਾਲ ਭਵਿੱਖ ਵਿੱਚ ਵਿਦਿਆਰਥੀਆਂ ਤੇ ਸਮਾਜ ਦੇ ਲੋੜਵੰਦ ਲੋਕਾਂ ਲਈ ਅਗਾਂਹਵਧੂ ਕਾਰਜ ਕਰਨ ਦੀ ਰਵਾਇਤ ਨੂੰ ਜਾਰੀ ਰੱਖਣ ਲਈ ਪ੍ਰੇਰਿਆ। ਇਸ ਮੌਕੇ ਅਧਿਆਪਕ 'ਭੁੱਲਰਹੇੜੀ' ਨੇ ਕਿਹਾ ਕਿ ਭਾਵੇਂ ਸਟੇਟ ਅਵਾਰਡ ਦੀ ਪ੍ਰਾਪਤੀ ਮਗਰੋਂ ਉਸ ਨੂੰ ਪਿੰਡ ਵਾਸੀਆਂ ਸਮੇਤ ਕਈ ਥਾਵਾਂ 'ਤੇ ਸਨਮਾਨ ਮਿਲੇ, ਪਰ ਆਪਣੇ ਸ਼ਹਿਰ 'ਚ ਗੁਰਦੁਆਰਾ ਕਮੇਟੀ ਵੱਲੋਂ ਦਿੱਤਾ ਇਹ ਸਤਿਕਾਰ ਤੇ ਸਨਮਾਨ 'ਸਟੇਟ ਅਵਾਰਡ' ਤੋਂ ਵੱਧ ਉਤਸ਼ਾਹ ਵਧਾਊ ਹੈ। ਉਨ੍ਹਾਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਹੋਰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵੱਲੋਂ ਫੈਕਲਟੀ ਡਿਵੈੱਲਪਮੈਂਟ ਪ੍ਰੋਗਰਾਮ ਦਾ ਪੋਸਟਰ ਜਾਰੀ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਕੂਲ ਆਫ ਲਾਅ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਕਾਨੂੰਨੀ ਅਧਿਐਨ ਅਤੇ ਅਕਾਦਮਿਕ ਉੱਨਤੀ ਦੇ ਖੇਤਰ ਵਿੱਚ ਇਕ ਮਹੱਤਵਪੂਰਨ ਕਦਮ ਚੁੱਕਦਿਆਂ ਇੱਕ ਹਫ਼ਤੇ ਦੇ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦਾ ਪੋਸਟਰ ਅਧਿਕਾਰਕ ਤੌਰ 'ਤੇ ਜਾਰੀ ਕੀਤਾ ਗਿਆ। ਸਮਾਗਮ ਦੀ ਅਗਵਾਈ ਯੂਨੀਵਰਸਿਟੀ ਦੇ ਮੈਂਬਰ ਟਰੱਸਟ ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਕੀਤੀ। ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਅਤੇ ਯੂਨੀਵਰਸਿਟੀ ਸਕੂਲ ਆਫ ਲਾਅ ਦੇ ਮੁਖੀ ਅਤੇ ਡੀਨ ਡਾ. ਅਮਿਤਾ ਕੌਸ਼ਲ ਹਾਜ਼ਰ ਸਨ। ਸੋਸ਼ਲ ਕਰਾਈਮਜ਼ ਦੇ ਮਾਨਸਿਕ ਅਤੇ ਕਾਨੂੰਨੀ ਪਹਿਲੂਆਂ ਸਿਰਲੇਖ ਹੇਠ ਇਹ ਪ੍ਰੋਗਰਾਮ ਆਨਲਾਈਨ ਰੂਪ ਵਿੱਚ 10 ਨਵੰਬਰ ਤੋਂ 17 ਨਵੰਬਰ ਤੱਕ ਆਯੋਜਤ ਕੀਤੀ ਜਾਵੇਗੀ। ਪ੍ਰੋਗਰਾਮ ਦਾ ਆਯੋਜਨ ਡਾ. ਨਵਨੀਤ ਕੌਰ ਦੁਆਰਾ ਕੀਤਾ ਜਾਵੇਗਾ। ਇਹ ਪ੍ਰੋਗਰਾਮ ਮਨੋਵਿਗਿਆਨ, ਕਾਨੂੰਨ ਤੇ ਸਮਾਜਿਕ ਨਿਆਂ ਦੇ ਪਰਸਪਰ ਸੰਬੰਧਾਂ ਬਾਰੇ ਅੰਤਰ-ਵਿਸ਼ਾ ਸੰਵਾਦ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਆਯੋਜਤ ਕੀਤਾ ਜਾ ਰਿਹਾ ਹੈ। ਪ੍ਰਸਿੱਧ ਵਿਦਵਾਨਾਂ ਵੱਲੋਂ ਸੰਬੋਧਿਤ ਸੈਸ਼ਨਾਂ ਰਾਹੀਂ ਇਹ ਪ੍ਰੋਗਰਾਮ ਅਪਰਾਧ ਦੇ ਮਨੋਵਿਗਿਆਨਕ ਪਹਿਲੂਆਂ, ਕਾਨੂੰਨੀ ਜਵਾਬਾਂ ਤੇ ਸਮਾਜਿਕ ਨਿਆਂ ਦੇ ਵਿਕਸਤ ਹੋ ਰਹੇ ਪਰਿਦ੍ਰਿਸ਼ ਬਾਰੇ ਗਹਿਰਾ ਅਧਿਐਨ ਪ੍ਰਦਾਨ ਕਰੇਗਾ।

## ਟੀ ਐੱਸ ਯੂ ਵੱਲੋਂ ਬਿਜਲੀ ਵਿਭਾਗ ਦੀਆਂ ਜ਼ਮੀਨਾਂ ਵੇਚਣ ਦੇ ਫੈਸਲੇ ਵਿਰੁੱਧ ਰੈਲੀ



**ਦੋਰਾਹਾ (ਹਰਮਿੰਦਰ ਸੇਠ)**-ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਡਿਵੀਜ਼ਨ ਮੀਤ ਪ੍ਰਧਾਨ ਜਸਵਿੰਦਰ ਸਿੰਘ ਤੇ ਡਿਵੀਜ਼ਨ ਸਕੱਤਰ ਬਲਵੀਰ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਵਿਭਾਗ ਦੀਆਂ ਜ਼ਮੀਨਾਂ ਨੂੰ ਵੇਚਣ ਦੇ ਕੀਤੇ ਫੈਸਲੇ ਦੇ ਵਿਰੋਧ ਵਿੱਚ ਡਿਵੀਜ਼ਨ ਦੋਰਾਹਾ ਦੇ ਕਾਮਿਆਂ ਨੇ ਇੱਕਠੇ ਹੋ ਕੇ ਰੋਸ ਰੈਲੀ ਕੀਤੀ। ਜਥੇਬੰਦੀ ਦੇ ਵੱਖ ਵੱਖ ਆਗੂਆਂ ਅਵਤਾਰ ਸਿੰਘ, ਬੁੱਧ ਸਿੰਘ, ਜਗਦੀਸ਼ ਸਿੰਘ, ਧਰਮਪਾਲ ਸਿੰਘ, ਰਾਮਪਾਲ ਸਿੰਘ, ਬਲਜੀਤ ਸਿੰਘ ਵੱਲੋਂ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੇ ਜ਼ਮੀਨਾਂ ਵੇਚਣ ਦੇ ਫੈਸਲੇ ਦੀ ਨਿਖੇਧੀ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਇਹ ਫੈਸਲਾ ਵਾਪਸ ਲਿਆ ਜਾਵੇ। ਆਗੂਆਂ ਨੇ ਕਿਹਾ ਕਿ ਬਿਜਲੀ ਵਿਭਾਗ ਦੀ ਉਸਾਰੀ ਕਰਨ ਸਮੇਂ ਪੰਜਾਬ ਦੇ ਲੋਕਾਂ ਵੱਲੋਂ ਇਹ ਜ਼ਮੀਨਾਂ ਗਰਿੱਡ/ਬਿਜਲੀ ਘਰ ਬਣਾਉਣ ਲਈ ਸਰਕਾਰ ਨੂੰ ਦਾਨ ਦੇ ਰੂਪ ਵਿੱਚ ਦਿੱਤੀਆਂ ਗਈਆਂ ਸਨ ਪਰ ਸਰਕਾਰ ਸਾਮਰਾਜੀ ਦਿਸ਼ਾਂ ਨਿਰਦੇਸ਼ਾਂ ਤਹਿਤ ਨਿੱਜੀਕਰਨ ਦੀ ਨੀਤੀ ਨੂੰ ਲਾਗੂ ਕਰਦੇ ਹੋਏ ਬਿਜਲੀ ਵਿਭਾਗ ਦੀਆਂ ਇਹ ਜ਼ਮੀਨਾਂ ਨਿੱਜੀ ਕੰਪਨੀਆਂ ਨੂੰ ਵੇਚਣ ਜਾ ਰਹੀ ਹੈ। ਇਸ ਨੀਤੀ ਤਹਿਤ ਬਿਜਲੀ ਵਿਭਾਗ ਵਿੱਚ ਵਰਕ ਲੋਡ ਮੁਤਾਬਕ ਨਵੀਆਂ ਅਸਾਮੀਆਂ ਦੀ ਰਚਨਾ ਕਰਕੇ ਰੈਗੂਲਰ ਭਰਤੀ ਕਰਨ ਦੀ ਬਜਾਏ ਆਊਟਸੋਰਸਡ ਪ੍ਰਣਾਲੀ ਰਾਹੀਂ ਬਿਜਲੀ ਪ੍ਰਬੰਧਾਂ ਦਾ ਕੰਮ ਚਲਾਇਆ ਜਾਵੇਗਾ। ਇਸੇ ਨੀਤੀ ਤਹਿਤ ਪੰਜਾਬ ਦੇ ਕਿਸਾਨਾਂ ਦੀਆਂ ਜ਼ਮੀਨਾਂ ਖੋਹ ਕੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕੀਤੀਆਂ ਜਾ ਰਹੀਆਂ ਹਨ।

## ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਕੌਮੀ ਇਨਸਾਫ਼ ਮੋਰਚੇ ਦੇ ਦਿੱਲੀ ਪ੍ਰੋਗਰਾਮ ਲਈ ਮੀਟਿੰਗ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਦਿਲਬਾਗ ਸਿੰਘ ਸੁਰਸਿੰਘ ਵਾਲਾ ਦੀ ਅਗਵਾਈ 'ਚ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਚ ਹੋਈ। ਮੀਟਿੰਗ ਵਿਚ ਸੂਬਾ ਜਰਨਲ ਸਕੱਤਰ ਗੁਰਮੀਤ ਸਿੰਘ ਮਹਿਮਾ ਵੀ ਸ਼ਾਮਲ ਹੋਏ। ਇਸ ਮੌਕੇ ਕੌਮੀ ਇਨਸਾਫ਼ ਮੋਰਚੇ ਦੇ ਸੱਦੇ ਉਪਰ ਦਿੱਲੀ ਵਿਚ ਸ਼ਮੂਲੀਅਤ ਕਰਨ ਲਈ ਕਿਸਾਨਾਂ ਦੀਆਂ ਡਿਊਟੀਆ ਲਾਈਆਂ ਗਈਆਂ। ਸੂਬਾ ਪ੍ਰੈਸ ਸਕੱਤਰ ਅਵਤਾਰ ਸਿੰਘ ਮਹਿਮਾ ਨੇ ਕਿਹਾ ਕੇਂਦਰ ਸਰਕਾਰ ਵੱਲੋਂ ਫ਼ਾਸ਼ੀਵਾਦੀ ਰਵੱਈਏ ਨੂੰ ਜਾਰੀ ਰੱਖਦਿਆਂ ਤਾਕਤਾਂ ਦਾ ਕੇਂਦਰਕਰਨ ਤੇਜ਼ ਕਰਦਿਆ ਪੰਜਾਬ ਦੇ ਹੱਕਾਂ ਉਪਰ ਲਗਾਤਾਰ ਡਾਕੇ ਮਾਰੇ ਜਾ ਰਹੇ ਹਨ। ਤਾਜ਼ਾ ਹਮਲਾ ਕਰਦਿਆਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਜੋ ਕਿ ਪੰਜਾਬ ਦੀ ਸਿੱਖਿਆ ਤੇ ਸੱਭਿਆਚਾਰ ਦਾ ਹਿੱਸਾ ਹੈ, ਉਸਦੀ ਸੈਨੇਟ ਭੰਗ ਕਰਕੇ ਆਪਣੇ ਅਧੀਨ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਹੈ, ਜੋ ਸੂਬੇ ਦੇ ਅਧਿਕਾਰ ਖੋਹਣ ਵੱਲ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਇਸ ਫੈਸਲੇ ਦਾ ਪੁਰਜ਼ੋਰ ਵਿਰੋਧ ਕਰਦੀ ਹੈ ਤੇ ਯੂਨੀਵਰਸਿਟੀ ਨੂੰ ਬਚਾਉਣ ਲਈ ਵਿਦਿਆਰਥੀਆਂ ਅਤੇ ਪੰਜਾਬੀਆਂ ਦੇ ਹਰ ਸੰਘਰਸ਼ ਦਾ ਪੂਰਨ ਸਮਰਥਨ ਦਾ ਐਲਾਨ ਕਰਦੀ ਹੈ। ਆਗੂਆਂ ਨੇ ਕਿਹਾ ਕਿ ਸਾਡੀ ਜਥੇਬੰਦੀ ਸੰਯੁਕਤ ਕਿਸਾਨ ਮੋਰਚੇ ਨਾਲ ਰਲ ਕੇ ਪੰਜਾਬ ਤੇ ਦੇਸ਼ ਦੇ ਲੋਕਾਂ ਵਿਰੋਧੀ ਹਰ ਫੈਸਲੇ ਦਾ ਵਿਰੋਧ ਕਰੇਗੀ ਅਤੇ ਲੋਕ ਸੰਘਰਸ਼ ਦੇ ਬਲ ਇਨ੍ਹਾਂ ਫੈਸਲਿਆ ਨੂੰ ਵਾਪਸ ਕਰਾਉਣ ਵਿੱਚ ਆਪਣਾ ਤਾਣ ਲਵੇਗੀ।

## ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਮਾਨਕੀ ਪਹੁੰਚੇ

### ਕਬੱਡੀ ਖਿਡਾਰੀ ਗਿੰਦਾ ਦੇ ਪਰਿਵਾਰ ਨਾਲ ਕੀਤੀ ਮੁਲਾਕਾਤ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਮਾਨਕੀ ਪਿੰਡ ਕਬੱਡੀ ਖਿਡਾਰੀ ਗੁਰਵਿੰਦਰ ਸਿੰਘ 'ਗਿੰਦਾ' ਦੇ ਕਤਲ ਤੋਂ ਬਾਅਦ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਮਾਨਕੀ ਪਿੰਡ ਪਹੁੰਚ ਕੇ ਉਸ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਬਿੱਟੂ ਨੇ ਕਿਹਾ ਕਿ ਗੁਰਵਿੰਦਰ ਇਕ ਕਾਬਲ ਤੇ ਵਧੀਆ ਖਿਡਾਰੀ ਸੀ, ਜਿਸ ਦਾ ਸ਼ਰੇਆਮ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਇਸ ਤੋਂ ਪਹਿਲਾਂ ਵੀ ਪੰਜਾਬ ਵਿੱਚ ਕਬੱਡੀ ਖਿਡਾਰੀ ਸੰਦੀਪ ਸਿੰਘ ਤੇ ਤੇਜਪਾਲ ਸਿੰਘ ਵਰਗੇ ਖਿਡਾਰੀਆਂ ਦਾ ਖੁੱਲੇਆਮ ਕਤਲ ਹੋਇਆ ਹੈ। ਇਹ ਸਿੱਧਾ-ਸਿੱਧਾ ਸਰਕਾਰ ਦੀ ਨਾਕਾਮੀ ਹੈ। ਬਿੱਟੂ ਨੇ ਕਿਹਾ ਕਿ ਗੁਰਵਿੰਦਰ ਦੇ ਮਾਪਿਆਂ, ਦਾਦੀ ਤੇ ਭੈਣਾਂ ਦਾ ਦੁੱਖ ਦੇਖ ਕੇ ਦਿਲ ਰੋ ਪਿਆ ਹੈ। ਉਨ੍ਹਾਂ ਸਵਾਲ ਚੁੱਕਿਆ ਕਿ ਪੰਜਾਬ ਵਿੱਚ ਇਨ੍ਹਾਂ ਹੱਤਿਆਵਾਂ ਵਿੱਚ ਵਰਤੇ ਜਾਣ ਵਾਲੇ ਹਥਿਆਰ ਆਖ਼ਰ ਕਿੱਥੋਂ ਆ ਰਹੇ ਹਨ। ਬਿੱਟੂ ਨੇ ਕਿਹਾ ਕਿ ਉਸ ਦੇ ਦਾਦਾ ਤੇ ਪੁਰਾਣੇ ਮੁੱਖ ਮੰਤਰੀ ਬੇਅੰਤ ਸਿੰਘ ਨੇ ਦਿਲੇਰੀ ਨਾਲ ਅੱਤਵਾਦ ਖ਼ਤਮ ਕੀਤਾ ਸੀ, ਪਰ ਅੱਜ ਫਿਰ ਮਾਹੌਲ ਖ਼ਰਾਬ ਹੋ ਰਿਹਾ ਹੈ। ਬਿੱਟੂ ਨੇ ਸਪੱਸ਼ਟ ਕਿਹਾ ਕਿ ਜਦ ਤੱਕ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾਂਦਾ, ਤਦ ਤੱਕ ਅੰਤਿਮ ਸੰਸਕਾਰ ਨਹੀਂ ਹੋਵੇਗਾ। ਬਿਸ਼ਨੋਈ ਗੈਂਗ ਵੱਲੋਂ ਕਤਲ ਦੀ ਜ਼ਿੰਮੇਵਾਰੀ ਲੈਣ ਵਾਲੀਆਂ ਸੋਸ਼ਲ ਮੀਡੀਆ ਪੋਸਟਾਂ ਨੂੰ ਉਨ੍ਹਾਂ ਨੇ 'ਸਰਕਾਰ ਤੇ ਪੁਲਸ ਦਾ ਡਰਾਮਾ' ਕਿਹਾ। ਬਿੱਟੂ ਅਨੁਸਾਰ, ਜਦ ਜੁਰਮ ਹੁੰਦਾ ਹੈ ਤਾਂ ਪੁਲਸ ਅਸਲ ਦੋਸ਼ੀਆਂ ਨੂੰ ਫੜਨ ਦੀ ਥਾਂ ਝੂਠੀਆਂ ਪੋਸਟਾਂ ਵਾਇਰਲ ਕਰਵਾ ਦਿੰਦੀ ਹੈ।

ਬਿੱਟੂ ਨੇ ਪੰਜਾਬ ਦੇ ਹੈਲਥ ਸਿਸਟਮ 'ਤੇ ਵੀ ਤਿੱਖੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਗੋਲੀ ਲੱਗਿਆਂ ਬਾਅਦ ਜ਼ਖ਼ਮੀਆਂ ਨੂੰ ਨਿੱਜੀ ਐਂਬੂਲੈਂਸ ਵਿੱਚ ਲਿਆਇਆ ਗਿਆ, ਨਾ ਸਮਰਾਲਾ ਵਿੱਚ ਢੰਗ ਦੀ ਸਹੂਲਤ ਸੀ ਤੇ ਨਾ ਖੰਨਾ ਵਿੱਚ। ਜਦ ਉਨ੍ਹਾਂ ਨੂੰ ਚੰਡੀਗੜ੍ਹ ਲਿਜਾਇਆ ਗਿਆ, ਤਦ ਰਸਤੇ ਵਿੱਚ ਹੀ ਗਲੂਕੋਜ਼ ਦੀ ਬੋਤਲ ਖ਼ਤਮ ਹੋ ਗਈ ਤੇ ਆਕਸੀਜਨ ਵੀ ਉਪਲਬਧ ਨਹੀਂ ਸੀ, ਜਿਸ ਨਾਲ ਮੌਤ ਵੀ ਹੋ ਸਕਦੀ ਹੈ। ਇਸ ਦਾ ਜਵਾਬ ਸਿਹਤ ਮੰਤਰੀ ਨੂੰ ਦੇਣਾ ਹੋਵੇਗਾ।

## ਸਿਵਲ ਸਰਜਨ ਵੱਲੋਂ ਹਵਾ ਪ੍ਰਦੂਸ਼ਣ ਬਾਰੇ ਐਡਵਾਈਜ਼ਰੀ ਜਾਰੀ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਹਵਾ ਪ੍ਰਦੂਸ਼ਣ ਬਾਰੇ ਐਡਵਾਈਜ਼ਰੀ ਜਾਰੀ ਕਰਦਿਆਂ ਕਿਹਾ ਕਿ ਮੌਸਮ ਦੇ ਬਦਲਣ ਕਾਰਨ ਤੇ ਪ੍ਰਦੂਸ਼ਣ ਵਧਣ ਕਾਰਨ ਹਵਾ ਦੀ ਗੁਣਵੱਤਾ ਵਿਗੜਨੀ ਸ਼ੁਰੂ ਹੋ ਜਾਂਦੀ ਹੈ, ਜਿਸ ਕਾਰਨ ਸਾਹ, ਦਮਾ, ਨਜਲਾ, ਜ਼ੁਕਾਮ, ਖੰਘ ਤੇ ਛਾਤੀ ਰੋਗ ਦੇ ਮਰੀਜ਼ ਵੱਧਣੇ ਸ਼ੁਰੂ ਹੋ ਜਾਂਦੇ ਹਨ। ਉਨ੍ਹਾਂ ਲੋਕਾਂ ਨੂੰ ਪ੍ਰਦੂਸ਼ਣ ਤੋਂ ਬਚਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਫ਼ਸਲਾਂ ਦੀ ਰਹਿੰਦ-ਖੂਹੰਦ ਨੂੰ ਸਾੜਨ ਕਾਰਨ ਵਾਤਾਵਰਣ ਤੇ ਮਨੁੱਖੀ ਸਿਹਤ ਉਪਰ ਬਹੁਤ ਬੁਰਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਖਾਸ ਕਰ ਕੇ ਬੱਚੇ, ਗਰਭਵਤੀ ਔਰਤਾਂ, ਬਜ਼ੁਰਗ ਤੇ ਲੰਬੇ ਸਮੇਂ ਤੋਂ ਸਾਹ ਦੀਆਂ ਬਿਮਾਰੀਆਂ ਤੋਂ ਪੀੜਤ ਲੋਕਾਂ ਲਈ ਇਹ ਕਾਫ਼ੀ ਹਾਨੀਕਾਰਨ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਦੂਸ਼ਣ ਜਾਂਚ ਕਰਨ ਲਈ ਵੈੱਬਸਾਈਟ ਸੀ.ਪੀ.ਸੀ.ਬੀ. ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਖਰਾਬ ਤੇ ਗੰਭੀਰ ਹਵਾ ਪ੍ਰਦੂਸ਼ਣ ਦੇ ਦਿਨਾਂ 'ਚ ਬਾਹਰ ਸਵੇਰ ਤੇ ਦੇਰ ਸ਼ਾਮ ਸੈਰ ਕਰਨ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ, ਜਾਗਿੰਗ, ਦੌੜਨ ਜਾਂ ਹੋਰ ਮਿਹਨਤ ਵਾਲੀਆਂ ਸਰੀਰਕ ਗਤੀਵਿਧੀਆਂ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ ਤੇ ਸਵੇਰ ਅਤੇ ਦੇਰ ਸ਼ਾਮ ਦੇ ਸਮੇਂ ਬਾਹਰੀ ਦਰਵਾਜ਼ੇ ਅਤੇ ਖਿੜਕੀਆਂ ਖੋਲ੍ਹਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵੱਧ ਪ੍ਰਦੂਸ਼ਣ ਫੈਲਾਉਣ ਵਾਲੇ ਖੇਤਰਾਂ ਨੇੜੇ ਜਾਣ ਤੋਂ ਵੀ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਸਾਹ ਲੈਣ 'ਚ ਮੁਸ਼ਕਿਲ, ਖੰਘ, ਛਾਤੀ 'ਚ ਬੇ-ਆਰਾਮੀ ਜਾਂ ਦਰਦ ਹੁੰਦਾ ਹੈ, ਚੱਕਰ ਆਉਣਾ, ਅੱਖਾਂ 'ਚ ਜਲਣ (ਲਾਲ ਜਾਂ ਪਾਣੀ) ਤਾਂ ਤੁਰੰਤ ਨਜ਼ਦੀਕੀ ਡਾਕਟਰ ਨਾਲ ਸਲਾਹ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਗਰਭਵਤੀ ਔਰਤਾਂ, ਛੋਟੇ ਬੱਚਿਆਂ ਤੇ ਬਜ਼ੁਰਗਾਂ ਨੂੰ ਜਿੱਥੋਂ ਤੱਕ ਸੰਭਵ ਹੋ ਸਕੇ ਬਾਹਰੀ ਗਤੀਵਿਧੀਆਂ ਨੂੰ ਸੀਮਤ ਕਰਨਾ ਚਾਹੀਦਾ ਹੈ। ਕਿਸੇ ਵੀ ਕਿਸਮ ਦੀ ਲੱਕੜ, ਪੱਤਿਆਂ, ਫਸਲਾਂ ਦੀ ਰਹਿੰਦ-ਖੂੰਹਦ ਨੂੰ ਖੁੱਲ੍ਹੇ ਵਾਤਾਵਰਣ 'ਚ ਸਾੜਨ ਤੋਂ ਪਰਹੇਜ ਕਰਨਾ ਚਾਹੀਦਾ ਹੈ ਤਾਂ ਜੁ ਵਾਤਾਵਰਨ ਪ੍ਰਦੂਸ਼ਿਤ ਹੋਣ ਤੋਂ ਰੋਕਿਆ ਜਾ ਸਕੇ।

## ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਪਹਿਲੀ ਪਾਤਸ਼ਾਹੀ ਦਾ ਪ੍ਰਕਾਸ਼ ਪੁਰਬ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਸ਼ਹਿਰ ਤੇ ਛਾਉਣੀ ਦੇ ਗੁਰੂ ਘਰਾਂ ਵਿਚ ਸੰਗਤਾਂ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬਹੁਤ ਹੀ ਧੂਮਧਾਮ ਤੇ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਗੁਰੂ ਘਰ ਸਾਹਿਬਾਨ 'ਚ ਧਾਰਮਿਕ ਸਮਾਗਮ ਆਯੋਜਤ ਕੀਤੇ ਗਏ, ਜਿਸ 'ਚ ਰਾਗੀ ਤੇ ਢਾਡੀ ਜੱਥਿਆਂ ਨੇ ਸੰਗਤ ਨੂੰ ਗੁਰੂ ਜੱਸ ਸੁਣਾ ਕੇ ਨਿਹਾਲ ਕੀਤਾ ਤੇ ਗੁਰੂ ਚਰਨਾਂ ਨਾਲ ਜੋੜਿਆ। ਇਸੇ ਲੜੀ ਤਹਿਤ ਸ਼ਹਿਰ ਦੀ ਗੋਬਿੰਦ ਨਗਰੀ ਵਿਚ ਸਥਾਪਤ ਸੈਂਟਰਲ ਗੁਰਦੁਆਰਾ ਸਾਹਿਬ ਵਿਚ ਗੁਰਪੁਰਬ 'ਤੇ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਗੁਰੂ ਘਰ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਜਿੰਦਰ ਸਿੰਘ, ਸਕੱਤਰ ਐੱਚ.ਐੱਨ.ਐੱਸ. ਲਾਡੀ, ਤਾਰਾ ਸਿੰਘ ਭੁੱਲਰ ਆਦਿ ਨੇ ਦੱਸਿਆ ਕਿ ਗੁਰੂ ਘਰ ਸਾਹਿਬ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਪੁਰਬ ਧੂਮਧਾਮ ਤੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਮੌਕੇ ਗੁਰੂ ਘਰ ਵਿੱਚ ਆਯੋਜਿਤ ਧਾਰਮਿਕ ਸਮਾਗਮ ਵਿੱਚ ਰਾਗੀ ਅਤੇ ਢਾਡੀ ਜੱਥਿਆਂ, ਜਿਨ੍ਹਾਂ ਵਿੱਚ ਬਲਜੀਤ ਸਿੰਘ ਅਤੇ ਗੁਰਜੰਟ ਸਿੰਘ ਸ਼ਾਮਲ ਸਨ, ਨੇ ਸੰਗਤ ਨੂੰ ਗੁਰੂ ਜੱਸ ਸੁਣਾ ਕੇ ਉਨ੍ਹਾਂ ਨੂੰ ਗੁਰੂ ਦੇ ਚਰਨਾਂ ਨਾਲ ਜੁੜਨ ਦਾ ਸੰਦੇਸ਼ ਦਿੱਤਾ।

## ਸ਼ਹਿਰਾਂ 'ਚ ਹਰ ਵਾਰਡ ਦੀ ਨਵੇਂ ਸਿਰੇ ਤੋਂ ਕੀਤੀ ਜਾਵੇਗੀ 'ਹੱਦਬੰਦੀ'

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਅਗਲੇ ਸਾਲ ਫਰਵਰੀ ਵਿੱਚ ਹੋਣ ਵਾਲੀਆਂ 116 ਨਗਰ ਕੌਂਸਲਾ ਤੇ 9 ਨਗਰ ਨਿਗਮਾਂ ਦੀ ਚੋਣਾਂ ਤੋਂ ਪਹਿਲਾਂ ਪੰਜਾਬ ਸਰਕਾਰ ਨੇ ਇਨ੍ਹਾਂ ਸ਼ਹਿਰਾਂ ਦੀ ਹੱਦਬੰਦੀ ਨੂੰ ਹਿਲਾਉਣ ਦੀ ਤਿਆਰੀ ਕਰ ਲਈ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਅਨੁਸਾਰ ਹੀ ਇਨ੍ਹਾਂ ਸ਼ਹਿਰਾਂ ਵਿੱਚ ਸਥਿਤ ਵਾਰਡਾਂ ਦਾ ਵੱਡੇ ਪੱਧਰ 'ਤੇ ਜੋੜ ਤੋੜ ਕਰੇਗੀ। ਇਸ ਲਈ ਨਾ ਸਿਰਫ਼ ਸਥਾਨਕ ਵਿਧਾਇਕਾਂ ਦਾ ਪੂਰੀ ਤਰ੍ਹਾਂ ਦਖ਼ਲ ਰਹੇਗਾ, ਸਗੋਂ ਹਰ ਸ਼ਹਿਰ ਲਈ 2 ਵਿਅਕਤੀ ਵਿਸ਼ੇਸ ਨੂੰ ਵੀ ਨਵੀਂ ਹੱਦਬੰਦੀ ਦੀ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ ਹੈ ਤਾਂ ਕਿ ਨਵੀਂ ਹੱਦਬੰਦੀ ਸਰਕਾਰ ਆਪਣੇ ਅਨੁਸਾਰ ਹੀ ਕਰਵਾ ਸਕੇ। ਸਥਾਨਕ ਸਰਕਾਰਾਂ ਵਿਭਾਗ ਵੱਲੋਂ ਇਸ ਸਬੰਧੀ ਪੰਜਾਬ ਦੇ 116 ਸ਼ਹਿਰਾਂ ਅਤੇ 8 ਨਗਰ ਨਿਗਮਾਂ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ, ਜਦੋਂ ਕਿ 9ਵੀਂ ਨਗਰ ਨਿਗਮ ਬਰਨਾਲਾ ਦਾ ਨੋਟੀਫਿਕੇਸ਼ਨ ਆਉਣ ਵਾਲੇ ਕੁਝ ਦਿਨਾਂ ਵਿੱਚ ਕੀਤਾ ਜਾਵੇਗਾ। ਸਥਾਨਕ ਸਰਕਾਰਾਂ ਵਿਭਾਗ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਨਵੀਂ ਹੱਦਬੰਦੀ ਕਰਵਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਚੋਣ ਪ੍ਰਕਿਰਿਆ ਵਿੱਚ ਜਾਣ ਹਰ ਨਗਰ ਕੌਂਸਲ ਅਤੇ ਨਗਰ ਨਿਗਮਾਂ ਦੀ ਹੱਦਬੰਦੀ ਦਾ ਨੋਟੀਫਿਕੇਸ਼ਨ ਜਾਰੀ ਕਰਦੇ ਹੋਏ 31 ਦਸੰਬਰ ਤੋਂ ਪਹਿਲਾਂ-ਪਹਿਲਾਂ ਕੰਮ ਨੂੰ ਮੁਕੰਮਲ ਵੀ ਕੀਤਾ ਜਾਵੇਗਾ।

## ਪਹਿਲੀ ਪਾਤਸ਼ਾਹੀ ਦੇ ਪ੍ਰਕਾਸ਼ ਦਿਵਸ ਮੌਕੇ ਨਗਰ ਕੀਰਤਨ ਸਜਾਇਆ



**ਲੌਂਗੋਵਾਲ (ਪ੍ਰਦੀਪ ਸੱਪਲ)**

ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁੱਲਟ ਲੌਂਗੋਵਾਲ ਤੇ ਸਮੂਹ ਸੰਗਤ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਦਿਵਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪ੍ਰਕਾਸ਼ ਕਰਵਾਏ ਗਏ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਕੱਢਿਆ ਗਿਆ। ਇਸ ਨਗਰ ਕੀਰਤਨ ਦਾ ਵੱਖ-ਵੱਖ ਥਾਵਾਂ ਤੇ ਭਰਵਾਂ ਸਵਾਗਤ ਕਰਕੇ ਫੁੱਲਾਂ ਦੀ ਵਰਖਾ ਕੀਤੀ ਗਈ ਤੇ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਰਹੀਆਂ। ਇਸ ਨਗਰ ਕੀਰਤਨ ਵਿੱਚ ਬੈਂਡ, ਗਤਕਾ ਟੀਮ ਨੇ ਸ਼ੋਭਾ ਵਧਾਈ। ਇਸ ਸਮੇਂ ਸੰਗਤਾਂ ਵੱਲੋਂ ਵੱਖ-ਵੱਖ ਥਾਵਾਂ ਤੇ ਲੰਗਰਾਂ ਦੀ ਸੇਵਾ ਕੀਤੀ ਤੇ ਮੁਸਲਿਮ ਭਾਈਚਾਰੇ ਵੱਲੋਂ ਵੀ ਸੰਗਤਾਂ ਲਈ ਲੰਗਰ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਮਹਿੰਦਰ ਸਿੰਘ ਦੁੱਲਟ, ਗੁਰਜੰਟ ਸਿੰਘ, ਜਸਵਿੰਦਰ ਸਿੰਘ ਦੁੱਲਟ, ਜਸਵਿੰਦਰ ਸਿੰਘ ਨਿੱਪੀ, ਸੁਰਜੀਤ ਸਿੰਘ, ਅਵਤਾਰ ਸਿੰਘ ਨੰਬਰਦਾਰ, ਜਗਰਾਜ ਸਿੰਘ ਫੌਜੀ, ਹੈੱਡ ਗ੍ਰੰਥੀ ਹਰਜਿੰਦਰ ਸਿੰਘ ਦੁੱਗਾਂ, ਰੁਪਿੰਦਰ ਸਿੰਘ ਨੰਬਰਦਾਰ, ਲਖਵਿੰਦਰ ਸਿੰਘ ਭਾਲ, ਹਰਜਿੰਦਰ ਸਿੰਘ ਕਾਲਾ, ਅਮਰਜੀਤ ਸਿੰਘ ਗਿੱਲ, ਕੁਲਦੀਪ ਸਿੰਘ ਦਲਿਓ, ਅੰਮ੍ਰਿਤਪਾਲ ਸਿੰਘ ਸਿੱਧੂ, ਮੇਲਾ ਸਿੰਘ ਸੂਬੇਦਾਰ, ਗੁਰਮੀਤ ਸਿੰਘ ਲੱਲੀ ਕੌਂਸਲਰ, ਸੁਖਵਿੰਦਰ ਸਿੰਘ ਸਰਪੰਚ, ਸ਼ਹੀਦ ਕਰਤਾਰ ਸਿੰਘ ਸਰਾਭਾ ਲੌਂਗੋਵਾਲ ਦੇ ਪ੍ਰਧਾਨ ਬਲਵਿੰਦਰ ਸਿੰਘ ਸਿੱਧੂ, ਮਾ. ਗੁਰਬਿੰਦਰ ਸਿੰਘ, ਸੁਖਜਿੰਦਰ ਸਿੰਘ ਦੁੱਲਟ, ਹਰਦੀਪ ਸਿੰਘ ਖਹਿਰਾ, ਕਾਕਾ ਸਿੰਘ, ਬਲਕਾਰ ਸਿੰਘ ਸੰਗਾਲਾ, ਸਾਬਕਾ ਪ੍ਰਧਾਨ ਦਲਜੀਤ ਸਿੰਘ ਸਿੱਧੂ, ਨੀਟੂ ਸ਼ਰਮਾ, ਸਿਟੀ ਪ੍ਰਧਾਨ ਵਿੱਕੀ ਵਸ਼ਿਸ਼ਟ, ਬਲਵਿੰਦਰ ਸਿੰਘ ਢਿੱਲੋਂ, ਸੁਰਜੀਤ ਸਿੰਘ ਤੇ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਆਦਿ ਹਾਜ਼ਰ ਸਨ।

## ਵਿਕਾਸ ਮੰਚ ਵੱਲੋਂ ਪ੍ਰਕਾਸ਼ ਪੁਰਬ ਮੌਕੇ ਬੂਟਿਆਂ ਦਾ ਲੰਗਰ



**ਧੂਰੀ (ਮਨੋਹਰ ਸੱਗੂ, ਬਿੰਨੀ ਗਰਗ)**-ਇਲਾਕੇ ਦੀਆਂ ਲੋਕ ਸਮੱਸਿਆਵਾਂ ਨੂੰ ਉਜਾਗਰ ਕਰਨ ਲਈ ਲਗਾਤਾਰ ਸਰਗਰਮ ਧੂਰੀ ਵਿਕਾਸ ਮੰਚ ਵੱਲੋਂ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਤੇ ਪ੍ਰਧਾਨ ਅਮਨ ਗਰਗ ਦੀ ਅਗਵਾਈ ਹੇਠ ਜੰਗਲਾਤ ਵਿਭਾਗ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਥਾਨਕ ਪੁਰਾਣੀ ਦਾਣਾ ਮੰਡੀ ਅੰਦਰ ਸਿਟੀ ਪੁਲਸ ਸਟੇਸ਼ਨ ਅੱਗੇ ਬੂਟਿਆਂ ਦਾ ਲੰਗਰ ਲਾਇਆ ਗਿਆ, ਜਿਸ ਦੌਰਾਨ ਵੱਖ ਵੱਖ ਤਰ੍ਹਾਂ ਦੇ ਸੈਂਕੜੇ ਬੂਟੇ ਵੰਡੇ ਗਏ। ਬੂਟਿਆਂ ਦੇ ਲੰਗਰ ਦਾ ਉਦਘਾਟਨ ਡੀ ਐੱਸ ਪੀ ਧੂਰੀ ਰਣਬੀਰ ਸਿੰਘ ਨੇ ਕੀਤਾ। ਉਨ੍ਹਾਂ ਮੰਚ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੰਚ ਵੱਲੋਂ ਲਾਇਆ ਗਿਆ ਬੂਟਿਆਂ ਦਾ ਲੰਗਰ ਵਾਤਾਵਰਨ ਨੂੰ ਹਰਾ ਭਰਾ ਬਣਾਉਣ 'ਚ ਸਹਾਈ ਹੋਵੇਗਾ। ਇਸ ਮੌਕੇ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਕਿਹਾ ਕਿ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਹੱਲ ਕਰਵਾਉਣ ਦੇ ਨਾਲ ਨਾਲ ਮੰਚ ਵਾਤਾਵਰਨ ਨੂੰ ਹਰਾ-ਭਰਾ ਬਣਾਉਣ ਤੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਲਗਾਤਾਰ ਉਪਰਾਲੇ ਕਰਦਾ ਆ ਰਿਹਾ ਹੈ। ਹੋਰਨਾਂ 'ਚ ਮੰਚ ਦੇ ਅਹੁਦੇਦਾਰਾਂ 'ਚ ਐਡਵੋਕੇਟ ਰਾਜੇਸ਼ਵਰ ਚੌਧਰੀ, ਅਭਿਨਵ ਗੋਇਲ, ਸੁਰਿੰਦਰਪਾਲ ਸਿੰਘ ਨੀਟਾ, ਮੋਹਿਤ ਜਿੰਦਲ ਤੇ ਜੰਗਲਾਤ ਵਿਭਾਗ ਦੇ ਬਲਾਕ ਅਫ਼ਸਰ ਸੁਰਿੰਦਰ ਸਿੰਘ, ਗੁਰਮੀਤ ਸਿੰਘ ਤੇ ਸੁਖਵਿੰਦਰ ਸਿੰਘ ਆਦਿ ਮੌਜੂਦ ਸਨ।


## ਖੁੱਡੀਆਂ ਨੇ ਮੀਂਹ ਪ੍ਰਭਾਵਤ ਪਿੰਡਾਂ ਦੇ ਲੋਕਾਂ ਨੂੰ ਮਾਲੀ ਸਹਾਇਤਾ ਸਬੰਧੀ ਸੈਂਕਸ਼ਨ ਪੱਤਰ ਵੰਡੇ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਓਮ ਪ੍ਰਕਾਸ਼ ਸੇਖੂ)**-ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਭਾਰੀ ਬਾਰਿਸ਼ ਨਾਲ ਪ੍ਰਭਾਵਿਤ ਲੰਬੀ ਹਲਕੇ ਦੇ ਵੱਖ-ਵੱਖ ਪਿੰਡਾਂ ਦੇ 55 ਘਰਾਂ ਨੂੰ ਪਿੰਡ ਖੁੱਡੀਆਂ ਵਿਖੇ ਰਾਹਤ ਲਈ ਮਾਲੀ ਸਹਾਇਤਾ ਸਬੰਧੀ ਸੈਂਕਸ਼ਨ ਪੱਤਰ ਵੰਡੇ ਗਏ। ਖੁੱਡੀਆਂ ਨੇ ਕਿਹਾ ਕਿ ਪੰਜਾਬ ਨੂੰ ਇਸ ਸਾਲ ਹੜ੍ਹਾਂ ਦੀ ਕੁਦਰਤੀ ਮਾਰ ਕਾਰਨ ਬਹੁਤ ਨੁਕਸਾਨ ਝੱਲਣਾ ਪਿਆ ਹੈ। ਉਨ੍ਹਾਂ ਕਿਹਾ ਕਿ ਲੰਬੀ ਹਲਕੇ ਦੇ ਕੁਝ ਏਰੀਆ ਭਾਰੀ ਬਾਰਿਸ਼ਾ ਕਾਰਨ ਵੀ ਪ੍ਰਭਾਵਿਤ ਹੋਏ ਹਨ, ਉਨਾਂ ਵਿਚੋਂ ਕੁਝ ਪਿੰਡਾਂ ਨੂੰ ਅੱਜ ਮਾਲੀ ਸਹਾਇਤਾ ਲਈ ਸੈਂਕਸ਼ਨ ਪੱਤਰ ਵੰਡੇ ਗਏ ਹਨ। ਉਨ੍ਹਾਂ ਮਨਜ਼ੂਰੀ ਪੱਤਰ ਦੀ ਵੰਡ ਕਰਨ ਮੌਕੇ ਕਿਹਾ ਕਿ ਪੰਜਾਬ ਸਰਕਾਰ ਦਾ ਮਿਸ਼ਨ ਸੀ ਕਿ ਲੋਕਾਂ ਨੂੰ ਕੁਦਰਤੀ ਮਾਰ ਤੋਂ ਬਚਾਉਣਾ ਹੈ ਤੇ ਮੁੜ ਤੋਂ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਸਦਕਾ ਅਸੀਂ ਹੜ੍ਹ ਪੀੜਤ ਲੋਕਾਂ ਦੇ ਜੀਵਨ ਨੂੰ ਮੁੜ ਤੋਂ ਲੀਹ 'ਤੇ ਲਿਆਉਣ ਵਿੱਚ ਕਾਮਯਾਬ ਹੋ ਰਹੇ ਹਾਂ। ਉਨ੍ਹਾਂ ਕਿਹਾ ਕਿ ਕੁਦਰਤੀ ਕਰੋਪੀ ਜ਼ਰੂਰ ਆਈ ਹੈ ਪਰ ਸੂਬੇ ਦੇ ਲੋਕ ਮਜਬੂਤ ਹੌਸਲੇ ਵਾਲੇ ਹਨ, ਜਿਨ੍ਹਾਂ ਨੇ ਹਿੰਮਤ ਰੱਖ ਕੇ ਇਨ੍ਹਾਂ ਹੜ੍ਹਾਂ ਦਾ ਸਾਹਮਣਾ ਕੀਤਾ।

## ਗੁਰਦੁਆਰਾ ਦੂਖਨਿਵਾਰਨ ਵਿਖੇ ਵੱਡੀ ਗਿਣਤੀ 'ਚ ਸੰਗਤ ਨਤਮਸਤਕ

### ਗੁਰਦੁਆਰਾ ਕੰਪਲੈਕਸ ਅੰਦਰ ਚਲਾਏ ਅਤੁੱਟ ਲੰਗਰ ਤੇ ਕੀਤੀ ਗਈ ਆਤਿਸ਼ਬਾਜ਼ੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਮਾਨਵਤਾ ਦੇ ਰਹਿਬਰ ਤੇ ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਗੁਰੂ ਘਰ ਨਤਮਸਤਕ ਹੋਈਆਂ।

ਪ੍ਰਕਾਸ਼ ਪੁਰਬ ਮੌਕੇ ਸ਼ਹਿਰ ਦੀਆਂ ਵੱਖ ਵੱਖ ਸਿੱਖ ਸਭਾਵਾਂ, ਸੁਸਾਇਟੀਆਂ ਤੇ ਸ਼੍ਰੋਮਣੀ ਕਮੇਟੀ ਪ੍ਰਬੰਧ ਵੱਲੋਂ ਗੁਰਦੁਆਰਾ ਕੰਪਲੈਕਸ ਅੰਦਰ ਜਿੱਥੇ ਗੁਰੂ ਦੇ ਅਤੁੱਟ ਲੰਗਰ ਚਲਾਏ ਗਏ, ਉਥੇ ਹੀ ਸੰਗਤਾਂ ਨੇ ਗੁਰੂ ਦਰਬਾਰ ਵਿੱਚ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ ਤੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।


ਪ੍ਰਕਾਸ਼ ਪੁਰਬ ਮੌਕੇ ਗੁਰੂ ਦਰਬਾਰ ਵਿਚ ਫੁੱਲਾਂ ਨਾਲ ਕੀਤੀ ਸਜਾਵਟ ਨੇ ਮਨਮੋਹਕ ਦਿਲਕਸ਼ ਦ੍ਰਿਸ਼ ਵੇਖਣ ਨੂੰ ਮਿਲਿਆ ਤੇ ਤੜਕਸਵੇਰੇ ਵੱਖ ਵੱਖ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਭਾਤ ਫੇਰੀਆਂ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪੁੱਜੀਆਂ ਤੇ ਸੰਗਤ ਨੇ ਨਾਸਿਮਰਨ ਰਾਹੀਂ ਗੁਰੂ ਜਸ ਦਾ ਗਾਇਨ ਕੀਤਾ।

ਪ੍ਰਕਾਸ਼ ਦਿਹਾੜੇ ਮੌਕੇ ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸਾਹਿਬਾਨ ਵਿਖੇ ਧਾਰਮਕ ਸਮਾਗਮ ਕਰਵਾਏ ਗਏ ਤੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਦੀਵਾਨ ਹਾਲ ਵਿਖੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਦੌਰਾਨ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤੇ ਢਾਡੀ ਗੁਰਪਿਆਰ ਸਿੰਘ ਜੌਹਰ ਦੇ ਜੱਥੇ ਤੇ ਹਜ਼ੂਰੀ ਕੀਰਤਨੀ ਜਥਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ।

ਦੀਵਾਨ ਹਾਲ ਵਿਖੇ ਧਾਰਮਕ ਸਮਾਗਮ ਦੌਰਾਨ ਉਚੇਚੇ ਤੌਰ 'ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਜਸਮੇਰ ਸਿੰਘ ਲਾਛੜੂ ਸਮੇਤ ਪੁੱਜੀਆਂ ਸ਼ਖ਼ਸੀਅਤਾਂ ਦਾ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਰਾਜਪੁਰਾ ਨੇ ਸਿਰੋਪਾਓ ਨਾਲ ਸਨਮਾਨਤ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਮਨਦੀਪ ਸਿੰਘ ਭਲਵਾਨ, ਜਸਵਿੰਦਰ ਸਿੰਘ ਬਿੱਲਾ, ਹੈਡ ਗ੍ਰੰਥੀ ਗਿਆਨੀ ਫੂਲਾ ਸਿੰਘ, ਸਾਬਕਾ ਹੈਡ ਗ੍ਰੰਥੀ ਸੁਖਦੇਵ ਸਿੰਘ, ਪਲਵਿੰਦਰ ਸਿੰਘ ਰਿੰਕੂ, ਅਕਾਊਂਟੈਂਟ ਗੁਰਮੀਤ ਸਿੰਘ, ਰਿਕਾਰਡ ਕੀਪਰ ਸਰਬਜੀਤ ਸਿੰਘ, ਸੁਪਰਵਾਈਜ਼ਰ ਵਰਿੰਦਰ ਸਿੰਘ ਗੋਲਡੀ, ਹਰਵਿੰਦਰ ਸਿੰਘ ਕਾਹਲਵਾਂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਈਆਂ।

## ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਸਥਾਨਕ ਕਸਬਾ ਗੁਰੂ ਹਰਸਹਾਏ ਵਿਖੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਵੱਡਾ ਗੁਰਦੁਆਰਾ ਸਾਹਿਬ ਵਿਖੇ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਭੋਗ ਪਾਉਣ ਉਪਰੰਤ ਗੁਰਦੁਆਰਾ ਕੀਰਤਨੀ ਜਥੇ ਭਾਈ ਦਲਜੀਤ ਸਿੰਘ ਗੱਬਰ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਰਾਹੀਂ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਸੱਤਪਾਲ ਸਿੰਘ ਬਾਵਾ ਨੇ ਦੱਸਿਆ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਹਰ ਸਾਲ ਦੀ ਤਰ੍ਹਾਂ ਸਾਲ ਵੀ ਪਿਛਲੇ ਦਿਨਾਂ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਸੀ, ਜਿਸ ਵਿੱਚ ਹਰ ਸਾਲ ਅਖੀਰਲੇ ਪਾਠ ਦੀ ਸੇਵਾ ਡਾਕਟਰ ਹਰਭਜਨ ਸਿੰਘ ਆਵਲਾ ਦੇ ਸਮੂਹ ਪਰਵਾਰ ਵੱਲੋਂ ਸ਼ਰਧਾ ਭਾਵਨਾ ਨਾਲ ਨਿਭਾਈ ਗਈ ਹੈ ਤੇ ਆਵਲਾ ਪਰਵਾਰ ਵੱਲੋਂ ਗੁਰਦੁਆਰਾ ਸਾਹਿਬ ਲਈ ਨਵੀਂ ਗੋਲਕ ਲਈ 1 ਲੱਖ 1 ਹਜ਼ਾਰ ਰੁਪਏ ਭੇਟ ਕੀਤੇ ਹਨ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਤੇ ਗੁਰਦੁਆਰਾ ਸਾਹਿਬ ਵਿਖੇ ਸੇਵਾ ਨਿਭਾਉਣ ਵਾਲੇ ਸਮੂਹ ਸੇਵਾਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਮਮਦੋਟ (ਫ਼ਿਰੋਜ਼ਪੁਰ) ਤੋਂ ਵਿਸ਼ੇਸ਼ ਸਪਲੀਮੈਂਟ

ਰਾਹੁਲ ਗਾਂਧੀ
ਸਾਬਕਾ ਕੌਮੀ ਪ੍ਰਧਾਨ ਕਾਂਗਰਸ ਕਮੇਟੀ

ਅਮਰਿੰਦਰ ਸਿੰਘ ਰਾਜਾ ਵੜਿੰਗ
ਪ੍ਰਧਾਨ ਕਾਂਗਰਸ ਕਮੇਟੀ, ਪੰਜਾਬ

ਸ਼ੇਰ ਸਿੰਘ ਘੁਬਾਇਆ
ਮੈਂਬਰ ਪਾਰਲੀਮੈਂਟ ਫਿਰੋਜ਼ਪੁਰ

ਕੁਲਬੀਰ ਸਿੰਘ ਜ਼ੀਰਾ
ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਫਿਰੋਜ਼ਪੁਰ

ਬਲਜੀਤ ਕੌਰ ਬੰਗੜ
ਵਾਇਸ ਪ੍ਰਧਾਨ ਕਾਂਗਰਸ ਕਮੇਟੀ, ਫਿਰੋਜ਼ਪੁਰ

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ 'ਤੇ ਸਮੂਹ ਦੇਸ਼-ਵਿਦੇਸ਼ ਵਿੱਚ ਵਸਦੀਆਂ ਸਾਧ-ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਅਮਰਦੀਪ ਸਿੰਘ ਆਸ਼ੂ ਬੰਗੜ
ਹਲਕਾ ਇੰਚਾਰਜ਼ ਫਿਰੋਜ਼ਪੁਰ ਦਿਹਾਤੀ

ਗੁਰਬਚਨ ਸਿੰਘ ਕਾਲਾ ਟਿੱਬਾ
ਬਲਾਕ ਪ੍ਰਧਾਨ ਕਾਂਗਰਸ ਕਮੇਟੀ ਮਮਦੋਟ

ਹਰਪਾਲ ਸਿੰਘ (ਨੀਟਾ ਸੋਢੀ) – ਪ੍ਰਧਾਨ ਕਾਂਗਰਸ ਕਮੇਟੀ, ਬਲਾਕ ਮਮਦੋਟ ਸ਼ਹਿਰੀ
ਤੇਜਬੀਰ ਸਿੰਘ – ਸਕੱਤਰ ਪੰਜਾਬ ਯੂਥ ਕਾਂਗਰਸ
ਪੁਸ਼ਪਿੰਦਰ ਸਿੰਘ – ਜ਼ਿਲ੍ਹਾ ਜਨਰਲ ਸਕੱਤਰ, ਫਿਰੋਜ.
ਜਸਪਾਲ ਸਿੰਘ – ਪ੍ਰਧਾਨ ਯੂਥ ਕਾਂਗਰਸ ਮਮਦੋਟ
ਮੁਖਤਿਆਰ ਸਿੰਘ – ਮੀਤ ਪ੍ਰਧਾਨ ਕਾਂਗਰਸ ਕਮੇਟੀ ਬਲਾਕ ਮਮਦੋਟ
ਗੁਰਦੇਵ ਸਿੰਘ – ਸੀਨੀਅਰ ਕਾਂਗਰਸੀ ਆਗੂ
ਬਲਜਿੰਦਰ ਸਿੰਘ – ਸੀਨੀਅਰ ਕਾਂਗਰਸੀ ਆਗੂ
ਕਰਨ ਮਨਚੰਦਾ – ਸੀਨੀ. ਕਾਂਗਰਸ ਆਗੂ
ਸੁੱਖਾ ਸਿੰਘ ਜੋਧਪੁਰ – ਸੀਨੀ. ਕਾਂਗਰਸ ਆਗੂ
ਲਖਵਿੰਦਰ ਸਿੰਘ ਕੰਬੋਜ – ਸੀਨੀ. ਕਾਂਗਰਸ ਆਗੂ
ਬੋਹੜ ਸਿੰਘ ਮੁਰਕਵਾਲਾ – ਸੀਨੀ. ਕਾਂਗਰਸ ਆਗੂ
ਬੋਹੜ ਸਿੰਘ ਮੱਤੜ – ਸੀਨੀਅਰ ਕਾਂਗਰਸੀ ਆਗੂ
ਬਾਜ ਸਿੰਘ ਐਮ ਸੀ – ਸੀਨੀ. ਕਾਂਗਰਸ ਆਗੂ
ਤਰਸੇਮ ਸਿੰਘ – ਸੀਨੀ. ਕਾਂਗਰਸ ਆਗੂ, ਬਲਾਕ ਸੰਮਿਤੀ ਮੈਂਬਰ
ਬਲਬੀਰ ਸਿੰਘ – ਸੀਨੀ. ਕਾਂਗਰਸ ਆਗੂ
ਸ਼ਰਮਾ ਸਿੰਘ – ਸੀਨੀ. ਕਾਂਗਰਸ ਆਗੂ
ਇਕਬਾਲ ਸਿੰਘ ਲੱਖਾ ਹਾਜ਼ੀ – ਸੀਨੀ. ਕਾਂਗਰਸ ਆਗੂ
ਜਗੀਰ ਸਿੰਘ – ਸੀਨੀ. ਕਾਂਗਰਸ ਆਗੂ

ਵੱਲੋਂ :
**ਸਮੂਹ ਅਹੁਦੇਦਾਰ ਅਤੇ ਵਰਕਰ ਕਾਂਗਰਸ ਪਾਰਟੀ ਬਲਾਕ ਮਮਦੋਟ (ਫਿਰੋਜ਼ਪੁਰ ਦਿਹਾਤੀ)**

---

ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧ ਜਗਿ ਚਾਨਣ ਹੋਆ ॥
ਜਿਉ ਕਰਿ ਸੂਰਜੁ ਨਿਕਲਿਆ ਤਾਰੇ ਛਪਿ ਅੰਧੇਰੁ ਪਲੋਆ ॥



ਆਪ ਸਭ ਨੂੰ ਗੁਰਪੁਰਬ ਦੀਆਂ ਲੱਖ ਲੱਖ ਵਧਾਈਆਂ

AMANDEEP HOSPITAL | In partnership with Ujala Cygnus HEALTHCARE SERVICES

ਨੇੜੇ ਗੁਰੂਦੁਆਰਾ ਜਾਮਨੀ ਸਾਹਿਬ, ਬਜ਼ੀਦਪੁਰ, ਮੋਗਾ ਰੋਡ, ਫਿਰੋਜ਼ਪੁਰ 8872501414 | 8146623099

---

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਡਾ. ਮੋਹਨ ਸਿੰਘ ਫਲੀਆਂਵਾਲਾ – ਸਾਬਕਾ ਮੈਂਬਰ ਪਾਰਲੀਮੈਂਟ
ਡਾ. ਮੋਹਨ ਸਿੰਘ ਧੁਨਕੀਆ – ਜ਼ਿਲ੍ਹਾ ਸਕੱਤਰ ਕਾਂਗਰਸ ਕਮੇਟੀ

---

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਭੁਪਿੰਦਰ ਸਿੰਘ ਬੰਟੀ ਵੈਰੜ
ਯੂਥ ਆਗੂ ਸ਼੍ਰੋ. ਅ. ਦਲ, ਮਮਦੋਟ

---

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ 'ਤੇ ਸਮੂਹ ਦੇਸ਼-ਵਿਦੇਸ਼ ਵਿੱਚ ਵਸਦੀਆਂ ਸਾਧ-ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਫਰਮਾਨ ਸਿੰਘ ਸੰਧੂ – ਸੂਬਾ ਪ੍ਰਧਾਨ ਬੀ ਕੇ ਯੂ ਪੰਜਾਬ
ਬੋਹੜ ਸਿੰਘ ਚੱਕ ਰਾਓ ਕੇ – ਪ੍ਰਧਾਨ ਬੀ ਕੇ ਯੂ ਪੰਜਾਬ, ਗੁਰੂ ਹਰਸਾਏ

---

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ 'ਤੇ ਸਮੂਹ ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਾਧ-ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਵਰਦੇਵ ਸਿੰਘ ਨੋਨੀ ਮਾਨ
ਪਵਨ ਦੁੱਗਲ

ਵੱਲੋਂ : ਪਵਨ ਕੁਮਾਰ ਦੁੱਗਲ ਸਾਬਕਾ ਸਰਪੰਚ ਪਿੰਡ ਖੁੰਦਰ ਉਤਾੜ

---

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ 'ਤੇ ਸਮੂਹ ਦੇਸ਼-ਵਿਦੇਸ਼ ਵਿੱਚ ਵਸਦੀਆਂ ਸਾਧ-ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਐਡਵੋਕੇਟ ਰਜਨੀਸ਼ ਦਹੀਆ – ਐਮ ਐਲ ਏ ਫਿਰੋਜ਼ਪੁਰ ਦਿਹਾਤੀ
ਪਵਨ ਕੁਮਾਰ – ਦਫ਼ਤਰ ਇੰਚਾਰਜ ਐਮ ਐਲ ਏ ਫਿਰੋਜ਼ਪੁਰ ਦਿਹਾਤੀ
ਜਗਜੀਤ ਸਿੰਘ ਸਿੱਧੂ – ਸਰਪੰਚ, ਟਿੱਬੀ ਕਲਾਂ
ਅਜਮੇਰ ਸਿੰਘ ਸਿੱਧੂ – ਸਰਪੰਚ, ਮੁਰਕਵਾਲਾ

---

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ 'ਤੇ ਸਮੂਹ ਦੇਸ਼-ਵਿਦੇਸ਼ ਵਿੱਚ ਵਸਦੀਆਂ ਸਾਧ-ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਵਿਕਰੇਤਾ ਕਾਲਮ ਨਹੀਂ
ਵਿਕਰੇਤਾ ਕਾਲਮ ਨਹੀਂ